ਮੰਗਲਵਾਰ, 13 ਫਰਵਰੀ, 2024
1 ਫੱਗਣ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 254

# ਨਵਾਂ ਜ਼ਮਾਨਾ

DAILY NAWAN ZAMANA • TUESDAY, 13 FEBRUARY, 2024 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

# ਕਿਸਾਨਾਂ ਵੱਲੋਂ ਦਿੱਲੀ ਵੱਲ ਕੂਚ



**ਚੰਡੀਗੜ੍ਹ** : ਪੰਜਾਬ ਦੇ ਸਾਰੇ ਜ਼ਿਲ੍ਹਿਆਂ 'ਚੋਂ ਕਿਸਾਨਾਂ ਨੇ ਟਰੈਕਟਰ-ਟਰਾਲੀਆਂ ਨਾਲ ਦਿੱਲੀ ਵੱਲ ਕੂਚ ਕਰ ਦਿੱਤਾ ਹੈ। ਅੰਮ੍ਰਿਤਸਰ-ਦਿੱਲੀ ਨੈਸ਼ਨਲ ਹਾਈਵੇ 'ਤੇ ਇਹ ਕਾਫ਼ਲਾ ਚੱਲ ਰਿਹਾ ਹੈ। ਜਾਣਕਾਰੀ ਅਨੁਸਾਰ ਫਗਵਾੜਾ 'ਚ ਕਿਸਾਨਾਂ ਨੇ ਦੁਪਹਿਰ ਦਾ ਖਾਣਾ ਖਾਧਾ ਅਤੇ ਉਨ੍ਹਾ ਦੀ ਕੋਸ਼ਿਸ਼ ਹੈ ਕਿ ਸ਼ੰਭੂ ਬਾਰਡਰ 'ਤੇ ਰਾਤ ਦਾ ਖਾਣਾ ਕੀਤਾ ਜਾਵੇ। ਲੁਧਿਆਣਾ ਅਤੇ ਖੰਨਾ ਹੁੰਦੇ ਹੋਏ ਕਿਸਾਨ ਰਾਜਪੁਰਾ ਤੋਂ ਅੰਬਾਲਾ ਵੱਲ ਮਾਰਚ ਕਰਨਗੇ। ਖਨੌਰੀ ਦੇ ਰਸਤੇ 'ਚ ਮੇਹਲਾ ਚੌਕ ਪਿੰਡ ਦੀ ਅਨਾਜ ਮੰਡੀ 'ਚ ਹਜ਼ਾਰਾਂ ਕਿਸਾਨ ਟਰੈਕਟਰਾਂ ਦੇ ਨਾਲ ਪਹਿਲਾਂ ਹੀ ਇੱਥੇ ਪਹੁੰਚੇ ਹਨ। ਇੱਥੋਂ ਅੱਗੇ ਵੱਡੀ ਗਿਣਤੀ 'ਚ ਕਾਫ਼ਲੇ ਦਿੱਲੀ ਵੱਲ ਵਧਣਗੇ। ਹਰਿਆਣਾ ਪੁਲਸ ਨੇ ਸ਼ੰਭੂ ਬਾਰਡਰ ਨੂੰ ਬੰਦ ਕਰ ਦਿੱਤਾ ਹੈ ਅਤੇ ਇਸ 'ਚ ਰਾਜਪੁਰਾ ਤੋਂ ਟ੍ਰੈਫਿਕ ਬਦਲ ਕੇ ਜ਼ੀਰਕਪੁਰ ਅਤੇ ਫਿਰ ਉਥੋਂ ਡੇਰਾਬਸੀ ਤੋਂ ਬਰਵਾਲਾ ਟ੍ਰੈਫਿਕ ਭੇਜਿਆ ਜਾ ਰਿਹਾ ਹੈ ਤੇ ਫਿਰ ਇੱਥੋਂ ਲੋਕ ਹਰਿਆਣਾ 'ਚ ਦਾਖ਼ਲ ਹੋ ਰਹੇ ਹਨ।

ਕਿਸਾਨ ਅੰਦੋਲਨ ਦੇ ਚੱਲਦਿਆਂ ਪੂਰੀ ਦਿੱਲੀ 'ਚ ਧਾਰਾ 144 ਲਾਗੂ ਕਰ ਦਿੱਤੀ ਗਈ ਹੈ। ਇਕ ਮਹੀਨੇ ਤੱਕ ਪੂਰੀ ਦਿੱਲੀ 'ਚ ਧਾਰਾ ਦੇ ਨਾਲ ਕਈ ਪਾਬੰਦੀਆਂ ਲਾਗੂ ਰਹਿਣਗੀਆਂ।

ਦਿੱਲੀ ਪੁਲਸ ਵੱਲੋਂ ਜਾਰੀ ਆਦੇਸ਼ 'ਚ ਕਿਹਾ ਗਿਆ ਹੈ ਕਿ 13 ਮਾਰਚ ਨੂੰ ਸੰਯੁਕਤ ਕਿਸਾਨ ਮੋਰਚਾ, ਕਿਸਾਨ-ਮਜ਼ਦੂਰ ਮੋਰਚਾ ਅਤੇ ਹੋਰ ਕਿਸਾਨ ਸੰਗਠਨਾਂ ਨੇ ਦਿੱਲੀ ਚਲੋ ਮਾਰਚ ਦਾ ਐਲਾਨ ਕੀਤਾ ਹੈ। ਉਹ ਆਪਣੀਆਂ ਮੰਗਾਂ ਨੂੰ ਲੈ ਕੇ ਸੰਸਦ ਭਵਨ ਦੇ ਬਾਹਰ ਪ੍ਰਦਰਸ਼ਨ ਕਰਨਾ ਚਾਹੁੰਦੇ ਹਨ।

ਕਈ ਕਿਸਾਨ ਜਥੇਬੰਦੀਆਂ ਵੱਲੋਂ ਕਿਸਾਨਾਂ ਦੀਆਂ ਹੱਕੀ ਮੰਗਾਂ ਲਈ ਦਿੱਲੀ ਚੱਲੋ ਦੇ ਸੱਦੇ 'ਤੇ ਦਿੱਲੀ ਜਾ ਰਹੇ ਕਿਸਾਨਾਂ ਦਾ ਸੰਘਰਸ਼ ਕਰਨ ਦਾ ਹੱਕ ਖੋਹਣ ਲਈ ਸੜਕਾਂ 'ਤੇ ਪਥਰੀਲੀਆਂ ਕੰਧਾਂ ਕੱਢਣ, ਕਿੱਲ ਗੱਡਣ ਅਤੇ ਸਾਰੇ ਪੇਂਡੂ ਰਸਤਿਆਂ 'ਤੇ ਵੀ ਰੋਕਾਂ ਲਾਉਣ ਵਰਗੇ ਜਾਬਰ ਹਥਕੰਡੇ ਵਰਤਣ ਦੀ ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਵੱਲੋਂ ਜ਼ੋਰਦਾਰ ਨਿਖੇਧੀ ਕੀਤੀ ਗਈ ਹੈ।

## ਸਰਕਾਰ ਕਿਸਾਨਾਂ ਦੀਆਂ ਮੰਗਾਂ ਮੰਨਣ ਵਾਲੀ ਨਹੀਂ : ਡੱਲੇਵਾਲ

**ਚੰਡੀਗੜ੍ਹ** : ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਨੇ ਕਿਸਾਨਾਂ ਨੂੰ ਲੈ ਕੇ ਕਿਹਾ ਕਿ ਕਿਸਾਨਾਂ ਦੀਆਂ ਨਵੀਆਂ ਮੰਗਾਂ ਨਹੀਂ ਹਨ, ਸਗੋਂ ਜਿਹਨਾਂ 'ਤੇ ਸਰਕਾਰਾਂ ਵੱਲੋਂ ਉਹਨਾਂ ਨਾਲ ਸਹਿਮਤੀ ਪ੍ਰਗਟਾਈ ਗਈ ਹੈ। ਉਨ੍ਹਾ ਮੰਗਾਂ ਨੂੰ ਲਾਗੂ ਕਰਵਾਉਣ ਲਈ ਉਹਨਾਂ ਵੱਲੋਂ ਸੰਘਰਸ਼ ਕੀਤਾ ਜਾ ਰਿਹਾ ਹੈ।ਕਿਸਾਨਾਂ ਵੱਲੋਂ ਪੱਕੇ ਮੋਰਚੇ 'ਤੇ ਗੱਲਬਾਤ ਕਰਦੇ ਹੋਏ ਡੱਲੇਵਾਲ ਨੇ ਕਿਹਾ ਕਿ ਉਹਨਾਂ ਦਾ ਕੋਈ ਇਰਾਦਾ ਨਹੀਂ ਹੈ ਕਿ ਉਹ ਪੱਕਾ ਮੋਰਚਾ ਦਿੱਲੀ 'ਚ ਲਗਾ ਕੇ ਬੈਠਣ, ਪਰ ਜਿਸ ਤਰ੍ਹਾਂ ਪਹਿਲਾਂ ਸਰਕਾਰ ਵੱਲੋਂ ਉਹਨਾਂ ਦੀਆਂ ਮੰਗਾਂ ਨੂੰ ਅਣਦੇਖਿਆ ਕੀਤਾ ਗਿਆ ਸੀ, ਉਸ ਨੂੰ ਦੇਖਦੇ ਹੋਏ ਉਹਨਾਂ ਵੱਲੋਂ ਪੂਰੀ ਤਿਆਰੀ ਕੀਤੀ ਗਈ ਹੈ। ਉੱਥੇ ਹੀ ਜਗਜੀਤ ਸਿੰਘ ਡੱਲੇਵਾਲ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਹਰਿਆਣਾ ਪੁਲਸ ਵੱਲੋਂ ਜੋ ਬੈਰੀਕੇਡਿੰਗ ਕੀਤੀ ਗਈ ਹੈ, ਉਸ ਤੋਂ ਲੱਗਦਾ ਹੈ ਕਿ ਸਰਕਾਰ ਉਹਨਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਕਰਨਾ ਨਹੀਂ ਚਾਹੁੰਦੀ ਤਾਂ ਕਰਕੇ ਇਸ ਤਰ੍ਹਾਂ ਦੇ ਕਦਮ ਪੁੱਟੇ ਜਾ ਰਹੇ ਹਨ।ਉੱਥੇ ਹੀ ਭਾਰਤੀ ਕਿਸਾਨ ਨੌਜਵਾਨ ਯੂਨੀਅਨ ਦੇ ਸੰਸਥਾਪਕ ਅਭਿਮਨਿਊ ਗੌੜ ਨੇ ਕਿਹਾ ਕਿ ਕਿਸਾਨਾਂ ਵੱਲੋਂ ਇੱਕ ਇਤਿਹਾਸਕ ਪ੍ਰੋਗਰਾਮ ਹੋਣ ਜਾ ਰਿਹਾ ਹੈ, ਜਿਸ ਦੇ 'ਚ ਨੌਜਵਾਨ ਕਿਸਾਨ ਵੀ ਭਾਗ ਲੈ ਰਹੇ ਹਨ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਦੇ ਨਾਲ ਧੱਕਾ ਕਰ ਰਹੀ ਤੇ ਹਰਿਆਣਾ 'ਚ ਵੀ ਛਾਪੇਮਾਰੀ ਕੀਤੀ ਜਾ ਰਹੀ ਹੈ।

## ਨਵਾਜ਼ ਸ਼ਰੀਫ ਰਾਸ਼ਟਰਪਤੀ ਦਾ ਅਹੁਦਾ ਭੁੱਟੋਆਂ ਨੂੰ ਦੇਣ ਲਈ ਤਿਆਰ

■ ਅਮਰੀਕੀ ਰਾਜਦੂਤ ਦੀ ਬਿਲਾਵਲ ਭੁੱਟੋ ਨਾਲ ਮੁਲਾਕਾਤ

**ਇਸਲਾਮਾਬਾਦ** : ਤਿੰਨ ਵਾਰ ਪ੍ਰਧਾਨ ਮੰਤਰੀ ਰਹਿ ਚੁੱਕੇ ਨਵਾਜ਼ ਸ਼ਰੀਫ ਦੀ ਅਗਵਾਈ ਵਾਲੀ ਪਾਕਿਸਤਾਨ ਮੁਸਲਿਮ ਲੀਗ-ਨਵਾਜ਼ (ਪੀ ਐੱਮ ਐੱਲ-ਐੱਨ) ਨੇ 8 ਫਰਵਰੀ ਨੂੰ ਹੋਈਆਂ ਆਮ ਚੋਣਾਂ ਵਿਚ ਕਿਸੇ ਨੂੰ ਸਪੱਸ਼ਟ ਬਹੁਮਤ ਨਾ ਮਿਲਣ ਕਾਰਨ ਪੈਦਾ ਹੋਈ ਸਿਆਸੀ ਖੜੋਤ ਨੂੰ



ਖਤਮ ਕਰਨ ਲਈ ਵਿਰੋਧੀ ਪਾਰਟੀਆਂ ਨੂੰ 'ਗਠਜੋੜ ਸਰਕਾਰ' ਬਣਾਉਣ ਦਾ ਸੱਦਾ ਦਿੱਤਾ ਹੈ। ਸਭ ਤੋਂ ਵੱਡੀ ਪਾਰਟੀ ਵਜੋਂ ਉਭਰ ਕੇ 266 ਮੈਂਬਰੀ ਨੈਸ਼ਨਲ ਅਸੈਂਬਲੀ 'ਚ ਪੀ ਐੱਮ ਐੱਲ-ਐੱਨ ਕੋਲ 75 ਸੀਟਾਂ ਹਨ। ਜੇਲ੍ਹ 'ਚ ਬੰਦ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੀ ਪਾਕਿਸਤਾਨ ਤਹਿਰੀਕ-ਏ-ਇਨਸਾਫ (ਪੀ ਟੀ ਆਈ) ਪਾਰਟੀ, ਜਿਸ ਨੇ 101 ਸੀਟਾਂ ਜਿੱਤੀਆਂ ਹਨ, ਨੂੰ ਜ਼ਿਆਦਾਤਰ ਆਜਾਦ ਉਮੀਦਵਾਰਾਂ ਦਾ ਸਮਰਥਨ ਪ੍ਰਾਪਤ ਹੋਇਆ ਹੈ। ਸਾਬਕਾ ਕਾਨੂੰਨ ਮੰਤਰੀ ਆਜ਼ਮ ਨਜੀਰ ਤਰਾਰ ਨੇ ਕਿਹਾ ਕਿ ਨੈਸ਼ਨਲ ਅਸੈਂਬਲੀ 'ਚ ਕਿਸੇ ਵੀ ਸਿਆਸੀ ਪਾਰਟੀ ਨੇ ਬਹੁਮਤ ਹਾਸਲ ਨਹੀਂ ਕੀਤਾ । ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਚੋਣਾਂ ਨਿਰਪੱਖ ਸਨ। ਪੀ ਐੱਮ ਐੱਲ-ਐੱਨ ਦੇ ਸੀਨੀਅਰ ਨੇਤਾ ਨੇ ਲਾਹੌਰ ਦੇ ਜਾਤੀ ਉਮਰਾ 'ਚ ਪਾਰਟੀ ਦੇ ਮੁੱਖ ਨੇਤਾਵਾਂ ਦੀ ਭਵਿੱਖੀ ਕਾਰਵਾਈ 'ਤੇ ਚਰਚਾ ਕਰਨ ਤੋਂ ਬਾਅਦ ਪੱਤਰਕਾਰਾਂ ਨੂੰ ਦੱਸਿਆ ਕਿ ਪੀ ਐੱਮ ਐੱਲ-ਐੱਨ ਨੇ ਆਪਣੇ ਸਾਬਕਾ ਸਹਿਯੋਗੀਆਂ ਨਾਲ ਮਿਲ ਕੇ ਸੰਘੀ ਸਰਕਾਰ ਬਣਾਉਣ ਦਾ ਸਲਾਹ-ਮਸ਼ਵਰਾ ਸ਼ੁਰੂ ਕਰ ਦਿੱਤਾ ਹੈ।

ਸੂਤਰਾਂ ਨੇ ਦੱਸਿਆ ਕਿ ਸ਼ੁਰੂਆਤੀ ਫਾਰਮੂਲੇ ਮੁਤਾਬਕ ਜੇ ਗਠਜੋੜ ਪਾਰਟੀਆਂ ਪੀ ਐੱਮ ਐੱਲ-ਐੱਨ ਨੂੰ ਪ੍ਰਧਾਨ ਮੰਤਰੀ ਦਾ ਅਹੁਦਾ ਦੇਣ ਲਈ ਸਹਿਮਤ ਹੋ ਜਾਂਦੀਆਂ ਹਨ ਤਾਂ ਰਾਸ਼ਟਰਪਤੀ ਤੇ ਸਪੀਕਰ ਦਾ ਅਹੁਦਾ ਪਾਕਿਸਤਾਨ ਪੀਪਲਜ਼ ਪਾਰਟੀ (ਪੀ ਪੀ ਪੀ) ਨੂੰ ਦਿੱਤਾ ਜਾਵੇਗਾ। ਇਸੇ ਤਰ੍ਹਾਂ ਡਿਪਟੀ ਸਪੀਕਰ ਦਾ ਅਹੁਦਾ ਮੁਤਹਿਦਾ ਕੌਮੀ ਮੂਵਮੈਂਟ-ਪਾਕਿਸਤਾਨ (ਐੱਮ ਕਿਊ ਐੱਮ-ਪੀ) ਜਾਂ ਗਠਜੋੜ 'ਚ ਸ਼ਾਮਲ ਹੋਣ ਵਾਲੇ ਕਿਸੇ ਆਜ਼ਾਦ ਮੈਂਬਰ ਨੂੰ ਦਿੱਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਪੀ ਐੱਮ ਐੱਲ-ਐੱਨ ਵਿੱਤ ਮੰਤਰਾਲਾ ਆਪਣੇ ਕੋਲ ਰੱਖ ਸਕਦੀ ਹੈ ਅਤੇ ਹੋਰ ਮੰਤਰਾਲੇ ਆਪਸੀ ਸਲਾਹ-ਮਸ਼ਵਰੇ ਨਾਲ ਸਹਿਯੋਗੀਆਂ 'ਚ ਵੰਡੇ ਜਾਣਗੇ। ਇਸੇ ਦੌਰਾਨ ਇਮਰਾਨ ਤੋਂ ਨਾਰਾਜ਼ ਅਮਰੀਕਾ ਦੇ ਰਾਜਦੂਤ ਡੋਨਾਲਡ ਬਲੂਮ ਨੇ ਸਾਬਕਾ ਵਿਦੇਸ਼ ਮੰਤਰੀ ਤੇ ਪਾਕਿਸਤਾਨ ਪੀਪਲਜ਼ ਪਾਰਟੀ ਦੇ ਆਗੂ ਬਿਲਾਵਲ ਭੁੱਟੋ ਨਾਲ ਡੇਢ ਘੰਟਾ ਮੁਲਾਕਾਤ ਕੀਤੀ।

## ਆਸ਼ੀਸ਼ ਮਿਸ਼ਰਾ ਦੀ ਅੰਤਰਮ ਜ਼ਮਾਨਤ 'ਚ ਵਾਧਾ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ 2021 ਦੇ ਲਖੀਮਪੁਰ ਖੀਰੀ ਹਿੰਸਾ ਮਾਮਲੇ ਵਿਚ ਕੇਂਦਰੀ ਮੰਤਰੀ ਅਜੈ ਕੁਮਾਰ ਮਿਸ਼ਰਾ ਦੇ ਪੁੱਤਰ ਆਸ਼ੀਸ਼ ਮਿਸ਼ਰਾ ਦੀ ਅੰਤਰਮ ਜ਼ਮਾਨਤ ਵਧਾ ਦਿੱਤੀ ਹੈ। ਇਸ ਹਿੰਸਾ 'ਚ 8 ਵਿਅਕਤੀਆਂ ਦੀ ਮੌਤ ਹੋਈ ਸੀ। ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਕੇ ਵੀ ਵਿਸ਼ਵਨਾਥਨ ਦੀ ਬੈਂਚ ਨੇ ਸੁਪਰੀਮ ਕੋਰਟ ਦੇ ਰਜਿਸਟਰ ਨੂੰ ਹੇਠਲੀ ਅਦਾਲਤ ਤੋਂ ਮਾਮਲੇ ਦੀ ਪ੍ਰਗਤੀ ਬਾਰੇ ਰਿਪੋਰਟ ਲੈਣ ਦਾ ਨਿਰਦੇਸ਼ ਦਿੱਤਾ ਅਤੇ ਸੁਣਵਾਈ ਮੁਲਤਵੀ ਕਰ ਦਿੱਤੀ। ਪਿਛਲੇ ਸਾਲ 26 ਸਤੰਬਰ ਨੂੰ ਸੁਪਰੀਮ ਕੋਰਟ ਨੇ ਮਿਸ਼ਰਾ ਦੀ ਜ਼ਮਾਨਤ ਦੀਆਂ ਸ਼ਰਤਾਂ 'ਚ ਢਿੱਲ ਦਿੱਤੀ ਸੀ, ਤਾਂ ਜੋ ਉਹ ਆਪਣੀ ਬਿਮਾਰ ਮਾਂ ਦੀ ਦੇਖਭਾਲ ਅਤੇ ਧੀ ਦੇ ਇਲਾਜ ਲਈ ਕੌਮੀ ਰਾਜਧਾਨੀ ਖੇਤਰ ਜਾ ਸਕੇ।

## ਮੌਤ ਦੀ ਸਜ਼ਾ ਤੋਂ ਬਾਅਦ 7 ਸਾਬਕਾ ਨੇਵੀ ਮੁਲਾਜ਼ਮ ਕਤਰ ਤੋਂ ਸਹੀ-ਸਲਾਮਤ ਵਤਨ ਪਰਤੇ

**ਨਵੀਂ ਦਿੱਲੀ** : ਕਤਰ ਨੇ ਕਰੀਬ ਸਾਢੇ ਤਿੰਨ ਮਹੀਨੇ ਪਹਿਲਾਂ ਜਾਸੂਸੀ ਦੇ ਮਾਮਲੇ 'ਚ ਭਾਰਤੀ ਜਲ ਸੈਨਾ ਦੇ 8 ਸਾਬਕਾ ਮੁਲਾਜ਼ਮਾਂ ਨੂੰ ਮੌਤ ਦੀ ਸਜ਼ਾ ਸੁਣਾਏ ਜਾਣ ਬਾਅਦ ਰਿਹਾਅ ਕਰ ਦਿੱਤਾ ਹੈ। ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਰਿਹਾਅ ਕੀਤੇ 8 ਭਾਰਤੀਆਂ ਵਿੱਚੋਂ 7 ਭਾਰਤ ਪਰਤ ਆਏ ਹਨ। ਆਪਣੇ ਨਾਗਰਿਕਾਂ ਦੀ ਰਿਹਾਈ ਅਤੇ ਉਨ੍ਹਾਂ ਦੀ ਘਰ ਵਾਪਸੀ ਲਈ ਮੰਤਰਾਲੇ ਨੇ ਕਤਰ ਦੇ ਅਮੀਰ ਦੀ ਸ਼ਲਾਘਾ ਕੀਤੀ ਹੈ। ਕਤਰ ਤੋਂ ਪਰਤਣ ਵਾਲੇ ਜਲ ਸੈਨਾ ਦੇ ਸਾਬਕਾ ਮੁਲਾਜ਼ਮ ਨੇ ਦੱਸਿਆ—ਅਸੀਂ ਬਹੁਤ ਖੁਸ਼ ਹਾਂ ਕਿ ਸੁਰੱਖਿਅਤ ਢੰਗ ਨਾਲ ਭਾਰਤ ਵਾਪਸ ਆ ਗਏ ਹਾਂ। ਅਸੀਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਧੰਨਵਾਦ ਕਰਦੇ ਹਾਂ, ਕਿਉਂਕਿ ਇਹ ਉਨ੍ਹਾ ਦੇ ਨਿੱਜੀ ਦਖਲ ਕਾਰਨ ਹੀ ਸੰਭਵ ਹੋਇਆ ਹੈ।



## ਬੱਸ ਨਾਲ ਟਕਰਾਉਣ 'ਤੇ ਪੰਜ ਕਾਰ ਸਵਾਰ ਜ਼ਿੰਦਾ ਸੜੇ

**ਮਥੁਰਾ** : ਇੱਥੇ ਯਮੁਨਾ ਐੱਕਸਪ੍ਰੈੱਸ ਵੇਅ ਉੱਤੇ ਬੱਸ ਨਾਲ ਟਕਰਾਉਣ ਤੋਂ ਬਾਅਦ ਕਾਰ 'ਚ ਅੱਗ ਲੱਗਣ ਕਾਰਨ ਸੋਮਵਾਰ ਪੰਜ ਵਿਅਕਤੀ ਜ਼ਿੰਦਾ ਸੜ ਕੇ ਮਰ ਗਏ। ਬੱਸ ਦਾ ਟਾਇਰ ਫਟ ਗਿਆ ਸੀ ਤੇ ਉਹ ਕੰਟਰੋਲ ਤੋਂ ਬਾਹਰ ਹੋ ਕੇ ਪਲਟ ਗਈ। ਪਿੱਛੇ ਤੋਂ ਆ ਰਹੀ ਸਵਿਫਟ ਕਾਰ ਉਸ ਵਿਚ ਵੱਜੀ। ਦੋਹਾਂ ਵਾਹਨਾਂ ਨੂੰ ਅੱਗ ਲੱਗ ਗਈ। ਬੱਸ ਸਵਾਰ ਤਾਂ ਨਿਕਲਣ 'ਚ ਕਾਮਯਾਬ ਰਹੇ, ਪਰ ਕਾਰ ਸਵਾਰ ਨਹੀਂ ਨਿਕਲ ਸਕੇ।

## ਅਮਰੀਕੀ ਰੱਖਿਆ ਮੰਤਰੀ ਮੁੜ ਹਸਪਤਾਲ ਦਾਖਲ

**ਵਾਸ਼ਿੰਗਟਨ** : ਅਮਰੀਕਾ ਦੇ ਰੱਖਿਆ ਮੰਤਰੀ ਲੋਇਡ ਆਸਟਿਨ ਨੂੰ ਮਸਾਣੇ ਦੀ ਸਮੱਸਿਆ (ਬਲੈਡਰ) ਨਾਲ ਸੰਬੰਧਤ ਲੱਛਣਾਂ ਕਾਰਨ ਮੁੜ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਆਸਟਿਨ ਦੇ ਦਸੰਬਰ 'ਚ ਪ੍ਰੋਸਟੇਟ (ਗਦੂਦ) ਕੈਂਸਰ ਦਾ ਪਤਾ ਲੱਗਿਆ ਸੀ।

## ਕੈਨੇਡਾ 'ਚ ਪਿਓ ਦਾ ਕਤਲ

**ਟੋਰਾਂਟੋ** : ਕੈਨੇਡਾ ਦੇ ਓਂਟਾਰੀਓ ਸੂਬੇ 'ਚ 56 ਸਾਲਾ ਕੁਲਦੀਪ ਸਿੰਘ ਦਾ ਉਸ ਦੇ 22 ਸਾਲਾ ਬੇਟੇ ਸੁਖਜ ਸਿੰਘ ਚੀਮਾ ਨੇ ਸ਼ਨੀਵਾਰ ਕਥਿਤ ਤੌਰ 'ਤੇ ਕਤਲ ਕਰ ਦਿੱਤਾ। ਹੈਮਿਲਟਨ ਪੁਲਸ ਨੇ ਦੱਸਿਆ ਕਿ ਅਧਿਕਾਰੀਆਂ ਨੂੰ ਸ਼ਾਮ ਕਰੀਬ 7:40 ਵਜੇ ਘਰ ਬੁਲਾਇਆ ਗਿਆ ਅਤੇ ਕੁਲਦੀਪ ਸਿੰਘ ਗੰਭੀਰ ਜ਼ਖ਼ਮੀ ਹਾਲਤ 'ਚ ਮਿਲਿਆ। ਹਸਪਤਾਲ 'ਚ ਉਸ ਦੀ ਮੌਤ ਹੋ ਗਈ। ਗਵਾਹਾਂ ਨੇ ਅਧਿਕਾਰੀਆਂ ਨੂੰ ਦੱਸਿਆ ਕਿ ਸੁਖਜ ਪਿਤਾ ਨਾਲ ਝਗੜਾ ਕਰਨ ਤੋਂ ਬਾਅਦ ਰਿਹਾਇਸ਼ ਤੋਂ ਗੱਡੀ 'ਚ ਬੈਠ ਕੇ ਫਰਾਰ ਹੋ ਗਿਆ।

## ਮਹਾਰਾਸ਼ਟਰ ਦੇ ਸਾਬਕਾ ਮੁੱਖ ਮੰਤਰੀ ਨੇ ਕਾਂਗਰਸ ਛੱਡੀ

**ਮੁੰਬਈ** : ਮਹਾਰਾਸ਼ਟਰ ਦੇ ਸਾਬਕਾ ਮੁੱਖ ਮੰਤਰੀ ਅਸ਼ੋਕ ਚਵਾਨ (65) ਨੇ ਲੋਕ ਸਭਾ ਚੋਣਾਂ ਤੋਂ ਪਹਿਲਾਂ ਪਾਰਟੀ ਨੂੰ ਝਟਕਾ ਦਿੰਦੇ ਹੋਏ ਕਾਂਗਰਸ ਤੋਂ ਅਸਤੀਫਾ ਦੇ ਦਿੱਤਾ ਹੈ। ਚਵਾਨ ਦੇ ਕਰੀਬੀ ਸੂਤਰਾਂ ਦਾ ਕਹਿਣਾ ਹੈ ਕਿ ਉਹ ਭਾਜਪਾ 'ਚ ਸ਼ਾਮਲ ਹੋਣਗੇ। ਸਾਬਕਾ ਕੇਂਦਰੀ ਮੰਤਰੀ ਮਿਲਿੰਦ ਦੇਵੜਾ, ਜੋ ਸ਼ਿਵ ਸੈਨਾ 'ਚ ਸ਼ਾਮਲ ਹੋ ਗਏ ਸਨ, ਤੋਂ ਬਾਅਦ ਚਵਾਨ ਮਹਾਰਾਸ਼ਟਰ ਕਾਂਗਰਸ ਤੋਂ ਅਸਤੀਫਾ ਦੇਣ ਵਾਲੇ ਦੂਜੇ ਵੱਡੇ ਨੇਤਾ ਹਨ। ਚਵਾਨ ਨੇ ਵਿਧਾਇਕ ਵਜੋਂ ਆਪਣਾ ਅਸਤੀਫਾ ਮਹਾਰਾਸ਼ਟਰ ਵਿਧਾਨ ਸਭਾ ਦੇ ਸਪੀਕਰ ਨੂੰ ਸੌਂਪ ਦਿੱਤਾ ਹੈ। ਚਵਾਨ ਪ੍ਰਦੇਸ਼ ਕਾਂਗਰਸ ਪ੍ਰਧਾਨ ਨਾਨਾ ਪਟੋਲੇ ਤੋਂ ਨਾਖੁਸ਼ ਸਨ। ਚਵਾਨ ਦੇ ਪਿਤਾ ਸ਼ੰਕਰਰਾਓ ਚਵਾਨ ਵੀ ਮੁੱਖ ਮੰਤਰੀ ਰਹੇ ਹਨ। ਅਸ਼ੋਕ ਚਵਾਨ ਨੂੰ 2010 ਵਿਚ ਮੁੰਬਈ ਵਿਚ ਆਦਰਸ਼ ਹਾਊਸਿੰਗ ਸਕੈਂਡਲ ਕਾਰਨ ਮੁੱਖ ਮੰਤਰੀ ਦਾ ਅਹੁਦਾ ਛੱਡਣਾ ਪਿਆ ਸੀ। ਉਹ 2014-19 ਵਿਚ ਕਾਂਗਰਸ ਪ੍ਰਧਾਨ ਵੀ ਰਹੇ।



ਕਾਂਗਰਸ ਨੇ ਕਿਹਾ ਹੈ ਕਿ ਦਗਾਬਾਜ਼ ਇਹ ਮਹਿਸੂਸ ਨਹੀਂ ਕਰਦੇ ਕਿ ਉਨ੍ਹਾਂ ਦੇ ਜਾਣ ਨਾਲ ਉਨ੍ਹਾਂ ਲਈ ਨਵੇਂ ਮੌਕੇ ਪੈਦਾ ਹੋਣਗੇ, ਜਿਹੜੇ ਇਨ੍ਹਾਂ ਕਰਕੇ ਅੱਗੇ ਨਹੀਂ ਵਧ ਸਕੇ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਕਿਹਾ ਕਿ ਜਿਹੜੇ ਡਰੇ ਹੋਏ ਹਨ, ਉਨ੍ਹਾਂ ਨੂੰ ਵਿਚਾਰਧਾਰਕ ਪ੍ਰਤੀਬੱਧਤਾ ਨਾਲੋਂ ਭਾਜਪਾ ਦੀ ਵਾਸ਼ਿੰਗ ਮਸ਼ੀਨ ਚੰਗੀ ਲੱਗਦੀ ਹੈ। ਕਾਂਗਰਸ ਆਗੂ ਮਨਿੱਕਮ ਟੈਗੋਰ ਨੇ ਫਿਲਮ 'ਸ਼ੋਅਲੇ' ਦੇ ਡਾਇਲਾਗ ਨਾਲ ਟਿੱਪਣੀ ਕੀਤੀ—ਜੋ ਡਰ ਗਯਾ ਸਮਝੋ ਮਰ ਗਯਾ।

## ਇਜ਼ਰਾਈਲ ਨੇ ਰਫ਼ਾਹ ਬਾਰਡਰ 'ਤੇ ਮਸਜਿਦਾਂ ਨੂੰ ਬਣਾਇਆ ਨਿਸ਼ਾਨਾ

**ਅਵੀਵ** : ਇਜ਼ਰਾਇਲ ਨੇ ਦੱਖਣੀ ਗਾਜ਼ਾ ਦੇ ਰਫਾਹ ਬਾਰਡਰ 'ਤੇ ਵੱਡਾ ਹਵਾਈ ਹਮਲਾ ਕੀਤਾ ਹੈ। ਇਸ 'ਚ ਘੱਟੋ-ਘੱਟ 63 ਲੋਕਾਂ ਦੇ ਮਾਰੇ ਜਾਣ ਦਾ ਦਾਅਵਾ ਕੀਤਾ ਗਿਆ ਹੈ। ਉਥੇ ਹੀ ਇਜ਼ਰਾਇਲ ਦਾ ਕਹਿਣਾ ਹੈ ਕਿ ਉਸ ਦੀ ਫੌਜ ਨੇ ਦੋ ਬੰਧਕਾਂ ਨੂੰ ਹਮਾਸ ਦੇ ਕਬਜ਼ੇ ਤੋਂ ਛੁਡਾਇਆ ਹੈ। ਇੱਕ ਰਿਪੋਰਟ ਮੁਤਾਬਿਕ ਰਫ਼ਾਹ ਬਾਰਡਰ 'ਤੇ ਆਈ ਡੀ ਐੱਫ ਨੇ ਘੱਟੋ-ਘੱਟ 14 ਘਰਾਂ ਅਤੇ ਤਿੰਨ ਮਸਜਿਦਾਂ ਨੂੰ ਨਿਸ਼ਾਨਾ ਬਣਾਇਆ। ਇਜ਼ਰਾਇਲ ਨੇ ਭੀੜ-ਭਾੜ ਵਾਲੇ ਇਲਾਕੇ 'ਚ ਬੰਬਾਰੀ ਕੀਤੀ। ਇਜ਼ਰਾਇਲ ਦੀ ਫੌਜ ਨੇ ਬਿਆਨ ਜਾਰੀ ਕਰਕੇ ਕਿਹਾ ਕਿ ਸ਼ਾਬੋਰਾ ਜ਼ਿਲ੍ਹੇ 'ਚ ਅੱਤਵਾਦੀਆਂ 'ਤੇ ਹਮਲਾ ਕੀਤਾ ਗਿਆ ਹੈ, ਜੋ ਕਿ ਹੁਣ ਪੂਰਾ ਹੋ ਚੁੱਕਾ ਹੈ। ਦਾਅਵਾ ਕੀਤਾ ਗਿਆ ਕਿ ਰਫ਼ਾਹ 'ਚ ਅਪ੍ਰੇਸ਼ਨ ਚਲਾ ਕੇ ਦੋ ਬੰਧਕਾਂ ਨੂੰ ਛੁਡਾਇਆ ਗਿਆ ਹੈ। ਉਨ੍ਹਾ ਦਾ ਨਾਂਅ ਫਰਨਾਡੋ ਸਾਇਮਨ ਅਤੇ ਲੂਇਸ ਹਾਰ ਦੱਸਿਆ ਗਿਆ ਹੈ। ਇਜ਼ਰਾਇਲ ਨੇ ਕਿਹਾ ਕਿ ਛੁਡਾਏ ਗਏ ਬੰਧਕ ਸਹੀ-ਸਲਾਮਤ ਹਨ। ਇਜ਼ਰਾਇਲ ਨੇ ਕਿਹਾ ਕਿ ਰਫਾਹ 'ਚ ਹੋਣ ਵਾਲੇ ਹਮਲੇ ਤੋਂ ਬਾਅਦ ਹਮਾਸ ਨੂੰ ਮਜਬੂਰਨ ਬੰਧਕਾਂ ਨੂੰ ਛੱਡਣਾ ਪਵੇਗਾ।

## ਨਿਤੀਸ਼ ਵੱਲੋਂ ਬਹੁਮਤ ਸਾਬਤ



**ਪਟਨਾ** : ਭਾਜਪਾ ਨਾਲ ਰਲਣ ਤੋਂ ਬਾਅਦ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਸੋਮਵਾਰ ਅਸੰਬਲੀ ਵਿਚ ਭਰੋਸੇ ਦਾ ਵੋਟ ਹਾਸਲ ਕਰ ਲਿਆ। ਵੋਟਿੰਗ ਤੋਂ ਪਹਿਲਾਂ ਰਾਜਦ ਦੀ ਅਗਵਾਈ ਵਾਲੇ ਆਪੋਜ਼ੀਸ਼ਨ ਮੈਂਬਰ ਵਾਕਆਊਟ ਕਰ ਗਏ। ਆਪੋਜ਼ੀਸ਼ਨ ਦੀ ਗੈਰ-ਮੌਜੂਦਗੀ ਵਿਚ ਨਿਤੀਸ਼ ਨੇ ਪਹਿਲਾਂ ਜ਼ਬਾਨੀ ਵੋਟ ਨਾਲ ਬਹੁਮਤ ਸਾਬਤ ਕੀਤਾ ਤੇ ਫਿਰ ਵੋਟਿੰਗ ਲਈ ਜ਼ੋਰ ਪਾਇਆ। ਹੱਕ ਵਿਚ 129 ਵੋਟਾਂ ਪਈਆਂ। ਇਸ ਤੋਂ ਪਹਿਲਾਂ ਸਪੀਕਰ ਰਾਜਦ ਦੇ ਅਵਧ ਬਿਹਾਰੀ ਚੌਧਰੀ ਨੂੰ ਬੇਵਿਸਾਹੀ ਮਤਾ ਪਾਸ ਕਰਕੇ ਹਟਾਇਆ ਗਿਆ। ਉਨ੍ਹਾ ਵਿਰੁੱਧ 129 ਤੇ ਹੱਕ ਵਿਚ 112 ਵੋਟਾਂ ਪਈਆਂ। ਹੁਕਮਰਾਨ ਪਾਰਟੀ ਜਨਤਾ ਦਲ (ਯੂ) ਦੇ ਇਕ ਵਿਧਾਇਕ ਅਸੰਬਲੀ ਵਿਚ ਨਹੀਂ ਪੁੱਜੇ, ਜਦਕਿ ਰਾਜਦ ਦੇ ਤਿੰਨ ਵਿਧਾਇਕਾਂ ਨੇ ਪਾਲਾ ਬਦਲ ਲਿਆ। ਸਾਬਕਾ ਉਪ ਮੁੱਖ ਮੰਤਰੀ ਤੇ ਰਾਜਦ ਆਗੂ ਤੇਜਸਵੀ ਯਾਦਵ ਤੇ ਲਾਲੂ ਪਰਵਾਰ 'ਤੇ ਹਮਲਾ ਕਰਦਿਆਂ ਨਿਤੀਸ਼ ਨੇ ਕਿਹਾ—ਕਮਾ ਰਹੇ ਥੇ ਯੇ ਲੋਗ। ਰਾਜਦ ਆਗੂਆਂ ਦੀ ਕੁਰੱਪਸ਼ਨ ਦੀ ਜਾਂਚ ਕਰਵਾਈ ਜਾਵੇਗੀ। ਤੇਜਸਵੀ ਨੇ ਕਿਹਾ—ਜੋ ਆਪ ਝੰਡਾ ਲੇ ਕਰ ਚਲੇ ਥੇ ਕਿ ਮੋਦੀ ਕੋ ਦੇਸ਼ ਮੇਂ ਰੋਕਨਾ ਹੈ, ਅਬ ਆਪਕਾ ਭਤੀਜਾ ਝੰਡਾ ਉਠਾ ਕਰ ਕੇ ਮੋਦੀ ਕੋ ਬਿਹਾਰ ਮੇਂ ਰੋਕਨੇ ਕਾ ਕਾਮ ਕਰੇਗਾ।

## ਫਿਰ ਵਿਗੜੇਗਾ ਮੌਸਮ

**ਸ਼ਿਮਲਾ** : ਹਿਮਾਚਲ ਪ੍ਰਦੇਸ਼ 'ਚ ਇੱਕ ਵਾਰ ਫਿਰ ਮੌਸਮ ਕਰਵਟ ਲੈ ਰਿਹਾ ਹੈ। ਸੂਬੇ 'ਚ ਇਸ ਹਫ਼ਤੇ ਦੇ ਅੰਤ 'ਚ ਸਨੋ ਸਟ੍ਰਾਮ ਆਉਣ ਦੀ ਸੰਭਾਵਨਾ ਹੈ। ਇਸ ਕਾਰਨ ਆਉਣ ਵਾਲੇ ਪੰਜ ਦਿਨ ਬਾਅਦ ਹਿਮਾਚਲ ਪ੍ਰਦੇਸ਼ 'ਚ ਮੌਸਮ ਕਰਵਟ ਲਵੇਗਾ ਅਤੇ ਮੀਂਹ, ਬਰਫਬਾਰੀ ਦੀ ਸੰਭਾਵਨਾ ਹੈ।

ਮੌਸਮ ਵਿਭਾਗ ਦੇ ਸ਼ਿਮਲਾ ਕੇਂਦਰ ਨੇ ਕਿਹਾ ਕਿ 17 ਫਰਵਰੀ ਨੂੰ ਹਿਮਾਚਲ ਪ੍ਰਦੇਸ਼ 'ਚ ਪੱਛਮੀ ਗੜਬੜੀ ਕਾਰਨ ਪੰਜਾਬ ਅਤੇ ਨਾਲ ਦੇ ਇਲਾਕਿਆਂ 'ਚ ਤੂਫ਼ਾਨ ਆਉਣ ਦੀ ਸੰਭਾਵਨਾ ਹੈ ਅਤੇ ਹਿਮਾਚਲ ਤੱਕ ਇਸ ਦਾ ਅਸਰ ਹੋਵੇਗਾ। ਮੌਸਮ ਵਿਭਾਗ ਨੇ ਦੱਸਿਆ ਕਿ 13 ਅਤੇ 14 ਫਰਵਰੀ ਨੂੰ ਉਚਾਈ ਵਾਲੇ ਇਲਾਕਿਆਂ 'ਚ ਬਰਫਬਾਰੀ ਹੋ ਸਕਦੀ ਹੈ। ਮੈਦਾਨੀ ਇਲਾਕਿਆਂ 'ਚ ਮੌਸਮ ਸਾਫ਼ ਰਹੇਗਾ। ਇਸ ਦੌਰਾਨ ਅਗਲੇ ਤਿੰਨ ਦਿਨ ਤੱਕ ਮੌਸਮ ਸਾਫ਼ ਰਹੇਗਾ, ਪਰ 18 ਫਰਵਰੀ ਨੂੰ ਸੂਬੇ ਭਰ 'ਚ ਬਾਰਿਸ਼ ਅਤੇ ਉਚਾਈ ਵਾਲੇ ਇਲਾਕੇ 'ਚ ਫਿਰ ਬਰਫਬਾਰੀ, ਮੀਂਹ ਦੀ ਸੰਭਾਵਨਾ ਬਣ ਰਹੀ ਹੈ।

## ਮੈਰਾਥਨ ਕੈਲਵਿਨ ਦੀ ਕਾਰ ਹਾਦਸੇ 'ਚ ਮੌਤ



**ਨੈਰੋਬੀ** : ਮੈਰਾਥਨ ਦੇ ਵਿਸ਼ਵ ਰਿਕਾਰਡਧਾਰੀ ਕੈਲਵਿਨ ਕਿਪਟੂਮ ਦੀ ਕੀਨੀਆ 'ਚ ਕਾਰ ਹਾਦਸੇ ਵਿੱਚ ਮੌਤ ਹੋ ਗਈ। ਉਹ ਇਸ ਸਾਲ ਪੈਰਿਸ ਓਲੰਪਿਕ ਵਿੱਚ ਸੋਨ ਤਗ਼ਮੇ ਦਾ ਮਜ਼ਬੂਤ ਦਾਅਵੇਦਾਰ ਸੀ।ਐਤਵਾਰ ਨੂੰ ਹੋਏ ਹਾਦਸੇ 'ਚ ਉਸ ਦੇ ਕੋਚ ਗੈਰਵੇਸ ਹਾਕਿਜ਼ਿਮਾਨਾ ਦੀ ਵੀ ਮੌਤ ਹੋ ਗਈ। ਪੁਲਸ ਨੇ ਦੱਸਿਆ ਕਿ ਕਿਪਟੂਮ ਕਾਰ ਚਲਾ ਰਿਹਾ ਸੀ ਅਤੇ ਉਸ ਦੀ ਕਾਰ ਇੱਕ ਦਰੱਖਤ ਨਾਲ ਟਕਰਾ ਕੇ ਖਾਈ ਵਿੱਚ ਜਾ ਡਿੱਗੀ।ਕਿਪਟੂਮ 24 ਸਾਲਾਂ ਦਾ ਸੀ।

## ਕੇਜਰੀਵਾਲ ਤੇ ਭਗਵੰਤ ਮਾਨ ਨੇ ਪਰਵਾਰ ਸਮੇਤ ਰਾਮ ਲੱਲਾ ਦੇ ਕੀਤੇ ਦਰਸ਼ਨ

**ਅਯੁੱਧਿਆ** : ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਸੋਮਵਾਰ ਨੂੰ ਅਯੁੱਧਿਆ ਪਹੁੰਚੇ, ਦੋਵਾਂ ਨੇਤਾਵਾਂ ਨਵੇਂ ਬਣੇ ਸ੍ਰੀ ਰਾਮ ਮੰਦਰ 'ਚ ਭਗਵਾਨ ਰਾਮ ਲੱਲਾ ਦੇ ਦਰਸ਼ਨ ਕੀਤੇ।ਕੇਜਰੀਵਾਲ ਅਤੇ ਮਾਨ ਨਾਲ ਉਨ੍ਹਾਂ ਦੇ ਪਰਵਾਰ ਦੇ ਮੈਂਬਰ ਵੀ ਮੌਜੂਦ ਸਨ। ਦੋਹਾਂ ਮੁੱਖ ਮੰਤਰੀਆਂ ਨੇ ਰਾਮ ਮੰਦਰ 'ਚ ਦਰਸ਼ਨ ਕੀਤੇ। ਅਰਵਿੰਦ ਕੇਜਰੀਵਾਲ ਨੇ ਆਪਣੀ ਪਤਨੀ ਸੁਨੀਤਾ ਕੇਜਰੀਵਾਲ ਅਤੇ ਭਗਵੰਤ ਮਾਨ ਨੇ ਆਪਣੀ ਪਤਨੀ ਗੁਰਪ੍ਰੀਤ ਕੌਰ ਅਤੇ ਆਪਣੇ ਪਰਵਾਰ ਦੇ ਕੁਝ ਮੈਂਬਰਾਂ ਨਾਲ ਰਾਮ ਲੱਲਾ ਦੇ ਦਰਸ਼ਨ ਕੀਤੇ।ਦੋਵਾਂ ਨੇ ਮੰਦਰ 'ਚ ਕਰੀਬ ਸਵਾ ਘੰਟਾ ਬਿਤਾਇਆ।ਦਰਸ਼ਨ ਤੋਂ ਬਾਅਦ



ਕੇਜਰੀਵਾਲ ਨੇ ਸੋਸ਼ਲ ਮੀਡੀਆ ਮੰਚ 'ਐਕਸ' 'ਤੇ ਆਪਣੀ ਇਕ ਪੋਸਟ 'ਚ ਕਿਹਾ, ਮਾਤਾ-ਪਿਤਾ ਅਤੇ ਆਪਣੀ ਪਤਨੀ ਨਾਲ ਅੱਜ ਅਯੁੱਧਿਆ ਪਹੁੰਚ ਕੇ ਸ੍ਰੀ ਰਾਮ ਮੰਦਰ 'ਚ ਰਾਮ ਲੱਲਾ ਜੀ ਦੇ ਦਰਸ਼ਨ ਕਰਨ ਦੀ ਖੁਸ਼ਕਿਸਮਤੀ ਪ੍ਰਾਪਤ ਹੋਈ। ਕੇਜਰੀਵਾਲ ਨੇ ਕਿਹਾ—ਇਸ ਮੌਕੇ ਭਗਵੰਤ ਜੀ ਅਤੇ ਉਨ੍ਹਾ ਦਾ ਪਰਵਾਰ ਵੀ ਨਾਲ ਰਿਹਾ। ਸਾਰਿਆਂ ਨੇ ਮਿਲ ਕੇ ਮਰਿਆਦਾ ਪੁਰਸ਼ੋਤਮ ਭਗਵਾਨ ਸ੍ਰੀ ਰਾਮ ਜੀ ਦੇ ਦਰਸ਼ਨ ਕੀਤੇ ਅਤੇ ਦੇਸ਼ ਦੀ ਤਰੱਕੀ ਦੇ ਨਾਲ ਮਨੁੱਖਤਾ ਦੇ ਕਲਿਆਣ ਦੀ ਪ੍ਰਾਰਥਨਾ ਕੀਤੀ।

## ਤਾਮਿਲਨਾਡੂ ਦੇ ਗਵਰਨਰ ਦਾ ਵਿਧਾਨ ਸਭਾ 'ਚੋਂ ਵਾਕਆਊਟ

**ਚੇਨਈ** : ਸੂਬਾ ਸਰਕਾਰ ਅਤੇ ਰਾਜਪਾਲਾਂ ਵਿਚਾਲੇ ਤੂੰ ਤੂੰ ਮੈਂ ਮੈਂ ਦੇ ਬਹੁਤ ਸਾਰੇ ਮਾਮਲੇ ਆਉਂਦੇ ਰਹਿੰਦੇ ਹਨ, ਪਰ ਸੋਮਵਾਰ ਨੂੰ ਤਾਮਿਲਨਾਡੂ ਵਿਧਾਨਸਭਾ 'ਚ ਜੋ ਹੋਇਆ, ਉਹ ਅਨੋਖਾ ਸੀ। ਰਾਜਪਾਲ ਆਰ ਐੱਨ ਰਵੀ ਨੇ ਸੂਬਾ ਸਰਕਾਰ ਵੱਲੋਂ ਤਿਆਰ ਕੀਤਾ ਗਿਆ ਅਭਿਭਾਸ਼ਣ ਨੂੰ ਪੜ੍ਹਨ ਤੋਂ ਇਨਕਾਰ ਕਰ ਦਿੱਤਾ ਅਤੇ ਵਿਧਾਨਸਭਾ ਤੋਂ ਵਾਕਆਊਟ ਕਰ ਗਏ। ਭਾਰਤ ਦੇ ਸੰਸਦੀ ਇਤਿਹਾਸ 'ਚ ਇਹ ਪਹਿਲੀ ਘਟਨਾ ਹੈ, ਜਦ ਰਾਜਪਾਲ ਨੇ ਅਭਿਭਾਸ਼ਣ ਨਹੀਂ ਪੜ੍ਹਿਆ ਅਤੇ ਵਾਕਆਊਟ ਹੀਕਰ ਗਏ ਹਾਲਾਂਕਿ ਇਸ ਤੋਂ ਬਾਅਦ ਵੀ ਡੀ ਐਮ ਕੇ ਸਰਕਾਰ ਨੇ ਉਸ ਲਿਖੇ ਭਾਸ਼ਣ ਦੇ ਪੱਖ 'ਚ ਪ੍ਰਸਤਾਵ ਪਾਸ ਕਰ ਦਿੱਤਾ, ਜਿਸ ਨੂੰ ਰਾਜਪਾਲ ਨੇ ਪੜ੍ਹਿਆ ਹੀ ਨਹੀਂ। ਸੈਸ਼ਨ ਦੀ ਸ਼ੁਰੂਆਤ ਤਾਮਿਲਨਾਡੂ ਦੇ ਰਾਸ਼ਟਰੀ ਗੀਤ ਨਾਲ ਹੋਈ। ਇਸ ਤੋਂ ਬਾਅਦ ਰਾਜਪਾਲ ਆਰ ਐੱਨ ਰਵੀ ਨੇ ਆਪਣਾ ਭਾਸ਼ਣ ਪੜ੍ਹਨਾ ਸ਼ੁਰੂ ਕੀਤਾ ਅਤੇ ਤਾਮਿਲ ਦਾਰਸ਼ਨਿਕ ਤਿਰੂਵੱਲੁਵਰ ਦੀਆਂ ਕੁਝ ਲਾਈਨ ਪੜ੍ਹੀਆਂ। ਇਸ ਤੋਂ ਬਾਅਦ

● ਬਾਕੀ ਸਫ਼ਾ 2 'ਤੇ

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ ਲੰਘ ਚੁੱਕੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪੋ-ਆਪਣੇ ਕਾਰਡ ਜਲਦੀ ਤੋਂ ਜਲਦੀ 'ਨਵਾਂ ਜ਼ਮਾਨਾ' ਦਫਤਰ ਆ ਕੇ ਬਾਅਦ ਦੁਪਹਿਰ ਸ਼ੁੱਕਰਵਾਰ ਅਤੇ ਸੋਮਵਾਰ ਨੂੰ 2 ਵਜੇ ਤੋਂ ਸ਼ਾਮ 5 ਵਜੇ ਤੱਕ ਨਵਿਆਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ। -ਮੈਨੇਜਰ

## ਅੱਜ-ਨਾਮਾ

ਆਈ ਸ਼ਹਿਰ ਲੁਧਿਆਣੇ ਦੀ ਖਬਰ ਡਾਢੀ,
ਕਰੀ ਨਾ ਛੋਹਰੂਆਂ ਰਤਾ ਵੀ ਸ਼ਰਮ ਬੇਲੀ।
ਵਿਦਾਇਗੀ ਪਾਰਟੀ ਕਰੀ ਤੇ ਚੱਲ ਨਿਕਲੇ,
ਜੇਬਾਂ ਮਾਇਆ ਦੇ ਨਾਲ ਸਨ ਗਰਮ ਬੇਲੀ।
ਵਿਗੜੇ ਛੋਹਰੂ ਸਨ ਤਕੜਿਆਂ ਘਰਾਂ ਵਾਲੇ,
ਫੋਰਸ ਮੂਹਰੇ ਸਰਕਾਰੀ ਪਈ ਨਰਮ ਬੇਲੀ।
ਸੜਕਾਂ ਉੱਪਰ ਫਿਰ ਜਿੰਦਾਂ ਦੀ ਅੱਤ ਚੁੱਕੀ,
ਇੱਕੋ ਵਾਰ ਸਨ ਨਿਕਲ ਗਏ ਭਰਮ ਬੇਲੀ।
ਤੰਗੀਆਂ ਮਾਰੇ ਪਰਵਾਰਾਂ ਦੇ ਕਾਕਿਆਂ ਲਈ,
ਔਖਾ ਏ ਜੀਵਨ ਲਈ ਕਰਨ ਜੁਗਾੜ ਬੇਲੀ।
ਮਾਇਆ ਬਾਹਲੀ ਆ ਜਿਨ੍ਹਾਂ ਦੇ ਕੋਲ ਆਈ,
ਨਿਕਲਦੀ ਸ਼ਰਮ ਦਾ ਛਿੱਕਾ ਵੀ ਪਾੜ ਬੇਲੀ।

-ਤੀਸ ਮਾਰ ਖਾਂ

## ਮੋਗਾ ਸ਼ਹਿਰ ਦੀਆਂ ਜਥੇਬੰਦੀਆਂ ਦਾ ਭਾਰਤ ਬੰਦ ਨੂੰ ਮਿਲਿਆ ਸਮਰਥਨ

**ਮੋਗਾ** : ਸੰਯੁਕਤ ਕਿਸਾਨ ਮੋਰਚਾ, ਕੇਂਦਰੀ ਟਰੇਡ ਯੂਨੀਅਨਾਂ ਅਤੇ ਸਮੂਹ ਜਥੇਬੰਦੀਆਂ ਵੱਲੋਂ 16 ਫਰਵਰੀ ਦੇ ਭਾਰਤ ਬੰਦ ਨੂੰ ਮੋਗਾ ਸ਼ਹਿਰ ਦੇ ਕਰਿਆਨਾ, ਆੜ੍ਹਤੀ, ਈ ਰਿਕਸ਼ਾ, ਟਰੱਕ, ਸਬਜ਼ੀ ਮੰਡੀ, ਲੱਕੜ ਮੰਡੀ, ਨਗਰ ਨਿਗਮ ਦੇ ਮੁਲਾਜ਼ਮਾਂ ਅਤੇ ਸਫਾਈ ਕਰਮਚਾਰੀਆਂ, ਐੱਫ ਸੀ ਆਈ ਲੇਬਰ, ਤੂੜੀ ਛਿਲਕਾ ਲੇਬਰ, ਜਨਤਾ ਪੈਸੰਜਰ ਟੈਂਪੂ ਦੇ ਡਰਾਈਵਰਾਂ ਨੇ ਪੂਰਨ ਸਮਰਥਨ ਦਿੰਦਿਆਂ ਸ਼ਾਮਲ ਹੋਣ ਦਾ ਭਰੋਸਾ ਦੇ ਦਿੱਤਾ ਹੈ। ਇਸ ਕਰਕੇ 16 ਫਰਵਰੀ ਨੂੰ ਮੈਡੀਕਲ ਸੁਵਿਧਾਵਾਂ ਨੂੰ ਛੱਡ ਕੇ ਬਾਕੀ ਸਾਰੇ ਕਾਰੋਬਾਰ 16 ਫਰਵਰੀ ਨੂੰ ਬੰਦ ਰੱਖੇ ਜਾਣ। ਪਿੰਡਾਂ ਵਿਚ ਮੁਕੰਮਲ ਬੰਦ ਕੀਤਾ ਜਾਵੇਗਾ। ਇਸ ਕਰਕੇ 16 ਫਰਵਰੀ ਨੂੰ ਕੋਈ ਵੀ ਵਿਅਕਤੀ ਸ਼ਹਿਰ ਆਪਣੇ ਕਿਸੇ ਕੰਮਕਾਰ ਲਈ ਨਾ ਆਵੇ।

ਭਾਰਤ ਬੰਦ ਦੀ ਵਿਉਂਤਬੰਦੀ ਬਣਾਉਣ ਦੀਆਂ ਤਿਆਰੀਆਂ ਮੁਕੰਮਲ ਕਰਨ ਲਈ ਬੀਬੀ ਕਾਹਨ ਕੌਰ ਗੁਰਦੁਆਰਾ ਸਾਹਿਬ ਵਿਖੇ ਮੀਟਿੰਗ ਕੀਤੀ ਗਈ, ਜਿਸ ਵਿੱਚ ਕਿਰਤੀ ਕਿਸਾਨ ਯੂਨੀਅਨ, ਨੌਜਵਾਨ ਭਾਰਤ ਸਭਾ, ਟਰੱਕ ਯੂਨੀਅਨ, ਜਨਤਾ ਪੈਸੰਜਰ ਟੈਂਪੂ ਯੂਨੀਅਨ, ਬੀ ਕੇ ਯੂ ਉਗਰਾਹਾਂ, ਇੰਟਕ, ਏਟਕ, ਫੋਟੋਗ੍ਰਾਫਰ, ਲੈਬ ਐਸੋਸੀਏਸ਼ਨ ਹਾਜ਼ਰ ਸਨ। ਹੁਣ ਤੱਕ ਇਹਨਾਂ ਸਮੇਤ ਡੀ ਟੀ ਐੱਫ, ਮਲਟੀਪਰਪਜ਼ ਹੈੱਲਥ ਇੰਪਲਾਈਜ਼ ਯੂਨੀਅਨ, ਪੀ ਐੱਸ ਐੱਸ ਐੱਫ, ਪੇਂਡੂ ਮਜ਼ਦੂਰ ਯੂਨੀਅਨ, ਪੀ ਐੱਸ ਐੱਸ ਐੱਫ 1406/22-, ਏ ਆਈ ਵਾਈ ਐੱਫ, ਸਿਹਤ ਮੁਲਾਜ਼ਮ ਸੰਘਰਸ਼ ਕਮੇਟੀ, ਪੰਜਾਬ ਪੈਨਸ਼ਨਰਜ਼ ਯੂਨੀਅਨ, ਨਗਰ ਨਿਗਮ ਇੰਪਲਾਈਜ਼ ਫੈਡਰੇਸ਼ਨ, ਨਗਰ ਨਿਗਮ ਸਫਾਈ ਕਰਮਚਾਰੀ ਫੈਡਰੇਸ਼ਨ, ਕਰਿਆਨਾ, ਆੜ੍ਹਤੀਆ ਐਸੋਸੀਏਸ਼ਨ, ਸਬਜ਼ੀ ਮੰਡੀ, ਤੂੜੀ ਛਿਲਕਾ ਯੂਨੀਅਨ, ਐੱਫ ਸੀ ਆਈ ਪੰਜਾਬ ਯੂਨੀਅਨ, ਬਾਹੂਬਲੀ ਰਿਕਸ਼ਾ ਯੂਨੀਅਨ, ਬਾਰ ਐਸੋਸੀਏਸ਼ਨ ਮੋਗਾ ਨੇ ਬੰਦ ਲਈ ਆਪਣਾ ਸਮਰਥਨ ਦੇ ਦਿੱਤਾ ਹੈ।



ਮੀਟਿੰਗ ਵਿੱਚ ਤੈਅ ਕੀਤਾ ਗਿਆ ਕਿ 14 ਤੇ 15 ਫਰਵਰੀ ਨੂੰ ਸਮੁੱਚੇ ਸ਼ਹਿਰ ਨੂੰ ਪੰਜ ਹਿੱਸਿਆਂ ਵਿੱਚ ਵੰਡ ਕੇ ਅਨਾਊਂਸਮੈਂਟ ਕੀਤੀ ਜਾਵੇਗੀ। ਪੰਜ ਗੱਡੀਆਂ ਪ੍ਰਚਾਰ ਕਰਨਗੀਆਂ, ਜਿਸ ਦੀ ਵੱਖ-ਵੱਖ ਜਥੇਬੰਦੀਆਂ ਨੂੰ ਜ਼ਿੰਮੇਵਾਰੀ ਲਾਈ ਗਈ। ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਾਂ ਵੱਲੋਂ ਇਕੋ ਰੰਗ ਦੇ ਫਲੈਕਸ ਤੇ ਆਪਣੇ-ਆਪਣੇ ਜਥੇਬੰਦੀ ਦੇ ਝੰਡੇ ਲਾਏ ਜਾਣਗੇ। 9 ਮੈਂਬਰੀ ਤਹਿਸੀਲ ਪੱਧਰੀ ਕੰਟਰੋਲ ਕਮੇਟੀ

● ਬਾਕੀ ਸਫ਼ਾ 2 'ਤੇ

## ਉਪ ਮੁੱਖ ਮੰਤਰੀ ਦਾ ਅਹੁਦਾ ਅਸੰਵਿਧਾਨਕ ਨਹੀਂ : ਸੁਪਰੀਮ ਕੋਰਟ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਕਿਹਾ ਕਿ ਉਪ ਮੁੱਖ ਮੰਤਰੀ ਦਾ ਅਹੁਦਾ ਸੰਵਿਧਾਨ ਦੇ ਖਿਲਾਫ ਨਹੀਂ। ਇਹ ਅਹੁਦਾ ਸਿਰਫ ਸੀਨੀਅਰ ਆਗੂਆਂ ਨੂੰ ਦਿੱਤਾ ਜਾਂਦਾ ਹੈ, ਇਸ ਦਾ ਕੋਈ ਵਾਧੂ ਫਾਇਦਾ ਨਹੀਂ ਮਿਲਦਾ। ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇ ਬੀ ਪਰਦੀਵਾਲਾ ਤੇ ਜਸਟਿਸ ਮਨੋਜ ਮਿਸ਼ਰਾ ਦੀ ਬੈਂਚ ਨੇ ਪਬਲਿਕ ਪੋਲੀਟੀਕਲ ਪਾਰਟੀ ਦੀ ਪਟੀਸ਼ਨ 'ਤੇ ਕਿਹਾ ਕਿ ਸਰਕਾਰ ਵਿਚ ਅਹਿਮ ਮੰਤਰੀ ਹੀ ਹੁੰਦੇ ਹਨ। ਪਟੀਸ਼ਨ ਵਿਚ ਕਿਹਾ ਗਿਆ ਸੀ ਕਿ ਉਪ ਮੁੱਖ ਮੰਤਰੀ ਦਾ ਅਹੁਦਾ ਸੰਵਿਧਾਨ ਦੇ ਆਰਟੀਕਲ 14 (ਬਰਾਬਰੀ ਦਾ ਅਧਿਕਾਰ) ਦੀ ਉਲੰਘਣਾ ਹੈ। ਦੇਸ਼ ਦੇ 14 ਰਾਜਾਂ ਵਿਚ 26 ਉਪ ਮੁੱਖ ਮੰਤਰੀ ਹਨ। ਆਂਧਰਾ ਵਿਚ ਇਨ੍ਹਾਂ ਦੀ ਗਿਣਤੀ ਪੰਜ ਹੈ।

## ਜੈਅੰਤ ਆਰਾਮਪਸੰਦ—ਮਲਿਕ

**ਨਵੀਂ ਦਿੱਲੀ** : ਚੌਧਰੀ ਚਰਨ ਸਿੰਘ ਦੇ ਪੋਤਰੇ ਤੇ ਰਾਸ਼ਟਰੀ ਲੋਕ ਦਲ ਦੇ ਪ੍ਰਧਾਨ ਜੈਅੰਤ ਚੌਧਰੀ ਵੱਲੋਂ 'ਇੰਡੀਆ' ਗਠਜੋੜ ਨੂੰ ਛੱਡ ਕੇ ਭਾਜਪਾ ਨਾਲ ਰਲਣ 'ਤੇ ਸਾਬਕਾ ਰਾਜਪਾਲ ਮਲਿਕ ਨੇ ਕਿਹਾ ਕਿ ਉਹ ਸੰਘਰਸ਼ ਨਹੀਂ ਕਰਨਾ ਚਾਹੁੰਦੇ ਤੇ ਆਰਾਮ ਦੀ ਜ਼ਿੰਦਗੀ ਜਿਊਣਾ ਚਾਹੁੰਦੇ ਹਨ। ਭਾਜਪਾ ਉਨ੍ਹਾ ਨੂੰ ਵਰਤ ਕੇ ਛੱਡ ਦੇਵੇਗੀ।

## ਸਿਸੋਦੀਆ ਨੂੰ ਮਿਲੀ ਤਿੰਨ ਦਿਨ ਦੀ ਜ਼ਮਾਨਤ

**ਨਵੀਂ ਦਿੱਲੀ** : ਦਿੱਲੀ ਦੀ ਇੱਕ ਅਦਾਲਤ ਨੇ ਕਥਿਤ ਸ਼ਰਾਬ ਘੁਟਾਲੇ 'ਚ ਗ੍ਰਿਫ਼ਤਾਰ ਸੀਨੀਅਰ ਆਪ ਨੇਤਾ ਮਨੀਸ਼ ਸਿਸੋਦੀਆਂ ਨੂੰ ਆਪਣੀ ਭਤੀਜੀ ਦੇ ਵਿਆਹ 'ਚ ਸ਼ਾਮਲ ਹੋਣ ਲਈ ਸੋਮਵਾਰ ਨੂੰ ਤਿੰਨ ਦਿਨ ਦੀ ਅੰਤਰਮ ਜ਼ਮਾਨਤ ਦੇ ਦਿੱਤੀ ਹੈ। ਵਿਸ਼ੇਸ਼ ਜੱਜ ਐੱਮ ਕੇ ਨਾਗਪਾਲ ਨੇ ਕੇਂਦਰੀ ਜਾਂਚ ਬਿਊਰੋ (ਸੀ ਬੀ ਆਈ) ਅਤੇ ਇਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਵੱਲੋਂ ਜਾਂਚ ਕੀਤੇ ਜਾ ਰਹੇ ਭ੍ਰਿਸ਼ਟਾਚਾਰ ਅਤੇ ਮਨੀ ਲਾਂਡਰਿੰਗ ਦੇ ਮਾਮਲਿਆਂ 'ਚ 13 ਤੋਂ 15 ਫਰਵਰੀ ਤੱਕ ਸਿਸੋਦੀਆਂ ਨੂੰ ਰਾਹਤ ਦਿੱਤੀ ਹੈ।

## ਗੁਰੂ ਨਾਨਕ ਕਾਲਜ ਵਿਖੇ ਗਣਿਤ ਵਰਕਸ਼ਾਪ ਸੰਪੰਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਕੁਲਭੂਸ਼ਨ ਚਾਵਲਾ, ਪੂਜਾ, ਪਰਮਜੀਤ ਸਿੰਘ)**-ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ ਦੇ ਪੋਸਟ ਗ੍ਰੈਜੂਏਟ ਗਣਿਤ ਵਿਭਾਗ ਵੱਲੋਂ ਡੀ ਬੀ ਟੀ ਸਟਾਰ ਕਾਲਜ ਸਕੀਮ ਅਧੀਨ 'ਲੇਟੈਕਸ ਟਾਈਪਸੈਟਿੰਗ' ਸਬੰਧੀ ਦੋ ਰੋਜ਼ਾ ਵਰਕਸ਼ਾਪ ਲਗਾਈ ਗਈ। ਵਿਭਾਗ ਦੇ ਮੁਖੀ ਡਾ. ਸਤਿੰਦਰਪਾਲ ਕੌਰ ਨੇ ਜਾਣਕਾਰੀ ਦਿੱਤੀ ਕਿ ਇਸ ਵਰਕਸ਼ਾਪ ਵਿੱਚ ਲੇਟੈਕਸ ਸੌਫਟਵੇਅਰ ਬਾਰੇ ਡਾ. ਰਾਕੇਸ਼ ਕੁਮਾਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਵਿਸਥਾਰਤ ਵੇਰਵਾ ਵਿਦਿਆਰਥੀਆਂ ਨਾਲ ਸਾਂਝਾ ਕੀਤਾ ਗਿਆ। ਯੂਨੀਵਰਸਿਟੀ ਕਾਲਜ ਘਨੌਰ ਤੋਂ ਦੂਜੇ ਦਿਨ ਦੇ ਵਕਤਾ ਡਾ: ਰਚਨਾ ਰਾਣੀ ਵੱਲੋਂ ਲੈਟੇਕਸ ਵਿੱਚ ਵਰਤੇ ਜਾਣ ਵਾਲੇ ਵੱਖ-ਵੱਖ ਤਕਨੀਕਾਂ ਦਾ ਪ੍ਰਦਰਸ਼ਨ ਕੀਤਾ ਗਿਆ। ਦੋਵੇਂ ਦਿਨ, ਵਿਦਿਆਰਥੀਆਂ ਦੇ ਨਾਲ-ਨਾਲ ਫੈਕਲਟੀ ਲਈ ਲੈਟੇਕਸ ਸੌਫਟਵੇਅਰ ਦੇ ਵਿਹਾਰਕ ਗਿਆਨ ਨੂੰ ਵਧਾਉਣ ਲਈ ਗਣਿਤਕ ਕੰਪਿਊਟੇਸ਼ਨਲ ਲੈਬ ਵਿੱਚ ਸਿਖਲਾਈ ਸੈਸ਼ਨ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ: ਰਾਣਾ ਬਲਜਿੰਦਰ ਕੌਰ ਨੇ ਵਰਕਸ਼ਾਪ ਦੇ ਸਫਲਤਾਪੂਰਵਕ ਸੰਪੰਨ ਹੋਣ 'ਤੇ ਵਿਭਾਗ ਦੇ ਅਧਿਆਪਕ ਸਾਹਿਬਾਨ ਨੂੰ ਵਧਾਈ ਦਿੱਤੀ।

## ਕਿਰਤੀ ਕਿਸਾਨ ਯੂਨੀਅਨ ਢਿੱਲਵਾਂ ਇਕਾਈ ਦੀ ਚੋਣ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਪਿੰਡੀ ਢਿੱਲਵਾਂ ਵਿਖੇ ਕਿਰਤੀ ਕਿਸਾਨ ਯੂਨੀਅਨ ਦੀ 11 ਮੈਂਬਰੀ ਇਕਾਈ ਦੀ ਚੋਣ ਜ਼ਿਲ੍ਹਾ ਸਕੱਤਰ ਦਰਸ਼ਨ ਸਿੰਘ ਕੂੰਨਰਾਂ, ਬਲਾਕ ਪ੍ਰਧਾਨ ਕਰਮਜੀਤ ਸਿੰਘ ਸਤੀਪੁਰਾ ਦੀ ਅਗਵਾਈ ਹੇਠ ਹੋਈ। ਜਾਣਕਾਰੀ ਦਿੰਦਿਆਂ ਬਲਾਕ ਦੇ ਆਗੂ ਭੋਲਾ ਸਿੰਘ ਪਨਾਂਚ ਤੇ ਇਕਾਈ ਲੌਂਗੋਵਾਲ ਦੇ ਪ੍ਰਧਾਨ ਹਰਦੇਵ ਸਿੰਘ ਦੁੱਲਟ ਨੇ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਤੇ ਟਰੇਡ ਯੂਨੀਅਨਾਂ ਵੱਲੋਂ, ਜੋ 16 ਫਰਵਰੀ ਨੂੰ ਭਾਰਤ ਬੰਦ ਦਾ ਸੱਦਾ ਦਿੱਤਾ ਗਿਆ ਹੈ, ਉਸ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਾਉਣ ਲਈ ਕਿਰਤੀ ਕਿਸਾਨ ਯੂਨੀਅਨ ਦੀ ਮੁਹਿੰਮ ਲਗਾਤਾਰ ਜਾਰੀ ਹੈ ਤੇ ਪਿੰਡਾਂ ਵਿੱਚ ਕਿਸਾਨਾਂ, ਮਜ਼ਦੂਰਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸੇ ਕੜੀ ਤਹਿਤ ਪਿੰਡੀ ਢਿੱਲਵਾਂ ਵਿਖੇ ਵੀ ਕਿਸਾਨਾਂ ਨੂੰ ਜਾਗਰੂਕ ਕੀਤਾ ਗਿਆ ਤੇ ਪਿੰਡ ਇਕਾਈ ਦੀ ਚੋਣ ਕਰਦਿਆਂ ਪਾਲ ਸਿੰਘ ਨੂੰ ਇਕਾਈ ਪ੍ਰਧਾਨ, ਉੱਗਰ ਸਿੰਘ ਨੂੰ ਮੀਤ ਪ੍ਰਧਾਨ, ਗੁਲਾਬ ਸਿੰਘ ਖਜ਼ਾਨਚੀ, ਬਲਵੀਰ ਸਿੰਘ ਤੇ ਗੁਰਚਰਨ ਸਿੰਘ ਸਮੇਤ 11 ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ। ਨਵੀਂ ਚੁਣੀ ਕਮੇਟੀ ਦੇ ਆਗੂਆਂ ਨੇ ਵਿਸ਼ਵਾਸ ਦਿਵਾਇਆ ਕਿ ਮੋਦੀ ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਖਿਲਾਫ 16 ਫਰਵਰੀ ਦੇ ਬੰਦ ਦੀ ਮੁਹਿੰਮ ਵਿੱਚ ਵਧ-ਚੜ੍ਹ ਕੇ ਲੌਂਗੋਵਾਲ ਜਾਮ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਇਸ ਸਮੇਂ ਨਿੱਕਾ ਸਿੰਘ ਦੁੱਲਟ, ਗੁਰਤੇਜ ਸਿੰਘ, ਜਰਨੈਲ ਸਿੰਘ ਪਿੰਡੀ ਕੇਹਰ ਸਿੰਘ ਵਾਲੀ ਸਮੇਤ ਵੱਡੀ ਗਿਣਤੀ ਆਗੂ ਹਾਜ਼ਰ ਸਨ।

## ਕਵਿਤਰੀ ਅੰਜਨਾ ਮੈਨਨ ਦਾ ਵਿਦਿਆਰਥੀਆਂ ਨਾਲ ਰੂ-ਬ-ਰੂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸਰਕਾਰੀ ਹਾਈ ਸਕੂਲ ਸਹਿਜੜਾ ਵਿਖੇ ਪੰਜਾਬੀ ਅਧਿਆਪਕਾ ਕਵਿਤਰੀ ਅੰਜਨਾ ਮੈਨਨ ਵਿਦਿਆਰਥੀਆਂ ਦੇ ਰੂ-ਬ-ਰੂ ਹੋਏ। ਇਸ ਸਾਹਿਤਕ ਸਮਾਗਮ ਦੌਰਾਨ ਉਨ੍ਹਾ ਅਪਣੇ ਸਾਹਿਤਕ ਸਫਰ ਤੇ ਸਿਰਜਣ ਪ੍ਰਕਿਰਿਆ ਬਾਰੇ ਬੱਚਿਆਂ ਨੂੰ ਵਿਸਥਾਰ ਸਹਿਤ ਦੱਸਦਿਆਂ ਕਿਹਾ ਕਿ ਮਾਂ ਬੋਲੀ ਤੁਹਾਨੂੰ ਕਦੇ ਵੀ ਡਿੱਗਣ ਨਹੀਂ ਦਿੰਦੀ, ਸਗੋਂ ਤੁਹਾਡੇ ਮਾਣ ਸਨਮਾਨ ਦਾ ਜ਼ਰੀਆ ਬਣਦੀ ਹੈ। ਸਾਹਿਤ ਦੀ ਰਚਨਾ ਤੇ ਪੜ੍ਹਨ ਬਿਰਤੀ ਉਨ੍ਹਾਂ ਲਈ ਜ਼ਿੰਦਗੀ ਮਾਨਣ ਦਾ ਸਭ ਤੋਂ ਖੂਬਸੂਰਤ ਤਰੀਕਾ ਹੈ। ਇਸ ਸਮੇਂ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਸਾਹਿਤ ਪੜ੍ਹਨ ਬਾਰੇ ਉਤਸ਼ਾਹਤ ਕਰਦਿਆਂ ਸਾਹਿਤ ਸਿਰਜਣ ਦੇ ਅਨੇਕਾਂ ਗੁਰ ਦੱਸੇ। ਅੰਜਨਾ ਮੈਨਨ ਨੇ ਮਨੁੱਖੀ ਜੀਵਨ ਵਿੱਚ ਲਿਖਤ ਤੇ ਕਿਰਤ ਦੇ ਮਹੱਤਵ ਦੇ ਅਨੇਕਾਂ ਪਹਿਲੂ ਵਿਦਿਆਰਥੀਆਂ ਸਾਹਮਣੇ ਉਦਾਹਰਣਾਂ ਸਮੇਤ ਰੱਖਦਿਆਂ ਦੱਸਿਆ ਕਿ ਇਹ ਦੋਨੋਂ ਪਹਿਲੂ ਸਾਡੀ ਜ਼ਿੰਦਗੀ ਦਾ ਅਹਿਮ ਹਿੱਸਾ ਹੋਣੇ ਚਾਹੀਦੇ ਹਨ, ਪਰ ਫਿਕਰ ਇਸ ਗੱਲ ਦਾ ਹੈ ਕਿ ਅਜੋਕੀ ਪੀੜ੍ਹੀ ਇਨ੍ਹਾਂ ਨਾਲੋਂ ਟੁੱਟ ਰਹੀ ਹੈ। ਇਸ ਸਮੇਂ ਉਨ੍ਹਾ ਬੱਚਿਆਂ ਦੀਆਂ ਕਲਮਾਂ ਨਾਲ ਸਿਰਜਤ ਨਵੀਂ ਕਾਵਿ ਪੁਸਤਕ ਬਾਰੇ ਚਰਚਾ ਕਰਦਿਆਂ ਬੱਚਿਆਂ ਨੂੰ ਉਨ੍ਹਾਂ ਦੇ ਅੰਦਰ ਛੁਪੀ ਕਲਪਨਾ ਸ਼ਕਤੀ ਨੂੰ ਪਛਾਣਨ ਤੇ ਵੱਧ ਤੋਂ ਵੱਧ ਕਿਤਾਬਾਂ ਪੜ੍ਹਨ, ਲਿਖਣ ਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਚੰਗਾ ਸਮਾਜ ਸਿਰਜਣ ਦੀ ਸੇਧ ਦਿੱਤੀ। ਸਕੂਲ ਦੇ ਵਿਦਿਆਰਥੀਆਂ ਨੇ ਇਸ ਨਵੀਂ ਗੱਲਬਾਤ ਨੂੰ ਭਰਪੂਰ ਹੁੰਗਾਰਾ ਦਿੱਤਾ ਤੇ ਆਪਣੀਆਂ ਲਿਖਤਾਂ ਵੀ ਸਾਂਝੀਆਂ ਕੀਤੀਆਂ। ਇਸ ਸਮੇਂ ਸੰਸਥਾ ਦੇ ਇੰਚਾਰਜ ਡਾ: ਪ੍ਰਗਟ ਸਿੰਘ ਟਿਵਾਣਾ ਦੀ ਅਗਵਾਈ ਹੇਠ ਮੈਡਮ ਅੰਜਨਾ ਮੈਨਨ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਦਿਲੋਂ ਧੰਨਵਾਦ ਕੀਤਾ ਗਿਆ।

## ਨੀਲ ਕੰਠ ਸੇਵਾ ਸੰਘ ਵੱਲੋਂ ਲੰਗਰ ਲਈ ਰਾਸ਼ਨ ਭੇਜਣ ਦਾ ਫੈਸਲਾ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਮਾਜ ਸੇਵੀ ਸੰਸਥਾ ਸ੍ਰੀ ਨੀਲਕੰਠ ਮਹਾਂਦੇਵ ਸੇਵਾ ਸੰਘ ਪਾਤੜਾਂ/ਲੁਧਿਆਣਾ ਦੀ ਸ਼ਿਵਰਾਤਰੀ ਦੇ ਸ਼ੁੱਭ ਦਿਹਾੜੇ ਨੂੰ ਮਨਾਉਣ ਤੇ ਲੰਗਰ ਦੀ ਸੇਵਾ ਲਈ ਜ਼ਰੂਰੀ ਮੀਟਿੰਗ ਮਿਲਨ ਰੈਜ਼ੀਡੈਂਸੀ ਪਾਤੜਾਂ ਵਿਖੇ ਸ੍ਰੀ ਰਾਜ ਕੁਮਾਰ ਗੋਇਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਹਰ ਸਾਲ ਦੀ ਤਰ੍ਹਾਂ 29ਵਾਂ ਭੰਡਾਰਾ ਸ੍ਰੀ ਨੀਲਕੰਠ ਵਿਖੇ ਭੋਲੇਨਾਥ ਦੀ ਕ੍ਰਿਪਾ ਨਾਲ ਲਗਾਉਣ ਲਈ ਭੰਡਾਰੇ ਦੀ ਤਿਆਰੀ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਕਮੇਟੀ ਦੇ ਖਾਲੀ ਹੋਏ ਅਹੁਦਿਆਂ ਦੀ ਵੀ ਚੋਣ ਕੀਤੀ ਗਈ। ਨਵੇਂ ਅਹੁਦੇਦਾਰਾਂ ਦੀ ਕੀਤੀ ਗਈ ਚੋਣ ਵਿੱਚ ਸ੍ਰੀ ਵਿਪਨ ਕੁਮਾਰ ਸਿੰਗਲਾ (ਲਕਸ਼ਮੀ ਜਵੈਲਰਜ਼) ਨੂੰ ਕੈਪਟਨ ਤੇ ਸ੍ਰੀ ਰਨਵੀਰ ਸਿੰਘ ਪ੍ਰਧਾਨ ਨਗਰ ਕੌਂਸਲ ਪਾਤੜਾਂ ਨੂੰ ਪ੍ਰੈੱਸ ਸਕੱਤਰ ਸਰਬ ਸੰਮਤੀ ਨਾਲ ਚੁਣਿਆ ਗਿਆ। ਮੀਟਿੰਗ ਵਿੱਚ ਤਰਸੇਮ ਚੰਦ ਸਿੰਗਲਾ ਚੇਅਰਮੈਨ, ਕੇਵਲ ਕ੍ਰਿਸ਼ਨ ਸਿੰਗਲਾ ਸਰਪ੍ਰਸਤ, ਚਮਨ ਲਾਲ ਕਲਵਾਨੂੰ ਵਾਇਸ ਪ੍ਰਧਾਨ, ਰਾਜਿੰਦਰ ਕੁਮਾਰ ਸੈਕਟਰੀ, ਰਮੇਸ਼ ਕੁਮਾਰ ਨਵਾਂਗਾਓਂ ਕੈਸ਼ੀਅਰ, ਵਿਪਨ ਕੁਮਾਰ ਸਿੰਗਲਾ ਕੈਪਟਨ, ਰਣਵੀਰ ਸਿੰਘ ਪ੍ਰੈੱਸ ਸਕੱਤਰ (ਪ੍ਰਧਾਨ ਨਗਰ ਕੌਂਸਲ, ਪਾਤੜਾਂ) ਹਾਜ਼ਰ ਸਨ। ਮੀਟਿੰਗ ਵਿੱਚ ਕੀਤੇ ਗਏ ਫੈਸਲੇ ਅਨੁਸਾਰ 4 ਮਾਰਚ ਨੂੰ ਲੰਗਰ ਦੀ ਸੇਵਾ ਲਈ ਜਾਣ ਵਾਲੇ ਟਰੱਕਾਂ ਨੂੰ ਸ਼ਾਮ 4.00 ਵਜੇ ਅਨਾਜ ਮੰਡੀ ਪਾਤੜਾਂ ਤੋਂ ਰਵਾਨਾ ਕੀਤਾ ਜਾਵੇਗਾ।

## ਚਾਈਨਾ ਡੋਰ ਦੀ ਵਿਕਰੀ ਤੇ ਵਰਤੋਂ ਕਰਨ ਵਾਲੇ ਬਖਸ਼ੇ ਨਹੀਂ ਜਾਣਗੇ : ਡੀ.ਐੱਸ.ਪੀ.



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਉੱਪ ਕਪਤਾਨ ਪੁਲਸ ਸਬ ਡਵੀਜ਼ਨ ਧੂਰੀ ਤਲਵਿੰਦਰ ਸਿੰਘ ਗਿੱਲ ਨੇ ਕਿਹਾ ਕਿ ਬਸੰਤ ਮੌਕੇ ਪਤੰਗਬਾਜ਼ੀ ਕਾਫੀ ਮਾਤਰਾ ਵਿੱਚ ਕੀਤੀ ਜਾਂਦੀ ਹੈ ਅਤੇ ਇਹ ਸਾਰੀ ਪਤੰਗਬਾਜ਼ੀ ਸੰਥੈਟਿਕ ਤੇ ਪਲਾਸਟਿਕ ਤੋਂ ਬਣੀ ਚਾਈਨਾ ਡੋਰ ਦੀ ਵਰਤੋਂ ਨਾਲ ਕੀਤੀ ਜਾਂਦੀ ਹੈ ਜੋ ਕਿ ਕਾਫੀ ਮਜ਼ਬੂਤ ਤੇ ਤੇਜ਼ਧਾਰ ਹੁੰਦੀ ਹੈ, ਜਿਸ ਨਾਲ ਪਤੰਗ ਉਡਾਉਣ ਵਾਲਿਆਂ ਦੇ ਹੱਥ, ਉਂਗਲਾਂ ਤੇ ਕੰਨ ਕੱਟੇ ਜਾਣ ਦੀਆਂ ਘਟਨਾਵਾਂ ਵਾਪਰਦੀਆਂ ਰਹਿੰਦੀਆਂ ਹਨ। ਉਨ੍ਹਾ ਦੱਸਿਆ ਕਿ ਪੁਲਸ ਲਗਾਤਾਰ ਚਾਈਨਾ ਡੋਰ ਦੀ ਵਿਕਰੀ ਤੇ ਵਰਤੋਂ ਰੋਕ ਰਹੀ ਹੈ, ਜੇਕਰ ਕਿਤੇ ਵੀ ਵਰਤੋਂ ਤੇ ਵਿਕਰੀ ਪਾਈ ਜਾਂਦੀ ਹੈ ਤਾਂ ਕਸੂਰਵਾਰ ਬਖਸ਼ੇ ਨਹੀਂ ਜਾਣਗੇ। ਉਨ੍ਹਾ ਕਿਹਾ ਕਿ ਜਿਹੜੇ ਦੁਕਾਨਦਾਰ ਲੋਕਾਂ ਤੇ ਪਸ਼ੂ ਪੰਛੀਆਂ ਦੀ ਜਾਨ ਨੂੰ ਖਤਰੇ ਵਿੱਚ ਪਾ ਕੇ ਚੀਨੀ ਡੋਰ ਦੀ ਵਿਕਰੀ ਜਾਂ ਭੰਡਾਰ ਕਰਨਗੇ, ਉਨ੍ਹਾਂ ਖਿਲਾਫ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਉਸ ਖਿਲਾਫ ਸਖਤ ਕਾਨੂੰਨੀ ਕਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ, ਜਿਸ ਤਹਿਤ 5 ਸਾਲ ਦੀ ਸਜ਼ਾ ਤੇ 1 ਲੱਖ ਰੁਪਏ ਤੱਕ ਦਾ ਜੁਰਮਾਨਾ ਹੋ ਸਕਦਾ ਹੈ।

## ਟੈਗੋਰ ਗਲੋਬਲ ਸਕੂਲ ਵਿਖੇ ਵਿਦਾਇਗੀ ਪਾਰਟੀ



**ਸਮਰਾਲਾ (ਸੁਰਜੀਤ ਸਿੰਘ)**-ਟੈਗੋਰ ਗਲੋਬਲ ਸਕੂਲ ਸੀਨੀਅਰ ਸੈਕੰਡਰੀ ਸਮਰਾਲਾ ਵਿਖੇ ਬਾਰਵੀਂ ਜਮਾਤ ਦੇ ਬੱਚਿਆਂ ਲਈ ਪ੍ਰਭਾਵਸ਼ਾਲੀ ਵਿਦਾਇਗੀ ਸਮਾਰੋਹ ਕਰਵਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਡਾਇਰੈਕਟਰ ਸ੍ਰੀ ਬਾਲ ਕ੍ਰਿਸ਼ਨ ਅਨੇਜਾ, ਸ੍ਰੀਮਤੀ ਸਵਾਤੀ ਅਨੇਜਾ ਨੇ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ। ਇਸ ਉਪਰੰਤ ਵਿਦਿਆਰਥੀਆਂ ਵੱਲੋਂ ਗੀਤ, ਟੱਪੇ, ਸੋਲੋ ਡਾਂਸ, ਰੈਪ-ਵਾਕ, ਸ਼ਾਇਰੀ ਤੇ ਗਰੁੱਪ ਡਾਂਸ ਆਦਿ ਦਿਲਕਸ਼ ਵੰਨਗੀਆਂ ਪੇਸ਼ ਕੀਤੀਆਂ ਗਈਆਂ। ਇਸੇ ਤਰ੍ਹਾਂ ਬਾਰਵੀਂ ਕਲਾਸ ਦੇ ਵਿਦਿਆਰਥੀਆਂ ਵੱਲੋਂ ਸਕੂਲ ਵਿੱਚ ਬਿਤਾਏ ਪਲ ਭਾਵਨਾਵਾਂ ਤੇ ਆਪਣੇ ਤਜਰਬੇ ਬਹੁਤ ਹੀ ਰੌਚਿਕ ਢੰਗ ਨਾਲ ਪੇਸ਼ ਕੀਤੇ। ਇਸ ਵਿਦਾਇਗੀ ਪਾਰਟੀ ਦੌਰਾਨ ਜਸਕਰਨ ਸਿੰਘ ਨੂੰ ਮਿਸਟਰ ਟੈਗੋਰ, ਪਾਰੁਲ ਸ਼ਰਮਾ ਮਿਸ ਟੈਗੋਰ, ਪੰਸੁਲ ਅਗਰਵਾਲ ਨੂੰ ਮਿਸਟਰ ਐਲੀਗੈਂਟ ਤੇ ਮਹਿਕਪ੍ਰੀਤ ਕੌਰ ਨੂੰ ਮਿਸ ਐਲੀਗੈਂਟ ਦੇ ਖਿਤਾਬ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਡਾਇਰੈਕਟਰ ਸ੍ਰੀ ਬਾਲ ਕ੍ਰਿਸ਼ਨ ਅਨੇਜਾ, ਸ੍ਰੀਮਤੀ ਸਵਾਤੀ ਅਨੇਜਾ ਨੇ ਵਿਦਿਆਰਥੀਆਂ ਦੇ ਸਕੂਲ 'ਚ ਬਿਤਾਏ ਲੰਮੇ ਸਮੇਂ ਦੀਆਂ ਯਾਦਾਂ ਸਾਂਝੀਆਂ ਕੀਤੀਆਂ ਤੇ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਸਫ਼ਲ ਹੋਣ ਲਈ ਨਿਰੰਤਰ ਮਿਹਨਤ ਕਰਨ ਦੀ ਸਲਾਹ ਦਿੱਤੀ। ਪ੍ਰਿੰਸੀਪਲ ਮਨੋਜ ਕੁਮਾਰ ਨੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਆਉਣ ਵਾਲੇ ਇਮਤਿਹਾਨਾਂ ਵਿੱਚ ਵਧੀਆ ਕਾਰਗੁਜ਼ਾਰੀ ਦਿਖਾਉਣ ਲਈ ਪ੍ਰੇਰਤ ਕੀਤਾ।

# ਕਿਸਾਨਾਂ ਦਾ ਕਾਫਲਾ ਦਿੱਲੀ ਮੋਰਚੇ ਲਈ ਸੈਂਕੜੇ ਟ੍ਰੈਕਟਰ-ਟਰਾਲੀਆਂ ਨਾਲ ਰਵਾਨਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਫਿਰੋਜ਼ਪੁਰ ਦਾ ਵੱਡਾ ਜੱਥਾ ਸੈਂਕੜੇ ਟਰੈਕਟਰ ਟਰਾਲੀਆਂ 'ਤੇ ਸਵਾਰ ਹੋ ਕੇ ਦਿੱਲੀ-2 ਲੱਗ ਰਹੇ ਧਰਨੇ ਵਿੱਚ ਸ਼ਾਮਲ ਹੋਣ ਲਈ ਗੁਰਦੁਆਰਾ ਨਾਨਕਸਰ ਕਲੇਰਾ ਜਗਰਾਉਂ ਤੋਂ ਸੂਬਾ ਮੀਤ ਪ੍ਰਧਾਨ ਜਸਬੀਰ ਸਿੰਘ ਪਿੱਦੀ ਤੇ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ ਦੀ ਪ੍ਰਧਾਨਗੀ ਹੇਠ ਤੜਕਸਾਰ ਚੜ੍ਹਦੀ ਕਲਾਂ ਦੇ ਜੈਕਾਰਿਆ ਦੀ ਗੂੰਜ ਵਿੱਚ ਰਵਾਨਾ ਹੋਇਆ। ਇਸ ਲੱਗ ਰਹੇ ਮੋਰਚੇ ਬਾਰੇ ਜਾਣਕਾਰੀ ਦਿੰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਜਿੰਨਾ ਚਿਰ ਮੋਦੀ ਸਰਕਾਰ ਕਾਰਪੋਰੇਟ ਪੱਖੀ ਨੀਤੀਆਂ ਨੂੰ ਰੱਦ ਕਰਕੇ ਕਿਸਾਨਾਂ ਮਜ਼ਦੂਰਾਂ ਦੀਆ ਮੰਨੀਆਂ ਹੋਈਆਂ ਮੰਗਾਂ ਜਿਵੇਂ 23 ਫਸਲਾਂ ਦੀ 2 ਸੀ ਧਾਰਾ ਮੁਤਾਬਕ 50 ਪ੍ਰਤੀਸ਼ਤ ਮੁਨਾਫਾ ਜੋੜ ਕੇ ਐੱਮਐੱਸਪੀ ਦਾ ਗਾਰੰਟੀ ਕਾਨੂੰਨ ਲਾਗੂ ਕਰਨ, ਭਾਰਤ ਸਰਕਾਰ ਵਿਸ਼ਵ ਵਪਾਰ ਸੰਸਥਾ ਦੀਆ ਨੀਤੀਆਂ ਵਿੱਚੋਂ ਬਾਹਰ ਆਵੇ, ਲਖੀਮਪੁਰ ਖੀਰੀ ਕਾਂਡ ਦਾ ਇਨਸਾਫ ਦਿੱਤਾ ਜਾਵੇ, ਕਿਸਾਨਾਂ ਮਜ਼ਦੂਰਾਂ ਦਾ ਸਮੁੱਚਾ ਕਰਜਾ ਖ਼ਤਮ ਕੀਤਾ ਜਾਵੇ, ਬਿਜਲੀ ਸੋਧ ਬਿੱਲ ਰੱਦ ਕਰਨ, ਪ੍ਰਦੂਸ਼ਣ ਐਕਟ ਵਿੱਚੋਂ ਕਿਸਾਨੀ ਖੇਤਰ ਨੂੰ ਬਾਹਰ ਕੀਤਾ ਜਾਵੇ, ਮਜ਼ਦੂਰਾਂ ਨੂੰ ਮਨਰੇਗਾ ਤਹਿਤ 365 ਦਿਨ ਕੰਮ ਤੇ ਦਿਹਾੜੀ ਦੁੱਗਣੀ ਕੀਤੀ ਜਾਵੇ, 58 ਸਾਲ ਤੋਂ ਵੱਧ ਉਮਰ ਦੇ ਕਿਸਾਨਾਂ ਮਜ਼ਦੂਰਾਂ ਨੂੰ 10 ਹਜ਼ਾਰ ਪੈਨਸ਼ਨ ਦਿੱਤੀ ਜਾਵੇ, ਅਬਾਦਕਾਰਾਂ ਨੂੰ ਪੱਕੇ ਮਾਲਕੀ ਹੱਕ ਦਿੱਤੇ ਜਾਣ, ਭੂਮੀ ਗ੍ਰਹਿਣ ਐਕਟ ਵਿਚ ਕੀਤੀਆਂ ਸੋਧਾਂ ਰੱਦ ਕੀਤੀਆਂ ਜਾਣ ਅਤੇ ਕਿਸਾਨਾਂ ਮਜ਼ਦੂਰਾਂ ਤੇ ਵੱਖ ਵੱਖ ਕਿਸਾਨੀ ਅੰਦੋਲਨਾਂ ਦੌਰਾਨ ਪਾਏ ਪਰਚੇ ਰੱਦ ਕੀਤੇ ਜਾਣ ਆਦਿ। ਇਸ ਤੋਂ ਅੱਗੇ ਕਿਸਾਨ ਆਗੂਆਂ ਨੇ ਸਮੁੱਚੇ ਪੰਜਾਬ ਅਤੇ ਦੇਸ਼ ਦੇ ਸਾਰੇ ਵਰਗਾਂ, ਬੁੱਧੀਜੀਵੀਆਂ, ਸਮਾਜ ਸੇਵੀ ਸੰਸਥਾਵਾਂ, ਧਾਰਮਿਕ ਜਥੇਬੰਦੀਆਂ, ਸਿੰਗਰਾਂ, ਖਿਡਾਰੀਆਂ, ਪੱਤਰਕਾਰਾਂ ਅਤੇ ਦੁਕਾਨਦਾਰਾਂ ਆਦਿ ਨੂੰ ਇਸ ਮੋਰਚੇ ਵਿਚ ਵੱਧ ਤੋਂ ਵੱਧ ਗਿਣਤੀ ਲੈ ਕੇ ਸ਼ਾਮਲ ਹੋ ਕੇ ਸਹਿਯੋਗ ਦੇਣ ਦੀ ਅਪੀਲ ਕੀਤੀ।

## ਕਿਸਾਨਾਂ ਵੱਲੋਂ ਛਾਜਲੀ ਤੋਂ ਦਸ ਟਰਾਲੀਆਂ ਰਾਹੀਂ ਦਿੱਲੀ ਵੱਲ ਕੂਚ

**ਦਿੜ੍ਹਬਾ (ਜਸਵੀਰ ਲਾਡੀ)**-ਇੱਥੋਂ ਥੋੜ੍ਹੀ ਦੂਰ ਪਿੰਡ ਛਾਜਲੀ ਵਿਖੇ ਭਾਰਤੀ ਕਿਸਾਨ ਯੂਨੀਆਨ ਏਕਤਾ ਅਜ਼ਾਦ ਦੀ ਇਕਾਈ ਛਾਜਲੀ ਤੋਂ ਜ਼ਿਲ੍ਹਾ ਆਗੂ ਸੰਤਰਾਮ ਸਿੰਘ ਛਾਜਲੀ ਤੇ ਜਸਵੀਰ ਸਿੰਘ ਮੈਦੇਵਾਸ ਦੀ ਅਗਵਾਈ ਹੇਠ ਕਿਸਾਨੀ ਮੰਗਾਂ ਨੂੰ ਲੈ ਕੇ ਦਿੱਲੀ ਵੱਲ ਦਸ ਟਰਾਲੀਆਂ ਰਾਹੀ ਕੂਚ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਸੈਂਟਰ ਦੀ ਮੋਦੀ ਸਰਕਾਰ ਵੱਲੋਂ ਕਿਸਾਨਾਂ ਦੀਆਂ ਮੰਨੀਆਂ ਮੰਗਾਂ ਨੂੰ ਲਾਗੂ ਨਾ ਕਰਨ ਕਰਕੇ ਕਿਸਾਨਾਂ ਨੂੰ ਮਜਬੂਰਨ ਫੇਰ ਦਿੱਲੀ ਮੋਰਚਾ ਲਾਉਣਾ ਪੈ ਰਿਹਾ। ਹਰਿਆਣਾ ਦੀ ਬੀਜੇਪੀ ਸਰਕਾਰ ਨੇ ਕਿਸਾਨਾਂ ਨੂੰ ਦਿੱਲੀ ਨਾ ਜਾਣ ਦੇਣ ਲਈ ਹਰ ਬਾਰਡਰ ਤੇ ਰਸਤੇ ਬੰਦ ਕੀਤੇ ਗਏ ਹਨ, ਦਾ ਜਵਾਬ ਦਿੰਦਿਆਂ ਉਨ੍ਹਾਂ ਕਿਹਾ ਕਿ 'ਜਦ ਗਲ ਪੈ ਜਾਣ ਅੱਕੇ ਲੋਕ ਫੇਰ ਬੰਬ ਬੰਦੂਕਾਂ ਸਕਣ ਨਾ ਰੋਕ' ਵਾਲੀ ਗੱਲ ਹੈ। ਲੋਕ ਰੋਹ ਅੱਗੇ ਕੁਝ ਨਹੀਂ ਟਿਕ ਸਕਦਾ। ਪਹਿਲਾਂ ਵਾਂਗ ਇਸ ਵਾਰ ਵੀ ਮੋਰਚਾ ਜਿੱਤ ਕੇ ਵਾਪਸ ਮੁੜਾਂਗੇ। ਇਸ ਮੌਕੇ ਦਰਸ਼ਨ ਸਿੰਘ, ਗੁਰਮੀਤ ਮੀਤਾ, ਭੋਲਾ ਸਿੰਘ ਪ੍ਰਧਾਨ, ਗੁਰਸੇਵਕ ਸਿੰਘ ਖਜ਼ਾਨਚੀ, ਪ੍ਰਿਤਪਾਲ ਸਿੰਘ, ਹਾਕਮ ਸਿੰਘ, ਬਿੱਕਰ ਸਿੰਘ ਮੈਦੇਵਾਸ, ਦੇਸਰਾਜ ਸਿੰਘ ਮੈਦੇਵਾਸ, ਪਰਮਜੀਤ ਸਿੰਘ ਮੈਦੇਵਾਸ, ਮਿਸਰਾ ਸਿੰਘ ਮੈਦੇਵਾਸ ਆਦਿ ਉਨ੍ਹਾਂ ਨਾਲ ਸਨ।



## ਵੇਦਾਂਤ ਕੁਲਕਰਨੀ ਨੇ ਗਣਤੰਤਰ ਦਿਵਸ ਕੈਂਪ 'ਚ ਸਕੂਲ ਦਾ ਨਾਂਅ ਕੀਤਾ ਰੋਸ਼ਨ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਪਬਲਿਕ ਸਕੂਲ ਨਾਭਾ ਦੇ ਐੱਨ.ਸੀ.ਸੀ. ਏਅਰ ਵਿੰਗ ਕੈਡੇਟ ਵੇਦਾਂਤ ਕੁਲਕਰਨੀ ਨੇ ਗਣਤੰਤਰ ਦਿਵਸ ਕੈਂਪ ਵਿੱਚ ਭਾਗ ਲੈ ਕੇ ਸਕੂਲ, ਯੂਨਿਟ, ਸੂਬੇ ਤੇ ਦੇਸ਼ ਦਾ ਨਾਂਅ ਰੌਸ਼ਨ ਕੀਤਾ। ਗਣਤੰਤਰ ਦਿਵਸ ਕੈਂਪ ਲਈ ਚੁਣੇ ਜਾਣ ਲਈ ਸਤੰਬਰ ਤੋਂ ਦਸੰਬਰ ਮਹੀਨੇ ਤੱਕ ਘੱਟੋ-ਘੱਟ ਛੇ ਕੈਂਪਾਂ ਵਿੱਚੋਂ ਲੰਘਣਾ ਪੈਂਦਾ ਹੈ। ਇਹ ਕੈਂਪ ਡੀ.ਜੀ.ਐੱਨ.ਸੀ.ਸੀ. ਦਿੱਲੀ ਦੇ ਦਿਸ਼ਾ-ਨਿਰਦੇਸ਼ਾਂ 'ਤੇ ਐੱਨ.ਸੀ.ਸੀ. ਅਕੈਡਮੀ ਰੋਪੜ ਵਿਖੇ ਲਗਾਏ ਗਏ। ਕੈਡਿਟ ਵੇਦਾਂਤ ਕੁਲਕਰਨੀ ਨੇ ਨਾ ਸਿਰਫ਼ ਇਨ੍ਹਾਂ ਕੈਂਪਾਂ ਵਿੱਚ ਹਿੱਸਾ ਲਿਆ, ਸਗੋਂ ਸ਼ਾਨਦਾਰ ਪ੍ਰਦਰਸ਼ਨ ਕਰਕੇ ਆਪਣੇ ਪ੍ਰਤੀਯੋਗੀਆਂ ਨੂੰ ਪਛਾੜਿਆ। ਕੈਡੇਟ ਵੇਦਾਂਤ ਕੁਲਕਰਨੀ ਦੀ ਅਣਥੱਕ ਮਿਹਨਤ ਦੇ ਨਤੀਜੇ ਵਜੋਂ ਉਨ੍ਹਾਂ ਨੂੰ ਗਣਤੰਤਰ ਦਿਵਸ ਕੈਂਪ ਲਈ ਚੁਣਿਆ ਗਿਆ। ਇਸ ਕੈਂਪ ਨੇ ਜਿੱਥੇ ਉਸ ਵਿੱਚ ਆਤਮ-ਵਿਸ਼ਵਾਸ ਪੈਦਾ ਕੀਤਾ, ਉੱਥੇ ਹੀ ਉਸ ਦੀ ਸ਼ਖ਼ਸੀਅਤ ਵਿੱਚ ਵੀ ਸੁਧਾਰ ਕੀਤਾ। ਗਣਤੰਤਰ ਦਿਵਸ ਕੈਂਪ ਦੌਰਾਨ ਕੈਡੇਟ ਵੇਦਾਂਤ ਕੁਲਕਰਨੀ ਨੂੰ ਉੱਪ-ਰਾਸ਼ਟਰਪਤੀ, ਸੈਨਾ ਮੁਖੀ, ਹਵਾਈ, ਜਲ ਸੈਨਾ ਤੇ ਰੱਖਿਆ ਸਟਾਫ਼, ਰੱਖਿਆ ਮੰਤਰੀ, ਰਾਜ ਰੱਖਿਆ ਮੰਤਰੀ, ਡਾਇਰੈਕਟਰ ਜਨਰਲ ਐੱਨਸੀਸੀ ਤੇ ਪ੍ਰਧਾਨ ਮੰਤਰੀ ਨੂੰ ਮਿਲਣ ਦਾ ਵੀ ਮੌਕਾ ਮਿਲਿਆ। ਕੈਡਿਟ ਵੇਦਾਂਤ ਕੁਲਕਰਨੀ ਨੇ ਪੰਜਾਬ, ਹਰਿਆਣਾ. ਹਿਮਾਚਲ ਤੇ ਚੰਡੀਗੜ੍ਹ ਦੇ ਡਾਇਰੈਕਟਰ ਵੱਲੋਂ ਗਣਤੰਤਰ ਦਿਵਸ ਸੱਭਿਆਚਾਰਕ ਕੈਂਪ ਤੇ ਐੱਨ ਆਈ ਏ ਪੀ ਵਿੱਚ ਭਾਗ ਲਿਆ। ਕੈਡਿਟ ਵੇਦਾਂਤ ਕੁਲਕਰਨੀ ਨੇ ਵੀ ਗਣਤੰਤਰ ਦਿਵਸ ਕੈਂਪ ਵਿੱਚ ਪ੍ਰਧਾਨ ਮੰਤਰੀ ਰੈਲੀ ਵਿੱਚ ਹਿੱਸਾ ਲਿਆ। ਕੈਡੇਟ ਵੇਦਾਂਤ ਕੁਲਕਰਨੀ ਦੇ ਸਕੂਲ ਪਰਤਣ 'ਤੇ ਹੈੱਡਮਾਸਟਰ ਡਾ: ਡੀ ਸੀ ਸ਼ਰਮਾ ਨੇ ਉਨ੍ਹਾ ਦਾ ਸਵਾਗਤ ਕੀਤਾ ਤੇ ਉਨ੍ਹਾ ਦੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ। ਵਰਨਣਯੋਗ ਹੈ ਕਿ ਕੈਡੇਟ ਵੇਦਾਂਤ ਕੁਲਕਰਨੀ 3 ਪੰਜਾਬ ਏਅਰ ਸਕੁਐਡਰਨ ਐੱਨਸੀਸੀ ਪਟਿਆਲਾ ਦੇ ਕੈਡੇਟ ਹਨ।


**ਉੱਤਰ ਰੇਲਵੇ**

ਆਜ਼ਾਦੀ ਦਾ ਅੰਮ੍ਰਿਤ ਮਹੋਤਸਵ

**ਨਿਰਮਾਣ ਸੰਗਠਨ ਯੂਐਸਬੀਆਰਐਲ ਪਰਿਯੋਜਨਾ**
**ਪ੍ਰੈਸ ਅਧਿਸੂਚਨਾ**
**ਫ਼ਿਰੋਜ਼ਪੁਰ ਮੰਡਲ ਦੇ ਖੜੀ-ਸੁਮਬਡ ਅਤੇ ਸੁਮਬਡ-ਸੰਗਲਦਾਨ ਖੰਡਾਂ ਵਿਚ ਨਵੀਂ ਲਾਇਨ ਦਾ ਸੀਆਰਐਸ ਨਿਰੀਖਸ਼ਣ**

ਫ਼ਿਰੋਜ਼ਪੁਰ ਡਵੀਜਨ ਦੇ ਖੜੀ-ਸੁਮਬਡ ਖੰਡ (13.656 Km ਕਿਲੋਮੀਟਰ) ਅਤੇ ਸੁਮਬਡ-ਸੰਗਲਦਾਨ ਖੰਡ (19.504 Km ਕਿਲੋਮੀਟਰ) ਵਿਚ ਨਵਨਿਰਮਿਤ ਲਾਇਨ ਜ਼ਲਦ ਹੀ ਇਲੈਕਿਟ੍ਰਕ ਟ੍ਰੇਨ ਸੰਚਾਲਨ ਦੇ ਨਾਲ ਖੋਲੀ ਜਾਵੇਗੀ। 15.02.2024 ਨੂੰ ਟ੍ਰਾਲੀ ਨਿਰੀਖਸ਼ਣ ਦੇ ਬਾਦ 16.02.2024 ਨੂੰ ਰੇਲਵੇ ਸੁਰੱਖਿਆ ਆਯੁਕਤ ਦੁਵਾਰਾ ਵਿਸ਼ੇਸ਼ ਟ੍ਰੇਨ ਦੁਵਾਰਾ ਸੈਕਸ਼ਨ ਦਾ ਹਾਈ ਸਪੀਡ ਟ੍ਰਾਯਲ ਕੀਤਾ ਜਾਵੇਗਾ। ਇਸਦੇ ਬਾਦ ਯੂਐਸਬੀਆਰਐਲ ਪ੍ਰੋਜੇਕਟ ਦੇ ਖੜੀ-ਸੁਮਬਡ ਅਤੇ ਸੁਮਬਡ-ਸੰਗਲਦਾਨ ਸਟੇਸ਼ਨਾਂ ਦੇ ਵਿਚ ਟ੍ਰੇਨਾਂ ਦਾ ਆਵਾਗਮਨ ਸ਼ੁਰੂ ਹੋ ਜਾਵੇਗਾ।

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਉਪਰੋਕਤ ਖੰਡਾਂ ਵਿਚ ਰੇਲਵੇ ਲਾਇਨਾਂ ਤੋਂ ਦੂਰ ਰਹੇ। ਕਿਸੀ ਵੀ ਜਗ੍ਹਾਂ ਉਤੇ ਟ੍ਰੈਕ ਪਾਰ ਕਰਨਾ ਅਨਧਿਕਾਰ ਪ੍ਰਵੇਸ਼ ਹੈ ਅਤੇ ਇਕ ਦੰਡਨੀਯ ਅਪਰਾਧ ਹੈ ਅਤੇ ਰੇਲਵੇ ਅਧਿਨਿਯਮ ਦੇ ਤਹਿਤ ਮੁਕਦਮਾ ਚਲਾਇਆ ਜਾਂ ਸਕਦਾ ਹੈ

ਨੰ: DyCE/C/BAHL/CRS ਮਿਤੀ : 11.02.2024 455/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# 295 ਤੇ 295-ਏ ਤਹਿਤ ਗ੍ਰਿਫ਼ਤਾਰੀਆਂ ਫਿਰਕੂ ਮਾਹੌਲ ਲਈ ਰਾਹ ਪੱਧਰਾ ਕਰਨਾ : ਆਗੂ

■ ਸਮੂਹ ਜਨਤਕ ਜਮਹੂਰੀ ਜਥੇਬੰਦੀਆਂ ਨਾਲ ਮੀਟਿੰਗ 17 ਨੂੰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਜਮਹੂਰੀ ਅਧਿਕਾਰ ਸਭਾ ਤੇ ਤਰਕਸ਼ੀਲ ਸੁਸਾਇਟੀ ਰਾਮਪੁਰਾ ਨੇ ਸਾਂਝੀ ਮੀਟਿੰਗ ਕਰਕੇ ਫੈਸਲਾ ਲਿਆ ਕਿ ਉਹ ਇਲਾਕੇ ਦੀਆਂ ਸਮੂਹ ਜਨਤਕ ਜਮਹੂਰੀ ਜਥੇਬੰਦੀਆਂ ਨਾਲ 295 ਦੇ ਦਰਜ ਕੇਸਾਂ ਸਬੰਧੀ 17 ਫਰਵਰੀ ਨੂੰ ਮੀਟਿੰਗ ਕਰਨਗੀਆਂ। ਆਗੂਆਂ ਕਿਹਾ ਕਿ ਸਰਕਾਰਾਂ, ਸਰਕਾਰੀ ਧੱਕੇਸ਼ਾਹੀ ਤੇ ਕਾਰਕੋਰੇਟ ਪੱਖੀ ਨੀਤੀਆਂ ਖਿਲਾਫ ਉਠਦੀਆਂ ਆਵਾਜ਼ਾਂ ਨੂੰ ਹਰ ਕੀਮਤ 'ਤੇ ਦਬਾ ਦੇਣਾ ਚਾਹੁੰਦੀਆਂ ਹਨ। 295 ਤੇ 295ਏ ਤਹਿਤ ਦਰਜ ਕੀਤੇ ਕੇਸਾਂ/ਗ੍ਰਿਫਤਾਰੀਆਂ ਤਾਂ ਮਕਸਦ ਵੀ ਸੱਚ ਦੀ ਆਵਾਜ਼ ਨੂੰ ਦਬਾਉਣਾ ਤੇ ਫਿਰਕੂ ਮਾਹੌਲ ਦੀ ਉਸਾਰੀ ਲਈ ਰਾਹ ਪੱਧਰਾ ਕਰਨਾ ਹੈ। ਸਮੁੱਚੇ ਦੇਸ਼ ਵਿੱਚ ਘੱਟ ਗਿਣਤੀਆਂ ਨਾਲ ਲਗਾਤਾਰ ਧੱਕਾ ਹੋ ਰਿਹਾ ਹੈ ਤੇ ਉਨ੍ਹਾਂ ਦੇ ਧਾਰਮਿਕ ਸਥਾਨਾਂ ਨੂੰ ਨੁਕਸਾਨ ਪਹੁੰਚਾਇਆ ਜਾ ਰਿਹਾ ਹੈ, ਪਰ ਉੱਥੇ ਕਾਨੂੰਨ ਚੁੱਪ ਹੈ। ਜਮਹੂਰੀ ਅਧਿਕਾਰ ਸਭਾ ਦੀ ਜਾਰੀ ਰਿਪੋਰਟ ਅਨੁਸਾਰ ਰਾਮਾ ਮੰਡੀ ਜ਼ਿਲ੍ਹਾ ਬਠਿੰਡਾ ਦੀ ਸਾਈਨਾ ਵੱਲੋਂ ਮੱਧ ਪ੍ਰਦੇਸ਼ ਦੇ ਚਰਚ ਉੱਤੇ ਧੱਕੇ ਨਾਲ ਲਹਿਰਾਏ ਭਗਵੇਂ ਝੰਡੇ ਦੀ ਸੋਸ਼ਲ ਮੀਡੀਆ ਉੱਤੇ ਜਾਰੀ ਵੀਡੀਓ ਖਿਲਾਫ ਹੀ ਉਸ ਨੇ ਆਵਾਜ਼ ਉਠਾਈ ਸੀ। ਇਹ ਆਵਾਜ਼ ਉਠਾਉਣ ਬਦਲੇ ਉਸ ਨੇ ਮਾਫੀ ਦੀ ਵੀਡੀਓ ਵੀ ਜਾਰੀ ਕੀਤੀ, ਕਿਸੇ ਵੀ ਚੌਕ 'ਤੇ ਖੜ ਕੇ ਮਾਫੀ ਮੰਗਣ ਦੀ ਪੇਸ਼ਕਸ਼ ਕੀਤੀ, ਪਰ ਇਸ ਦੇ ਬਾਵਜੂਦ ਉਸ ਨੂੰ 295ਏ ਦਾ ਪਰਚਾ ਕਰਕੇ ਗ੍ਰਿਫਤਾਰ ਕਰਨ ਤੇ ਉਸ ਦੇ ਸਾਥੀ ਨੂੰ ਸਰੇਆਮ ਕੁੱਟਮਾਰ ਦਾ ਸਾਹਮਣਾ ਕਰਨਾ ਪਿਆ, ਪਰ ਕੁੱਟਮਾਰ ਦੇ ਬਾਵਜੂਦ ਕਾਨੂੰਨ ਚੁੱਪ ਰਿਹਾ। ਇਸੇ ਤਰ੍ਹਾਂ ਤਰਕਸ਼ੀਲ ਸੁਸਾਇਟੀ ਦੇ ਆਗੂਆਂ 'ਤੇ ਵੀ ਇਸ ਕਰਕੇ ਕੇਸ ਦਰਜ ਕੀਤੇ ਗਏ ਹਨ, ਕਿਉਂਕਿ ਉਹ ਧਰਮ ਦੀ ਵਰਤੋਂ ਗਲਤ ਅਨਸਰਾਂ ਦੁਆਰਾ ਕੀਤੇ ਜਾਣ ਪ੍ਰਤੀ ਜਾਗਰੂਕਤਾ ਪੈਦਾ ਕਰਦੇ ਹਨ। ਸਮੂਹ ਜਥੇਬੰਦੀਆਂ ਦੀ ਮੀਟਿੰਗ ਵਿੱਚ ਲੋਕਾਂ ਨੂੰ ਫਿਰਕੂ ਸਿਆਸਤ ਪ੍ਰਤੀ ਸੁਚੇਤ ਕਰਨ ਤੇ 27 ਫਰਵਰੀ ਨੂੰ ਜਲੰਧਰ ਵਿਖੇ ਸਰਕਾਰੀ ਜਬਰ ਖਿਲਾਫ ਪ੍ਰਦਰਸ਼ਨ ਵਿੱਚ ਵੱਡੀ ਸ਼ਮੂਲੀਅਤ ਕਰਵਾਉਣ ਲਈ ਪ੍ਰੋਗਰਾਮ ਉਲੀਕਿਆ ਜਾਵੇਗਾ। ਮੀਟਿੰਗ ਵਿੱਚ ਅਵਤਾਰ ਸਿੰਘ, ਜਗਦੇਵ ਸਿੰਘ, ਮੇਜਰ ਸਿੰਘ, ਬੰਤ ਸਿੰਘ ਭੂੰਦੜ, ਭਗਵੰਤ ਸਿੰਘ ਲਹਿਰਾ ਧੂਰਕੋਟ, ਕੌਰ ਸਿੰਘ, ਮਾਸਟਰ ਹਰਕੀਤ ਸਿੰਘ, ਸਰਮੁਖ ਸਿੰਘ ਸੇਲਬਰਾਹ, ਗੁਰਜੀਤ ਸਿੰਘ ਰਿਟਾਇਰਡ ਬੈਂਕ ਮੈਨੇਜਰ ਤੇ ਗਗਨ ਗਰੋਵਰ ਸ਼ਾਮਲ ਸਨ।

# ਦਾਸ ਤੇ ਬਰਾਊਨ ਸਕੂਲ ਵਿਖੇ ਆਸ਼ੀਰਵਾਦ ਸਮਾਗਮ ਕਰਵਾਇਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-10ਵੀਂ ਜਮਾਤ ਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਬੋਰਡ ਦੀਆਂ ਪ੍ਰੀਖਿਆਵਾਂ ਲਈ ਆਸ਼ੀਰਵਾਦ ਦੇਣ ਦੇ ਉਦੇਸ਼ ਨਾਲ ਦਾਸ ਤੇ ਬਰਾਊਨ ਵਰਲਡ ਸਕੂਲ ਵਿਖੇ ਆਸ਼ੀਰਵਾਦ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਸਕੂਲ ਦੇ ਵਿਹੜੇ ਵਿੱਚ ਹਵਨ ਯੱਗ ਵੀ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਦੇ ਨਾਲ ਅਧਿਆਪਕਾਂ ਨੇ ਸਮੂਹਕ ਤੌਰ 'ਤੇ ਆਹੂਤੀ ਪਾਈਆਂ। ਪ੍ਰਿੰਸੀਪਲ ਡਾ. ਰਾਜੇਸ਼ ਚੰਦੇਲ ਨੇ ਸਾਰੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਪ੍ਰੋਗਰਾਮ ਵਿੱਚ 100 ਪ੍ਰਤੀਸ਼ਤ ਹਾਜ਼ਰੀ ਵਾਲੇ ਵਿਦਿਆਰਥੀਆਂ, ਵਧੀਆ ਸਮਰੀਟਨ, ਸਰਵੋਤਮ ਅਥਲੀਟ, ਸਾਲ ਦਾ ਸਭ ਤੋਂ ਵਧੀਆ ਕਲਾਕਾਰ, ਸਭ ਤੋਂ ਵੱਧ ਖੋਜੀ, ਸਾਇੰਸ, ਹਿਊਮੈਨਿਟੀਜ਼ ਤੇ ਕਾਮਰਸ ਵਿੱਚ ਸਰਵੋਤਮ ਵਿਦਵਾਨ ਨੂੰ ਵੀ ਸਨਮਾਨਤ ਕੀਤਾ ਗਿਆ। ਸਕੂਲ ਪ੍ਰਸ਼ਾਸਨ ਵੱਲੋਂ ਹੈੱਡ ਗਰਲ ਤੇ ਹੈੱਡ ਬੁਆਏ ਵਿਦਿਆਰਥੀਆਂ ਦਾ ਸਨਮਾਨ ਵੀ ਕੀਤਾ ਗਿਆ। ਪ੍ਰਿੰਸੀਪਲ ਰਾਜੇਸ਼ ਚੰਦੇਲ ਨੇ ਕਿਹਾ ਕਿ ਵਿਦਿਆਰਥੀ ਦੇ ਜੀਵਨ ਵਿੱਚ ਸਕੂਲੀ ਜੀਵਨ ਦਾ ਵਿਸ਼ੇਸ਼ ਮਹੱਤਵ ਹੈ। ਉਨ੍ਹਾਂ ਕਿਹਾ ਕਿ ਸਕੂਲ ਵਿੱਚ ਰਹਿ ਕੇ ਹੀ ਬੱਚਾ ਕਦਰਾਂ-ਕੀਮਤਾਂ ਤੇ ਸਰੀਰਕ ਸਿੱਖਿਆ ਹਾਸਲ ਕਰਦਾ ਹੈ। ਹੈੱਡ ਗਰਲ ਬਰਾਊਨੀਅਨ ਇਬਾਦਤ ਕੌਰ ਸੰਧੂ ਨੇ ਸਕੂਲ ਵਿੱਚ ਬਿਤਾਏ ਆਪਣੇ ਪਲ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਸਕੂਲ ਵਿੱਚ ਪੜ੍ਹਾਉਣ ਦੇ ਤਰੀਕੇ ਤੇ ਉਨ੍ਹਾਂ ਨੂੰ ਦਿੱਤੀਆਂ ਗਈਆਂ ਸਹੂਲਤਾਂ ਨੂੰ ਜ਼ਿੰਦਗੀ ਦੇ ਹਰ ਮੋੜ 'ਤੇ ਯਾਦ ਰਹੇਗਾ। ਵਿਦਿਆਰਥੀਆਂ ਨੇ ਇਕੱਠੇ ਗੀਤ ਗਾਏ ਤੇ ਡਾਂਸ ਵੀ ਕੀਤਾ। ਵੀਪੀ ਸੀਨੀਅਰ ਸੈਕੰਡਰੀ ਨੀਸ਼ੂ ਅਗਰਵਾਲ ਨੇ ਵਿਦਿਆਰਥੀਆਂ ਨੂੰ ਆਉਣ ਵਾਲੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਮੂਲ ਮੰਤਰ ਦੇਣ ਦੇ ਨਾਲ-ਨਾਲ ਉਨ੍ਹਾਂ ਨੂੰ ਸ਼ੁੱਭ-ਕਾਮਨਾਵਾਂ ਵੀ ਦਿੱਤੀਆਂ। ਉਨ੍ਹਾਂ ਕਿਹਾ ਕਿ ਵਿਦਿਆਰਥੀ ਜੀਵਨ ਵਿੱਚ ਭਾਵੇਂ ਕੋਈ ਵੀ ਉਚਾਈਆਂ ਹਾਸਲ ਕਰ ਲਵੇ, ਪਰ ਉਸ ਦੀਆਂ ਜੜ੍ਹਾਂ ਸਕੂਲ ਨਾਲ ਜੁੜੀਆਂ ਰਹਿੰਦੀਆਂ ਹਨ।


**AXIS BANK LTD.** ਰਿਟੇਲ ਐਸੇਟ ਸੈਂਟਰ : ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001, ਕਾਰਪੋਰੇਟ ਦਫਤਰ : "ਐਕਸਿਸ ਹਾਊਸ", ਸੀ-2, ਵਾਡੀਆ ਇੰਟਰਨੈਸ਼ਨਲ ਸੈਂਟਰ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025

ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਰਜਿਸਟਰਡ ਦਫਤਰ "ਤ੍ਰਿਸ਼ੂਲ" ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ - 380006

ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਊਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐੱਸਟਸ ਦੀ ਵਿੱਕਰੀ ਵਾਸਤੇ ਈ-ਨਿਲਾਮੀ ਨੋਟਿਸ।

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜ਼ਡ ਹੈ, ਜਿਸ ਦਾ ਭੌਤਿਕ ਕਬਜ਼ਾ ਸਕਿਉਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਦੀ ਵਿਕਰੀ ਜੋ ਵੀ ਹੈ ਜਿਵੇਂ ਹੈ", "ਜਿਵੇਂ ਹੈ ਜਿੱਥੇ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ (1) ਮੈਸ: ਸਲੂਜਾ ਟ੍ਰੇਡਿੰਗ ਕੰਪਨੀ (2) ਸ੍ਰੀ ਵਿਜੇ ਕੁਮਾਰ ਪੁੱਤਰ ਸ੍ਰੀ ਮੁਲਕ ਰਾਜ, ਕਰਜ਼ਾ ਨੰ. 915030038479513 ਅਤੇ 920060049630513 'ਚ 11.07.2023 ਨੂੰ ਸਕਿਉਰਡ ਕ੍ਰੈਡਿਟਰ ਵੱਲ ਬਕਾਇਆ ਰਕਮ ਰੁਪਏ 3909694/- (ਉਨਤਾਲੀ ਲੱਖ ਨੌਂ ਹਜ਼ਾਰ ਛੇ ਸੌ ਚੁਰਾਨਵੇਂ ਰੁਪਏ ਕੇਵਲ) ਸਮੇਤ ਭਵਿੱਖੀ ਵਿਆਜ ਅਤੇ ਲਾਗਤਾਂ ਦੀ ਵਸੂਲੀ ਲਈ 23.03.2024 ਨੂੰ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 3630000/- (ਛੱਤੀ ਲੱਖ ਤੀਹ ਹਜ਼ਾਰ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 363000/- (ਤਿੰਨ ਲੱਖ ਤਰੇਹਠ ਹਜ਼ਾਰ ਰੁਪਏ ਕੇਵਲ) |
| ਬੋਲੀ ਵਾਧਾ ਰਕਮ | ਰੁਪਏ 10,000/- (ਦਸ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | 19 ਮਾਰਚ 2024 ਸ਼ਾਮ 05.00 ਵਜੇ ਤੱਕ, ਐਕਸਿਸ ਬੈਂਕ ਲਿਮਟਿਡ, ਰਿਟੇਲ ਐੱਸਟ ਸੈਂਟਰ, ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001 |
| ਜਨਤਕ ਈ-ਨਿਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://www.bankeauctions.com 'ਤੇ 20 ਮਾਰਚ 2024 ਸਵੇਰੇ 11.00 ਵਜੇ ਅਤੇ ਦੁਪਹਿਰ 1.00 ਵਜੇ ਦਰਮਿਆਨ ਹਰੇਕ 5 ਮਿੰਟ ਦੇ ਅਸੀਮਤ ਵਾਧੇ ਨਾਲ। ਈ-ਨਿਲਾਮੀ ਟੈਂਡਰ ਦਸਤਾਵੇਜ਼, ਈ-ਨਿਲਾਮੀ ਬੋਲੀ ਫਾਰਮ, ਡੈਕਲੇਰੇਸ਼ਨ ਆਦਿ ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

ਸਾਰਣੀ-ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਮਕਾਨ/ਪਲਾਟ ਰਕਬਾ 1 ਕਨਾਲ 10 ਮਰਲੇ ਜੋ ਕਿ ਜ਼ਮੀਨ ਰਕਬਾ 11 ਕਨਾਲ 12 ਮਰਲੇ ਦਾ 30/232 ਹਿੱਸਾ ਹੈ, ਖਸਰਾ ਨੰ. 168, ਖੇਵਟ ਨੰ. 107, ਕਿਲਾ ਨੰ. 6/2/1 (2-10), 7 (8-0), 14/1/1 (1-2) ਮੁਦਕੀ ਜਨੂਬੀ, ਤਹਿਸੀਲ ਤਲਵੰਡੀ ਭਾਈ, ਜ਼ਿਲ੍ਹਾ ਫ਼ਿਰੋਜ਼ਪੁਰ ਦੇ ਉਚਿਤ ਗਿਰਵੀਨਾਮੇ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਸੜਕ, ਉੱਤਰ : ਪਿਆਰਾ ਸਿੰਘ ਦਾ ਪਲਾਟ, ਪੱਛਮ : ਖੇਤੀ ਵਾਲੀ ਜ਼ਮੀਨ, ਦੱਖਣ : ਬਰਾੜ ਕੰਬਾਈਨ ਤੇ ਟਰੈਕਟਰ।

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https://www.axis-bank.com/auction-retail ਅਤੇ ਬੈਂਕ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਦਾ ਹਵਾਲਾ ਲਿਆ ਜਾਵੇ। ਈ-ਨਿਲਾਮੀ ਬੈਂਕ ਦੇ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਰਾਹੀਂ ਆਨਲਾਈਨ ਕੀਤੀ ਜਾਵੇਗੀ। ਹੋਰ ਸਹਾਇਤਾ ਲਈ ਚਾਹਵਾਨ ਬੋਲੀਕਾਰ ਦੀਪ ਦਵਿੰਦਰ ਸਿੰਘ (ਮੋਬਾਇਲ ਨੰ. 9814734720) ਬੈਂਕ ਦੇ ਅਧਿਕਾਰਤ ਅਫਸਰ ਨਾਲ ਦਫਤਰੀ ਸਮੇਂ ਸਵੇਰੇ 9.30 ਵਜੇ ਤੋਂ ਸ਼ਾਮ ਦੇ 6.00 ਵਜੇ ਤੱਕ ਸੰਪਰਕ ਕਰ ਸਕਦੇ ਹਨ।

ਮਿਤੀ : 13.02.2024, ਸਥਾਨ : ਲੁਧਿਆਣਾ — ਸਹੀ/- (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ


# ਕਿਸਾਨਾਂ ਦੀ ਲਲਕਾਰ ਬਰਕਰਾਰ, ਦੂਜੇ ਪਾਸੇ ਅਸਥਾਈ ਜੇਲ੍ਹਾਂ ਤਿਆਰ !

**ਸਿਰਸਾ (ਸੁਰਿੰਦਰ ਪਾਲ ਸਿੰਘ)**-ਸਿਰਸਾ ਦੇ ਡਿਪਟੀ ਕਮਿਸ਼ਨਰ ਪਾਰਥ ਗੁਪਤਾ ਦਾ ਕਹਿਣਾ ਹੈ ਕਿ ਯੂਨਾਈਟਿਡ ਕਿਸਾਨ ਮੋਰਚਾ ਤੇ ਕਿਸਾਨ ਮਜ਼ਦੂਰ ਮੋਰਚਾ (ਗੈਰ-ਸਿਆਸੀ) ਵੱਲੋਂ ਭਲਕੇ ਦਿੱਲੀ ਵੱਲ ਮਾਰਚ ਕਰਨ ਦੇ ਐਲਾਨ ਦੇ ਮੱਦੇਨਜ਼ਰ ਕਿਸੇ ਵੀ ਅਣਸੁਖਾਵੀਂ ਸਥਿਤੀ ਨਾਲ ਨਜਿੱਠਣ ਲਈ ਹਰਿਆਣਾ ਸਰਕਾਰ ਦੇ ਜੇਲ੍ਹ ਵਿਭਾਗ ਦੇ ਵਧੀਕ ਮੁੱਖ ਸਕੱਤਰ ਟੀ.ਵੀ.ਐੱਸ.ਐੱਨ. ਪ੍ਰਸਾਦ ਦੇ ਹੁਕਮਾਂ ਅਨੁਸਾਰ ਤੁਰੰਤ ਪ੍ਰਭਾਵ ਨਾਲ ਚੌਧਰੀ ਦਲਬੀਰ ਸਿੰਘ ਇਨਡੋਰ ਸਟੇਡੀਅਮ ਸਿਰਸਾ ਤੇ ਗੁਰੂ ਗੋਬਿੰਦ ਸਿੰਘ ਸਟੇਡੀਅਮ, ਸਿਰਸਾ ਰੋਡ ਡੱਬਵਾਲੀ ਵਿਖੇ ਅਸਥਾਈ ਜੇਲ੍ਹਾਂ ਦੀ ਸਥਾਪਨਾ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਸਮੂਹ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਸਾਰੇ ਡਿਊਟੀ ਮੈਜਿਸਟ੍ਰੇਟ ਆਪਣੀ ਡਿਊਟੀ ਦੇ ਹਿੱਸੇ ਵਜੋਂ ਨਿਰਧਾਰਤ ਥਾਵਾਂ ਦਾ ਨਿਰੀਖਣ ਕਰਨ ਤੇ ਸਥਿਤੀ ਤੇ ਤਿੱਖੀ ਨਜ਼ਰ ਰੱਖਣ। ਉਨ੍ਹਾਂ ਕਿਹਾ ਕਿ ਅਧਿਕਾਰੀ ਟੀਮਵਰਕ ਨਾਲ ਕੰਮ ਕਰਨ ਤਾਂ ਜੋ ਆਮ ਲੋਕਾਂ ਨੂੰ ਕਿਸੇ ਕਿਸਮ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਅਧਿਕਾਰੀ ਆਪਣੇ ਖੇਤਰਾਂ ਵਿੱਚ ਸਖ਼ਤ ਨਜ਼ਰ ਰੱਖਣ ਤਾਂ ਜੋ ਕਾਨੂੰਨ ਵਿਵਸਥਾ ਪ੍ਰਭਾਵਿਤ ਨਾ ਹੋਵੇ। ਉਨ੍ਹਾ ਕਿਹਾ ਕਿ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਰਾਸ਼ਟਰੀ ਤੇ ਰਾਜ ਮਾਰਗਾਂ 'ਤੇ ਆਵਾਜਾਈ ਪ੍ਰਣਾਲੀ ਵਿੱਚ ਵਿਘਨ ਨਾ ਪਵੇ। ਡਿਪਟੀ ਕਮਿਸ਼ਨਰ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਅਮਨ-ਕਾਨੂੰਨ ਨੂੰ ਬਰਕਰਾਰ ਰੱਖਣ।

## ...ਸ.ਫ਼ਾ 1 ਦੇ ਬਾਕੀ

### ਤਾਮਿਲਨਾਡੂ ਗਵਰਨਰ...

ਉਨ੍ਹਾ ਨੇ ਕਿਹਾ ਕਿ ਮੇਰੇ ਕਈ ਵਾਰ ਬੇਨਤੀ ਦੇ ਬਾਅਦ ਵੀ ਸੈਸ਼ਨ ਦੀ ਸ਼ੁਰੂਆਤ ਕੀਤੀ ਅਤੇ ਅੰਤ 'ਚ ਰਾਸ਼ਟਰੀ ਗੀਤ ਨਹੀਂ ਚਲਾਇਆ ਜਾ ਰਿਹਾ ਹੈ। ਇਸ ਤਰ੍ਹਾਂ ਕਰਨ ਨਾਲ ਰਾਸ਼ਟਰੀ ਗੀਤ ਪ੍ਰਤੀ ਸਲਮਾਨ ਪ੍ਰਗਟ ਹੁੰਦਾ ਹੈ। ਇਸ ਤੋਂ ਇਲਾਵਾ ਉਨ੍ਹਾ ਕਿਹਾ ਕਿ ਇਹ ਜੋ ਅਭਿਭਾਸ਼ਣ ਹੈ, ਇਸ 'ਚ ਕਈ ਇਸ ਤਰ੍ਹਾਂ ਦੇ ਪੈਰਾਗ੍ਰਾਫ਼ ਹਨ, ਜਿਸ ਨਾਲ ਮੈਂ ਸੰਤੁਸ਼ਟ ਨਹੀਂ ਹਾਂ। ਇਸ ਦੇ ਨਾਲ ਹੀ ਉਨ੍ਹਾ ਕਿਹਾ ਕਿ ਮੈਂ ਆਪਣਾ ਭਾਸ਼ਣ ਸਮਾਪਤ ਕਰਦਾ ਹਾਂ। ਮੈਂ ਚਾਹੁੰਦਾ ਹਾਂ ਕਿ ਸਦਨ ਚੱਲੇ ਅਤੇ ਲੋਕਾਂ ਦੀ ਭਲਾਈ ਲਈ ਬਹਿਸ ਹੋਵੇ। ਏਨਾ ਕਹਿ ਕੇ ਰਾਜਪਾਲ ਨੇ ਬੋਲਣਾ ਬੰਦ ਕਰ ਦਿੱਤਾ। ਫਿਰ ਤਾਮਿਲਨਾਡੂ ਵਿਧਾਨਸਭਾ ਦੇ ਸਪੀਕਰ ਏ ਅੱਪਾਵੂ ਨੇ ਭਾਸ਼ਣ ਲਈ ਤਮਿਲ ਅਨੁਵਾਦ ਨੂੰ ਪੜ੍ਹਿਆ। ਇਸ ਦੌਰਾਨ ਰਾਜਪਾਲ ਸਪੀਕਰ ਦੇ ਨੇੜੇ ਬੈਠੇ ਰਹੇ। ਸਪੀਕਰ ਨੇ ਭਾਸ਼ਣ ਨੂੰ ਇਹ ਕਹਿ ਕੇ ਖ਼ਤਮ ਕੀਤਾ ਕਿ ਇਸ ਨੂੰ ਮਨਜ਼ੂਰੀ ਲਈ ਰਾਜ ਭਵਨ ਭੇਜਿਆ ਗਿਆ ਸੀ। ਉਨ੍ਹਾ ਕਿਹਾ ਕਿ ਰਾਸ਼ਟਰੀ ਗੀਤ ਨੂੰ ਲੈ ਕੇ ਵਿਵਾਦ ਵੀ ਸੁਲਝ ਗਿਆ ਹੈ। ਪਹਿਲਾਂ ਹੀ ਅਸੀਂ ਫੈਸਲਾ ਲੈ ਲਿਆ ਹੈ ਕਿ ਸਦਨ ਦੀ ਕਾਰਵਾਈ ਸੂਬੇ ਦੇ ਰਾਸ਼ਟਰੀ ਗੀਤ ਨਾਲ ਸ਼ੁਰੂ ਕੀਤੀ ਜਾਵੇ ਅਤੇ ਅੰਤ 'ਚ ਰਾਸ਼ਟਰੀ ਗੀਤ ਪੜ੍ਹਿਆ ਜਾਵੇ। ਇਸ ਤੋਂ ਇਲਾਵਾ ਸਪੀਕਰ ਨੇ ਕਿਹਾ ਕਿ ਚਾਹੇ ਹੀ ਵਿਚਾਰਾਂ ਦੇ ਮੱਤਭੇਦ ਹਨ, ਪਰ ਤਾਮਿਲਨਾਡੂ ਦੀ ਐੱਮ ਕੇ ਸਟਾਲਿਨ ਸਰਕਾਰ ਹਮੇਸ਼ਾ ਗਵਰਨਰ ਦਾ ਸਨਮਾਨ ਕਰਦੀ ਹੈ।

### ਮੋਗਾ ਸ਼ਹਿਰ ਦੀਆਂ ਜਥੇਬੰਦੀਆਂ...

ਬਣਾਈ ਗਈ, ਜਿਸ ਵਿੱਚ ਕਿਰਤੀ ਕਿਸਾਨ ਯੂਨੀਅਨ ਤੋਂ ਜਸਪਾਲ ਸਿੰਘ, ਬੀ ਕੇ ਯੂ ਉਗਰਾਹਾਂ ਤੋਂ ਬਲੌਰ ਸਿੰਘ ਘੱਲ ਕਲਾਂ, ਕੁਲ ਹਿੰਦ ਕਿਸਾਨ ਸਭਾ ਤੋਂ ਕੁਲਦੀਪ ਸਿੰਘ ਭੋਲਾ, ਬੀ ਕੇ ਯੂ ਕਾਦੀਆਂ ਤੋਂ ਰਛਪਾਲ ਸਿੰਘ, ਬੀ ਕੇ ਯੂ ਲੱਖੋਵਾਲ ਤੋਂ ਬਲਕਰਨ ਸਿੰਘ, ਐਪਸੋ ਤੋਂ ਡਾ. ਇੰਦਰਵੀਰ ਗਿੱਲ, ਨੌਜਵਾਨ ਭਾਰਤ ਸਭਾ ਤੋਂ ਕਰਮਜੀਤ ਮਾਣੂੰਕੇ, ਏਟਕ ਤੋਂ ਜਗਦੀਸ਼ ਚਾਹਿਲ, ਇੰਟਕ ਤੋਂ ਬਲਜੀਤ ਸਿੰਘ ਨੂੰ ਲਿਆ ਗਿਆ। 16 ਫਰਵਰੀ ਨੂੰ ਬਾਕੀ ਜਨਤਾ ਦੇ ਆਉਣ ਤੋਂ ਪਹਿਲਾਂ ਸਵੇਰ 7:30 ਵਜੇ ਸਾਰੀਆਂ ਜਥੇਬੰਦੀਆਂ ਦੀ ਆਗੂ ਟੀਮ ਦੇ 100 ਤੋਂ ਵੱਧ ਕਿਸਾਨਾਂ, ਨੌਜਵਾਨਾਂ, ਮੁਲਾਜ਼ਮਾਂ, ਮਜ਼ਦੂਰਾਂ ਦਾ ਜਥਾ ਸ਼ਹਿਰ 'ਚ ਪਹੁੰਚਕੇ ਬੰਦ ਦੀ ਪੁਸ਼ਟੀ ਕਰਕੇ ਮੇਨ ਚੌਕ ਵਿੱਚ ਪਹੁੰਚੇਗਾ ਅਤੇ ਸਾਰੀ ਜਨਤਾ ਦੇ ਮੇਨ ਚੌਕ 'ਚ ਪਹੁੰਚਣ ਤੋਂ ਬਾਅਦ ਸਟੇਜ ਚਾਲੂ ਕੀਤੀ ਜਾਵੇਗੀ। ਜਨਤਾ ਲਈ ਦਰੀਆਂ, ਸਾਊਂਡ ਦਾ ਪ੍ਰਬੰਧ ਹੋਵੇਗਾ ਅਤੇ ਪ੍ਰਸ਼ਾਦੇ ਅਤੇ ਚਾਹ ਦਾ ਲੰਗਰ ਅਤੁੱਟ ਵਰਤੇਗਾ। ਲੰਗਰ ਦੀ ਜ਼ਿੰਮੇਵਾਰੀ ਜਨਤਾ ਆਟੋ ਪੈਸੰਜਰ ਯੂਨੀਅਨ ਅਤੇ ਚਾਹ ਦੀ ਜ਼ਿੰਮੇਵਾਰੀ ਕਿਰਤੀ ਕਿਸਾਨ ਯੂਨੀਅਨ ਦੀ ਹੋਵੇਗੀ। 6000 ਦੀ ਗਿਣਤੀ 'ਚ ਲੀਫਲੈਟ ਛਾਪ ਕੇ ਸ਼ਹਿਰ ਤੇ ਪਿੰਡਾਂ 'ਚ ਵੰਡ ਕੇ ਬੰਦ ਦਾ ਪ੍ਰਚਾਰ ਕੀਤਾ ਜਾਵੇਗਾ। ਮੀਟਿੰਗ ਤੋਂ ਬਾਹਰ ਰਹਿ ਗਈਆਂ ਜਥੇਬੰਦੀਆਂ ਨੂੰ ਮਿਲਣ ਲਈ ਟੀਮ ਵੀ ਚੁਣੀ ਗਈ। ਮੀਟਿੰਗ ਵਿੱਚ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਤੋਂ ਬਲਕਰਨ ਸਿੰਘ, ਭਾਰਤੀ ਕਿਸਾਨ ਯੂਨੀਅਨ ਕਾਦੀਆਂ ਤੋਂ ਰਛਪਾਲ ਸਿੰਘ, ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਆਗੂ ਇਕਬਾਲ ਸਿੰਘ, ਕਿਰਤੀ ਕਿਸਾਨ ਯੂਨੀਅਨ ਤੋਂ ਕੁਲਦੀਪ ਸਿੰਘ ਖੁਖਰਾਣਾ, ਬਿੰਦਾ ਸਿੰਘ ਪੁਰਾਣੇਵਾਲਾ, ਨੌਜਵਾਨ ਭਾਰਤ ਸਭਾ ਤੋਂ ਗੁਰਪ੍ਰੀਤ ਸਿੰਘ ਰੋਡੇ, ਰਾਜਦੀਪ ਸਿੰਘ ਰੋਡੇ, ਜਨਤਾ ਪੈਸੰਜਰ ਟੈਂਪੂ ਯੂਨੀਅਨ ਤੋਂ ਮਨਜੀਤ ਸਿੰਘ, ਇੰਟਕ ਦੇ ਆਗੂ ਬਲਜੀਤ ਸਿੰਘ ਰਾਜਾ, ਪਲਵਿੰਦਰ ਸਿੰਘ, ਇੰਜ. ਸਵਰਨ ਸਿੰਘ ਖੋਸਾ, ਫੂਡ ਹੈਂਡਲਿੰਗ ਵਰਕਰਜ਼ ਯੂਨੀਅਨ ਦੇ ਪ੍ਰਧਾਨ ਹਾਕਮ ਸਿੰਘ, ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਆਗੂ ਦਿਗਵਿਜੇ ਪਾਲ ਸ਼ਰਮਾ, ਸੁਖਪਾਲਜੀਤ ਸਿੰਘ, ਕਰਿਆਨਾ ਦੇ ਆਗੂ ਰਾਕੇਸ਼ ਬਾਂਸਲ, ਆੜ੍ਹਤੀਆ ਐਸੋਸੀਏਸ਼ਨ ਦੇ ਕਾਲਾ ਧੱਲੇਕੇ, ਮਿੱਕੀ ਹੁੰਦਲ, ਪੈਰਾ ਮੈਡੀਕਲ ਦੇ ਕੁਲਬੀਰ ਢਿੱਲੋਂ, ਬਿਜਲੀ ਬੋਰਡ ਦੇ ਗੁਰਮੇਲ ਨਾਹਰ ਤੇ ਦਰਸ਼ਨ ਲਾਲ, ਪੰਜਾਬ ਰੋਡਵੇਜ਼ ਟਰਾਂਸਪੋਰਟ ਵਰਕਰਜ਼ ਯੂਨੀਅਨ ਦੇ ਗੁਰਜੰਟ ਕੋਕਰੀ, ਸੁਰਿੰਦਰ ਸਿੰਘ ਤੇ ਗੁਰਪ੍ਰੀਤ ਸਿੰਘ, ਪ ਸ ਸ ਫ 1406-22 ਦੇ ਆਗੂ ਰਾਜਿੰਦਰ ਸਿੰਘ ਰਿਆੜ, ਨਗਰ ਨਿਗਮ ਇੰਪਲਾਈਜ਼ ਫੈਡਰੇਸ਼ਨ ਦੇ ਆਗੂ ਸੇਵਕ ਰਾਮ ਫੌਜੀ, ਸਫਾਈ ਕਰਮਚਾਰੀ ਦੇ ਆਗੂ ਸੁਖਪਾਲ, ਪੈਨਸ਼ਨਰ ਯੂਨੀਅਨਾਂ ਦੇ ਆਗੂ ਭੁਪਿੰਦਰ ਸਿੰਘ ਸੇਖੋਂ, ਪੋਹਲਾ ਸਿੰਘ ਰੋਡਵੇਜ਼, ਬਚਿੱਤਰ ਸਿੰਘ ਧੋਥੜ, ਸਤਪਾਲ ਸਹਿਗਲ, ਚਮਕੌਰ ਸਿੰਘ ਸਰਾਂ, ਮਨਜੀਤ ਸਿੰਘ, ਪ੍ਰੇਮ ਕੁਮਾਰ, ਸਰਬਜੀਤ ਦੌਧਰ, ਇੰਦਰਜੀਤ ਸਿੰਘ ਜ਼ਿਲਾ ਸਕੱਤਰ, ਸੁਖਮੰਦਰ ਸਿੰਘ, ਨਰੇਗਾ ਮਜ਼ਦੂਰ ਯੂਨੀਅਨ ਦੇ ਆਗੂ ਸ਼ੇਰ ਸਿੰਘ ਦੌਲਤਪੁਰਾ ਤੇ ਜਗਸੀਰ ਖੋਸਾ, ਸਰਬ ਭਾਰਤ ਨੌਜਵਾਨ ਸਭਾ ਦੇ ਹਰਪ੍ਰੀਤ ਡਾਲਾ ਤੇ ਕਰਮਵੀਰ ਬੱਧਨੀ, ਆਲ ਇੰਡੀਆ ਸਟੂਡੈਂਟਸ ਫੈਡਰੇਸਨ ਦੇ ਸਵਰਾਜ ਖੋਸਾ ਵੀ ਮੌਜੂਦ ਸਨ।


**ਬੈਂਕ ਆਫ਼ ਬੜੌਦਾ Bank of Baroda** BRANCH: ROSARB Ludhiana, Add: BXX-3369, 3rd Floor, Sandhu Tower II, Gurdev Nagar, Ferozpur Road, Ludhiana.

**ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਓਰਿਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਿਟੀ ਇੰਟਰੈਸਟ ਐਕਟ 2002 ਅਧੀਨ ਬੈਂਕ ਆਫ ਬੜੌਦਾ, ਆਰ ਓ ਐੱਸ ਏ ਬੀ ਲੁਧਿਆਣਾ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਰਜ਼ਦਾਰ/ਗਰੰਟਰ ਨੂੰ ਹੇਠਾਂ ਦਰਸਾਈਆਂ ਮਿਤੀਆਂ 'ਤੇ ਡਿਮਾਂਡ ਨੋਟਿਸ ਜਾਰੀ ਕਰਦਿਆਂ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਨੋਟਿਸਾਂ 'ਚ ਦਰਸਾਈ ਰਕਮ ਅਦਾ ਕਰਨ ਲਈ ਕਿਹਾ ਸੀ।

ਕਰਜ਼ਦਾਰ/ਗਰੰਟਰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਵਿਸ਼ੇਸ਼ ਕਰ ਕੇ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਓਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸ਼ੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈ ਜਾਇਦਾਦ ਦਾ ਹੇਠਾਂ ਦਰਸਾਈ ਮਿਤੀ ਨੂੰ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਵਿਸ਼ੇਸ਼ ਕਰਕੇ ਸੰਬੰਧਤ ਧਿਰਾਂ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਾਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਬੈਂਕ ਆਫ ਬੜੌਦਾ, ਆਰ ਓ ਐੱਸ ਏ ਆਰ ਬੀ ਲੁਧਿਆਣਾ ਸ਼ਾਖਾ ਨੂੰ ਹੇਠਾਂ ਦਰਸਾਈ ਰਕਮ ਅਤੇ ਉਸ ਉਪਰ ਭਵਿੱਖੀ ਵਿਆਜ ਅਤੇ ਹੋਰ ਖਰਚਿਆਂ ਅਤੇ ਲਾਗਤਾਂ ਆਦਿ ਸਮੇਤ ਵਸੂਲੀ ਦਾ ਹੱਕਦਾਰ ਬਣਾਵੇਗਾ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਖੜ੍ਹੀ ਰਕਮ |
|---|---|---|---|---|
| ਕਰਜ਼ਦਾਰ : ਮੈਸ: ਅਰੁਣ ਇੰਟਰਨੈਸ਼ਨਲ, ਸ਼ਾਪ ਨੰ. 7, ਫਸਟ ਫਲੋਰ, ਸਿਟੀ ਪਲੇਸ, ਚੌੜੀ ਸੜਕ, ਲੁਧਿਆਣਾ, ਇਸ ਦੇ ਪ੍ਰੋਪਰਾਈਟਰ ਸ੍ਰੀ ਅਰੁਣ ਕੁਮਾਰ ਜੈਨ ਅਤੇ ਗਰੰਟਰ ਸ੍ਰੀਮਤੀ ਰੂਪਮ ਜੈਨ ਪਤਨੀ ਸ੍ਰੀ ਅਰੁਣ ਕੁਮਾਰ ਜੈਨ ਰਾਹੀਂ। | ਐੱਮ ਸੀ ਨੰ. ਬੀ-9-350/350 ਏ, ਸ਼ਾਪ ਨੰ. 7, ਫਸਟ ਫਲੋਰ, ਸਿਟੀ ਪਲੇਸ, ਚੌੜੀ ਸੜਕ ਲੁਧਿਆਣਾ। ਸ੍ਰੀਮਤੀ ਰੂਪਮ ਜੈਨ ਪਤਨੀ ਸ੍ਰੀ ਅਰੁਣ ਜੈਨ ਨਾਲ ਸੰਬੰਧਤ। ਟਾਈਟਲ ਡੀਡ ਵਸੀਕਾ ਨੰ. 7152 ਮਿਤੀ 05.08.2013 ਮੁਤਾਬਕ 153 ਵਰਗ ਫੁੱਟ ਖੇਤਰ। (ਹੱਦਾਂ) : ਪੂਰਬ : ਰਸਤਾ (9'-0"), ਪੱਛਮ : ਸ਼ਾਪ ਨੰ. 22, (9'-0"), ਉੱਤਰ : ਸ਼ਾਪ ਨੰ. 6 (17'-0"), ਦੱਖਣ : ਸ਼ਾਪ ਨੰ. 8 (17'-0") | 10.02.2020 | 09.02.2024 | ਭੌਤਿਕ ਕਬਜ਼ਾ — 31.05.2019 ਨੂੰ ਤੇ ਫਿਰ ਵਿਆਜ ਸਣੇ ਰੁਪਏ 22,56,261.70/- (ਬਾਈ ਲੱਖ ਛਪੰਜਾ ਹਜ਼ਾਰ ਦੋ ਸੌ ਇਕਾਹਠ ਰੁਪਏ ਅਤੇ ਸੱਤਰ ਪੈਸੇ) |

ਮਿਤੀ : 12.02.2024 — ਸਥਾਨ : ਲੁਧਿਆਣਾ — ਅਧਿਕਾਰਤ ਅਫਸਰ



**Midland microfin — MIDLAND MICROFIN LIMITED**
beyond microfinance — Registered Office:- The AXIS, Plot No.1, R.B. Badri Dass Colony, G.T Road, Jalandhar (PB) 144001 (INDIA)
(CIN: U65921PB1988PLC008430) Tel : +91-181-5076000, Fax No : +91- 181-2236070 Website : www.midlandmicrofin.com

31 ਦਸੰਬਰ, 2023 ਨੂੰ ਖਤਮ ਹੋਈ ਤਿਮਾਹੀ ਅਤੇ ਨੌਂ ਮਹੀਨਿਆਂ ਦੇ ਅਣਪੜਤਾਲੇ ਵਿੱਤੀ ਨਤੀਜਿਆਂ ਦਾ ਸਾਰ (ਰੁ. ਮਿਲੀਅਨ 'ਚ ਜਦ ਤੱਕ ਹੋਰ ਤਰ੍ਹਾਂ ਨਾ ਐਲਾਨੇ ਜਾਣ)

| ਲੜੀ ਨੰ. | ਵੇਰਵੇ | ਤਿਮਾਹੀ ਖਤਮ 31-12-2023 (ਅਣ-ਪੜਤਾਲੇ) | ਤਿਮਾਹੀ ਖਤਮ 31-12-2022 (ਅਣ-ਪੜਤਾਲੇ) | ਨੌਂ ਮਹੀਨੇ ਖਤਮ 31-12-2023 (ਅਣ-ਪੜਤਾਲੇ) | ਸਾਲ ਖਤਮ 31-03-2023 (ਪੜਤਾਲੇ) |
|---|---|---|---|---|---|
| 1 | ਕਾਰੋਬਾਰਾਂ ਤੋਂ ਕੁੱਲ ਆਮਦਨ | 1,335.06 | 1,066.88 | 3,687.87 | 3,944.05 |
| 2 | ਸਮੇਂ ਲਈ ਸ਼ੁੱਧ ਲਾਭ/(ਹਾਨੀ) (ਟੈਕਸ ਤੋਂ ਪਹਿਲਾਂ, ਖਾਸ ਅਤੇ ਜਾਂ ਅਸਧਾਰਨ ਆਈਟਮਾਂ) | 208.03 | 143.42 | 619.34 | 615.09 |
| 3 | ਸਮੇਂ ਲਈ ਟੈਕਸ ਤੋਂ ਪਹਿਲਾਂ ਸ਼ੁੱਧ ਲਾਭ/(ਹਾਨੀ)/ (ਖਾਸ ਅਤੇ ਜਾਂ ਅਸਧਾਰਨ ਆਈਟਮਾਂ ਤੋਂ ਮਗਰੋਂ) | 208.03 | 143.42 | 619.34 | 615.09 |
| 4 | ਸਮੇਂ ਲਈ ਟੈਕਸ ਤੋਂ ਬਾਅਦ ਸ਼ੁੱਧ ਲਾਭ/ਹਾਨੀ) (ਖਾਸ ਅਤੇ ਜਾਂ ਅਸਧਾਰਨ ਆਈਟਮਾਂ ਤੋਂ ਮਗਰੋਂ) | 156.01 | 106.04 | 464.75 | 468.33 |
| 5 | ਸਮੇਂ ਲਈ ਕੁੱਲ ਵਿਆਪਕ ਆਮਦਨ (ਸਮੇਂ ਲਈ ਸ਼ਾਮਲ ਲਾਭ/(ਹਾਨੀ) (ਟੈਕਸ ਤੋਂ ਬਾਅਦ) ਅਤੇ ਹੋਰ ਵਿਆਪਕ ਆਮਦਨ (ਟੈਕਸ ਤੋਂ ਬਾਅਦ) | 157.17 | 100.16 | 469.55 | 467.28 |
| 6 | ਪੇਡਅਪ ਇਕੁਇਟੀ ਸ਼ੇਅਰ ਕੈਪੀਟਲ | 455.70 | 455.70 | 455.70 | 455.70 |
| 7 | ਯੰਤਰ ਪੂਰੀ ਤਰ੍ਹਾਂ ਇਕੁਇਟੀ ਸੂਰਤ 'ਚ | 415.73 | - | 415.73 | 335.16 |
| 8 | ਰਿਜਰਵਜ਼ (ਰੀਵੈਲੂਏਸ਼ਨ ਰਿਜ਼ਰਵ ਤੋਂ ਬਗੈਰ) | 1,493.49 | 862.27 | 1,493.49 | 1,057.78 |
| 9 | ਸਕਿਓਰਟੀਜ਼ ਪ੍ਰੀਮੀਅਮ ਅਕਾਊਂਟ | 1,627.05 | 1,630.44 | 1,627.05 | 1,627.05 |
| 10 | ਕੁੱਲ ਮੁੱਲ | 3,991.97 | 2,948.41 | 3,991.97 | 3,475.69 |
| 11 | ਪੇਡਅਪ ਡੈਬਟ ਕੈਪੀਟਲ/ਆਊਟਸਟੈਂਡਿੰਗ ਡੈਬਟ | 17,855.43 | 15,732.82 | 17,855.43 | 15,239.64 |
| 12 | ਆਊਟਸਟੈਂਡਿੰਗ ਰੀਡੀਮੇਬਲ ਪ੍ਰੈਫਰੈਂਸ ਸ਼ੇਅਰਜ਼ | 443.90 | 403.51 | 443.90 | 410.98 |
| 13 | ਡੈਬਟ ਇਕੁਇਟੀ/ਰੇਸ਼ੋ (ਸਮੇਂ ਦੇ ਅੰਦਰ) | 4.47 | 5.34 | 4.47 | 4.38 |
| 14 | ਪ੍ਰਤੀ ਸ਼ੇਅਰ ਕਮਾਈ (ਹਰੇਕ 10 ਰੁਪਏ ਦੀ) (ਚਾਲੂ ਅਤੇ ਬੰਦ ਕਾਰੋਬਾਰਾਂ ਵਾਸਤੇ) | | | | |
| | 1. ਬੇਸਿਕ (ਰੁਪਏ) | 3.26 | 2.33 | 10.20 | 10.28 |
| | 2. ਡਿਲਿਊਟਿਡ (ਰੁਪਏ) | 3.22 | 2.33 | 10.11 | 10.28 |
| 15 | ਕੈਪੀਟਲ ਰੀਡੰਪਸ਼ਨ ਰਿਜ਼ਰਵ | 42.80 | 41.80 | 42.80 | 42.80 |
| 16 | ਡਿਬੈਂਚਰ ਰੀਡੰਪਸ਼ਨ ਰਿਜ਼ਰਵ | 36.63 | 36.63 | 36.63 | 36.63 |

ਟਿੱਪਣੀਆਂ
1. ਉਪਰੋਕਤ ਨਤੀਜੇ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੁਲੇਸ਼ਨਜ਼, 2015 ਦੇ ਰੈਗੂਲੇਸ਼ਨ 52 ਦੀਆਂ ਰਿਕੁਆਇਰਮੈਂਟਸ ਦੇ ਅਨੁਸਾਰ ਬੋਰਡ ਦੇ ਡਾਇਰੈਕਟਰਾਂ ਦੀਆਂ ਕ੍ਰਮਵਾਰ 12 ਫਰਵਰੀ, 2024 ਨੂੰ ਹੋਈਆਂ ਮੀਟਿੰਗਾਂ 'ਚ ਮਨਜ਼ੂਰ ਕੀਤੇ ਗਏ ਅਤੇ ਆਡਿਟ ਕਮੇਟੀ ਵੱਲੋਂ ਨਜ਼ਰਸ਼ਾਨੀ ਕੀਤੇ ਜਾ ਚੁੱਕੇ ਹਨ। 31 ਦਸੰਬਰ, 2023 ਨੂੰ ਖਤਮ ਹੋਈ ਤਿਮਾਹੀ ਦੇ ਉਪਰੋਕਤ ਨਤੀਜੇ ਕੰਪਨੀ ਦੇ ਸੰਵਿਧਾਨਕ ਆਡੀਟਰਾਂ ਵੱਲੋਂ ਨਜ਼ਰਸ਼ਾਨੀ ਕੀਤੇ ਜਾ ਚੁੱਕੇ ਹਨ।
2. ਉਪਰੋਕਤ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼, 2015 ਦੇ ਰੈਗੂਲੇਸ਼ਨ 33 ਅਤੇ 52 ਤਹਿਤ ਸਟਾਕ ਐਕਸਚੇਂਜ ਕੋਲ ਦਾਖਲ ਅਣ-ਪੜਤਾਲੇ ਵਿੱਤੀ ਨਤੀਜਿਆਂ ਦੇ ਵਿਸਥਾਰਤ ਫਾਰਮਟ ਦਾ ਇਕਸਾਰ ਹੈ।
ਅਣ-ਪੜਤਾਲੇ ਵਿੱਤੀ ਨਤੀਜਿਆਂ ਦਾ ਮੁਕੰਮਲ ਫਾਰਮਟ ਸਟਾਕ ਐਕਸਚੇਂਜ ਦੀ ਵੈੱਬਸਾਈਟ (www.bseindia.com) ਅਤੇ ਕੰਪਨੀ ਦੀ ਵੈੱਬਸਾਈਟ (www.midlandmicrofin.com) 'ਤੇ ਉਪਲੱਬਧ ਹੈ।
3. ਉਪਰੋਕਤ ਵਿੱਤੀ ਨਤੀਜੇ ਕਾਰਪੋਰੇਟ ਮਾਮਲੇ ਮੰਤਰਾਲਾ ਵੱਲੋਂ ਨੋਟੀਫਾਈਡ ਇੰਡੀਅਨ ਅਕਾਊਂਟਿੰਗ ਸਟੈਂਡਰਡਜ਼ (ਇੰਡ-ਏ ਐੱਸ) ਦੇ ਅਨੁਸਾਰ ਤਿਆਰ ਕੀਤੇ ਗਏ ਹਨ।

ਵਾਸਤੇ ਮਿਡਲੈਂਡ ਮਾਈਕ੍ਰੋਫਿਨ ਲਿਮਟਿਡ
ਸਹੀ/-
ਅਮਰਦੀਪ ਸਿੰਘ ਸਮਰਾ
ਮੈਨੇਜਿੰਗ ਡਾਇਰੈਕਟਰ

ਸਥਾਨ : ਜਲੰਧਰ
ਮਿਤੀ : 12 ਫਰਵਰੀ, 2024



ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

13-FEB-PAGE-3.qxd 2/12/2024 10:48 PM Page 1



# ਗਦਰੀ ਦੇਸ਼ ਭਗਤ ਬਾਬਾ ਸ਼ੇਰ ਸਿੰਘ ਵੇਈਂਪੂਈਂ ਦੀ ਬਰਸੀ ਹੁੰਮ-ਹੁਮਾ ਕੇ ਮਨਾਉਣ ਦਾ ਅਹਿਦ



**ਖਡੂਰ ਸਾਹਿਬ (ਨਜ਼ਸ)**-ਸੀਪੀਆਈ ਪਿੰਡ ਵੇਈਂਪੂਈਂ ਦੀ ਮੀਟਿੰਗ ਭਗਵੰਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਸਰਬਸੰਮਤੀ ਨਾਲ ਪਾਸ ਕੀਤਾ ਗਿਆ ਕਿ ਗਦਰੀ ਦੇਸ਼ ਭਗਤ ਬਾਬਾ ਸ਼ੇਰ ਸਿੰਘ ਵੇਈਂਪੂਈਂ ਦੀ ਬਰਸੀ 27 ਫਰਵਰੀ ਨੂੰ ਹੁੰਮ-ਹੁਮਾ ਕੇ ਮਨਾਈ ਜਾਵੇਗੀ। ਮੀਟਿੰਗ ਵਿੱਚ ਬਲਾਕ ਸਕੱਤਰ ਗੁਰਦਿਆਲ ਸਿੰਘ ਖਡੂਰ ਸਾਹਿਬ, ਬਲਦੇਵ ਸਿੰਘ ਧੂੰਦਾ, ਘੁੱਕ ਸਿੰਘ, ਬੀਬੀ ਸੰਤੋਖ ਕੌਰ, ਜਸਵੰਤ ਸਿੰਘ ਖਡੂਰ ਸਾਹਿਬ ਤੇ ਬਲਬੀਰ ਸਿੰਘ ਧੂੰਦਾ ਹਾਜ਼ਰ ਸਨ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀਪੀਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਨੇ ਕਿਹਾ ਕਿ ਗਦਰ ਪਾਰਟੀ ਅਮਰੀਕਾ ਵਿੱਚ ਹਿੰਦੁਸਤਾਨ ਨੂੰ ਅੰਗਰੇਜ਼ਾਂ ਤੋਂ ਮੁਕਤ ਕਰਾਉਣ ਲਈ ਬਣੀ ਸੀ। ਇਹ ਪਾਰਟੀ ਹਿੰਦੀ ਕਿਰਤੀਆਂ ਨੇ ਬਣਾਈ ਸੀ ਜਿਸ ਵਿੱਚ ਮੁੱਖ ਤੌਰ 'ਤੇ ਪੰਜਾਬੀ ਸਿੱਖ ਸਨ। ਜਦੋਂ ਅਮਰੀਕਾ ਦੇ ਮੂਲ ਨਿਵਾਸੀਆਂ ਨੇ ਹਿੰਦੀਆਂ ਨੂੰ ਕਿਹਾ ਕਿ ਤੁਸੀਂ ਆਪਣਾ ਦੇਸ਼ ਅੰਗਰੇਜ਼ਾਂ ਤੋਂ ਆਜ਼ਾਦ ਕਿਉਂ ਨਹੀਂ ਕਰਾਉਂਦੇ? ਉਹ ਤੁਹਾਡੀ ਕਿਰਤ ਕਮਾਈ ਲੁੱਟ ਕੇ ਆਪਣੇ ਦੇਸ਼ ਨੂੰ ਲੈ ਜਾਂਦੇ ਹਨ। ਅੰਗਰੇਜ਼ਾਂ ਨੇ ਤਹਾਨੂੰ ਗੁਲਾਮ ਬਣਾਇਆ ਹੋਇਆ ਹੈ। ਇਨ੍ਹਾਂ ਹਾਲਤਾਂ ਨੂੰ ਚੰਗੀ ਤਰ੍ਹਾਂ ਘੋਖਦੇ ਹੋਏ ਗਦਰੀ ਵਿਦੇਸ਼ਾਂ ਤੋਂ 10000 ਤੋਂ ਵਧੇਰੇ ਹਿੰਦੁਸਤਾਨ ਆਏ। ਅੰਗਰੇਜ਼ਾਂ ਨੇ ਗਦਰੀਆਂ ਦਾ ਇਨਕਲਾਬ ਕਾਮਯਾਬ ਨਾ ਹੋਣ ਦਿੱਤਾ। ਅੰਗਰੇਜ਼ਾਂ ਨੇ ਗਦਰੀਆਂ ਨੂੰ ਫਾਂਸੀਆਂ, ਉਮਰ ਕੈਦ ਤੇ ਜਾਇਦਾਦ ਜ਼ਬਤ ਦੀਆਂ ਸਾਜ਼ਾਵਾਂ ਦਿੱਤੀਆਂ। ਬਾਬਾ ਸ਼ੇਰ ਸਿੰਘ ਦਾ ਦਿਨ ਮਨਾਉਣ ਵਾਸਤੇ ਬਾਬਾ ਜੀ ਦੇ ਦੋਹਤੇ ਮਨਿੰਦਰ ਸਿੰਘ ਉਰਫ ਮੰਨੇ ਨਾਲ ਵੀ ਵਿਚਾਰ ਹੋਇਆ। ਰੇਲਵੇ ਕੋਚ ਫੈਕਟਰੀ ਕਪੂਰਥਲਾ ਦੀ ਇੰਦਰਜੀਤ ਰੂਪੋਵਾਲੀ ਦੀ ਨਾਟਕ ਟੀਮ ਨਾਟਕ ਖੇਡੇਗੀ। ਸੰਬੋਧਨ ਕਰਨ ਲਈ ਪਹੁੰਚ ਰਹੇ ਹਨ ਸੀਪੀਆਈ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ, ਪੰਜਾਬ ਇਸਤਰੀ ਸਭਾ ਦੀ ਸੂਬਾਈ ਜਨਰਲ ਸਕੱਤਰ ਨਰਿੰਦਰ ਕੌਰ ਸੋਹਲ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਕਸ਼ਮੀਰ ਸਿੰਘ ਗਦਰੀਆਂ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਬਲਕਾਰ ਸਿੰਘ ਵਲਟੋਹਾ, ਪੰਜਾਬ ਇਸਤਰੀ ਦੀ ਸੀਨੀਅਰ ਮੀਤ ਪ੍ਰਧਾਨ ਰੁਪਿੰਦਰ ਕੌਰ ਮਾੜੀਮੇਘਾ ਤੇ ਸੀਪੀਆਈ ਦੇ ਜ਼ਿਲ੍ਹਾ ਸਕੱਤਰ ਦਵਿੰਦਰ ਸੋਹਲ।

# ਪੰਜਾਬ ਇਸਤਰੀ ਸਭਾ ਔਰਤ ਨੂੰ ਬਣਦਾ ਸਨਮਾਨ ਦਿਵਾਉਣ ਲਈ ਸੰਘਰਸ਼ ਜਾਰੀ ਰੱਖੇਗੀ : ਰਜਿੰਦਰਪਾਲ ਕੌਰ

**ਅੰਮ੍ਰਿਤਸਰ (ਨਜ਼ਸ)**-'ਔਰਤ ਦੇ ਸਨਮਾਨ ਵਿੱਚ, ਪੰਜਾਬ ਇਸਤਰੀ ਸਭਾ ਮੈਦਾਨ 'ਚ' ਮੁਹਿੰਮ ਤਹਿਤ ਪੰਜਾਬ ਇਸਤਰੀ ਸਭਾ ਅੰਮ੍ਰਿਤਸਰ ਨੇ ਵਿਰਸਾ ਵਿਹਾਰ ਅੰਮ੍ਰਿਤਸਰ ਵਿਖੇ ਇੱਕ ਸੈਮੀਨਾਰ ਕਰਵਾਇਆ ਜਿਸ ਦੀ ਪ੍ਰਧਾਨਗੀ ਪੰਜਾਬ ਇਸਤਰੀ ਸਭਾ ਦੇ ਸੂਬਾ ਸਰਪ੍ਰਸਤ ਨਰਿੰਦਰ ਪਾਲ, ਨਾਰੀ ਚੇਤਨਾ ਮੰਚ ਦੇ ਪ੍ਰਧਾਨ ਜਸਪਾਲ ਭਾਟੀਆ ਅਤੇ ਸਾਬਕਾ ਪ੍ਰਧਾਨ, ਉੱਘੀ ਲੇਖਕਾ ਡਾਕਟਰ ਇਕਬਾਲ ਕੌਰ ਨੇ ਕੀਤੀ। ਇਸ ਵਿੱਚ ਡਾ. ਸਵਰਾਜ ਗਰੋਵਰ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਅਤੇ ਡਾ, ਪ੍ਰਭਜੋਤ ਕੌਰ, ਡਾ. ਇੰਦਰਾ ਵਿਰਕ ਵਿਸ਼ੇਸ਼ ਮਹਿਮਾਨ ਵਜੋਂ ਸਾਮਿਲ ਹੋਏ। ਸਮਾਗਮ ਦੇ ਸ਼ੁਰੂ ਵਿੱਚ ਜ਼ਿਲਾ ਜਨਰਲ ਸਕੱਤਰ ਅਤੇ ਪ੍ਰਧਾਨ ਸ਼ਰਨਜੀਤ ਕੌਰ ਅਤੇ ਪਰਵੀਨ ਨੇ ਵਿਸ਼ਵ ਪ੍ਰਧਾਨਗੀ ਮੰਡਲ ਅਤੇ ਖਾਸ ਮਹਿਮਾਨਾਂ ਦਾ ਹਾਰ ਪਾ ਕੇ ਅਤੇ ਬੈਜ ਲਗਾ ਕੇ ਸਨਮਾਨ ਕੀਤਾ। ਸਟੇਜ ਸਕੱਤਰ ਦੇ ਫਰਜ਼ ਨਿਭਾਉਂਦਿਆਂ ਰਜਿੰਦਰ ਪਾਲ ਕੌਰ ਸੂਬਾ ਪ੍ਰਧਾਨ ਨੇ ਦੱਸਿਆ ਕਿ ਔਰਤਾਂ ਉੱਤੇ ਜ਼ੁਲਮ ਦੀ ਇੰਤਹਾ ਹੋ ਰਹੀ ਹੈ। ਬਲਾਤਕਾਰ ਅਤੇ ਛੇੜਛਾੜ ਦੇ ਮਾਮਲੇ ਬਹੁਤ ਵੱਧ ਰਹੇ ਹਨ। ਦੁੱਖ ਦੀ ਗੱਲ ਤਾਂ ਇਹ ਹੈ ਕਿ ਇਹੋ ਜਿਹੇ ਮਾਮਲਿਆਂ ਵਿੱਚ ਦੋਸ਼ੀਆਂ ਨੂੰ ਜੇਲ ਵਿੱਚੋਂ ਬਾਹਰ ਆਉਣ ਤੇ ਇਹੋ ਜਿਹਾ ਮਾਣ-ਸਨਮਾਨ ਦਿੱਤਾ ਜਾਂਦਾ ਹੈ ਕਿ ਉਹ ਲੋਕਾਂ ਦੇ ਆਦਰਸ਼ ਬਣ ਜਾਣ ਅਤੇ ਇਹੋ



ਜਿਹੀਆਂ ਘਟਨਾਵਾਂ ਨੂੰ ਅੰਜਾਮ ਦੇਣਾ ਮਾਣ ਸਮਝਣ। ਨੈਸ਼ਨਲ ਫੈਡਰੇਸ਼ਨ ਆਫ ਇੰਡੀਅਨ ਵੋਮੈਨ ਨੇ ਫੈਸਲਾ ਕੀਤਾ ਹੈ ਕਿ ਇਸ ਸਬੰਧੀ ਲੋਕਾਂ ਵਿੱਚ ਜਾਗਰੂਕਤਾ ਫੈਲਾਉਣ ਵਾਸਤੇ ਸਾਰੇ ਦੇਸ਼ ਵਿੱਚ ਪ੍ਰੋਗਰਾਮ ਕੀਤੇ ਜਾਣ ਕਿ ਔਰਤਾਂ ਦੀ ਸੁਰੱਖਿਆ ਸਬੰਧੀ ਸਰਕਾਰਾਂ ਆਪਣੇ ਫਰਜ਼ ਨਿਭਾਉਣ ਵਿੱਚ ਕਾਮਯਾਬ ਹੋਣ। ਇਸ ਤੋਂ ਇਲਾਵਾ ਉਨ੍ਹਾਂ ਨੇ ਹੋਰ ਮੰਗਾਂ ਜਿਵੇਂ ਕਿ ਮੁਫਤ ਅਤੇ ਲਾਜ਼ਮੀ ਸਿੱਖਿਆ, ਰੁਜ਼ਗਾਰ, ਨਰੇਗਾ ਕਾਮਿਆਂ ਦੀਆਂ ਮੰਗਾਂ, ਆਸ਼ਾ ਵਰਕਰ, ਆਂਗਣਵਾੜੀ ਵਰਕਰ ਅਤੇ ਮਿਡ-ਡੇ ਮੀਲ ਵਰਕਰਜ਼ ਦੀਆਂ ਮੰਗਾਂ ਦੀ ਹਮਾਇਤ ਕੀਤੀ। ਵਿਸ਼ੇਸ਼ ਮਹਿਮਾਨ ਡਾ. ਇੰਦਰਾ ਵਿਰਕ, ਡਾ. ਪ੍ਰਭਜੋਤ ਕੌਰ ਅਤੇ ਮੁੱਖ ਮਹਿਮਾਨ ਸਵਰਾਜ ਗਰੋਵਰ ਨੇ ਇਨ੍ਹਾਂ ਵਿਸ਼ਿਆਂ 'ਤੇ ਬਹੁਤ ਵਧੀਆ ਅਤੇ ਡੂੰਘੇ ਵਿਚਾਰ ਪੇਸ ਕੀਤੇ ਅਤੇ ਕੁਝ ਸੁਝਾਅ ਵੀ ਰੱਖੇ। ਯੂਨੀਵਰਸਿਟੀ ਵਿੱਚ ਭਗਤ ਨਾਮਦੇਵ ਚੇਅਰ ਦੇ ਚੇਅਰਪਰਸਨ ਡਾ. ਇਕਬਾਲ ਕੌਰ ਨੇ ਔਰਤਾਂ ਦੀ ਸਥਿੱਤੀ ਸਬੰਧੀ ਡੂੰਘੀ ਚਿੰਤਾ ਪ੍ਰਗਟ ਕਰਦੇ ਹੋਏ ਔਰਤ ਵੱਲੋਂ ਨਿਆਂ ਅਤੇ ਬਰਾਬਰੀ ਲਈ ਕੀਤੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਨਾਰੀ ਚੇਤਨਾ ਮੰਚ ਵੱਲੋਂ ਅੱਜ ਦੇ ਪ੍ਰੋਗਰਾਮ ਵਿੱਚ ਪਾਏ ਯੋਗਦਾਨ ਤੇ ਤਸੱਲੀ ਪ੍ਰਗਟ ਕੀਤੀ। ਹੈਲਪ ਏ ਚਾਈਲਡ ਆਫ ਇੰਡੀਆ ਦੀ ਪਰੋਜੈਕਟ ਅਫਸਰ ਰੇਖਾ ਭੱਟੀ ਨੇ ਵੀ ਆਪਣੇ ਸਮਾਜ ਸੇਵਾ ਵਿੱਚ ਪਾਏ ਜਾ ਰਹੇ ਯੋਗਦਾਨ ਦਾ ਵਰਨਣ ਕੀਤਾ ਅਤੇ ਬੱਚਿਆਂ ਦੀ ਸਿੱਖਿਆ ਵੱਲ ਆਪਣੀ ਸੰਸਥਾ ਵੱਲੋਂ ਅਤੇ ਆਪਣੇ ਵੱਲੋਂ ਕੀਤੇ ਗਏ ਕੰਮਾਂ ਦਾ ਵੇਰਵਾ ਪੇਸ਼ ਕੀਤਾ। ਇਸ ਸੰਸਥਾ ਵੱਲੋਂ ਵੱਡੀ ਗਿਣਤੀ ਵਿੱਚ ਮੈਂਬਰਾਂ ਨੇ ਸ਼ਮੂਲੀਅਤ ਕੀਤੀ ਅਤੇ ਉਨ੍ਹਾਂ ਦੇ ਪਤੀ ਅਤੇ ਸਹਿਯੋਗੀ ਪਵਨ ਭੱਟੀ ਨੇ ਪੰਜਾਬ ਇਸਤਰੀ ਸਭਾ ਦਾ ਧੰਨਵਾਦ ਕੀਤਾ ਕਿ ਉਨ੍ਹਾਂ ਨੇ ਸਾਨੂੰ ਇਸ ਪ੍ਰੋਗਰਾਮ ਦਾ ਹਿੱਸਾ ਬਣਾਇਆ ਹੈ। ਉਨ੍ਹਾਂ ਨੇ ਅੱਗੇ ਤੋਂ ਵੀ ਪੰਜਾਬ ਇਸਤਰੀ ਸਭਾ ਨੂੰ ਪੂਰਾ ਸਾਥ ਦੇਣ ਦਾ ਭਰੋਸਾ ਦਵਾਇਆ। ਡਾ. ਹਿਰਦੇਪ੍ਰੀਤ ਨੇ ਇੱਕ ਗੀਤ ਵੀ ਪੇਸ਼ ਕੀਤਾ। ਇਸ ਤੋਂ ਇਲਾਵਾ ਮੈਡਮ ਸਿਮਰਜੀਤ ਕੌਰ, ਮੈਡਮ ਦਾ ਰਾਜਵੰਤ ਬਾਜਵਾ ਅਤੇ ਗੁਰਪ੍ਰੀਤ ਕੌਰ ਨੇ ਕਵਿਤਾਵਾਂ ਰਾਹੀਂ ਔਰਤਾਂ ਦਾ ਦਰਦ ਪੇਸ਼ ਕੀਤਾ। ਨਾਰੀ ਚੇਤਨਾ ਮੰਚ ਦੇ ਮੈਂਬਰ ਵੱਡੀ ਗਿਣਤੀ ਵਿੱਚ ਪਹੁੰਚੇ ਜਿਨ੍ਹਾਂ ਵਿੱਚ ਕੇਵਲ ਸ਼ਰਮਾ, ਰਿਤੂ ਗਗਨ, ਮੈਡਮ ਪੰਕਜ, ਮੈਡਮ ਜੋਤੀ ਆਦਿ ਸ਼ਾਮਿਲ ਸਨ। ਨਾਰੀ ਚੇਤਨਾ ਮੰਚ ਦੇ ਮੈਂਬਰਾਂ ਨੇ ਪੰਜਾਬ ਇਸਤਰੀ ਸਭਾ ਨੂੰ ਫੰਡ ਵਿੱਚ ਬਹੁਤ ਮਦਦ ਕੀਤੀ ਜਿਸ ਵਾਸਤੇ ਪੰਜਾਬ ਇਸਤਰੀ ਸਭਾ ਨਾਰੀ ਚੇਤਨਾ ਮੰਚ ਦੇ ਪ੍ਰਧਾਨ ਜਸਪਾਲ ਭਾਟੀਆ ਦੀ ਬਹੁਤ ਧੰਨਵਾਦੀ ਹੈ। ਅੰਤ ਵਿੱਚ ਪੰਜਾਬ ਇਸਤਰੀ ਸਭਾ ਅੰਮ੍ਰਿਤਸਰ ਦੇ ਪ੍ਰਧਾਨ ਭੈਣ ਪਰਵੀਨ ਨੇ ਔਰਤਾਂ ਨੂੰ ਸਮਾਜ ਵਿੱਚ ਨਿਆ ਅਤੇ ਇਨਸਾਫ ਦਿਵਾਉਣ ਸਬੰਧੀ ਆਪਣੇ ਵਿਚਾਰ ਪੇਸ਼ ਕਰਦਿਆਂ ਧੰਨਵਾਦ ਕੀਤਾ।

# 16 ਦੇ ਭਾਰਤ ਬੰਦ ਨੂੰ ਸਫਲ ਬਣਾਉਣ ਲਈ ਹਰ ਪੰਜਾਬੀ ਨੂੰ ਅਪੀਲ



**ਬਟਾਲਾ (ਤਰਲੋਕ ਬੱਗਾ)**-16 ਦੇ ਫਰਵਰੀ ਦੇ ਭਾਰਤ ਬੰਦ ਨੂੰ ਸਫਲ ਬਣਾਉਣ ਲਈ ਸੰਯੁਕਤ ਕਿਸਾਨ ਮੋਰਚੇ ਤਹਿਸੀਲ ਫਹਿਤਗੜ੍ਹ ਚੂੜੀਆਂ ਵਲੋਂ ਦਾਣਾ ਮੰਡੀ ਇਕੱਠੇ ਹੋ ਕੇ ਆਮ ਸ਼ਹਿਰੀਆਂ, ਬੱਸ ਅਪਰੇਟਰਾਂ, ਦੁਕਾਨਦਾਰ ਭਰਾਵਾਂ, ਮੰਡੀ ਪ੍ਰਬੰਧਕਾਂ, ਰੇਹੜੀ ਫੇੜ੍ਹੀ ਵਾਲੇ ਮਜ਼ਦੂਰਾਂ, ਹੋਰ ਪਬਲਿਕ ਸੈਕਟਰ ਦੇ ਮੁਲਾਜ਼ਮਾਂ ਨੂੰ 16 ਫਰਵਰੀ ਦੇ ਭਾਰਤ ਬੰਦ ਨੂੰ ਸਫਲ ਬਣਾਉਣ ਲਈ ਅਪੀਲ ਕੀਤੀ ਅਤੇ ਪੁਰਾਣਾ ਬੱਸ ਅੱਡਾ ਚੌਕ ਵਿਖੇ ਕੀਤੇ ਜਾ ਰਹੇ ਰੋਸ ਧਰਨੇ 'ਚ ਸ਼ਾਮਲ ਹੋਣ ਦੀ ਅਪੀਲ ਕੀਤੀ। ਮਾਰਚ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਤਹਿਸੀਲ ਪ੍ਰਧਾਨ ਅਵਤਾਰ ਸਿੰਘ ਠੱਠਾ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲਾ ਪ੍ਰਧਾਨ ਲਖਵਿੰਦਰ ਸਿੰਘ ਮੰਜਿਆਂਵਾਲੀ, ਕਿਰਤੀ ਕਿਸਾਨ ਯੂਨੀਅਨ ਦੇ ਆਗੂ ਦਿਲਬਾਗ ਸਿੰਘ ਡੋਗਰ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸੂਬਾ ਸਹਾਇਕ ਸਕੱਤਰ ਸ਼ਮਸ਼ੇਰ ਸਿੰਘ ਨਵਾਂ ਪਿੰਡ ਨੇ ਕਿਹਾ ਕਿ 16 ਫਰਵਰੀ ਦਾ ਭਾਰਤ ਬੰਦ ਦੇਸ਼ ਦੇ ਖੇਤੀ ਖੇਤਰ, ਸਿੱਖਿਆ, ਟਰਾਂਸਪੋਰਟ, ਬਿਜਲੀ ਸਮੇਤ ਪਬਲਿਕ ਸੈਕਟਰ ਉੱਪਰ ਕੇਂਦਰ ਸਰਕਾਰ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਕਾਰਪੋਰੇਟ ਪੱਖੀ ਅਤੇ ਤਾਨਾਸ਼ਾਹ ਨੀਤੀਆਂ ਵਿਰੁੱਧ ਸਖਤ ਰੋਹ ਦਾ ਪ੍ਰਗਟਾਵਾ ਕਰਨ ਲਈ ਕੀਤਾ ਜਾ ਰਿਹਾ ਹੈ। ਮੋਦੀ ਸਰਕਾਰ ਕਿਸਾਨਾਂ ਦੀਆਂ ਐੱਮਐੱਸਪੀ ਅਤੇ ਕਰਜ਼ਾ ਮੁਕਤੀ ਅਤੇ ਹੋਰ ਮੰਗਾਂ ਨਾਲ ਸਬੰਧਤ ਮਾਮਲਿਆਂ ਨੂੰ ਮੰਨਣ ਦਾ ਲਿਖਤੀ ਵਾਅਦਾ ਕਰਕੇ ਮੁੱਕਰ ਗਈ ਹੈ। ਚਾਰ ਲੇਬਰ ਕੋਡ, ਅਗਨੀਵੀਰ ਸਕੀਮ, ਕੌਮੀ ਸਿੱਖਿਆਂ ਨੀਤੀ ਅਤੇ ਹਿੱਟ ਐਂਡ ਰਨ ਕਾਨੂੰਨ ਆਦਿ ਇੱਕ ਤੋਂ ਬਾਅਦ ਇੱਕ ਮਾਮਲਾ ਇਸ ਦੇ ਗਵਾਹ ਹਨ। ਮੋਦੀ-ਸ਼ਾਹ ਸਰਕਾਰ ਦੇਸ਼ ਦੇ ਸੰਵਿਧਾਨ, ਲੋਕਤੰਤਰ, ਧਰਮ-ਨਿਰਪੱਖਤਾ ਤੇ ਫੈਡਰਲ ਢਾਂਚੇ ਨੂੰ ਲਗਾਤਾਰ ਕਮਜ਼ੋਰ ਕਰ ਰਹੀ ਹੈ ਜਿਸ ਕਾਰਨ ਦੇਸ਼ ਦੀ ਏਕਤਾ ਤੇ ਪ੍ਰਭੁਸੱਤਾ ਖਤਰੇ ਵਿੱਚ ਹੈ। ਇਸ ਮੌਕੇ ਦਲਜੀਤ ਸਿੰਘ ਚਿਤੌੜਗੜ੍ਹ, ਰਾਜਪਾਲ ਸਿੰਘ ਫਤਿਹਗੜ੍ਹ ਚੂੜੀਆਂ, ਸਿਮਰਜੋਤ ਸਿੰਘ ਮੂਲੋਵਾਲ, ਦਲਬੀਰ ਸਿੰਘ ਜੇਈ, ਅਜੀਤ ਸਿੰਘ ਖੋਖਰ, ਹਰਭੇਜ ਸਿੰਘ ਠੱਠਾ, ਗੁਰਮੇਜ ਸਿੰਘ ਖੋਖਰ, ਬਲਵਿੰਦਰ ਸਿੰਘ ਚਿਤੌੜਗੜ੍ਹ, ਦਵਿੰਦਰ ਸਿੰਘ ਸਰਪੰਚ ਫੱਤੇਵਾਲੀ, ਹਰਜਿੰਦਰ ਸਿੰਘ ਦਾਦੂਜੋਧ, ਚਰਨ ਸਿੰਘ ਫਤਿਹਗੜ੍ਹ ਚੂੜੀਆਂ, ਜਰਨੈਲ ਸਿੰਘ ਮੰਜਿਆਂਵਾਲੀ, ਅਜੀਤ ਸਿੰਘ ਸਾਬਕਾ ਸਰਪੰਚ ਠੱਠਾ, ਗੁਰਮੀਤ ਸਿੰਘ ਠੱਠਾ, ਜਥੇਦਾਰ ਲਖਵਿੰਦਰ ਸਿੰਘ ਸ਼ਰਫਕੋਟ, ਸ਼ਮਸ਼ੇਰ ਸਿੰਘ ਫਤਿਹਗੜ੍ਹ ਚੂੜੀਆਂ ਆਦਿ ਹਾਜ਼ਰ ਸਨ।

# ਸੇਂਟ ਕਬੀਰ ਸਕੂਲ ਦੀ ਅਧਿਆਪਕਾ ਪਰਮਿੰਦਰ ਕੌਰ ਨੂੰ ਸਨੇਹ ਭਰੀ ਵਿਦਾਇਗੀ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ ਦੇ ਵਿਗਿਆਨ ਵਿਭਾਗ ਦੀ ਅਧਿਆਪਕਾ ਪਰਮਿੰਦਰ ਕੌਰ ਨੂੰ ਸਮੂਹ ਸਟਾਫ ਵਲੋਂ ਮੈਨੇਜਮੈਂਟ ਕਮੇਟੀ ਵੱਲੋਂ ਸਨੇਹ ਭਰੀ ਵਿਦਾਇਗੀ ਦਿੱਤੀ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਐੱਸ. ਬੀ. ਨਾਯਰ ਦੀ ਰਹਿਨੁਮਾਈ ਹੇਠ ਸਵੇਰ ਦੀ ਸਭਾ ਦੌਰਾਨ ਵਿਦਾਇਗੀ ਸਮਾਰੋਹ ਕਰਵਾਇਆ ਗਿਆ। ਸਮਾਗਮ ਵਿੱਚ ਅਧਿਆਪਕਾ ਪਰਮਿੰਦਰ ਕੌਰ ਨੇ ਆਪਣੇ ਜੀਵਨ ਸਾਥੀ ਰਵਿੰਦਰ ਸਿੰਘ ਨਾਨੋਵਾਲ ਜੀਂਦੜ ਅਤੇ ਪਰਿਵਾਰਕ ਮੈਂਬਰਾਂ ਗੁਰਅੰਮ੍ਰਿਤ ਸਿੰਘ, ਅਜੈਪਾਲ ਸਿੰਘ, ਮਨਪ੍ਰੀਤ ਕੌਰ ਸਮੇਤ ਸ਼ਿਰਕਤ ਕੀਤੀ। ਉਨ੍ਹਾਂ ਦਾ ਸਕੂਲ ਪਹੁੰਚਣ 'ਤੇ ਸਕੂਲੀ ਬੈਂਡ ਦੁਆਰਾ ਭਰਵਾਂ ਸੁਆਗਤ ਕੀਤਾ ਗਿਆ। ਇਸ ਮੌਕੇ ਅਧਿਆਪਕਾ ਪਰਮਿੰਦਰ ਕੌਰ ਵੱਲੋਂ ਸਕੂਲ ਵਿੱਚ ਬਿਤਾਏ ਪਲਾਂ ਨੂੰ ਅਧਿਆਪਕਾ ਜਸਵਿੰਦਰ ਕੌਰ ਤੇ ਏਕਮਦੀਪ ਕੌਰ ਵੱਲੋਂ ਸਮੁੱਚੇ ਸਕੂਲ ਸਨਮੁੱਖ ਸਾਂਝਿਆਂ ਕੀਤਾ ਗਿਆ। ਸਕੂਲ ਪ੍ਰਿੰਸੀਪਲ ਐੱਸ. ਬੀ. ਨਾਯਰ ਨੇ ਕਿਹਾ ਸੇਵਾ ਮੁਕਤ ਹੋਣਾ ਇੱਕ ਅਜਿਹਾ ਮੌਕਾ ਹੈ ਜਿੱਥੇ ਖੁਸ਼ੀ ਅਤੇ ਗਮੀ ਦੇ ਭਾਵ ਦੋਵੇਂ ਇਕੱਠਿਆਂ ਆਉਂਦੇ ਹਨ। ਪ੍ਰਿੰਸੀਪਲ ਨਾਯਰ ਨੇ ਅਧਿਆਪਕਾ ਪਰਮਿੰਦਰ ਕੌਰ ਵੱਲੋਂ 2002 ਤੋਂ ਲੈ ਕੇ 2024 ਤੱਕ ਸਕੂਲ ਵਿੱਚ 22 ਸਾਲ ਦਿੱਤੀਆਂ ਸੇਵਾਵਾਂ ਦੀ ਬਾਖੂਬੀ ਤਾਰੀਫ ਕੀਤੀ। ਅਧਿਆਪਕਾ ਪਰਮਿੰਦਰ ਕੌਰ ਨੇ ਆਪਣੇ ਵਿਦਾਇਗੀ ਸਮਾਗਮ ਦੌਰਾਨ ਵਿਚਾਰ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਹਮੇਸ਼ਾ ਮਿਹਨਤ ਕਰਦੇ ਰਹਿਣ ਤੇ ਕਾਮਯਾਬੀ ਦੀਆਂ ਪੌੜੀਆਂ ਚੜ੍ਹਦੇ ਰਹਿਣ 'ਚ ਆਸ਼ੀਰਵਾਦ ਦਿੱਤਾ ਅਤੇ ਉਨ੍ਹਾਂ ਦੇ ਜੀਵਨ ਸਾਥੀ ਰਵਿੰਦਰ ਸਿੰਘ ਨੇ ਵੀ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਕਾਮਯਾਬ ਹੋਣ ਲਈ ਅਧਿਆਪਕਾਂ ਦਾ ਸਤਿਕਾਰ ਕਰਨ ਤੇ ਵਿਦਿਆਰਥੀ ਜੀਵਨ ਵਿੱਚ ਇੱਕ-ਦੂਜੇ ਉਪਰ ਭਰੋਸਾ ਰੱਖਣ ਵਰਗੇ ਗੁਣਾਂ ਨੂੰ ਧਾਰਨ ਕਰਨ ਲਈ ਪ੍ਰੇਰਿਆ। ਪ੍ਰੋਗਰਾਮ ਦੇ ਅਖੀਰਲੇ ਪਲਾਂ ਦੌਰਾਨ ਪ੍ਰਿੰਸੀਪਲ ਨਾਯਰ, ਪ੍ਰਬੰਧਕ ਨਵਦੀਪ ਕੌਰ ਤੇ ਕੁਲਦੀਪ ਕੌਰ ਅਤੇ ਸਮੁੱਚੇ ਸਾਇੰਸ ਵਿਭਾਗ ਦੇ ਅਧਿਆਪਕਾਂ ਸਮੇਤ ਸਕੂਲ ਵੱਲੋਂ ਅਧਿਆਪਕਾ ਪਰਮਿੰਦਰ ਕੌਰ ਨੂੰ ਯਾਦਗਾਰੀ ਚਿੰਨ੍ਹ ਤੇ ਬਣਦੇ ਮਾਣ-ਸਨਮਾਨ ਨਾਲ ਨਿਵਾਜਿਆ ਗਿਆ। ਇਸ ਖੂਬਸੂਰਤ ਯਾਦਗਾਰੀ ਪਲਾਂ ਨੂੰ ਮਾਣਦੇ ਹੋਏ ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ ਦੇ ਹੋਣਹਾਰ, ਤਜਰਬੇਕਾਰ ਤੇ ਮਿਹਨਤੀ ਅਧਿਆਪਕਾ ਪਰਮਿੰਦਰ ਕੌਰ ਨੂੰ ਸਕੂਲ ਵੱਲੋਂ ਪੂਰੇ ਮਾਣ-ਸਤਿਕਾਰ ਨਾਲ ਵਿਦਾਇਗੀ ਦਿੱਤੀ ਗਈ। ਇਸ ਮੌਕੇ ਪੀ. ਐੱਸ. ਚਾਹਲ, ਵਿਸ਼ਾਲ ਸਿੰਘ, ਵਿਸ਼ਾਲ ਸ਼ਰਮਾ, ਸੀਮਾ ਕਾਲੀਆ, ਸੀਮਾ ਦੀਕਸ਼ਤ, ਟੇਨ ਸਿੰਘ, ਦਮਨਬੀਰ ਸਿੰਘ ਆਦਿ ਅਧਿਆਪਕਾਂ ਸਮੇਤ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਪੰਜਾਬ ਦੀ ਚਹੁੰਮੁਖੀ ਤਰੱਕੀ ਲਈ ਅਕਾਲੀ ਦਲ ਨੂੰ ਮਜ਼ਬੂਤ ਕਰਨਾ ਸਾਡੀ ਨੈਤਿਕ ਜ਼ਿੰਮੇਵਾਰੀ : ਬ੍ਰਹਮਪੁਰਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਅਤੇ ਹਲਕਾ ਖਡੂਰ ਦੇ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਪਾਰਟੀ ਦੀ ਮਜ਼ਬੂਤੀ ਲਈ ਆਪਣੇ ਹਲਕਾ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਅਕਾਲੀ ਵਰਕਰਾਂ ਨਾਲ ਮੀਟਿੰਗ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੀ ਤਰੱਕੀ ਅਤੇ ਲੋਕਾਂ ਦੀ ਭਲਾਈ ਲਈ ਪਾਰਟੀ ਨੂੰ ਮਜ਼ਬੂਤ ਕਰਨਾ ਮੇਰੀ ਨੈਤਿਕ ਤੌਰ 'ਤੇ ਜ਼ਿੰਮੇਵਾਰੀ ਹੈ। ਸ੍ਰ. ਬ੍ਰਹਮਪੁਰਾ ਨੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਗੋਇੰਦਵਾਲ ਸਾਹਿਬ ਦੇ ਥਰਮਲ ਪਲਾਂਟ ਦੇ ਦੌਰੇ ਨੂੰ ਲੈ ਕੇ ਚਿੰਤਾ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਨੇ ਉਦਘਾਟਨੀ ਸਮਾਰੋਹ ਨੂੰ 'ਝੂਠ ਦਾ ਪੁਲੰਦਾ' ਦੱਸਦਿਆਂ ਆਲੋਚਨਾ ਕੀਤੀ ਅਤੇ ਦੂਜੇ ਸੂਬਿਆਂ ਤੋਂ 'ਆਪ' ਆਗੂਆਂ ਦੇ ਦੌਰਿਆਂ ਕਾਰਨ ਪੰਜਾਬ ਦੇ ਫੰਡਾਂ ਦੀ ਬਰਬਾਦੀ 'ਤੇ ਸਵਾਲ ਖੜ੍ਹੇ ਕੀਤੇ। ਬ੍ਰਹਮਪੁਰਾ ਨੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੱਲੋਂ ਕੀਤੀਆਂ ਪਹਿਲਕਦਮੀਆਂ 'ਤੇ ਚਾਨਣਾ ਪਾਇਆ, ਜਿਸ ਵਿੱਚ ਕਿਸਾਨਾਂ ਦੇ ਬਿਜਲੀ ਬਿੱਲਾਂ ਦੀ ਮੁਆਫ਼ੀ ਅਤੇ ਰਾਸ਼ਨ ਸਕੀਮ ਦੀ ਸ਼ੁਰੂਆਤ ਸ਼ਾਮਲ ਹੈ, ਜਿਸ ਨਾਲ ਪਰਿਵਾਰਾਂ ਨੂੰ ਜ਼ਰੂਰੀ ਖੁਰਾਕੀ ਵਸਤਾਂ ਮੁਹੱਈਆ ਕਰਵਾਈਆਂ ਜਾਂਦੀਆਂ ਸਨ। ਉਨ੍ਹਾਂ ਬਿਜਲੀ ਸਰਪਲੱਸ ਬਾਰੇ ਆਮ ਆਦਮੀ ਪਾਰਟੀ ਦੇ ਗੁੰਮਰਾਹਕੁੰਨ ਬਿਆਨਾਂ ਦੀ ਸਖ਼ਤ ਆਲੋਚਨਾ ਕੀਤੀ ਅਤੇ ਰਿਹਾਇਸ਼ੀ ਖੇਤਰਾਂ ਵਿੱਚ ਬਿਜਲੀ ਦੇ ਮੀਟਰਾਂ ਦੀ ਘਾਟ ਕਾਰਨ ਆਮ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ 2024 ਦੀਆਂ ਲੋਕ ਸਭਾ ਚੋਣਾਂ 'ਚ ਅਕਾਲੀਆਂ ਦੀ ਹੀ ਜਿੱਤ ਨਿਸ਼ਚਿਤ ਹੈ। ਉਨ੍ਹਾਂ ਪੰਜਾਬ ਦੇ ਲੋਕਾਂ ਦੀ ਸੇਵਾ ਕਰਨ ਲਈ ਸ਼੍ਰੋਮਣੀ ਅਕਾਲੀ ਦਲ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਆਪਣੀ ਟਿੱਪਣੀ ਦੀ ਸਮਾਪਤੀ ਕੀਤੀ। ਉਨ੍ਹਾਂ ਆਮ ਆਦਮੀ ਪਾਰਟੀ ਨੂੰ ਨਸੀਹਤ ਦਿੱਤੀ ਕਿ ਉਹ ਨੌਜਵਾਨਾਂ ਨੂੰ ਮੁਫ਼ਤ ਸ਼ਗੂਫ਼ਿਆਂ ਦਾ ਲਾਲਚ ਦੇਣ ਦੀ ਬਜਾਏ ਰੁਜ਼ਗਾਰ ਦੇ ਮੌਕੇ ਦੇਣ ਨੂੰ ਪਹਿਲ ਦੇਵੇ। ਉਨ੍ਹਾਂ ਨੇ ਪੰਜਾਬ ਦੇ ਲੋਕਾਂ ਨੂੰ ਦਰਪੇਸ਼ ਚੁਣੌਤੀਆਂ ਨਾਲ ਨਜਿੱਠਣ ਲਈ ਅਸਲ ਵਿਕਾਸ ਅਤੇ ਫੌਰੀ ਹੱਲ ਦੀ ਲੋੜ 'ਤੇ ਜ਼ੋਰ ਦਿੱਤਾ।

# ਮੁਗਲਾਨੀ ਵਿਖੇ ਭਾਰਤ ਬੰਦ ਦੀ ਤਿਆਰੀ ਲਈ ਸੰਘਰਸ਼ੀ ਆਗੂਆਂ ਦੀ ਹੋਈ ਅਹਿਮ ਮੀਟਿੰਗ

**ਮੀਆਂਵਿੰਡ (ਰਵੀ ਖਹਿਰਾ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਵੱਲੋਂ ਭਰਵੀਂ ਮੀਟਿੰਗ ਕੀਤੀ ਗਈ ਜਿਸ ਦੀ ਪ੍ਰਧਾਨਗੀ ਮਾਤਾ ਚਰਨ ਕੌਰ ਅਤੇ ਸੁਖਵਿੰਦਰ ਸਿੰਘ ਮੁਗਲਾਨੀ ਨੇ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜ਼ਿਲ੍ਹਾ ਸਕੱਤਰ ਮੁਖਤਿਆਰ ਮੱਲਾਂ ਤੇ ਸੁਲੱਖਣ ਸਿੰਘ ਤੁੜ ਅਤੇ ਰੇਸ਼ਮ ਸਿੰਘ ਫੈਲੋ ਅਤੇ ਹਰਿੰਦਰ ਕੌਰ ਬੁਟਾਰੀ ਨੇ ਕਿਹਾ ਕਿ ਭਾਜਪਾ ਦੀ ਮੋਦੀ ਸਰਕਾਰ ਹਿੰਦੂ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਵਰਤ ਕੇ 2024 ਦੀਆਂ ਚੋਣਾਂ ਜਿੱਤਣੀਆਂ ਚਾਹੁੰਦੀ ਹੈ। ਦੇਸ਼ ਅੰਦਰ ਫਿਰਕੂ ਭਾਵਨਾਵਾਂ ਭੜਕਾ ਰਹੀ ਹੈ ਅਤੇ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਤੋਂ ਧਿਆਨ ਲਾਂਭੇ ਕਰਨ ਦਾ ਯਤਨ ਕਰ ਰਹੀ ਹੈ। ਅਮੀਰੀ ਗਰੀਬੀ ਦਾ ਪਾੜਾ ਵਧਦਾ ਜਾ ਰਿਹਾ ਹੈ। ਨੌਜਵਾਨਾਂ ਅਤੇ ਕਿਰਤੀ ਲੋਕਾਂ ਨੂੰ ਇਤਿਹਾਸ ਦੀ ਸਭ ਤੋਂ ਵੱਧ ਬੇਰੁਜ਼ਗਾਰੀ ਦਾ ਸਾਹਮਣਾ ਕਰਨਾ ਰਿਹਾ ਹੈ। ਦੋ ਕਰੋੜ ਨੌਕਰੀਆਂ ਦੇਣ ਦਾ ਵਾਅਦਾ ਝੂਠਾ ਸਾਬਤ ਹੋਇਆ ਹੈ। ਉਨ੍ਹਾਂ ਕਿਹਾ ਕਿ ਮਜ਼ਦੂਰਾਂ ਦੀ ਦਿਹਾੜੀ ਅੱਠ ਘੰਟੇ ਤੋਂ 12 ਘੰਟੇ ਕੀਤੀ ਗਈ ਹੈ। ਕਿਰਤ ਕਨੂੰਨਾਂ ਨੂੰ ਕਾਰਪੋਰੇਟ ਘਰਾਣਿਆਂ ਪੱਖੀ ਬਣਾਇਆ ਗਿਆ ਹੈ। ਕਿਸਾਨਾਂ ਨਾਲ ਆਮਦਨ ਦੁੱਗਣੀ ਕਰਨ, ਐੱਮਐੱਸਪੀ ਦੀ ਗਰੰਟੀ ਅਤੇ ਕਰਜ਼ਾ ਮੁਕਤ ਕਰਨ ਦੇ ਵਾਅਦੇ ਖੋਖਲੇ ਸਾਬਤ ਹੋਏ ਹਨ। ਉਨ੍ਹਾਂ ਕਿਹਾ ਕਿ ਪ੍ਰਚੂਨ ਵਪਾਰ ਅਤੇ ਛੋਟੀ ਸਨਅਤ ਤਬਾਹ ਕੀਤੀ ਜਾ ਰਹੀ ਹੈ। ਸਾਥੀ ਜਾਮਾਰਾਏ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ 16 ਫਰਵਰੀ ਦੇ ਭਾਰਤ ਬੰਦ ਨੂੰ ਸਫਲ ਕਰਨ ਲਈ ਭਰਪੂਰ ਸਹਿਯੋਗ ਦਿੱਤਾ ਜਾਵੇ



ਅਤੇ ਭਾਜਪਾ ਹਰਾਓ, ਕਾਰਪੋਰੇਟ ਭਜਾਓ, ਦੇਸ਼ ਬਚਾਓ ਦੇ ਨਾਹਰੇ ਹੇਠ 29 ਫਰਵਰੀ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਜਾ ਰਹੀ ਰੈਲੀ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ। ਜ਼ਿਲ੍ਹਾ ਆਗੂ ਸੁਲੱਖਣ ਸਿੰਘ ਤੁੜ ਅਤੇ ਬਲਜੀਤ ਸਿੰਘ ਖਡੂਰ ਸਾਹਿਬ ਨੇ ਦੱਸਿਆ ਕਿ 29 ਫਰਵਰੀ ਨੂੰ ਦਰਜਨਾਂ ਗੱਡੀਆਂ ਦਾ ਕਾਫਲਾ ਤਹਿਸੀਲ ਖਡੂਰ ਸਹਿਬ ਵਿੱਚੋਂ ਜਾਵੇਗਾ। ਇਸ ਮੌਕੇ ਮੀਟਿੰਗ ਵਿੱਚ ਪੁੱਜੇ ਹੋਏ ਸਾਥੀਆਂ ਦਾ ਕੁਲਵਿੰਦਰ ਕੌਰ ਖਡੂਰ ਸਾਹਿਬ ਨੇ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਮੀਤ ਸਿੰਘ ਸਾਬਕਾ ਪੰਚਾਇਤ ਮੈਂਬਰ, ਕਸ਼ਮੀਰ ਸਿੰਘ ਤੁੜ, ਜਸਕਰਨ ਸਿੰਘ ਰਾਜਾ, ਕੰਵਲਜੀਤ ਕੌਰ, ਦਲਬੀਰ ਕੌਰ, ਮਾਇਓ ਕੌਰ, ਮੁਗਲਾਨੀ ਆਦਿ ਹਾਜ਼ਰ ਸਨ।

# ਨਿਊ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਝਬਾਲ ਦੀ ਮਹੀਨਾਵਾਰ ਇਕੱਤਰਤਾ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਨਿਊ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ 100 ਦੇ ਬਲਾਕ ਝਬਾਲ ਦੀ ਮਾਸਿਕ ਮੀਟਿੰਗ ਬਾਬਾ ਬੁੱਢਾ ਸਾਹਿਬ ਜੀ ਦੀਵਾਨ ਹਾਲ ਠੱਠਾ ਵਿਖੇ ਬਲਾਕ ਪ੍ਰਧਾਨ ਡਾ. ਮੱਸਾ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਬਹੁਤ ਸਾਰੇ ਸਾਥੀ ਡਾਕਟਰਾਂ ਨੇ ਭਾਗ ਲਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਡਾ. ਤੇਜਿੰਦਰ ਸਿੰਘ ਢਿੱਲੋਂ ਅਤੇ ਸੂਬਾ ਮੀਤ ਪ੍ਰਧਾਨ ਡਾ. ਪਲਵਿੰਦਰ ਸਿੰਘ ਬਾਊ ਵੱਲੋਂ ਸਾਂਝੇ ਰੂਪ ਵਿੱਚ ਡਾ. ਅਵਤਾਰ ਬਾਲੀ ਵੱਲੋਂ ਨਵਾਂਸ਼ਹਿਰ ਜ਼ਿਲਾ ਕਮੇਟੀ ਦੀ ਦਸੰਬਰ 2023 ਵਿਚ ਚੋਣ ਕਰਵਾਉਣ, ਸੂਬਾ ਕਾਰਜਕਾਰੀ ਪ੍ਰਧਾਨ ਡਾ. ਮਹਿੰਦਰ ਸਿੰਘ ਸੋਹਲ ਵੱਲੋਂ ਯੂਨੀਅਨ ਦਾ ਅੰਮ੍ਰਿਤਸਰ ਜ਼ਿਲ੍ਹੇ ਦਾ ਜਨਵਰੀ 2024 ਵਿਚ ਇਜਲਾਸ ਕਰਵਾਉਣ ਅਤੇ ਜ਼ਿਲਾ ਤਰਨਤਾਰਨ ਦੇ ਪ੍ਰਧਾਨ ਡਾ. ਗੁਰਭੇਜ ਸਿੰਘ ਢੋਟੀਆਂ ਵੱਲੋਂ ਬਲਾਕ ਖਡੂਰ ਦੀ ਕਮੇਟੀ ਦੀ ਚੋਣ ਕਰਵਾਉਣ ਲਈ ਬਹੁਤ ਹੀ ਸ਼ਲਾਘਾ ਕੀਤੀ ਅਤੇ ਇਸ ਨੂੰ ਬਹੁਤ ਹੀ ਪ੍ਰਸੰਸਾਯੋਗ ਅਤੇ ਪ੍ਰਭਾਵਸ਼ਾਲੀ ਕਦਮ ਦੱਸਿਆ।ਡਾ. ਢਿੱਲੋਂ ਨੇ ਦੱਸਿਆ ਕਿ ਸਾਲਾਨਾ ਇਜਲਾਸ ਦੀ ਰਿਪੋਰਟ ਪੇਸ਼ ਹੋਣ ਨਾਲ ਪਾਰਟੀ ਦੀਆਂ ਗਤੀਵਿਧੀਆਂ, ਅਗਾਂਹਵਧੂ ਕਦਮਾਂ, ਖੂਬੀਆਂ ਅਤੇ ਖਾਮੀਆਂ ਦੀ ਵਿਸ਼ਲੇਸ਼ਣ ਰਿਪੋਰਟ ਸਾਰੇ ਡਾਕਟਰ ਸਾਥੀਆ ਨੂੰ ਮਿਲਦੀ ਰਹਿੰਦੀ ਹੈ ਜਿਸ ਨਾਲ ਆਏ ਸੁਝਾਵਾਂ 'ਤੇ ਗੌਰ ਕਰਦੇ ਹੋਏ ਬਹੁਤ ਕੁਝ ਨਵਾਂ ਸਿੱਖਣ ਨੂੰ ਮਿਲਦਾ ਹੈ।ਪਾਰਟੀ ਵਿਚਲੀਆਂ ਕਮੀਆ ਪੇਸ਼ੀਆਂ ਨੂੰ ਦੂਰ ਕਰਨ ਦਾ ਵੀ ਮੌਕਾ ਮਿਲਦਾ ਹੈ।ਡਾ. ਢਿੱਲੋਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਨੂੰ 1963 ਤੋਂ ਬੰਦ ਪਈ



ਆਰਐੱਮਪੀ ਦੀ ਰਜਿਸਟ੍ਰੇਸ਼ਨ ਨੂੰ ਖੋਲ੍ਹਣ, ਸਾਬਕਾ ਸਰਕਾਰ ਵਾਗੂ ਝੂਠੇ ਵਾਅਦੇ ਅਤੇ ਟਾਲ ਮਟੋਲ ਦੀ ਛੱਡਣ ਅਤੇ ਆਰਐੱਮਪੀ ਦੀਆਂ ਹੋਰ ਮੰਗਾਂ ਦਾ ਨਿਪਟਾਰਾ ਜਲਦੀ ਤੋਂ ਜਲਦੀ ਕਰਨ ਦੀ ਅਪੀਲ ਕੀਤੀ।ਇਸ ਮੌਕੇ ਡਾ. ਢਿੱਲੋਂ, ਡਾ. ਪਲਵਿੰਦਰ ਸਿੰਘ ਬਾਊ, ਡਾ. ਮੱਸਾ ਸਿੰਘ ਰੰਧਾਵਾ, ਡਾ. ਹਰਪ੍ਰੀਤ ਸਿੰਘ, ਡਾ. ਅਮਰਜੀਤ ਸਿੰਘ ਰਸੂਲਪੁਰ, ਡਾ. ਲਖਬੀਰ ਸਿੰਘ ਇਬਨ, ਡਾ. ਜੋਬਨ ਸਿੰਘ, ਡਾ. ਸਤਨਾਮ ਸਿੰਘ ਪੰਡੋਰੀ ਸਿੱਧਵਾਂ, ਬਲਾਕ ਸਕੱਤਰ ਡਾ, ਗੁਰਦੇਵ ਸਿੰਘ ਸੋਹਲ, ਬਲਾਕ ਦਫ਼ਤਰ ਸਕੱਤਰ ਡਾ. ਕਸ਼ਮੀਰ ਸਿੰਘ, ਡਾ. ਗੁਰਜੀਤ ਸਿੰਘ ਭੂਸੇ, ਡਾ. ਵਰਿੰਦਰ ਸਿੰਘ ਲਾਲੂਘੁੰਮਣ, ਡਾ. ਜਸਪਾਲ ਸਿੰਘ, ਡਾ. ਮਲਕੀਅਤ ਸਿੰਘ ਚਾਹਲ, ਡਾ. ਗੁਰਦੇਵ ਸਿੰਘ ਮੁਹਾਵਾ, ਡਾ. ਬਲਜਿੰਦਰ ਸਿੰਘ ਚੀਚਾ, ਡਾ. ਰਛਪਾਲ ਸਿੰਘ, ਡਾ. ਡਾਇਮੰਡ ਹੀਰਾ ਆਦਿ ਹਾਜ਼ਰ ਹੋਏ।


**RELIANCE** Asset Reconstruction

**Reliance Asset Reconstruction Company Ltd.**

**Corporate Office:** 11th Floor, North Side, R-Tech Park, Western Express Highway, Goregaon (East), Mumbai 400063

**ਸਕਿਉਰਡ ਐੱਸਟਸ ਦੀ ਈ-ਨਿਲਾਮੀ ਵਿਕਰੀ ਵਾਸਤੇ ਜਨਤਕ ਨੋਟਿਸ**

ਰਿਲਾਇੰਸ ਐੱਸਟ ਰੀਕੰਸਟਰੱਕਸ਼ਨ ਕੰਪਨੀ ਲਿਮ: (ਆਰ ਏ ਆਰ ਸੀ) "ਆਰ ਏ ਆਰ ਸੀ-053 (ਆਈ ਬੀ ਐੱਸ ਐੱਮ ਈ) ਟਰੱਸਟ" ਨੇ ਇੰਡੀਅਨ ਬੈਂਕ ਨਾਲ 03 ਦਸੰਬਰ 2019 ਨੂੰ ਕੀਤੇ ਗਏ ਇਕਰਾਰਨਾਮੇ ਅਨੁਸਾਰ ਹੇਠਾਂ ਦਰਸਾਏ ਕਰਜ਼ਦਾਰਾਂ ਦੀ ਜਾਇਦਾਦ ਦਾ ਹਿੱਸੇਦਾਰ ਅਤੇ ਸਕਿਉਰਡ ਕ੍ਰੈਡਿਟਰ ਹੈ। ਨਿਮਨਹਸਤਾਖਰੀ-ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਨਾਲ ਸਕਿਉਰਿਟੀ ਇੰਟਰੈੱਸਟ ਐਕਟ 2002 ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਬਕਾਏ ਦੀ ਵਸੂਲੀ ਵਾਸਤੇ ਹੇਠਾਂ ਦਰਸਾਈ ਜਾਇਦਾਦ ਦੀ ਆਨਲਾਈਨ ਈ-ਨਿਲਾਮੀ ਰਾਹੀਂ ਵਿਕਰੀ ਕੀਤੀ ਜਾਵੇਗੀ। ਜਾਇਦਾਦਾਂ ਦੀ ਵਿਕਰੀ 'ਜਿਵੇਂ ਹੈ ਜਿੱਥੇ ਹੈ', 'ਜਿਵੇਂ ਹੈ ਉਵੇਂ ਹੀ' ਅਤੇ 'ਨੋ ਰੀਕੋਰਸ' ਦੇ ਆਧਾਰ 'ਤੇ ਕੀਤੀ ਜਾਵੇਗੀ।

| ਕਰਜ਼ਦਾਰ/ਗਰੰਟਰਜ਼ ਦਾ ਨਾਂਅ | ਬਕਾਇਆ ਰਕਮ | ਕਬਜ਼ੇ ਦੀ ਮਿਤੀ |
|---|---|---|
| 1. ਮੈਸ: ਗੁਰੂ ਫੀਡਜ (ਕਰਜ਼ਦਾਰ) ਸੀ 54 ਫੋਕਲ ਪੁਆਇੰਟ, ਖੰਨਾ, ਜ਼ਿਲ੍ਹਾ ਲੁਧਿਆਣਾ-141401 | ਰੂ. 1,29,94,712.34 ਡਿਮਾਂਡ ਨੋਟਿਸ ਮਿਤੀ 10.07.2014 ਅਨੁਸਾਰ ਅਤੇ ਰੂ. 4,73,99,241.93/- 31.12.2023 ਨੂੰ | 23.04.2015 |
| 2. ਮੈਸ: ਪੰਜਾਬ ਫੀਡ ਕਾਰਪੋਰੇਸ਼ਨ (ਕਰਜ਼ਦਾਰ) ਸੀ 54 ਫੋਕਲ ਪੁਆਇੰਟ, ਖੰਨਾ, ਜ਼ਿਲ੍ਹਾ ਲੁਧਿਆਣਾ | ਰੂ. 22,79,294.56/- ਡਿਮਾਂਡ ਨੋਟਿਸ ਮਿਤੀ 10.07.2014 ਅਨੁਸਾਰ ਅਤੇ ਰੂ. 78,79,015.01/- 31.12.2023 ਨੂੰ | |
| 3. ਮੈਸ: ਨੈਸ਼ਨਲ ਡੇਅਰੀ ਕਾਰਪੋਰੇਸ਼ਨ (ਕਰਜ਼ਦਾਰ) ਸੀ 54 ਫੋਕਲ ਪੁਆਇੰਟ, ਖੰਨਾ, ਜ਼ਿਲ੍ਹਾ ਲੁਧਿਆਣਾ | ਰੂ. 7,81,974.00/- ਡਿਮਾਂਡ ਨੋਟਿਸ ਮਿਤੀ 28.10.2024 ਅਨੁਸਾਰ ਅਤੇ ਰੂ. 27,52,493.94/- 31.12.2023 ਨੂੰ | |
| 4. ਮੈਸ: ਗੁਰੂ ਐਗਰੋ ਐਕਸਪੋਰਟ (ਕਰਜ਼ਦਾਰ) ਸੀ 54 ਫੋਕਲ ਪੁਆਇੰਟ, ਖੰਨਾ, ਜ਼ਿਲ੍ਹਾ ਲੁਧਿਆਣਾ | ਰੂ. 51,99,507.21/- ਡਿਮਾਂਡ ਨੋਟਿਸ ਮਿਤੀ 10.07.2014 ਅਨੁਸਾਰ ਅਤੇ ਰੂ. 1,78,38,875.45/- 31.12.2023 | |
| 5. ਮੈਸ : ਗੁਰੂ ਇੰਡਸਟ੍ਰੀਜ (ਕਰਜ਼ਦਾਰ) ਸੀ 54 ਫੋਕਲ ਪੁਆਇੰਟ, ਖੰਨਾ, ਜ਼ਿਲ੍ਹਾ ਲੁਧਿਆਣਾ | ਰੂ. 99,42, 210.00/- ਡਿਮਾਂਡ ਨੋਟਿਸ ਮਿਤੀ 10.07.2014 ਅਨੁਸਾਰ ਅਤੇ ਰੂ. 3,48,57, 446.55/-31.12.2023 ਨੂੰ | |

**ਗਰੰਟਰਾਂ/ਰਹਿਣਕਾਰਾਂ/ਮਾਲਕ/ਭਾਈਵਾਲ ਦੇ ਨਾਂਅ**

1.) ਸ੍ਰੀਮਤੀ ਰਵਿੰਦਰ ਕੌਰ ਪਤਨੀ ਸ੍ਰੀ ਭੁਪਿੰਦਰ ਸਿੰਘ (ਲੜੀ ਖਾਤਾ ਨੰ. 1 'ਚ ਮਾਲਕ ਅਤੇ ਲੜੀ ਖਾਤਾ ਨੰ. 2, 4 ਅਤੇ 5 'ਚ ਗਰੰਟਰ ਅਤੇ ਲੜੀ ਖਾਤਾ ਨੰ. 3 'ਚ ਭਾਈਵਾਲ ਅਤੇ ਗਰੰਟਰ)
2.) ਸਵ: ਸ੍ਰੀ ਭੁਪਿੰਦਰ ਸਿੰਘ ਪੁੱਤਰ ਭਾਗ ਸਿੰਘ (ਸਵ: ਇਸ ਦੇ ਕਾਨੂੰਨੀ ਵਾਰਸਾਂ ਰਾਹੀਂ) (ਲੜੀ ਖਾਤਾ ਨੰ. 1 ਅਤੇ 4 'ਚ ਗਰੰਟਰ ਅਤੇ ਲੜੀ ਖਾਤਾ 2 ਅਤੇ 5 'ਚ ਮਾਲਕ ਅਤੇ ਲੜੀ ਨੰ. 3 'ਚ ਭਾਈਵਾਲ ਅਤੇ ਗਰੰਟਰ)
3.) ਸ੍ਰੀ ਹਰਪਿੰਦਰ ਸਿੰਘ ਪੁੱਤਰ ਸ੍ਰੀ ਭਾਗ ਸਿੰਘ (ਲੜੀ ਖਾਤਾ ਨੰ. 1, 2, 3 ਅਤੇ 5 'ਚ ਗਰੰਟਰ ਅਤੇ ਲੜੀ ਖਾਤਾ ਨੰ. 4 'ਚ ਮਾਲਕ) ਨਾਲ ਹੀ : ਦੂਜਾ ਮਕਾਨ ਨੰ. 70, ਸਨਸਿਟੀ, ਅਮਲੋਹ ਰੋਡ, ਖੰਨਾ, ਜ਼ਿਲ੍ਹਾ ਲੁਧਿਆਣਾ-141401)
4.) ਮੈਸ : ਨੈਸ਼ਨਲ ਡੇਅਰੀ ਕਾਰਪੋਰੇਸ਼ਨ, (ਲੜੀ ਖਾਤਾ ਨੰ. 1, 2, 4 ਅਤੇ 5 'ਚ ਗਰੰਟਰ ਅਤੇ ਰਹਿਣਕਾਰ)
5.) ਸ੍ਰੀ ਰਜਨੀਸ਼ ਮੋਦੀ ਪੁੱਤਰ ਸ਼ਾਮ ਲਾਲ (ਲੜੀ ਖਾਤਾ ਨੰ. 1 'ਚ ਗਰੰਟਰ)

| ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਰਾਖਵੀਂ ਕੀਮਤ | ਈ ਐੱਮ ਡੀ ਰਕਮ |
|---|---|---|
| ਜਾਇਦਾਦ ਦਾ ਵੇਰਵਾ : (ਏ) : ਤਬਾਦਲਾ ਬੈਨਾਮਾ ਨੰ. 4415 ਮਿਤੀ 28.02.1996 ਅਨੁਸਾਰ ਰਜਿਸਟਰਡ ਜਾਇਦਾਦ ਰਕਬਾ 2093 ਵਰਗ ਗਜ਼, ਸੀ-54, ਫੋਕਲ ਪੁਆਇੰਟ, ਖੰਨਾ ਸਥਿਤ ਅਤੇ ਇਸ ਉਪਰ ਨਿਰਮਤ ਮੈਸ: ਨੈਸ਼ਨਲ ਡੇਅਰੀ ਕਾਰਪੋਰੇਸ਼ਨ ਨਾਲ ਸੰਬੰਧਤ ਇਮਾਰਤ। ਹੱਦਾਂ : ਉੱਤਰ : ਸੜਕ 45' ਚੌੜੀ, ਦੱਖਣ : ਨੈਸ਼ਨਲ ਡੇਅਰੀ ਦੀ ਜਾਇਦਾਦ, ਪੱਛਮ : ਪ੍ਰਤਾਪ ਰੋਲਿੰਗ ਮਿੱਲ ਅਤੇ ਗਰੀਨ ਏਰੀਆ, ਪੂਰਬ : ਸੀ-54 ਏ। (ਬੀ) ਪਿੰਡ ਬੁਲੇਪੁਰ ਸਥਿਤ ਜਾਇਦਾਦ, ਸੀ-54 ਏ ਨਾਲ ਲਗਦੀ, ਨੇੜੇ ਗੋਦਰੇਜ ਐਗਰੋਵੈੱਟ ਇੰਡਸਟ੍ਰੀਅਲ ਫੋਕਲ ਪੁਆਇੰਟ, ਖੰਨਾ ਨਾਲ ਜ਼ਮੀਨ ਰਕਬਾ 1607 ਵਰਗ ਗਜ਼, ਖੇਵਟ ਨੰ. 98, 234, 235, ਖਤੌਨੀ ਨੰ. 111, 254, 257, ਖਸਰਾ ਨੰ. 10 ਕਿਲਾ ਨੰ. 13/1/2, 13/2, 13/3, 7/1, 7/4, 8/1, 13/4, 14/1, 14/2, 24 ਪਿੰਡ ਬੁਲੇਪੁਰ, ਤਹਿਸੀਲ ਖੰਨਾ, ਜ਼ਿਲ੍ਹਾ ਲੁਧਿਆਣਾ ਦੀ ਮਾਲੀਆ ਅਸਟੇਟ ਅੰਦਰ, ਮੈਸ : ਨੈਸ਼ਨਲ ਡੇਅਰੀ ਕਾਰਪੋਰੇਸ਼ਨ ਨਾਲ ਸੰਬੰਧਤ। ਹੱਦਾਂ : ਪੂਰਬ : ਡਾਬਰ ਫੀਡ, ਪੱਛਮ : ਪ੍ਰਤਾਪ ਰੋਲਿੰਗ ਮਿੱਲ, ਉੱਤਰ : ਸੀ-54 ਏ, ਦੱਖਣ : ਬਲਵਿੰਦਰਾ ਸਟੀਲ ਮਿੱਲ। | ਰੁ: 1,45,00,000/- (ਇੱਕ ਕਰੋੜ ਪੰਜਤਾਲੀ ਲੱਖ ਰੁਪਏ ਕੇਵਲ) | ਰੁ: 14,50,000/- (ਚੌਦਾਂ ਲੱਖ ਪੰਜਾਹ ਹਜ਼ਾਰ ਰੁਪਏ ਕੇਵਲ) |

ਈ-ਨਿਲਾਮੀ ਦੇ ਵੇਰਵੇ :
ਜਾਇਦਾਦ ਦਾ ਨਿਰੀਖਣ : 23.02.2024 ਸਵੇਰੇ 11.00 ਵਜੇ ਤੋਂ ਦੁਪਹਿਰ 1.00 ਵਜੇ ਤੱਕ
ਬੋਲੀ ਜਮ੍ਹਾਂ ਕਰਾਉਣ ਦੀ ਆਖਰੀ ਮਿਤੀ : 28.02.2024
ਈ-ਨਿਲਾਮੀ ਦੀ ਮਿਤੀ : 29.02.2024 ਨੂੰ ਜ਼ਰੂਰੀ ਦੁਪਹਿਰ 2.00 ਵਜੇ ਤੋਂ ਬਾਅਦ ਦੁਪਹਿਰ 3.00 ਵਜੇ ਦਰਮਿਆਨ (ਹਰੇਕ ਲਈ ਪੰਜ ਮਿੰਟ ਵਾਧੂ ਹੋਣਗੇ)

**ਈ-ਨਿਲਾਮੀ ਵਿਕਰੀ ਦੇ ਨਿਯਮ ਅਤੇ ਸ਼ਰਤਾਂ**

1. ਜਾਇਦਾਦ ਰਾਖਵੀਂ ਕੀਮਤ ਤੋਂ ਹੇਠਾਂ ਨਹੀਂ ਵੇਚੀ ਜਾਵੇਗੀ ਅਤੇ ਵਿਕਰੀ ਰਿਲਾਇੰਸ ਐੱਸਟਸ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ (ਆਰ ਏ ਆਰ ਸੀ) ਦੀ ਸਕਿਉਰਡ ਕ੍ਰੈਡਿਟਰ ਵਜੋਂ ਪੁਸ਼ਟੀ ਜ਼ਰੂਰੀ ਹੈ। ਜਾਇਦਾਦ ਦੀ ਵਿਕਰੀ 'ਜਿਵੇਂ ਹੈ ਜਿੱਥੇ ਹੈ', 'ਜਿਵੇਂ ਹੈ ਉਵੇਂ ਹੀ' ਅਤੇ 'ਨੋ ਰੀਕੋਰਸ' ਦੇ ਅਧਾਰ 'ਤੇ ਹੋਵੇਗੀ।
2. ਈ-ਨਿਲਾਮੀ ਆਰ ਏ ਆਰ ਸੀ ਦੀ ਪ੍ਰਵਾਨਿਤ ਸਰਵਿਸ ਪ੍ਰੋਵਾਈਡਰ ਮੈਸ : ਅਰਕਾ ਈਮਾਰਟ ਪ੍ਰਾਈਵੇਟ ਲਿਮਟਿਡ ਦੀ ਵੈੱਬਸਾਈਟ https://www.Auctionbazaar.com (ਅਰਕਾ ਈਮਾਰਟ ਪ੍ਰਾਈਵੇਟ ਲਿਮਟਿਡ ਦਾ ਵੈੱਬ ਪੋਰਟਲ) ਰਾਹੀਂ ਕਰਵਾਈ ਜਾਵੇਗੀ। ਈ-ਨਿਲਾਮੀ ਦਸਤਾਵੇਜ਼, ਜਿਸ 'ਚ ਆਨਲਾਈਨ ਬੋਲੀ ਫਾਰਮ ਤੇ ਆਮ ਨਿਯਮ ਅਤੇ ਸ਼ਰਤਾਂ ਸ਼ਾਮਲ ਹਨ, ਵੈੱਬਸਾਈਟ www.rarcl.com and https://www.Auctionbazaar.com 'ਤੇ ਉਪਲੱਬਧ ਹਨ, ਚਾਹਵਾਨ ਬੋਲੀਕਾਰ ਢੁਕਵੇਂ ਦਸਤਾਵੇਜ਼ ਡਾਊਨਲੋਡ ਕਰ ਸਕਦੇ ਹਨ।
3. ਚਾਹਵਾਨ ਬੋਲੀਕਾਰ ਦੀ ਆਈ ਡੀ 'ਚ ਹਿੱਸਾ ਲੈਣ ਲਈ ਵੈਧ ਈਮੇਲ ਹੋਣੀ ਚਾਹੀਦੀ ਹੈ ਅਤੇ ਈ-ਨਿਲਾਮੀ ਏਜੰਸੀ ਵੱਲੋਂ ਦਿੱਤੇ ਗਏ ਪਾਸਵਰਡ ਰਾਹੀਂ ਹੀ ਆਪਣੀ ਈ-ਮੇਲ ਆਈ ਡੀ ਰਾਹੀਂ ਸੰਪਰਕ ਕਰਨ।
4. ਚਾਹਵਾਨ ਬੋਲੀਕਾਰਾਂ ਨੂੰ ਆਪਣੀ ਬੋਲੀ ਨਿਰਧਾਰਤ ਫਾਰਮ 'ਚ ਈ ਐੱਮ ਡੀ ਜਮ੍ਹਾਂ ਕਰਵਾਉਣ ਦੇ ਵੇਰਵੇ ਅਤੇ ਖੁਦ ਤਸਦੀਕਸ਼ੁਦਾ ਦਸਤਾਵੇਜ਼ (ਪੈਨ, ਆਧਾਰ ਕਾਰਡ ਆਦਿ), ਪੇਸ਼ ਕਰਨਾ ਹੋਵੇਗਾ ਅਤੇ ਇਹ ਸਭ ਕੁਝ ਰਿਲਾਇੰਸ ਐੱਸਟ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ (ਆਰ ਏ ਆਰ ਸੀ) ਦੇ ਅਧਿਕਾਰਤ ਅਫਸਰ ਕੋਲ 11ਵੀਂ ਮੰਜ਼ਲ, ਨਾਰਥ ਸਾਈਡ, ਆਰ ਟੈੱਕ ਪਾਰਕ,ਵੈਸਟਰਨ ਐੱਕਸਪ੍ਰੈੱਸ ਹਾਈਵੇ, ਗੋਰੇਗਾਉਂ (ਈਸਟ) ਮੁੰਬਈ-400063 ਕੋਲ ਜਮ੍ਹਾਂ ਕਰਵਾਉਣਾ ਪਵੇਗਾ ਅਤੇ Narendra.r.shukla@relianceada.com ਅਤੇ vinod.pawaskar@relianceada.com'ਤੇ ਈਮੇਲ ਕਰਨਾ ਹੋਵੇਗਾ ਅਤੇ ਇਸ ਤੋਂ ਬਾਅਦ ਸ਼ਾਮਲ ਹੋਣ ਲਈ ਆਈ ਡੀ ਅਤੇ ਪਾਸਵਰਡ ਸਿਰਫ ਉਨ੍ਹਾਂ ਦੀ ਈਮੇਲ 'ਤੇ ਭੇਜ ਦਿੱਤਾ ਜਾਵੇਗਾ। ਬੋਲੀ ਫਾਰਮ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ 28.02.2024 ਹੈ। ਕਿਸੇ ਵੀ ਤਰ੍ਹਾਂ ਕਿਸੇ ਕਾਰਨ ਬੋਲੀ ਫਾਰਮ ਅਤੇ ਈ ਐੱਮ ਡੀ ਦੇਰੀ ਨਾਲ ਪ੍ਰਾਪਤ ਹੋਣ 'ਤੇ ਵਿਚਾਰ ਨਹੀਂ ਕੀਤੀ ਜਾਵੇਗੀ। ਈ ਐੱਮ ਡੀ ਤੋਂ ਬਿਨਾਂ ਅਤੇ ਰਾਖਵੀਂ ਕੀਮਤ ਤੋਂ ਹੇਠਾਂ ਬੋਲੀ ਸਰਸਰੀ ਤੌਰ 'ਤੇ ਰੱਦ ਕਰ ਦਿੱਤੀ ਜਾਵੇਗੀ।
5. ਬੋਲੀਕਾਰ ਦੇ ਨੈੱਟਵਰਕ 'ਚ ਖਰਾਬੀ ਕਾਰਨ ਕਿਸੇ ਦੇਰੀ/ਨਾਕਾਮੀ ਲਈ ਨਾ ਤਾਂ ਆਰ ਏ ਆਰ ਸੀ ਅਤੇ ਨਾ ਹੀ ਸਰਵਿਸ ਪ੍ਰੋਵਾਈਡਰ ਜ਼ਿੰਮੇਵਾਰ ਹੋਵੇਗਾ। ਅਜਿਹੀਆਂ ਘਟਨਾਵਾਂ ਵਾਸਤੇ ਬੋਲੀਕਾਰਾਂ ਨੂੰ ਬਦਲਵੇਂ ਪਾਵਰ ਬੈਕਅਪਸ ਆਦਿ ਦੀ ਲੋੜੀਂਦੇ ਪ੍ਰਬੰਧ ਕਰਨ ਲਈ ਸਲਾਹ ਦਿੱਤੀ ਜਾਂਦੀ ਹੈ।
6. ਸਾਰੇ ਬੋਲੀਕਾਰਾਂ ਨੂੰ ਸੈਕਸ਼ਨ 29 (ਏ) ਆਈ ਬੀ ਸੀ ਤਹਿਤ ਵਚਨ ਦੀ ਪਾਲਣਾ ਕਰਨੀ ਪਵੇਗੀ।
7. ਰਕਮ ਬਿਆਨਾ ਜਮ੍ਹਾਂ (ਈ ਐੱਮ ਡੀ) ਆਰ ਟੀ ਜੀ ਐੱਸ/ਐੱਨ ਈ ਐੱਫ ਟੀ ਫੰਡ ਟਰਾਂਸਫਰ ਰਾਹੀਂ ਚਾਲੂ ਖਾਤਾ ਨੰ. 6678778996, ਬੈਂਕ ਦਾ ਨਾਂਅ ਇੰਡੀਅਨ ਬੈਂਕ ਸ਼ਾਖਾ ਸ਼ਾਂਤਾਕਰੂਜ਼, ਮੁੰਬਈ ਲਾਭਕਾਰੀ ਦਾ ਨਾਂਅ : ਆਰ ਏ ਆਰ ਸੀ 053 (ਆਈ ਬੀ ਐੱਸ ਐੱਮ ਈ) ਟਰੱਸਟ ਆਈ ਐੱਫ ਐੱਸ ਸੀ ਕੋਡ, ਆਈ ਡੀ ਆਈ ਬੀ000ਐੱਸ010 'ਤੇ ਜਮ੍ਹਾਂ ਕਰਵਾਈ ਜਾਵੇ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਈ ਐੱਮ ਡੀ ਵਾਸਤੇ ਚੈੱਕ/ਡਿਮਾਂਡ ਡਰਾਫਟ ਸਵੀਕਾਰ ਨਹੀਂ ਕੀਤੇ ਜਾਣਗੇ।
8. ਰਾਖਵੀਂ ਕੀਮਤ ਤੋਂ ਹੇਠਾਂ ਅਤੇ/ਜਾਂ ਈ ਐੱਮ ਡੀ ਤੋਂ ਬਿਨਾਂ ਬੋਲੀਆਂ ਸਵੀਕਾਰ ਨਹੀਂ ਕੀਤੀਆਂ ਜਾਣਗੀਆਂ। ਬੋਲੀਕਾਰ 1,00,000/- (ਇੱਕ ਲੱਖ ਰੁਪਏ ਕੇਵਲ) ਦੇ ਗੁਣਾਂਕ 'ਚ ਬੋਲੀ ਰਕਮ 'ਚ ਸੋਧ ਕਰ ਸਕਦੇ ਹਨ। ਇੱਕਲੇ ਹੀ ਬੋਲੀਕਾਰ ਹੋਣ ਦੇ ਮਾਮਲੇ 'ਚ ਬੋਲੀਕਾਰ ਨੂੰ ਘੱਟੋ-ਘੱਟ ਇੱਕ ਵਾਰ ਬੋਲੀ 'ਚ ਸੋਧ ਕਰਵਾਉਣੀ ਜ਼ਰੂਰੀ ਹੋਵੇਗੀ।
9. ਸਫਲ ਬੋਲੀਕਾਰ ਨੂੰ ਬੋਲੀ ਰਕਮ /ਵਿਕਰੀ ਕੀਮਤ (ਪਹਿਲਾਂ ਅਦਾ ਕੀਤੀ ਬਿਆਨਾ ਰਕਮ ਸ਼ਾਮਲ) ਦਾ 25 ਫੀਸਦੀ ਸਫਲ ਬੋਲੀਕਾਰ ਦੇ ਐਲਾਨ ਤੋਂ ਤੁਰੰਤ ਬਾਅਦ ਜਮ੍ਹਾਂ ਕਰਵਾਉਣਾ ਪਵੇਗਾ। ਸਫਲ ਬੋਲੀਕਾਰ ਬੋਲੀ ਰਕਮ/ਵਿਕਰੀ ਕੀਮਤ ਦਾ ਬਾਕੀ 75 ਫੀਸਦੀ ਸਫਲ ਬੋਲੀਕਾਰ ਦੇ ਐਲਾਨ ਤੋਂ 15 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣਾ ਪਵੇਗਾ।
10. ਜੇਕਰ ਸਫਲ ਬੋਲੀਕਾਰ ਉਪਰੋਕਤ ਅਨੁਸਾਰ ਵਿਕਰੀ ਕੀਮਤ ਜਮ੍ਹਾਂ ਕਰਵਾਉਣ 'ਚ ਅਸਫਲ ਰਹੇਗਾ ਤਾਂ ਬਿਨਾਂ ਕਿਸੇ ਨੋਟਿਸ ਸਾਰੇ ਡਿਪਾਜ਼ਟਸ ਈ ਐੱਮ ਡੀ ਸਮੇਤ ਜ਼ਬਤ ਕਰ ਲਏ ਜਾਣਗੇ। ਬੇਸ਼ੱਕ ਬਕਾਇਆ 75 ਫੀਸਦੀ ਦੀ ਅਦਾਇਗੀ ਲਈ ਸਿਰਫ ਅਧਿਕਾਰਤ ਅਫਸਰ ਦੀ ਮਰਜ਼ੀ ਨਾਲ ਹੋਰ ਸਮਾਂ ਦਿੱਤਾ ਜਾ ਸਕਦਾ ਹੈ।
11 ਅਸਫਲ ਬੋਲੀਕਾਰਾਂ ਦੀ ਈ ਐੱਮ ਡੀ ਰਕਮ ਬਿਨਾਂ ਵਿਆਜ ਦੇ, ਈ ਨਿਲਾਮੀ ਵਿਕਰੀ ਅਮਲ ਬੰਦ ਹੋਣ ਤੋਂ ਬਾਅਦ ਵਾਪਸ ਕਰ ਦਿੱਤੀ ਜਾਵੇਗੀ।
12. ਅਧਿਕਾਰਤ ਅਫਸਰ ਵੱਲੋਂ ਦਿੱਤੇ ਗਏ ਵੇਰਵੇ ਉਸ ਦੀ ਜਾਣਕਾਰੀ, ਵਿਸ਼ਵਾਸ਼ ਅਤੇ ਰਿਕਾਰਡਜ਼ ਦੇ ਅਨੁਸਾਰ ਹਨ। ਅਧਿਕਾਰਤ ਅਫਸਰ ਕਿਸੇ ਭੁੱਲ, ਗਲਤ ਬਿਆਨ ਜਾਂ ਗਲਤੀ ਲਈ ਜ਼ਿੰਮੇਵਾਰ ਨਹੀਂ ਹੋਵੇਗਾ।
13 ਨਿਮਨਹਸਤਾਖਰੀ ਅਧਿਕਾਰਤ ਅਫਸਰ ਨੂੰ ਕਿਸੇ ਬੋਲੀ ਨੂੰ ਬਿਨਾਂ ਅਗਾਊਂ ਨੋਟਿਸ ਜਾਂ ਬਿਨਾਂ ਕੋਈ ਕਾਰਨ ਦੱਸੇ ਸਵੀਕਾਰ ਜਾਂ ਰੱਦ ਕਰਨ ਜਾਂ ਰੋਕਣ/ਮੁਲਤਵੀ ਕਰਨ/ਵਿਕਰੀ ਰੱਦ ਕਰਨ ਜਾਂ ਵਿਕਰੀ ਦੀਆਂ ਸ਼ਰਤਾਂ ਅਤੇ ਨਿਯਮਾਂ 'ਚ ਸੋਧ ਕਰਨ ਲਈ ਮੁਕੰਮਲ ਅਧਿਕਾਰ ਅਤੇ ਹੱਕ ਪ੍ਰਾਪਤ ਹੈ।
14. ਬੋਲੀਕਾਰਾਂ ਨੂੰ ਬੋਲੀ ਜਮ੍ਹਾਂ ਕਰਵਾਏ ਜਾਣ ਤੋਂ ਪਹਿਲਾਂ ਜਾਇਦਾਦ 'ਤੇ ਚਾਰਜਿਜ/ਭਾਰ ਸੰਬੰਧੀ ਚੰਗੀ ਤਰ੍ਹਾਂ ਪੜਤਾਲ ਕਰ ਲੈਣੀ ਚਾਹੀਦੀ ਹੈ ਅਤੇ ਜਾਇਦਾਦ ਦੇ ਟਾਈਟਲ ਅਤੇ ਕੁਆਲਿਟੀ ਸੰਬੰਧੀ ਸੰਤੁਸ਼ਟ ਕਰ ਲੈਣਾ ਚਾਹੀਦਾ ਹੈ। ਆਨ ਲਾਈਨ ਬੋਲੀ ਜਮ੍ਹਾਂ ਕਰਵਾਏ ਜਾਣ ਤੋਂ ਬਾਅਦ ਜਾਇਦਾਦ 'ਤੇ ਚਾਰਜਿਜ/ਭਾਰ ਆਦਿ ਅਤੇ ਹੋਰ ਕੋਈ ਮਸਲਾ, ਦਾਅਵਾ ਆਦਿ ਵਿਚਾਰਿਆ ਨਹੀਂ ਜਾਵੇਗਾ।
15. ਜਾਇਦਾਦ ਦੀ ਵਿਕਰੀ 'ਤੇ ਸਟੈਂਪ ਡਿਊਟੀ/ਰਜਿਸਟਰੇਸ਼ਨ ਫੀਸ ਸਮੇਤ ਕੋਈ ਬਕਾਇਆ, ਟੈਕਸ, ਚਾਰਜਿਜ਼ ਵਿਧਾਨਕ ਜਾਂ ਹੋਰ ਸਿਰਫ ਖਰੀਦਦਾਰ ਨੂੰ ਹੀ ਸਹਿਣ ਕਰਨੇ ਪੈਣਗੇ।
16. ਹੋਰ ਵੇਰਵਿਆਂ ਲਈ ਕਿਰਪਾ ਕਰਕੇ ਰਿਲਾਇੰਸ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ ਦੇ ਉਪਰੋਕਤ ਦਰਸਾਏ ਪਤੇ 'ਤੇ ਸ੍ਰੀ ਨਰਿੰਦਰ ਸ਼ੁਕਲਾ, ਏ ਵੀ ਪੀ ਰੈਜ਼ੋਲੂਸ਼ਨ, ਮੋਬਾਇਲ ਨੰ. 9321339065 ਅਤੇ ਸ੍ਰੀ ਵਿਨੋਦ ਪਵਾਸਕਰ, ਹੈੱਡ ਲੀਗਲ, ਮੋਬਾਇਲ ਨੰ. 8080722836 ਨਾਲ ਸੰਪਰਕ ਕੀਤਾ ਜਾਵੇ।
17 ਵਿਕਰੀ ਸਰਟੀਫਿਕੇਟ, ਵਿਕਰੀ ਅਮਲ ਦੀ ਪ੍ਰਾਪਤੀ ਅਤੇ ਸਕਿਉਰਡ ਕ੍ਰੈਡਿਟਰ ਵੱਲੋਂ ਵਿਕਰੀ ਦੀ ਪੁਸ਼ਟੀ ਤੋਂ ਬਾਅਦ ਜਾਰੀ ਕੀਤਾ ਜਾਵੇਗਾ। ਵਿਕਰੀ ਸਰਟੀਫਿਕੇਟ 'ਚ ਉਸ ਵਿਅਕਤੀ, ਜਿਸ ਨੇ ਈ-ਨਿਲਾਮੀ ਦੌਰਾਨ ਬੋਲੀ ਪੇਸ਼ ਕੀਤੀ/ਹਿੱਸਾ ਲਿਆ ਤੋਂ ਇਲਾਵਾ ਕਿਸੇ ਹੋਰ ਵਿਅਕਤੀ ਦਾ ਨਾਂਅ ਤਬਦੀਲ ਕਰਨ ਲਈ ਕੋਈ ਬੇਨਤੀ ਪ੍ਰਵਾਨ ਨਹੀਂ ਕੀਤੀ ਜਾਵੇਗੀ।

ਇਹ ਨੋਟਿਸ ਕਰਜ਼ਦਾਰ/ਗਰੰਟਰ/ਰਹਿਣਕਾਰ ਲਈ ਸਰਫੇਸੀ ਐਕਟ ਅਤੇ ਇਸ ਅਧੀਨ ਬਣੇ ਨਿਯਮਾਂ ਤਹਿਤ 15 ਦਿਨਾਂ ਦਾ ਵਿਧਾਨਕ ਨੋਟਿਸ ਵੀ ਹੈ।

ਸਥਾਨ : ਲੁਧਿਆਣਾ
ਮਿਤੀ : 13.02.2024

ਅਧਿਕਾਰਤ ਅਫਸਰ
ਵਾਸਤੇ ਰਿਲਾਇੰਸ ਐੱਸਟ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ


# ਸੜਕ ਦੇ ਕੰਢੇ ਖੜ੍ਹੀ ਸਵਿੱਫਟ ਕਾਰ ਚੋਰੀ




**ਗੁਰਦਾਸਪੁਰ, (ਜਨਕ ਮਹਾਜਨ)**-ਸੜਕ ਕੰਢੇ ਖੜੀ ਕਾਰ ਚੋਰਾਂ ਵਲੋਂ ਚੋਰੀ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਦਿੰਦੇ ਹੋਏ ਕਾਰ ਦੇ ਮਾਲਕ ਵਿਕਰਮਜੀਤ ਸਿੰਘ ਅੱਤਰੀ ਵਾਸੀ ਸੰਗਲਾਪੁਰਾ ਰੋਡ ਨੇ ਥਾਣਾ ਸਿਟੀ ਗੁਰਦਾਸਪੁਰ ਵਿਖੇ ਕੀਤੀ ਸ਼ਿਕਾਇਤ ਵਿਚ ਦੱਸਿਆ ਕਿ ਉਸ ਨੇ 10 ਫਰਵਰੀ ਦੀ ਦਰਮਿਆਨੀ ਰਾਤ ਨੂੰ ਆਪਣੀ ਕਾਰ ਨੰਬਰ ਪੀਬੀ07 ਬੀ. ਕਿਊ 2634 ਸਵਿਫਟ ਰੰਗ ਚਿੱਟਾ ਸੰਗਲਾਪੁਰਾ ਰੋਡ 'ਤੇ ਰਾਤ ਕਰੀਬ 9.30 ਲਗਾਈ ਸੀ। ਜਦ ਅਗਲੇ ਦਿਨ ਸਵੇਰੇ ਦੇਖਿਆ ਤਾਂ ਕਾਰ ਗਾਇਬ ਸੀ। ਪੀੜਤ ਨੇ ਦੱਸਿਆ ਕਿ ਉਸ ਨੇ ਆਪਣੇ ਪੱਧਰ 'ਤੇ ਕਾਫ਼ੀ ਭਾਲ ਕੀਤੀ ਪਰ ਉਸ ਦਾ ਕੋਈ ਥਹੁ ਪਤਾ ਨਹੀਂ ਲੱਗਿਆ। ਪੀੜਤ ਨੇ ਦੱਸਿਆ ਕਿ ਉਸ ਦੀ ਕਾਰ ਨੂੰ ਕੋਈ ਵਿਅਕਤੀ ਚੋਰੀ ਕਰਕੇ ਲੈ ਗਿਆ ਹੈ। ਉਸ ਨੇ ਪੁਲਸ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਕਾਰ ਚੋਰੀ ਕਰਨ ਵਾਲੇ ਚੋਰਾਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕਰਕੇ ਮੈਨੂੰ ਇਨਸਾਫ਼ ਦਿਵਾਇਆ ਜਾਵੇ।

# ਚੇਅਰਮੈਨ ਸੇਖਵਾਂ ਵੱਲੋਂ ਗੁਰਧਾਮਾਂ ਦੇ ਦਰਸ਼ਨਾਂ ਲਈ ਬਾਗੜੀਆਂ ਤੋਂ ਸ਼ਰਧਾਲੂਆਂ ਦੀ ਬੱਸ ਰਵਾਨਾ

**ਕਾਹਨੂੰਵਾਨ, ਗੁਰਦਾਸਪੁਰ (ਮਨਦੀਪ ਸਿੰਘ ਵਿੱਕੀ/ਦਿਨੇਸ਼ ਕੁਮਾਰ)**—ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਤੀਰਥ ਯਾਤਰਾ ਯੋਜਨਾ ਤਹਿਤ ਅੱਜ ਵਿਧਾਨ ਸਭਾ ਹਲਕਾ ਕਾਦੀਆਂ ਤੋਂ ਤੀਸਰੀ ਬੱਸ ਰਵਾਨਾ ਹੋਈ।ਹਲਕਾ ਕਾਦੀਆਂ ਦੇ ਪਿੰਡ ਬਾਗੜੀਆਂ ਤੋਂ ਰਵਾਨਾ ਹੋਈ ਇਸ ਬੱਸ ਨੂੰ ਜ਼ਿਲ੍ਹਾ ਯੋਜਨਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਇਸ ਬੱਸ ਯਾਤਰਾ ਰਾਹੀਂ ਪਿੰਡ ਬਾਗੜੀਆਂ ਦੀ ਸੰਗਤ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਅਤੇ ਅੰਮ੍ਰਿਤਸਰ ਵਿਖੇ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨ ਕਰੇਗੀ।ਤੀਰਥ ਯਾਤਰਾ ਬੱਸ ਨੂੰ ਰਵਾਨਾ ਕਰਨ ਮੌਕੇ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਕਾਦੀਆਂ ਤੋਂ ਇਹ ਤੀਸਰੀ ਬੱਸ ਹੈ ਜੋ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਨੂੰ ਗਈ ਹੈ।ਉਨ੍ਹਾਂ ਦੱਸਿਆ ਕਿ ਅੱਜ ਦੀ ਬੱਸ ਯਾਤਰਾ ਵਿੱਚ ਕੁੱਲ 43 ਯਾਤਰੂ ਰਵਾਨਾ ਹੋਏ ਹਨ।ਉਨ੍ਹਾਂ ਕਿਹਾ ਕਿ ਇਹ ਬੱਸ ਯਾਤਰਾ ਅੱਜ ਤਲਵੰਡੀ ਸਾਬੋ ਵਿਖੇ ਪਹੁੰਚੇਗੀ ਜਿਥੇ ਸੰਗਤਾਂ ਵੱਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਰਾਤ ਦਾ ਠਹਿਰਾਅ ਤਲਵੰਡੀ ਸਾਬੋ ਵਿਖੇ ਹੀ ਹੋਵੇਗਾ ਅਤੇ ਭਲਕੇ ਇਹ ਅਗਲੇ ਦਿਨ ਯਤਰਾ ਸ੍ਰੀ ਅੰਮ੍ਰਿਤਸਰ ਵਿਖੇ ਸ੍ਰੀ ਦਰਬਾਰ ਦੇ ਦਰਸ਼ਨਾਂ ਲਈ ਰਵਾਨਾ ਹੋਵੇਗੀ ਜਿਥੋਂ ਦਰਸ਼ਨ ਕਰਕੇ ਸੰਗਤਾਂ ਸ਼ਾਮ ਨੂੰ ਵਾਪਸ ਪਿੰਡ ਬਾਗੜੀਆਂ




ਪਹੁੰਚ ਜਾਣਗੀਆਂ।ਸੇਖਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰੇਕ ਹਲਕੇ ਵਿੱਚੋਂ ਵਿਸ਼ੇਸ਼ ਬੱਸਾਂ ਰਾਹੀਂ ਸ਼ਰਧਾਲੂਆਂ ਨੂੰ ਵੱਖ-ਵੱਖ ਤੀਰਥ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਇੱਕ ਅਗਾਂਹਵਧੂ ਉਪਰਾਲਾ ਹੈ ਜਿਸ ਨੂੰ ਸੂਬੇ ਭਰ ਵਿੱਚੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਜਿਹੜੇ ਲੋਕ ਕਿਸੇ ਕਾਰਨਾਂ ਕਰਕੇ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਤੋਂ ਵਾਂਝੇ ਰਹਿ ਜਾਂਦੇ ਸਨ ਉਨ੍ਹਾਂ ਲਈ ਇਹ ਯੋਜਨਾ ਵਰਦਾਨ ਸਾਬਤ ਹੋ ਰਹੀ ਹੈ।ਇਸ ਮੌਕੇ ਚੇਅਰਮੈਨ ਮੋਹਨ ਸਿੰਘ, ਚੈਂਚਲ ਸਿੰਘ ਬਾਗੜੀਆਂ, ਪ੍ਰੇਮ ਲਾਲ, ਜਗਰੂਪ ਸਿੰਘ ਰਿਆੜ, ਸੋਹਨ ਸਿੰਘ, ਇੰਦਰਜੀਤ ਸਿੰਘ, ਅਮਰਿੰਦਰ ਸਿੰਘ ਮੰਗਾ, ਹਰਦਿਆਲ ਸਿੰਘ, ਗੁਰਨਾਮ ਸਿੰਘ ਸਮੇਤ ਹੋਰ ਮੁਹਤਬਰ ਵੀ ਹਾਜ਼ਰ ਸਨ।

# ਸਿੱਖਾਂ ਦੇ ਧਾਰਮਿਕ ਮਸਲਿਆਂ 'ਚ ਮਹਾਰਾਸ਼ਟਰ ਸਰਕਾਰ ਦਖਲਅੰਦਾਜ਼ੀ ਨਾ ਕਰੇ : ਔਜਲਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸੱਚਖੰਡ ਤਖਤ ਸ੍ਰੀ ਹਜ਼ੂਰ ਸਾਹਿਬ ਨੰਦੇੜ ਅਵਚਲ ਨਗਰ ਜੋ ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦਾ ਸਥਾਨ ਹੈ ਜੋ ਸਿੱਖ ਕੌਮ ਦਾ ਆਸਥਾ ਦਾ ਕੇਂਦਰ ਹੈ ਜਿੱਥੇ ਪੂਰੇ ਵਿਸ਼ਵ ਵਿੱਚੋਂ ਮੱਥਾ ਟੇਕਣ ਦੇ ਲਈ ਸੰਗਤਾਂ ਰੋਜ਼ਾਨਾ ਲੱਖਾਂ/ਹਜ਼ਾਰਾਂ ਦੀ ਤਾਦਾਦ ਵਿੱਚ ਪਹੁੰਚਦੀਆਂ ਹਨ, ਵਿਖੇ ਕੁਝ ਦਿਨਾਂ ਤੋਂ ਮਹਾਰਾਸ਼ਟਰ ਦੀ ਸਰਕਾਰ ਸਿੱਖਾਂ ਦੇ ਧਾਰਮਿਕ ਸਥਾਨਾਂ ਵਿੱਚ ਦਖਲਅੰਦਾਜ਼ੀ ਕਰ ਰਹੀ ਹੈ ਜਿਸ ਦੇ ਸਬੰਧ ਵਿੱਚ ਪੂਰੇ ਵਿਸ਼ਵ ਭਰ ਵਿੱਚ ਸਿੱਖ ਕੌਮ ਵਿੱਚ ਬਹੁਤ ਭਾਰੀ ਰੋਸ ਤੇ ਗੁੱਸਾ ਹੈ। ਗੁਰੂ ਨਗਰੀ ਅੰਮ੍ਰਿਤਸਰ ਦੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਨੂੰ ਇਕ ਚਿੱਠੀ ਲਿਖੀ ਤੇ ਦੱਸਿਆ ਕਿ ਉਹ ਸਿੱਖਾਂ ਦੇ ਧਾਰਮਿਕ ਸਥਾਨਾਂ ਤੇ ਸਿੱਖ ਕੌਮ ਦੇ ਮਸਲਿਆਂ ਵਿੱਚ ਦਖਲਅੰਦਾਜ਼ੀ ਬਿਲਕੁਲ ਬੰਦ ਕਰ ਦੇਣ। ਇਸ ਤੋਂ ਇਲਾਵਾ ਐੱਮਪੀ ਗੁਰਜੀਤ ਸਿੰਘ ਔਜਲਾ ਨੇ ਅਬਚਲ ਨਗਰ ਨਾਂਦੇੜ ਸਾਹਿਬ ਦੇ ਮੈਂਬਰ ਪਾਰਲੀਮੈਂਟ ਤੇ ਉਥੋਂ ਦੇ ਵਿਧਾਇਕਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਇੱਕ ਚਿੱਠੀ ਦਿੱਤੀ ਕਿ ਉਹ ਸਾਡੇ ਧਾਰਮਿਕ ਅਸਥਾਨਾਂ ਵਿੱਚ ਦਖਲਅੰਦਾਜ਼ੀ ਬੰਦ ਕਰਵਾਉਣ। ਸਿੱਖ ਕੌਮ ਆਪਣੇ ਧਾਰਮਿਕ ਅਸਥਾਨਾਂ ਦੀ ਸਾਂਭ ਸੰਭਾਲ ਚੰਗੀ ਤਰ੍ਹਾਂ ਨਾਲ ਕਰਨੀ ਜਾਣਦੀ ਹੈ। ਜਦ ਵੀ ਦੇਸ਼ 'ਤੇ ਕੋਈ ਆਫਤ ਆਈ ਹੈ ਤਾਂ ਸਾਡੀ ਸਿੱਖ ਕੌਮ ਨੇ ਹਮੇਸ਼ਾ ਹੀ ਇਸ ਦੇਸ਼ ਦੀ ਰਕਸ਼ਾ ਅੱਗੇ ਹੋ ਕੇ ਕੀਤੀ ਤੇ ਕੁਰਬਾਨੀਆਂ ਦੇਣ ਤੋਂ ਕਦੇ ਪਿੱਛੇ ਨਹੀਂ ਹੋਈ। ਸਿੱਖ ਕੌਮ ਅੱਜ ਪੂਰੇ ਵਿਸ਼ਵ ਵਿੱਚ ਸਰਬੱਤ ਦਾ ਭਲਾ ਮੰਗਣ ਵਾਲੀ ਜਾਣੀ ਜਾਂਦੀ ਹੈ। ਇਸ ਕਰਕੇ ਸਾਡੇ ਧਾਰਮਿਕ ਮਸਲਿਆਂ ਵਿੱਚ ਸਰਕਾਰ ਦਖਲਅੰਦਾਜ਼ੀ ਦੇਣਾ ਬੰਦ ਕਰ ਦੇਵੇ। ਮਹਾਰਾਸ਼ਟਰ ਸਰਕਾਰ ਨੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਗੁਰਦੁਆਰਾ ਪ੍ਰਬੰਧਕੀ ਬੋਰਡ ਵਿਚ ਸਰਕਾਰੀ ਦਖ਼ਲ ਵਧਾਉਣ ਲਈ "ਨਾਂਦੇੜ ਸਿੱਖ ਗੁਰਦੁਆਰਾ ਸਚਖੰਡ ਸ਼੍ਰੀ ਹਜ਼ੂਰ ਅਬਚਲਨਗਰ ਸਾਹਿਬ ਐਕਟ 1956" ਵਿੱਚ ਸੋਧ ਕਰਦੇ ਹੋਏ ਵਿਧਾਨ ਸਭਾ ਵਿਚ ਬਿੱਲ ਪਾਸ ਕੀਤਾ ਹੈ। ਪ੍ਰਬੰਧਕੀ ਬੋਰਡ ਵਿਚ ਤਬਦੀਲੀ ਕਰਦੇ ਹੋਏ ਸਰਕਾਰੀ ਮੈਂਬਰਾਂ ਦੀ ਗਿਣਤੀ 7 ਤੋਂ ਵਧਾ ਕੇ 12 ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕੀ ਬੋਰਡ ਦੇ ਮੈਂਬਰਾਂ ਦੀ ਗਿਣਤੀ 4 ਤੋਂ ਘਟਾ ਕੇ 2 ਕਰ ਦਿੱਤੀ ਹੈ, ਜਦੋਂਕਿ ਚੀਫ਼ ਖਾਲਸਾ ਦੀਵਾਨ ਦੇ 2 ਮੈਂਬਰਾਂ ਦੀ ਨਿਯੁਕਤੀ ਹਮੇਸ਼ਾ ਲਈ ਖਾਰਿਜ ਕਰ ਦਿੱਤੀ ਗਈ ਹੈ। ਇਸ ਸਿੱਖ ਕੌਮ ਵਿਰੋਧੀ ਬਿੱਲ ਅਤੇ ਗੁਰਧਾਮਾਂ ਵਿਚ ਸਿਆਸੀ ਦਖ਼ਲ ਦੇ ਵਿਰੋਧ ਵਿਚ ਲੋਕ ਸਭਾ ਮੈਂਬਰ ਨਾਂਦੇੜ ਪ੍ਰਤਾਪਰਾਓ ਪਾਟਿਲ ਚਿਖਾਲੀਕਰ ਨੂੰ ਮੈਮੋਰੈਂਡਮ ਦਿੱਤਾ ਗਿਆ ਕਿ ਉਹ ਮਹਾਰਾਸ਼ਟਰ ਸਰਕਾਰ ਕੋਲ ਇਹ ਮੁੱਦਾ ਉਠਾਉਣ। ਇਸ ਮੌਕੇ ਸ਼ਿਰਡੀ ਤੋਂ ਲੋਕ ਸਭਾ ਮੈਂਬਰ ਸਦਾਸ਼ਿਵ ਲੋਖੰਡੇ ਜੋ ਕਿ ਨਾਂਦੇੜ ਤੋਂ ਵਿਧਾਇਕ ਰਹਿ ਚੁੱਕੇ ਹਨ, ਹਾਜ਼ਰ ਸਨ। ਮੈਂ ਸਰਕਾਰ ਕੋਲ ਮੰਗ ਕੀਤੀ ਹੈ ਕਿ ਗੁਰਧਾਮਾਂ ਦੀ ਸਾਂਭ-ਸੰਭਾਲ ਦਾ ਜ਼ਿੰਮਾ ਸਿੱਖ ਸੰਗਤਾਂ ਨੂੰ ਸੌਂਪਿਆ ਜਾਏ।

# ਹਰੀਕੇ ਪੱਤਣੋਂ 300 ਵਾਹਨਾਂ ਦਾ ਕਾਫਲਾ ਦਿੱਲੀ ਰਵਾਨਾ

## ਸਰਕਾਰ ਦੀਆਂ ਅਟਕਲਾਂ ਦੇ ਬਾਵਜੂਦ ਜ਼ਰੂਰ ਪਹੁੰਚਾਂਗੇ ਦਿੱਲੀ : ਸਭਰਾ

**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਸੰਯੁਕਤ ਕਿਸਾਨ ਮੋਰਚਾ ਅਤੇ ਉੱਤਰੀ ਭਾਰਤ ਦੀਆਂ 18 ਕਿਸਾਨ ਜਥੇਬੰਦੀਆਂ ਦੇ ਸਾਂਝੇ ਫੋਰਮ ਕਿਸਾਨ ਮਜ਼ਦੂਰ ਮੋਰਚਾ ਲਈ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ 300 ਵਾਹਨਾਂ ਦਾ ਕਾਫਲਾ ਹਰੀਕੇ ਪੱਤਣ ਤੋਂ ਦਿੱਲੀ ਰਵਾਨਾ ਹੋਇਆ ਜਿਸ ਦੀ ਅਗਵਾਈ ਸੂਬਾ ਪ੍ਰਧਾਨ ਜਥੇਦਾਰ ਸੁਖਵਿੰਦਰ ਸਿੰਘ ਸਭਰਾ ਨੇ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਸਭਰਾ ਨੇ ਕਿਹਾ ਕਿ ਮਹੀਨੇ ਤੇ ਦਿੱਲੀ ਕੂਚ ਦੀ ਤਿਆਰੀ ਦੇ ਨਾਲ-ਨਾਲ ਕੇਂਦਰ ਸਰਕਾਰ ਨੂੰ 10 ਸੂਤਰੀ ਪ੍ਰੋਗਰਾਮ ਦਿੱਤਾ ਸੀ ਜਿਸ ਤੇ ਸਰਕਾਰ 2 ਮੀਟਿੰਗਾਂ ਵੀ ਕਰ ਚੁੱਕੀ ਜੋ ਬੇਸਿੱਟਾ ਰਹੀਆਂ। ਉਨ੍ਹਾਂ ਕਿਹਾ ਕਿ ਕਿਸਾਨੀ ਮੰਗਾਂ ਨੂੰ ਪੂਰਾ ਕਰਨ ਲਈ ਕਿਸਾਨਾਂ/ ਮਜ਼ਦੂਰਾਂ ਵੱਲੋਂ ਰਾਜਧਾਨੀ ਦਿੱਲੀ ਦੀਆਂ ਸੜਕਾਂ ਘੇਰ ਕੇ ਸਰਕਾਰ ਨੂੰ ਨੀਂਦ ਤੋਂ ਜਗਾਇਆ ਜਾਵੇਗਾ। ਇਸ ਵਾਰ ਦਾ ਮੋਰਚਾ ਸਭ ਹੱਕ ਲੈਣ ਮਗਰੋਂ ਹੀ ਸਮਾਪਤ ਹੋਵੇਗਾ ਕਿਉਂਕਿ ਸਰਕਾਰ ਮੁੜ ਲੋਕਾਂ ਨੂੰ ਵੋਟਾਂ ਦੇ ਸਬਜ਼ਬਾਗ ਦਿਖਾ ਕੇ ਜਿੱਤਣ ਮਗਰੋਂ ਦੇਸ਼ ਨੂੰ ਕਾਰਪੋਰੇਟ ਜਗਤ ਹਵਾਲੇ ਕਰਕੇ ਕਿਸਾਨੀ ਤੇ ਜਵਾਨੀ ਨੂੰ ਆਰਥਿਕਤਾ ਦੀ ਚੱਕੀ 'ਚ ਪੀੜਨ ਲਈ ਜ਼ਮੀਨ ਤਿਆਰ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੜਕੀ ਆਵਾਜਾਈ ਲਈ ਕੋਝੇ ਹੱਥਕੰਡੇ ਅਪਨਾਉਣੇ, ਇੰਟਰਨੈੱਟ ਸੇਵਾਵਾਂ ਠੱਪ ਕਰਨੀਆਂ, ਧਾਰਾ 144 ਲਾਗੂ ਕਰਨੀ ਇਥੋਂ ਤੱਕ ਕਿ ਧਰਨੇ ਲਈ ਜਾ ਰਹੇ ਵਾਹਨਾਂ ਨੂੰ ਡੀਜ਼ਲ/ਪੈਟਰੋਲ ਨਾ ਦੇਣਾ ਵੀ ਸਰਕਾਰ ਦੀ ਬੁਖਲਾਹਟ ਦਾ ਨਤੀਜਾ ਹਨ। ਇਸ ਮੌਕੇ ਸਤਨਾਮ ਸਿੰਘ ਮਾਣੋਚਾਹਲ, ਹਰਜਿੰਦਰ ਸਿੰਘ ਸ਼ਕਰੀ, ਹਰਪ੍ਰੀਤ ਸਿੰਘ ਸਿੱਧਵਾਂ, ਦਿਆਲ ਸਿੰਘ ਮੀਆਂਵਿੰਡ, ਰੇਸ਼ਮ ਸਿੰਘ ਘੁਰਕਵਿੰਡ, ਹਰਬਿੰਦਰ ਸਿੰਘ ਕੰਗ, ਜਰਨੈਲ ਸਿੰਘ ਨੂਰਦੀ, ਕੁਲਵਿੰਦਰ ਸਿੰਘ ਦਦੇਹਰ, ਸਵਰਨ ਸਿੰਘ ਖਹਿਰਾ, ਗੁਰਸੇਵਕ ਸਿੰਘ ਉੱਪਲ, ਸਤਨਾਮ ਸਿੰਘ ਹਰੀਕੇ, ਨਿਰਮਲ ਸਿੰਘ ਬੱਬਣ, ਰਾਜਿੰਦਰ ਸਿੰਘ ਰਾਜੂ, ਜੁਗਿੰਦਰ ਸਿੰਘ ਗੱਟੀ, ਗੁਰਭੇਜ ਸਿੰਘ, ਤਰਸੇਮ ਸਿੰਘ, ਹਰਜਿੰਦਰ ਸਿੰਘ ਪੱਟੀ, ਖਜਾਨ ਸਿੰਘ ਕਿਰਤੋਵਾਲ ਦੇ ਨਾਲ-ਨਾਲ ਵੱਡੀ ਗਿਣਤੀ 'ਚ ਕਿਸਾਨ ਹਾਜ਼ਰ ਸਨ।

13-feb-PAGE-4.qxd 2/12/2024 10:37 PM Page 1



# ਬੋਚ-ਬੋਚ ਕੇ ਕਦਮ ਪੁੱਟਣ ਦੀ ਲੋੜ

ਕੁਝ ਸਮਾਂ ਪਹਿਲਾਂ ਤੱਕ ਸਾਡੇ ਸਮੇਤ ਤਾਨਾਸ਼ਾਹੀ ਦਾ ਵਿਰੋਧ ਕਰਨ ਵਾਲਿਆਂ ਨੂੰ ਲਗਦਾ ਸੀ ਕਿ 'ਇੰਡੀਆ' ਗਠਜੋੜ ਨੂੰ ਅੱਗੇ ਵਧਾਉਣ ਵਿੱਚ ਕਾਂਗਰਸ ਪਾਰਟੀ ਦੀ ਜੱਕੋਤੱਕੀ ਵਾਲੀ ਨੀਤੀ ਮੁੱਖ ਅੜਿੱਕਾ ਬਣੀ ਹੋਈ ਹੈ। ਸਮੇਂ ਨੇ ਸਾਬਤ ਕਰ ਦਿੱਤਾ ਹੈ ਕਿ ਇਹ ਸੋਚ ਗਲਤ ਸੀ। ਅਸਲ ਵਿੱਚ ਲੜਾਈ 2024 ਦੀਆਂ ਲੋਕ ਸਭਾ ਚੋਣਾਂ ਦੀ ਨਹੀਂ, ਦੋ ਵਿਚਾਰਧਾਰਾਵਾਂ ਵਿਚਕਾਰ ਹੈ। ਇੱਕ ਪਾਸੇ ਤਾਨਾਸ਼ਾਹੀ ਹੈ ਦੂਜੇ ਪਾਸੇ ਜਮਹੂਰੀਅਤ ਪਸੰਦ ਤਾਕਤਾਂ। ਇੰਡੀਆ ਗਠਜੋੜ ਵਿੱਚ ਕਾਂਗਰਸ ਪਾਰਟੀ ਮੁੱਖ ਧਿਰ ਹੈ, ਜਿਹੜੀ ਵਿਚਾਰਧਾਰਕ ਲੜਾਈ ਦਾ ਦਾਅਵਾ ਹੀ ਨਹੀਂ ਕਰਦੀ, ਇਸ ਦੇ ਆਗੂ ਰਾਹੁਲ ਗਾਂਧੀ ਲੋਕਾਂ ਵਿੱਚ ਜਾ ਕੇ ਇਹ ਲੜਾਈ ਲੜ ਵੀ ਰਹੇ ਹਨ। ਇਸ ਗੱਲ ਤੋਂ ਵੀ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਕਾਂਗਰਸ ਪਾਰਟੀ ਵਿਚਲੇ ਅਵਸਰਵਾਦੀ ਲੋਕ ਮੌਕਾ ਮਿਲਦਿਆਂ ਹੀ ਇਸ ਨੂੰ ਦਗਾ ਦੇ ਜਾਣਗੇ। ਪਿਛਲੇ 10 ਸਾਲਾਂ ਦਾ ਇਤਿਹਾਸ ਇਸ ਦਾ ਗਵਾਹ ਹੈ। 'ਇੰਡੀਆ' ਗਠਜੋੜ ਵਿੱਚ ਤਾਨਾਸ਼ਾਹੀ ਵਿਰੁੱਧ ਲੜਾਈ ਵਿੱਚ ਸਭ ਤੋਂ ਪਰਪੱਕ ਧਿਰ ਸਿਰਫ਼ ਖੱਬੀਆਂ ਪਾਰਟੀਆਂ ਹਨ। ਭਾਵੇਂ ਇਸ ਸਮੇਂ ਇਹ ਸਿਆਸੀ ਤੌਰ ਉੱਤੇ ਕਮਜ਼ੋਰ ਹਨ, ਪਰ ਇਰਾਦੇ ਦੀ ਦ੍ਰਿੜ੍ਹਤਾ ਵਜੋਂ ਸਭ ਤੋਂ ਮਜ਼ਬੂਤ ਧਿਰ ਹਨ।

ਉਪਰੋਕਤ ਦੋ ਧਿਰਾਂ ਤੋਂ ਇਲਾਵਾ ਇਸ ਗੱਠਜੋੜ ਵਿੱਚ ਇਲਾਕਾਈ ਪਾਰਟੀਆਂ ਹਨ, ਜਿਨ੍ਹਾਂ ਦੀ ਕੋਈ ਵਿਚਾਰਧਾਰਾ ਨਹੀਂ ਹੈ। ਇਨ੍ਹਾਂ ਦਾ ਇੱਕੋ-ਇੱਕ ਮਕਸਦ ਸੱਤਾ ਵਿੱਚ ਭਾਗੀਦਾਰੀ ਹੈ। ਲਾਲੂ ਪ੍ਰਸਾਦ ਦਾ ਰਾਸ਼ਟਰੀ ਜਨਤਾ ਦਲ ਕੁਝ ਹੱਦ ਤੱਕ ਤਾਨਾਸ਼ਾਹੀ ਦੇ ਵਿਰੋਧ ਵਿੱਚ ਡਟਿਆ ਰਿਹਾ ਹੈ, ਪਰ ਬਾਕੀਆਂ ਉੱਤੇ ਭਰੋਸਾ ਕਰਨਾ ਮੁਸ਼ਕਲ ਹੈ। ਗਠਜੋੜ ਵਿੱਚ ਕੁਝ ਸੀਟਾਂ ਹਾਸਲ ਕਰਕੇ ਇਨ੍ਹਾਂ ਪਾਰਟੀਆਂ ਦੇ ਆਗੂ ਮਲਾਈਦਾਰ ਅਹੁਦੇ ਦੀ ਝਾਕ ਵਿੱਚ ਦੂਜੇ ਪਾਸੇ ਵੀ ਛੜੱਪਾ ਮਾਰ ਸਕਦੇ ਹਨ।

ਇਸ ਦੀ ਸਭ ਤੋਂ ਵੱਡੀ ਉਦਾਹਰਣ ਰਾਸ਼ਟਰੀ ਲੋਕ ਦਲ ਦੇ ਮੁਖੀ ਜੈਅੰਤ ਚੌਧਰੀ ਦੀ ਹਾਲੀਆ ਉਲਟਬਾਜ਼ੀ ਹੈ। ਹਰ ਕਿੱਤਾ ਆਪਣਾ ਸੱਭਿਆਚਾਰ ਵਿਕਸਤ ਕਰਦਾ ਹੈ। ਖੇਤੀ ਕਿੱਤਾ ਕਰਨ ਵਾਲੇ ਜੱਟ ਜਾਂ ਜਾਟ ਬਾਰੇ ਕਿਹਾ ਜਾਂਦਾ ਹੈ ਕਿ ਉਹ ਆਪਣੇ ਸਨਮਾਨ ਦੀ ਰਾਖੀ ਲਈ ਆਪਣੀ ਜਾਨ ਵੀ ਦੇ ਦਿੰਦਾ ਹੈ। ਇਸੇ ਕਾਰਨ ਜਦੋਂ ਸਰਹੱਦਾਂ ਦੀ ਰਾਖੀ ਲਈ ਸਿਰ ਕਟਵਾਉਣ ਦੀ ਵਾਰੀ ਆਉਂਦੀ ਹੈ ਤਾਂ ਇਹ ਸਭ ਤੋਂ ਮੂਹਰੇ ਹੁੰਦੇ ਹਨ। ਚੌਧਰੀ ਚਰਨ ਸਿੰਘ ਨੂੰ ਭਾਰਤ ਰਤਨ ਮਿਲਣ ਉੱਤੇ 'ਦਿਲ ਜਿੱਤ ਲਿਆ' ਦਾ ਬਿਆਨ ਦੇਣ ਵਾਲੇ ਜੈਅੰਤ ਚੌਧਰੀ ਇਹ ਵੀ ਭੁੱਲ ਗਏ ਕਿ ਦਿੱਲੀ ਦੇ ਜਿਸ ਬੰਗਲੇ ਵਿੱਚ ਚੌਧਰੀ ਚਰਨ ਸਿੰਘ ਰਿਹਾ ਕਰਦੇ ਸਨ, ਉਸ ਵਿੱਚੋਂ ਉਸ ਦੇ ਪਿਤਾ ਚੌਧਰੀ ਅਜੀਤ ਸਿੰਘ ਨੂੰ ਇਸੇ ਮੋਦੀ ਸਰਕਾਰ ਨੇ ਧੱਕੇ ਮਾਰ ਕੇ ਕੱਢਿਆ ਸੀ। ਚੌਧਰੀ ਅਜੀਤ ਸਿੰਘ ਨੇ ਇਹ ਵੀ ਬੇਨਤੀ ਕੀਤੀ ਸੀ ਕਿ ਇਸ ਬੰਗਲੇ ਨੂੰ ਚੌਧਰੀ ਚਰਨ ਸਿੰਘ ਦੀ ਯਾਦਗਾਰ ਬਣਾ ਦਿੱਤਾ ਜਾਵੇ, ਪਰ ਮੋਦੀ ਸਰਕਾਰ ਨੇ ਨਾਂਹ ਕਰ ਦਿੱਤੀ ਸੀ। ਜਦੋਂ ਚੌਧਰੀ ਅਜੀਤ ਸਿੰਘ ਨੂੰ ਬੰਗਲੇ ਵਿੱਚੋਂ ਕੱਢਿਆ ਗਿਆ ਸੀ, ਉਸ ਸਮੇਂ ਜੈਅੰਤ ਚੌਧਰੀ ਸਾਂਸਦ ਬਣ ਚੁੱਕੇ ਸਨ।

ਇਸ ਸਰਕਾਰ ਨੇ ਖੁਦ ਜੈਅੰਤ ਚੌਧਰੀ ਦਾ ਸਨਮਾਨ ਕਿਵੇਂ ਕੀਤਾ ਸੀ, ਇਸ ਦੀ ਕਹਾਣੀ ਸੁਣੋ। ਹਾਥਰਸ ਵਿੱਚ ਇੱਕ ਦਲਿਤ ਬੱਚੀ ਨੂੰ ਪਿੰਡ ਦੇ ਚੌਧਰੀਆਂ ਨੇ ਬਲਾਤਕਾਰ ਕਰਕੇ ਮਾਰ ਦਿੱਤਾ ਸੀ। ਜੈਅੰਤ ਚੌਧਰੀ ਮੌਕੇ 'ਤੇ ਜਾਣਾ ਚਾਹੁੰਦੇ ਸਨ। ਉਸ ਸਮੇਂ ਯੋਗੀ ਸਰਕਾਰ ਦੀ ਪੁਲਸ ਨੇ ਜੈਅੰਤ ਚੌਧਰੀ ਦਾ ਲਾਠੀਆਂ ਨਾਲ ਸਤਿਕਾਰ ਕੀਤਾ ਸੀ। ਪੁਲਸ ਨੇ ਜੈਅੰਤ ਚੌਧਰੀ ਦਾ ਲਾਠੀਆਂ ਨਾਲ ਏਨਾ ਸਵਾਗਤ ਕੀਤਾ ਸੀ ਕਿ ਜੇਕਰ ਪਾਰਟੀ ਵਰਕਰ ਉਸ ਨੂੰ ਨਾ ਬਚਾਉਂਦੇ ਤਾਂ ਪਤਾ ਨਹੀਂ ਕੀ ਭਾਣਾ ਵਾਪਰ ਜਾਣਾ ਸੀ। ਜੈਅੰਤ ਚੌਧਰੀ ਦੀ ਜ਼ਮੀਰ ਅੰਦਰ ਜੇਕਰ ਜ਼ਰਾ ਵੀ ਸਵੈਮਾਨ ਹੁੰਦਾ ਤਾਂ ਉਹ ਉਸੇ ਵੇਲੇ ਇਸ ਸਰਕਾਰ ਨੂੰ ਉਖਾੜਨ ਦਾ ਪ੍ਰਣ ਲੈਂਦਾ, ਪਰ ਜਿਨ੍ਹਾਂ ਆਗੂਆਂ ਦੀ ਸੱਤਾ ਦੀ ਭੁੱਖ ਨੇ ਜ਼ਮੀਰ ਮਾਰ ਦਿੱਤੀ ਹੈ, ਉਨ੍ਹਾਂ ਤੋਂ ਇਹ ਆਸ ਨਹੀਂ ਕੀਤੀ ਜਾ ਸਕਦੀ।

ਚੌਧਰੀ ਚਰਨ ਸਿੰਘ ਕਿਸਾਨਾਂ ਦੇ ਆਗੂ ਸਨ। ਉਨ੍ਹਾ ਦੇ ਜਿਉਂਦੇ-ਜੀਅ ਪੱਛਮੀ ਯੂ ਪੀ ਦੀ ਬੈੱਲਟ ਵਿੱਚ ਜਾਟਾਂ ਤੇ ਮੁਸਲਮਾਨਾਂ ਦੇ ਭਾਈਚਾਰੇ ਵਿੱਚ ਕਦੇ ਵੀ ਤਰੇੜ ਨਹੀਂ ਆਈ ਸੀ। ਫਿਰਕੂਪੁਣੇ ਅਧੀਨ ਭਾਈਚਾਰੇ ਵਿੱਚ ਫੁੱਟ ਪਾਉਣ ਵਾਲੀ ਭਾਜਪਾ ਨਾਲ ਉਹ ਕਦੇ ਵੀ ਖੜ੍ਹੇ ਨਾ ਹੁੰਦੇ। ਉਨ੍ਹਾ ਆਪਣੇ ਸਾਰੇ ਜੀਵਨ ਦੌਰਾਨ ਕਦੇ ਵੀ ਆਪਣੀ ਵਿਚਾਰਧਾਰਾ ਨਾਲ ਸਮਝੌਤਾ ਨਹੀਂ ਕੀਤਾ।

ਇਹ ਭੁੱਲਣਾ ਨਹੀਂ ਚਾਹੀਦਾ ਕਿ ਦਿੱਲੀ ਦੀਆਂ ਸਰਹੱਦਾਂ ਉੱਤੇ ਇੱਕ ਸਾਲ ਲੰਮੇ ਕਿਸਾਨ ਮੋਰਚੇ ਦੌਰਾਨ ਸੈਂਕੜੇ ਕਿਸਾਨ ਸ਼ਹੀਦ ਹੋਏ ਸਨ। ਇਸ ਕਿਸਾਨ ਸੰਘਰਸ਼ ਦਾ ਹੀ ਨਤੀਜਾ ਸੀ ਕਿ ਯੂ ਪੀ ਦੀ ਇਸ ਬੈੱਲਟ ਦੇ ਬੁਰੀ ਤਰ੍ਹਾਂ ਵੰਡੇ ਜਾ ਚੁੱਕੇ ਜਾਟ ਤੇ ਮੁਸਲਿਮ ਕਿਸਾਨਾਂ ਦੀਆਂ ਮੁੜ ਜੱਫੀਆਂ ਪੈ ਗਈਆਂ ਸਨ। ਜੈਅੰਤ ਚੌਧਰੀ ਦੇ ਭਾਜਪਾ ਨਾਲ ਗਠਜੋੜ ਕਰ ਲੈਣ ਨੇ ਕਿਸਾਨ ਏਕਤਾ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਚੌਧਰੀ ਚਰਨ ਸਿੰਘ ਤਾਨਾਸ਼ਾਹੀ ਦਾ ਕੱਟੜ ਵਿਰੋਧੀ ਸੀ। ਉਸ ਨੇ ਐਮਰਜੈਂਸੀ ਦਾ ਵਿਰੋਧ ਕਰਦਿਆਂ ਜੇਲ੍ਹ ਕੱਟੀ ਸੀ। ਜੇਕਰ ਅੱਜ ਉਹ ਜ਼ਿੰਦਾ ਹੁੰਦੇ ਤਾਂ ਉਹ ਸਨਮਾਨ ਲੈਣ ਦੀ ਥਾਂ ਤਾਨਾਸ਼ਾਹੀ ਨਾਲ ਲੋਹਾ ਲੈ ਰਹੇ ਹੁੰਦੇ।

ਇਸ ਘਟਨਾ ਤੋਂ ਬਾਅਦ ਜ਼ਰੂਰੀ ਹੈ ਕਿ 'ਇੰਡੀਆ' ਗਠਜੋੜ ਵਿੱਚ ਸ਼ਾਮਲ ਮੁੱਖ ਧਿਰਾਂ ਨੂੰ ਬੋਚ-ਬੋਚ ਕੇ ਕਦਮ ਪੁੱਟਣੇ ਚਾਹੀਦੇ ਹਨ। ਆਪਣੀ ਟੇਕ ਮੁੱਖ ਤੌਰ ਉੱਤੇ ਗਰੀਬ, ਦਲਿਤ ਤੇ ਆਦਿਵਾਸੀ ਲੋਕਾਂ ਤੇ ਇਨ੍ਹਾਂ ਦੀ ਪ੍ਰਤੀਨਿਧਤਾ ਕਰਦੀਆਂ ਧਿਰਾਂ ਉੱਤੇ ਰੱਖਣੀ ਚਾਹੀਦੀ ਹੈ। ਲੜਾਈ ਲੰਮੀ ਹੈ, ਇਹ ਉਨ੍ਹਾਂ ਧਿਰਾਂ ਨੂੰ ਨਾਲ ਲੈ ਕੇ ਹੀ ਲੜੀ ਜਾ ਸਕਦੀ ਹੈ, ਜਿਹੜੀਆਂ ਵਿਚਾਰਧਾਰਕ ਸੰਘਰਸ਼ ਨੂੰ ਪ੍ਰਣਾਈਆਂ ਹੋਈਆਂ ਹਨ। ਅੱਜ ਕਿਸਾਨ ਲੜ ਰਹੇ ਹਨ, ਬੇਰੁਜ਼ਗਾਰੀ ਵਿਰੁੱਧ ਨੌਜਵਾਨ ਮੈਦਾਨ 'ਚ ਹਨ, ਔਰਤਾਂ ਸਨਮਾਨ ਦੀ ਜ਼ਿੰਦਗੀ ਲਈ ਲੜ ਰਹੀਆਂ ਹਨ ਅਤੇ ਮੁਲਾਜ਼ਮ, ਮਜ਼ਦੂਰ ਤੇ ਮੱਧ ਵਰਗੀ ਲੋਕ ਵੀ ਮੈਦਾਨ ਮੱਲ ਰਹੇ ਹਨ। ਇਹੋ ਲੋਕ ਹਨ, ਜੋ ਤਾਨਾਸ਼ਾਹੀ ਨਾਲ ਮੱਥਾ ਲਾ ਸਕਦੇ ਹਨ।

-ਚੰਦ ਫਤਿਹਪੁਰੀ

# ਪੈਨਸ਼ਨ ਸੰਘਰਸ਼ ਅੱਗੇ ਚੁਣੌਤੀਆਂ, ਪਹੁੰਚਿਆ ਜਿੱਤ ਨੇੜੇ



ਸੁੱਚਾ ਸਿੰਘ ਖੱਟੜਾ

'ਪੈਨਸ਼ਨ ਕਿਉਂ ਨਹੀਂ ਸਭ ਦੀ ਟੈਨਸ਼ਨ' ਨਾਂਅ ਦੇ ਆਰਟੀਕਲ 'ਤੇ ਕੁਝ ਸਾਥੀਆਂ ਦੀ ਰਾਏ ਸੀ ਕਿ ਇਸ ਮੁੱਦੇ 'ਤੇ ਹੋਰ ਵਿਸਥਾਰ ਨਾਲ ਲਿਖਣਾ ਬਣਦਾ ਹੈ। ਉਪਰੋਕਤ ਆਰਟੀਕਲ ਲਿਖਣ ਉਪਰੰਤ ਮੈਂ ਵੀ ਮਹਿਸੂਸ ਕੀਤਾ ਕਿ ਕੁਝ ਜ਼ਰੂਰੀ ਪੱਖ ਹੋਰ ਵਿਸਥਾਰ ਮੰਗਦੇ ਸਨ, ਜੋ ਆਰਟੀਕਲ ਦੀ ਸੀਮਾ ਅੰਦਰ ਰਹਿੰਦਿਆਂ ਵਿਚਾਰਨ ਤੋਂ ਰਹਿ ਗਏ। ਮੰਨ ਕੇ ਚੱਲੀਏ ਕਿ 2024 ਵਿੱਚ ਜੇਕਰ ਭਾਜਪਾ ਜਿੱਤ ਗਈ ਤਾਂ ਪੁਰਾਣੀ ਪੈਨਸ਼ਨ ਨਹੀਂ ਮਿਲੇਗੀ। ਭਾਜਪਾ ਵੱਲੋਂ ਵਾਅਦੇ ਕੁਝ ਵੀ ਹੋ ਸਕਦੇ ਹਨ। ਭਰੋਸਾ ਨਾ ਕਰਿਓ।

ਜਿਸ ਢੰਗ ਨਾਲ ਸਮਾਜ ਦੇ ਵੱਖ-ਵੱਖ ਵਰਗਾਂ ਦੀਆਂ ਆਰਥਿਕ ਸਮੱਸਿਆ, ਆਮਦਨਾਂ ਦੇ ਪਾੜੇ ਅਤੇ ਇਨ੍ਹਾਂ ਪ੍ਰਤੀ ਸਰਕਾਰਾਂ ਦੀ ਪਹੁੰਚ ਦੀਆਂ ਪਰਤਾਂ ਖੁੱਲ੍ਹ ਰਹੀਆਂ ਹਨ, ਤਿਵੇਂ-ਤਿਵੇਂ ਲੋਕਾਂ ਨੂੰ ਸਮਝ ਆਉਣ ਦੀਆਂ ਸੰਭਾਵਨਾਵਾਂ ਵੀ ਖੁੱਲ੍ਹਣ ਲੱਗੀਆਂ ਹਨ ਕਿ ਇਨ੍ਹਾਂ ਆਰਥਿਕ ਵਰਤਾਰਿਆਂ ਦਾ ਸੰਬੰਧ ਸਰਕਾਰ ਨਾਲ ਹੈ, ਰਾਜਨੀਤੀ ਨਾਲ ਹੈ। ਪ੍ਰਮਾਤਮਾ ਦੇ ਭਾਣੇ ਜਾਂ ਸੁੱਖਣਾ ਸੁਖਣ ਨਾਲ ਨਹੀਂ। ਧਰਮ ਦੀਆਂ ਅਸੀਮ ਸੀਮਾਵਾਂ ਦੀਆਂ ਸੀਮਾਵਾਂ ਵੀ ਨਜ਼ਰ ਆਉਂਦੀਆਂ ਲੱਗਦੀਆਂ ਹਨ। ਸਮੇਂ ਦੇ ਇਹ ਵਰਤਾਰੇ ਆਪਣੀ ਦਿਸ਼ਾ ਵਿੱਚ ਹੋਰ ਤੇਜ਼ੀ ਫੜਨਗੇ। ਨਵੀਂ ਪੈਨਸ਼ਨ ਅਤੇ ਪੁਰਾਣੀ ਪੈਨਸ਼ਨ ਦੇ ਮੁੱਦੇ ਆਰਥਿਕ ਅਤੇ ਉਸੇ ਸਮੇਂ ਰਾਜਨੀਤਕ ਹਨ। ਰਾਜਨੀਤੀ ਆਰਥਿਕਤਾ ਦੀ ਦਿਸ਼ਾ ਅਤੇ ਮੂੰਹ ਮੁਹਾਂਦਰਾ ਤਹਿ ਕਰਦੀ ਹੈ। ਨਵੀਂ ਪੈਨਸ਼ਨ ਆਮ ਸਮਝ ਅਨੁਸਾਰ ਨਵੀਂ ਪੈਨਸ਼ਨ ਤੋਂ ਪੀੜਤ ਮੁਲਾਜ਼ਮਾਂ ਲਈ ਆਰਥਿਕ ਮੁੱਦਾ ਹੈ, ਪਰ ਇਹ ਆਰਥਿਕ ਮੁੱਦਾ ਇੱਕ ਹੋਰ ਵਰਗ ਲਈ ਹੋਰ ਢੰਗ ਨਾਲ ਵੀ ਆਰਥਿਕ ਮੁੱਦਾ ਹੈ। ਇਹ ਸਰਮਾਏਦਾਰ ਲਈ ਇੱਕ ਪਾਸੇ ਮੁਲਾਜ਼ਮਾਂ ਵੱਲੋਂ ਪੈਨਸ਼ਨ ਫੰਡ ਵਿੱਚ ਜਮ੍ਹਾਂ ਹੁੰਦੀ ਦੌਲਤ ਨੂੰ ਆਪਣੇ ਕਾਰੋਬਾਰ ਵਧਾਉਣ ਲਈ ਹਾਸਲ ਕਰਦਾ ਹੈ। ਨਾਲ ਹੀ ਉਹ ਪੁਰਾਣੀ ਪੈਨਸ਼ਨ ਬੰਦ ਕਰਨ ਨਾਲ ਸਰਕਾਰ ਦੇ ਬੱਜਟ ਉੱਤੇ ਘਟਦੇ ਬੋਝ ਕਾਰਨ ਸਰਕਾਰ ਵੱਲੋਂ ਆਪਣੇ ਉੱਤੇ ਟੈਕਸਾਂ ਨੂੰ ਘਟਾਉਣ ਦਾ ਲਾਭ ਵੀ ਲੈ ਲੈਂਦਾ ਹੈ।

ਪਰ ਇਹ ਫੈਸਲਾ ਰਾਜਨੀਤਕ ਮੰਚ 'ਤੇ ਕੀਤਾ ਗਿਆ ਸੀ। ਫੈਸਲਾ ਕਰਨ ਵਾਲਿਆਂ ਨੇ ਨਵੀਂ ਪੈਨਸ਼ਨ ਤੋਂ ਪ੍ਰਭਾਵਤ ਵਰਗ ਦੀ ਇਸ ਫੈਸਲੇ ਵਿਰੁੱਧ ਨਰਾਜ਼ਗੀ ਦੀ ਸ਼ਕਤੀ ਦਾ ਮਾਪਤੋਲ ਕਰ ਲਿਆ ਸੀ। ਫੈਸਲਾ ਕਰਨ ਵਾਲੀ ਕੇਂਦਰ ਵਿਚਲੀ ਭਾਜਪਾ ਅਤੇ ਪੰਜਾਬ ਵਿੱਚ ਕਾਂਗਰਸ ਨੇ ਇਸ ਤੋਂ ਹੋਣ ਵਾਲੇ ਰਾਜਨੀਤਕ ਘਾਟੇ ਲਈ ਬਰਾਬਰ ਦੇ ਪ੍ਰਬੰਧ ਕੀਤੇ। ਇਸ਼ਾਰਾ ਮਾਤਰ ਹਵਾਲੇ ਵਜੋਂ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀਆਂ ਮੁਫ਼ਤ ਸਕੀਮਾਂ ਨਵੀਂ ਪੈਨਸ਼ਨ ਪੀੜਤਾਂ ਦੀ ਨਰਾਜ਼ਗੀ ਤੋਂ ਸੰਭਾਵਤ ਰਾਜਨੀਤਕ ਘਾਟੇ ਦੀ ਭਰਪਾਈ ਲਈ ਹਨ। ਭਾਜਪਾ ਸਰਕਾਰ ਨੂੰ ਨਵੀਂ ਪੈਨਸ਼ਨ ਸਕੀਮ ਤੋਂ ਪੀੜਤਾਂ ਦੀ ਨਰਾਜ਼ਗੀ ਦਾ ਉੱਕਾ ਹੀ ਡਰ ਨਹੀਂ। ਉਨ੍ਹਾ ਅਨੇਕਾਂ ਸਕੀਮਾਂ ਰਾਹੀਂ ਲਾਭਪਾਤਰੀਆਂ ਦਾ ਇੱਕ ਵੱਡਾ ਵਰਗ ਆਪਣੀ ਹਮਾਇਤ ਵਿੱਚ ਖੜਾ ਕਰ ਰੱਖਿਆ ਹੈ।

ਅਗਲਾ ਪੱਖ ਵੀ ਸਮਝਣਾ ਜ਼ਰੂਰੀ ਹੈ ਕਿ ਹੋਰ ਕਈ ਸੂਬਾ ਸਰਕਾਰਾਂ ਚਲਾਉਂਦੀਆਂ ਭਾਜਪਾ ਵਿਰੋਧੀ ਪਾਰਟੀਆਂ ਨੇ ਵੀ ਭਾਜਪਾ ਵਰਗੀਆਂ ਮੁਫ਼ਤ ਸਕੀਮਾਂ ਰਾਹੀਂ ਆਪਣੇ-ਆਪਣੇ ਲਾਭਪਾਤਰੀਆਂ ਦਾ ਵੋਟ ਬੈਂਕ ਬਣਾ ਲਿਆ ਹੈ। ਭਾਜਪਾ ਕੋਲ ਹਿੰਦੂਤਵ ਦਾ ਵਾਧੂ ਕਾਰਡ ਤਾਂ ਪਹਿਲਾਂ ਹੀ ਸੀ। ਹੁਣ ਅਯੁੱਧਿਆ ਵਿੱਚ ਰਾਮ ਮੰਦਰ ਦੇ ਉਦਘਾਟਨ ਨਾਲ ਭਾਜਪਾ ਆਪਣੇ-ਆਪ ਨੂੰ ਹੋਰ ਪੱਕੇ ਪੈਰੀਂ ਸਮਝਣ ਲੱਗ ਪਈ ਹੈ।

ਪੱਖ ਇਹ ਵੀ ਹੈ ਕਿ ਸੇਵਾਵਾਂ ਸੈਕਟਰ ਜਿਵੇਂ ਸਿੱਖਿਆ, ਸਿਹਤ, ਸੜਕਾਂ, ਪ੍ਰਸ਼ਾਸਨ, ਰੈਵੀਨਿਊ, ਜਲ ਸਰੋਤ, ਜਲ ਸਪਲਾਈ, ਵਣ ਵਿਭਾਗ ਆਦਿ ਸੇਵਾ ਸੈਕਟਰ ਨਾਲ ਜੁੜੇ ਮਹਿਕਮੇ ਅੱਵਲ ਤਾਂ ਪ੍ਰਾਈਵੇਟ ਸੈਕਟਰ ਵਿੱਚ ਸ਼ਾਮਲ ਕਰਾ ਕੇ ਉਨ੍ਹਾਂ ਦਾ ਵਿਸਥਾਰ ਰੋਕ ਕੇ ਅਕਾਰ ਘਟਾਈ ਕਰ ਲਈ ਹੈ ਅਤੇ ਕੀਤੀ ਜਾ ਰਹੀ ਹੈ ਜਾਂ ਫਿਰ ਇਨ੍ਹਾਂ ਵਿਭਾਗਾਂ ਦੀਆਂ ਲੋੜਾਂ ਪੂਰੀਆਂ ਨਾ ਕਰਕੇ ਉਨ੍ਹਾ ਨੂੰ ਜਨਤਾ ਦੀ ਸੇਵਾ ਕਰਨ ਯੋਗ ਛੱਡਿਆ ਹੀ ਨਹੀਂ ਗਿਆ। ਇਸ ਕਾਰਨ ਜਨਤਾ ਵਿੱਚ ਇਨ੍ਹਾਂ ਮਹਿਕਮਿਆਂ ਵਿੱਚ ਕੰਮ ਕਰਦੇ ਮੁਲਾਜ਼ਮਾਂ ਨੂੰ ਲੋਕ ਬੇਲੋੜੇ ਅਤੇ ਸਰਕਾਰ ਅਤੇ ਸਮਾਜ 'ਤੇ ਵਾਧੂ ਬੋਝ ਸਮਝਣ ਲੱਗ ਗਏ ਹਨ। ਕਿਸੇ ਵੇਲੇ ਸਿੱਖਿਆ ਵਿਭਾਗ ਦੇ ਅਧਿਆਪਕ ਹੀ ਸਰਕਾਰਾਂ ਹਿਲਾ ਦਿਆ ਕਰਦੇ ਸਨ। ਭਰਤੀਆਂ ਦੀਆਂ ਇੱਕ ਹੀ ਮਹਿਕਮੇ ਵਿੱਚ ਅਨੇਕ ਵੰਨਗੀਆਂ ਨੇ ਮੁਲਾਜ਼ਮਾਂ ਦੀ ਸੰਘਰਸ਼ ਕਰਨ ਦੀ ਸ਼ਕਤੀ ਤੋੜ ਦਿੱਤੀ ਹੈ। ਹੜਤਾਲਾਂ ਦਾ ਤਾਂ ਹੁਣ ਕੋਈ ਨਾਂ ਵੀ ਨਹੀਂ ਲੈਂਦਾ। ਜਿਹੜੇ ਕਰਦੇ ਵੀ ਹਨ ਉਹ ਹਾਜ਼ਰੀ ਵੀ ਪਾਉਂਦੇ ਹਨ ਕਲਮ ਛੋੜ ਵੀ ਕਰਦੇ ਹਨ। ਕਈ ਥਾਵਾਂ ਉਤੇ ਮੁਲਾਜ਼ਮਾਂ ਦਾ ਕੰਮ ਪ੍ਰਤੀ, ਲੋਕਾਂ ਪ੍ਰਤੀ ਪਹੁੰਚ ਅਤੇ ਕੁਰੱਪਸ਼ਨ ਨੇ ਵੀ ਮੁਲਾਜ਼ਮਾਂ ਨੂੰ ਜਨਤਾ ਦੀ ਨਜ਼ਰ ਵਿੱਚ ਨੀਵਾਂ ਕੀਤਾ ਹੈ।

ਅਜਿਹਾ ਹੀ ਪੱਖ ਮੁਲਾਜ਼ਮਾਂ ਵਿੱਚ ਜਥੇਬੰਦੀਆਂ ਦੀ ਬਹੁਲਤਾ, ਮੁਲਾਜ਼ਮ ਆਗੂਆਂ ਦਾ ਮੁਲਾਜ਼ਮ ਨੂੰ ਉਨ੍ਹਾਂ ਦੇ ਦਫ਼ਤਰਾਂ, ਹਸਪਤਾਲਾ, ਸਕੂਲਾਂ ਵਿੱਚ ਜਾ ਕੇ ਮੀਟਿੰਗਾਂ ਕਰ ਕੇ ਉਨ੍ਹਾ ਅੰਦਰ ਏਕਤਾ ਅਤੇ ਮੁੱਦਿਆਂ ਪ੍ਰਤੀ ਵਿਸਤ੍ਰਿਤ ਜਾਣਕਾਰੀਆਂ ਦੇਣ ਦਾ ਰਿਵਾਜ ਬੰਦ ਹੋ ਚੁੱਕਾ ਹੈ। ਹੇਠਲੇ ਪੱਧਰ ਉੱਤੇ ਸਰਗਰਮੀਆਂ ਕਰਦੇ ਰਹਿਣ ਵਾਲੇ ਆਗੂ ਹੁਣ ਤਿਆਰ ਨਹੀਂ ਕੀਤੇ ਜਾਂਦੇ। ਸੂਬੇ ਅਤੇ ਜ਼ਿਲ੍ਹੇ ਤੋਂ ਹੇਠਾਂ ਜਥੇਬੰਦੀਆਂ ਦੇ ਢਾਂਚੇ ਦਿਸਦੇ ਨਹੀਂ। ਇਨ੍ਹਾਂ ਕਮੀਆਂ ਵਿੱਚ ਦੁਵਰਕੀਆਂ, ਪੈਂਫਲਟਾਂ ਆਦਿ ਰਾਹੀਂ ਹਰ ਮੁਲਾਜ਼ਮ ਤੱਕ ਮੁੱਦੇ ਪਹੁੰਚਾਉਣ ਦਾ ਰਿਵਾਜ ਨਹੀਂ। ਮੋਬਾਇਲ ਨੇ ਕਿਤਾਬਾਂ, ਅਖ਼ਬਾਰਾਂ, ਦੁਵਰਕੀਆਂ ਪੜ੍ਹਨ ਤੋਂ ਲੋਕਾਂ ਨੂੰ ਦੂਰ ਕਰ ਦਿੱਤਾ ਹੈ। ਵਟਸਐਪ ਹੀ ਹੁਣ ਕਿਤਾਬ ਹੈ, ਅਖਬਾਰ ਹੈ। ਇਸ ਵਿਧਾ ਨੇ ਜਥੇਬੰਦੀਆਂ, ਰਿਸ਼ਤਿਆਂ, ਦਿਲਾਂ, ਦਿਮਾਗਾਂ ਨੂੰ ਕਮਜ਼ੋਰ ਕੀਤਾ ਹੈ।

ਇਨ੍ਹਾਂ ਸਾਰੇ ਪੱਖਾਂ ਦੇ ਬਾਵਜੂਦ ਮੁਲਾਜ਼ਮਾਂ ਨੂੰ ਪੈਨਸ਼ਨ ਦੀ ਲੋੜ ਤਾਂ ਰਹਿਣੀ ਹੀ ਹੈ। ਉਪਰੋਕਤ ਨਾਂਹ-ਪੱਖੀ ਪੱਖਾਂ ਦੇ ਬਰਾਬਰ ਹਾਂ-ਪੱਖੀ ਪਹਿਲੂ ਵੀ ਹਨ। ਇਨ੍ਹਾਂ ਪਹਿਲੂਆਂ ਦੀ ਸਹੀ ਵਰਤੋਂ ਪੁਰਾਣੀ ਪੈਨਸ਼ਨ ਲਈ ਸੰਘਰਸ਼ ਨੂੰ ਸਫ਼ਲਤਾ ਤੀਕ ਪਹੁੰਚਾ ਰਹੇ ਹਨ। ਇਨ੍ਹਾ ਪਹਿਲੂਆਂ ਵਿੱਚ ਨਿਰਣਾਇਕ ਪਹਿਲੂ ਹੈ ਨਵੀਂ ਪੈਨਸ਼ਨ ਪੀੜਤਾਂ ਦਾ ਵਰਗ। ਇੱਥੇ ਸਰਕਾਰਾਂ ਮੁਲਾਜ਼ਮਾਂ ਨੂੰ ਵੱਖ-ਵੱਖ ਵਰਗਾਂ ਵਿੱਚ ਨਹੀਂ ਵੰਡ ਸਕਦੀ। ਇਸ ਇੱਕ ਵਰਗ ਵਿੱਚ ਜਾਤੀ ਵੰਡ ਨਹੀਂ ਹੋ ਸਕਦੀ, ਦਰਜਾਬੰਦੀ ਅਧਾਰਤ ਵੰਡ ਨਹੀਂ ਹੋ ਸਕਦੀ। ਹੋਰ ਤਾਂ ਹੋਰ ਸੂਬਿਆਂ ਦੇ ਅਧਾਰ ਉੱਤੇ ਵੀ ਵੰਡ ਨਹੀ ਹੋ ਸਕਦੀ। ਹੁਣ ਪ੍ਰਸ਼ਨ ਇਹ ਹੈ ਇਹ ਇੰਨਾ ਵੱਡਾ ਵਰਗ ਲੜਾਈ ਦਾ ਕਿਹੜਾ ਪੈਂਤੜਾ ਲਏ ਕਿ ਲੜਾਈ ਜਿੱਤ ਵਿੱਚ ਨੇਪਰੇ ਚੜ੍ਹੇ। ਕਿਉਂਕਿ ਇੱਕ ਹੀ ਕੰਮ ਸਥਾਨ 'ਤੇ ਪੁਰਾਣੀ ਅਤੇ ਨਵੀਂ ਜਦੋਂ ਦੋਨਾਂ ਤਰ੍ਹਾਂ ਦੀਆਂ ਪੈਨਸ਼ਨਾਂ ਦੇ ਮੁਲਾਜ਼ਮ ਹਨ। ਇਸ ਕਾਰਨ ਹੜਤਾਲ ਕਰਕੇ ਕੰਮ ਬੰਦ ਨਹੀਂ ਕੀਤਾ ਜਾ ਸਕਦਾ। ਜਦੋਂ-ਜਹਿਦ ਦੇ ਧਰਨੇ-ਮੁਜ਼ਾਹਰੇ ਬੇਅਸਰ ਹੋ ਕੇ ਰਹਿ ਜਾਣ, ਹੜਤਾਲ ਇਕੱਲਿਆਂ ਹੋ ਨਾ ਸਕੇ ਤਾਂ ਸੰਘਰਸ਼ ਦਾ ਇੱਕੋ-ਇੱਕ ਹਥਿਆਰ ਵਿਸ਼ਾਲ ਤੋਂ ਵਿਸ਼ਾਲਤਰ ਏਕਤਾ ਦੇ ਸੰਗਠਨਾਂ ਦੇ ਮੁੱਦਿਆਂ ਨੂੰ ਆਪਣੇ ਮੁੱਦੇ ਸਮਝਣਾ ਅਤੇ ਆਪਣਾ ਮੁੱਦਾ ਉਸ ਮੰਚ ਦੇ ਮੁੱਦਿਆਂ ਨਾਲ ਸ਼ਾਮਲ ਕਰਨਾ ਅਤੇ ਉਸ ਵਿਸ਼ਾਲ ਮੰਚ ਤੋਂ ਮੁੱਦਾ ਸਰਕਾਰ ਤੱਕ ਪਹੁੰਚਾਉਣਾ। ਇਹ ਮੰਚ ਹੈ ਕੌਮੀ ਟ੍ਰੇਡ ਯੂਨੀਅਨਾਂ ਅਤੇ 'ਕਿਸਾਨ ਜਥੇਬੰਦੀਆਂ ਦਾ ਸਾਂਝਾ ਮੰਚ, ਜਿਸ ਵਿੱਚ ਸੂਬਾਈ ਮੁਲਾਜ਼ਮਾਂ ਦੇ ਕੌਮੀ ਸੰਗਠਨ ਵੀ ਸ਼ਾਮਲ ਹਨ ਇਨ੍ਹਾਂ ਸੰਗਠਨਾਂ ਨੇ ਪੁਰਾਣੀ ਪੈਨਸ਼ਨ ਦੀ ਮੰਗ ਪਹਿਲਾਂ ਹੀ ਆਪਣੇ ਮੰਗ ਪੱਤਰ ਵਿੱਚ ਪਾ ਰੱਖੀ ਹੈ। ਜਿਸ ਵਿੱਚ ਸੂਬਾਈ ਮੁਲਾਜ਼ਮਾਂ ਦੇ ਕੌਮੀ ਸੰਗਠਨ ਵੀ ਸ਼ਾਮਲ ਹਨ। ਨਵੀਂ ਪੈਨਸ਼ਨ ਸਕੀਮ ਤੋਂ ਪੀੜਤ ਮੁਲਾਜ਼ਮਾਂ ਨੂੰ ਆਪਣੇ-ਆਪਣੇ ਸੰਗਠਨਾਂ ਦੇ ਖੋਲ ਤੋਂ ਬਾਹਰ ਨਿਕਲ ਕੇ ਪਤਾ ਲੱਗੇਗਾ ਕਿ ਉਨ੍ਹਾਂ ਦਾ ਪੈਨਸ਼ਨ ਦਾ ਮੁੱਦਾ ਉਨ੍ਹਾ ਸਭ ਦਾ ਵੀ ਮੁੱਦਾ ਹੈ, ਇਨ੍ਹਾਂ ਦੀ ਔਲਾਦ ਵਿੱਚੋਂ ਜਿਸ ਕਿਸੇ ਨੇ ਵੀ ਦੇਰ-ਸਵੇਰ ਕਦੇ ਨਾ ਕਦੇ ਸਰਕਾਰੀ ਸੇਵਾ ਵਿੱਚ ਆਉਣਾ ਹੈ।

ਉਪਰੋਕਤ ਦੇਸ਼-ਵਿਆਪੀ ਸੰਗਠਨਾਂ ਨੇ ਪੁਰਾਣੀ ਪੈਨਸ਼ਨ ਦੀ ਮੰਗ ਆਪਣੀਆਂ ਮੰਗਾਂ ਵਿੱਚ ਸ਼ਾਮਲ ਕਰਕੇ ਪੈਨਸ਼ਨ ਮੁੱਦੇ ਨੂੰ, ਕੌਮੀ ਗਰਜ ਅਤੇ ਲਲਕਾਰ ਦਿੱਤੀ ਹੈ। ਨੋਟ ਕਰਨਾ ਬਣਦਾ ਹੈ ਕਿ ਇਕ ਪਾਸੇ ਜਿਨ੍ਹਾਂ ਪ੍ਰਚਾਰ ਸਾਧਨਾ ਨੇ ਅਯੁੱਧਿਆ ਮੰਦਰ ਉਦਘਾਟਨ ਨੂੰ ਇੰਨਾ ਪ੍ਰਚਾਰਿਆ, ਉਹ ਜਨਤਾ ਦੀ ਨੱਬੇ ਪ੍ਰਤੀਸ਼ਤ ਅਬਾਦੀ ਦੇ ਮੁੱਦਿਆਂ 'ਤੇ ਖਾਮੋਸ਼ ਕਿਉਂ ਹੈ। ਜੇਕਰ ਇਸ ਖਾਮੋਸ਼ੀ ਦਾ ਅਰਥ ਸਮਝ ਨਹੀਂ ਆਉਂਦਾ, ਇਸ ਚੁੱਪੀ ਦਾ ਪ੍ਰਭਾਵ ਸਮਝ ਨਹੀਂ ਆਉਂਦਾ ਤਾਂ ਨਵੀਂ ਪੈਨਸ਼ਨ ਦਾ ਸਰਾਪ ਨਵੀਂ ਪੈਨਸ਼ਨ ਪੀੜਤਾਂ ਨੇ ਜੀਵਨ ਭਰ ਭੁਗਤਣਾ ਹੈ। ਵਿਰਸੇ ਵਜੋਂ ਆਪਣੀ ਔਲਾਦ ਨੂੰ ਵੀ ਦੇ ਕੇ ਜਾਣਾ ਹੈ। ਪੈਨੀ ਨਜ਼ਰ ਨਾਲ ਭਾਂਪਦੇ ਰਹੋ ਕਿਹੜੀ ਅਖ਼ਬਾਰ, ਕਿਹੜੇ ਆਗੂ 16 ਫ਼ਰਵਰੀ ਦੇ ਲੋਕ ਮੁੱਦਿਆਂ 'ਤੇ ਚੁੱਪ ਰਹਿੰਦੇ ਹਨ। ਪ੍ਰਸ਼ਨ ਦਾ ਉੱਤਰ ਲੱਭਿਓ, ਉਹ ਚੁੱਪ ਕਿਉਂ ਹਨ? ਬੰਦ ਤੋਂ ਇੱਕ-ਦੋ ਦਿਨ ਪਹਿਲਾਂ ਅਤੇ ਬੰਦ ਵਾਲੇ ਦਿਨ ਮੁੱਦਿਆਂ ਨੂੰ ਗੈਰ ਵਾਜਬ ਕਹਿਣ ਦੀ ਹਿੰਮਤ ਵੀ ਨਹੀਂ ਕਰਨਗੇ, ਪਰ ਬੰਦ ਨਾਲ ਦੇਸ਼ ਦੀ ਆਰਥਕਤਾ ਨੂੰ ਨੁਕਸਾਨ ਕਰੋੜਾ ਅਤੇ ਅਰਬਾਂ ਵਿੱਚ ਗਿਣ ਕੇ ਦੱਸ ਦੇਣਗੇ।

ਅਸੀਂ ਪਿਛਲੇ ਆਰਟੀਕਲ ਵਿੱਚ ਕਿਹਾ ਸੀ ਕਿ ਭਾਜਪਾ ਨੂੰ ਗੱਦੀ ਤੋਂ ਉਤਾਰਨਾ ਪੁਰਾਣੀ ਪੈਨਸ਼ਨ ਪ੍ਰਾਪਤੀ ਵੱਲ ਪਹਿਲਾ ਕਦਮ ਹੈ। ਜਿਹੜੀਆਂ ਪਾਰਟੀਆਂ ਪੁਰਾਣੀ ਪੈਨਸ਼ਨ ਬਹਾਲ ਕਰਨ ਦੀਆਂ ਗੱਲਾਂ ਕਰਦੀਆਂ ਹਨ, ਉਹ ਹੁਣ ਤੱਕ ਚੁੱਪ ਕਿਉਂ ਸਨ? ਜੇਕਰ ਅੱਜ ਉਹ ਹੋ ਕੇ ਨਹੀਂ, ਸਗੋਂ ਇਹ ਵੋਟਾਂ ਲਈ ਵਾਅਦੇ ਹਨ। ਭਾਜਪਾ ਨੂੰ ਉਤਾਰ ਕੇ ਨਵੇਂ ਸੱਤਾਧਾਰੀਆਂ ਨਾਲ ਵੀ ਦੋ-ਚਾਰ ਹੋ ਕੇ ਹੀ ਪੀ ਐੱਫ ਆਰ ਡੀ ਏ ਐਕਟ ਨੂੰ ਬਦਲਿਆ ਜਾਣਾ ਹੈ। ਪੈਨਸ਼ਨ ਨੂੰ ਇਸ ਪੀ ਐੱਫ ਆਰ ਡੀ ਦੇ ਬਹਾਨੇ ਦੇ ਸੰਗਲ ਤੋਂ ਮੁਕਤ ਕਰਨਾ ਹੈ, ਇਸ ਸਫ਼ਲਤਾ ਤੋਂ ਬਾਅਦ ਵੀ ਲਗਾਤਾਰ ਬੀਤੇ ਦੇ ਸਬਕਾਂ ਨੂੰ ਯਾਦਾਂ ਵਿੱਚ ਸਾਂਭ ਕੇ ਰੱਖਣਾ ਹੈ, ਪਰ ਗਿਆਨ ਅਤੇ ਸੰਗਠਨ ਨਾਂਅ ਦੇ ਦੋ ਦੋਸਤਾਂ ਨੂੰ ਮਜ਼ਬੂਤ ਕਰਦੇ ਰਹਿਣਾ ਪਏਗਾ, ਵਰਨਾ ਡਾਕਾ ਕਦੇ ਵੀ ਪੈ ਸਕਦਾ ਹੈ। ਅਗਿਆਨ ਦਾ ਨਤੀਜਾ ਹੈ ਭਾਜਪਾ ਨੂੰ ਰਾਜ ਸੱਤਾ। ਸੰਗਠਨ ਦੀ ਕਮਜ਼ੋਰੀ ਦਾ ਨਤੀਜਾ ਹੈ ਲੜਾਈ ਦਾ ਲੰਬੀ ਹੋ ਜਾਣਾ, 16 ਫ਼ਰਵਰੀ ਦਾ ਸਫ਼ਲ ਬੰਦ ਭਾਜਪਾ ਨੂੰ ਬਾਹਰ ਕਰਨ ਲਈ ਲੋਕ ਏਕਤਾ ਅਤੇ ਭਾਜਪਾ ਵਿਰੁੱਧ ਗੁੱਸੇ ਦਾ ਪ੍ਰਦਰਸ਼ਨ ਹੈ। ਵਿੱਚ ਵਿਚਾਲੇ ਦੇ ਵੋਟਰਾਂ ਲਈ ਹੌਸਲਾ ਦੇਣ ਅਤੇ ਮੁੱਦਿਆਂ ਦੇ ਪ੍ਰਚਾਰ ਰਾਹੀਂ ਗਿਆਨ ਅਤੇ ਜਾਣਕਾਰੀਆਂ ਲਈ ਵਸੀਲਾ ਹੈ।

16 ਫ਼ਰਵਰੀ ਦਾ ਬੰਦ ਨਵੀਂ ਪੈਨਸ਼ਨ ਪੀੜਤਾਂ ਦੀ ਆਪਣੀ ਲੜਾਈ ਹੈ। ਘਰ ਵਿੱਚ ਜੇਕਰ ਕੋਈ ਸੜਕਾਂ ਉਤੇ ਜਾਣਯੋਗ ਹੈ, ਉਸ ਨੂੰ ਸ਼ਾਮਲ ਕਰਵਾਓ। ਮਿੱਤਰ-ਦੋਸਤ, ਰਿਸ਼ਤੇਦਾਰ ਜਾਂ ਗਵਾਂਢੀ ਸਭ ਤੱਕ ਪਹੁੰਚ ਕੀਤੀ ਜਾਏ। ਜਨਤਾ ਵਿੱਚ ਵਾਦ-ਸੰਵਾਦ ਕਰਨਾ ਜ਼ਰੂਰੀ ਹੈ। ਪਰ ਚਰਚਾ ਦਾ ਮੁੱਦਾ ਪੈਨਸ਼ਨ ਨਹੀਂ, ਦੂਜੇ ਮੁੱਦੇ ਹੋਣੇ ਚਾਹੀਦੇ ਹਨ। ਤੁਹਾਡਾ ਪੈਨਸ਼ਨ ਮੁੱਦਾ ਹੋਰ ਲੋਕਾਂ ਨੇ ਚੁੱਕ ਲਿਆ ਹੈ। ਫੰਡ ਦਿੰਦਿਆਂ ਅਹਿਸਾਨ ਕਰਨ ਦੀ ਥਾਂ ਅਹਿਸਾਨ ਮੰਦ ਹੋਵੋ ਕਿ ਤੁਹਾਨੂੰ ਕੌਮੀ ਮੰਚ ਮਿਲਿਆ ਹੈ ਅਤੇ ਇੱਕ ਅਜਿਹੇ ਪਲੇਟਫਾਰਮ ਉੱਤੇ ਪੈਨਸ਼ਨ ਮੁੱਦਾ ਪਹੁੰਚ ਗਿਆ ਹੈ, ਜਿੱਥੋਂ ਇਹ ਸੱਤਾ ਉੱਤੇ ਬੈਠਿਆਂ ਨੂੰ ਉਤਾਰਨ ਦਾ ਕੰਮ ਕਰੇਗਾ ਅਤੇ ਨਵਿਆਂ ਨੂੰ ਚਿਤਾਵਨੀ ਦੇਣ ਦਾ ਕੰਮ ਕਰੇਗਾ। ਹੁਣ ਸਫ਼ਲਤਾ ਦੀ ਦਿਸ਼ਾ ਵੱਲ ਤੁਹਾਡੀ ਸਮਰੱਥਾ ਨੇ ਕਦਮ ਪੁੱਟ ਲਏ ਹਨ। ਰੁਕਣਾ ਨਹੀਂ। ਜਿੱਤ ਨੇੜੇ ਹੈ।

# ਸੰਪਰਕ : 94176-52947

# ਕਰਜ਼ੇ ਬਾਰੇ ਭਰਮ



ਅਵਤਾਰ ਤਰਕਸ਼ੀਲ

ਪਿਛਲੇ ਕੁੱਝ ਦਿਨਾਂ ਤੋਂ ਇੱਕ ਵਿਦੇਸ਼ੀ ਮੌਟੀਵੇਸ਼ਨਲ ਲੇਖਕ ਅਤੇ ਸਪੀਕਰ ਬਾਰੇ ਕੁੱਝ ਪੋਸਟਾਂ ਦੇਖਣ ਨੂੰ ਮਿਲ ਰਹੀਆਂ ਹਨ, ਜਿਸ ਵਿੱਚ ਲੇਖਕ ਦੀ ਫੋਟੋ ਅਤੇ ਉਸ ਦੀ ਇੱਕ ਮਸ਼ਹੂਰ ਕਿਤਾਬ ਦੀ ਫੋਟੋ ਦੇ ਨਾਲ-ਨਾਲ ਇਹ ਕਿਹਾ ਜਾ ਰਿਹਾ ਹੈ ਕਿ ਉਹ ਤਾਂ ਖੁਦ ਹੀ 1.2 ਬਿਲੀਅਨ ਡਾਲਰ ਦੇ ਕਰਜ਼ੇ ਵਿੱਚ ਹੋ ਗਿਆ ਹੈ।

ਉਸ ਦੇ ਥੱਲੇ ਕੁਮੈਂਟ ਕਰਨ ਵਾਲੇ ਵੀ ਸਿਰਾ ਲਗਾ ਦਿੰਦੇ ਹਨ ਜਿਨ੍ਹਾਂ ਨੂੰ ਲੇਖਕ ਬਾਰੇ ਜਾਂ ਉਸ ਦੀਆਂ ਲਿਖਤਾਂ ਬਾਰੇ ਜਾਂ ਉਸ ਦੀ ਸੋਚ ਬਾਰੇ ਕੋਈ ਬਹੁਤੀ ਸਮਝ ਵੀ ਨਹੀਂ ਹੁੰਦੀ। ਇਸ ਦਾ ਮਾੜਾ ਅਸਰ ਇਹ ਹੁੰਦਾ ਹੈ ਕਿ ਲੋਕ ਕਰਜ਼ਾ ਲੈਣ ਤੋਂ ਡਰਨ ਲੱਗ ਪੈਂਦੇ ਹਨ, ਪਰ ਬਹੁਤੇ ਕਾਰੋਬਾਰ ਕਰਜ਼ੇ ਬਿਨਾਂ ਸ਼ੁਰੂ ਹੀ ਨਹੀਂ ਕੀਤੇ ਜਾ ਸਕਦੇ। ਲੋੜ ਕਰਜ਼ੇ ਤੋਂ ਡਰਨ ਦੀ ਨਹੀਂ, ਕਰਜ਼ੇ ਨੂੰ ਸਮਝਣ ਦੀ ਹੁੰਦੀ ਹੈ ਅਤੇ ਕਰਜ਼ੇ ਨੂੰ ਮੈਨੇਜ ਕਰਨ ਦੀ ਹੁੰਦੀ ਹੈ। ਇਹੀ ਗੱਲ ਲੇਖਕ ਆਪਣੀਆਂ ਲਿਖਤਾਂ ਵਿੱਚ ਦੱਸਣ ਦੀ ਕੋਸ਼ਿਸ਼ਾ ਕਰਦਾ ਹੈ, ਜੋ ਬਹੁਤ ਲੋਕ ਸਮਝ ਨਹੀਂ ਸਕਦੇ। ਕੁੱਝ ਲੋਕ ਵਿਦੇਸ਼ੀ ਮੁਲਕਾਂ ਦੇ ਕਰਜ਼ੇ ਨੂੰ ਭਾਰਤ ਦੇ ਬਿਜ਼ਨੈਸਮੈਨਾਂ ਨਾਲ ਮਿਲਾ ਕੇ ਦੇਖਦੇ ਹਨ, ਜੋ ਪੈਸਾ ਲੈ ਕੇ ਹੋਰ ਮੁਲਕਾਂ ਨੂੰ ਭੱਜ ਜਾਂਦੇ ਹਨ।

ਆਓ ਵਿਦੇਸ਼ੀ ਕਰਜ਼ੇ ਬਾਰੇ ਕੁੱਝ ਜਾਨਣ ਦੀ ਕੋਸ਼ਿਸ਼ ਕਰੀਏ। ਵਿਦੇਸ਼ਾਂ ਵਿੱਚ ਜ਼ਿਆਦਾ ਵੱਡਾ ਕਰਜ਼ਾ ਬਿਜ਼ਨੈੱਸ ਵਾਸਤੇ, ਕਿਰਾਏ ਵਾਲੇ ਘਰਾਂ ਵਾਸਤੇ ਜਾਂ ਕਮਰਸ਼ੀਅਲ ਬਿਲਡਿੰਗਾਂ ਲਈ ਆਮ ਲੋਕਾਂ ਨੂੰ ਜਾਂ ਬਿਜ਼ਨਸਮੈਨਾਂ ਨੂੰ ਦਿੱਤਾ ਜਾਂਦਾ ਹੈ। ਬੈਂਕ ਦੇ ਆਪਣੇ ਰੂਲ, ਰੈਗੂਲੇਸ਼ਨ ਅਤੇ ਪਾਲਸੀਆਂ ਹੁੰਦੀਆਂ ਹਨ, ਜਿਨ੍ਹਾਂ ਨੂੰ ਕਰਜ਼ਾ ਲੈਣ ਤੋਂ ਪਹਿਲਾਂ ਹਰ ਵਿਅਕਤੀ ਨੂੰ ਪੂਰਾ ਕਰਨਾ ਪੈਂਦਾ ਹੈ। ਹਰ ਮੁਲਕ ਵਿੱਚ ਬੈਂਕਾਂ ਦੇ ਨਿਯਮਾਂ ਜਾਂ ਪਾਲਸੀਆਂ ਵਿੱਚ ਥੋੜ੍ਹਾ-ਬਹੁਤ ਬਦਲਾਓ ਸਮੇਂ ਦੀ ਲੋੜ ਮੁਤਾਬਕ ਹੁੰਦਾ ਰਹਿੰਦਾ ਹੈ। ਸਮੇਂ-ਸਮੇਂ ਕੁੱਝ ਮੁਲਕਾਂ ਦੀ ਰਿਜ਼ਰਵ ਬੈਂਕ ਵੀ ਦੂਜੀਆਂ ਬੈਂਕਾਂ 'ਤੇ ਪਾਬੰਦੀਆਂ ਲਗਾਉਂਦੀ ਹੈ। ਜਿਸ ਤਰ੍ਹਾਂ ਨਿਊਜ਼ੀਲੈਂਡ ਵਿੱਚ ਘਰਾਂ ਦੇ ਖੇਤਰ ਵਿੱਚ ਇਨਵੈਸਟਰਾਂ ਵਾਸਤੇ 35% ਡਿਪਾਜ਼ਿਟਦੀ ਪਾਬੰਦੀ ਲਗਾਈ ਹੋਈ ਹੈ, ਜੋ ਸਮੇਂ-ਸਮੇਂ ਬਦਲਦੀ ਰਹਿੰਦੀ ਹੈ। ਮੌਕੇ ਦੀ ਸਰਕਾਰ ਵੀ ਕਈ ਵਾਰ ਇਨਵੈਸਟਰਾਂ 'ਤੇ ਪਾਬੰਦੀ ਲਗਾ ਜਾਂ ਹਟਾ ਦਿੰਦੀ ਹੈ, ਜਿਸ ਤਰਾਂ ਨਿਊਜ਼ੀਲੈਂਡ ਵਿੱਚ ਫੌਰਨ ਇਨਵੈਸਟਰਾਂ 'ਤੇ ਨਿਊਜ਼ੀਲੈਂਡ ਵਿੱਚ ਘਰ ਖਰੀਦਣ 'ਤੇ ਪਾਬੰਦੀ ਲਗਾਈ ਹੋਈ ਹੈ, ਜੋ ਲੋੜ ਪੈਣ 'ਤੇ ਬਦਲ ਵੀ ਸਕਦੀ ਹੈ। ਕਰਜ਼ਾ ਦੇਣ ਤੋਂ ਪਹਿਲਾਂ ਬੈਂਕ ਦੇਖਦੀ ਹੈ ਕਿ ਕਰਜ਼ਾ ਲੈਣ ਵਾਲਾ ਕਿੰਨਾ ਕੁ ਰਿਸਕੀ ਹੈ, ਭਾਵ ਉਥੇ ਬੈਂਕ ਦੇ ਪੈਸੇ ਮਰਨ ਦੇ ਕਿੰਨੇ ਕੁ ਚਾਂਸ ਹਨ? ਬੈਂਕ ਇਹ ਵੀ ਦੇਖਦੀ ਹੈ ਕਿ ਇਸ ਰਿਸਕ ਨੂੰ ਉਹ ਕਿਵੇਂ ਘੱਟ ਕਰ ਸਕਦੀ ਹੈ? ਇਹ ਉਸੇ ਤਰ੍ਹਾਂ ਹੈ, ਜਿਵੇਂ ਤੁਹਾਡੇ ਤੋਂ ਕੋਈ ਉਧਾਰ ਪੈਸੇ ਮੰਗੇ ਤਾਂ ਤੁਸੀਂ ਦੇਖਦੇ ਹੋ ਕਿ ਉਥੇ ਪੈਸੇ ਮੁੜਨ ਜਾਂ ਮਰਨ ਦਾ ਕਿੰਨਾ ਕੁ ਚਾਂਸ ਹੈ? ਫਿਰ ਤੁਸੀਂ ਦੇਖਦੇ ਹੋ ਕਿ ਇੱਥੇ ਕਿੰਨੇ ਕੁ ਪੈਸੇ ਦਾ ਰਿਸਕ ਲਿਆ ਜਾ ਸਕਦਾ ਹੈ। ਫਿਰ ਤੁਸੀਂ ਦੇਖਦੇ ਹੋ ਕਿ ਇਸ ਵਿਅਕਤੀ ਨੇ ਦੂਜਿਆਂ ਦੇ ਕਿੰਨੇ ਕੁ ਪੈਸੇ ਪਹਿਲਾਂ ਮਾਰੇ ਹੋਏ ਹਨ? ਜਿਸ ਤਰ੍ਹਾਂ ਤੁਹਾਡੇ ਕੋਲੋਂ ਜੇ ਕੋਈ ਇੱਕ ਲੱਖ ਰੁਪਏ ਮੰਗੇ ਤਾਂ ਜੇ ਉਥੋਂ ਪੈਸਾ ਮੁੜਨ ਦਾ ਚਾਂਸ ਨਾ ਹੋਵੇ ਤਾਂ ਤੁਸੀਂ ਬਹਾਨਾ ਮਾਰ ਕੇ ਨਾਂਹ ਕਰ ਦਿਓਗੇ, ਜੇ ਮੁੜਨ ਦਾ ਚਾਂਸ ਹੈ ਤਾਂ ਤੁਸੀਂ ਪੈਸੇ ਦੇ ਦਿਓਗੇ ਜਾਂ ਤੁਸੀਂ ਕਹੋਗੇ ਕਿ ਮੇਰੇ ਕੋਲ ਤਾਂ 50 ਕੁ ਹਜ਼ਾਰ ਹੀ ਹੋ ਸਕਦਾ ਹੈ, ਬਿਲਕੁਲ ਬੈਂਕ ਵੀ ਇਸੇ ਤਰ੍ਹਾਂ ਹੀ ਸੋਚਦਾ ਹੈ।

ਵਿਦੇਸ਼ਾਂ ਵਿੱਚ ਜ਼ਿਆਦਾ ਬੈਂਕਾਂ ਪ੍ਰਾਈਵੇਟ ਹਨ, ਉਹ ਵੀ ਦੂਜੇ ਬਿਜ਼ਨੈਸਾਂ ਵਾਂਗ ਹਨ। ਕਈ ਵਾਰ ਦੂਜੇ ਬਿਜ਼ਨੈੱਸ ਘਾਟਾ ਖਾ ਜਾਂਦੇ ਹਨ। ਇਸੇ ਤਰ੍ਹਾਂ ਕਦੇ-ਕਦਾਈਂ ਬੈਂਕ ਨੂੰ ਵੀ ਘਾਟਾ ਪੈ ਜਾਂਦਾ ਹੈ। ਇੱਥੇ ਇਹ ਜਾਨਣ ਦੀ ਲੋੜ ਹੈ ਕਿ ਬੈਂਕਾਂ ਦੇ ਹਜ਼ਾਰਾਂ ਜਾਂ ਲੱਖਾਂ ਗਾਹਕ ਹੁੰਦੇ ਹਨ। ਜੇ ਕੁੱਝ ਗਾਹਕ ਬੈਂਕ ਨੂੰ ਘਾਟਾ ਦੇ ਵੀ ਜਾਣ ਤਾਂ ਵੀ ਬੈਂਕ ਨੂੰ ਬਹੁਤਾ ਫਰਕ ਨਹੀਂ ਪੈਂਦਾ, ਕਿਉਂਕਿ ਬੈਂਕ ਨੇ ਉਹ ਘਾਟਾ ਬਾਕੀ ਗਾਹਕਾਂ ਨੂੰ ਦਿੱਤੇ ਕਰਜ਼ੇ ਦੇ ਆਉਂਦੇ ਵਿਆਜ ਵਿੱਚੋਂ ਪੂਰਾ ਕਰਨਾ ਹੁੰਦਾ ਹੈ। ਪਿਆ ਹੋਇਆ ਘਾਟਾ ਬੈਂਕਾਂ ਦੂਜੇ ਗਾਹਕਾਂ ਸਿਰ ਨਹੀਂ ਮੜ੍ਹਦੀਆਂ।

ਉਦਾਹਰਣ ਦੇ ਤੌਰ 'ਤੇ ਨਿਊਜ਼ੀਲੈਂਡ ਵਿੱਚ ਬੈਂਕਾਂ ਇਸ ਵੇਲੇ ਕਿਰਾਏ ਵਾਲੇ ਘਰਾਂ 'ਤੇ 35% ਇਕੁਟੀ ਜਾਂ ਡਿਪਾਜ਼ਟ ਹੋਣ 'ਤੇ ਬਕਾਇਆ 65% ਪ੍ਰਤੀਸ਼ਤ ਕਰਜ਼ਾ ਕਿਰਾਏ ਵਾਲੇ ਘਰ ਖਰੀਦਣ ਲਈ ਦਿੰਦੀਆਂ ਹਨ। ਬਾਕੀ ਫਾਰਮਾਂ ਜਾਂ ਬਿਜ਼ਨੈਸਾਂ ਵਾਸਤੇ ਜ਼ਿਆਦਾ ਤੌਰ 'ਤੇ ਬੈਂਕਾਂ 40% ਡਿਪਾਜ਼ਟ ਲੈ ਕੇ 60% ਕਰਜ਼ਾ ਦਿੰਦੀਆਂ ਹਨ। ਮੰਨ ਲਓ ਕਰਜ਼ਾ ਲੈਣ ਵਾਲੇ ਨੇ 10 ਲੱਖ ਦਾ ਘਰ ਜਾਂ ਬਿਜ਼ਨੈਸ ਖਰੀਦਿਆ, ਇਸ ਵਿੱਚ ਬੈਂਕ 6 ਲੱਖ ਦੇ ਕਰੀਬ ਕਰਜ਼ਾ ਦੇਵੇਗੀ ਅਤੇ ਮਾਲਕ ਚਾਰ ਲੱਖ ਦੇ ਕਰੀਬ ਆਪਣਾ ਪੈਸਾ ਲਗਾਵੇਗਾ ਸਕਿਉਰਟੀ ਦੇ ਤੌਰ 'ਤੇ ਬੈਂਕ ਕਰਜ਼ੇ ਵਾਲੀ ਪ੍ਰਾਪਰਟੀ ਰੱਖੇਗੀ। ਇਸ ਉਦਾਹਰਣ ਵਿੱਚ ਜੇ ਕਰਜ਼ਾ ਲੈਣ ਵਾਲਾ ਕਰਜ਼ਾ ਨਾ ਮੋੜ ਸਕੇ ਤਾਂ ਬੈਂਕ ਉਸ ਪ੍ਰਾਪਰਟੀ ਨੂੰ ਵੇਚ ਕੇ ਆਪਣਾ ਪੈਸਾ ਪੂਰਾ ਕਰੇਗੀ। ਜ਼ਿਆਦਾ ਤੌਰ 'ਤੇ 10 ਲੱਖ ਵਾਲੀ ਪ੍ਰਾਪਰਟੀ 7 ਲੱਖ ਤੋਂ ਉੱਪਰ ਵਿਕ ਜਾਂਦੀ ਹੈ, ਜਿਸ ਕਰਕੇ ਬੈਂਕ ਨੂੰ ਕੋਈ ਘਾਟਾ ਨਹੀਂ ਪੈਂਦਾ। ਆਮ ਲੋਕਾਂ ਨੂੰ ਇਸ ਵਰਤਾਰੇ ਦੀ ਜਾਣਕਾਰੀ ਨਾ ਹੋਣ ਕਾਰਨ ਲੱਗਦਾ ਹੈ ਕਿ ਬੈਂਕ ਘਾਟਾ ਖਾ ਗਈ ਹੈ ਜਾਂ ਕੋਈ ਬੈਂਕ ਦਾ ਕਰਜ਼ਾ ਲੈ ਕੇ ਭੱਜ ਗਿਆ ਹੈ।

ਇਸੇ ਤਰ੍ਹਾਂ ਬੈਂਕਾਂ ਪਹਿਲਾਂ ਘਰ ਖਰੀਦਣ ਵਾਲੇ ਨੂੰ 5% ਜਾਂ 10% ਡਿਪਾਜ਼ਟ ਨਾਲ ਕਰਜ਼ਾ ਦੇ ਦਿੰਦੀਆਂ ਹਨ। ਬੈਂਕਾਂ 80% ਤੱਕ ਆਪਣਾ ਰਿਸਕ ਲੈਂਦੀਆਂ ਹਨ, ਪਰ ਬਾਕੀ ਕਰਜ਼ੇ ਦੀ ਇੰਸ਼ੋਰੈਂਸ ਕਰਵਾ ਲੈਂਦੀਆਂ ਹਨ। ਉਸ ਇੰਸ਼ੋਰੈਂਸ ਦੀ ਕਿਸ਼ਤ ਇੱਕੋ ਵਾਰ ਖਰੀਦਦਾਰ ਤੋਂ ਲੈ ਲਈ ਜਾਂਦੀ ਹੈ, ਜਿਸ ਨੂੰ ਲੋ ਇਕੁਟੀ ਮੋਰਗੇਜ਼ ਇੰਸ਼ੋਰੈਂਸ ਵੀ ਕਹਿੰਦੇ ਹਨ, ਜੇਕਰ ਇਸ ਘਰ ਦਾ ਮਾਲਕ ਕਿਸ਼ਤ ਨਹੀਂ ਦੇ ਪਾਉਂਦਾ ਤਾਂ ਬੈਂਕ ਜਦੋਂ ਘਰ ਨੂੰ ਵੇਚੇਗੀ ਤਾਂ ਉਸ ਵਿੱਚੋਂ ਆਪਣਾ 80% ਪਹਿਲਾਂ ਪੂਰਾ ਕਰ ਲਵੇਗੀ ਅਤੇ ਬਾਕੀ ਘਾਟਾ ਇੰਸ਼ੋਰੈਂਸ ਕੰਪਨੀ ਪੂਰਾ ਕਰੇਗੀ। ਜੇ ਸਾਰੇ ਸਿਸਟਮ ਨੂੰ ਥੋੜ੍ਹੇ ਸ਼ਬਦਾਂ ਵਿੱਚ ਸਮਝਣਾ ਹੋਵੇ ਤਾਂ ਕਿਹਾ ਜਾ ਸਕਦਾ ਹੈ ਕਿ ਬੈਂਕ ਨੂੰ ਬਹੁਤੀਆਂ ਹਾਲਤਾਂ ਵਿੱਚ ਕੋਈ ਘਾਟਾ ਨਹੀਂ ਪੈਂਦਾ। ਮੇਰੀ ਸੋਚ ਮੁਤਾਬਕ ਕਰਜ਼ਾ ਲੈਣਾ ਮਾੜਾ ਨਹੀਂ ਹੈ, ਪਰ ਕਰਜ਼ੇ ਦੀ ਸਮਝ ਹੋਣਾ ਬਹੁਤ ਜ਼ਰੂਰੀ ਹੈ। ਕਰਜ਼ਾ ਲੈਣ ਤੋਂ ਪਹਿਲਾਂ ਸੋਚਣਾ ਜ਼ਰੂਰੀ ਹੈ ਕਿ ਕਰਜ਼ਾ ਮੋੜਨਾ ਕਿਵੇਂ ਹੈ?

ਇਸੇ ਤਰ੍ਹਾਂ ਉਪਰੋਕਤ ਲੇਖਕ ਕਰਜ਼ੇ ਪ੍ਰਤੀ ਚੰਗੀ ਜਾਣਕਾਰੀ ਰੱਖਦਾ ਹੈ। ਉਹ ਕਰਜ਼ੇ ਵਿੱਚੋਂ ਹੀ ਆਮਦਨ ਪੈਦਾ ਕਰਦਾ ਹੈ। ਇਸ ਤਰ੍ਹਾਂ ਉਸ ਨੂੰ ਟੈਕਸ ਵੀ ਘੱਟ ਦੇਣਾ ਪੈਂਦਾ ਹੈ। ਉਹ ਕਰਜ਼ੇ ਵਿੱਚ ਹੀ ਰਹਿਣਾ ਚਾਹੁੰਦਾ ਹੈ, ਇਸ ਵਿੱਚ ਹੈਰਾਨੀ ਜਾਂ ਪ੍ਰੇਸ਼ਾਨੀ ਵਾਲੀ ਕੋਈ ਗੱਲ ਨਹੀਂ ਹੈ।

ਨੋਟ :- ਨਿਊਜ਼ੀਲੈਂਡ ਵਿੱਚ ਕਰਜ਼ਾ ਲੈਣ ਤੋਂ ਪਹਿਲਾਂ ਜਾਂ ਬਿਜ਼ਨਸ ਜਾਂ ਘਰ ਖਰੀਦਣ ਤੋਂ ਪਹਿਲਾਂ ਆਥੋਰਾਈਜ਼ਡ ਫਾਈਨੈਂਸ਼ਲ ਐਡਵਾਈਜ਼ਰ ਦੀ ਸਲਾਹ ਜ਼ਰੂਰ ਲੈ ਲੈਣੀ ਚਾਹੀਦੀ ਹੈ। ਇਹ ਲੇਖ ਆਪਣੇ ਤਜਰਬੇ 'ਤੇ ਅਧਾਰਤ ਹੈ ਤੇ ਫਾਈਨੈਂਸ਼ਲ ਐਡਵਾਈਜ਼ ਨਹੀਂ ਹੈ।

# ਸੰਪਰਕ : 006421392147

# ਮੋਦੀ ਦੀ ਹਾਲਤ ਹਾਰ ਰਹੀ ਫ਼ੌਜ ਦੇ ਜਰਨੈਲ ਵਰਗੀ



ਹਰਜਿੰਦਰ ਸਿੰਘ ਗੁਲਪੁਰ

2024 ਦੀਆਂ ਲੋਕ ਸਭਾਈ ਚੋਣਾਂ ਨੂੰ ਤਕਰੀਬਨ ਤਿੰਨ ਮਹੀਨੇ ਬਚਦੇ ਹਨ। ਇਸ ਤੋਂ ਪਹਿਲਾਂ ਪੰਜ ਵਿਧਾਨ ਸਭਾ ਦੀਆਂ ਚੋਣਾਂ ਤਿੰਨ ਰਾਜਾਂ ਵਿਚ ਭਾਜਪਾ ਆਸ ਤੋਂ ਉਲਟ ਆਪਣੀ ਜਿੱਤ ਦਰਜ ਕਰਵਾ ਚੁੱਕੀ ਹੈ। ਚੋਣਾਂ ਦੇ ਮੱਦੇਨਜ਼ਰ ਕੇਂਦਰ ਸਰਕਾਰ ਨੇ ਪਿਛਲੇ ਲੰਮੇ ਸਮੇਂ ਤੋਂ ਕੇਂਦਰੀ ਏਜੰਸੀਆਂ ਨੂੰ ਇਸ ਕੰਮ ਉੱਤੇ ਲਗਾਇਆ ਹੋਇਆ ਹੈ। ਬਹੁਤ ਸਾਰੇ ਨੇਤਾ ਇੱਕ-ਇੱਕ, ਦੋ-ਦੋ ਸਾਲ ਤੋਂ ਜੇਹਲਾਂ ਅੰਦਰ ਬੰਦ ਹਨ। ਕੇਂਦਰ ਸਰਕਾਰ ਨੇ ਕਨੂੰਨਾਂ ਵਿੱਚ ਸੋਧ ਕਰਕੇ ਈ ਡੀ ਨੂੰ ਐਨੀਆਂ ਤਾਕਤਾਂ ਦੇ ਦਿੱਤੀਆਂ ਹਨ ਕਿ ਅਦਾਲਤਾਂ ਵੀ ਬੇਵੱਸ ਹਨ।

ਵਿਰੋਧੀ ਨੇਤਾਵਾਂ ਅਤੇ ਉਹਨਾਂ ਦੇ ਪਰਵਾਰਾਂ ਨੂੰ ਤੰਗ-ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਉਨ੍ਹਾਂ 'ਤੇ ਭਾਜਪਾ ਵਿੱਚ ਸ਼ਾਮਲ ਹੋਣ ਲਈ ਦਬਾਅ ਬਣਾਇਆ ਜਾ ਰਿਹਾ ਹੈ। ਭਾਜਪਾ ਵਿੱਚ ਸ਼ਾਮਲ ਹੋਣ ਵਾਲਿਆਂ ਦੇ ਹਜ਼ਾਰਾਂ ਲੱਖਾਂ ਕਰੋੜ ਦੇ ਘਪਲਿਆਂ ਨੂੰ ਦਰ ਕਿਨਾਰ ਕਰ ਕੇ ਉਹਨਾਂ ਨੂੰ ਮੁੱਖ ਮੰਤਰੀ, ਉਪ ਮੁੱਖ ਮੰਤਰੀ ਅਤੇ ਹੋਰ ਅਹੁਦਿਆਂ ਨਾਲ ਨਿਵਾਜਿਆ ਜਾ ਰਿਹਾ ਹੈ।

ਇਹ ਸਾਰੀ ਕਾਰਵਾਈ ਚੋਣਵੇਂ ਰੂਪ ਵਿੱਚ ਕੀਤੀ ਜਾ ਰਹੀ ਹੈ। ਭਾਰਤ ਰਤਨ ਵਰਗੇ ਵਕਾਰੀ ਪੁਰਸਕਾਰ ਨੂੰ ਵੀ ਦਾਅ ਉੱਤੇ ਲਾ ਦਿੱਤਾ ਹੈ। ਇਸ ਤੋਂ ਇਲਾਵਾ ਵਿਰੋਧੀ ਸਰਕਾਰਾਂ ਨੂੰ 'ਅਪਰੇਸ਼ਨ ਲੋਟਸ' ਰਾਹੀਂ ਖਤਮ ਕਰ ਕੇ ਭਾਜਪਾ ਸਰਕਾਰਾਂ ਸਥਾਪਤ ਕੀਤੀਆਂ ਜਾ ਰਹੀਆਂ ਹਨ। ਹੁਣ ਤੱਕ ਨੌਂ ਵਿਰੋਧੀ ਰਾਜ ਸਰਕਾਰਾਂ ਨੂੰ ਤੋੜਿਆ ਜਾ ਚੁੱਕਾ ਹੈ। ਬੜੇ ਹੀ ਸੂਖਮ ਅਤੇ ਕਨੂੰਨੀ ਢੰਗ ਨਾਲ ਐਮਰਜੈਂਸੀ ਨਾਲੋਂ ਵੀ ਭਿਆਨਕ ਖੇਡ ਖੇਡੀ ਜਾ ਰਹੀ ਹੈ। ਪਤਾ ਨਹੀਂ ਕਿੰਨੇ ਕੁ ਸਮਾਜਿਕ ਅਤੇ ਰਾਜਨੀਤਕ ਕਾਰਜਕਰਤਾ ਜੇਹਲਾਂ ਵਿੱਚ ਬੰਦ ਹਨ, ਇਸ ਦਾ ਕੋਈ ਹਿਸਾਬ-ਕਿਤਾਬ ਨਹੀਂ।

ਜ਼ਮਾਨਤ ਅਰਜ਼ੀਆਂ ਸਾਲਾਂ ਤੋਂ ਰੱਦ ਕੀਤੀਆਂ ਜਾ ਰਹੀਆਂ ਹਨ। ਨਾ ਕੋਈ ਦਲੀਲ ਸੁਣਦਾ ਹਾਂ ਨਾ ਕੋਈ ਅਪੀਲ। ਇੱਕੋ ਇੱਕ ਮਕਸਦ ਹੈ ਵੋਟ ਹਾਸਲ ਕਰਨਾ।ਹੈਰਾਨੀ ਦੀ ਗੱਲ ਇਹ ਹੈ ਕਿ ਅਦਾਲਤਾਂ ਸਰਕਾਰ ਖ਼ਿਲਾਫ਼ ਟਿੱਪਣੀਆਂ ਤੱਕ ਸੀਮਤ ਹੋ ਕੇ ਰਹਿ ਗਈਆਂ ਹਨ। ਦੇਸ਼ ਦੀ ਸੁਪਰੀਮ ਕੋਰਟ ਵੱਲੋਂ ਕੀਤੇ ਮਹੱਤਵਪੂਰਨ ਫੈਸਲਿਆਂ ਨੂੰ ਆਰਡੀਨੈਂਸ ਰਾਹੀਂ ਰੱਦ ਕੀਤਾ ਜਾ ਰਿਹਾ ਹੈ। ਸਾਰਾ ਮੀਡੀਆ ਅਤੇ ਸੰਵਿਧਾਨਕ ਸੰਸਥਾਵਾਂ ਕੇਂਦਰ ਸਰਕਾਰ ਨੇ ਹੌਲੀ-ਹੌਲੀ ਆਪਣੇ ਪ੍ਰਭਾਵ ਅਧੀਨ ਕਰ ਲਈਆਂ ਹਨ। ਮੇਨ ਸਟਰੀਮ ਮੀਡੀਆ ਉੱਤੇ ਕਰੋੜਾਂ, ਅਰਬਾਂ ਰੁਪਏ ਖਰਚੇ ਜਾ ਰਹੇ ਹਨ। ਹਾਲਾਤ ਇਹ ਬਣਾ ਦਿੱਤੇ ਗਏ ਹਨ ਕਿ ਸੰਵਿਧਾਨਕ ਸੰਸਥਾਵਾਂ ਅਤੇ ਮੇਨ ਸਟਰੀਮ ਮੀਡੀਆ ਭਾਜਪਾ ਦੇ ਸਿਆਸੀ ਵਿੰਗ ਵਾਂਗ ਕੰਮ ਕਰ ਰਹੇ ਹਨ। ਕੇਂਦਰ ਦੇ ਇਸ ਕਰੂਰ ਵਰਤਾਰੇ ਨੂੰ ਦੇਖ ਕੇ ਵਿਰੋਧੀ ਧਿਰਾਂ ਨੇ ਨਿਤੀਸ਼ ਕੁਮਾਰ ਦੀ ਪਹਿਲ 'ਤੇ 'ਇੰਡੀਆ' ਨਾਂਅ ਦਾ ਗਠਜੋੜ ਬਣਾਉਣ ਦਾ ਫ਼ੈਸਲਾ ਸਤੰਬਰ 2023 ਵਿੱਚ ਲੈ ਲਿਆ। ਵਿਧਾਨ ਸਭਾ ਦੀਆਂ ਚੋਣਾਂ ਆਉਣ ਕਾਰਨ ਇਸ ਦੀਆਂ ਗਤੀਵਿਧੀਆਂ ਅੱਗੇ ਨਾ ਵਧ ਸਕੀਆਂ। ਅੱਗੇ ਚੱਲ ਕੇ ਪਤਾ ਲੱਗਾ ਕਿ ਇੰਡੀਆ ਦੇ ਕੁਝ ਨੇਤਾਵਾਂ ਦੀ ਤੇਜ਼ ਅੱਖ ਨੇ ਨਿਤੀਸ਼ ਕੁਮਾਰ ਸਮੇਤ ਕੁਝ ਹੋਰ ਨੇਤਾਵਾਂ ਦੇ ਮਨ ਅੰਦਰ ਪਈਆਂ ਬੇਵਫਾਈ ਦੀਆਂ ਲਕੀਰਾਂ ਨੂੰ ਪਛਾਣ ਲਿਆ ਸੀ। ਜ਼ਰਾ ਸੋਚੋ! ਜੇਕਰ ਨਿਤੀਸ਼ ਕੁਮਾਰ ਨੂੰ ਇੰਡੀਆ ਅਲਾਇੰਸ ਦਾ ਕਨਵੀਨਰ ਬਣਾ ਦਿੱਤਾ ਜਾਂਦਾ ਅਤੇ ਉਹ ਚੋਣ ਜ਼ਾਬਤਾ ਲੱਗਣ ਤੋਂ ਬਾਅਦ ਭਾਜਪਾ ਨਾਲ ਜਾ ਮਿਲਦਾ ਤਾਂ ਕੀ ਹੁੰਦਾ? ਭਾਜਪਾ ਨੂੰ 2024 ਦੀਆਂ ਚੋਣਾਂ ਦੌਰਾਨ ਵਾਕ ਓਵਰ ਮਿਲ ਜਾਣਾ ਸੀ। ਹੁਣ ਉਹਨਾਂ ਪੱਤਰਕਾਰਾਂ 'ਤੇ ਹਾਸਾ ਆਉਂਦਾ ਹੈ, ਜਿਹਨਾਂ ਨਿਤੀਸ਼ ਕੁਮਾਰ ਨੂੰ ਕਨਵੀਨਰ ਬਣਾਉਣ ਲਈ ਇੰਡੀਆ ਭਾਈਵਾਲਾਂ ਖਾਸ ਕਰਕੇ ਕਾਂਗਰਸ ਦੇ ਨੱਕ ਵਿਚ ਦਮ ਕੀਤਾ ਹੋਇਆ ਸੀ। ਏਨਾ ਕੁਝ ਕਰਨ ਦੇ ਬਾਵਜੂਦ ਨਰਿੰਦਰ ਮੋਦੀ ਨੇ ਰਾਮ ਮੰਦਰ ਵਾਲਾ ਤਰੁੱਪ ਦਾ ਪੱਤਾ ਲੋਕ ਸਭਾ ਚੋਣਾਂ ਲਈ ਰਾਖਵਾਂ ਰੱਖਿਆ ਹੋਇਆ ਸੀ। ਜੋਤਸ਼ੀਆਂ ਨੂੰ ਕਹਿ ਕੇ ਰਾਮ ਦੀ ਮੂਰਤੀ ਸਥਾਪਤ ਕਰਨ ਅਤੇ ਮੂਰਤੀ ਦੀ ਪ੍ਰਾਣ ਪ੍ਰਤਿਸ਼ਠਾ ਲਈ 22 ਜਨਵਰੀ ਦਾ ਮਹੂਰਤ ਪਿਛਲੇ ਸਾਲ ਹੀ ਕਢਵਾ ਲਿਆ ਸੀ। ਸਾਰੀ ਸਮਾਂ ਸਾਰਨੀ ਲੋਕ ਸਭਾ ਚੋਣਾਂ ਵਿੱਚ ਲੋਕਾਂ ਦੀਆਂ ਭਾਵਨਾਵਾਂ ਨੂੰ ਕੈਸ਼ ਕਰਨ ਲਈ ਬਣਾਈ ਗਈ ਸੀ। ਭਾਰਤ ਹੀ ਨਹੀਂ, ਪੂਰੇ ਵਿਸ਼ਵ ਵਿੱਚ ਇਸ ਧਾਰਮਿਕ ਈਵੈਂਟ ਦੇ ਪਰਚਾਰ ਉੱਤੇ ਸਰਕਾਰੀ ਅਤੇ ਗੈਰ-ਸਰਕਾਰੀ ਪੈਸਾ ਪਾਣੀ ਵਾਂਗ ਰੋੜ੍ਹਿਆ ਗਿਆ। ਪੂਰਾ ਦੇਸ਼ ਭਗਵੇਂ ਰੰਗ ਵਿਚ ਤਬਦੀਲ ਕਰ ਦਿੱਤਾ ਗਿਆ। ਮੋਦੀ ਨੂੰ ਪੂਰਾ ਵਿਸ਼ਵਾਸ ਸੀ ਕਿ ਦੇਸ਼ ਦੇ ਲੋਕ ਇਸ ਰਾਮ ਮਈ ਵਰਤਾਰੇ ਦੇ ਵਹਿਣ ਵਿੱਚ ਵਹਿ ਕੇ ਉਸ ਦੇ ਹੱਕ ਵਿਚ ਭੁਗਤ ਜਾਣਗੇ। ਉਸ ਨੂੰ ਆਸ ਸੀ ਕਿ ਹੋਰ ਕੋਈ ਲਾਰਾ ਅਤੇ ਵਾਅਦਾ ਕਰਨ ਦੀ ਲੋੜ ਨਹੀਂ ਰਹੇਗੀ। ਸਿਰ ਮੁੰਡਾਉਂਦਿਆਂ ਗੜ੍ਹੇ ਪੈਣ ਵਾਲੀ ਗੱਲ ਉਦੋਂ ਹੋ ਗਈ, ਜਦੋਂ ਹਿੰਦੂ ਧਰਮ ਦੇ ਚਾਰ ਪੀਠ ਸ਼ੰਕਰਾਚਾਰੀਆਂ ਨੇ ਇਸ ਸਮਾਗਮ ਵਿਚ ਆਉਣ ਤੋਂ ਦੋ-ਟੁੱਕ ਇਨਕਾਰ ਕਰ ਦਿੱਤਾ। ਉਹਨਾਂ ਦਾ ਤਰਕ ਸੀ ਕਿ ਜਦੋਂ ਰਾਮ ਮੰਦਰ ਹੀ ਅੱਧਾ-ਅਧੂਰਾ ਹੈ ਤਾਂ ਪ੍ਰਾਣ ਪ੍ਰਤਿਸ਼ਠਾ ਕਿਵੇਂ ਕੀਤੀ ਜਾ ਸਕਦੀ ਹੈ? ਭਾਜਪਾ ਅਤੇ ਆਰ ਐੱਸ ਐੱਸ ਨੂੰ ਅਹਿਸਾਸ ਹੋ ਗਿਆ ਕਿ ਚੋਣ ਭਵਸਾਗਰ ਨੂੰ ਪਾਰ ਲੰਘਣ ਲਈ ਬਣਾਏ ਜਹਾਜ਼ ਦੇ ਬਾਦਬਾਨ ਅੰਡਰ ਕਰੰਟ ਨਾਲ ਛਲਣੀ ਹੋ ਚੁੱਕੇ ਹਨ। ਕਹਾਵਤ ਹੈ ਕਿ ਮਰਦਾ ਕੀ ਨਹੀਂ ਕਰਦਾ। ਉਨ੍ਹਾਂ ਅੰਦਰਖਾਤੇ ਖੇਡੀ ਜਾ ਰਹੀ ਡਰਟੀ ਗੇਮ ਨੂੰ ਖੁੱਲ੍ਹ ਕੇ ਖੇਡਣ ਦਾ ਫੈਸਲਾ ਕਰ ਲਿਆ। ਸਾਰੇ ਸਰਕਾਰੀ ਘੋੜੇ ਖੋਹਲ ਦਿੱਤੇ। ਬਿਹਾਰ ਵਿਚ ਨਿਤੀਸ਼ ਕੁਮਾਰ ਦੀ ਧੌਣ 'ਤੇ ਗੋਡਾ ਰੱਖ ਕੇ ਜਿਸ ਤਰਾਂ ਉਸ ਤੋਂ ਦਲ-ਬਦਲੀ ਕਰਵਾਈ ਗਈ, ਉਸ ਨੇ ਨਿਤੀਸ਼ ਕੁਮਾਰ ਨੂੰ ਭਾਰਤੀ ਰਾਜਨੀਤੀ ਦੇ ਹਾਸ਼ੀਏ 'ਤੇ ਖੜਾ ਕਰ ਦਿੱਤਾ। ਪ੍ਰਸਿੱਧ ਪੱਤਰਕਾਰ ਅਭੈ ਕੁਮਾਰ ਅਨੁਸਾਰ ਨਿਤੀਸ਼ ਨੇ ਐਸੀ ਵੱਡੀ ਰਾਜਨੀਤਕ ਗਲਤੀ ਕਰ ਲਈ ਹੈ, ਜਿਸ ਦਾ ਉਸ ਨੂੰ ਚੋਣਾਂ ਦੌਰਾਨ ਐਨਾ ਨੁਕਸਾਨ ਹੋਵੇਗਾ, ਜਿਹੜਾ ਕਿਸੇ ਨੇ ਸੋਚਿਆ ਵੀ ਨਹੀਂ ਸੀ। ਇਸ ਸਮੇਂ ਨਰਿੰਦਰ ਮੋਦੀ ਦੀ ਹਾਲਤ ਉਸ ਜਰਨੈਲ ਵਰਗੀ ਹੈ, ਜੋ ਦਮਗਜ਼ਿਆਂ ਅਤੇ ਝੂਠੇ ਲਲਕਾਰਿਆਂ ਨਾਲ ਆਪਣੀ ਫੌਜ ਨੂੰ ਮਨੋਵਿਗਿਆਨਕ ਸਹਾਰਾ ਦਿੰਦਾ ਹੁੰਦਾ ਹੈ।

ਭਾਰਤੀ ਇਤਿਹਾਸ ਵਿਚ ਪਹਿਲੀ ਵਾਰ ਹੋਇਆ ਹੈ ਕਿ ਝਾਰਖੰਡ ਦੇ ਮੁੱਖ ਮੰਤਰੀ ਨੂੰ ਗ੍ਰਿਫਤਾਰ ਕਰ ਕੇ ਜੇਹਲ ਵਿਚ ਬੰਦ ਕਰ ਦਿੱਤਾ ਗਿਆ। ਹੇਮੰਤ ਸੋਰੇਨ ਨੇ ਜਿਸ ਜ਼ਿੰਦਾਦਿਲੀ ਨਾਲ ਇਸ ਧੱਕੇਸ਼ਾਹੀ ਦਾ ਸਾਹਮਣਾ ਕੀਤਾ, ਉਸ ਨੇ ਭਾਜਪਾ ਦੇ ਸਾਰੇ ਮਨਸੂਬੇ ਫੇਲ੍ਹ ਕਰ ਦਿੱਤੇ। ਪਹਿਲਾਂ ਦੇਸ਼ ਵਾਸੀ ਉਹਨੂੰ ਕੇਵਲ ਸ਼ਿਬੂ ਸੋਰੇਨ ਦੇ ਪੁੱਤਰ ਵਜੋਂ ਜਾਣਦੇ ਸਨ, ਪਰ ਹੁਣ ਦੇਸ਼ ਵਾਸੀਆਂ ਨੂੰ ਇਹ ਵੀ ਪਤਾ ਲੱਗ ਗਿਆ ਹੈ ਕਿ ਉਹ ਮਹਾਨ ਆਦਿਵਾਸੀ ਸ਼ਹੀਦ ਸੁਬਰ ਮਾਂਝੀ ਦਾ ਪੋਤਰਾ ਵੀ ਹੈ, ਜਿਸ ਦਾ ਕਤਲ ਸਰਕਾਰ ਨੇ ਸੂਦਖੋਰਾਂ ਰਾਹੀਂ ਕਰਵਾ ਦਿੱਤਾ ਸੀ। ਲੋਕ ਸਭਾ ਮੋਦੀ ਦਰਬਾਰ ਵਿੱਚ ਤਬਦੀਲ ਹੋ ਗਈ ਹੈ, ਜਿੱਥੇ ਡੰਕੇ ਦੀ ਚੋਟ 'ਤੇ ਝੂਠੇ ਤੱਥ ਦੇਸ਼ ਸਾਹਮਣੇ ਰੱਖੇ ਜਾ ਰਹੇ ਹਨ, ਲੇਕਿਨ ਲੋਕ ਜਾਣਦੇ ਹਨ ਕਿ ਕੁਤਬ ਮੀਨਾਰ ਦੇ ਸਿਖਰ 'ਤੇ ਬਹਿ ਕੇ ਕਾਵਾਂਰੌਲੀ ਪਾਉਣ ਨਾਲ ਕੋਈ ਕਾਂ ਬਾਜ਼ ਨਹੀਂ ਬਣ ਜਾਂਦਾ, ਜਿਸ ਤਰਾਂ ਦਾ ਹੁੰਗਾਰਾ ਰਾਹੁਲ ਦੀ ਦੂਜੀ ਯਾਤਰਾ ਨੂੰ ਮਿਲ ਰਿਹਾ ਹੈ, ਉਸ ਨਾਲ ਭਾਜਪਾ ਦੇ ਖੁਦ ਬਣਾਏ ਸਮੀਕਰਨ ਗੜਬੜਾ ਗਏ ਹਨ। ਜੋ ਮੇਨ ਸਟਰੀਮ ਮੀਡੀਆ 'ਤੇ ਦਿਖਾਇਆ ਜਾ ਰਿਹਾ ਹੈ, ਉਹ ਜ਼ਮੀਨ ਉੱਤੇ ਦਿਖਾਈ ਨਹੀਂ ਦਿੰਦਾ। ਭਾਜਪਾ ਦਾ ਸਾਰਾ ਜ਼ੋਰ ਇਸ ਗੱਲ 'ਤੇ ਲੱਗਾ ਹੋਇਆ ਹੈ ਕਿ 'ਇੰਡੀਆ' ਅਲਾਇੰਸ ਦੇ ਸਾਰੇ ਪਾਰਟਨਰ ਇਕੱਲੇ-ਇਕੱਲੇ ਚੋਣ ਲੜਨ। ਇਸ ਮਕਸਦ ਦੀ ਪੂਰਤੀ ਲਈ ਹਰ ਤਰ੍ਹਾਂ ਦਾ ਹਰਬਾ ਵਰਤਿਆ ਜਾ ਰਿਹਾ ਹੈ। ਅਲਾਇੰਸ ਦੀਆਂ ਕਮਜ਼ੋਰ ਕੜੀਆਂ ਦੀ ਨਿਸ਼ਾਨਦੇਹੀ ਕਰਕੇ ਉਹਨਾਂ ਨੂੰ ਤੋੜਿਆਂ ਮਰੋੜਿਆ ਜਾ ਰਿਹਾ ਹੈ। ਪ੍ਰਧਾਨ ਮੰਤਰੀ ਚੰਗੀ ਤਰਾਂ ਜਾਣਦੇ ਹਨ ਇਸ ਵਾਰ ਉਹਨਾਂ ਕੋਲ ਦਾਅਵਿਆਂ ਅਤੇ ਵਾਅਦਿਆਂ ਦੇ ਰੂਪ ਵਿਚ ਕੁਝ ਵੀ ਨਹੀਂ ਬਚਿਆ। ਪਿਛਲੇ ਦਸਾਂ ਸਾਲਾਂ ਦੌਰਾਨ ਉਹਨਾ ਆਪਣੀਆਂ ਕਾਰਗੁਜ਼ਾਰੀਆਂ ਦੀ ਲੀਕ ਵੱਡੀ ਕਰਨ ਦੀ ਥਾਂ ਪਿਛਲੀਆਂ ਸਰਕਾਰਾਂ ਖਿਲਾਫ ਨਾ ਕੇਵਲ ਨੀਵੇਂ ਪੱਧਰ ਦਾ ਪਰਚਾਰ ਕੀਤਾ ਹੈ, ਸਗੋਂ ਦੇਸ਼ ਭਰ ਵਿਚ ਨਫਰਤ ਦਾ ਮਹੌਲ ਸਿਰਜਿਆ ਹੈ।

ਸਭ ਤੋਂ ਵਡਾ ਖਤਰਾ ਉਹਨਾਂ ਨੂੰ ਵਿਰੋਧੀ ਪਾਰਟੀਆਂ ਦੀ ਏਕਤਾ ਤੋਂ ਹੈ। ਆਪੋ-ਆਪਣੇ ਰਾਜਾਂ ਦੀ ਸਿਆਸੀ ਸਥਿਤੀ ਨੂੰ ਦੇਖ ਕੇ ਕੁਝ ਖੇਤਰੀ ਦਲ ਅਨਿਸਚਿਤਤਾ ਦੇ ਆਲਮ ਵਿਚੋਂ ਗੁਜ਼ਰ ਰਹੇ ਹਨ। ਉਹਨਾਂ ਨੂੰ ਲਗਦਾ ਹੈ ਕਿ 'ਇੰਡੀਆ' ਅਲਾਇੰਸ ਦੇ ਚੱਕਰ ਵਿਚ ਕਿਤੇ ਉਹ ਰਾਜ ਵਿਚੋਂ ਵੀ ਬੇਦਖਲ ਨਾ ਹੋ ਜਾਣ, ਲੇਕਿਨ ਇਸ ਵਾਰ ਹਾਲਾਤ ਬਦਲ ਚੁੱਕੇ ਹਨ। ਭਾਜਪਾ ਖਿਲਾਫ ਇਕੱਠੇ ਹੋ ਕੇ ਚੋਣਾਂ ਲੜਨ ਲਈ ਸਾਰੇ ਵਿਰੋਧੀ ਆਗੂਆਂ ਉੱਤੇ ਜਨਤਕ ਦਬਾਅ ਦਿਨ ਪ੍ਰਤੀ ਦਿਨ ਵਧਦਾ ਜਾ ਰਿਹਾ ਹੈ। ਇਹਨਾ ਚੋਣਾਂ ਵਿੱਚ ਜਿਸ ਵੀ ਆਗੂ ਨੇ 'ਇੰਡੀਆ' ਅਲਾਇੰਸ ਨੂੰ ਧੋਖਾ ਦੇਣ ਦਾ ਯਤਨ ਕੀਤਾ, ਉਸ ਲਈ ਮੁੜ ਕੇ ਸਰਵਾਈਵ ਹੋਣਾ ਮੁਸ਼ਕਲ ਹੋ ਜਾਵੇਗਾ।

# ਸੰਪਰਕ : 79735-01892

# ਬੈਰੀਕੇਡ ਤੋੜ ਕੇ ਕਾਰਜਕਾਰੀ ਆਪ ਪ੍ਰਧਾਨ ਦੇ ਘਰ ਅੱਗੇ ਫੂਕੀ ਸਰਕਾਰ ਦੀ ਅਰਥੀ

## ਪੁਰਾਣੀ ਪੈਨਸ਼ਨ ਬਹਾਲੀ ਦੀ ਮੰਗ ਨੂੰ ਲੈ ਕੇ ਮੰਤਰੀਆਂ ਤੇ ਵਿਧਾਇਕਾਂ ਨੂੰ ਘੇਰਨ ਦੀ ਚਿਤਾਵਨੀ



**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ/ਅਸ਼ੋਕ ਲਾਕੜਾ)**-ਪੁਰਾਣੀ ਪੈਨਸ਼ਨ ਦੀ ਬਹਾਲੀ ਲਈ ਅਧਿਆਪਕਾਂ ਨੇ ਪੁਲਸ ਵੱਲੋਂ ਲਾਏ ਬੈਰੀਕੇਡ ਤੋੜਦਿਆਂ ਆਮ ਆਦਮੀ ਪਾਰਟੀ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬੁਢਲਾਡਾ ਹਲਕੇ ਦੇ ਵਿਧਾਇਕ ਬੁੱਧ ਰਾਮ ਦੇ ਘਰ ਅੱਗੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਅਗਲੇ ਦਿਨਾਂ ਦੌਰਾਨ ਸੰਘਰਸ਼ ਨੂੰ ਹੋਰ ਤਿੱਖਾ ਕਰਦਿਆਂ ਕੈਬਨਿਟ ਮੰਤਰੀਆਂ ਤੇ ਵਿਧਾਇਕਾਂ ਨੂੰ ਘੇਰਿਆ ਜਾਵੇਗਾ। ਬੈਰੀਕੇਡ ਪਾਰ ਕਰਦੇ ਸਮੇਂ ਪੁਲਸ ਕਰਮਚਾਰੀਆਂ ਨੇ ਅਧਿਆਪਕਾਂ ਦੀ ਖਿੱਚ ਧੂਹ ਵੀ ਕੀਤੀ। ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਮਾਨਸਾ ਵੱਲੋਂ ਪੈਨਸ਼ਨ ਬਹਾਲੀ ਸਬੰਧੀ ਕੀਤੇ ਅਧੂਰੇ ਨੋਟੀਫਿਕੇਸ਼ਨਾਂ ਤੋਂ ਬਾਅਦ ਅਗਲੇਰੀ ਕੋਈ ਵੀ ਕਾਰਵਾਈ ਨਾ ਹੋਣ ਸਬੰਧੀ ਕਾਰਜਕਾਰੀ ਪ੍ਰਧਾਨ ਪ੍ਰਿੰਸੀਪਲ ਬੁੱਧ ਰਾਮ ਨੂੰ ਮਿਲਿਆ ਜਾ ਰਿਹਾ ਸੀ, ਪਰ ਉਨ੍ਹਾਂ ਨੇ ਅਧਿਆਪਕਾਂ ਨੂੰ ਕੋਈ ਤਸੱਲੀਬਖਸ਼ ਜਵਾਬ ਨਹੀਂ ਦਿੱਤਾ, ਜਿਸ ਦੇ ਰੋਸ ਵਜੋਂ ਉਨ੍ਹਾਂ ਦੇ ਘਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਪੰਜਾਬ ਸਰਕਾਰ ਦੀ ਅਰਥੀ ਸਾੜੀ ਗਈ। ਇਸ ਮੌਕੇ ਬੋਲਦਿਆਂ ਜ਼ਿਲ੍ਹਾ ਕਨਵੀਨਰ ਦਰਸ਼ਨ ਸਿੰਘ ਅਲੀਸ਼ੇਰ, ਕਰਮਜੀਤ ਸਿੰਘ ਤਾਮਕੋਟ ਤੇ ਗੁਰਪ੍ਰੀਤ ਸਿੰਘ ਦਲੇਲਵਾਲਾ ਨੇ ਪੰਜਾਬ ਸਰਕਾਰ ਦੁਆਰਾ ਵਾਅਦੇ ਨਾ ਪੂਰੇ ਕਰਨ ਲਈ ਸਰਕਾਰ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ। ਬੁਲਾਰਿਆਂ ਨੇ ਕਿਹਾ ਕਿ ਸਾਡੇ ਚੁਣੇ ਹੋਏ ਨੁਮਾਇੰਦੇ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਪ੍ਰਤੀ ਬਿਲਕੁਲ ਗੰਭੀਰ ਨਹੀਂ ਹਨ। ਧਰਨੇ ਨੂੰ ਸੰਬੋਧਨ ਕਰਦਿਆਂ ਹਰਦੀਪ ਸਿੱਧੂ, ਬਲਵਿੰਦਰ ਸ਼ਰਮਾ, ਜਸਵਿੰਦਰ ਚਾਹਲ ਨੇ ਕਿਹਾ ਕਿ ਮੁਲਾਜ਼ਮਾਂ ਨੂੰ ਇਸ ਸਰਕਾਰ ਤੋਂ ਵੱਡੀਆਂ ਆਸਾਂ ਸਨ, ਪਰ ਸਰਕਾਰ ਦਾ ਮੁਲਾਜ਼ਮਾਂ ਪ੍ਰਤੀ ਰਵੱਈਆ ਪਹਿਲੀਆਂ ਸਰਕਾਰਾਂ ਤੋਂ ਵੀ ਮਾੜਾ ਜਾਪਦਾ ਹੈ। ਇਸ ਮੌਕੇ ਅਧਿਆਪਕ ਆਗੂ ਗੁਰਤੇਜ ਉੱਭਾ, ਇਕਬਾਲ ਉੱਭਾ, ਗੁਰਦਾਸ ਗੁਰਨੇ, ਸਮਰਜੀਤ ਸਮਰਾ, ਇੰਦਰਜੀਤ ਡੇਲੂਆਣਾ, ਸਤਨਾਮ ਸਿੰਘ ਦਲੇਲਵਾਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰੇ ਤੇ ਪਾਰਟੀ ਪ੍ਰਧਾਨ ਹੋਣ ਦੇ ਨਾਤੇ ਬੁੱਧ ਰਾਮ ਜੀ ਦਾ ਫਰਜ਼ ਹੈ ਕਿ ਸਰਕਾਰ ਤੋਂ ਵਾਅਦੇ ਪੂਰੇ ਕਰਵਾਏ। ਇਸ ਮੌਕੇ ਸੁਖਦੀਪ ਗਿੱਲ, ਚਮਕੌਰ ਸਿੰਘ, ਹਰਜੀਤ ਜੋਗਾ, ਹਰਦੀਪ ਮੱਤੀ, ਰਾਜ ਸਿੰਘ, ਸੁਖਵੰਤ ਸਮਾਓਂ, ਹਰਜਿੰਦਰ ਅਨੂਪਗੜ੍ਹ, ਮਨਜੀਤ ਬੱਪੀਆਣਾ, ਜਨਕ ਸਮਾਓਂ, ਵਰਿੰਦਰ ਬਰਾੜ, ਬਲਜਿੰਦਰ ਸਿੰਘ, ਜਗਸੀਰ ਸਿੰਘ, ਗੁਰਪ੍ਰੀਤ ਸਿੰਘ, ਗੁਰਦਾਸ ਗੁਰਨੇ, ਅਮਨਦੀਪ ਕੌਰ, ਜਸਵੰਤ ਕੌਰ, ਬੇਅੰਤ ਕੌਰ, ਹਰਪ੍ਰੀਤ ਕੌਰ, ਵੀਰਪਾਲ ਕੌਰ, ਗੀਤਾ ਰਾਣੀ, ਮਨਵੀਰ ਕੌਰ, ਹਰਜੀਤ ਕੌਰ, ਜਸਵੀਰ ਕੌਰ ਭੰਮੇ, ਸੰਤੋਖ ਗੁਰਨੇ, ਹਰਪ੍ਰੀਤ ਸਿੰਘ, ਨਵਜੋਤ ਸਿੰਘ, ਲਖਵਿੰਦਰ, ਸਿਕੰਦਰ ਰੜ, ਕਸਮੀਰ ਰੜ, ਸੁਸ਼ੀਲ ਕੁਮਾਰ, ਭੁਪਿੰਦਰ ਸਿੱਧੂ, ਨਿਤਿਨ ਕੁਮਾਰ, ਮਨਪ੍ਰੀਤ ਸਿੰਘ, ਗੁਰਦੀਪ ਦਿਆਲਪੁਰਾ, ਜਸਪ੍ਰੀਤ ਸਿੰਘ, ਹਰਜੀਤ ਸਿੰਘ ਆਦਿ ਆਗੂ ਹਾਜ਼ਰ ਸਨ।

# ਲਲਕਾਰ ਰੈਲੀ 'ਚ ਮਜ਼ਦੂਰ ਪਰਵਾਰਾਂ ਸਮੇਤ ਪਹੁੰਚਣਗੇ : ਐਡਵੋਕੇਟ ਉੱਡਤ

## ਜਨ ਸੰਪਰਕ ਮੁਹਿੰਮ ਤਹਿਤ ਪਿੰਡਾਂ 'ਚ ਜਨਤਕ ਮੀਟਿੰਗਾਂ ਦਾ ਸਿਲਸਲਾ ਜਾਰੀ



**ਮਾਨਸਾ (ਆਤਮਾ ਸਿੰਘ ਪਮਾਰ)**-ਮਨਰੇਗਾ ਸਕੀਮ ਨੂੰ ਸਾਰਥਿਕ ਢੰਗ ਨਾਲ ਲਾਗੂ ਕਰਵਾਉਣ, ਘੱਟੋ-ਘੱਟ ਉਜਰਤਾਂ 26 ਹਜ਼ਾਰ ਰੁਪਏ ਪ੍ਰਤੀ ਮਹੀਨਾ ਕਰਵਾਉਣ, ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਰੱਦ ਕਰਵਾਉਣ, ਕੱਟੇ ਰਾਸ਼ਨ ਕਾਰਡ ਬਹਾਲ ਕਰਵਾਉਣ, ਹਰੇਕ ਲੋੜਵੰਦ ਮਜ਼ਦੂਰ ਪਰਿਵਾਰ ਨੂੰ 10 ਮਰਲੇ ਦਾ ਪਲਾਟ ਦੇਣ ਤੇ ਮਕਾਨ ਬਣਾਉਣ ਲਈ ਪੰਜ ਲੱਖ ਰੁਪਏ ਦੀ ਗ੍ਰਾਂਟ ਜਾਰੀ ਕਰਵਾਉਣ, ਠੇਕੇਦਾਰੀ ਮਜ਼ਦੂਰ ਪ੍ਰਬੰਧ ਖਤਮ ਕਰਵਾਉਣ, ਬੁਢਾਪਾ, ਵਿਧਵਾ ਤੇ ਆਸ਼ਰਤ ਪੈਨਸ਼ਨ ਪੰਜ ਹਜ਼ਾਰ ਪ੍ਰਤੀ ਮਹੀਨਾ ਕਰਵਾਉਣ ਆਦਿ ਬੁਨਿਆਦੀ ਮੰਗਾਂ ਪੂਰੀਆਂ ਕਰਵਾਉਣ ਲਈ ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ (ਏਟਕ) ਤੇ ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ ਆਉਣ ਵਾਲੀ 20 ਫਰਵਰੀ ਨੂੰ ਮਾਨਸਾ ਕਚਹਿਰੀਆਂ ਵਿਖੇ ਕੀਤੀ ਜਾਣ ਵਾਲੀ ਲਲਕਾਰ ਰੈਲੀ ਵਿੱਚ ਮਜ਼ਦੂਰ ਪਰਿਵਾਰਾਂ ਸਮੇਤ ਕਾਫਲੇ ਬਣਾ ਕੇ ਪਹੁੰਚਣਗੇ। ਇਹ ਜਾਣਕਾਰੀ ਜਨ ਸੰਪਰਕ ਮੁਹਿੰਮ ਤਹਿਤ ਵੱਖ-ਵੱਖ ਪਿੰਡਾਂ ਹੀਰਕੇ, ਬਰਨ, ਮਾਖੇਵਾਲਾ ਤੇ ਫੱਤਾ ਮਾਲੋਕਾ ਵਿਖੇ ਜਨਤਕ ਮੀਟਿੰਗਾਂ ਨੂੰ ਸੰਬੋਧਨ ਕਰਨ ਉਪਰੰਤ ਆਲ ਇੰਡੀਆ ਟਰੇਡ ਯੂਨੀਅਨ ਕਾਗਰਸ (ਏਟਕ) ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਨੇ ਪ੍ਰੈੱਸ ਨਾਲ ਸਾਂਝੀ ਕੀਤੀ।

ਉੱਡਤ ਨੇ ਕਿਹਾ ਕਿ ਮਾਨ ਸਰਕਾਰ ਨੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਦਿੱਤੀਆ ਗਰੰਟੀਆਂ ਪੂਰੀਆਂ ਕਰਨ ਦੀ ਥਾਂ ਸਿਰਫ ਪ੍ਰਾਪੇਗੰਡੇ ਦੇ ਆਸਰੇ ਸਮਾਂ ਲੰਘਾਇਆ ਹੈ ਤੇ ਕਿਰਤੀ ਆਪਣੇ ਆਪ ਨੂੰ ਬਦਲਾਅ ਦੇ ਨਾਮ 'ਤੇ ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਹੇ ਹਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਥੀ ਗੁਰਪਿਆਰ ਸਿੰਘ ਫੱਤਾ, ਬਲਕਰਨ ਸਿੰਘ ਫੱਤਾ, ਸੰਕਰ ਜਟਾਣਾ, ਕਰਨੈਲ ਸਿੰਘ ਮਾਖਾ, ਕ੍ਰਿਸਨ ਮਾਖਾ, ਜੱਗਾ ਸਿੰਘ ਮਾਖਾ, ਚੇਤ ਸਿੰਘ ਮਾਖਾ, ਗੁਰਪ੍ਰੀਤ ਸਿੰਘ ਹੀਰਕੇ, ਲਵਪ੍ਰੀਤ ਸਿੰਘ ਹੀਰਕੇ, ਹਾਕਮ ਸਿੰਘ ਬਰਨ, ਕਰਨੈਲ ਸਿੰਘ ਬਰਨ, ਰਾਜ ਕੌਰ ਝੰਡੂਕੇ ਆਦਿ ਨੇ ਵੀ ਵਿਚਾਰ ਸਾਂਝੇ ਕੀਤੇ।

# ਬੀ ਕੇ ਯੂ ਏਕਤਾ (ਡਕੌਂਦਾ) ਵੱਲੋਂ ਵਿਧਾਇਕਾ ਮਾਣੂੰਕੇ ਦੇ ਘਰ ਅੱਗੇ ਧਰਨਾ



**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**-ਸਥਾਨਕ ਹਲਕਾ ਵਿਧਾਇਕ ਸਰਵਜੀਤ ਕੌਰ ਮਾਣੂੰਕੇ ਦੀ ਰਿਹਾਇਸ਼ 'ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਵਰਕਰਾਂ ਨੇ ਦੋ ਘੰਟੇ ਲਈ ਰੋਸ ਧਰਨਾ ਦਿੱਤਾ। ਬਲਾਕ ਪ੍ਰਧਾਨ ਤਰਸੇਮ ਸਿੰਘ ਬੱਸੂਵਾਲ ਦੀ ਅਗਵਾਈ 'ਚ ਦਿੱਤੇ ਇਸ ਧਰਨੇ 'ਚ ਪਹੁੰਚੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਨੇ ਕਿਹਾ ਕਿ ਮਾਨਸਾ ਜ਼ਿਲ੍ਹੇ ਦੇ ਪਿੰਡ ਕੁਲਰੀਆਂ ਦੇ ਕਿਸਾਨਾਂ ਨੇ ਮੁਰੱਬੇਬੰਦੀ ਤੋਂ ਬਾਅਦ ਜਦੋਂ ਆਪਣੀ ਘਟਦੀ ਜ਼ਮੀਨ ਪੂਰੀ ਕਰਨ ਲਈ ਅਪੀਲਾਂ ਕੀਤੀਆਂ ਤਾਂ ਪੰਜਾਬ ਦੇ ਹੋਰਨਾਂ ਪਿੰਡਾਂ ਵਾਂਗ ਮੁਰੱਬਾਬੰਦੀ ਵਿਭਾਗ ਨੇ ਸਾਲ 1969 ਦੌਰਾਨ ਪਿੰਡ ਕੁਲਰੀਆਂ ਦੀ 399 ਕਨਾਲ 18 ਮਰਲੇ ਜ਼ਮੀਨ ਜੁਮਲਾ ਮੁਸ਼ੱਤਰਕਾ ਮਾਲਕਾਨ 'ਚੋਂ ਕੱਢ ਕੇ ਮਾਲਕ ਕਿਸਾਨਾਂ ਨੂੰ ਮੁੜ ਅਲਾਟ ਕਰਕੇ ਉਨ੍ਹਾਂ ਦੇ ਟੱਕਾਂ 'ਚ ਪਾ ਦਿੱਤੀ। ਇਸ ਬਾਰੇ ਪੰਚਾਇਤ ਨੇ ਵੀ ਪ੍ਰੋੜਤਾ ਲਈ ਮਤਾ ਪਾਸ ਕਰ ਦਿੱਤਾ। ਉਸ ਸਮੇਂ ਤੋਂ ਹੀ ਕਿਸਾਨ ਇਸ ਜ਼ਮੀਨ 'ਤੇ ਕਾਬਜ਼ ਹਨ ਤੇ ਕਾਸ਼ਤਕਾਰ ਹਨ। ਲਗਭਗ 71 ਏਕੜ ਜ਼ਮੀਨ 'ਤੇ ਚਾਲੀ ਦੇ ਕਰੀਬ ਕਿਸਾਨ ਖੇਤੀ ਕਰ ਰਹੇ ਹਨ, ਪਰ 1970 ਵਿੱਚ ਚਾਰ ਸਾਲਾਂ ਰਿਕਾਰਡ ਤਿਆਰ ਕਰਨ ਸਮੇਂ ਪਟਵਾਰੀ ਦੀ ਗਲਤੀ ਨਾਲ ਇਸ ਜ਼ਮੀਨ ਦੀ ਮਾਲਕੀ ਪੰਚਾਇਤ ਦੇ ਨਾਮ ਕਰ ਦਿੱਤੀ, ਜਿਸ ਖਿਲਾਫ ਕਿਸਾਨਾਂ ਵੱਲੋਂ ਅਰਜ਼ੀਆਂ ਦੇਣ ਤੇ ਪਟਵਾਰੀ ਵੱਲੋਂ ਮਾਮਲਾ ਦਰੁਸਤੀ ਲਈ ਤਹਿਸੀਲਦਾਰ ਬਰੇਟਾ ਨੂੰ ਭੇਜਿਆ ਹੋਇਆ ਹੈ, ਪਰ ਹਕੂਮਤੀ ਪਾਰਟੀ ਦੀ ਸ਼ਹਿ 'ਤੇ ਪਿੰਡ ਦੇ ਸਰਪੰਚ ਵੱਲੋਂ ਭੂ-ਮਾਫੀਆ ਨਾਲ ਗੰਢਤੁੱਪ ਕਰਕੇ ਆਬਾਦਕਾਰ ਕਿਸਾਨਾਂ ਨੂੰ ਉਜਾੜਿਆ ਜਾ ਰਿਹਾ ਹੈ। ਇਸ ਦੌਰਾਨ ਸਰਪੰਚ ਦੇ ਗੁੰਡਿਆਂ ਵੱਲੋਂ ਇਕ ਕਿਸਾਨ ਸੀਤਾ ਸਿੰਘ ਦੇ ਪੈਰ ਦਰੜਦਿਆਂ ਉਸ ਨੂੰ ਮਾਰਨ ਦੀ ਕੋਸ਼ਿਸ਼ ਕੀਤੀ। ਪਰਚਾ ਦਰਜ ਕਰਨ ਦੀ ਥਾਂ ਉਲਟਾ ਮੰਗ ਕਰਨ ਵਾਲੇ ਕਿਸਾਨ ਆਗੂਆਂ 'ਤੇ ਪਰਚਾ ਦਰਜ ਕਰ ਦਿੱਤਾ ਗਿਆ। ਇਹ ਝੂਠੇ ਪਰਚੇ ਰੱਦ ਕਰਾਉਣ ਅਤੇ ਸਬੰਧਤ ਮੰਗਾਂ ਲਈ ਬੁਢਲਾਡਾ ਡੀ. ਐਸ. ਪੀ. ਦਫਤਰ ਅੱਗੇ 34 ਦਿਨ ਤੋਂ ਅਣਮਿੱਥੇ ਸਮੇਂ ਦਾ ਧਰਨਾ ਚਲਣ, ਐਸ. ਐਸ. ਪੀ. ਮਾਨਸਾ, ਖੇਤੀ ਮੰਤਰੀ ਗੁਰਮੀਤ ਸਿੰਘ ਖੁੱਡੀਆ ਵੱਲੋਂ ਵਿਸ਼ਵਾਸ ਦਿਵਾਉਣ ਦੇ ਬਾਵਜੂਦ ਮਸਲਾ ਹੱਲ ਨਹੀਂ ਹੈ। ਇਸ ਸਬੰਧੀ ਅੱਜ ਪੰਜਾਬ ਭਰ 'ਚ ਹਾਕਮ ਪਾਰਟੀ ਦੇ ਵਿਧਾਇਕਾਂ ਨੂੰ ਮੰਗ ਪੱਤਰ ਦਿੱਤੇ ਗਏ ਹਨ।

ਇਸ ਸਮੇਂ ਇੰਦਰਜੀਤ ਸਿੰਘ ਧਾਲੀਵਾਲ ਜ਼ਿਲ੍ਹਾ ਸਕੱਤਰ, ਪਾਲ ਸਿੰਘ ਡੱਲਾ ਬਲਾਕ ਸਕੱਤਰ, ਮਨਦੀਪ ਸਿੰਘ ਭੰਮੀਪੁਰਾ ਮੀਤ ਪ੍ਰਧਾਨ ਤੇ ਜਗਦੇਵ ਸਿੰਘ ਲੰਮੇ ਪ੍ਰਧਾਨ ਨੇ ਵੀ ਸੰਬੋਧਨ ਕੀਤਾ। ਉਨ੍ਹਾਂ ਦੱਸਿਆ ਕਿ 16 ਫਰਵਰੀ ਨੂੰ ਜਗਰਾਉਂ-ਮੋਗਾ ਰੋਡ 'ਤੇ ਲਾਲ ਪੈਲੇਸ ਦੇ ਸਾਹਮਣੇ ਰੋਡ ਜਾਮ ਕੀਤਾ ਜਾਵੇਗਾ। ਇਸ ਸਮੇਂ ਇਕ ਮਤੇ ਰਾਹੀਂ ਹਰਿਆਣਾ ਤੇ ਪੰਜਾਬ ਸਰਕਾਰ ਵਲੋਂ ਦਿੱਲੀ ਜਾ ਰਹੇ ਕਿਸਾਨਾਂ ਨੂੰ ਰੋਕਣ ਲਈ ਕੀਤੇ ਜਾ ਰਹੇ ਹਿਟਲਰੀ ਪ੍ਰਬੰਧਾਂ ਦੀ ਤਿੱਖੀ ਨਿੰਦਾ ਕੀਤੀ ਗਈ।

## ਕਾਤਰਾਂ

### ਨਾਮਦੇਵ ਨਗਰ ਵਿਖੇ ਰਾਮ ਕਥਾ ਸੰਪੰਨ

**ਸ੍ਰੀ ਮੁਕਤਸਰ ਸਾਹਿਬ (ਪੂਜਾ)**-ਨਾਮਦੇਵ ਨਗਰ ਗਲੀ ਨੰਬਰ 2 ਵਿਖੇ ਦੋ ਰੋਜ਼ਾ ਰਾਮ ਕਥਾ ਦੀ ਸਮਾਪਤੀ ਹੋ ਗਈ ਹੈ। ਪੰਡਤ ਮੰਗਤ ਰਾਮ ਹੁਰਾਂ ਵੱਲੋਂ ਰਾਮ ਕਥਾ ਦਾ ਦੋ ਦਿਨ ਪਾਠ ਕੀਤਾ ਗਿਆ। ਸਮਾਪਤੀ ਮੌਕੇ ਕੀਰਤਨ ਵੀ ਹੋਇਆ। ਇਸ ਮੌਕੇ ਜਗਜੀਤ ਸਿੰਘ ਹਨੀ ਫੱਤਣਵਾਲਾ, ਕਰਮਜੀਤ ਸਿੰਘ ਕਰਮਾ, ਅਸ਼ੋਕ ਚੁੱਘ, ਬਿੱਟੂ ਸ਼ਰਮਾ, ਬਿੱਟੂ ਗਰਗ ਵੱਲੋਂ ਸੰਗਤਾਂ ਦਾ ਸਵਾਗਤ ਕੀਤਾ। ਮੁਹੱਲਾ ਵਾਸੀਆਂ ਵੱਲੋਂ ਕਰਵਾਏ ਇਸ ਸਾਂਝੇ ਸਮਾਗਮ 'ਚ ਬੀਬੀਆਂ ਵੱਲੋਂ ਖਾਸ ਯੋਗਦਾਨ ਪਾਇਆ ਗਿਆ। ਇਸ ਮੌਕੇ ਲੰਗਰ ਵੀ ਵਰਤਾਇਆ ਗਿਆ।

### ਰੇਲ ਗੱਡੀ ਦੀ ਲਪੇਟ 'ਚ ਆਉਣ ਕਾਰਨ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਫ਼ਤਹਿਗੜ੍ਹ ਸਾਹਿਬ ਦੇ ਰੇਲਵੇ ਫਾਟਕਾਂ ਨੇੜਿਓਂ ਜੀ.ਆਰ.ਪੀ. ਨੂੰ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲਣ ਦਾ ਸਮਾਚਾਰ ਹੈ। ਮਾਮਲੇ ਦੀ ਜਾਂਚ ਕਰ ਰਹੇ ਜੀ.ਆਰ.ਪੀ. ਥਾਣਾ ਸਰਹਿੰਦ ਦੇ ਸਹਾਇਕ ਥਾਣੇਦਾਰ ਛਿੰਦਰਪਾਲ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਨੇੜਲੇ ਰੇਲਵੇ ਫਾਟਕਾਂ ਕੋਲੋਂ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਬਰਾਮਦ ਹੋਈ ਹੈ। ਉਨ੍ਹਾ ਦੱਸਿਆ ਕਿ ਮ੍ਰਿਤਕ ਦੀ ਲਾਸ਼ ਨੂੰ 72 ਘੰਟਿਆਂ ਲਈ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਦੀ ਮੋਰਚਰੀ 'ਚ ਰਖਵਾਇਆ ਗਿਆ ਹੈ, ਜਿਸ ਦੀ ਉਮਰ ਕਰੀਬ 50/55 ਸਾਲ, ਦਾੜ੍ਹੀ ਕੇਸ ਰੱਖੇ ਹੋਏ, ਗਰੇਅ ਡੱਬੀਆਂ ਵਾਲੀ ਕਮੀਜ਼, ਲਾਲ ਸਵੈਟਰ ਤੇ ਗਰੇਅ ਰੰਗ ਦੀ ਪੈਂਟ ਪਹਿਨੀ ਹੋਈ ਹੈ, ਦੀ ਮੌਤ ਕਿਸੇ ਰੇਲਗੱਡੀ ਦੀ ਲਪੇਟ 'ਚ ਆਉਣ ਕਾਰਨ ਹੋਈ ਜਾਪਦੀ ਹੈ। ਉਨ੍ਹਾਂ ਅਪੀਲ ਕੀਤੀ ਕਿ ਮ੍ਰਿਤਕ ਸਬੰਧੀ ਜੇਕਰ ਕਿਸੇ ਕੋਲ ਕੋਈ ਵੀ ਜਾਣਕਾਰੀ ਹੋਵੇ ਤਾਂ ਤੁਰੰਤ ਜੀ.ਆਰ.ਪੀ. ਥਾਣਾ ਸਰਹਿੰਦ ਨਾਲ ਸਾਂਝੀ ਕੀਤੀ ਜਾਵੇ।

### ਕਿਸਾਨਾਂ ਦੇ ਦਿੱਲੀ ਮਾਰਚ ਦੇ ਮੱਦੇਨਜ਼ਰ ਹਰਿਆਣਾ ਪੁਲਸ ਵੱਲੋਂ ਟ੍ਰੈਫਿਕ ਐਡਵਾਈਜ਼ਰੀ ਜਾਰੀ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਸੰਯੁਕਤ ਕਿਸਾਨ ਮੋਰਚੇ ਸਮੇਤ ਕਿਸਾਨ ਜਥੇਬੰਦੀਆਂ ਵੱਲੋਂ ਅੱਜ ਦਿੱਲੀ ਵੱਲ ਮਾਰਚ ਦੇ ਮੱਦੇਨਜ਼ਰ ਚੰਡੀਗੜ੍ਹ ਤੋਂ ਦਿੱਲੀ ਤੇ ਪੰਜਾਬ ਤੋਂ ਦਿੱਲੀ ਲਈ ਰੂਟ ਮੋੜਨ ਦੀ ਹਰਿਆਣਾ ਪੁਲਸ ਨੇ ਟ੍ਰੈਫਿਕ ਐਡਵਾਈਜ਼ਰੀ ਜਾਰੀ ਕੀਤੀ ਹੈ। ਹਰਿਆਣਾ ਦੀ ਵਧੀਕ ਪੁਲਸ ਡਾਇਰੈਕਟਰ ਜਨਰਲ (ਕਾਨੂੰਨ ਵਿਵਸਥਾ) ਮਮਤਾ ਸਿੰਘ ਨੇ ਕਿਹਾ ਕਿ ਹਰਿਆਣਾ ਤੋਂ ਪੰਜਾਬ ਨੂੰ ਜਾਣ ਵਾਲੇ ਸਾਰੇ ਮੁੱਖ ਮਾਰਗਾਂ 'ਤੇ ਆਵਾਜਾਈ ਵਿੱਚ ਵਿਘਨ ਪੈਣ ਦੀ ਸੰਭਾਵਨਾ ਹੈ।ਉਨ੍ਹਾ ਕਿਹਾ ਕਿ ਪ੍ਰਭਾਵਿਤ ਜ਼ਿਲ੍ਹਿਆਂ ਖਾਸ ਕਰਕੇ ਅੰਬਾਲਾ, ਕੁਰੂਕਸ਼ੇਤਰ, ਕੈਥਲ, ਜੀਂਦ, ਫਤਿਹਾਬਾਦ, ਸਿਰਸਾ ਵਿੱਚ ਆਵਾਜਾਈ ਦੇ ਰੂਟਾਂ ਨੂੰ ਅਸਥਾਈ ਤੌਰ 'ਤੇ ਬਦਲਣ ਦੀ ਤਿਆਰੀ ਪਹਿਲਾਂ ਹੀ ਕੀਤੀ ਜਾ ਚੁੱਕੀ ਹੈ। ਦਰਅਸਲ ਪੰਜਾਬ ਦੇ ਕਿਸਾਨਾਂ ਨੇ ਐਲਾਨ ਕੀਤਾ ਹੈ ਕਿ 10 ਹਜ਼ਾਰ ਤੋਂ ਵੱਧ ਟਰੈਕਟਰ ਟਰਾਲੀਆਂ ਸਮੇਤ ਉਹ ਹਰਿਆਣਾ 'ਚ ਦਾਖ਼ਲ ਹੋਣਗੇ, ਜਿਸ ਲਈ ਸ਼ੰਭੂ ਬਾਰਡਰ, ਡੱਬਵਾਲੀ ਤੇ ਖਨੌਰੀ ਬਾਰਡਰ ਦੀ ਚੋਣ ਕੀਤੀ ਗਈ ਹੈ। ਇਨ੍ਹਾਂ ਸਰਹੱਦਾਂ ਨੂੰ ਹਰਿਆਣਾ ਪੁਲਸ ਨੇ ਸੀਲ ਕਰ ਦਿੱਤਾ ਹੈ।ਪੁਲਸ ਦਾ ਕਹਿਣਾ ਹੈ ਕਿ ਲੋਕ ਕਿਸੇ ਵੀ ਅਣਸੁਖਾਵੀਂ ਸਥਿਤੀ ਵਿੱਚ 112 ਨੰਬਰ 'ਤੇ ਡਾਇਲ ਕਰਕੇ ਮਦਦ ਲੈ ਸਕਦੇ ਹਨ।

# ਲਿਬਰੇਸ਼ਨ ਵੱਲੋਂ ਤਾਨਾਸ਼ਾਹ ਤੇ ਕਾਰਪੋਰੇਟਪ੍ਰਸਤ ਮੋਦੀ ਸਰਕਾਰ ਤੋਂ ਛੁਟਕਾਰੇ ਲਈ ਭਾਰਤ ਬੰਦ ਨੂੰ ਸਫਲ ਬਣਾਉਣ ਦੀ ਅਪੀਲ

■ ਪੰਜਾਬ ਤੇ ਦਿੱਲੀ ਦੀਆਂ ਹੱਦਾਂ ਸੀਲ ਕਰਨ ਦੀ ਸਖਤ ਨਿਖੇਧੀ

**ਮਾਨਸਾ (ਆਤਮਾ ਸਿੰਘ ਪਮਾਰ)**-ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਨੇ ਹਰਿਆਣਾ ਦੀ ਬੀਜੇਪੀ ਸਰਕਾਰ ਵੱਲੋਂ ਪੰਜਾਬ ਤੋਂ ਆਉਣ ਵਾਲੀਆਂ ਸਾਰੀਆਂ ਸੜਕਾਂ ਉਤੇ ਕਿੱਲ ਤੇ ਭਾਰੀ ਰੋਕਾਂ ਲਾਉਣ ਦੀ ਸਖਤ ਨਿੰਦਾ ਕੀਤੀ ਹੈ। ਪਾਰਟੀ ਦਾ ਕਹਿਣਾ ਹੈ ਕਿ ਆਪਣੀਆਂ ਮੰਗਾਂ ਤੇ ਸਮੱਸਿਆਵਾਂ ਦੇ ਨਿਪਟਾਰੇ ਲਈ ਦੇਸ਼ ਦੀ ਰਾਜਧਾਨੀ 'ਚ ਜਾਣਾ ਅਤੇ ਸ਼ਾਂਤਮਈ ਢੰਗ ਨਾਲ ਅੰਦੋਲਨ ਕਰਨਾ ਦੇਸ਼ ਦੇ ਸਾਰੇ ਨਾਗਰਿਕਾਂ ਦਾ ਸੰਵਿਧਾਨਕ ਅਧਿਕਾਰ ਹੈ, ਪਰ ਇਹ ਰੋਕਾਂ ਲਾ ਕੇ ਬੀਜੇਪੀ ਜਿਵੇਂ ਨਵੰਬਰ 2021 ਵਾਂਗ ਮੁੜ ਪੰਜਾਬ ਦਾ ਅਪਮਾਨ ਕਰ ਰਹੀ ਹੈ, ਉਸ ਦਾ ਜਵਾਬ ਪੰਜਾਬ ਦੇ ਲੋਕ ਉਸ ਨੂੰ ਆ ਰਹੀਆਂ ਸੰਸਦੀ ਚੋਣਾਂ ਵਿੱਚ ਜ਼ਰੂਰ ਦੇਣਗੇ। ਪਾਰਟੀ ਦੇ ਸੂਬਾਈ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰ ਤੇ ਸੂਬਾਈ ਬੁਲਾਰੇ ਕਾਮਰੇਡ ਸੁਖਦਰਸ਼ਨ ਸਿੰਘ ਨੱਤ ਨੇ ਜਾਰੀ ਬਿਆਨ ਵਿੱਚ ਕਿਹਾ ਹੈ ਕਿ ਜਦੋਂ ਇਹ ਸਪੱਸ਼ਟ ਹੈ ਕਿ ਅੱਜ ਚੰਡੀਗੜ੍ਹ ਵਿਖੇ ਕੇਂਦਰੀ ਵਜ਼ੀਰਾਂ ਤੇ ਐੱਸ.ਕੇ.ਐੱਮ. (ਗੈਰ-ਰਾਜਨੀਤਕ) ਦੇ ਲੀਡਰਾਂ ਦਰਮਿਆਨ ਹੋ ਰਹੀ ਦੂਜੀ ਮੀਟਿੰਗ ਵਿੱਚ ਕੁਝ ਮੰਗਾਂ ਬਾਰੇ ਐਲਾਨ ਤੇ ਕੁਝ ਬਾਰੇ ਭਰੋਸਾ ਦੇ ਕੇ ਮੋਦੀ ਸਰਕਾਰ 'ਦਿੱਲੀ ਚਲੋ' ਦੇ ਅੰਦੋਲਨ ਨੂੰ ਮੁਲਤਵੀ ਕਰਵਾ ਹੀ ਦੇਵੇਗੀ, ਤਾਂ ਪੰਜਾਬ ਤੇ ਦਿੱਲੀ ਦੇ ਬਾਰਡਰਾਂ ਉਤੇ ਭਿਆਨਕ ਰੋਕਾਂ ਖੜੀਆਂ ਕਰਨ ਤੇ ਹਟਾਉਣ ਉਤੇ ਲੋਕਾਂ ਦੇ ਕਰੋੜਾਂ ਰੁਪਏ ਫੂਕਣ, ਕੌਮੀ ਸ਼ਾਹ ਰਾਹਾਂ ਦਾ ਸੱਤਿਆਨਾਸ ਕਰਨ ਤੇ ਲੱਖਾਂ ਮੁਸਾਫਰਾਂ ਤੇ ਵਪਾਰਕ ਟਰਾਂਸਪੋਰਟ ਲਈ ਭਾਰੀ ਪ੍ਰੇਸ਼ਾਨੀਆਂ ਖੜੀਆਂ ਕਰਨ ਦੀ ਤੁੱਕ ਕੀ ਸੀ? ਇਹ ਸਮਝੌਤਾ ਮੀਟਿੰਗ ਇੱਕ ਹਫਤਾ ਪਹਿਲਾਂ ਵੀ ਕੀਤੀ ਜਾ ਸਕਦੀ ਸੀ। ਲਿਬਰੇਸ਼ਨ ਆਗੂਆਂ ਦਾ ਕਹਿਣਾ ਹੈ ਕਿ ਅੱਜ ਫਰਾਂਸ, ਜਰਮਨ, ਸਪੇਨ ਤੇ ਬੈਲਜੀਅਮ ਸਮੇਤ ਅਨੇਕਾਂ ਦੇਸ਼ਾਂ ਦੇ ਅੰਦੋਲਨਕਾਰੀ ਕਿਸਾਨ ਅਪਣੇ ਟਰੈਕਟਰਾਂ ਸਮੇਤ ਆਪੋ ਅਪਣੀਆਂ ਰਾਜਧਾਨੀਆਂ ਤੇ ਮਹਾਂਨਗਰਾਂ ਵਿੱਚ ਵਿਖਾਵੇ ਤੇ ਸੜਕਾਂ ਜਾਮ ਕਰ ਰਹੇ ਹਨ, ਪਰ ਕਿਸੇ ਵੀ ਦੇਸ਼ ਦੀ ਸਰਕਾਰ ਨੇ ਮੋਦੀ ਸਰਕਾਰ ਵਾਂਗ ਕਿਸਾਨਾਂ ਨੂੰ ਰੋਕਣ ਲਈ ਸੜਕਾਂ ਤੇ ਪੁਲਾਂ ਉਤੇ ਰੋਕਾਂ ਖੜੀਆਂ ਨਹੀਂ ਕੀਤੀਆਂ। ਬਿਆਨ ਵਿੱਚ ਕਿਹਾ ਗਿਆ ਹੈ ਕਿ ਇਸ ਬਾਰੇ ਮੋਦੀ ਸਰਕਾਰ ਦੀ ਰਣਨੀਤੀ ਇਹੀ ਹੈ ਕਿ ਕਿਸਾਨ ਅੰਦੋਲਨ ਨੂੰ ਠੰਢਾ ਕਰਨ ਤੇ ਮੁਲਤਵੀ ਕਰਾਉਣ ਲਈ ਪਹਿਲਾਂ ਵਾਂਗ ਹੀ ਕੁਝ ਐਲਾਨ ਤੇ ਵਾਅਦੇ ਕਰੋ ਜਾਂ ਕਮੇਟੀ ਬਣਾ ਦਿਓ, ਕਿਉਂਕਿ ਪਾਰਲੀਮਾਨੀ ਚੋਣਾਂ ਹੁਣ ਐਨ ਸਿਰ 'ਤੇ ਹਨ, ਇਸ ਲਈ ਉਨ੍ਹਾਂ ਐਲਾਨਾਂ ਉੱਤੇ ਅਮਲ ਕਰਨ ਦੀ ਅਸਲ ਜ਼ਿੰਮੇਵਾਰੀ ਨਵੀਂ ਸਰਕਾਰ ਸਿਰ ਹੀ ਹੋਵੇਗੀ। ਇਸ ਲਈ ਦੇਸ਼ ਦੇ ਮਜ਼ਦੂਰਾਂ ਕਿਸਾਨਾਂ, ਨੌਜਵਾਨਾਂ ਤੇ ਕਾਰੋਬਾਰੀਆਂ ਨੂੰ ਇਕਜੁੱਟ ਹੋ ਕੇ 'ਵੋਟ ਦੀ ਚੋਟ' ਨਾਲ ਘੋਰ ਤਾਨਾਸ਼ਾਹ ਤੇ ਕਾਰਪੋਰੇਟਪ੍ਰਸਤ ਮੋਦੀ ਸਰਕਾਰ ਨੂੰ ਉਖਾੜ ਸੁੱਟਣ ਦਾ ਪ੍ਰਣ ਕਰਨਾ ਚਾਹੀਦਾ ਹੈ ਅਤੇ 16 ਫਰਵਰੀ ਦੀ ਦੇਸ਼ ਪੱਧਰੀ ਸਾਂਝੀ ਆਮ ਹੜਤਾਲ ਤੇ ਭਾਰਤ ਬੰਦ ਨੂੰ ਪੂਰੀ ਤਰ੍ਹਾਂ ਕਾਮਯਾਬ ਬਣਾਉਣ ਅਪਣੀ ਪੂਰੀ ਤਾਕਤ ਝੋਕ ਦੇਣੀ ਚਾਹੀਦੀ ਹੈ।

# ਭਾਕਿਯੂ ਏਕਤਾ ਡਕੌਂਦਾ ਵੱਲੋਂ 13 ਜ਼ਿਲ੍ਹਿਆਂ 'ਚ ਧਰਨੇ ਪ੍ਰਦਰਸ਼ਨ

## ਕੁਲਰੀਆਂ ਦੇ ਕਿਸਾਨਾਂ ਨੂੰ ਇਨਸਾਫ ਦਿਵਾਉਣ ਤੱਕ ਜਾਰੀ ਰਹੇਗਾ ਸੰਘਰਸ਼ : ਮਨਜੀਤ ਧਨੇਰ



**ਬੁਢਲਾਡਾ (ਅਸ਼ੋਕ ਲਾਕੜਾ)**-ਮਨਜੀਤ ਸਿੰਘ ਧਨੇਰ ਦੀ ਅਗਵਾਈ ਵਾਲੀ ਕਿਸਾਨ ਜਥੇਬੰਦੀ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਨੇ ਪੰਜਾਬ ਦੇ 13 ਜ਼ਿਲ੍ਹਿਆਂ ਵਿੱਚ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦੇ ਘਰਾਂ ਅਤੇ ਦਫਤਰਾਂ ਅੱਗੇ ਦੋ ਘੰਟੇ ਧਰਨੇ ਦੇ ਕੇ ਮੰਗ ਪੱਤਰ ਦਿੱਤੇ। ਜਥੇਬੰਦੀ ਦੇ ਸੂਬਾ ਕਮੇਟੀ ਮੈਂਬਰ ਕੁਲਵੰਤ ਸਿੰਘ ਕਿਸ਼ਨਗੜ੍ਹ ਨੇ ਪ੍ਰੈੱਸ ਬਿਆਨ ਰਾਹੀਂ ਜਾਣਕਾਰੀ ਦਿੱਤੀ ਹੈ ਕਿ ਮਾਨਸਾ ਜ਼ਿਲ੍ਹੇ ਦੇ ਪਿੰਡ ਕੁੱਲਰੀਆਂ ਦੇ ਕਿਸਾਨਾਂ ਨੂੰ ਇਨਸਾਫ ਦਿਵਾਉਣ ਲਈ ਮਾਨਸਾ ਜ਼ਿਲ੍ਹੇ ਵਿੱਚ ਬੁਢਲਾਡਾ ਦੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੂੰ ਦੋ ਦਿਨਾਂ ਦਾ ਸਮਾਂ ਮੰਗ ਪੱਤਰ ਲੈਣ ਲਈ ਦਿੱਤਾ, ਕਿਉਂਕਿ ਵਿਧਾਇਕ ਪ੍ਰਿੰਸੀਪਲ ਬੁੱਧਰਾਮ ਦੀ ਰਿਸ਼ਤੇਦਾਰੀ ਵਿੱਚ ਮੌਤ ਹੋਣ ਕਰਕੇ ਉਹ ਬਾਹਰ ਸਨ, ਜਿਸ ਲਈ 13-14 ਫਰਵਰੀ ਨੂੰ ਮੰਗ ਪੱਤਰ ਲਿਜਾਣ ਲਈ ਟਾਇਮ ਦਿੱਤਾ ਗਿਆ ਹੈ। ਇਸ ਦੌਰਾਨ ਡੀ ਐੱਸ ਪੀ ਬੁਢਲਾਡਾ ਦੇ ਦਫਤਰ ਅੱਗੇ ਲਗਾਤਾਰ ਦਿਨ ਰਾਤ ਚੱਲ ਰਿਹਾ ਪੱਕਾ ਮੋਰਚਾ 38ਵੇਂ ਦਿਨ ਵੀ ਜਾਰੀ ਰਿਹਾ। ਇਸ ਮੌਕੇ ਗੁਰਮੇਲ ਸਿੰਘ ਜਲਵੇੜਾ, ਤਾਰਾ ਚੰਦ ਬਰੇਟਾ, ਮਾਸਟਰ ਮੇਲਾ ਸਿੰਘ ਦਿਆਲਪੁਰਾ, ਹਰਮੀਤ ਬੋੜਾਵਾਲ ਕੁੱਲਹਿੰਦ ਕਿਸਾਨ ਸਭਾ, ਤਰਸੇਮ ਸਿੰਘ ਚੱਕ ਅਲੀਸ਼ੇਰ, ਭਾਕਿਯੂ ਉਗਰਾਹਾਂ ਦੇ ਬਿੰਦਰ ਸਿੰਘ ਬਲਾਕ ਆਗੂ ਸਰਦੂਲਗੜ੍ਹ, ਗੁਰਜੰਟ ਸਿੰਘ ਮਗਾਣੀਆਂ, ਬਲਦੇਵ ਸਿੰਘ ਪਿਪਲੀਆਂ, ਬੁਢਲਾਡਾ ਬਲਾਕ ਪ੍ਰਧਾਨ ਸਤਪਾਲ ਸਿੰਘ ਬਰੇ ਨੇ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਕੁੱਲਰੀਆਂ ਦੇ ਕਿਸਾਨਾਂ ਨੂੰ ਇਨਸਾਫ ਦਿਵਾਉਣ ਲਈ ਦਸ ਮਹੀਨੇ ਤੋਂ ਸ਼ਾਂਤਮਈ ਅੰਦੋਲਨ ਚਲਾ ਰਹੀ ਹੈ, ਪਰ ਆਪਣੇ ਆਪ ਨੂੰ ਇਨਕਲਾਬੀ ਕਹਾਉਣ ਵਾਲੀ ਸਰਕਾਰ ਨੇ ਕਿਸਾਨਾਂ ਨੂੰ ਇਨਸਾਫ ਤਾਂ ਕੀ ਦੇਣਾ ਸੀ, ਗੱਲ ਸੁਣਨ ਤੋਂ ਵੀ ਇਨਕਾਰੀ ਹੈ। ਜਥੇਬੰਦੀ ਨੇ ਸੂਬਾ ਕਮੇਟੀ ਦੀ ਮੀਟਿੰਗ ਮੀਟਿੰਗ 14 ਫਰਵਰੀ ਨੂੰ ਬੁਢਲਾਡਾ ਵਿਖੇ ਪੱਕੇ ਮੋਰਚੇ ਵਾਲੇ ਸਥਾਨ 'ਤੇ ਬੁਲਾ ਲਈ ਹੈ, ਜਿਸ ਵਿੱਚ ਘੋਲ ਨੂੰ ਹੋਰ ਤੇਜ਼ ਕਰਨ ਲਈ ਅਗਲੇ ਪ੍ਰੋਗਰਾਮ ਦਾ ਐਲਾਨ ਕੀਤਾ ਜਾਵੇਗਾ। ਇਸ ਸਬੰਧੀ ਹਰ ਤਰ੍ਹਾਂ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਹੋਰਨਾਂ ਤੋਂ ਇਲਾਵਾ ਮਾਲਵਾ ਕਿਸਾਨ ਯੂਨੀਅਨ ਨੇ ਵੀ ਸ਼ਮੂਲੀਅਤ ਕੀਤੀ।

# ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਭਾਰਤ ਬੰਦ ਦੀ ਹਮਾਇਤ

■ 16 ਦੇ ਧਰਨੇ 'ਚ ਦੋਹਾਂ ਜਥੇਬੰਦੀਆਂ ਦੇ ਨੌਜਵਾਨ, ਵਿਦਿਆਰਥੀ ਹੋਣਗੇ ਸ਼ਾਮਲ

**ਮੋਗਾ (ਨਵਾਂ ਜ਼ਮਾਨਾ ਸਰਵਿਸ)**

ਸੰਯੁਕਤ ਕਿਸਾਨ ਮੋਰਚੇ ਤੇ ਕੇਂਦਰੀ ਟਰੇਡ ਯੂਨੀਅਨਾਂ ਦੇ ਸਾਂਝੇ ਸੱਦੇ 'ਤੇ ਪੇਂਡੂ ਤੇ ਸ਼ਹਿਰੀ ਭਾਰਤ ਬੰਦ ਦੇ ਦਿੱਤੇ ਸੱਦੇ ਨੂੰ ਸਰਵ ਭਾਰਤ ਨੌਜਵਾਨ ਸਭਾ ਪੰਜਾਬ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਪੰਜਾਬ ਵੱਲੋਂ ਪੂਰੀ ਹਮਾਇਤ ਦਿੱਤੀ ਜਾਵੇਗੀ ਅਤੇ ਇਸੇ ਤਹਿਤ 16 ਫਰਵਰੀ ਨੂੰ ਮੋਗਾ ਦੇ ਮੇਨ ਚੌਕ ਵਿੱਚ ਦਿੱਤੇ ਜਾਣ ਵਾਲੇ ਧਰਨੇ ਵਿੱਚ ਦੋਹਾਂ ਜਥੇਬੰਦੀਆਂ ਦੇ ਨੌਜਵਾਨ, ਵਿਦਿਆਰਥੀ ਸ਼ਾਮਲ ਹੋਣਗੇ। ਅੱਜ ਮੋਗਾ ਵਿਖੇ ਜਥੇਬੰਦੀ ਦੇ ਮੁੱਖ ਦਫਤਰ ਤੋਂ ਪ੍ਰੈੱਸ ਦੇ ਨਾਂ ਬਿਆਨ ਜਾਰੀ ਕਰਦਿਆਂ ਸਰਵ ਭਾਰਤ ਨੌਜਵਾਨ ਸਭਾ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਜਗਵਿੰਦਰ ਸਿੰਘ ਕਾਕਾ, ਸਕੱਤਰ ਗੁਰਦਿੱਤ ਸਿੰਘ ਦੀਨਾਂ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਹਰਪ੍ਰੀਤ ਸਿੰਘ ਤੇ ਸਕੱਤਰ ਸਵਰਾਜ ਖੋਸਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਮੁੱਠੀ ਭਰ ਕਾਰਪੋਰੇਟ ਘਰਾਣਿਆਂ ਦੇ ਇਸ਼ਾਰਿਆਂ 'ਤੇ ਚੱਲ ਰਹੀ ਹੈ। ਕਾਰਪੋਰੇਟ ਪੱਖੀ ਨੀਤੀਆਂ ਦੇ ਨਾਲ ਬੇਰੁਜ਼ਗਾਰੀ ਵਿੱਚ ਓਕੜਾਂ ਦੇ ਵਾਧੇ ਨੇ ਦੇਸ਼ ਦੀ ਜਵਾਨੀ ਨੂੰ ਨਿਰਾਸ਼ਾ ਤੇ ਨਸ਼ਿਆਂ ਵੱਲ ਧੱਕ ਦਿੱਤਾ ਹੈ, ਵਿੱਦਿਅਕ ਖੇਤਰ ਵੀ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰ ਦਿੱਤਾ ਹੈ, ਸਿਹਤ ਸਹੂਲਤਾਂ ਏਨੀਆਂ ਮਹਿੰਗੀਆਂ ਕਰ ਦਿੱਤੀਆਂ ਹਨ ਕਿ ਗਰੀਬ ਵਸੋਂ ਬੇਇਲਾਜ ਮਰ ਰਹੀ ਹੈ। ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਬਜਾਏ ਇੱਕ ਸੋਚੀ ਸਮਝੀ ਸਾਜ਼ਿਸ਼ ਤਹਿਤ ਬੱਚਿਆਂ ਤੇ ਨੌਜਵਾਨਾਂ ਨੂੰ ਪੜ੍ਹਾਈ ਤੋਂ ਤੋਂ ਹੀ ਦੂਰ ਰੱਖ ਕੇ ਨਸ਼ਿਆਂ ਵਰਗੀਆਂ ਅਲਾਮਤਾਂ ਦੇ ਹਵਾਲੇ ਕੀਤਾ ਜਾ ਰਿਹਾ ਹੈ ਤਾਂ ਜੋ ਉਹ ਸਰਕਾਰਾਂ ਤੋਂ ਰੁਜ਼ਗਾਰ ਮੰਗ ਹੀ ਨਾ ਸਕਣ। ਉਨ੍ਹਾਂ ਕਿਹਾ ਕਿ ਕਿਸੇ ਵੀ ਦੇਸ਼ ਦੀ ਤਰੱਕੀ ਵਿੱਚ ਨੌਜਵਾਨ ਬਹੁਤ ਵੱਡਾ ਯੋਗਦਾਨ ਪਾ ਸਕਦੇ ਹਨ, ਪਰ ਸਰਕਾਰ ਦੀਆਂ ਨੀਤੀਆਂ ਕਾਰਨ ਪੰਜਾਬ ਦੀ ਧਰਤੀ ਨੂੰ ਨੌਜਵਾਨ ਤੋਂ ਵਾਂਝਿਆਂ ਕੀਤਾ ਜਾ ਰਿਹਾ ਹੈ, ਜਿਸ ਨਾਲ ਦੇਸ਼ ਨੂੰ ਦੂਹਰਾ ਘਾਟਾ ਪੈ ਰਿਹਾ ਹੈ, ਜਵਾਨੀ ਦੇ ਨਾਲ ਨਾਲ ਦੇਸ਼ ਦਾ ਸਰਮਾਇਆ ਵੀ ਵਿਦੇਸ਼ੀ ਹੱਥਾਂ ਵਿੱਚ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਜੇਕਰ ਨੌਜਵਾਨੀ ਨੂੰ ਬਚਾਉਣਾ ਹੈ ਤਾਂ ਦੇ ਵਿੱਚ ਹਰ ਇੱਕ ਨੂੰ ਰੁਜ਼ਗਾਰ ਦੀ ਗਾਰੰਟੀ ਕਰਦਾ ਕਾਨੂੰਨ ਭਗਤ ਸਿੰਘ ਕੌਮੀ ਰੁਜ਼ਗਾਰ ਗਾਰੰਟੀ ਐਕਟ (ਬਨੇਗਾ) ਦੇਸ਼ ਦੀ ਪਾਰਲੀਮੈਂਟ ਵਿੱਚ ਪਾਸ ਕਰਨਾ ਪਵੇਗਾ। ਆਗੂਆਂ ਨੇ ਕਿਹਾ ਕਿ 16 ਫਰਵਰੀ ਦੇ ਭਾਰਤ ਬੰਦ ਨੂੰ ਲੈ ਕੇ ਲੋਕਾਂ ਵਿੱਚ ਉਤਸ਼ਾਹ ਪਾਇਆ ਜਾ ਰਿਹਾ ਹੈ ਕਿ ਇਸ ਐਕਸ਼ਨ ਨੂੰ ਸਫਲ ਬਣਾ ਕੇ ਦੇਸ਼ ਦੇ ਹਾਕਮਾਂ ਦੀਆਂ ਲੋਕ ਵਿਰੋਧੀ ਨੀਤੀਆਂ ਨੂੰ ਠੱਲ੍ਹ ਪਾਈ ਜਾ ਸਕੇ।

# ਸਮਰਾਲਾ ਦਾ ਕਾਂਗਰਸ ਵਰਕਰ ਸੰਮੇਲਨ ਕਈ ਅਣਸੁਲਝੇ ਸਵਾਲ ਛੱਡ ਗਿਆ !

## ਵਰਕਰ ਕਨਵੈਨਸ਼ਨ ਦਾ ਵਿਸ਼ਲੇਸ਼ਣ



**ਸਮਰਾਲਾ (ਸੁਰਜੀਤ ਸਿੰਘ)**-ਸਮਰਾਲਾ ਵਿੱਚ ਬੀਤੇ ਦਿਨ ਹੋਇਆ ਕਾਂਗਰਸ ਦਾ ਵਰਕਰਜ਼ ਸੰਮੇਲਨ, ਜਿਸ ਨੂੰ ਪਾਰਟੀ ਪ੍ਰਧਾਨ ਮੱਲਿਕਾਰਜੁਨ ਖੜਗੇ ਨੇ ਸੰਬੋਧਨ ਕੀਤਾ, ਬੇਸ਼ੱਕ ਬਹੁਤ ਸਫਲ ਮੰਨਿਆ ਗਿਆ, ਜਿਸ ਵਿੱਚ ਪੰਜਾਬ ਦੇ ਕੋਨੇ ਕੋਨੇ ਤੋਂ ਬੂਥ ਪੱਧਰ ਤੋਂ ਲੈ ਕੇ ਮੈਂਬਰ ਪਾਰਲੀਮੈਂਟ ਨੂੰ ਸੱਦਾ ਦੇ ਕੇ ਬੁਲਾਇਆ ਗਿਆ ਸੀ। 14 ਏਕੜ ਵਿੱਚ ਸਜੇ ਪੰਡਾਲ ਵਿੱਚ ਕਰੀਬ 25 ਹਜ਼ਾਰ ਕੁਰਸੀਆਂ ਲਗਾਈਆਂ ਗਈਆਂ ਸਨ, ਪਰ ਲੋਕਾਂ ਦੇ ਇਕੱਠ ਸਾਹਮਣੇ ਕੁਰਸੀਆਂ ਬਹੁਤ ਘੱਟ ਪੈ ਗਈਆਂ ਅਤੇ ਲੋਕਾਂ ਨੂੰ ਪੰਡਾਲ ਤੋਂ ਬਾਹਰ ਵੀ ਖੜਨ ਦੀ ਥਾਂ ਨਹੀਂ ਮਿਲ ਰਹੀ ਸੀ। ਸੰਮੇਲਨ ਨੂੰ ਸਫਲ ਬਣਾਉਣ ਲਈ ਕਾਂਗਰਸ ਦੀ ਸਥਾਨਕ ਤੇ ਪੰਜਾਬ ਦੀ ਲੀਡਰਸ਼ਿਪ ਨੇ ਅੱਡੀ ਚੋਟੀ ਦਾ ਜ਼ੋਰ ਲਗਾਇਆ। ਸਥਾਨਕ ਆਗੂ ਰੁਪਿੰਦਰ ਸਿੰਘ ਰਾਜਾ ਗਿੱਲ ਲਗਾਤਾਰ 15 ਦਿਨਾਂ ਤੋਂ ਨਿਰੰਤਰ ਨਿਗਾਹੇਬਾਨੀ ਕਰਦੇ ਰਹੇ। ਪਾਰਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜ ਵੜਿੰਗ ਅਤੇ ਯੂਥ ਕਾਂਗਰਸ ਦੇ ਪ੍ਰਧਾਨ ਮੋਹਿਤ ਮਹਿੰਦਰਾ ਲਗਾਤਾਰ ਪ੍ਰਬੰਧਾ ਦਾ ਨਿਰੀਖਣ ਕਰਦੇ ਰਹੇ। ਸਵਾਲ ਇਹ ਉੱਠਦਾ ਹੈ ਕਿ ਸਾਰਾ ਪੰਜਾਬ ਛੱਡ ਕੇ ਪਾਰਟੀ ਹਾਈ ਕਮਾਂਡ ਵੱਲੋਂ ਕਨਵੈਨਸ਼ਨ ਕਰਾਉਣ ਦਾ ਫੈਸਲਾ ਇੱਕ ਛੋਟੇ ਜਿਹੇ ਕਸਬੇ ਸਮਰਾਲਾ ਵਿੱਚ ਹੀ ਕਿਉਂ ਲਿਆ ਗਿਆ। ਵਿਧਾਨ ਸਭਾ ਹਲਕਾ ਸਮਰਾਲਾ ਦੇ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦਾ ਕਹਿਣਾ ਹੈ ਕਿ ਪਾਰਟੀ ਹਾਈ ਕਮਾਂਡ ਨੇ ਇਸ ਤੋਂ ਪਹਿਲਾਂ ਕਈ ਵਿਕਲਪਾਂ 'ਤੇ ਵਿਚਾਰ ਕੀਤਾ, ਜਿਨ੍ਹਾਂ ਵਿਚ ਜਗਰਾਓਂ, ਦਾਖਾ, ਖੰਨਾ ਤੇ ਸਾਹਨੇਵਾਲ ਸਨ। ਅਖੀਰ ਨੂੰ ਸਮਰਾਲਾ ਨੂੰ ਹੀ ਕਨਵੈਨਸ਼ਨ ਲਈ ਚੁਣਿਆ ਗਿਆ। ਰੁਪਿੰਦਰ ਸਿੰਘ ਰਾਜਾ ਗਿੱਲ ਦੱਸਦੇ ਹਨ ਕਿ ਬੂਥ ਪੱਧਰ ਤੋਂ ਲੈ ਕੇ ਪਾਰਲੀਮੈਂਟ ਮੈਂਬਰ ਤੱਕ ਨੂੰ ਨਿਮੰਤਰਣ ਪੱਤਰ ਹੱਥੋ-ਹੱਥੀ ਅੱਪੜਦੇ ਕੀਤੇ ਗਏ। ਇਸ ਤੋਂ ਇਲਾਵਾ ਮੀਡੀਆ ਰਾਹੀਂ ਸਾਰੇ ਵਰਕਰਾਂ ਨੂੰ ਸੰਦੇਸ਼ ਪਹੁੰਚ ਗਏ ਕਿ ਉਨ੍ਹਾਂ ਨੇ ਵਰਕਰ ਸੰਮੇਲਨ ਵਿੱਚ ਅਵੱਸ਼ ਸ਼ਿਰਕਤ ਕਰਨੀ ਹੈ। ਸੰਮੇਲਨ ਵਿੱਚ ਪੰਜਾਬ ਦੇ ਕਰੀਬ ਸਾਰੇ ਦਿੱਗਜ਼ ਕਾਂਗਰਸ ਆਗੂ ਪਹੁੰਚੇ, ਪਰ ਦੋ ਮੁੱਖ ਆਗੂ ਜਿਨ੍ਹਾਂ ਵਿੱਚ ਨਵਜੋਤ ਸਿੱਧੂ ਤੇ ਰਵਨੀਤ ਬਿੱਟੂ ਮੈਂਬਰ ਪਾਰਲੀਮੈਂਟ ਨਦਾਰਦ ਰਹੇ। ਪੰਡਾਲ ਵਿੱਚ ਹਾਜ਼ਰ ਸਭ ਦੀਆਂ ਅੱਖਾਂ ਇਨ੍ਹਾਂ ਦੋਹਾਂ ਲੀਡਰਾਂ ਦੀ ਆਮਦ 'ਤੇ ਟਕ-ਟਕੀ ਲਗਾਈ ਰਹੀ। ਇਸ ਤੋਂ ਲਗਦਾ ਹੈ ਕਿ ਲੋਕ ਸਭਾ ਚੋਣਾਂ ਤੋਂ ਪਹਿਲਾਂ ਪਾਰਟੀ ਵਿਚ ਸਭ ਅੱਛਾ ਨਜ਼ਰ ਨਹੀਂ ਆ ਰਿਹਾ। ਕਨਵੈਂਸ਼ਨ ਤੋਂ ਪਹਿਲਾਂ ਇਸ ਪੱਤਰਕਾਰ ਨੇ ਪਾਰਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਨਵਜੋਤ ਸਿੱਧੂ ਦੀ ਸ਼ਮੂਲੀਅਤ ਬਾਰੇ ਸਵਾਲ ਕੀਤਾ ਸੀ ਤਾਂ ਉਨ੍ਹਾਂ ਅਸਿੱਧੇ ਤੌਰ 'ਤੇ ਕਿਹਾ ਸੀ ਕਿ ਕੁੱਝ ਲੋਕ ਆਦਤਨ ਅਨੁਸ਼ਾਸਨ ਪਸੰਦ ਨਹੀਂ ਹੁੰਦੇ। ਉਨ੍ਹਾਂ ਇਹ ਵੀ ਚੇਤਾਵਨੀ ਦਿੱਤੀ ਸੀ ਕਿ ਅਨੁਸ਼ਾਸਨ ਭੰਗ ਕਰਨ ਵਾਲਿਆਂ 'ਤੇ ਕਾਰਵਾਈ ਅਵੱਸ਼ ਹੋਵੇਗੀ। ਹੁਣ ਸਵਾਲ ਇਹ ਖੜ੍ਹਾ ਹੁੰਦਾ ਹੈ ਕਿ ਜਦੋਂ ਕਾਂਗਰਸ ਹਾਈ ਕਮਾਂਡ ਦਾ ਵਰਕਰ ਕਨਵੈਨਸ਼ਨ ਵਿੱਚ ਸਾਰੇ ਹੀ ਆਗੂਆਂ ਨੂੰ ਸ਼ਮੂਲੀਅਤ ਕਰਨ ਦਾ ਆਦੇਸ਼ ਸੀ ਤਾਂ ਇਨ੍ਹਾਂ ਦੋਹਾਂ ਚੋਟੀ ਦੇ ਆਗੂਆਂ ਦਾ ਕਨਵੈਨਸ਼ਨ ਵਿਚ ਨਾ ਪਹੁੰਚਣਾ ਪਾਰਟੀ ਦਾ ਅਨੁਸ਼ਾਸਨ ਭੰਗ ਕਰਨਾ ਹੀ ਹੋਇਆ? ਹੁਣ ਸਵਾਲ ਇਹ ਵੀ ਨਿੱਕਲ ਕੇ ਸਾਹਮਣੇ ਆਉਂਦਾ ਹੈ ਕਿ ਕੀ ਪਾਰਟੀ ਲੋਕ ਸਭਾ ਚੋਣਾਂ ਦੀਆਂ ਬਰੂਹਾਂ 'ਤੇ ਪਹੁੰਚ ਕੇ ਇਨ੍ਹਾਂ ਲੀਡਰਾਂ 'ਤੇ ਅਨੁਸ਼ਾਸਨੀ ਕਾਰਵਾਈ ਕਰੇਗੀ? ਉੱਧਰ ਕਨਵੈਨਸ਼ਨ ਤੋਂ ਠੀਕ ਪਹਿਲਾਂ ਨਵਜੋਤ ਸਿੱਧੂ ਦੇ ਬਗਾਵਤੀ ਸੁਰ ਨਰਮ ਪਏ ਵੀ ਨਜ਼ਰ ਆਏ। ਉਨ੍ਹਾਂ ਸੋਸ਼ਲ ਮੀਡੀਆ 'ਤੇ ਲਗਾਤਾਰ ਤਿੰਨ ਪੋਸਟਾਂ ਸ਼ੇਅਰ ਕੀਤੀਆਂ, ਜਿਨ੍ਹਾਂ ਵਿਚ ਪਾਰਟੀ ਦੇ ਕੌਮੀ ਪ੍ਰਧਾਨ ਮੱਲਿਕਾਰਜੁਨ ਖੜਗੇ ਦਾ ਮਹਾਨ ਗੁਰੂਆਂ ਦੀ ਪਵਿੱਤਰ ਧਰਤੀ 'ਤੇ ਆਉਣ 'ਤੇ ਸਵਾਗਤ ਕੀਤਾ ਅਤੇ ਕਿਹਾ ਕਿ ਕਾਂਗਰਸ ਦਾ ਹਰੇਕ ਕਾਂਗਰਸ ਵਰਕਰ ਉਨ੍ਹਾਂ ਤੋਂ ਮਾਰਗ ਦਰਸ਼ਨ ਦੀ ਉਮੀਦ ਰੱਖਦਾ ਹੈ। ਸਭ ਤੋਂ ਪੁਰਾਣੀ ਪਾਰਟੀ ਦੇ ਸੁਪਰੀਮ ਕਮਾਂਡਰ ਹੋਣ ਦੇ ਨਾਤੇ ਉਨ੍ਹਾਂ ਦੀ ਇੱਛਾ ਸਾਡਾ ਨੇਤਰੀਤਵ ਹੋਵੇਗੀ। ਇਸ ਦੇ ਨਾਲ ਹੀ ਉਨ੍ਹਾਂ ਪਾਰਟੀ ਨੂੰ ਉਲ੍ਹਾਂਭਾ ਦਿੰਦਿਆਂ ਸ਼ਾਇਰਾਨਾ ਅੰਦਾਜ਼ ਵਿੱਚ ਕਿਹਾ ਕਿ "ਅਬ ਮੈਂ ਯੇ ਇੰਤਕਾਮ ਲੇਤਾ ਹੂੰ, ਜਾਓ ਤੁਮ੍ਹੇ ਮਾਫ ਕੀਆ" ਆਦਿ। ਨਵਜੋਤ ਸਿੱਧੂ ਬੇਸ਼ੱਕ ਕਾਂਗਰਸ ਦੇ ਵਰਕਰਾਂ ਵਿੱਚ ਮਕਬੂਲ ਆਗੂ ਹਨ। ਉਹ ਭਾਜਪਾ ਛੱਡ ਕੇ ਕਾਂਗਰਸ ਵਿੱਚ ਆਏ ਹਨ। ਸ਼ੁਰੂਆਤੀ ਦੌਰ ਵਿੱਚ ਉਨ੍ਹਾਂ ਦੀ ਕਾਂਗਰਸ ਵਿੱਚ ਜੁਆਇਨਿੰਗ ਬੜੀ ਔਖੀ ਹੋਈ ਸੀ। ਪਹਿਲੋਂ ਪਹਿਲ ਕੈਪਟਨ ਅਮਰਿੰਦਰ ਸਿੰਘ ਉਨ੍ਹਾਂ ਨੂੰ ਕਾਂਗਰਸ ਵਿੱਚ ਲੈਣ ਦੇ ਹੱਕ ਵਿੱਚ ਨਹੀਂ ਸਨ। ਇਸ ਸਬੰਧੀ ਅਨੁਸ਼ਾਸਨ ਭੰਗ ਕਰਨ ਵਾਲੇ ਆਗੂਆਂ 'ਤੇ ਕਾਰਵਾਈ ਹੋਵੇਗੀ ਜਾਂ ਨਹੀਂ ਅਤੇ ਇਹ ਲੋਕ ਸਭਾ ਚੋਣਾਂ 'ਤੇ ਕੀ ਅਸਰ ਪਾਉਂਦੀ ਹੈ, ਉਹ ਆਉਣ ਵਾਲੇ ਸਮੇਂ ਵਿਚ ਹੀ ਸਾਫ ਹੋ ਸਕੇਗਾ।

ਕਨਵੈਨਸ਼ਨ ਵੱਲੋਂ ਖੜ੍ਹਾ ਕੀਤਾ ਅਗਲਾ ਸਵਾਲ ਕਿ ਆਮ ਆਦਮੀ ਪਾਰਟੀ ਤੇ ਕਾਂਗਰਸ ਪੰਜਾਬ ਦੀਆਂ ਲੋਕ ਸਭਾ ਚੋਣਾਂ "ਇੰਡੀਆਂ" ਗੱਠਜੋੜ ਦੇ ਝੰਡੇ ਥੱਲੇ ਇਕੱਠੇ ਹੋ ਕੇ ਲੜਨਗੇ ਜਾਂ ਨਹੀਂ? ਇਸ ਬਾਰੇ ਨਾ ਤਾਂ ਕਾਂਗਰਸ ਪਾਰਟੀ ਦੇ ਕੌਮੀ ਪ੍ਰਧਾਨ ਮੱਲਿਕਾਰਜੁਨ ਖੜਗੇ ਆਪਣੇ ਸੰਬੋਧਨ ਵਿੱਚ ਕੁੱਝ ਬੋਲੇ ਤੇ ਨਾ ਹੀ ਇੱਕ ਦਿਨ ਪਹਿਲਾਂ ਖੰਨਾ ਵਿਖੇ ਹੋਈ ਆਮ ਆਦਮੀ ਪਾਰਟੀ ਦੀ ਰੈਲੀ ਵਿੱਚ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਹੀ ਕੁੱਝ ਬੋਲੇ। ਜਦਕਿ ਕਨਵੈਨਸ਼ਨ ਵਿੱਚ ਦਿੱਲੀ ਤੋਂ ਆਏ ਰਾਸ਼ਟਰੀ ਆਗੂਆਂ ਨੂੰ ਛੱਡ ਕੇ ਕਾਂਗਰਸ ਦੇ ਪੰਜਾਬ ਆਗੂਆਂ ਨੇ ਆਮ ਆਦਮੀ ਪਾਰਟੀ ਨੂੰ ਪਾਣੀ ਪੀ ਪੀ ਕੇ ਕੋਸਿਆ, ਜਿਨ੍ਹਾਂ ਵਿੱਚ ਤਾਜ਼ਾ ਹੀ ਜ਼ਮਾਨਤ 'ਤੇ ਰਿਹਾਅ ਹੋ ਕੇ ਆਏ ਸੁਖਪਾਲ ਸਿੰਘ ਖਹਿਰਾ, ਸੁਖਜਿੰਦਰ ਸਿੰਘ ਰੰਧਾਵਾ, ਡਾ. ਰਾਜ ਕੁਮਾਰ ਚੱਬੇਵਾਲ, ਰਾਣਾ ਕੇ ਪੀ ਸਿੰਘ, ਕੁਲਜੀਤ ਸਿੰਘ ਨਾਗਰਾ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਆਗੂ ਪਰਤਾਪ ਸਿੰਘ ਬਾਜਵਾ ਅਤੇ ਪਾਰਟੀ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਆਪੋ ਆਪਣੇ ਸੰਬੋਧਨਾਂ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਜੰਮ ਕੇ ਰਗੜੇ ਲਾਏ ਤੇ ਸਪਸ਼ਟ ਕਰ ਦਿੱਤਾ ਕਿ ਉਹ ਪੰਜਾਬ ਵਿੱਚ ਸਾਰੀਆਂ ਲੋਕ ਸਭਾ ਸੀਟਾਂ 'ਤੇ ਇਕੱਲੇ ਆਪਣੇ ਬਲਬੂਤੇ 'ਤੇ ਹੀ ਚੋਣ ਲੜਨਗੇ। ਉਨ੍ਹਾਂ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ 'ਬਦਲਾਅ' ਦੀ ਬਜਾਏ ਬਦਲਾਖੋਰੀ ਦੀ ਨੀਤੀ 'ਤੇ ਚੱਲ ਰਹੀ ਹੈ, ਜਿਸ ਦੇ ਤਹਿਤ ਉਨ੍ਹਾਂ ਦੇ ਪ੍ਰਮੁੱਖ ਆਗੂਆਂ 'ਤੇ ਕੇਸ ਬਣਾ ਕੇ ਉਨ੍ਹਾਂ ਨੂੰ ਜੇਲ੍ਹਾਂ ਵਿੱਚ ਸੁੱਟਿਆ ਜਾ ਰਿਹਾ ਹੈ। ਸਮਾਂ ਆਉਣ 'ਤੇ ਹੀ ਆਣਸੁਲਝੇ ਸਵਾਲਾਂ ਦਾ ਜਵਾਬ ਮਿਲ ਸਕੇਗਾ।

# ਔਰਤ ਨੂੰ ਆਪਣੀ ਮੁਕਤੀ ਲਈ ਸੰਘਰਸ਼ਾਂ ਦੇ ਰਾਹ ਪੈਣਾ ਹੀ ਪਵੇਗਾ : ਕੁਸ਼ਲ ਭੌਰਾ, ਰਾਵਿੰਦਰਜੀਤ ਕੌਰ



**ਨਾਭਾ (ਵਰਿੰਦਰ ਵਰਮਾ)**-ਸਾਡੇ ਦੇਸ਼ ਦੀਆਂ ਔਰਤਾਂ ਸਦੀਆਂ ਤੋਂ ਗੁਲਾਮੀ ਵਾਲਾ ਜੀਵਨ ਹੰਢਾ ਰਹੀਆਂ ਹਨ, ਆਪਣੇ ਜੀਵਨ ਦੀ ਬਿਹਤਰੀ ਲਈ ਚੁੱਲ੍ਹੇ ਚੌਕਿਆਂ ਤੋਂ ਬਾਹਰ ਆ ਕੇ ਔਰਤਾਂ ਨੂੰ ਸੰਘਰਸ਼ ਕਰਨਾ ਹੀ ਪਵੇਗਾ, ਤਾਂ ਹੀ ਔਰਤਾਂ ਗੁਲਾਮੀ ਦੀਆਂ ਜ਼ੰਜੀਰਾਂ ਤੋੜ ਸਕਣਗੀਆਂ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਇਸਤਰੀ ਸਭਾ ਦੀ ਚੇਅਰਪਰਸਨ ਬੀਬੀ ਕੁਸ਼ਲ ਭੌਰਾ ਤੇ ਪੰਜਾਬ ਇਸਤਰੀ ਸਭਾ ਦੀ ਮੀਤ ਪ੍ਰਧਾਨ ਬੀਬੀ ਰਵਿੰਦਰਜੀਤ ਕੌਰ ਪਟਿਆਲਾ ਨੇ ਭਗਤ ਰਵਿਦਾਸ ਸੇਵਾ ਸੁਸਾਇਟੀ ਬੌੜਾਂ ਗੇਟ ਨਾਭਾ ਦੇ ਕੰਪਲੈਕਸ ਵਿੱਚ ਔਰਤਾਂ ਦੀ ਪ੍ਰਭਾਵਸ਼ਾਲੀ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੀਟਿੰਗ ਦੀ ਪ੍ਰਧਾਨਗੀ ਚਰਨਜੀਤ ਕੌਰ ਕਕਰਾਲਾ, ਜਸਵੀਰ ਕੌਰ ਨਾਭਾ, ਦਰਸ਼ਨ ਕੌਰ ਬਨੇਰਾ ਖੁਰਦ, ਮਨਦੀਪ ਕੌਰ ਨਰਮਾਣਾ, ਬਲਜੀਤ ਕੌਰ ਗਦਾਈਆ ਨੇ ਕੀਤੀ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਔਰਤ ਆਗੂਆਂ ਦਲਜੀਤ ਕੌਰ ਨੌਂਗੀ, ਗਗਨਦੀਪ ਕੌਰ ਕਕਰਾਲਾ, ਰਿੰਪੀ ਕੌਰ ਖੋਖ, ਸਰਬਜੀਤ ਕੌਰ ਨਾਭਾ, ਪਰਮਜੀਤ ਕੌਰ ਨਾਭਾ ਨੇ ਕਿਹਾ ਕਿ ਸਾਡੇ ਦੇਸ਼ ਦੀ ਸਰਕਾਰ ਔਰਤਾਂ ਵੱਲ ਬਿਲਕੁਲ ਹੀ ਧਿਆਨ ਨਹੀਂ ਦੇ ਰਹੀ, ਔਰਤਾਂ ਤੇ ਨਿੱਕੀਆਂ ਬਚੀਆਂ ਨਾਲ ਬਲਾਤਕਾਰ ਦੀਆਂ ਘਟਨਾਵਾਂ 'ਚ ਲਗਾਤਾਰ ਵਾਧਾ ਹੋ ਰਿਹਾ, ਮਨੀਪੁਰ ਵਿੱਚ ਔਰਤਾਂ ਨੰਗਿਆਂ ਕਰਕੇ ਘੁਮਾਉਣਾ ਔਰਤਾਂ ਦੇ ਅਪਮਾਨ ਤੇ ਨਿਰਾਦਰ ਦੀ ਅੱਜ ਤੱਕ ਦੀ ਵੱਡੀ ਸ਼ਰਮਸਾਰ ਕਰਨ ਵਾਲੀ ਘਟਨਾ ਸੀ। ਪੰਜਾਬ ਸਰਕਾਰ ਵੀ ਔਰਤਾਂ ਨਾਲ ਧੋਖਾ ਕਰ ਰਹੀ ਹੈ, ਜੋ ਚੋਣਾਂ ਦੌਰਾਨ 1000 ਰੁਪਏ ਦੇਣ ਦੇ ਵਾਅਦੇ ਤੋਂ ਸਰੇਆਮ ਭੱਜ ਹੀ ਗਈ ਹੈ। ਇਸ ਮੀਟਿੰਗ ਨੂੰ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਏਟਕ ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ, ਰਾਮ ਸਿੰਘ ਖੋਖ ਨੇ ਵੀ ਸੰਬੋਧਨ ਕੀਤਾ।

# 16 ਦੀ ਹੜਤਾਲ 'ਚ ਕਿਰਤੀ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ : ਸੀਟੂ



**ਸੰਗਰੂਰ (ਪ੍ਰਵੀਨ ਸਿੰਘ)**-ਪਿੰਡ ਤੁੰਗਾਂ ਵਿਖੇ ਸੀਟੂ ਵੱਲੋਂ ਇੱਕ ਮੀਟਿੰਗ ਕਾਮਰੇਡ ਸਤਵੀਰ ਤੁੰਗਾਂ ਤੇ ਬਹਾਦਰ ਸਿੰਘ ਦੀ ਅਗਵਾਈ ਵਿੱਚ ਕੀਤੀ ਗਈ। ਇਸ ਮੌਕੇ ਸੀਟੂ ਦੇ ਆਗੂ ਰਾਮ ਸਿੰਘ ਸੋਹੀਆਂ ਤੇ ਭਾਰਤ ਨਿਰਮਾਣ ਮਿਸਤਰੀ ਮਜ਼ਡਦੂਰ ਯੂਨੀਅਨ ਦੇ ਜ਼ਿਲ੍ਹਾ ਕਨਵੀਨਰ ਵਰਿੰਦਰ ਕੌਸ਼ਿਕ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਆਗੂਆਂ ਨੇ 16 ਫਰਵਰੀ ਦੀ ਹੜਤਾਲ ਤੇ ਭਾਰਤ ਬੰਦ ਨੂੰ ਸਫਲ ਬਣਾਉਣ ਲਈ ਵੱਡੀ ਗਿਣਤੀ ਵਿੱਚ ਸੰਘਰਸ਼ 'ਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਇਸ ਮੌਕੇ ਨਰੇਗਾ ਮਜ਼ਦੂਰ ਯੂਨੀਅਨ ਵੱਲੋਂ ਪਰਚੇ ਵੀ ਵੰਡੇ ਗਏ। ਸੀਟੂ ਆਗੂ ਵੱਲੋਂ ਪੂਰਾ ਦਿਨ ਪਿੰਡ ਦੀ ਧਰਮਸ਼ਾਲਾ ਵਿੱਚ ਬੈਠ ਕੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ ਤੇ ਉਨ੍ਹਾਂ ਦੇ ਹੱਲ ਲਈ ਲੋੜੀਂਦੇ ਯਤਨ ਕੀਤੇ ਗਏ। ਇਸ ਮੌਕੇ ਸੈਂਕੜੇ ਹੀ ਕਿਰਤੀਆਂ ਨੂੰ ਸੀਟੂ ਨਾਲ ਜੋੜਨ ਲਈ ਨਰੇਗਾ ਯੂਨੀਅਨ ਤੇ ਭਾਰਤ ਨਿਰਮਾਣ ਯੂਨੀਅਨ ਦੀ ਮੈਂਬਰਸ਼ਿਪ ਕੱਟੀ ਗਈ। ਇਸ ਮੌਕੇ ਬੋਲਦਿਆਂ ਕਾਮਰੇਡ ਸਤਵੀਰ ਤੁੰਗਾਂ, ਵਰਿੰਦਰ ਕੌਸ਼ਿਕ ਤੇ ਰਾਮ ਸਿੰਘ ਸੋਹੀਆਂ ਨੇ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰ ਆਮ ਲੋਕਾਂ ਨੂੰ ਗੁੰਮਰਾਹ ਕਰਕੇ ਲੋਕ ਵਿਰੋਧੀ ਫੈਸਲੇ ਲੈ ਰਹੀਆਂ ਹਨ। ਨਰੇਗਾ ਮਜ਼ਦੂਰਾਂ ਨੂੰ ਬੈਂਕ ਖਾਤਿਆਂ ਦੀ ਕੇ ਵਾਈ ਸੀ ਕਰਵਾਉਣ ਲਈ ਖੱਜਲ ਖੁਆਰ ਕੀਤਾ ਜਾ ਰਿਹਾ ਹੈ, ਬਹੁਤ ਸਾਰੇ ਮਜ਼ਦੂਰਾਂ ਨੂੰ ਕੀਤੇ ਕੰਮ ਦੇ ਪੈਸੇ ਨਹੀਂ ਮਿਲ ਰਹੇ। ਉਨ੍ਹਾਂ ਕਿਹਾ ਕਿ ਕਣਕ ਦੀ ਥਾਂ ਆਟਾ ਦੇਣ ਦਾ ਫੈਸਲਾ ਵੀ ਸੂਬਾ ਸਰਕਾਰ ਦਾ ਗਲਤ ਤੇ ਗਰੀਬ ਵਿਰੋਧੀ ਹੈ।

ਆਗੂਆਂ ਨੇ ਕਿਹਾ ਕਿ ਮੋਦੀ ਦੀਆਂ ਤਸਵੀਰਾਂ ਲਾ ਕੇ ਪਿੰਡਾਂ ਵਿੱਚ 'ਕੇਂਦਰ ਸਰਕਾਰ ਆਪ ਕੇ ਦੁਆਰ' ਤਹਿਤ ਕੀਤਾ ਜਾ ਰਿਹਾ ਪ੍ਰਚਾਰ ਵੀ ਗਰੀਬ ਪਰਿਵਾਰਾਂ ਨਾਲ ਧੋਖਾ ਸਾਬਿਤ ਹੋ ਰਿਹਾ ਹੈ। ਇਸ ਮੌਕੇ ਲਖਵਿੰਦਰ ਸਿੰਘ ਲੱਖਾ, ਮਿੱਠੂ ਸਿੰਘ, ਨਰੇਗਾ ਆਗੂ ਮਾਤਾ ਗੁਰਦੇਵ ਕੌਰ, ਗੁਰਮੀਤ ਕੌਰ, ਜਸਪਾਲ ਕੌਰ, ਸ਼ਿੰਗਾਰਾ ਸਿੰਘ, ਭੂਰਾ ਸਿੰਘ, ਬਲਜਿੰਦਰ ਸਿੰਘ, ਬਿੱਲੂ ਸਿੰਘ,

# ਬਰਾਦਰੀ ਦੇ ਉਮੀਦਵਾਰ ਨੂੰ ਟਿਕਟ ਦੇਣ ਵਾਲੀ ਪਾਰਟੀ ਦਾ ਪੂਰੇ ਪੰਜਾਬ 'ਚ ਸਮਰਥਨ ਕੀਤਾ ਜਾਵੇਗਾ : ਕਾਮਰੇਡ ਹੰਸਾ ਸਿੰਘ

■ ਰਾਏ ਸਿੱਖ ਸਮਾਜ ਸੁਧਾਰ ਸਭਾ ਪੰਜਾਬ ਦੇ ਆਗੂਆਂ ਦੀ ਮੀਟਿੰਗ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**

ਰਾਏ ਸਿੱਖ ਸਮਾਜ ਸੁਧਾਰ ਸਭਾ ਪੰਜਾਬ ਦੇ ਆਗੂਆਂ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਗੁਰਦੁਆਰਾ ਟਾਹਲੀ ਸਾਹਿਬ ਵਿਖੇ ਪੰਜਾਬ ਪ੍ਰਧਾਨ ਕਾਮਰੇਡ ਹੰਸਾ ਸਿੰਘ ਦੀ ਅਗਵਾਈ ਹੇਠ ਹੋਈ।

ਇਸ ਮੀਟਿੰਗ ਵਿੱਚ ਸਮਾਜਿਕ, ਆਰਥਿਕ, ਰਾਜਨੀਤਕ ਵਿਸ਼ਲੇਸ਼ਣ ਕਰਨ ਲਈ ਰਾਏ ਸਿੱਖ ਬਰਾਗਰੀ ਨਾਲ ਸਬੰਧਤ ਰੱਖਣ ਵਾਲਾ ਸਾਬਕਾ ਸਾਂਸਦ ਮੈਂਬਰ, ਸਾਬਕਾ ਵਿਧਾਇਕ, ਚੇਅਰਮੈਨ, ਪੰਚ-ਸਰਪੰਚ, ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਸੰਮਤੀ ਮੈਂਬਰ, ਸਾਬਕਾ ਮੁਲਾਜ਼ਮ ਤੇ ਮੌਜੂਦਾ ਮੁਲਾਜ਼ਮ ਵਰਗ ਤੇ ਕੱਦਾਵਰ ਰਾਜਨੀਤਕ ਆਗੂ ਸਾਹਿਬਾਨਾਂ ਦੀ ਵਿਸ਼ੇਸ਼ ਮੀਟਿੰਗ ਹੋਈ। ਇਸ ਮੀਟਿੰਗ ਦੌਰਾਨ ਹਲਕਾ ਗੁਰੂ ਹਰਸਹਾਏ ਤੋਂ ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਫੌਜਾ ਸਿੰਘ ਸਰਾਰੀ ਦੀ ਧਰਮ ਪਤਨੀ ਚਰਨਜੀਤ ਕੌਰ, ਸਾਬਕਾ ਸਾਂਸਦ ਮੈਂਬਰ ਸ਼ੇਰ ਸਿੰਘ ਘੁਬਾਇਆ, ਸਾਬਕਾ ਵਿਧਾਇਕ ਮਹਿਤਾਬ ਸਿੰਘ, ਚੇਅਰਮੈਨ ਮਹਿੰਦਰ ਸਿੰਘ ਕਚੂਰਾ, ਚੇਅਰਮੈਨ ਹਰਬੰਸ ਸਿੰਘ ਮਮਦੋਟ, ਪੂਰਨ ਸਿੰਘ ਮੁਜੈਦੀਆ ਪੰਜਾਬ ਵਾਈਸ ਪ੍ਰਧਾਨ ਐੱਸ ਸੀ ਵਿੰਗ ਭਾਜਪਾ, ਬਲਵਿੰਦਰ ਸਿੰਘ ਨੋਲ, ਮਨਜੀਤ ਸਿੰਘ ਸਾਉਣਾ, ਸਰਪੰਚ ਜੰਗੀਰ ਸਿੰਘ ਜਰਨਲ ਸਕੱਤਰ ਰਾਏ ਸਿੱਖ ਸਮਾਜ ਸੁਧਾਰ, ਜੋਗਿੰਦਰ ਸਿੰਘ ਭੋਲਾ ਪ੍ਰੈੱਸ ਸਕੱਤਰ ਰਾਏ ਸਿੱਖ ਸਮਾਜ ਸੁਧਾਰ ਸਭਾ ਪੰਜਾਬ, ਸਰਪੰਚ ਜੋਗਿੰਦਰ ਸਿੰਘ ਮੋਹਣੇ, ਡਾ. ਹਰਜੀਤ ਸਿੰਘ ਸ਼ਾਹਰੀ ਜ਼ਿਲ੍ਹਾ ਪ੍ਰਧਾਨ ਐੱਸ ਸੀ ਵਿੰਗ ਫਾਜ਼ਿਲਕਾ, ਫੌਜੀ ਅੰਗਰੇਜ ਸਿੰਘ ਵੜਵਾਲ, ਪ੍ਰਕਾਸ਼ ਸਿੰਘ ਵੜਵਾਲ ਜ਼ਿਲ੍ਹਾ ਐੱਸ ਸੀ ਵਿੰਗ, ਪੰਜਾਬ ਸਿੰਘ ਰਿਟਾਇਰਡ ਇੰਸਪੈਕਟਰ, ਮਾਸਟਰ ਜਗਨੰਦਨ ਸਿੰਘ, ਮਾਸਟਰ ਸਤਨਾਮ ਸਿੰਘ ਚਾਂਦੀ, ਨਰੇਸ਼ ਘੁਬਾਇਆ ਜ਼ਿਲ੍ਹਾ ਮੀਡੀਆ 'ਆਪ' ਫਾਜ਼ਿਲਕਾ, ਰਾਜ ਕੁਮਾਰ ਮਲੰਗੀ, ਕੁਲਵੰਤ ਸਿੰਘ ਘੁਰਕਾ, ਡਾ. ਰਾਜ ਸਿੰਘ ਨੂਰਸ਼ਾਹ, ਸਾਬਕਾ ਐਕਸੀਅਨ ਸੁਰਜਨ ਸਿੰਘ, ਗੁਰਨਾਮ ਸਿੰਘ ਸਰਪੰਚ ਝੁੱਗੇ ਛਿੱਲੀਆਂ, ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਤੇਜਾ ਸਿੰਘ ਟੱਪਰੀ, ਮੌਜੂਦਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬਗੀਚਾ ਸਿੰਘ ਬੋਹੜਿਆ, ਬਲਵੰਤ ਸਿੰਘ ਲਾਡੀ ਦਫਤਰ ਇੰਚਾਰਜ ਗੁਰੂ ਹਰਸਹਾਏ, ਡਾ. ਰੂਪ ਸਿੰਘ ਭੱਖੜਾ, ਸਰਪੰਚ ਸੁਰਜੀਤ ਸਿੰਘ ਗੱਟੀ ਰਹੀਮੇ ਕੀ, ਸਰਪੰਚ ਜੋਗਿੰਦਰ ਸਿੰਘ ਢਾਣੀ ਗੁਰਮੁੱਖ, ਪ੍ਰੋਫੈਸਰ ਸਵਰਨ ਸਿੰਘ ਅਬੋਹਰ, ਸਰਪੰਚ ਵਿਕਰਮਜੀਤ ਸਿੰਘ ਪੋਜੋ ਜ਼ਿਲ੍ਹਾ ਵਾਈਸ ਪ੍ਰਧਾਨ ਐੱਸ ਸੀ ਵਿੰਗ ਭਾਜਪਾ ਫਿਰੋਜ਼ਪੁਰ, ਸਰਪੰਚ ਮੇਹਰ ਸਿੰਘ, ਸਰਪੰਚ ਸ਼ਿੰਦਰ ਸਿੰਘ ਘੋੜੇਚੱਕ, ਸਰਪੰਚ ਬਲਵਿੰਦਰ ਸਿੰਘ ਮੱਤੜ, ਸਵਰਨ ਸਿੰਘ ਕਾਸਮ ਕੇ, ਰਾਜ ਸਿੰਘ ਥਾਰਾ ਸਿੰਘ ਵਾਲਾ, ਮੁਖਤਿਆਰ ਸਿੰਘ ਥਾਰਾ, ਜਤਿੰਦਰ ਸਿੰਘ ਲਾਡੀ ਨਿੱਜੀ ਸਕੱਤਰ ਪ੍ਰਕਾਸ਼ ਸਿੰਘ ਵੜਵਾਲ, ਕਾਮਰੇਡ ਤੇਜਾ ਸਿੰਘ ਘੁਬਾਇਆ ਆਦਿ ਆਗੂਆਂ ਨੇ ਮੀਟਿੰਗ ਦੌਰਾਨ ਸੰਬੋਧਨ ਕਰਦਿਆਂ ਕਿਹਾ ਕਿ ਜਿਹੜੀ ਰਾਜਨੀਤਕ ਪਾਰਟੀ ਰਾਏ ਸਿੱਖ ਬਰਾਦਰੀ ਦੇ ਆਗ ਨੂੰ ਫਿਰੋਜ਼ਪੁਰ ਲੋਕ ਸਭਾ ਤੋਂ ਟਿਕਟ ਦੇਵੇਗੀ, ਉਸ ਪਾਰਟੀ ਦੀ ਰਾਏ ਸਿੱਖ ਬਰਾਦਰੀ ਵੱਲੋਂ ਪੂਰੇ ਪੰਜਾਬ ਵਿੱਚ ਹਮਾਇਤ ਕੀਤੀ ਜਾਵੇਗੀ ਤੇ ਰਾਏ ਸਿੱਖ ਬਰਾਦਰੀ ਤੇ ਸਮੂਹ ਸਮਾਜ ਨੂੰ ਇਕ ਮੰਚ 'ਤੇ ਇਕੱਠਾ ਕਰਨ ਲਈ ਸ਼ਹੀਦੀ ਸਮਾਰਕ ਹੁਸੈਨੀਵਾਲਾ ਵਿਖੇ ਇਕ ਵਿਸ਼ਾਲ ਇਕੱਠ ਕਰਕੇ ਸ਼ਹੀਦੀ ਸਮਾਰਕ ਤੋਂ ਲੈ ਕੇ ਫਾਜ਼ਿਲਕਾ ਤੱਕ ਮਾਰਚ ਕੱਢਣ ਦਾ ਵੀ ਫੈਸਲਾ ਕੀਤਾ ਗਿਆ। ਅਗਲੀ ਰਣਨੀਤੀ ਉਲੀਕਣ ਲਈ ਸਿਰਫ ਆਗੂ ਸਾਹਿਬਾਨਾਂ ਦੀ ਵਿਸ਼ੇਸ਼ ਮੀਟਿੰਗ ਬੁੱਧਵਾਰ ਨੂੰ ਕਰਨ ਦਾ ਫੈਸਲਾ ਕੀਤਾ ਗਿਆ।

# ਸੂਚਨਾ ਕਮਿਸ਼ਨ ਵੱਲੋਂ ਈ ਓ ਨੂੰ ਵਾਰੰਟ ਦੀ ਚੇਤਾਵਨੀ

**ਜੈਤੋ (ਸਤੀਸ਼ ਕੁਮਾਰ ਭੀਰੀ)**-ਨਗਰ ਕੌਂਸਲ ਜੈਤੋ ਆਪਣੇ ਭ੍ਰਿਸ਼ਟ ਕਾਰਨਾਮਿਆਂ, ਰਿਕਾਰਡ ਨੂੰ ਖੁਰਦ ਬੁਰਦ ਕਰਨ ਤੇ ਕਾਨੂੰਨ ਦੀਆਂ ਧੱਜੀਆਂ ਉਡਾਉਣ ਕਾਰਨ ਨਾ ਕੇਵਲ ਆਪਣੇ ਉੱਚ ਅਧਿਕਾਰੀਆਂ, ਬਲਕਿ ਮਾਨਯੋਗ ਕੋਰਟ ਵੱਲੋਂ ਵੀ ਫਿਟਕਾਰ ਹਾਸਲ ਕਰਨ ਦੀ ਆਦਤ ਤੋਂ ਮਜਬੂਰ ਹੋ ਚੁੱਕੀ ਹੈ।ਪੱਤਰਕਾਰ ਨਾਲ ਗੱਲਬਾਤ ਕਰਦਿਆਂ ਸ਼ਹਿਰ ਦੇ ਇੱਕ ਆਰ ਟੀ ਆਈ ਕਾਰਕੁਨ ਨੇ ਦੱਸਿਆ ਕਿ ਨਗਰ ਕੌਂਸਲ ਵੱਲੋਂ ਵਾਰ ਵਾਰ ਕਾਨੂੰਨ ਤੋੜਨ ਲਈ ਮਾਨਯੋਗ ਸੂਚਨਾ ਕਮਿਸ਼ਨਰ ਵੱਲੋਂ ਈ ਓ ਨਗਰ ਕੌਂਸਲ ਜੈਤੋ ਨੂੰ ਫਟਕਾਰ ਲਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਪੂਰਾ ਮਾਮਲਾ ਇਸ ਪ੍ਰਕਾਰ ਹੈ ਕਿ ਭ੍ਰਿਸ਼ਟਾਚਾਰ ਵਿੱਚ ਗਲਤਾਨ ਕੌਂਸਲ ਅਧਿਕਾਰੀਆਂ ਵੱਲੋਂ ਆਪਣੇ ਭੇਤ ਖੁੱਲ੍ਹਣ ਤੇ ਭ੍ਰਿਸ਼ਟਾਚਾਰ ਦਾ ਖੁਲਾਸਾ ਹੋਣ ਦੇ ਡਰ ਕਾਰਨ ਲਗਾਤਾਰ ਮਹੀਨਿਆਂ ਬੱਧੀ ਆਰ ਟੀ ਆਈ ਐਕਟ ਤਹਿਤ ਜਾਣਕਾਰੀ ਨਹੀਂ ਦਿੱਤੀ ਜਾ ਰਹੀ, ਜਿਸ ਸਬੰਧੀ ਸੁਣਵਾਈ ਕਰਦੇ ਹੋਏ ਮਾਨਯੋਗ ਸੂਚਨਾ ਕਮਿਸ਼ਨਰ ਨੇ ਆਰ ਟੀ ਆਈ ਕਾਰਕੁਨ ਨੂੰ ਸੂਚਨਾ ਨਾ ਦੇਣ ਲਈ ਪੀ ਆਈ ਓ-ਕਮ-ਕਾਰਜ ਸਾਧਕ ਅਫ਼ਸਰ ਨੂੰ ਫਟਕਾਰ ਲਗਾਉਂਦੇ ਹੋਏ ਨਾ ਕੇਵਲ ਨਿੱਜੀ ਤੌਰ 'ਤੇ ਚੰਡੀਗੜ੍ਹ ਵਿਖੇ ਆਪਣੀ ਕੋਰਟ ਵਿੱਚ ਪੇਸ਼ ਹੋਣ ਲਈ ਕਿਹਾ ਗਿਆ, ਬਲਕਿ ਪੇਸ਼ ਨਾ ਹੋਣ 'ਤੇ ਪੀ ਆਈ ਓ-ਕਮ-ਈ ਓ ਵਿਰੁੱਧ ਜਮਾਨਤੀ ਵਾਰੰਟ ਜਾਰੀ ਕਰਨ ਦੀ ਚਿਤਾਵਨੀ ਵੀ ਦਿੱਤੀ ਗਈ।

POLICE DAV PUBLIC SCHOOL
PAP CAMPUS, JALANDHAR CANTT. MOB. NO. 7087956715
E-mail: papdavjl@yahoo.co.in www.policedavjal.in
(CO-EDUCATIONAL ENGLISH MEDIUM SCHOOL) MANAGED BY DAV COLLEGE MANAGING COMMITTEE, NEW DELHI
(AFFILIATED TO CBSE, NEW DELHI. VIDE NO. 1630154)
TENDER FOR BOOK SHOP (2024-2025)
Sealed tender are invited for running Book Shop in the School premises. The school has 5200 students. Prescribed proforma is available from the school office on payment of Rs. 200/-. The undersigned reserves the right to reject any or all the tenders without assigning any reason.
Principal
Mob. No. 7087956715

# ਬਿਜਲੀ ਕਾਮਿਆਂ ਵੱਲੋਂ ਵਿਧਾਇਕ ਜਗਦੀਪ ਗੋਲਡੀ ਵਿਰੁੱਧ ਰੋਸ ਰੈਲੀ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**

ਟੈਕਨੀਕਲ ਸਰਵਿਸਿਜ਼ ਯੂਨੀਅਨ ਡਵੀਜ਼ਨ ਕਮੇਟੀ ਜਲਾਲਾਬਾਦ ਦੇ ਸੱਦੇ 'ਤੇ ਸ਼ਹਿਰੀ ਸਬ ਡਵੀਜ਼ਨ ਜਲਾਲਾਬਾਦ ਦੇ ਪ੍ਰਧਾਨ ਸਾਥੀ ਕ੍ਰਿਸ਼ਨ ਸਿੰਘ ਦੀ ਸਿਆਸੀ ਆਧਾਰ 'ਤੇ ਕੀਤੀ ਗਈ ਨਜਾਇਜ਼ ਬਦਲੀ ਦੇ ਵਿਰੋਧ ਵਜੋਂ ਜਲਾਲਾਬਾਦ ਦੇ ਵਿਧਾਇਕ ਜਗਦੀਪ ਗੋਲਡੀ ਵਿਰੁੱਧ ਬਿਜਲੀ ਦਫਤਰ ਗੁਰੂ ਹਰਸਹਾਏ ਦੇ ਗੇਟ 'ਤੇ ਰੋਸ ਰੈਲੀ ਕੀਤੀ ਗਈ।ਇਸ ਰੈਲੀ ਦੀ ਪ੍ਰਧਾਨਗੀ ਸਾਥੀ ਸੁਰਿੰਦਰ ਕੁਮਾਰ ਨੇ ਕੀਤੀ।ਰੈਲੀ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਬੁਲਾਰਿਆਂ ਨੇ ਇਲਜ਼ਾਮ ਲਾਉਂਦਿਆਂ ਕਿਹਾ ਕਿ ਜਲਾਲਾਬਾਦ ਦੇ ਵਿਧਾਇਕ ਜਗਦੀਪ ਗੋਲਡੀ ਵੱਲੋਂ ਪਹਿਲਾਂ ਵੀ ਇੱਕ ਵਾਰੀ ਐਕਸੀਅਨ ਜਲਾਲਾਬਾਦ 'ਤੇ ਦਬਾਅ ਪਾ ਕੇ ਸਾਥੀ ਕ੍ਰਿਸ਼ਨ ਸਿੰਘ ਦੀ ਬਦਲੀ ਗੁਰੂ ਹਰਸਹਾਏ ਦੀ ਕਰਵਾ ਦਿੱਤੀ ਗਈ ਸੀ, ਪਰ ਜਥੇਬੰਦੀ ਨੇ ਨਜਾਇਜ਼ ਕੀਤੀ ਗਈ ਸਿਆਸੀ ਆਧਾਰ 'ਤੇ ਬਦਲੀ ਵਿਰੁੱਧ ਸੰਘਰਸ਼ ਉਲੀਕਿਆ ਸੀ, ਜਿਸ ਦੇ ਸਿੱਟੇ ਵਜੋਂ ਐਕਸੀਅਨ ਜਲਾਲਾਬਾਦ ਨੇ ਸਾਥੀ ਦੀ ਬਦਲੀ ਦੇ ਆਰਡਰ ਰੱਦ ਕਰ ਦਿੱਤੇ ਸਨ, ਪਰ ਵਿਧਾਇਕ ਨੇ ਇੱਕ ਵਾਰ ਫਿਰ ਮੁੱਖ ਦਫਤਰ ਪਟਿਆਲਾ ਤੋਂ ਸਾਥੀ ਦੀ ਬਦਲੀ ਲੁਧਿਆਣਾ ਦੀ ਕਰਵਾ ਦਿੱਤੀ ਹੈ। ਇਥੇ ਦੱਸਣਾ ਬਣਦਾ ਹੈ ਕਿ ਸਾਥੀ ਕ੍ਰਿਸ਼ਨ ਸਿੰਘ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਆਪਣੀ ਡਿਊਟੀ ਕਰ ਰਿਹਾ ਹੈ ਅਤੇ ਡਿਊਟੀ ਸਬੰਧੀ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਸ਼ਿਕਾਇਤ ਸਾਥੀ ਦੀ ਨਹੀਂ ਹੈ।ਇਸ ਲਈ ਸਾਡੀ ਜਥੇਬੰਦੀ ਵਿਧਾਇਕ ਦੀ ਇਸ ਧੱਕੇਸ਼ਾਹੀ ਨੂੰ ਬਰਦਾਸ਼ਤ ਨਹੀਂ ਕਰੇਗੀ ਤੇ ਇਸ ਵਿਰੁੱਧ ਸੰਘਰਸ਼ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਦੇ ਪਹਿਲੇ ਪੜਾਅ ਵਜੋਂ 9 ਫਰਵਰੀ ਨੂੰ ਸ਼ਹਿਰੀ ਸਬ ਡਵੀਜ਼ਨ ਜਲਾਲਾਬਾਦ ਵਿਖੇ ਰੋਸ ਰੈਲੀ ਕਰਨ ਉਪਰੰਤ ਅੱਜ ਗੁਰੂ ਹਰਸਹਾਏ ਵਿਖੇ ਰੋਸ ਰੈਲੀ ਕੀਤੀ ਗਈ। ਇਸ ਤੋਂ ਬਾਅਦ 14 ਫ਼ਰਵਰੀ ਨੂੰ ਘੁਬਾਇਆ ਸਬ ਡਵੀਜ਼ਨ, 19 ਫ਼ਰਵਰੀ ਨੂੰ ਸਬ ਅਰਬਨ ਸਬ ਡਵੀਜ਼ਨ ਜਲਾਲਾਬਾਦ ਵਿੱਚ ਰੋਸ ਰੈਲੀ ਕੀਤੀ ਜਾਵੇਗੀ ਤੇ 23 ਫ਼ਰਵਰੀ ਨੂੰ ਐਕਸੀਅਨ ਦਫ਼ਤਰ ਜਲਾਲਾਬਾਦ ਵਿਖੇ ਡਵੀਜ਼ਨ ਪੱਧਰ 'ਤੇ ਵਿਸ਼ਾਲ ਰੋਸ ਧਰਨਾ ਦੇਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ।ਇਸ ਲਈ ਅਸੀਂ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਤੋਂ ਮੰਗ ਕਰਦੇ ਹਾਂ ਕਿ ਸਾਥੀ ਕ੍ਰਿਸ਼ਨ ਸਿੰਘ ਦੀ ਸਿਆਸੀ ਆਧਾਰ 'ਤੇ ਕੀਤੀ ਗਈ ਨਜਾਇਜ਼ ਬਦਲੀ ਰੱਦ ਕੀਤੀ ਜਾਵੇ, ਜੇਕਰ ਅਜਿਹਾ ਨਹੀਂ ਕੀਤਾ ਜਾਂਦਾ ਤਾਂ ਇਸ ਤੋਂ ਬਾਅਦ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ, ਜਿਸ ਤੋਂ ਨਿਕਲਣ ਵਾਲੇ ਚੰਗੇ ਮਾੜੇ ਸਿੱਟਿਆਂ ਦੀ ਜ਼ਿੰਮੇਵਾਰੀ ਜਲਾਲਾਬਾਦ ਦੇ ਵਿਧਾਇਕ ਜਗਦੀਪ ਗੋਲਡੀ ਤੇ ਪੰਜਾਬ ਸਰਕਾਰ ਦੀ ਹੋਵੇਗੀ।

ਰੈਲੀ ਵਿੱਚ ਵਿਸ਼ੇਸ਼ ਤੌਰ 'ਤੇ ਇੰਜੀ: ਸ਼ਿੰਗਾਰ ਚੰਦ ਮਹਿਰੋਕ ਟੀ ਐੱਸ ਯੂ ਸਰਕਲ ਸਕੱਤਰ ਫਿਰੋਜ਼ਪੁਰ ਵੀ ਪਹੁੰਚੇ। ਉਨ੍ਹਾ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਧਾਇਕ ਜਗਦੀਪ ਗੋਲਡੀ ਦੀ ਇਸ ਧੱਕੇਸ਼ਾਹੀ ਦਾ ਮੂੰਹ ਤੋੜਵਾਂ ਜਵਾਬ ਦਿੱਤਾ ਜਾਵੇਗਾ, ਜੇਕਰ ਲੋੜ ਪਈ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਰੈਲੀ ਨੂੰ ਵੱਖ ਵੱਖ ਬੁਲਾਰਿਆਂ ਤੋਂ ਇਲਾਵਾ ਸਾਥੀ ਸ਼ੇਰ ਸਿੰਘ ਡਵੀਜ਼ਨ ਪ੍ਰਧਾਨ, ਨਾਨਕ ਚੰਦ, ਰਾਜੇਸ਼ ਕੁਮਾਰ, ਕ੍ਰਿਸ਼ਨ ਸਿੰਘ, ਵਿਪਨ ਕੁਮਾਰ, ਸੰਦੀਪ ਕੁਮਾਰ ਡਵੀਜ਼ਨ ਸਕੱਤਰ, ਬਲਕਾਰ ਚੰਦ, ਸੰਦੀਪ ਕੁਮਾਰ, ਜਸਵਿੰਦਰਪਾਲ, ਸੁਖਦੇਵ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

# ਫਤਿਹ ਕਾਲਜ ਵਿਖੇ ਸਾਲਾਨਾ ਐਥਲੈਟਿਕਸ ਮੀਟ ਸ਼ਾਨੋ-ਸ਼ੌਕਤ ਨਾਲ ਸੰਪੰਨ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਉੱਚ ਸਿੱਖਿਆ, ਨੈਤਿਕ ਕਦਰਾਂ ਕੀਮਤਾਂ ਤੇ ਖੇਡਾਂ ਵਿੱਚ ਵਿਸ਼ੇਸ਼ ਰੁਚੀ ਰੱਖਣ ਸਦਕਾ ਇਲਾਕੇ ਦੀ ਉੱਤਮ ਸੰਸਥਾ ਵੱਲੋਂ ਫ਼ਤਿਹ ਕਾਲਜ ਰਾਮਪੁਰਾ ਫੂਲ ਵਿਖੇ 9ਵੀਂ ਸਾਲਾਨਾ ਐਥਲੈਟਿਕਸ ਮੀਟ ਸ਼ਾਨੋ ਸ਼ੌਕਤ ਨਾਲ ਸੰਪੰਨ ਹੋਈ।ਵੱਖ ਵੱਖ ਰਾਜ ਪੱਧਰੀ ਤੇ ਨੈਸ਼ਨਲ ਖੇਡਾਂ ਵਿੱਚ ਸੈਂਕੜੇ ਗੋਲਡ ਮੈਡਲ ਜਿੱਤਣ ਵਾਲੀ ਸੰਸਥਾ ਦੇ ਖੇਡ ਮੁਕਾਬਲਿਆਂ ਵਿੱਚ ਖਿਡਾਰੀਆਂ ਨੇ ਜੋਸ਼ੋ ਖਰੋਸ਼ ਨਾਲ ਹਿੱਸਾ ਲਿਆ ਤੇ ਅਹਿਦ ਕੀਤਾ ਕਿ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਹਮੇਸ਼ਾ ਬਚ ਕੇ ਰਿਹਾ ਜਾਵੇ।ਰਹਿਨੁਮਾ ਬਣ ਕੇ ਉੱਭਰੇ ਸੰਸਥਾ ਦੇ ਚੇਅਰਮੈਨ ਤੇ ਪ੍ਰਸਿੱਧ ਸਮਾਜਸੇਵੀ ਐੱਸ ਐੱਸ ਚੱਠਾ ਨੇ ਜਿੱਥੇ ਆਪਣੀ ਸੰਸਥਾ ਵਿੱਚ ਇਲਾਕੇ ਦੇ ਮੁੰਡੇ-ਕੁੜੀਆਂ ਵਿੱਚ ਨੈਤਿਕ ਗੁਣਾਂ ਦੀ ਸਿਰਜਣਾ ਨੂੰ ਪਹਿਲ ਦਿੱਤੀ, ਉੱਥੇ ਉਨ੍ਹਾਂ ਨੂੰ ਖੇਡਾਂ ਵਿੱਚ ਭਾਗ ਦਿਵਾ ਕੇ ਨਰੋਈ ਸਿਹਤ ਤੇ ਹਾਂ-ਪੱਖੀ ਸਮਾਜ ਸਿਰਜਣ ਦੀ ਅਗਵਾਈ ਵੀ ਬਾਖ਼ੂਬੀ ਦਿੱਤੀ।ਰੀਬਨ ਕੱਟ, ਝੰਡਾ ਲਹਿਰਾ, ਕਬੂਤਰ ਤੇ ਗੁਬਾਰੇ ਛੱਡ ਕੇ, ਮਾਰਚ ਪਾਸਟ ਨੂੰ ਸਲਾਮੀ ਦੇ ਕੇ ਸਮਾਗਮ ਦੇ ਮੁੱਖ ਮਹਿਮਾਨ ਐੱਸ ਐੱਸ ਚੱਠਾ ਨੇ 9ਵੀਂ ਸਾਲਾਨਾ ਐਥਲੈਟਿਕਸ ਮੀਟ ਦਾ ਆਗਾਜ਼ ਖਿਡਾਰੀਆਂ ਵਿੱਚ ਜੋਸ਼ ਭਰ ਕੇ ਕੀਤਾ।ਖੇਡ ਵਿਭਾਗ ਐਜੂਕੇਸ਼ਨ ਕਾਲਜ ਵੱਲੋਂ ਖੇਡਾਂ ਵਿੱਚ ਸਾਹਿਬਜ਼ਾਦਾ ਅਜੀਤ ਸਿੰਘ ਹਾਊਸ ਪਹਿਲੇ ਸਥਾਨ, ਰੌਸ਼ਨਪ੍ਰੀਤ ਕੌਰ ਤੇ ਲਵਲੀ ਰਾਮ ਨੇ ਬੈਸਟ ਐਥਲੀਟ ਦਾ ਖਿਤਾਬ ਵੱਖ ਵੱਖ ਮੁਕਾਬਲੇ ਜਿੱਤ ਕੇ ਆਪਣੇ ਨਾਮ ਕੀਤਾ।ਖੇਡ ਵਿਭਾਗ ਮੁਖੀ ਪ੍ਰੋ. ਕੁਲਦੀਪ ਸਿੰਘ, ਅਸਿਸਟੈਂਟ ਪ੍ਰੋਫੈਸਰ ਵਰਿੰਦਰ ਕੌਰ ਦੇ ਭਰਪੂਰ ਯਤਨਾਂ ਸਦਕਾ ਵੱਡੇ ਪੱਧਰ ਤੇ ਵਿਦਿਆਰਥੀਆਂ ਨੇ ਵੱਖ ਵੱਖ ਮੁਕਾਬਲਿਆਂ ਵਿੱਚ ਭਾਗ ਲਿਆ।ਮੰਚ ਸੰਚਾਲਨ ਕ੍ਰਿਸ਼ਨ ਸਿੰਘ ਤੇ ਪ੍ਰੋ. ਸੋਨੀਆਂ ਅਤੇ ਖੇਡ ਕੁਮੈਂਟਰੀ ਵਿਦਿਆਰਥੀ ਬਸੰਤ ਸਿੰਘ ਨੇ ਕੀਤੀ।ਇਸ ਮੌਕੇ 200 ਮੀਟਰ ਦੌੜ (ਮੁੰਡਿਆਂ) 'ਚੋਂ ਲਵਲੀ ਰਾਮ, ਮਨਪ੍ਰੀਤ ਸਿੰਘ, ਲਵਪ੍ਰੀਤ ਸਿੰਘ ਤੇ (ਕੁੜੀਆਂ) 'ਚੋਂ ਰਾਜਵੀਰ ਕੌਰ, ਹਰਜੋਤ ਕੌਰ, ਅਰਸ਼ਦੀਪ ਕੌਰ ਨੇ ਕ੍ਰਮਵਾਰ ਪਹਿਲੀ, ਦੂਜੀ ਤੇ ਤੀਜੀ ਪੁਜ਼ੀਸ਼ਨ ਹਾਸਲ ਕੀਤੀ।

ਸੌ ਮੀਟਰ ਦੌੜਾਂ ਵਿੱਚੋਂ (ਲੜਕੇ) ਲਵਲੀ ਰਾਮ, ਮਨਪ੍ਰੀਤ ਸਿੰਘ, ਨਵਜੋਤ ਸਿੰਘ, (ਲੜਕੀਆਂ) ਰਾਜਵੀਰ ਕੌਰ, ਰਾਜਵੀਰ ਕੌਰ, ਸੁਖਪਾਲ ਕੌਰ ਨੇ ਕ੍ਰਮਵਾਰ ਪੁਜ਼ੀਸ਼ਨਾਂ ਹਾਸਲ ਕੀਤੀਆਂ।ਰਿਲੇਅ ਦੌੜ ਵਿੱਚੋਂ ਜਸਕਰਨ ਸਿੰਘ, ਪਰਵਿੰਦਰ ਸਿੰਘ, ਬੂਟਾ ਸਿੰਘ ਜਗਦੀਸ਼ ਸਿੰਘ, ਬਲਜੋਤ ਸਿੰਘ, ਨਵਜੋਤ ਸਿੰਘ ਤੇ (ਲੜਕੀਆਂ) ਰੋਸ਼ਨਪ੍ਰੀਤ ਕੌਰ, ਅਰਸ਼ਦੀਪ ਕੌਰ, ਮੰਜੂ ਦੇਵੀ ਨੇ ਪੁਜ਼ੀਸ਼ਨਾਂ ਹਾਸਲ ਕੀਤੀਆਂ।400 ਮੀਟਰ ਦੌੜਾਂ ਵਿੱਚੋਂ (ਲੜਕੇ) ਅਰਸ਼ਦੀਪ ਸਿੰਘ, ਗੁਰਪਿੰਦਰ ਸਿੰਘ, ਨਵਜੋਤ ਸਿੰਘ ਤੇ (ਲੜਕੀਆਂ) ਰਮਨਦੀਪ ਕੌਰ, ਖੁਸ਼ਪ੍ਰੀਤ ਕੌਰ, ਪ੍ਰਭਜੋਤ ਕੌਰ ਨੇ ਕ੍ਰਮਵਾਰ ਪੁਜ਼ੀਸ਼ਨਾਂ ਹਾਸਲ ਕੀਤੀਆਂ।ਗੋਲਾ ਸੁੱਟਣ ਵਿੱਚੋਂ (ਲੜਕੇ) ਹਰਮਨਦੀਪ ਸਿੰਘ, ਨਵਜੋਤ ਸਿੰਘ, ਹਰਮਨਦੀਪ ਸਿੰਘ ਤੇ (ਲੜਕੀਆਂ) ਰੋਸ਼ਨਪ੍ਰੀਤ ਕੌਰ, ਮੰਜੂ ਦੇਵੀ ਤੇ ਸੁਖਪਾਲ ਕੌਰ ਨੇ ਕ੍ਰਮਵਾਰ ਪੁਜ਼ੀਸ਼ਨਾਂ ਹਾਸਲ ਕੀਤੀਆਂ।ਲੰਬੀ ਛਾਲ (ਲੜਕੇ) ਜਗਦੇਵ ਸਿੰਘ, ਮਨਪ੍ਰੀਤ ਸਿੰਘ, ਸ਼ੰਕਰ ਤੇ (ਲੜਕੀਆਂ) ਰੋਸ਼ਨਪ੍ਰੀਤ ਕੌਰ, ਵੀਰਪਾਲ ਕੌਰ ਤੇ ਅਮਨਪ੍ਰੀਤ ਕੌਰ ਨੇ ਕ੍ਰਮਵਾਰ ਪੁਜ਼ੀਸ਼ਨਾਂ ਹਾਸਲ ਕੀਤੀਆਂ।ਬੈਕ ਰੇਸ ਵਿੱਚੋਂ (ਲੜਕੇ) ਲਵਲੀ ਰਾਮ, ਅਰਸ਼ਦੀਪ ਸਿੰਘ, ਹਰਜਸ਼ਨ ਸਿੰਘ ਤੇ (ਲੜਕੀਆਂ) ਅਰਸ਼ਦੀਪ ਕੌਰ, ਮਨਪ੍ਰੀਤ ਕੌਰ ਤੇ ਕੁਸ਼ਲਦੀਪ ਕੌਰ ਨੇ ਕ੍ਰਮਵਾਰ ਪੁਜ਼ੀਸ਼ਨਾਂ ਹਾਸਲ ਕੀਤੀਆਂ।ਜੈਵਲਿਨ ਥਰੋ (ਲੜਕੇ) ਲਵਪ੍ਰੀਤ ਸਿੰਘ, ਨਵਜੋਤ ਸਿੰਘ, ਸਮਿਤ ਨੇ ਕ੍ਰਮਵਾਰ ਪਹਿਲੀ, ਦੂਜੀ ਤੇ ਤੀਜੀ ਪੁਜ਼ੀਸ਼ਨ ਹਾਸਲ ਕੀਤੀ।ਡਿਸਕਸ ਥਰੋ (ਲੜਕੇ) ਬੂਟਾ ਸਿੰਘ, ਹਰਮਨਦੀਪ ਸਿੰਘ, ਸੋਨੂ ਸਿੰਘ ਤੇ (ਲੜਕੀਆਂ) ਰੋਸ਼ਨਪ੍ਰੀਤ ਕੌਰ, ਪ੍ਰਭਜੋਤ ਕੌਰ, ਸੁਖਪਾਲ ਕੌਰ ਨੇ ਕ੍ਰਮਵਾਰ ਪੁਜ਼ੀਸ਼ਨਾਂ ਹਾਸਲ ਕੀਤੀਆਂ।ਐਥਲੈਟਿਕਸ ਮੀਟ ਦੌਰਾਨ ਸਰਵਨ ਸਿੰਘ ਚੱਠਾ, ਐੱਮ ਡੀ ਮਨਜੀਤ ਕੌਰ ਚੱਠਾ, ਕਾਰਜਕਾਰੀ ਪ੍ਰਿੰਸੀਪਲ ਡਾ. ਰਜਿੰਦਰ ਤ੍ਰਿਪਾਠੀ, ਸਹਾਇਕ ਡਾਇਰੈਕਟਰ ਪਬਲਿਕ ਰਿਲੇਸ਼ਨ ਡਿਵੈਲਪਮੈਂਟ ਹਰਪ੍ਰੀਤ ਸ਼ਰਮਾ, ਸਹਾਇਕ ਡਾਇਰੈਕਟਰ ਜਸਵਿੰਦਰ ਸਿੰਘ ਐਜੂਕੇਸ਼ਨ ਵਿਭਾਗ ਮੁਖੀ ਸੰਦੀਪ ਕੌਰ, ਪ੍ਰੋ. ਅਨੀਕਾ, ਪ੍ਰੋ. ਅਨੀਤਾ, ਪ੍ਰੋ. ਮਨਦੀਪ ਕੌਰ, ਸੁਨੀਤਾ ਰਾਣੀ, ਜਸਪ੍ਰੀਤ ਸਿੰਘ, ਸਮੀਰ ਕੁਮਾਰ, ਕੁਲਵਿੰਦਰ ਸਿੰਘ, ਕਮਲੇਸ਼ ਰਾਣੀ, ਸੁਖਪ੍ਰੀਤ ਕੌਰ, ਹਰਜੀਤ ਕੌਰ, ਰੋਬਿਨ ਮੰਗਲਾ, ਰਮਨਪ੍ਰੀਤ ਕੌਰ, ਸੁਖਪ੍ਰੀਤ ਕੌਰ, ਕਰਮਜੀਤ ਕੌਰ ਤੋਂ ਇਲਾਵਾ ਸਮੂਹ ਸਟਾਫ ਤੇ ਵਿਦਿਆਰਥੀਆਂ ਨੇ ਜੇਤੂ ਖਿਡਾਰੀਆਂ ਨੂੰ ਮੁਬਾਰਕਬਾਦ ਦਿੱਤੀ।ਸਮਾਗਮ ਮੌਕੇ ਜੇਤੂ ਖਿਡਾਰੀਆਂ ਨੂੰ ਪ੍ਰਬੰਧਕਾਂ ਤੇ ਪ੍ਰੋਫੈਸਰ ਸਾਹਿਬਾਨਾਂ ਵੱਲੋਂ ਮੈਡਲ ਪਾ ਕੇ ਸਨਮਾਨਤ ਕੀਤਾ ਗਿਆ।

## ਸ੍ਰੀ ਗੁਰੂ ਰਵਿਦਾਸ ਵੈੱਲਫੇਅਰ ਕਮੇਟੀ ਦੀ ਮੀਟਿੰਗ

**ਸੰਗਰੂਰ (ਪ੍ਰਵੀਨ ਸਿੰਘ)**

ਨੇੜਲੇ ਪਿੰਡ ਫਤਿਹਗੜ੍ਹ ਛੰਨਾਂ ਵਿਖੇ ਸ੍ਰੀ ਗੁਰੂ ਰਵਿਦਾਸ ਵੈੱਲਫੇਅਰ ਕਮੇਟੀ ਫਤਿਹਗੜ੍ਹ ਛੰਨਾਂ ਦੀ ਮੀਟਿੰਗ ਪ੍ਰਧਾਨ ਪਰਮਜੀਤ ਸਿੰਘ ਗੱਗੀ ਦੀ ਅਗਵਾਈ ਹੇਠ ਹੋਈ। ਇਸ ਸਬੰਧੀ ਉਨ੍ਹਾ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ ਜਾਵੇਗਾ। ਉਨ੍ਹਾ ਦੱਸਿਆ ਕਿ 22 ਫਰਵਰੀ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪ੍ਰਕਾਸ਼ ਅਰੰਭ ਹੋਣਗੇ ਤੇ 23 ਫਰਵਰੀ ਦੀ ਰਾਤ ਨੂੰ ਰਾਗੀ ਢਾਡੀ ਸੰਗਤਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਦੇ ਪ੍ਰਸੰਗ ਸੁਣਾ ਕੇ ਨਿਹਾਲ ਕਰਨਗੇ, 24 ਫਰਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਉਪਰੰਤ ਗੁਰੂ ਕੇ ਲੰਗਰ ਅਟੁੱਟ ਵਰਤਨ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਵਤਾਰ ਸਿੰਘ ਤਾਰੀ, ਨਿਰਭੈ ਸਿੰਘ ਸਾਬਕਾ ਫੌਜੀ, ਸੰਦੀਪ ਸਿੰਘ, ਗੁਰਵਿੰਦਰ ਸਿੰਘ ਸੋਨਾ, ਸੁਰਿੰਦਰ ਸਿੰਘ ਸੋਨੀ, ਭਗਵਾਨ ਸਿੰਘ, ਕੁਲਵੀਰ ਸਿੰਘ ਕਾਲਾ, ਰਾਜਵੀਰ ਸਿੰਘ ਕਾਲੀ ਤੇ ਵਿਸਾਖਾ ਸਿੰਘ ਆਦਿ ਮੌਜੂਦ ਸਨ।

## ਸਾਈਬਰ ਸੁੱਰਖਿਆ ਵਿਸ਼ੇ ਸੰਬੰਧੀ ਭਾਸ਼ਣ ਪ੍ਰਤੀਯੋਗਤਾ




**ਧੂਰੀ (ਬਿੰਨੀ ਗਰਗ)**-ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਐੱਨ.ਐੱਸ.ਐੱਸ. ਤੇ ਰੈੱਡ ਰਿਬਨ ਕਲੱਬ ਵੱਲੋਂ ਸਾਈਬਰ ਸੁਰੱਖਿਆ ਵਿਸ਼ੇ 'ਤੇ ਭਾਸ਼ਣ ਪ੍ਰਤੀਯੋਗਤਾ ਕਰਵਾਈ ਗਈ। ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਨੂੰ ਸਾਈਬਰ ਸੁਰੱਖਿਆ ਦੇ ਵੱਖ ਵੱਖ ਪਹਿਲੂਆਂ ਬਾਰੇ ਜਾਗਰੂਕ ਕੀਤਾ ਕਿ ਕਿਸ ਤਰ੍ਹਾਂ ਆਪਣੇ ਆਪ ਨੂੰ ਸਾਈਬਰ ਅਪਰਾਧ ਤੋਂ ਸੁਰੱਖਿਅਤ ਰੱਖਿਆ ਜਾ ਸਕਦਾ ਹੈ। ਇਸ ਪ੍ਰਤੀਯੋਗਤਾ ਵਿੱਚੋਂ ਬੀ. ਕਾਮ ਭਾਗ ਤੀਜਾ ਦੀ ਦਮਨਪ੍ਰੀਤ ਕੌਰ ਨੇ ਪਹਿਲਾ ਤੇ ਸੁਖਦੀਪ ਕੌਰ ਨੇ ਦੂਸਰਾ ਅਤੇ ਬੀ ਐੱਸ ਸੀ ਨਾਨ-ਮੈਡੀਕਲ ਭਾਗ ਦੂਜਾ ਦੇ ਹਰਮਨਜੋਤ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਪ੍ਰਿੰਸੀਪਲ ਡਾ. ਪਰਮਜੀਤ ਕੌਰ ਨੇ ਵਿਦਿਆਰਥੀਆਂ ਵੱਲੋਂ ਸਾਈਬਰ ਸੁਰੱਖਿਆ ਵਿਸ਼ੇ 'ਤੇ ਪੇਸ਼ ਕੀਤੇ ਗਏ ਵਿਚਾਰਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ ਤੇ ਆਪਣੇ ਆਪ ਨੂੰ ਸਾਈਬਰ ਅਪਰਾਧ ਤੋਂ ਸੁਰੱਖਿਅਤ ਰੱਖਣ ਲਈ ਕੀਤੇ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਸਮੇਂ ਐੱਨ. ਐੱਸ. ਐੱਸ. ਯੂਨਿਟਾਂ ਦੇ ਪ੍ਰੋਗਰਾਮ ਅਫਸਰ ਡਾ. ਅਸ਼ੋਕ ਕੁਮਾਰ ਤੇ ਡਾ. ਊਸ਼ਾ ਜੈਨ ਤੇ ਰੈੱਡ ਰਿਬਨ ਕਲੱਬ ਦੇ ਕਨਵੀਨਰ ਡਾ. ਰਾਕੇਸ਼ ਕੁਮਾਰ ਹਾਜ਼ਰ ਰਹੇ।

## ਅੰਤਰਰਾਸ਼ਟਰੀ ਕਿੱਕ ਬਾਕਸਿੰਗ ਚੈਂਪੀਅਨਸ਼ਿਪ 'ਚ ਰਵਿੰਦਰ ਨੇ ਗੋਲਡ ਮੈਡਲ ਜਿੱਤਿਆ

**ਸੰਗਰੂਰ (ਪ੍ਰਵੀਨ ਸਿੰਘ)**-ਬੀਤੀ 7 ਫਰਵਰੀ ਤੋਂ 11 ਫਰਵਰੀ ਤੱਕ ਨਵੀਂ ਦਿੱਲੀ ਦੇ ਇੰਦਰਾ ਗਾਂਧੀ ਸਟੇਡੀਅਮ ਵਿਖੇ ਹੋਈ ਅੰਤਰਰਾਸ਼ਟਰੀ ਕਿੱਕ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਮਹਿਲਾ ਚੌਕ ਜ਼ਿਲ੍ਹਾ ਸੰਗਰੂਰ ਨਿਵਾਸੀ ਰਵਿੰਦਰ ਸਿੰਘ ਨੇ ਗੋਲਡ ਮੈਡਲ ਜਿੱਤ ਕੇ ਭਾਰਤ ਦੇਸ਼ ਦਾ ਨਾਂਅ ਅੰਤਰਰਾਸ਼ਟਰੀ ਪੱਧਰ 'ਤੇ ਚਮਕਾਇਆ ਹੈ। ਵਰਨਣਯੋਗ ਹੈ ਕਿ ਰਵਿੰਦਰ ਸਿੰਘ ਨੇ ਤੀਜੀ ਇੰਡੀਆ ਓਪਨ ਕਿੱਕ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਭਾਰਤ ਦੀ ਨੁਮਾਇੰਦਗੀ ਕਰਦਿਆਂ ਆਪਣੇ 86 ਕਿੱਲੋ ਭਾਰ ਵਰਗ ਵਿੱਚ ਜਿੱਤ ਦਾ ਡੰਕਾ ਵਜਾਉਂਦੇ ਹੋਏ ਗੋਲਡ ਮੈਡਲ ਹਾਸਲ ਕੀਤਾ ਹੈ। ਗੱਲਬਾਤ ਦੌਰਾਨ ਰਵਿੰਦਰ ਸਿੰਘ ਨੇ ਇਸ ਜਿੱਤ ਦਾ ਸਿਹਰਾ ਆਪਣੇ ਪਿਤਾ, ਕੋਚ ਤੇ ਹਰ ਉਸ ਸ਼ਖ਼ਸੀਅਤ ਨੂੰ ਦਿੱਤਾ ਹੈ, ਜੋ ਸਮੇਂ ਸਮੇਂ 'ਤੇ ਉਸ ਨੂੰ ਅੱਗੇ ਵਧਣ ਲਈ ਸਹਿਯੋਗ ਤੇ ਹੌਸਲਾ ਅਫਜ਼ਾਈ ਕਰਦੇ ਰਹੇ ਹਨ। ਜਿਵੇਂ ਹੀ ਹੋਣਹਾਰ ਖਿਡਾਰੀ ਰਵਿੰਦਰ ਸਿੰਘ ਵੱਲੋਂ ਗੋਲਡ ਮੈਡਲ ਜਿੱਤਣ ਦੀ ਖਬਰ ਸੰਗਰੂਰ ਪਹੁੰਚੀ ਤਾਂ ਪੂਰੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਰਵਿੰਦਰ ਸਿੰਘ ਨੂੰ ਇਸ ਜਿੱਤ ਮੌਕੇ ਯੂਨਿਟ 12 ਸਿੱਖ ਲਾਈਟ ਦੇ ਕਮਾਂਡਿਗ ਅਫਸਰ ਰਘਵੇਂਦਰ, ਡਾ. ਗੁਨਿੰਦਰਜੀਤ ਸਿੰਘ ਜਵੰਧਾ ਚੇਅਰਮੈਨ ਭਾਈ ਗੁਰਦਾਸ ਕਾਲਜ ਸਮੇਤ ਵੱਖ-ਵੱਖ ਸ਼ਖ਼ਸੀਅਤਾਂ ਵੱਲੋਂ ਦੇਸ਼ ਦਾ ਨਾਂਅ ਚਮਕਾਉਣ ਲਈ ਮੁਬਾਰਕਵਾਦ ਦਿੱਤੀ ਗਈ।

## ਵੱਡੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ 'ਚ ਦੋ ਰੋਜ਼ਾ ਨਗਰ ਕੀਰਤਨ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਵੱਡੇ ਘੱਲੂਘਾਰੇ ਦੇ 35 ਹਜ਼ਾਰ ਮਹਾਨ ਸ਼ਹੀਦ ਸਿੰਘਾਂ, ਸਿੰਘਣੀਆਂ, ਭੁਝੰਗੀਆਂ ਦੀ ਯਾਦ ਨੂੰ ਸਮਰਪਤ ਗੁਰਦੁਆਰਾ ਸਿੱਧਸਰ ਕਾਲਾਮਾਲਾ ਸਾਹਿਬ ਪ੍ਰਬੰਧਕ ਕਮੇਟੀ ਦੀ ਦੇਖ ਰੇਖ ਹੇਠ ਦੋ ਰੋਜ਼ਾ (ਸ਼ਹੀਦੀ ਮਾਰਚ) ਨਗਰ ਕੀਰਤਨ ਸਜਾਇਆ ਗਿਆ।ਸ: ਜੱਸਾ ਸਿੰਘ ਆਹਲੂਵਾਲੀਆ ਗੁਰਮਿਤ ਸੰਗੀਤ ਵਿਦਿਆਲਾ ਕਾਲਾਮਾਲਾ ਸਾਹਿਬ ਦੇ ਵਿਦਿਆਰਥੀਆਂ, ਰਾਗੀ ਭਾਈ ਬਲਜਿੰਦਰ ਸਿੰਘ, ਭਾਈ ਮਨਦੀਪ ਸਿੰਘ, ਭਾਈ ਧਰਮਪਾਲ ਸਿੰਘ ਨੇ ਕਥਾ ਕੀਰਤਨ ਦੁਆਰਾ ਵੱਡੇ ਘੱਲੂਘਾਰੇ ਦੇ ਮਹਾਨ ਸ਼ਹੀਦਾਂ ਦੀ ਲਾਸਾਨੀ ਕੁਰਬਾਨੀ ਨੂੰ ਸਿਜਦਾ ਕੀਤਾ। ਹੈੱਡ ਗਰੰਥੀ ਭਾਈ ਜਸਵੀਰ ਸਿੰਘ ਕਾਲਾਮਾਲਾ ਸਾਹਿਬ ਨੇ ਦੱਸਿਆ ਕਿ ਸੱਚਖੰਡ ਵਾਸੀ ਸੰਤ ਜਸਵੀਰ ਸਿੰਘ ਖ਼ਾਲਸਾ ਕਾਲਾਮਾਲਾ ਸਾਹਿਬ ਵਾਲਿਆਂ ਵੱਲੋਂ ਚਲਾਈ ਪ੍ਰੰਪਰਾ ਅਨੁਸਾਰ ਇਹ ਦੋ ਰੋਜ਼ਾ ਨਗਰ ਕੀਰਤਨ (ਸ਼ਹੀਦੀ ਮਾਰਚ) ਵੱਡੇ ਘੱਲੂਘਾਰੇ ਦੇ ਮਹਾਨ ਸ਼ਹੀਦਾਂ ਦੀ ਪਵਿੱਤਰ ਧਰਤੀ ਗੁਰਦੁਆਰਾ ਸਾਹਿਬ ਸ਼ਹੀਦ ਗੰਜ ਰੋਹੀੜਾ ਤੋਂ ਅਰਦਾਸ ਉਪਰੰਤ ਆਰੰਭ ਹੋ ਕੇ ਇਲਾਕੇ ਦੇ 21 ਪਿੰਡਾਂ 'ਚ ਪੜਾਅ ਵਾਰ ਹੁੰਦਾ ਹੋਇਆ ਵੱਡੇ ਘੱਲੂਘਾਰੇ ਦੇ ਸ਼ਹੀਦਾਂ ਦੀ ਇਤਿਹਾਸਕ ਧਰਤੀ ਪਿੰਡ ਗਹਿਲ ਵਿਖੇ ਪਹੁੰਚ ਕੇ ਸਮਾਪਤ ਹੋਇਆ। ਵੱਖ ਵੱਖ ਥਾਵਾਂ ਉੱਪਰ ਸ਼ਰਧਾਲੂ ਸੰਗਤਾਂ ਨੇ ਪੂਰੀ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਨਗਰ ਕੀਰਤਨ ਮਹਿਲ ਕਲਾਂ ਮੁੱਖ ਬਜ਼ਾਰ ਪਹੁੰਚਣ 'ਤੇ ਭਾਈ ਬਲਜੀਤ ਸਿੰਘ ਪੰਡੋਰੀ, ਚੇਅਰਮੈਨ ਅਵਤਾਰ ਸਿੰਘ ਅਣਖੀ, ਇਕਬਾਲ ਸਿੰਘ ਜਗਦੇ, ਭਾਈ ਜਗਸੀਰ ਸਿੰਘ ਖਾਲਸਾ, ਭਾਈ ਰਾਜਵਿੰਦਰ ਸਿੰਘ ਕਲਾਲ ਮਾਜਰਾ, ਡਾ: ਜਗਰਾਜ ਸਿੰਘ ਮੂੰਮ ਦੀ ਅਗਵਾਈ ਹੇਠ ਪੰਜ ਪਿਆਰਿਆਂ, ਪ੍ਰਬੰਧਕਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

## 3 ਤੋਂ 5 ਸਾਲ ਤੱਕ ਦੇ ਬੱਚੇ ਆਂਗਣਵਾੜੀ ਸੈਂਟਰਾਂ 'ਚ ਹੀ ਰੱਖੇ ਜਾਣ : ਪ੍ਰਕਾਸ਼ ਕੌਰ

**ਮਮਦੋਟ (ਜਸਬੀਰ ਸਿੰਘ ਕੰਬੋਜ, ਹਰਪਾਲ ਸੋਢੀ)**-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਨੇ ਪੰਜਾਬ ਸਰਕਾਰ ਦੇ ਉਸ ਬਿਆਨ ਦਾ ਗੰਭੀਰ ਨੋਟਿਸ ਲੈਂਦਿਆਂ ਸਖਤ ਵਿਰੋਧਤਾ ਕੀਤੀ ਹੈ, ਜਿਸ ਵਿੱਚ ਸਰਕਾਰ ਨੇ ਕਿਹਾ ਹੈ ਕਿ 3 ਤੋਂ 5 ਸਾਲ ਤੱਕ ਦੇ ਬੱਚੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਦਾਖਲ ਕੀਤੇ ਜਾਣਗੇ। ਯੂਨੀਅਨ ਦੀ ਬਲਾਕ ਪ੍ਰਧਾਨ ਪ੍ਰਕਾਸ਼ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਸਰਕਾਰ ਦੀ ਸਿੱਖਿਆ ਨੀਤੀ ਦੀ ਉਦਾਹਰਣ ਦੇ ਕੇ ਬੱਚਿਆਂ ਨੂੰ ਸਕੂਲਾਂ ਵਿੱਚ ਦਾਖਲ ਕਰਨਾ ਚਾਹੁੰਦੀ ਹੈ, ਜਦੋਂ ਕਿ ਕੇਂਦਰ ਸਰਕਾਰ ਦੀ ਨਵੀਂ ਸਿੱਖਿਆ ਨੀਤੀ ਤਾਂ ਇਹ ਕਹਿੰਦੀ ਹੈ ਕਿ ਆਂਗਣਵਾੜੀ ਵਰਕਰਾਂ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ ਤੇ ਬੱਚਿਆਂ ਨੂੰ ਆਂਗਣਵਾੜੀ ਵਰਕਰਾਂ ਰਾਹੀਂ ਪ੍ਰੀ ਸਕੂਲ ਸਿੱਖਿਆ ਦਿੱਤੀ ਜਾਵੇ। ਉਨ੍ਹਾ ਕਿਹਾ ਕਿ ਸਕੂਲਾਂ ਵਿੱਚ ਮਿੱਡ ਡੇ ਮੀਲ ਅਧੀਨ ਕੇਵਲ ਪੰਜ ਸਾਲ ਤੋਂ ਉੱਪਰ ਦੇ ਬੱਚਿਆਂ ਦਾ ਖਾਣਾ ਹੀ ਆਉਂਦਾ ਹੈ ਤੇ ਪੰਜ ਸਾਲ ਤੋਂ ਛੋਟੇ ਬੱਚਿਆਂ ਦਾ ਖਾਣਾ ਆਂਗਣਵਾੜੀ ਸੈਂਟਰਾਂ ਵਿੱਚ ਆਉਂਦਾ ਹੈ। ਜੇਕਰ ਇਹ ਬੱਚੇ ਸਰਕਾਰੀ ਸਕੂਲਾਂ ਵਿੱਚ ਚਲੇ ਗਏ ਤਾਂ ਉਹ ਇਨ੍ਹਾਂ ਸਹੂਲਤਾਂ ਤੋਂ ਵਾਂਝੇ ਹੋ ਜਾਣਗੇ। ਯੂਨੀਅਨ ਨੇ ਮੰਗ ਕੀਤੀ ਹੈ ਕਿ ਪੰਜਾਬ ਸਰਕਾਰ ਆਪਣੇ ਇਸ ਫੈਸਲੇ 'ਤੇ ਮੁੜ ਵਿਚਾਰ ਕਰੇ ਤੇ ਛੋਟੇ ਬੱਚਿਆਂ ਨੂੰ ਆਂਗਣਵਾੜੀ ਸੈਂਟਰਾਂ ਵਿੱਚ ਹੀ ਰਹਿਣ ਦਿੱਤਾ ਜਾਵੇ। ਇਸ ਮੌਕੇ ਪੁਸ਼ਪਿੰਦਰ ਕੌਰ ਹਾਮਦ, ਰਜਿੰਦਰ ਕੌਰ ਚੱਕ ਟਾਹਲੀ ਵਾਲਾ, ਪਰਮਜੀਤ ਕੌਰ ਸਵਾਈ ਕੇ, ਨੀਰਜਾ ਲੱਖੋ ਕੇ ਬਹਿਰਾਮ, ਪਰਮਜੀਤ ਕੌਰ ਭੂਰੇ ਕਲਾਂ, ਪਵਨਦੀਪ ਕੌਰ ਕਾਲਾ ਟਿੱਬਾ, ਸ਼ੀਨਾ ਹਜਾਰਾ ਸਿੰਘ ਵਾਲਾ ਹਾਜ਼ਰ ਸਨ।

# ਮੁਕਤਸਰ ਵਿਕਾਸ ਮਿਸ਼ਨ ਵੱਲੋਂ ਸਮਰੀਤ ਸਨਮਾਨ ਸਮਾਰੋਹ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ, ਕੁਲਭੂਸ਼ਨ ਚਾਵਲਾ)**-ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਇਲਾਕੇ ਦੀ ਪ੍ਰਮੁੱਖ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਵੱਲੋਂ ਸਥਾਨਕ ਰੇਲਵੇ ਰੋਡ ਸਥਿਤ ਪਵਨ ਹੋਟਲ ਐਂਡ ਸਵੀਟਸ ਸ਼ਾਪ ਵਿਖੇ ਸਮਰੀਤ ਸਨਮਾਨ ਸਮਾਰੋਹ ਕੀਤਾ ਗਿਆ।ਇਸ ਉੱਚ ਪੱਧਰੀ ਸਮਾਰੋਹ ਦੌਰਾਨ ਹੋਰਨਾਂ ਤੋਂ ਇਲਾਵਾ ਮਿਸ਼ਨ ਦੇ ਪ੍ਰਧਾਨ ਜਗਦੀਸ਼ ਰਾਏ ਢੋਸੀਵਾਲ, ਚੇਅਰਮੈਨ ਇੰਜ. ਅਸ਼ੋਕ ਕੁਮਾਰ ਭਾਰਤੀ, ਪ੍ਰਦੀਪ ਧੁੜੀਆ, ਡਾ. ਸੁਰਿੰਦਰ ਗਿਰਧਰ ਤੇ ਨਰਿੰਦਰ ਕਾਕਾ ਤੋਂ ਇਲਾਵਾ ਸਮਰੀਤ ਦੇ ਪਿਤਾ ਲਖਵਿੰਦਰ ਸਿੰਘ, ਮਾਤਾ ਵੀਰਪਾਲ ਕੌਰ ਤੇ ਛੋਟੇ ਭਰਾ ਗੁਰਵੀਰ ਇੰਦਰ ਸਿੰਘ ਤੋਂ ਇਲਾਵਾ ਕਈ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ। ਸਨਮਾਨ ਸਮਾਰੋਹ ਦੌਰਾਨ ਮਿਸ਼ਨ ਮੁਖੀ ਸ੍ਰੀ ਢੋਸੀਵਾਲ ਅਤੇ ਹੋਰਨਾਂ ਨੇ ਸਮਰੀਤ ਕੌਰ ਨੂੰ ਸ਼ਾਨਦਾਰ ਮੋਮੈਂਟੋ ਯਾਦਗਾਰੀ ਸਨਮਾਨ ਚਿੰਨ੍ਹ ਭੇਟ ਕੀਤਾ।ਜ਼ਿਕਰਯੋਗ ਹੈ ਕਿ ਕੋਈ ਹਫਤਾ ਕੁ ਪਹਿਲਾਂ ਹੋਣਹਾਰ ਸਮਰੀਤ ਨੇ ਪੰਜਾਬ ਦੇ ਸਾਰੇ ਮਾਡਲ ਸੀਨੀਅਰ ਸੈਕੰਡਰੀ ਸਕੂਲਾਂ ਦੇ ਹੋਏ ਰਾਜ ਪੱਧਰੀ ਅੰਗਰੇਜ਼ੀ ਭਾਸ਼ਣ ਪ੍ਰਤੀਯੋਗਤਾ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਸੀ।

ਸਨਮਾਨ ਦੇਣ ਉਪਰੰਤ ਪ੍ਰਧਾਨ ਢੋਸੀਵਾਲ ਨੇ ਕਿਹਾ ਕਿ ਹੋਣਹਾਰ ਵਿਦਿਆਰਥੀ ਸਮੁੱਚੇ ਵਿਭਾਗ ਤੇ ਇਲਾਕੇ ਦੀ ਮਾਣਮੱਤੀ ਸ਼ਾਨ ਹੁੰਦੇ ਹਨ।ਇਸ ਮੌਕੇ ਸਮਰੀਤ ਦੇ ਪਰਿਵਾਰਕ ਮੈਂਬਰਾਂ ਨੇ ਮਿਸ਼ਨ ਵੱਲੋਂ ਉਨ੍ਹਾਂ ਦੀ ਸਪੁੱਤਰੀ ਨੂੰ ਸਨਮਾਨਤ ਕੀਤੇ ਜਾਣ ਨੂੰ ਬੇਹੱਦ ਸ਼ਲਾਘਾਯੋਗ ਕਦਮ ਦੱਸਿਆ ਹੈ।ਮੀਟਿੰਗ ਉਪਰੰਤ ਪ੍ਰਧਾਨ ਢੋਸੀਵਾਲ ਨੇ ਜਾਣਕਾਰੀ ਦਿੱਤੀ ਕਿ ਆਪਣੇ ਸਿਹਤ ਕਾਰਨਾਂ ਕਰਕੇ ਆਪਣੇ ਨਿੱਜੀ ਡਾਕਟਰ ਦੀ ਸਲਾਹ 'ਤੇ ਅਗਲੇ ਤਿੰਨ-ਚਾਰ ਦਿਨ ਲਈ ਸਾਰੀਆਂ ਸਮਾਜਿਕ ਤੇ ਜਥੇਬੰਦਕ ਗਤੀਵਿਧੀਆਂ ਨੂੰ ਮੁਅੱਤਲ ਕਰ ਦਿੱਤਾ ਹੈ।

## 300 ਗ੍ਰਾਮ ਅਫੀਮ ਸਮੇਤ ਦੋ ਗ੍ਰਿਫ਼ਤਾਰ



**ਦਿੜ੍ਹਬਾ (ਜਸਵੀਰ ਲਾਡੀ)**-ਮਾਨਯੋਗ ਐੱਸ ਐੱਸ ਪੀ ਸਾਹਿਬ ਸੰਗਰੂਰ ਦੇ ਹੁਕਮਾਂ ਅਨੁਸਾਰ ਵਿੱਢੀ ਨਸ਼ਿਆਂ ਖਿਲਾਫ ਮੁਹਿੰਮ ਤਹਿਤ ਥਾਣਾ ਛਾਜਲੀ ਦੀ ਪੁਲਸ ਨੇ 300 ਗਰਾਮ ਅਫੀਮ ਬਰਾਮਦ ਕਰਨ ਦਾ ਦਾਅਵਾ ਕੀਤਾ ਹੈ। ਥਾਣਾ ਛਾਜਲੀ ਦੇ ਆਈ. ਓ. ਅਮਰਜੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਰਮਜੀਤ ਸਿੰਘ ਪੁੱਤਰ ਗੁਰਜੰਟ ਸਿੰਘ ਵਾਸੀ ਕੁੰਨਰਾ ਤੇ ਮਨਪ੍ਰੀਤ ਸਿੰਘ ਪੁੱਤਰ ਭੋਲਾ ਸਿੰਘ ਵਾਸੀ ਬਹਾਦਰਪੁਰ ਸੰਗਰੂਰ ਪਾਸੋਂ ਲਾਈਲੈਂਡ ਕੈਂਟਰ ਪੀ ਬੀ 13 ਏ ਐੱਲ 9489 ਦੀ ਨਾਕੇ 'ਤੇ ਤਲਾਸ਼ੀ ਦੌਰਾਨ 300 ਗ੍ਰਾਮ ਅਫੀਮ ਬਰਾਮਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਦੋਵਾਂ ਖਿਲਾਫ ਥਾਣਾ ਛਾਜਲੀ ਦੀ ਪੁਲਸ ਪਾਰਟੀ ਵੱਲੋਂ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਨਸ਼ਿਆਂ ਦੇ ਵਪਾਰੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ।

# ਯਾਦਗਾਰੀ ਹੋ ਨਿੱਬੜਿਆ 17ਵਾਂ ਵਿਰਾਸਤੀ ਮੇਲਾ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸੂਬਾ ਸਰਕਾਰ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ, ਜ਼ਿਲ੍ਹਾ ਪ੍ਰਸ਼ਾਸਨ ਤੇ ਮਾਲਵਾ ਹੈਰੀਟੇਜ ਅਤੇ ਸੱਭਿਆਚਾਰਕ ਫਾਊਂਡੇਸ਼ਨ ਵੱਲੋਂ ਇੱਥੇ ਕਰਵਾਇਆ ਗਿਆ ਤਿੰਨ ਰੋਜ਼ਾ 17ਵਾਂ ਵਿਰਾਸਤੀ ਮੇਲਾ ਯਾਦਗਾਰੀ ਹੋ ਨਿੱਬੜਿਆ।ਇਸ ਮੇਲੇ ਦੇ ਆਖ਼ਰੀ ਦਿਨ ਸਪੀਕਰ ਪੰਜਾਬ ਵਿਧਾਨ ਸਭਾ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਵਿਧਾਇਕ ਬਠਿੰਡਾ ਸ਼ਹਿਰੀ ਜਗਰੂਪ ਸਿੰਘ ਗਿੱਲ, ਵਿਧਾਇਕ ਮੌੜ ਸੁਖਵੀਰ ਸਿੰਘ ਮਾਈਸਰਖਾਨਾ, ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ, ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਅਮਰਜੀਤ ਮਹਿਤਾ, ਚੇਅਰਮੈਨ ਪੰਜਾਬ ਮੀਡੀਅਮ ਇੰਡਸਟਰੀਜ਼ ਡਿਵੈਲਪਮੈਂਟ ਬੋਰਡ ਨੀਲ ਗਰਗ, ਚੇਅਰਮੈਨ ਪੰਜਾਬ ਟ੍ਰੇਡਰਜ਼ ਕਮਿਸ਼ਨ ਅਨਿਲ ਠਾਕੁਰ, ਚੇਅਰਮੈਨ ਸ਼ੂਗਰਫੈੱਡ ਪੰਜਾਬ ਨਵਦੀਪ ਜੀਦਾ, ਚੇਅਰਮੈਨ ਪੰਜਾਬ ਜੰਗਲਾਤ ਵਿਭਾਗ ਰਾਕੇਸ਼ ਪੁਰੀ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਜਤਿੰਦਰ ਸਿੰਘ ਭੱਲਾ, ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਅੰਮ੍ਰਿਤ ਲਾਲ ਅਗਰਵਾਲ ਆਦਿ ਸ਼ਖ਼ਸੀਅਤਾਂ ਵਿਸ਼ੇਸ਼ ਤੌਰ 'ਤੇ ਬਿਰਾਜਮਾਨ ਰਹੀਆਂ।ਇਸ ਮੌਕੇ ਸ੍ਰ. ਸੰਧਵਾਂ ਨੇ ਕਿਹਾ ਕਿ ਇਹ 17ਵਾਂ ਵਿਰਾਸਤੀ ਮੇਲਾ ਸਭ ਧਰਮਾਂ ਦੇ ਲੋਕਾਂ ਨੂੰ ਬਰਾਬਰ ਲੈ ਕੇ ਚੱਲਣ ਦਾ ਪ੍ਰਤੀਕ ਹੈ।ਉਨ੍ਹਾ ਕਿਹਾ ਕਿ ਜੇਕਰ ਫਿਰ ਵੀ ਮਾਪੇ ਆਪਣੇ ਬੱਚਿਆਂ ਨੂੰ ਵਿਦੇਸ਼ ਭੇਜਣਾ ਚਾਹੁੰਦੇ ਹਨ ਤਾਂ ਉਨ੍ਹਾਂ ਨੂੰ ਉੱਚ ਦਰਜੇ ਦੀ ਪੜ੍ਹਾਈ ਕਰਵਾਉਣ ਤੋਂ ਬਾਅਦ ਹੀ ਭੇਜਣ ਨਾ ਕਿ ਉਥੇ ਲੇਬਰ ਕਰਨ ਲਈ, ਕਿਉਂਕਿ ਸਾਡੇ ਗੁਰੂਆਂ ਨੇ ਆਪਣੀ ਕੁਰਬਾਨੀ ਗੁਲਾਮੀ 'ਚੋਂ ਬਾਹਰ ਨਿਕਲਣ ਲਈ ਦਿੱਤੀ ਸੀ, ਨਾ ਕਿ ਗੁਲਾਮ ਹੋਣ ਲਈ।ਉਨ੍ਹਾਂ ਪ੍ਰਸਿੱਧ ਗਾਇਕ ਕੰਵਲ ਗਰੇਵਾਲ ਦੀ ਗਾਇਕੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸਾਫ਼-ਸੁਥਰੀ ਗਾਇਕੀ ਵੀ ਸਾਨੂੰ ਆਪਸੀ ਭਾਈਚਾਰੇ ਨਾਲ ਜੋੜਨ ਤੇ ਸਮਾਜ ਲਈ ਪ੍ਰੇਰਨਾ ਦਾ ਸ੍ਰੋਤ ਹੈ।ਇਸ ਮੌਕੇ ਉਨ੍ਹਾਂ 2 ਲੱਖ ਰੁਪਏ ਦੀ ਰਾਸ਼ੀ ਦੇਣ ਦਾ ਵੀ ਐਲਾਨ ਕੀਤਾ।ਇਸ ਤਿੰਨ ਦਿਨਾਂ ਵਿਰਾਸਤੀ ਮੇਲੇ ਦੌਰਾਨ ਕਵੀਸ਼ਰੀ, ਕਵੀ ਦਰਬਾਰ, ਦੇਸ਼ੀ ਖੇਡਾਂ, ਰੱਸਾ-ਕਸ਼ੀ, ਮੁਗਦਰ ਚੁੱਕਣਾ, ਘੋਲ ਤੇ ਬਾਜ਼ੀ ਤੋਂ ਇਲਾਵਾ ਮਲਵਈ ਗਿੱਧਾ ਵੀ ਪੇਸ਼ ਗਿਆ, ਜੋ ਕਿ ਦਰਸ਼ਕਾਂ ਲਈ ਖਿੱਚ ਦਾ ਕੇਂਦਰ ਰਿਹਾ।ਵਿਰਾਸਤੀ ਮੇਲੇ ਦੇ ਆਖ਼ਰੀ ਦਿਨ ਪ੍ਰਸਿੱਧ ਪੰਜਾਬੀ ਗਾਇਕ ਕੰਵਰ ਗਰੇਵਾਲ ਨੇ ਆਪਣੇ ਫ਼ਨ ਦਾ ਮੁਜ਼ਾਹਰਾ ਕਰਦਿਆਂ ਸ੍ਰੋਤਿਆਂ ਨੂੰ ਕੀਲੀ ਰੱਖਿਆ।

## ਪੈਰਾਡਾਈਜ਼ ਅਕੈਡਮੀ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ




**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਨਾਮਵਰ ਵਿੱਦਿਅਕ ਸੰਸਥਾ ਪੈਰਾਡਾਈਜ਼ ਅਕੈਡਮੀ ਵਜੀਦਕੇ ਖੁਰਦ ਦੇ ਵਿਦਿਆਰਥੀਆਂ ਨੇ ਅੰਤਰਸ਼ਟਰੀ ਹਿੰਦੀ ਓਲੰਪੀਅਡ 'ਚ ਭਾਗ ਲੈ ਕੇ ਸ਼ਾਨਦਾਰ ਪ੍ਰਾਪਤੀਆਂ ਕੀਤੀਆਂ ਹਨ, ਜਿਸ ਵਿੱਚ ਹਰ ਸਾਲ 5000 ਤੋਂ ਵੱਧ ਸਕੂਲ ਭਾਗ ਲੈਂਦੇ ਹਨ।ਸੰਸਥਾ ਦੇ ਪੰਜਵੀਂ ਤੋਂ ਨੌਵੀਂ ਜਮਾਤ ਦੇ ਕੁੱਲ 52 ਬੱਚਿਆਂ ਨੇ ਭਾਗ ਲਿਆ।ਪ੍ਰਿੰਸੀਪਲ ਜਸਵਿੰਦਰ ਸਿੰਘ ਚਹਿਲ ਨੇ ਦੱਸਿਆ ਕਿ ਵਿਦਿਆਰਥਣ ਅਨੁਰੀਤ ਕੌਰ ਪੰਜਵੀਂ, ਹਰਨੂਰ ਕੌਰ ਸੱਤਵੀਂ, ਮਨਸਿਮਰਨ ਕੌਰ ਅੱਠਵੀਂ, ਪੁਨੀਤ ਕੌਰ ਨੌਵੀਂ ਨੇ ਪਹਿਲਾ ਸਥਾਨ ਹਾਸਲ ਕਰਕੇ ਗੋਲਡ ਮੈਡਲ, ਗੁਰਿੰਦਰ ਕੌਰ ਅੱਠਵੀਂ, ਮਨਦੀਪ ਕੌਰ ਨੌਵੀਂ ਨੇ ਦੂਜਾ ਸਥਾਨ ਪ੍ਰਾਪਤ ਕਰਕੇ ਸਿਲਵਰ ਮੈਡਲ, ਨੌਵੀਂ ਜਮਾਤ ਦੀ ਅਰਸ਼ਜੋਤ ਕੌਰ ਤੇ ਗੁਰਲੀਨ ਕੌਰ ਨੇ ਤੀਜਾ ਸਥਾਨ ਹਾਸਲ ਕਰਕੇ ਬਰੋਨਜ਼ ਮੈਡਲ ਜਿੱਤ ਕੇ ਸੰਸਥਾ ਤੇ ਮਾਤਾ-ਪਿਤਾ ਦਾ ਨਾਂਅ ਰੌਸ਼ਨ ਕੀਤਾ ਹੈ।ਬਾਕੀ ਵਿਦਿਆਰਥੀਆਂ ਨੇ ਸਰਟੀਫ਼ਿਕੇਟ ਪ੍ਰਾਪਤ ਕੀਤੇ।ਇਸ ਮਾਣਮੱਤੀ ਪ੍ਰਾਪਤੀ ਦਾ ਸਿਹਰਾ ਸ੍ਰੀਮਤੀ ਜਸਜੀਤ ਕੌਰ, ਪ੍ਰਿਅੰਕਾ ਯੋਗੀ ਨੂੰ ਜਾਂਦਾ ਹੈ।ਸਮੂਹ ਮੈਨੇਜਮੈਂਟ ਕਮੇਟੀ ਰਣਜੀਤ ਸਿੰਘ ਟੱਲੇਵਾਲ (ਸੇਵਾ ਮੁਕਤ ਮੁੱਖ ਅਧਿਆਪਕ), ਚੇਅਰਮੈਨ ਸੁਰਿੰਦਰ ਬਾਵਾ, ਅਲੋਕ ਸਿੰਗਲਾ, ਸੰਜੀਵ ਬਾਂਸਲ, ਮੁਨੀਸ਼ ਸਿੰਗਲਾ, ਵਿਸ਼ਾਲ ਗਰਗ ਆਦਿ ਸਮੂਹ ਸਟਾਫ ਵੱਲੋਂ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।

# ਵਰਕਰ ਸੰਮੇਲਨ 'ਚ ਸਾਬਕਾ ਐੱਮ ਸੀ ਛਿੰਦੀ ਵੱਡੇ ਕਾਫ਼ਲੇ ਨਾਲ ਪਹੁੰਚੇ




**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਵਿਧਾਨ ਸਭਾ ਹਲਕਾ ਸਮਰਾਲਾ ਵਿਖੇ ਕਾਂਗਰਸ ਪਾਰਟੀ ਦੇ ਪਹਿਲੇ ਵਰਕਰ ਸੰਮੇਲਨ ਵਿੱਚ ਕਾਂਗਰਸ ਪਾਰਟੀ ਦੇ ਸਾਬਕਾ ਐੱਮ ਸੀ ਸੁਰਿੰਦਰ ਕੁਮਾਰ ਛਿੰਦੀ ਵੱਡੀ ਗਿਣਤੀ ਵਿੱਚ ਨੌਜਵਾਨਾਂ ਨਾਲ ਮੋਟਰਸਾਈਕਲਾਂ, ਕਾਰਾਂ, ਬੱਸਾਂ ਰਾਹੀਂ ਵਾਰਡ ਨੰਬਰ 7 ਦੇ ਵਰਕਰਾਂ ਨੂੰ ਲੈ ਕੇ ਸਮਰਾਲਾ ਪਹੁੰਚੇ।ਪ੍ਰੈੱਸ ਨਾਲ ਗੱਲਬਾਤ ਕਰਦਿਆਂ ਸਾਬਕਾ ਐੱਮ ਸੀ ਛਿੰਦੀ ਨੇ ਕਿਹਾ ਕਿ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੀ ਅਗਵਾਈ ਵਿੱਚ ਹੋਏ ਵਰਕਰ ਸੰਮੇਲਨ ਵਿੱਚ ਲੋਕਾਂ ਦਾ ਭਾਰੀ ਉਤਸ਼ਾਹ ਦੇਖਣਾ ਨੂੰ ਮਿਲਿਆ। ਲੋਕਾਂ ਆਪ ਮੁਹਾਰੇ ਹੀ ਬੱਸਾਂ ਵਿੱਚ ਬੈਠੇ ਕੇ ਸੰਮੇਲਨ ਵਿੱਚ ਪਹੁੰਚੇ।ਇਸ ਸੰਮੇਲਨ ਵਿੱਚ ਕੁੱਲ ਹਿੰਦ ਕਾਂਗਰਸ ਦੇ ਰਾਸ਼ਟਰੀ ਪ੍ਰਧਾਨ ਮਲਕਾ ਅਰਜੁਨ ਖੜਗੇ, ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਸਾਬਕਾ ਮੁੱਖ ਮੰਤਰੀ ਪੰਜਾਬ ਚਰਨਜੀਤ ਸਿੰਘ ਚੰਨੀ, ਸਾਬਕਾ ਪ੍ਰਧਾਨ ਸ਼ਮਸ਼ੇਰ ਸਿੰਘ ਦੂਲੋ, ਭਾਰਤ ਭੂਸ਼ਨ ਆਸ਼ੂ ਐਕਟਿੰਗ ਪ੍ਰਧਾਨ, ਲਖਵੀਰ ਸਿੰਘ ਲੱਖਾ ਜ਼ਿਲ੍ਹਾ ਪ੍ਰਧਾਨ, ਸਾਬਕਾ ਮੰਤਰੀ ਗੁਰਕੀਰਤ ਸਿੰਘ ਕੋਟਲੀ ਤੋਂ ਇਲਾਵਾ ਵੱਡੀ ਗਿਣਤੀ ਪੰਜਾਬ ਦੀ ਲੀਡਰਸ਼ਿਪ ਨੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ 13 ਦੀਆਂ 13 ਸੀਟਾਂ ਕਾਂਗਰਸ ਪਾਰਟੀ ਨੂੰ ਜਿਤਾਉਣ ਲਈ ਜੋਸ਼ ਭਰਿਆ। ਸਾਬਕਾ ਐੱਮ ਸੀ ਸੁਰਿੰਦਰ ਕੁਮਾਰ ਛਿੰਦੀ ਨੇ ਕਿਹਾ ਕਿ ਕਾਂਗਰਸ ਪਾਰਟੀ ਦੇ ਇਸ ਵਿਸ਼ਾਲ ਇਕੱਠ ਨੇ ਆਮ ਆਦਮੀ ਪਾਰਟੀ ਦੀ ਖੰਨਾ ਰੈਲੀ ਨੂੰ ਫਲਾਪ ਕਰਕੇ ਰੱਖ ਦਿੱਤਾ, ਕਿਉਂਕਿ ਕਾਂਗਰਸ ਪਾਰਟੀ ਦੀ ਰੈਲੀ ਵਿੱਚ ਲੋਕ ਆਪ ਮੁਹਾਰੇ ਬੱਸਾਂ ਵਿੱਚ ਪਹੁੰਚੇ, ਉਥੇ ਆਮ ਆਦਮੀ ਪਾਰਟੀ ਦੀਆਂ ਬੱਸਾਂ ਵਿੱਚ ਲੋਕ ਪਹੁੰਚੇ ਹੀ ਨਹੀਂ।ਬੱਸਾਂ ਲੋਕਾਂ ਨੂੰ ਉਡੀਕਦੀਆਂ ਖਾਲੀ ਖੜੀਆਂ ਰਹੀਆਂ।ਉਨ੍ਹਾ ਕਿਹਾ ਕਿ ਪੰਜਾਬ ਦੇ ਲੋਕ ਹੁਣ ਇਨ੍ਹਾਂ ਦੀਆਂ ਜੁਮਲੇਬਾਜ਼ੀਆਂ ਨੂੰ ਸਮਝ ਚੁੱਕੇ ਹਨ ਤੇ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਲੋਕਾਂ ਕਾਂਗਰਸ ਪਾਰਟੀ ਦਾ ਸਾਥ ਦੇਣਗੇ। ਇਸ ਮੌਕੇ ਉਨ੍ਹਾ ਨਾਲ ਪਰਮਜੀਤ ਸਿੰਘ ਨੀਲੋਂ, ਕਿਸਾਨ ਆਗੂ ਸਵਰਨ ਸਿੰਘ ਸੰਨੀ, ਸਿਕੰਦਰ ਸਿੰਘ ਭੋਲਾ, ਡਾਕਟਰ ਮੁਹੰਮਦ ਸਲੀਮ, ਰਾਕੇਸ਼ ਕੁਮਾਰ ਛਿੰਦੂ, ਡਾਕਟਰ ਮਦਨਪਾਲ, ਕਾਮਰੇਡ ਉਜਾਗਰ, ਬਿਆਸ ਚੰਦ, ਕਸ਼ਮੀਰੀ ਲਾਲ ਪੱਪੀ, ਭਜਨ ਲਾਲ, ਮੁਲਖ਼ ਰਾਜ, ਅੱਛਰ ਰਾਮ, ਰਾਣਾ, ਅਮਨਦੀਪ ਸਿੰਘ ਭੱਠਲ, ਕਮਲਜੀਤ ਕੁਮਾਰ, ਕਰਨਦੀਪ, ਕਨਾਲ, ਵਿਵੇਕ, ਕਮਲਜੀਤ ਚੰਦ, ਅਮਨਦੀਪ ਸਿੰਘ, ਰੋਹਿਤ, ਬਲਜੀਤ ਸਿੰਘ, ਰਵੀ ਕੁਮਾਰ, ਗੁਰਦੀਪ ਗੁਰੀ, ਸੇਵਾ ਸਿੰਘ, ਰਾਜ ਕੁਮਾਰ ਆਦਿ ਸ਼ਾਮਲ ਸਨ।

## ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਦਾ ਜਨਰਲ ਅਜਲਾਸ

- ਕੇਵਲ ਸਿੰਘ ਧਾਲੀਵਾਲ ਪ੍ਰਧਾਨ ਚੁਣੇ
- 16 ਦੇ ਭਾਰਤ ਬੰਦ ਨੂੰ ਸਫ਼ਲ ਬਣਾਉਣ ਦਾ ਸੱਦਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਾਵਰਕਾਮ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਸ਼ਹਿਰੀ ਮੰਡਲ ਦਾ ਜਨਰਲ ਅਜਲਾਸ ਪ੍ਰਧਾਨ ਕੇਵਲ ਸਿੰਘ ਧਾਲੀਵਾਲ ਦੀ ਪ੍ਰਧਾਨਗੀ ਹੇਠ ਹੋਇਆ।ਰਿਪੋਰਟ ਦੀ ਬਹਿਸ ਵਿੱਚ ਪਾਰਸ ਮਹਿਲ ਕਲਾਂ, ਬਲਦੇਵ ਸਿੰਘ ਬਰਨਾਲਾ, ਜਗਦੇਵ ਸਿੰਘ ਸਹੌਰ ਤੇ ਹੋਰ ਬਹੁਤ ਸਾਰੇ ਪੈਨਸ਼ਨਰਾਂ ਨੇ ਹਿੱਸਾ ਲਿਆ।ਖਜ਼ਾਨਚੀ ਸਾਧੂ ਸਿੰਘ ਬੜੀ ਵੱਲੋਂ ਲੇਖਾ-ਜੋਖਾ ਰਿਪੋਰਟ ਪੇਸ਼ ਕੀਤੀ ਗਈ।ਰਿਪੋਰਟ ਦੀ ਬਹਿਸ ਵਿੱਚ ਹਿੱਸਾ ਲੈਂਦਿਆਂ ਅਮਰੀਕ ਸਿੰਘ ਸਹੌਰ, ਸੀਤਾ ਸਿੰਘ ਖਿਆਲੀ ਨੇ ਸਹਿਮਤੀ ਦਿੱਤੀ।ਸੂਬਾ ਵਿੱਤ ਸਕੱਤਰ ਸੁਖਜੰਟ ਸਿੰਘ ਨੇ ਕਿਹਾ ਕਿ ਪੈਨਸ਼ਨਰ ਯੂਨੀਅਨ ਇੱਕ ਅਜਿਹੀ ਜਥੇਬੰਦੀ ਹੈ, ਜੋ ਪੈਨਸ਼ਨਰਜ਼ ਦੀਆਂ ਹੱਕੀ ਤੇ ਜਾਇਜ਼ ਮੰਗਾਂ ਮਨਵਾਉਣ ਲਈ ਲੜਾਈ ਦੇ ਮੈਦਾਨ ਵਿੱਚ ਤਿਆਰ ਰਹਿੰਦੀ ਹੋਈ ਹੱਕੀ ਮੰਗਾਂ ਸਬੰਧੀ ਲੜਾਈ ਲੜਦੀ ਆ ਰਹੀ ਹੈ।ਇਸ ਤੋਂ ਬਾਅਦ ਸਰਬਸੰਮਤੀ ਨਾਲ ਸ਼ਹਿਰੀ ਮੰਡਲ ਕਮੇਟੀ ਦੀ ਕੀਤੀ ਚੋਣ ਵਿੱਚ ਪ੍ਰਧਾਨ ਕੇਵਲ ਸਿੰਘ ਧਾਲੀਵਾਲ, ਸਕੱਤਰ ਸੁਖਦੇਵ ਸਿੰਘ ਜਲੂਰ, ਖਜ਼ਾਨਚੀ ਸਾਧੂ ਸਿੰਘ ਬੜੀ, ਦਰਸ਼ਨ ਸਿੰਘ ਕਲਾਲ ਮਾਜਰਾ ਸੀਨੀ: ਮੀਤ ਪ੍ਰਧਾਨ, ਬਲਦੇਵ ਸਿੰਘ ਮੀਤ ਪ੍ਰਧਾਨ, ਗੁਰਮੀਤ ਸਿੰਘ ਖੇੜੀ ਐਡੀਟਰ ਚੁਣੇ ਗਏ।ਇਸ ਮੌਕੇ ਚੁਣੇ ਪ੍ਰਧਾਨ ਕੇਵਲ ਸਿੰਘ ਧਾਲੀਵਾਲ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਜਥੇਬੰਦੀ ਦੀ ਮਜ਼ਬੂਤੀ ਲਈ ਤਨਦੇਹੀ ਨਾਲ ਕੰਮ ਕਰਨ ਦਾ ਪ੍ਰਣ ਕੀਤਾ।ਆਗੂਆਂ ਨੇ 16 ਫਰਵਰੀ ਦੇ ਭਾਰਤ ਬੰਦ ਸੱਦੇ ਨੂੰ ਸਫ਼ਲ ਬਣਾਉਣ ਲਈ ਆਗੂਆਂ, ਵਰਕਰਾਂ ਨੂੰ ਇੱਕਜੁੱਟ ਹੋਣ ਦੀ ਅਪੀਲ ਕੀਤੀ।

# ਰਾਸ਼ਟਰੀ ਸੰਤ ਸੰਮੇਲਨ 'ਚ ਨਸ਼ਿਆਂ ਤੇ ਵਾਤਾਵਰਨ ਪ੍ਰਤੀ ਜਾਗਰੂਕ ਕਰਨ ਦਾ ਸੱਦਾ




**ਮਾਨਸਾ (ਆਤਮਾ ਸਿੰਘ ਪਮਾਰ)**-ਰਾਸ਼ਟਰੀ ਸੰਤ ਸੰਮੇਲਨ ਡੇਰਾ ਬਾਬਾ ਭਾਈ ਗੁਰਦਾਸ ਜੀ ਮਾਨਸਾ ਵਿਖੇ ਬਾਬਾ ਕਲਿਆਣ ਦਾਸ ਜੀ ਅਮਰ ਕੰਟਕ ਵਾਲਿਆਂ ਦੀ ਸਰਪ੍ਰਸਤੀ ਹੇਠ ਮਹੰਤ ਅਮ੍ਰਿਤ ਮੁਨੀ ਜੀ ਪ੍ਰਧਾਨ ਉਦਾਸੀਨ ਭੇਖ ਮਹਾਂ ਮੰਡਲ ਪੰਜਾਬ ਦੀ ਸਰਪ੍ਰਸਤੀ ਤੇ ਯੋਗ ਅਗਵਾਈ ਹੇਠ ਅਖੀਰਲੇ ਦਿਨ ਦੇਸ਼ ਭਰ ਦੇ ਸੰਤਾਂ ਦਾ ਮਹਾਨ ਸੰਮੇਲਨ ਹੋਇਆ। ਇਸ ਵਿੱਚ ਸਮੂਹਕ ਤੌਰ 'ਤੇ ਸੰਤਾਂ ਨੇ ਪੰਜਾਬ ਦੇ ਲੋਕਾਂ ਤੇ ਆਪਣੇ ਉਦਾਸੀਨ ਸੰਪਰਦਾਇ ਨੂੰ ਆਪਣੇ ਪ੍ਰਵਚਨਾਂ ਰਾਹੀਂ ਸੰਦੇਸ਼ ਦਿੱਤਾ। ਰਾਸ਼ਟਰੀ ਸੰਤ ਸੰਮੇਲਨ ਵਿੱਚ ਉਦਾਸੀਨ ਸੰਪਰਦਾਇ ਨੇ ਪੰਜਾਬ ਵਿੱਚ ਨਸ਼ੇ ਖਿਲਾਫ ਲੋਕਾਂ ਨੂੰ ਜਾਗਰੂਕ ਕਰਦਿਆਂ ਪੰਜਾਬ ਦੇ ਲੋਕਾਂ ਨੂੰ ਕੁਦਰਤ ਤੇ ਕੁਦਰਤੀ ਵਸੀਲਿਆਂ ਪਾਣੀ, ਹਵਾ ਤੇ ਧਰਤੀ ਨੂੰ ਸਾਫ ਸੁਥਰਾ ਰੱਖਣ ਦਾ ਸੰਦੇਸ਼ ਵੀ ਦਿੱਤਾ। ਸਟੇਜ ਸਕੱਤਰ ਦੀ ਭੂਮਿਕਾ ਮਹਾਂ ਮਡਲੇਸ਼ਵਰ ਸ੍ਰੀ ਹਰੀ ਚੇਤਨਾਨੰਦ ਹਰਿਦਵਾਰ ਵਾਲਿਆਂ ਨੇ ਬਾਖੂਬੀ ਨਿਭਾਈ। ਮੁੱਖ ਵਕਤਾ ਬਾਬਾ ਕਲਿਆਣ ਦਾਸ ਅਮਰ ਕੰਟਕ, ਸੰਤ ਬਲਵੀਰ ਸਿੰਘ ਸੀਚੇਵਾਲ ਮੈਂਬਰ ਰਾਜ ਸਭਾ, ਮਹਾਂ ਮਡਲੇਸ਼ਵਰ ਰੁਪਿੰਦਰ ਪ੍ਰਕਾਸ, ਮਹੇਸ਼ਵਰ ਦਾਸ, ਮਹੰਤ ਡਾਕਟਰ ਭਾਰਤ ਦਾਸ ਅਯੋਧਿਆ ਵਾਲੇ, ਪ੍ਰਮੇਸ਼ਵਰਾ ਨੰਦ ਧੂੜਕੋਟ ਵਾਲੇ, ਮਹੰਤ ਦੁਰਗਾ ਦਾਸ ਸ੍ਰੀ ਪੰਚਾਇਤੀ ਵੱਡਾ ਅਖਾੜਾ ਉਦਾਸੀਨ ਭਰਮਣਸ਼ੀਲ ਜਮਾਤ ਅਲਾਹਾਬਾਦ, ਮਹਾਂ ਮਡਲੇਸ਼ਵਰ ਸੁਆਮੀ ਹਰੀ ਚੇਤਨਾ ਨੰਦ ਹਰਿਦਵਾਰ ਵਾਲੇ, ਮਹਾਂ ਮਡਲੇਸ਼ਵਰ ਹੰਸਰਾਮ ਭੀਲਵਾੜਾ ਵਾਲੇ, ਮਹੰਤ ਭਗਵਾਨ ਦਾਸ ਅਨੰਦਪੁਰ ਕੋਸੋ ਵਾਲੇ, ਮਹੰਤ ਦਮੋਦਰ ਸਰਨਦਾਸ ਹਰਿਦੁਆਰ, ਮਹਾਂ ਮਹੰਤ ਮਹੇਸਾਨੰਦ ਲਾਲਿਆਂ ਵਾਲੀ ਮੰਡੀ, ਮੰਡਲੇਸ਼ਵਰ ਸਵਾਮੀ ਦਿਆਲ ਦਾਸ ਕਾਠਗੜ੍ਹ ਵਾਲੇ, ਕਾਰੋਬਾਰੀ ਗੋਬਿੰਦ ਦਾਸ ਹਰਿਦਵਾਰ ਵਾਲੇ, ਮਹੰਤ ਹਰਨਾਮ ਦਾਸ ਡੇਰਾ ਭੂਮਣਸ਼ਾਹ ਸਿਰਸਾ, ਸੰਤ ਜੈ ਇੰਦਰ ਮੁਨੀ ਹਰਿਦਵਾਰ, ਮਹੰਤ ਜਗਦੇਵ ਮੁਨੀ ਖਾਈ ਆਦਿ ਦੀ ਉਚੇਚੀ ਅਗਵਾਈ ਹੇਠ ਲਗਾਤਾਰ ਪ੍ਰੋਗਰਾਮ ਜਾਰੀ ਰਿਹਾ। ਇਸ ਸੰਮੇਲਨ ਵਿੱਚ ਇਲਾਕੇ ਦੀ ਸੰਗਤ ਵੱਡੀ ਗਿਣਤੀ ਵਿੱਚ ਪਹੁੰਚੀ। ਸਨਾਤਨ ਧਰਮ ਸਭਾ ਪਹੁੰਚੇ ਸੰਤਾਂ ਦਾ ਸਨਮਾਨ ਕੀਤਾ ਗਿਆ। ਇਸ ਰਾਸ਼ਟਰੀ ਸੰਤ ਸੰਮੇਲਨ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਿਆ। ਇਸ ਸਮੇਂ ਇਸ ਸੰਤ ਸੰਮੇਲਨ ਨੂੰ ਸੰਪੂਰਨ ਕਰਨ ਵਿੱਚ ਮਾਨਸਾ ਡੇਰੇ ਦੇ ਸ਼ਰਧਾਲੂਆਂ ਨੇ ਦਿਨ ਰਾਤ ਇੱਕ ਕਰਕੇ ਸੇਵਾਵਾਂ ਨਿਭਾਈਆਂ।

ਖਾਸ ਕਰਕੇ ਮਲਕੀਤ ਸਿੰਘ ਭਪਲਾ, ਮਨਦੀਪ ਸਿੰਘ ਗੋਰਾ, ਗੁਰਲਾਭ ਸਿੰਘ ਮਾਹਲ, ਰਾਜੂ ਦਰਾਕਾ, ਵਿਨੋਦ ਕੁਮਾਰ ਭੰਮਾ, ਡਾ. ਧੰਨਾ ਮੱਲ ਗੋਇਲ, ਕ੍ਰਿਸ਼ਨ ਚੌਹਾਨ, ਗੁਰਪ੍ਰੀਤ ਭੁੱਲਰ, ਸੋਨੀ ਗਿੱਲ, ਨਿਰਮਲ ਮਾਸਟਰ, ਚਮਕੌਰ ਸਿੰਘ, ਕਮਲ ਸੀ ਏ, ਬਿੱਲੂ, ਕਾਕੀ, ਬੂਟਾ ਸਿੰਘ, ਵਰਿੰਦਰਪਾਲ ਨੇ ਨਿਭਾਈ।

ਇਸ ਸਮੇਂ ਪਹੁੰਚੀਆਂ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਰਵਨੀਤ ਬਿੱਟੂ ਐੱਮ ਪੀ, ਜਗਦੀਪ ਸਿੰਘ ਨਕਈ, ਵਿਕਰਮਜੀਤ ਮੋਫਰ ਚੇਅਰਮੈਨ, ਵਿਜੇ ਕੁਮਾਰ ਵਿਧਾਇਕ, ਗੁਰਪ੍ਰੀਤ ਬਣਾਂਵਾਲੀ ਵਧਾਇਕ, ਹਰਦੇਵ ਅਰਸ਼ੀ ਸਾਬਕਾ ਵਿਧਾਇਕ, ਡਾ. ਰਣਜੀਤ ਰਾਏ, ਮੰਗਤ ਰਾਏ ਬਾਂਸਲ ਸਾਬਕਾ ਵਿਧਾਇਕ, ਪ੍ਰੇਮ ਅਰੋੜਾ ਸਾਬਕਾ ਚੇਅਰਮੈਨ, ਗੁਰਪ੍ਰੀਤ ਭੁੱਚਰ ਚੇਅਰਮੈਨ, ਮੁਨੀਸ਼ ਬੱਬੀ ਦਾਨੇਵਾਲੀਆ, ਸੁਰੇਸ਼ ਨੰਦਗੜ੍ਹੀਆ, ਕੁਲਵਿੰਦਰ ਉਡਤ, ਰਮੇਸ਼ ਖਿਆਲਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਪਹੁੰਚ ਕੇ ਮਹਾਨ ਸੰਤਾਂ ਦੇ ਦਰਸ਼ਨ ਕੀਤੇ।

## ਪਲਾਸਟਿਕ ਦੇ ਲਿਫਾਫੇ ਬੰਦ ਕਰਾਉਣ ਸੰਬੰਧੀ ਲਾਇਨਜ਼ ਕਲੱਬ ਨੇ ਮੁਹਿੰਮ ਵਿੱਢੀ



**ਸੁਨਾਮ ਊਧਮ ਸਿੰਘ ਵਾਲਾ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)**-ਲਾਇਨਜ਼ ਕਲੱਬ ਰਾਇਲ ਦੇ ਪ੍ਰਧਾਨ ਸੰਜੀਵ ਮੈਨਨ ਦੀ ਪ੍ਰਧਾਨਗੀ ਹੇਠ ਵਾਤਾਵਰਨ ਦੀ ਸੰਭਾਲ ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਸੁਨਾਮ ਸ਼ਹਿਰ ਦੀ ਸਬਜ਼ੀ ਮੰਡੀ ਵਿੱਚ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਬੰਦ ਕਰਨ ਤੇ ਇਸ ਦੀ ਬਜਾਏ ਫਾਈਬਰ ਦੇ ਲਿਫਾਫਿਆਂ ਦੀ ਵਰਤੋਂ ਕਰਨ ਸਬੰਧੀ ਮੁਹਿੰਮ ਚਲਾਈ ਗਈ। ਕਲੱਬ ਵੱਲੋਂ ਵੱਡੀ ਗਿਣਤੀ ਵਿੱਚ ਫਾਈਬਰ ਦੇ ਬਣੇ ਲਿਫਾਫੇ ਦੁਕਾਨਦਾਰਾਂ ਨੂੰ ਵੰਡੇ ਗਏ ਤੇ ਦੱਸਿਆ ਗਿਆ ਕਿ ਪਲਾਸਟਿਕ ਦੇ ਲਿਫਾਫੇ ਬਾਅਦ ਵਿੱਚ ਗਲਦੇ ਨਹੀਂ ਹਨ ਅਤੇ ਇਹ ਸੀਵਰੇਜ ਤੇ ਹੋਰ ਵਾਤਾਵਰਣ ਨੂੰ ਪ੍ਰਦੂਸ਼ਤ ਕਰਦੇ ਹਨ। ਪ੍ਰਧਾਨ ਸੰਜੀਵ ਮੈਨਨ ਨੇ ਕਿਹਾ ਕਿ ਹੁਣ ਅਸੀਂ ਫਿਰ ਤੋਂ ਵੱਖ-ਵੱਖ ਥਾਵਾਂ 'ਤੇ ਜਾ ਕੇ ਇਸ ਦਾ ਪ੍ਰਚਾਰ ਕਰਾਂਗੇ ਤਾਂ ਜੋ ਅਸੀਂ ਮਨੁੱਖਤਾ ਤੇ ਸ਼ਹਿਰ ਦੀ ਸਫਾਈ ਲਈ ਆਪਣਾ ਯੋਗਦਾਨ ਪਾ ਸਕੀਏ। ਉਨ੍ਹਾ ਕਿਹਾ ਕਿ ਲਾਇਨਜ਼ ਕਲੱਬ ਰਾਇਲ ਸਮਾਜਿਕ, ਧਾਰਮਿਕ ਤੇ ਕੁਦਰਤੀ ਆਫਤਾਂ ਦੇ ਸਮੇਂ ਵੀ ਲੰਬੇ ਸਮੇਂ ਤੋਂ ਲੋਕਾਂ ਦਾ ਸਹਿਯੋਗ ਕਰਦੇ ਆ ਰਹੇ ਹਨ ਅਤੇ ਇਸ ਸਮੇਂ ਵੀ ਸਹਿਯੋਗ ਦਿੰਦੇ ਰਹਿਣਗੇ। ਇਸ ਸਮੇਂ ਮੌਕੇ ਪ੍ਰਧਾਨ ਸੰਜੀਵ ਮੈਨਨ, ਚੇਅਰਮੈਨ ਮਨਿੰਦਰ ਲਖਮੀਰਬਾਲਾ, ਗਰੋਥ ਚੇਅਰਮੈਨ ਪ੍ਰਵੀਨ ਗਰਗ ਜੌਹਨ, ਚੇਅਰਮੈਨ ਪਰਮਿੰਦਰ ਸਿੰਘ ਜਾਰਜ ਸਕੱਤਰ, ਮੁਕੇਸ਼ ਨਾਗਪਾਲ ਕੈਸ਼ੀਅਰ, ਕੁਲਵਿੰਦਰ ਸਿੰਘ ਨਾਮਧਾਰੀ, ਜ਼ਿਲ੍ਹਾ ਭਲਾਈ ਅਫਸਰ ਗੁਰਿੰਦਰਜੀਤ ਸਿੰਘ ਧਾਲੀਵਾਲ, ਕਰੁਣ ਬਾਂਸਲ, ਗੁਰਸ਼ਰਨ ਸਿੰਘ ਧਾਲੀਵਾ, ਜਗਰਾਜ ਸਿੰਘ, ਕ੍ਰਿਸ਼ਨ ਸਿੰਘ ਡੌਂਟ ਤੇ ਹੋਰ ਕਲੱਬ ਮੈਂਬਰ ਹਾਜ਼ਰ ਸਨ।

# ਅਕੈਡਮੀ ਆਫ ਹੋਮਿਓਪੈਥੀ ਵੱਲੋਂ ਵਿਸ਼ੇਸ਼ ਸੈਮੀਨਾਰ




**ਧੂਰੀ (ਬਿੰਨੀ ਗਰਗ)**-ਹੋਮਿਓਪੈਥੀ ਵਿਧੀ ਨੂੰ ਲੈ ਕੇ ਵਿਸ਼ੇਸ਼ ਸੈਮੀਨਾਰ ਜਨਰਲ ਬਾਈਟਲ ਇਨਫਾਰਮ ਦੇ ਮੁੱਖ ਸੰਪਾਦਕ ਡਾ. ਸੁਸ਼ੀਲ ਵਟਸ ਦੀ ਦੇਖ-ਰੇਖ ਹੇਠ ਕਰਵਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਦਿੱਲੀ ਹੋਮਿਓਪੈਥਿਕ ਬੋਰਡ ਦੇ ਚੇਅਰਮੈਨ ਡਾ. ਏ ਕੇ ਅਰੁਣ ਵਿਸ਼ੇਸ਼ ਤੌਰ 'ਤੇ ਪਹੁੰਚੇ, ਜਦੋਂਕਿ ਡਾ. ਐੱਚ ਐੱਸ ਮਠਾੜੂ ਨੇ ਮੁੱਖ ਬੁਲਾਰੇ ਵਜੋਂ ਭੂਮਿਕਾ ਨਿਭਾਈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਏ ਕੇ ਅਰੁਣ ਨੇ ਕਿਹਾ ਕਿ ਹੋਮਿਓਪੈਥੀ ਵਿਧੀ ਵਿੱਚ ਮਰੀਜ਼ ਦੇ ਦਿਮਾਗ ਦੀ ਹਰ ਇੱਕ ਗਤੀ-ਵਿਧੀ ਜਾਨਣ ਤੋਂ ਬਾਅਦ ਹੀ ਵਧੀਆ ਇਲਾਜ ਹੋ ਸਕਦਾ ਹੈ, ਕੋਈ ਅਜਿਹੀ ਬਿਮਾਰੀ ਨਹੀਂ, ਜਿਸ ਦਾ ਹੋਮਿਓਪੈਥੀ ਵਿਧੀ ਵਿੱਚ ਇਲਾਜ ਨਾ ਹੋਵੇ। ਪਿਛਲੇ ਲੰਮੇ ਸਮੇਂ ਤੋਂ ਉਹ ਵੱਖ ਵੱਖ ਬਿਮਾਰੀਆਂ ਦਾ ਇਲਾਜ ਕਰ ਚੁੱਕੇ ਹਨ, ਜਿਸ ਵਿੱਚ ਕੈਂਸਰ, ਐੱਚ ਆਈ ਵੀ, ਦਿਲ ਦੇ ਰੋਗ ਜਾਂ ਫਿਰ ਚਮੜੀ ਦੇ ਹਰੇਕ ਪ੍ਰਕਾਰ ਦੇ ਰੋਗ, ਜੋ ਮਰੀਜ਼ ਸਾਰੇ ਪਾਸਿਓਂ ਨਿਰਾਸ਼ ਹੋ ਕੇ ਆਏ ਸੀ, ਉਹ ਹੁਣ ਆਪਣਾ ਜੀਵਨ ਬਿਨਾਂ ਕਿਸੇ ਬਿਮਾਰੀ ਤੋਂ ਬਤੀਤ ਕਰ ਰਹੇ ਹਨ। ਡਾ. ਵਟਸ ਨੇ ਦੱਸਿਆ ਕਿ ਪਿਛਲੇ 200 ਸਾਲ ਦਾ ਇਤਹਾਸ ਦੱਸਦਾ ਹੈ ਕਿ ਹੋਮਿਓਪੈਥੀ ਵਿਧੀ ਨਾਲ ਵੱਡੀ ਤੋਂ ਵੱਡੀ ਬਿਮਾਰੀ ਜਲਦ ਤੇ ਘੱਟ ਖਰਚੇ ਨਾਲ ਠੀਕ ਕੀਤੀ ਗਈ ਹੈ, ਪਰ ਲੋਕਾਂ ਵਿੱਚ ਕੁੱਝ ਦਵਾਈਆਂ ਦੇ ਮਾਫੀਆ ਵਜੋਂ ਕੰਮ ਕਰ ਰਹੇ ਲੋਕਾਂ ਨੇ ਹੋਮਿਓਪੈਥੀ ਨੂੰ ਦੱਬਣ ਦਾ ਯਤਨ ਵੱਡੇ ਪੱਧਰ 'ਤੇ ਕੀਤਾ ਗਿਆ, ਜਿਸ ਵਿੱਚ ਉਹ ਬਹੁਤ ਹੱਦ ਤੱਕ ਕਾਮਯਾਬ ਹੋਏ, ਪਰ ਸਾਡੇ ਕਾਬਲੀਅਤ ਵਾਲੇ ਡਾਕਟਰ ਸਾਹਿਬਾਨਾਂ ਨੇ ਹਰੇਕ ਬਿਮਾਰੀ ਦਾ ਇਲਾਜ ਕਰਕੇ ਉਨ੍ਹਾਂ ਦੇ ਮਨਸੂਬਿਆਂ ਉੱਤੇ ਪਾਣੀ ਫੇਰਿਆ। ਅੰਤ ਵਿੱਚ ਡਾ. ਐੱਚ ਐੱਸ ਮਠਾੜੂ ਨੇ ਕਿਹਾ ਕਿ ਹੋਮਿਓਪੈਥੀ ਵਿਧੀ ਹੀ ਇੱਕ ਅਜਿਹੀ ਵਿਧੀ ਹੈ, ਜਿਸ ਵਿੱਚ ਗੰਭੀਰ ਤੋਂ ਗੰਭੀਰ ਬਿਮਾਰੀ ਦਾ ਇਲਾਜ ਬਿਨਾਂ ਕਿਸੇ ਆਪ੍ਰੇਸ਼ਨ ਤੋਂ ਕੀਤਾ ਜਾ ਸਕਦਾ ਹੈ, ਜੋ ਸਾਡੇ ਕਾਬਲੀਅਤ ਵਾਲੇ ਡਾਕਟਰ ਕਰ ਰਹੇ ਹਨ। ਡਾ. ਮਠਾੜੂ ਨੇ ਸਰਕਾਰ ਤੋਂ ਮੰਗ ਕੀਤੀ ਕਿ ਵੱਧ ਤੋਂ ਹੋਮਿਓਪੈਥਿਕ ਕਾਲਜ ਖੋਲ੍ਹੇ ਜਾਣ, ਹੋਮਿਓਪੈਥੀ ਦੇ ਡਾਕਟਰਾਂ ਦੀ ਭਰਤੀ ਕੀਤੀ ਜਾਵੇ ਤਾਂ ਜੋ ਮਰੀਜ਼ ਪ੍ਰਾਈਵੇਟ ਇਲਾਜ ਨਹੀਂ ਕਰਵਾ ਸਕਦੇ, ਉਹ ਮਰੀਜ਼ ਘੱਟ ਖਰਚੇ 'ਤੇ ਸਰਕਾਰੀ ਹੋਮਿਓਪੈਥਿਕ ਡਿਸਪੈਂਸਰੀਆਂ ਵਿੱਚ ਘੱਟ ਖਰਚੇ 'ਤੇ ਆਪਣਾ ਵਧੀਆ ਇਲਾਜ ਕਰਵਾ ਸਕਣ।

# ਐੱਲ ਪੀ ਯੂ ਦੇ ਵਿਦਿਆਰਥੀਆਂ ਨੂੰ ਡਿਜੀਟਲ ਯੁੱਗ 'ਚ ਵਧਣ-ਫੁੱਲਣ ਲਈ ਮਾਰਗ-ਦਰਸ਼ਨ

**ਜਲੰਧਰ (ਸ਼ੈਲੀ ਐਲਬਰਟ)**- ਅਮਰੀਕਾ ਦੀ ਮਸ਼ਹੂਰ ਆਈ ਟੀ ਸਰਵਿਸ ਮੈਨੇਜਮੈਂਟ ਕੰਪਨੀ ਇੰਸੇਡੋ ਇੰਕ ਦੇ ਸਹਿ-ਸੰਸਥਾਪਕ ਅਤੇ ਸੀ ਈ ਓ ਨਿਤਿਨ ਸੇਠ ਨੇ ਹਾਲ ਹੀ 'ਚ ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ (ਐਲਪੀਯੂ ) ਦਾ ਦੌਰਾ ਕੀਤਾ। ਆਪਣੀ ਫੇਰੀ ਦੌਰਾਨ, ਉਨਾਂ ਸ਼ਾਂਤੀ ਦੇਵੀ ਮਿੱਤਲ ਆਡੀਟੋਰੀਅਮ ਵਿੱਚ ਡਿਜੀਟਲ ਯੁੱਗ ਵਿੱਚ ਕਿਵੇਂ ਜਿੱਤਣਾ ਹੈ। ਸਿਰਲੇਖ ਨਾਲ ਇੱਕ ਇੰਟਰਐਕਟਿਵ ਅਤੇ ਦਿਲਚਸਪ ਸੈਸ਼ਨ ਦਾ ਆਯੋਜਨ ਕੀਤਾ। ਇਨਸੀਡੋ ਦੀ 'ਡਿਜੀਟਲ ਫੰਡਾਸ'-ਏ ਸੀਰੀਅਲ ਇਨੀਸ਼ੀਏਟਿਵ, ਅਤੇ ਆਪਣੀ ਕਿਤਾਬ ਵਿਨਿੰਗ ਇਨ ਦ ਡਿਜ਼ੀਟਲ ਏਜ ਨੂੰ ਲਾਂਚ ਕਰਦੇ ਹੋਏ, ਸੇਠ ਨੇ ਐਲਪੀਯੂ ਦੇ ਵਿਦਿਆਰਥੀਆਂ ਨੂੰ ਨਾ ਸਿਰਫ ਡਿਜ਼ੀਟਲ ਯੁੱਗ ਵਿੱਚ ਵਧਣ-ਫੁੱਲਣ ਲਈ ਲੋੜੀਂਦੇ ਗਿਆਨ ਅਤੇ ਹੁਨਰਾਂ ਨਾਲ ਸਮਰੱਥ ਬਣਾਇਆ । ਐਲਪੀਯੂ ਦੀ ਪ੍ਰੋ ਚਾਂਸਲਰ ਸ਼੍ਰੀਮਤੀ ਰਸ਼ਮੀ ਮਿੱਤਲ ਨੇ ਲਾਂਚਿੰਗ ਸਮਾਰੋਹ ਵਿੱਚ ਸ਼ਿਰਕਤ ਕੀਤੀ।ਬਾਅਦ ਵਿੱਚ, ਕੈਂਪਸ ਵਿੱਚ 'ਸੈਂਟਰ ਆਫ ਐਕਸੀਲੈਂਸ ਫਾਰ ਡਿਜੀਟਲ ਐਂਟਰਪ੍ਰੀਨਿਓਰਸ਼ਿਪ' ਦਾ ਉਦਘਾਟਨ ਵੀ ਕੀਤਾ ਗਿਆ । ਵਿਦਿਆਰਥੀਆਂ ਨੂੰ ਸੰਬੋਧਿਤ ਕਰਦੇ ਹੋਏ, ਸੇਠ ਨੇ ਡਿਜੀਟਲਾਈਜੇਸ਼ਨ ਦੁਆਰਾ ਦਰਪੇਸ਼ ਚੁਣੌਤੀਆਂ ਅਤੇ ਵੱਖ-ਵੱਖ ਉਦਯੋਗਾਂ ਤੇ ਇਸ ਦੇ ਪ੍ਰਭਾਵ ਨੂੰ ਨੈਵੀਗੇਟ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨਾਂ ਉਦਯੋਗ 4.0 ਦੇ ਖੇਤਰਾਂ ਵਿੱਚ ਵਿਦਿਆਰਥੀਆਂ ਦਾ ਮਾਰਗਦਰਸ਼ਨ ਕੀਤਾ ਅਤੇ ਉਹਨਾਂ ਨੂੰ ਆਉਣ ਵਾਲੇ ਸਾਲਾਂ ਵਿੱਚ ਇੱਕ ਡਿਜੀਟਲ ਤੌਰ 'ਤੇ ਮਜ਼ਬੂਤ ਭਾਰਤ ਦੀ ਕਲਪਨਾ ਕਰਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਦੇ ਸਵਾਲਾਂ ਦੇ ਜਵਾਬ ਦੇ ਕੇ, ਉਸਨੇ ਵਿਦਿਆਰਥੀਆਂ ਵਿੱਚ ਵਿਸ਼ਵਾਸ ਪੈਦਾ ਕੀਤਾ ਅਤੇ ਉਹਨਾਂ ਨੂੰ ਡਿਜੀਟਲ ਯੁੱਗ ਵਿੱਚ ਉੱਤਮਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ। ਸੇਠ ਨੇ ਕੀਮਤੀ ਸਮਝ ਪ੍ਰਦਾਨ ਕੀਤੀ ਕਿ ਡਿਜੀਟਲ ਪਰਿਵਰਤਨ ਪਹਿਲਕਦਮੀਆਂ ਅਕਸਰ ਕਿਉਂ ਅਸਫਲ ਹੁੰਦੀਆਂ ਹਨ, ਕਾਰੋਬਾਰ ਦੇ ਨਿਯਮ ਕਿਵੇਂ ਬਦਲ ਰਹੇ ਹਨ, ਵਿਘਨਕਾਰੀ ਮੌਕੇ ਉਪਲਬਧ ਹਨ, ਅਤੇ ਡਿਜੀਟਲ ਤਕਨਾਲੋਜੀ ਜਿਵੇਂ ਕਿ ਏਆਈ ਅਤੇ ਕਲਾਉਡ ਦੀ ਸੰਭਾਵਨਾ ਦਾ ਲਾਭ ਕਿਵੇਂ ਉਠਾਉਣਾ ਹੈ। ਉਨਾਂ ਏਆਈ ਦੇ ਯੁੱਗ ਵਿੱਚ ਕਰਮਚਾਰੀਆਂ ਦੀ ਸਮਰੱਥਾ ਬਾਰੇ ਵੀ ਚਰਚਾ ਕੀਤੀ ਅਤੇ ਸਫਲ ਹੋਣ ਲਈ ਲੋੜੀਂਦੇ ਨਵੇਂ ਹੁਨਰਾਂ ਨੂੰ ਉਜਾਗਰ ਕੀਤਾ। ਇਸ ਤੋਂ ਇਲਾਵਾ, ਉਸਨੇ ਸਮਾਰਟਫੋਨ, ਡਾਟਾ ਦੀ ਘੱਟ ਲਾਗਤ, ਇੱਕ ਯੁਵਾ ਆਬਾਦੀ ਅਤੇ ਉਦਯੋਗ ਵਿੱਚ ਲੀਡਰਸ਼ਿਪ ਵਰਗੇ ਕਾਰਕਾਂ ਦਾ ਹਵਾਲਾ ਦਿੰਦੇ ਹੋਏ, ਇੱਕ ਡਿਜੀਟਲ ਸੁਪਰ ਪਾਵਰ ਦੇ ਰੂਪ ਵਿੱਚ ਉਭਰਨ ਦੀਆਂ ਭਾਰਤ ਦੀਆਂ ਸੰਭਾਵਨਾਵਾਂ 'ਤੇ ਰੌਸ਼ਨੀ ਪਾਈ, ਜਿਸ ਵਿੱਚ ਤਕਨੀਕੀ-ਸੰਚਾਲਿਤ ਉੱਦਮਤਾ ਕ੍ਰਾਂਤੀ ਲਿਆਉਣ ਦੀ ਸਮਰੱਥਾ ਹੈ । ਸੰਯੁਕਤ ਰਾਜ, ਕੈਨੇਡਾ, ਲਾਤੀਨੀ ਅਮਰੀਕਾ ਅਤੇ ਭਾਰਤ ਵਿੱਚ 4000 ਤੋਂ ਵੱਧ ਪੇਸ਼ੇਵਰਾਂ ਅਤੇ ਲੰਬੇ ਸਮੇਂ ਦੇ ਇੱਕ ਵਿਭਿੰਨ ਪੋਰਟਫੋਲੀਓ, ਫਾਰਚੂਨ 500, ਅਤੇ ਦੁਨੀਆ ਭਰ ਵਿੱਚ ਤੇਜ਼ੀ ਨਾਲ ਵਧ ਰਹੇ ਗਾਹਕਾਂ ਦੇ ਨਾਲ, ਵਿੱਤੀ ਸੇਵਾਵਾਂ, ਦੂਰਸੰਚਾਰ, ਉਤਪਾਦ ਇੰਜੀਨੀਅਰਿੰਗ, ਅਤੇ ਜੀਵਨ ਵਿਗਿਆਨ ਉਦਯੋਗ ਕੰਪਨੀ ਹੈ । ਐਲਪੀਯੂ ਦੇ ਪ੍ਰੋ ਵਾਈਸ-ਚਾਂਸਲਰ, ਪ੍ਰੋ. ਡਾ. ਲਵੀ ਰਾਜ ਗੁਪਤਾ ਨੇ ਸਪੀਕਰ ਦਾ ਨਿੱਘਾ ਸੁਆਗਤ ਕੀਤਾ । ਐਲਪੀਯੂ ਦੇ ਬੁਨਿਆਦੀ ਢਾਂਚੇ ਤੋਂ ਪ੍ਰਭਾਵਿਤ ਹੋ ਕੇ ਸੇਠ ਨੇ ਵਿਦਿਆਰਥੀਆਂ ਨੂੰ ਡਿਜੀਟਲ ਸੰਸਾਰ ਵਿੱਚ ਉੱਤਮਤਾ ਪ੍ਰਾਪਤ ਕਰਨ ਅਤੇ ਉਦਯੋਗ ਵਿੱਚ ਇੱਕ ਸਥਾਈ ਪ੍ਰਭਾਵ ਛੱਡਣ ਲਈ ਯੂਨੀਵਰਸਿਟੀ ਦੇ ਸਰੋਤਾਂ ਦਾ ਵੱਧ ਤੋਂ ਵੱਧ ਉਪਯੋਗ ਕਰਨ ਦੀ ਅਪੀਲ ਕੀਤੀ। ਉਨਾਂ ਵਿਦਿਆਰਥੀਆਂ ਦੀ ਅਜੋਕੇ ਸਮੇਂ ਦੀਆਂ ਮੰਗਾਂ ਵਿੱਚ ਸਿੱਖਣ, ਅਣਸਿੱਖਿਅਤ ਅਤੇ ਮੁੜ ਸਿੱਖਣ ਲਈ ਉਹਨਾਂ ਦੀ ਵਚਨਬੱਧਤਾ, ਊਰਜਾ ਅਤੇ ਉਤਸ਼ਾਹ ਦੀ ਤਾਰੀਫ਼ ਵੀ ਕੀਤੀ।



# ਆਪ ਦੀ ਸਰਕਾਰ ਆਪ ਦੇ ਦੁਆਰ 'ਮੁਹਿੰਮ ਤਹਿਤ' ਸ਼ਾਮਪੁਰ, ਠਸਕਾ, ਤੜੌਲੀ ਤੇ ਮਨਾਣਾ 'ਚ ਲਗਾਏ ਕੈਂਪ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਯੋਜਨਾ 'ਆਪ ਦੀ ਸਰਕਾਰ-ਆਪ ਦੇ ਦੁਆਰ' ਤਹਿਤ ਮੋਹਾਲੀ ਹਲਕੇ ਦੇ ਪਿੰਡ ਸ਼ਾਮਪੁਰ, ਠਸਕਾ, ਤੜੌਲੀ ਅਤੇ ਮਨਾਣਾ ਵਿਖੇ ਪਿੰਡਾਂ ਅੰਦਰ ਇੱਕੋ ਛੱਤ ਥੱਲੇ ਸੁਵਿਧਾ ਕੈਂਪ ਲਗਾਏ ਗਏ ਅਤੇ ਉੱਥੇ ਲੋਕਾਂ ਨੂੰ 44 ਕਿਸਮ ਦੀਆਂ ਸੇਵਾਵਾਂ ਦਾ ਲਾਭ ਦਿੱਤਾ ਗਿਆ। ਇਸ ਮੌਕੇ ਸਾਰੇ ਅਧਿਕਾਰੀ, ਤਹਿਸੀਲਦਾਰ, ਪਟਵਾਰੀ ਅਤੇ ਹੋਰ ਸਟਾਫ ਮੈਂਬਰ ਮੌਕੇ ਉਪਰ ਲੋਕਾਂ ਦੀਆਂ ਦਰਖਾਸਤਾਂ ਲੈ ਕੇ ਉਨ੍ਹਾਂ ਦੇ ਪਟਵਾਰੀ, ਤਹਿਸੀਲਦਾਰ ਵੱਲੋਂ ਮੌਕੇ 'ਤੇ ਤਸਦੀਕ ਕਰਕੇ ਸਰਟੀਫਿਕੇਟ ਜਾਰੀ ਕਰਦੇ ਨਜ਼ਰ ਆਏ। ਐਸ.ਡੀ.ਐਮ ਦੀਪਾਂਕਰ ਗਰਗ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤਾ ਗਿਆ ਇਹ ਉਪਰਾਲਾ ਲੋਕਾਂ ਲਈ ਬਹੁਤ ਹੀ ਲਾਹੇਵੰਦ ਸਾਬਤ ਹੋ ਰਿਹਾ ਹੈ। ਅੱਜ ਮੋਹਾਲੀ ਹਲਕੇ ਦੇ ਪਿੰਡ ਸ਼ਾਮਪੁਰ, ਠਸਕਾ, ਤੜੌਲੀ ਅਤੇ ਮਨਾਣਾ ਵਿਚ ਲਗਾਏ ਗਏ ਕੈਂਪਾਂ ਦੌਰਾਨ ਲੋਕਾਂ ਨੇ ਆਪਣੀਆਂ ਸਮੱਸਿਆਵਾਂ ਹੱਲ ਕਰਵਾਈਆਂ। ਕੈਂਪ ਵਿੱਚ 43 ਸੁਵਿਧਾਵਾਂ ਪੰਜਾਬ ਸਰਕਾਰ ਵੱਲੋਂ ਆਮ ਜਨਤਾ ਲਈ ਦਿੱਤੀਆਂ ਗਈਆਂ। ਉਨ੍ਹਾਂ ਇਹ ਵੀ ਦੱਸਿਆ ਕਿ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸੇਵਾਵਾਂ ਹਾਸਲ ਕਰਨ ਲਈ ਹੈਲਪ ਲਾਈਨ ਨੰਬਰ 1076 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ। ਇਨ੍ਹਾਂ ਕੈਂਪਾਂ ਵਿੱਚ ਜਨਮ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਅਨੁਸੂਚਿਤ ਅਤੇ ਪਛੜੀਆਂ ਸ਼੍ਰੇਣੀਆਂ ਦੇ ਸਰਟੀਫਿਕੇਟ, ਬੁਢਾਪਾ, ਦਿਵਯਾਂਗ ਅਤੇ ਆਸ਼ਰਿਤ ਪੈਨਸ਼ਨ, ਜਨਮ ਸਰਟੀਫਿਕੇਟ 'ਚ ਨਾਂ ਦੀ ਤਬਦੀਲੀ, ਬਿਜਲੀ ਦੇ ਬਿੱਲਾਂ ਦੇ ਭੁਗਤਾਨ, ਮਾਲ ਵਿਭਾਗ ਸਬੰਧੀ ਰਿਕਾਰਡ ਦੀ ਪੜਤਾਲ, ਵਿਆਹ ਦੀ ਰਜਿਸਟ੍ਰੇਸ਼ਨ, ਮੌਤ ਦੇ ਸਰਟੀਫਿਕੇਟ ਦੀ ਇਕ ਤੋਂ ਵੱਧ ਕਾਪੀਆਂ, ਪੇਂਡੂ ਖੇਤਰ ਸਰਟੀਫਿਕੇਟ, ਫਰਦ ਬਣਾਉਣੀ, ਸ਼ਗਨ ਸਕੀਮ, ਜ਼ਮੀਨ ਦੀ ਨਿਸ਼ਾਨਦੇਹੀ, ਐੱਨ.ਆਰ. ਆਈ. ਦੇ ਸਰਟੀਫਿਕੇਟਾਂ ਦੇ ਕਾਊਂਟਰ ਦਸਤਖ਼ਤ, ਪੁਲਸ ਕਲੀਅਰੈਂਸ ਸਰਟੀਫਿਕੇਟ ਦੇ ਕਾਊਂਟਰ ਦਸਤਖ਼ਤ, ਮੌਤ ਸਰਟੀਫਿਕੇਟ 'ਚ ਤਬਦੀਲੀ ਆਦਿ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

# ਪੰਜਾਬ ਸਰਕਾਰ ਨੇ ਲੋਕ ਹਿੱਤ 'ਚ ਕੀਤੇ ਬਿਹਤਰੀਨ ਕਾਰਜ : ਜਿੰਪਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਅਪ੍ਰੈਲ 2024 'ਚ ਦੋ ਸਾਲ ਪੂਰੇ ਹੋਣਗੇ, ਪਰੰਤੂ ਏਨੇ ਘੱਟ ਸਮੇਂ ਵਿਚ ਪੰਜਾਬ ਸਰਕਾਰ ਨੇ ਲੋਕ ਹਿੱਤ ਵਿਚ ਉਹ ਕਰਕੇ ਦਿਖਾਇਆ ਹੈ ਜੋ ਕਿ ਪੁਰਾਣੀਆਂ ਸਰਕਾਰਾਂ ਕਦੇ ਸੋਚ ਵੀ ਨਹੀਂ ਪਾਈਆਂ। ਇਹੀ ਕਾਰਨ ਹੈ ਕਿ ਅੱਜ ਪੂਰੇ ਸੂਬੇ ਵਿਚ ਭਗਵੰਤ ਸਿੰਘ ਮਾਨ ਨੂੰ ਲੋਕ ਏਨਾ ਪਿਆਰ ਕਰਦੇ ਹਨ। ਉਹ ਵਾਰਡ ਨੰਬਰ 9 ਵਿਚ ਕਰੀਬ 24 ਲੱਖ ਰੁਪਏ ਦੀ ਲਾਗਤ ਨਾਲ ਸੜਕ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਉਣ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਇਸ ਮੌਕੇ ਉਨ੍ਹਾਂ ਨਾਲ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ ਅਤੇ ਡਿਪਟੀ ਮੇਅਰ ਰਣਜੀਤ ਚੌਧਰੀ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਹੁਸ਼ਿਆਰਪੁਰ ਵਿਚ ਜਿਥੇ-ਜਿਥੇ ਟਿਊਬਵੈਲ ਖਰਾਬ ਹੋਣ ਕਾਰਨ ਪਾਣੀ ਦੀ ਸਮੱਸਿਆ ਆਈ, ਉਥੇ ਟਿਊਬਵੈਲ ਨੂੰ ਦੁਬਾਰਾ ਬੋਰ ਕਰਵਾ ਕੇ ਉਸ ਨੂੰ ਚਾਲੂ ਹਾਲਤ ਵਿਚ ਕੀਤਾ ਗਿਆ। 31 ਕਰੋੜ ਰੁਪਏ ਦੀ ਲਾਗਤ ਨਾਲ ਪਿੰਡ ਬਜਵਾੜਾ ਵਿਚ ਸੀਵਰੇਜ ਲਾਈਨ ਪਾਈ ਜਾ ਰਹੀ ਹੈ। ਇਸ ਤੋਂ ਇਲਾਵਾ ਸ਼ਹਿਰ ਦੇ ਸਾਰੇ ਵਾਰਡਾਂ ਵਿਚ ਸੀਵਰੇਜ ਦੀ ਸਮੱਸਿਆ ਦਾ ਹੱਲ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸੁਵਿਧਾ ਲਈ ਪੂਰੇ ਪੰਜਾਬ ਵਿਚ 'ਆਪ ਦੀ ਸਰਕਾਰ ਆਪ ਦੇ ਦੁਆਰ' ਮੁਹਿੰਮ ਤਹਿਤ ਕੈਂਪ ਲਗਾ ਕੇ ਲੋਕਾਂ ਦੇ ਘਰਾਂ ਨੇੜੇ ਉਨ੍ਹਾਂ ਨੂੰ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਲੋਕ ਹਿੱਤ ਨੂੰ ਲੈ ਕੇ ਸਰਕਾਰ ਦੀ ਪਹਿਲੇ ਦਿਨ ਤੋਂ ਹੀ ਪਾਲਿਸੀ ਕਲੀਅਰ ਸੀ ਅਤੇ ਪੂਰੇ ਸੂਬੇ ਵਿਚ ਉਸੇ ਪਾਲਿਸੀ ਦੇ ਹਿਸਾਬ ਨਾਲ ਲੋਕਾਂ ਦੀ ਸੇਵਾ ਲਈ ਪੰਜਾਬ ਸਰਕਾਰ ਦਿਨ-ਰਾਤ ਕੰਮ ਕਰ ਰਹੀ ਹੈ। ਇਸ ਮੌਕੇ ਮੁਖੀ ਰਾਮ, ਕੌਂਸਲਰ ਬਖਸ਼ੀਸ਼ ਕੌਰ, ਨਕਸ਼ ਤੋਂ ਇਲਾਵਾ ਹੋਰ ਇਲਾਕਾ ਨਿਵਾਸੀ ਵੀ ਮੌਜੂਦ ਸਨ।

# ਕੈਂਬਰਿਜ ਓਵਰਸੀਜ਼ ਇੰਟਰਨੈਸ਼ਨਲ ਸਕੂਲ 'ਚ ਸਲਾਨਾ ਸਮਾਗਮ



**ਫਿਲੌਰ, (ਨਿਰਮਲ)**- ਫਿਲੌਰ ਦੇ ਨਜ਼ਦੀਕੀ ਪਿੰਡ ਗੜ੍ਹਾ ਵਿਖੇ ਕੈਂਬਰਿਜ ਓਵਰਸੀਜ਼ ਇੰਟਰਨੈਸ਼ਨਲ ਸਕੂਲ ਵਿਖੇ ਪ੍ਰਿੰਸੀਪਲ ਡਾ. ਮਮਤਾ ਬਕਸ਼ੀ, ਡਾਇਰੈਕਟਰ ਡੀ.ਐਸ.ਪੀ ਗੁਲਸ਼ਨ ਬਕਸ਼ੀ ਦੀ ਦੇਖ ਰੇਖ ਵਿੱਚ ਪਹਿਲਾ ਸਲਾਨਾ ਸਮਾਗਮ ਮਨਾਇਆ ਗਿਆ। ਜਿਸ ਦੌਰਾਨ ਵਿਸ਼ੇਸ਼ ਤੌਰ 'ਤੇ ਅਮਨਦੀਪ ਤਾਂਗੜੀ (ਡਾਇਰੈਕਟਰ ਆੱਫ ਸੀ ਟੀ ਯੂਨੀਵਰਸਿਟੀ) ਅਤੇ ਪੀ.ਸੀ. ਆਰ ਇੰਚਾਰਜ ਲੁਧਿਆਣਾ ਸੁਦਾਗਰ ਅਲੀ, ਏ ਐੱਸ ਆਈ ਲੁਧਿਆਣਾ ਸਤਨਾਮ ਸਿੰਘ ਅਤੇ ਡਾਇਰੈਕਟਰ ਆੱਫ ਵੀਟਸ ਅਕੈਡਮੀ ਦੀਪਕ ਮਰਵਾਰਾ, ਡੀ. ਐਸ. ਪੀ ਸਵਰਨਜੀਤ ਸਿੰਘ ਫਿਲੌਰ, ਰਮੇਸ਼ ਸਿੰਘ ਪ੍ਰਿੰਸੀਪਲ ਪਹੁੰਚੇ। ਇਸ ਮੌਕੇ ਬੱਚਿਆ ਵੱਲੋਂ ਆਪਣਾ ਰੰਗਾਰੰਗ ਅਤੇ ਸੱਭਿਆਚਾਰਕ ਪ੍ਰੋਗਰਾਮ ਪੇਸ ਕਰਕੇ ਦਰਸ਼ਕਾਂ ਦਾ ਮਨ ਮੋਹਿਆ। ਜਿਸ ਵਿੱਚ ਭੰਗੜਾ, ਗਿੱਧਾ, ਕਰਾਟੇ ਅਤੇ ਸ. ਭਗਤ ਸਿੰਘ ਦੀ ਜੀਵਨੀ ਅਤੇ ਹੋਰ ਵੱਖ ਵੱਖ ਪੇਸ਼ਕਾਰੀਆਂ ਕੀਤੀਆਂ ਗਈਆਂ। ਸਲਾਨਾ ਸਮਾਗਮ ਦੌਰਾਨ ਪੜ੍ਹਾਈ ਅਤੇ ਖੇਡਾਂ 'ਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਬੱਚਿਆਂ ਨੂੰ ਪ੍ਰਿੰਸੀਪਲ ਡਾ. ਮਮਤਾ ਬਕਸ਼ੀ ਅਤੇ ਮੁੱਖ ਮਹਿਮਾਨਾਂ ਵਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ । ਇਸ ਮੌਕੇ ਡਾ. ਮਮਤਾ ਬਕਸ਼ੀ ਨੇ ਕਿਹਾ ਕਿ ਬੱਚੇ ਦੇਸ਼ ਦਾ ਭਵਿੱਖ ਹਨ। ਇਨ੍ਹਾਂ ਨੂੰ ਸਹੀ ਦਿਸ਼ਾ ਦੇ ਕੇ ਤਰੱਕੀ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ। ਉਨ੍ਹਾਂ ਬੱਚਿਆਂ ਦੇ ਉਜੱਵਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਇਸ ਮੌਕੇ ਪਤਵੰਤੇ ਸੱਜਣਾਂ ਅਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ।

# 16 ਦੀ ਕੌਮੀ ਹੜਤਾਲ 'ਚ ਪੈਨਸ਼ਨਰ ਹੋਣਗੇ ਸ਼ਾਮਲ : ਆਗੂ

**ਫਗਵਾੜਾ** : ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਤਹਿਸੀਲ ਫਗਵਾੜਾ ਦੀ ਮਾਸਿਕ ਮੀਟਿੰਗ ਸੀਨੀਅਰ ਮੀਤ ਪ੍ਰਧਾਨ ਸੀਤਲ ਰਾਮ ਬੰਗਾ ਦੀ ਪ੍ਰਧਾਨਗੀ ਹੇਠ ਫਗਵਾੜਾ ਵਿਖੇ ਹੋਈ। ਮੀਟਿੰਗ ਦੀ ਸਮੁੱਚੀ ਕਾਰਵਾਈ ਨੂੰ ਮੀਟਿੰਗ ਦਾ ਅਜੰਡਾ ਪੇਸ ਕਰਦੇ ਹੋਏ ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਚਲਾਇਆ । ਮੀਟਿੰਗ ਨੂੰ ਸੰਬੋਧਨ ਕਰਦਿਆਂ ਐਸੋਸੀਏਸ਼ਨ ਦੇ ਸਰਪ੍ਰਸਤ ਅਤੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸਾਬਕਾ ਸੂਬਾ ਪ੍ਰਧਾਨ ਸਾਥੀ ਕਰਨੈਲ ਸਿੰਘ ਸੰਧੂ ਨੇ ਕਿਹਾ ਕਿ ਦੇਸ਼ ਅੰਦਰ 16 ਫਰਵਰੀ ਦੀ ਕੌਮੀ ਹੜਤਾਲ ਕੇਂਦਰ ਸਰਕਾਰ ਦੀਆਂ ਆਮ ਲੋਕਾਂ, ਮੁਲਾਜ਼ਮਾਂ, ਮਜ਼ਦੂਰਾਂ, ਕਿਰਤੀ ਲੋਕਾਂ ਦੀ ਲੁੱਟ ਕਰਨ ਵਾਲੀਆਂ ਨੀਤੀਆਂ, ਨਿੱਜੀਕਰਨ ਅਤੇ ਕਾਰਪੋਰੇਟ ਘਰਾਣਿਆਂ ਨੂੰ ਬੇਸ਼ਕੀਮਤੀ ਲਾਭ ਦੇਣ ਦੀਆਂ ਨੀਤੀਆਂ ਅਤੇ ਪਬਲਿਕ ਅਦਾਰਿਆਂ ਨੂੰ ਲਗਾਤਾਰ ਪ੍ਰਾਈਵੇਟ ਹੱਥਾਂ ਵਿੱਚ ਕੌਡੀਆਂ ਦੇ ਭਾਅ ਵੇਚਣ ਦੇ ਵਿਰੁੱਧ ਕੀਤੀ ਜਾ ਰਹੀ ਹੈ। ਕੌਮੀ ਹੜਤਾਲ ਦੇ ਮੁੱਦਿਆਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਪੀ ਐੱਫ ਆਰ ਡੀ ਏ ਬਿੱਲ ਰੱਦ ਕਰਵਾਉਣ, ਪਬਲਿਕ ਅਦਾਰਿਆਂ ਨੂੰ ਵੇਚਣ ਤੋਂ ਰੋਕਣ ਲਈ, ਨਵੀਂ ਪੈਨਸ਼ਨ ਸਕੀਮ ਰੱਦ ਕਰਵਾ ਕੇ ਪੁਰਾਣੀ ਪੈਨਸ਼ਨ ਬਹਾਲ ਕਰਵਾਉਣ, ਠੇਕੇਦਾਰੀ ਸਿਸਟਮ ਅਤੇ ਨਿੱਜੀਕਰਨ ਨੂੰ ਬੰਦ ਕਰਵਾਉਣ, ਅੱਠਵੇਂ ਵੇਤਨ ਆਯੋਗ ਦੀ ਸਥਾਪਨਾ ਕਰਵਾਉਣ, ਰੈਗੂਲਰ ਨਿਯੁਕਤੀਆਂ ਪੂਰੇ ਪੂਰੇ ਗਰੇਡਾਂ ਵਿੱਚ ਚਾਲੂ ਕਰਵਾਉਣ, ਸਿੱਖਿਆ ਨੀਤੀਆਂ 2020 ਨੂੰ ਰੱਦ ਕਰਵਾਉਣ, ਹਿੱਟ ਐਂਡ ਰਨ-ਕਾਲਾ ਕਾਨੂੰਨ ਰੱਦ ਕਰਵਾਉਣ, ਟਰੇਡ ਯੂਨੀਅਨ ਅਧਿਕਾਰਾਂ ਨੂੰ ਬਹਾਲ ਕਰਵਾਉਣ, ਛੇਵੇਂ ਪੇ ਕਮਿਸ਼ਨ ਦੇ 66 ਮਹੀਨਿਆਂ ਦੇ ਬਕਾਏ, ਡੀ ਏ ਦੀਆਂ ਰਹਿੰਦੀਆਂ ਕਿਸ਼ਤਾਂ ਅਤੇ ਬਕਾਏ ਲੈਣ, ਪੈਨਸ਼ਨ ਰੀਵਾਈਜ਼ ਲਈ 2.59 ਦਾ ਗੁਣਾਂਕ ਲੈਣ ਆਦਿ ਮੁੱਦਿਆਂ ਲਈ ਕੀਤੀ ਜਾ ਰਹੀ ਹੈ। ਸਰਬਸੰਮਤੀ ਨਾਲ ਮਤਾ ਪਾਸ ਕਰਕੇ ਇਸ ਕੌਮੀ ਹੜਤਾਲ ਸਮੇਂ ਚੱਕਾ ਜਾਮ ਕਰਕੇ ਹੋਣ ਵਾਲੀ ਰੈਲੀ ਦਾ ਪੁਰਜ਼ੋਰ ਸਮਰਥਨ ਕਰਦੇ ਹੋਏ ਰੈਲੀ ਵਿੱਚ ਪੈਨਸ਼ਨਰ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਦੂਜੇ ਮਤੇ ਰਾਹੀਂ ਬੋਲਣ ਦੀ ਆਜ਼ਾਦੀ ਖਤਮ ਕਰਨ ਲਈ ਪੰਜਾਬ ਸਰਕਾਰ ਵੱਲੋਂ ਤਰਕਸੀਲ ਆਗੂਆਂ 'ਤੇ ਧਾਰਾ 295 ਏ ਅਧੀਨ ਕੀਤੇ ਦਰਜ ਕੇਸਾਂ ਦੀ ਜ਼ੋਰਦਾਰ ਨਿਖੇਧੀ ਕਰਦੇ ਹੋਏ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਕੇਸ ਬਿਨਾਂ ਸ਼ਰਤ ਤੁਰੰਤ ਖਤਮ ਕੀਤੇ ਜਾਣ। ਤੀਜੇ ਮਤੇ ਰਾਹੀਂ ਪੁਰਾਣੀ ਪੈਨਸ਼ਨ ਬਹਾਲ ਕਰਵਾਉਣ ਪੁਰਾਣੀ ਪੈਨਸਨ ਬਹਾਲੀ ਸਾਂਝਾ ਮੋਰਚਾ ਪੰਜਾਬ ਵਲੋਂ 25 ਫਰਵਰੀ ਸੰਗਰੂਰ ਵਿਖੇ ਹੋ ਰਹੀ ਸੂਬਾਈ ਰੈਲੀ ਅਤੇ 3 ਮਾਰਚ ਨੂੰ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਵਲੋਂ ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਦੀ ਰਿਹਾਇਸ਼ ਅੱਗੇ ਕੀਤੀ ਜਾਣ ਵਾਲੀ ਰੈਲੀ ਵਿੱਚ ਵੀ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ। ਮੀਟਿੰਗ ਸੀਨੀਅਰ ਮੀਤ ਪ੍ਰਧਾਨ ਪ੍ਰਧਾਨ ਸੀਤਲ ਰਾਮ ਬੰਗਾ, ਸਰਪ੍ਰਸਤ ਕਰਨੈਲ ਸਿੰਘ ਸੰਧੂ, ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ, ਵਿੱਤ ਸਕੱਤਰ ਹਰਿੰਦਰ ਸਿੰਘ, ਜੁਆਇੰਟ ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ, ਸਾਧੂ ਰਾਮ ਜੱਖੂ, ਸਤਪਾਲ ਸਿੰਘ, ਕ੍ਰਿਸ਼ਨ ਗੋਪਾਲ ਚੋਪੜਾ, ਹਰਭਜਨ ਲਾਲ ਕੌਲ, ਕੇ.ਕੇ.ਪਾਂਡੇ, ਗਿਆਨ ਚੰਦ, ਹਰਭਜਨ ਲਾਲ, ਰਤਨ ਸਿੰਘ ਆਦਿ ਸਾਥੀ ਹਾਜ਼ਰ ਹੋਏ।



# ਸੰਤ ਹੀਰਾ ਦਾਸ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕਾਲਾ ਸੰਘਿਆਂ 'ਚ ਵਿਦਾਇਗੀ ਸਮਾਰੋਹ

**ਕਾਲਾ ਸੰਘਿਆਂ (ਮਨਜੀਤ ਮਾਨ)**-ਸੰਤ ਹੀਰਾ ਦਾਸ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕਾਲਾ ਸੰਘਿਆਂ ਵਿਖੇ ਦੋ ਰੋਜ਼ਾ ਵਿਦਾਇਗੀ ਸਮਾਰੋਹ ਅਯੋਜਿਤ ਕੀਤਾ ਗਿਆ। ਪਹਿਲੇ ਦਿਨ ਲੜਕੀਆਂ ਦਾ ਵਿਦਾਇਗੀ ਸਮਾਰੋਹ ਹੋਇਆ ਜਿਸ ਵਿੱਚ ਗਿਆਰ੍ਹਵੀਂ ਕਲਾਸ ਦੀਆਂ ਲੜਕੀਆਂ ਨੇ ਆਪਣੀਆਂ ਸੀਨੀਅਰ ਬਾਰ੍ਹਵੀਂ ਕਲਾਸ ਦੀਆਂ ਲੜਕੀਆਂ ਨੂੰ ਵਿਦਾਇਗੀ ਪਾਰਟੀ ਦਿੱਤੀ। ਇਸ ਮੌਕੇ ਅੰਮ੍ਰਿਤਪਾਲ ਕੌਰ ਸੰਘਾ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਦੋਹਾਂ ਕਲਾਸਾਂ ਦੀਆਂ ਲੜਕੀਆਂ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਜਿਸ ਵਿੱਚ ਗਿੱਧਾ, ਸੋਲੋ ਡਾਂਸ ਤੇ ਹੋਰ ਵੀ ਮਨੋਰੰਜਨ ਆਈਟਮਾਂ ਸ਼ਾਮਲ ਸਨ। ਇਸ ਵਿਦਾਇਗੀ ਪਾਰਟੀ ਦਾ ਆਯੋਜਨ ਸਕੂਲ ਦੀ ਪ੍ਰਿੰਸੀਪਲ ਬਲਜਿੰਦਰ ਕੌਰ ਸੇਖੋਂ, ਵਾਈਸ ਪ੍ਰਿੰਸੀਪਲ ਸੁਖਜਿੰਦਰ ਸਿੰਘ ਦੀ ਅਗਵਾਈ ਵਿੱਚ ਕੀਤਾ ਗਿਆ ਅਤੇ ਸਕੂਲ ਦੇ ਸਾਰੇ ਸਟਾਫ ਮੈਂਬਰਾਂ ਨੇ ਇਸ ਨੂੰ ਸਫਲ ਬਣਾਉਣ ਲਈ ਵੱਧ ਚੜ੍ਹ ਕੇ ਮਿਹਨਤ ਕੀਤੀ। ਇਸ ਸਮਾਗਮ ਵਿੱਚ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜੀਨੀਅਰ ਸੀਤਲ ਸਿੰਘ ਸੰਘਾ, ਸੈਕਟਰੀ ਸੰਜੀਵ ਕੁਮਾਰ ਹੈਪੀ ਅਤੇ ਡਾਇਰੈਕਟਰ ਡਾਕਟਰ ਰਾਮ ਮੂਰਤੀ ਵੀ ਉਚੇਚੇ ਤੌਰ 'ਤੇ ਸ਼ਾਮਲ ਹੋਏ ਅਤੇ ਉਨਾਂ ਨੇ ਜਾ ਰਹੀਆਂ ਬੱਚੀਆਂ ਨੂੰ ਸ਼ੁੱਭ ਇਛਾਵਾਂ ਤੇ ਅਸ਼ੀਰਵਾਦ ਦਿੱਤਾ। ਦੂਸਰੇ ਦਿਨ ਦੇ ਸਮਾਗਮ ਵਿੱਚ ਗਿਆਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਨੇ ਬਾਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ ਦਿੱਤੀ ਜਿਸ ਵਿੱਚ ਸਵੇਰ ਦਾ ਚਾਹ ਪਾਣੀ ਅਤੇ ਦੁਪਹਿਰ ਦਾ ਖਾਣਾ ਸ਼ਾਮਲ ਸੀ। ਗਿਆਰ੍ਹਵੀਂ ਕਲਾਸ ਦੇ ਲੜਕਿਆਂ ਨੇ ਬਾਰ੍ਹਵੀਂ ਕਲਾਸ ਦੇ ਲੜਕਿਆਂ ਨੂੰ ਤੋਹਫੇ ਅਤੇ ਯਾਦ ਨਿਸ਼ਾਨੀਆਂ ਦਿੱਤੀਆਂ।



# 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਕੈਂਪਾਂ ਨੂੰ ਮਿਲ ਰਿਹੈ ਭਰਪੂਰ ਹੁੰਗਾਰਾ : ਬਲਕਾਰ ਸਿੰਘ

**ਜਲੰਧਰ ( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**:-ਪੰਜਾਬ ਸਰਕਾਰ ਵਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬਾ ਵਾਸੀਆਂ ਨੂੰ ਨਾਗਰਿਕ ਸੇਵਾਵਾਂ ਦਾ ਲਾਭ ਉਨ੍ਹਾਂ ਦੇ ਘਰਾਂ ਤੱਕ ਪਹੁੰਚਾਉਣ ਲਈ ਸ਼ੁਰੂ ਕੀਤੀ ਗਈ ਵਿਸ਼ੇਸ਼ ਪਹਿਲ ਕਦਮੀ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਵਿਧਾਨ ਸਭਾ ਹਲਕਾ ਕਰਤਾਰਪੁਰ ਦੇ ਪਿੰਡ ਲਿੱਧੜਾਂ ਅਤੇ ਪਿੰਡ ਭੱਠੇ ਵਿਖੇ ਵਿਸ਼ੇਸ਼ ਕੈਂਪ ਲਗਾਏ ਗਏ। ਇਸ ਮੌਕੇ ਲਗਾਏ ਗਏ ਵਿਸ਼ੇਸ਼ ਕੈਂਪਾਂ ਦੌਰਾਨ ਲੋਕਾਂ ਨੂੰ ਉਨ੍ਹਾਂ ਦੀਆਂ ਬਰੂਹਾਂ 'ਤੇ ਪ੍ਰਦਾਨ ਕੀਤੀਆਂ ਜਾ ਰਹੀਆਂ ਨਾਗਰਿਕ ਸੇਵਾਵਾਂ ਦਾ ਜਾਇਜ਼ਾ ਲੈਂਦਿਆਂ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਨੇ ਕਿਹਾ ਕਿ ਲੋਕਾਂ ਵਲੋਂ ਇਨਾਂ ਕੈਂਪਾਂ ਨੂੰ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਦੀ 'ਆਪ ਦੀ ਸਰਕਾਰ, ਆਪ ਦੇ ਦੁਆਰ' ਪਹਿਲਕਦਮੀ ਲੋਕਾਂ ਲਈ ਵਰਦਾਨ ਸਾਬਿਤ ਹੋ ਰਹੀ ਹੈ। ਪਿੰਡ ਭੱਠੇ ਵਿਖੇ ਪੰਜਾਬ ਸਰਕਾਰ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ਵਿਚ ਲੋਕ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ , ਜਿਨ੍ਹਾਂ ਦਾ ਕੈਬਨਿਟ ਮੰਤਰੀ ਵੱਲੋਂ ਸਵਾਗਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਨਾਲ ਜਿਥੇ ਲੋਕਾਂ ਨੂੰ ਆਪਣਾ ਕੰਮ ਕਰਵਾਉਣ ਲਈ ਦਫ਼ਤਰਾਂ ਵਿੱਚ ਜਾਣ ਤੋਂ ਰਾਹਤ ਮਿਲੇਗੀ ਉਥੇ ਹੀ ਉਨਾਂ ਦਾ ਕੀਮਤੀ ਸਮਾਂ ਵੀ ਬਚੇਗਾ। ਇਸ ਮੌਕੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵਲੋਂ 'ਆਪ ਦੀ ਸਰਕਾਰ, ਆਪ ਦੇ ਦੁਆਰ' ਤਹਿਤ ਵਿਸ਼ੇਸ਼ ਕੈਂਪ ਲਗਾਉਣ ਦਾ ਮੁੱਖ ਮੰਤਵ ਉਨ੍ਹਾਂ ਦੇ ਘਰਾਂ ਨੇੜੇ ਅਤੇ ਇਕੋ ਛੱਤ ਥੱਲੇ ਸਰਕਾਰੀ ਸੇਵਾਵਾਂ ਦਾ ਲਾਭ ਪਹੁੰਚਾਉਣਾ ਅਤੇ ਉਨ੍ਹਾਂ ਨੂੰ ਦਰਪੇਸ਼ ਮੁਸ਼ਕਲਾਂ ਦੀ ਸੁਣਵਾਈ ਕਰਕੇ ਉਨ੍ਹਾਂ ਦੇ ਜਲਦ ਨਿਪਟਾਰੇ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਸੂਬਾ ਸਰਕਾਰ ਵਲੋਂ ਹੈਲਪਲਾਈਨ ਨੰਬਰ 1076 ਸ਼ੁਰੂ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਦੌਰਾਨ ਜਨਮ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਵਜ਼ੀਫੇ, ਰਿਹਾਇਸ਼ ਸਰਟੀਫਿਕੇਟ, ਜਾਤੀ ਸਰਟੀਫਿਕੇਟ, ਬੁਢਾਪਾ ਪੈਨਸ਼ਨ, ਬਿੱਲਾਂ ਦੇ ਭੁਗਤਾਨ, ਮਾਲ ਵਿਭਾਗ ਸਬੰਧੀ ਰਿਕਾਰਡ ਦੀ ਪੜਤਾਲ, ਸ਼ਾਦੀ ਦੀ ਰਜਿਸਟ੍ਰੇਸ਼ਨ, ਮੌਤ ਦੀ ਇਕ ਤੋਂ ਵੱਧ ਕਾਪੀਆਂ, ਦਸਤਾਵੇਜ਼ਾਂ ਦੇ ਤਸਦੀਕ ਸ਼ੁਦਾ ਕਾਪੀਆਂ, ਪੇਂਡੂ ਖੇਤਰ ਸਰਟੀਫਿਕੇਟ, ਫਰਦ ਬਣਾਉਣੀ, ਆਮ ਜਾਤੀ ਸਰਟੀਫਿਕੇਟ, ਸ਼ਗਨ ਸਕੀਮ, ਜ਼ਮੀਨ ਦੀ ਨਿਸ਼ਾਨਦੇਹੀ, ਐੱਨ.ਆਰ. ਆਈ. ਦੇ ਸਰਟੀਫਿਕੇਟਾਂ ਦੇ ਕਾਊਂਟਰ ਦਸਤਖ਼ਤ, ਪੁਲਸ ਕਲੀਅਰੈਂਸ ਸਰਟੀਫਿਕੇਟ ਦੇ ਕਾਊਂਟਰ ਦਸਤਖ਼ਤ, ਮੌਤ ਸਰਟੀਫਿਕੇਟ 'ਚ ਤਬਦੀਲੀ ਦੀਆਂ ਸੇਵਾਵਾਂ ਆਦਿ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕੈਂਪਾਂ ਵਿੱਚ ਪ੍ਰਾਪਤ ਯੋਗ ਅਰਜ਼ੀਆਂ ਦਾ ਪਹਿਲ ਦੇ ਅਧਾਰ 'ਤੇ ਨਿਪਟਾਰਾ ਯਕੀਨੀ ਬਣਾ ਕੇ ਲੋਕਾਂ ਨੂੰ ਰਾਹਤ ਪਹੁੰਚਾਈ ਜਾਵੇ।



# ਕੌਮਾਂਤਰੀ ਮਾਂ ਬੋਲੀ ਦਿਵਸ ਮੌਕੇ ਰੋਸ ਪ੍ਰਦਰਸ਼ਨ ਦੀ ਲਾਮਬੰਦੀ ਲਈ ਚੰਡੀਗੜ੍ਹ ਪੰਜਾਬੀ ਮੰਚ ਦੀ ਮੀਟਿੰਗ

**ਚੰਡੀਗੜ੍ਹ ( ਗੁਰਜੀਤ ਬਿੱਲਾ )** : ਕੌਮਾਂਤਰੀ ਮਾਂ ਬੋਲੀ ਦਿਵਸ ਮੌਕੇ 21 ਫ਼ਰਵਰੀ ਨੂੰ ਚੰਡੀਗੜ੍ਹ ਪੰਜਾਬੀ ਮੰਚ ਵੱਲੋਂ ਯੂ.ਟੀ. ਚੰਡੀਗੜ੍ਹ ਪ੍ਰਸ਼ਾਸਨ ਖਿਲਾਫ਼ ਕੱਢੇ ਜਾਣ ਵਾਲੇ ਰੋਸ ਮਾਰਚ ਵਿੱਚ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਕਰਵਾਉਣ ਲਈ ਕੀਤੀਆਂ ਜਾ ਰਹੀਆਂ ਮੀਟਿੰਗਾਂ ਦੇ ਸਿਲਸਿਲੇ ਵਜੋਂ ਪਿੰਡ ਸਾਰੰਗਪੁਰ ਵਿਖੇ ਮੀਟਿੰਗ ਕੀਤੀ ਗਈ। ਪਿੰਡ ਦੇ ਸਾਬਕਾ ਸਰਪੰਚ ਅਤੇ ਪੇਂਡੂ ਸੰਘਰਸ਼ ਕਮੇਟੀ ਚੰਡੀਗੜ੍ਹ ਦੇ ਸਰਪ੍ਰਸਤ ਬਾਬਾ ਸਾਧੂ ਸਿੰਘ ਸਾਰੰਗਪੁਰ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਵਿੱਚ ਪਿੰਡ ਸਾਰੰਗਪੁਰ ਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਗੁਰਦਿਆਲ ਸਿੰਘ, ਮੰਚ ਦੇ ਪ੍ਰਧਾਨ ਸੁਖਜੀਤ ਸਿੰਘ ਸੁੱਖਾ ਹੱਲੋਮਾਜਰਾ, ਜਨਰਲ ਸਕੱਤਰ ਕਾਮਰੇਡ ਦੇਵੀ ਦਿਆਲ ਸ਼ਰਮਾ, ਕੈਸ਼ੀਅਰ ਅਤੇ ਕਿਸਾਨ ਆਗੂ ਸ਼ਰਨਜੀਤ ਸਿੰਘ ਬੈਦਵਾਨ ਰਾਏਪੁਰ ਕਲਾਂ, ਬਾਬਾ ਗੁਰਦਿਆਲ ਸਿੰਘ ਖੁੱਡਾ ਅਲੀਸ਼ੇਰ, ਜਸਵਿੰਦਰ ਸਿੰਘ ਜੱਸਲ ਆਦਿ ਵੀ ਹਾਜ਼ਰ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮੰਚ ਦੇ ਪ੍ਰਧਾਨ ਸੁਖਜੀਤ ਸਿੰਘ ਸੁੱਖਾ ਅਤੇ ਜਨਰਲ ਸਕੱਤਰ ਕਾਮਰੇਡ ਦੇਵੀ ਦਿਆਲ ਸ਼ਰਮਾ ਨੇ ਪਿੰਡ ਵਾਸੀਆਂ ਨੂੰ ਦੱਸਿਆ ਕਿ 21 ਫ਼ਰਵਰੀ ਨੂੰ ਸੈਕਟਰ 34 ਸਥਿਤ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਵਿਖੇ ਇਕੱਤਰ ਹੋ ਕੇ ਵੱਡੀ ਗਿਣਤੀ ਪੰਜਾਬੀ ਹਿਤੈਸ਼ੀ ਆਪੋ ਆਪਣੀਆਂ ਕਾਰਾਂ ਅਤੇ ਸਕੂਟਰਾਂ/ਮੋਟਰਸਾਈਕਲਾਂ ਉਤੇ ਯੂ.ਟੀ. ਪ੍ਰਸ਼ਾਸਨ ਖਿਲਾਫ਼ ਰੋਸ ਮਾਰਚ ਕੱਢਣਗੇ ਜੋ ਕਿ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਅਤੇ ਪਿੰਡਾਂ ਵਿੱਚੋਂ ਦੀ ਹੁੰਦਾ ਹੋਇਆ ਪਿੰਡ ਖੁੱਡਾ ਅਲੀਸ਼ੇਰ ਦੇ ਗੁਰਦੁਆਰਾ ਸਾਹਿਬ ਵਿਖੇ ਜਾ ਕੇ ਸਮਾਪਤ ਹੋਵੇਗਾ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਰੋਸ ਮਾਰਚ ਵਿੱਚ ਜ਼ਰੂਰ ਸ਼ਾਮਲ ਹੋਣ। ਉਨ੍ਹਾਂ ਕਿਹਾ ਕਿ ਪੇਂਡੂ ਲੋਕਾਂ ਦੇ ਸਹਿਯੋਗ ਨਾਲ ਯੂ.ਟੀ. ਪ੍ਰਸ਼ਾਸਨ ਨੂੰ ਇਸ ਖਿੱਤੇ ਦੀ ਬੋਲੀ ਨੂੰ ਪਹਿਲੀ ਅਤੇ ਪ੍ਰਸ਼ਾਸਕੀ ਭਾਸ਼ਾ ਦਾ ਦਰਜਾ ਦਿਵਾਉਣ ਲਈ ਯਤਨ ਲਗਾਤਾਰ ਜਾਰੀ ਰਹਿਣਗੇ ਅਤੇ ਪ੍ਰਸ਼ਾਸਨ ਨੂੰ ਝੁਕਾਉਣ ਲਈ ਸੰਘਰਸ਼ ਜਾਰੀ ਰਹੇਗਾ। ਬਾਬਾ ਸਾਧੂ ਸਿੰਘ ਸਾਰੰਗਪੁਰ ਅਤੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਪ੍ਰਧਾਨ ਗੁਰਦਿਆਲ ਸਿੰਘ ਨੇ ਮੰਚ ਦੇ ਅਹੁਦੇਦਾਰਾਂ ਨੂੰ ਵਿਸ਼ਵਾਸ ਦਿਵਾਇਆ ਕਿ ਮਾਂ ਬੋਲੀ ਪੰਜਾਬੀ ਲਈ ਮੰਚ ਵੱਲੋਂ ਕੀਤੇ ਜਾ ਰਹੇ ਯਤਨਾਂ ਵਿੱਚ ਉਨ੍ਹਾਂ ਦੇ ਪਿੰਡ ਵਾਸੀ ਸਮੇਂ-ਸਮੇਂ 'ਤੇ ਪੂਰਾ ਸਹਿਯੋਗ ਦਿੰਦੇ ਰਹਿਣਗੇ ਅਤੇ 21 ਫ਼ਰਵਰੀ ਦੇ ਰੋਸ ਮਾਰਚ ਵਿੱਚ ਪਿੰਡ ਸਾਰੰਗਪੁਰ ਤੋਂ ਵੱਡੀ ਗਿਣਤੀ ਲੋਕੀਂ ਸ਼ਾਮਲ ਹੋਣਗੇ।

# ਸੇਂਟ ਸੋਲਜਰ ਡਿਵਾਇਨ ਪਬਲਿਕ ਸਕੂਲ ਮਾਨ ਨਗਰ ਵੱਲੋਂ ਵਿਦਾਇਗੀ ਪਾਰਟੀ



**ਜਲੰਧਰ, (ਇਕਬਾਲ ਸਿੰਘ ਉੱਭੀ)** ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਮਾਨ ਨਗਰ, ਜਲੰਧਰ ਵਿਖੇ ਸਕੂਲ ਪ੍ਰਿੰਸੀਪਲ ਅੰਬਿਕਾ ਸ਼ਰਮਾ ਦੀ ਦੇਖ-ਰੇਖ ਹੇਠ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ। 11ਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੇ ਸੀਨੀਅਰਜ਼ ਨੂੰ ਖਿਤਾਬ ਅਤੇ ਖੇਡਾਂ ਜਿਵੇਂ ਬੈਲੂਨ ਬੈਲੇਂਸਿੰਗ, ਸੱਚ ਅਤੇ ਹਿੰਮਤ, ਡਾਂਸਿੰਗ ਚੈਲੇਂਜ, ਰੈਂਪ ਵਾਕ ਆਦਿ ਦੇ ਕੇ ਇੱਕ ਸ਼ਾਨਦਾਰ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ। ਵੱਖ-ਵੱਖ ਸ਼੍ਰੇਣੀਆਂ ਦੇ ਵਿਦਿਆਰਥੀਆਂ ਜਿਵੇਂ ਕਿ ਮਿਸ ਫੇਅਰਵੈੱਲ ਪ੍ਰਭਨੂਰ ਕੌਰ, ਮਿਸਟਰ ਫੇਅਰਵੈੱਲ ਜਸਪ੍ਰੀਤ ਸਿੰਘ, ਮਿਸ ਸੇਂਟ ਸੋਲਜਰ ਸਿਮਰਨਜੀਤ ਕੌਰ ਅਤੇ ਤਮੰਨਾ, ਮਿਸਟਰ ਸੇਂਟ ਸੋਲਜਰ ਦੇਵ ਕੁਮਾਰ, ਮਿਸ ਈਵਨਿੰਗ ਸ੍ਰਿਸ਼ਟੀ ਸਿੰਘ ਅਤੇ ਸ਼ਿਵਾਨੀ, ਮਿਸਟਰ ਈਵਨਿੰਗ ਨਿਤਿਨ ਕੁਮਾਰ, ਮਿਸ ਚਾਰਮਿੰਗ ਗੁਰਲੀਨ ਕੌਰ, ਮਿਸਟਰ ਚਾਰਮਿੰਗ ਰਾਕੇਸ਼ ਕੁਮਾਰ, ਮਿਸ ਪਰਸਨੈਲਿਟੀ ਤਮੰਨਾ ਕਲੇਰ, ਮਿਸਟਰ ਪਰਸਨੈਲਿਟੀ ਵਰੁਣਪ੍ਰੀਤ ਸਿੰਘ। ਇਸ ਮੌਕੇ ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ ਅਤੇ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਸਾਰਿਆਂ ਨੂੰ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਆਸ਼ੀਰਵਾਦ ਦਿੱਤਾ।

# ਕੁਲਵੰਤ ਸਿੰਘ ਸੈਣੀ ਨੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਚਿੱਤੋ ਵਿਖੇ ਮੋਹਨ ਲਾਲ ਅਮਰੀਕਾ ਵੱਲੋਂ ਹਰ ਸਾਲ ਇਸ ਸਾਲ ਵੀ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਚੱਲ ਰਹੇ ਸਲਾਨਾ ਸ਼ਾਨਦਾਰ ਫੁਟਬਾਲ ਟੂਰਨਾਮੈਂਟ ਦੌਰਾਨ ਉਘੇ ਸਮਾਜ ਸੇਵਕ ਕੁਲਵੰਤ ਸਿੰਘ ਸੈਣੀ ਜੱਲੋਵਾਲ ਪ੍ਰਧਾਨ ਸੰਤ ਬਾਬਾ ਰਣ ਸਿੰਘ ਜੀ ਸਪੋਰਟਸ ਕਲੱਬ ਜੱਲੋਵਾਲ ਨੇ ਖਿਡਾਰੀਆਂ ਨਾਲ ਜਾਣ ਪਛਾਣ ਕਰਕੇ ਅਸ਼ੀਰਵਾਦ ਦਿੱਤਾ। ਇਸ ਮੌਕੇ ਪ੍ਰਧਾਨ ਕੁਲਵੰਤ ਸਿੰਘ ਸੈਣੀ ਪ੍ਰਧਾਨ ਸੈਣੀ ਜਾਗ੍ਰਿਤੀ ਮੰਚ ਪੰਜਾਬ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਪੰਜਾਬ ਵਿੱਚ ਵਗ ਰਿਹਾ ਛੇਵਾਂ ਨਸ਼ਿਆਂ ਦੇ ਦਰਿਆ ਨੂੰ ਠੱਲ੍ਹ ਪਾਉਣ ਲਈ ਹਰ ਇੱਕ ਪਿੰਡ ਵਿੱਚ ਖੇਡ ਮੇਲੇ ਕਰਾਉਣੇ ਬਹੁਤ ਹੀ ਜ਼ਰੂਰੀ ਹਨ। ਉਨ੍ਹਾਂ ਦੱਸਿਆ ਕਿ ਪੰਜਵੇਂ ਦਿਨ ਚੱਲ ਰਹੇ ਮੈਚ ਦੌਰਾਨ ਪਿੰਡ ਸਰਹਾਲਾ ਕਲਾਂ ਅਤੇ ਜੱਲੋਵਾਲ ਵਿਚਕਾਰ ਕਰਵਾਇਆ ਗਿਆ ਜਿਸ ਵਿੱਚ ਜੱਲੋਵਾਲ ਦੀ ਟੀਮ ਇੱਕ ਗੋਲ ਤੇ ਜੇਤੂ ਰਹੀ। ਇਸ ਮੌਕੇ ਸੰਤ ਬਾਬਾ ਰਣ ਸਿੰਘ ਸਪੋਰਟਸ ਕਲੱਬ ਜਲੋਆ ਦੇ ਪ੍ਰਧਾਨ ਕੁਲਵੰਤ ਸਿੰਘ ਸੈਣੀ ਜੱਲੋਵਾਲ, ਬਲਦੇਵ ਸਿੰਘ ਦੇਬੂ, ਜਸਵੀਰ ਸਿੰਘ ਸੀਰਾ, ਪਰਮਜੀਤ ਸਿੰਘ ਪੰਮਾ ਪੰਚ, ਜਰਨੈਲ ਸਿੰਘ, ਸੁਖਜੀਤ ਸਿੰਘ, ਪਰਮਜੀਤ ਸਿੰਘ ਪੰਮਾ, ਹਾਕਮ ਸਿੰਘ, ਸੁਲੱਖਣ ਸਿੰਘ ਤੋਂ ਵੱਡੀ ਗਿਣਤੀ ਵਿਚ ਖੇਡ ਪ੍ਰੇਮੀ ਹਾਜ਼ਰ ਸਨ।

# ਕਿਸਾਨ-ਮਜ਼ਦੂਰ ਤੇ ਮੁਲਾਜ਼ਮ ਜਥੇਬੰਦੀਆਂ ਵੱਲੋਂ 16 ਦੀ ਦੇਸ਼-ਵਿਆਪੀ ਹੜਤਾਲ ਨੂੰ ਸਫਲ ਬਣਾਉਣ ਲਈ ਫਿਲੌਰ 'ਚ ਵਿਸ਼ਾਲ ਲਾਮਬੰਦੀ

**ਫਿਲੌਰ (ਨਿਰਮਲ)**- ਸੰਯੁਕਤ ਕਿਸਾਨ ਮੋਰਚਾ, ਮਜ਼ਦੂਰ ਜਥੇਬੰਦੀਆਂ ਤੇ ਮੁਲਾਜ਼ਮ ਜਥੇਬੰਦੀਆਂ ਵਲੋਂ ਕੇਂਦਰੀ ਟਰੇਡ ਯੂਨੀਅਨਾਂ ਤੇ ਸੰਯੁਕਤ ਕਿਸਾਨ ਮੋਰਚਾ ਵਲੋਂ 16 ਫਰਵਰੀ ਦੇ ਦੇਸ਼ ਵਿਆਪੀ ਬੰਦ ਨੂੰ ਸਫਲ ਕਰਨ ਲਈ ਸ਼ਹਿਰ ਫਿਲੌਰ ਵਿੱਚ ਜਨ ਸੰਪਰਕ ਮੁਹਿੰਮ ਤਹਿਤ ਲਾਮਬੰਦੀ ਕੀਤੀ ਗਈ ਤੇ ਦੁਕਾਨਦਾਰਾਂ, ਟੈਕਸੀ ਯੂਨੀਅਨ, ਟਰੱਕ ਯੂਨੀਅਨ ਤੇ ਹੋਰ ਕਾਰੋਬਾਰੀਆਂ ਨੂੰ ਬੰਦ ਦੇ ਸਫਲ ਲਈ ਬੇਨਤੀ ਕੀਤੀ ਗਈ। ਇਸ ਸਮੇਂ ਜਮਹੂਰੀ ਕਿਸਾਨ ਸਭਾ, ਕਿਰਤੀ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਦੁਆਬਾ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ, ਕੁੱਲ ਹਿੰਦ ਕਿਸਾਨ ਸਭਾ, ਦਿਹਾਤੀ ਮਜ਼ਦੂਰ ਸਭਾ, ਪੇਂਡੂ ਮਜ਼ਦੂਰ ਯੂਨੀਅਨ, ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਆਗੂਆਂ ਨੇ ਭਾਰੀ ਸ਼ਮੂਲੀਅਤ ਕੀਤੀ । ਇਸ ਸੰਤੋਖ ਸਿੰਘ ਸੰਧੂ, ਸੰਤੋਖ ਸਿੰਘ ਬਿਲਗਾ, ਗੁਰਨਾਮ ਤੱਗੜ, ਜਸਵਿੰਦਰ ਢੇਸੀ, ਜਰਨੈਲ ਫਿਲੌਰ, ਮਾ. ਹੰਸ ਰਾਜ, ਬਲਵਿੰਦਰ ਸਾਬੀ, ਬਲਜੀਤ ਸਿੰਘ ਮਾਹਲ, ਪਿਆਰਾ ਸਿੰਘ ਲਸਾੜਾ, ਕਰਨੈਲ ਫਿਲੌਰ ਆਦਿ ਨੇ ਪ੍ਰੈੱਸ ਨੂੰ ਦੱਸਿਆ ਕਿ 16 ਫਰਵਰੀ ਦੀ ਹੜਤਾਲ ਕੇਂਦਰ ਸਰਕਾਰ ਅਤੇ ਰਾਜ ਸਰਕਾਰਾਂ ਵਲੋਂ ਨਿੱਜੀਕਰਨ ਨੂੰ ਵਧਾਉਣ, ਪਬਲਿਕ ਅਦਾਰਿਆਂ ਨੂੰ ਕੌਡੀਆਂ ਦੇ ਭਾਅ ਵੇਚਣ ਅਤੇ ਹਰ ਪਾਸੇ ਕਾਰਪੋਰੇਟ ਘਰਾਣਿਆਂ ਨੂੰ ਬੇਸ਼ਕੀਮਤੀ ਲਾਭ ਪਹੁੰਚਾਉਣ ਦੀਆਂ ਨੀਤੀਆਂ ਨੂੰ ਲਾਗੂ ਕਰਨ ਅਤੇ ਨੌਜਵਾਨਾਂ ਤੋਂ ਵੱਡੇ ਪੱਧਰ 'ਤੇ ਰੋਜ਼ਗਾਰ ਦੇ ਮੌਕੇ ਖੋਹਣ ਆਦਿ ਨੀਤੀਆਂ ਦੇ ਵਿਰੁੱਧ ਕੀਤੀ ਜਾ ਰਹੀ ਹੈ। ਕੌਮੀ ਹੜਤਾਲ ਅਤੇ ਭਾਰਤ ਬੰਦ ਦੇ ਮੁੱਦਿਆਂ ਦਾ ਜ਼ਿਕਰ ਕਰਦਿਆਂ ਆਗੂਆਂ ਦੱਸਿਆ ਕਿ ਪੀ ਐੱਫ ਆਰ ਡੀ ਏ ਬਿੱਲ ਰੱਦ ਕਰਵਾਉਣ, ਨਵੀਂ ਪੈਨਸ਼ਨ ਸਕੀਮ ਨੂੰ ਰੱਦ ਕਰਵਾ ਕੇ ਪੁਰਾਣੀ ਪੈਨਸ਼ਨ ਬਹਾਲ ਕਰਵਾਉਣ, ਹਰ ਪ੍ਰਕਾਰ ਦੇ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਵਾਉਣ, ਖਾਲੀ ਪੋਸਟਾਂ ਨੂੰ ਰੈਗੂਲਰ ਨਿਯੁਕਤੀਆਂ ਰਾਹੀਂ ਭਰਵਾਉਣ, ਪਬਲਿਕ ਅਦਾਰਿਆਂ ਨੂੰ ਕੌਡੀਆਂ ਦੇ ਭਾਅ ਵੇਚਣ ਤੋਂ ਰੋਕਣ ਲਈ, ਠੇਕੇਦਾਰੀ ਸਿਸਟਮ ਅਤੇ ਨਿੱਜੀਕਰਨ ਨੂੰ ਬੰਦ ਕਰਵਾਉਣ ਲਈ, ਸਿੱਖਿਆ ਨੀਤੀ -2020, ਬਿੱਜਲੀ ਬਿੱਲ-2022,ਹਿੱਟ ਐਂਡ ਰਨ-ਕਾਲਾ ਕਾਨੂੰਨ ਨੂੰ ਰੱਦ ਕਰਵਾਉਣ, ਅੱਠਵੇਂ ਵੇਤਨ ਅਯੋਗ ਦੀ ਸਥਾਪਨਾ ਕਰਵਾਉਣ, ਕਿਰਤ ਕਾਨੂੰਨਾਂ ਵਿੱਚ ਕੀਤੀਆਂ ਸੋਧਾਂ ਨੂੰ ਰੱਦ ਕਰਵਾਉਣ, ਸਾਰੀਆਂ ਫਸਲਾਂ ਤੇ ਐਮ ਐਸ ਪੀ ਦੀ ਪੂਰੀ ਪੂਰੀ ਗ੍ਰਾਂਟਾਂ ਲੈਣ, ਟਰੇਡ ਯੂਨੀਅਨ ਅਧਿਕਾਰਾਂ ਨੂੰ ਬਹਾਲ ਕਰਵਾਉਣ, ਹਰ ਪ੍ਰਕਾਰ ਦੇ ਮਜ਼ਦੂਰਾਂ ਦੀ ਦਿਹਾੜੀ 700 ਰੁਪਏ ਕਰਵਾਉਣ, ਮਨਰੇਗਾ ਕਾਮਿਆਂ ਲਈ ਪੂਰਾ ਸਾਲ ਕੰਮ ਉਪਲਬਧ ਕਰਵਾਉਣ , ਛੇਵੇਂ ਪੇ ਕਮਿਸ਼ਨ ਦੇ 66 ਮਹੀਨਿਆਂ ਦੇ ਬਕਾਏ ਲੈਣ ਅਤੇ ਡੀ ਏ ਦੀਆਂ ਰਹਿੰਦੀਆਂ ਕਿਸ਼ਤਾਂ ਬਕਾਏ ਸਮੇਂ ਲੈਣ ਲਈ ਆਦਿ ਮੁੱਦਿਆਂ ਨੂੰ ਲੈ ਕੇ ਕੇਂਦਰ ਸਰਕਾਰ ਅਤੇ ਰਾਜ ਸਰਕਾਰਾਂ ਵਿਰੁੱਧ ਰੋਸ ਪ੍ਰਦਰਸ਼ਨ ਕਰਨ ਲਈ ਪੂਰੇ ਦੇਸ਼ ਵਿੱਚ 16 ਫਰਵਰੀ ਦੀ ਸਮੂਹਿਕ ਹੜਤਾਲ ਕਰਕੇ ਭਾਰਤ ਬੰਦ ਕੀਤਾ ਜਾਵੇਗਾ ਤੇ ਫਿਲੌਰ ਨੇੜੇ ਪੈਪਸੀ ਕੰਪਨੀ ਅੱਗੇ ਚੱਕਾ ਜਾਮ ਕਰਕੇ ਰੈਲੀ ਕੀਤੀ ਜਾਵੇਗੀ। ਆਗੂਆਂ ਨੇ ਸਾਂਝੇ ਤੌਰ 'ਤੇ ਸਮੁੱਚੇ ਅਧਿਆਪਕ ਵਰਗ ਨੂੰ ਉਪਰੋਕਤ ਮਸਲਿਆਂ ਦਾ ਹੱਲ ਕਰਵਾਉਣ ਲਈ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਪੁਰਜ਼ੋਰ ਅਪੀਲ ਵੀ ਕੀਤੀ। ਇਸ ਸਮੇਂ ਹੋਰਨਾਂ ਤੋਂ ਇਲਾਵਾ ਜੇ ਪੀ ਗਰੇਵਾਲ, ਤਰਪਰੀਤ ਉੱਪਲ, ਸੁਰਜੀਤ ਸਮਰਾ, ਸੰਦੀਪ ਕੁਮਾਰ, ਰਜਿੰਦਰ ਕੁਮਾਰ, ਬਲਜੀਤ ਮਾਹਲ, ਮੱਘਰ ਸਿੰਘ ਭੈਣੀ, ਜਥੇ ਕਸ਼ਮੀਰ ਸਿੰਘ, ਹਰਜਿੰਦਰ ਭੈਣੀ, ਤਾਰਾ ਭੈਣੀ, ਕੁਲਜਿੰਦਰ ਸਿੰਘ ਫਿਲੌਰ, ਜਸਵੀਰ ਸਿੰਘ ਫਿਲੌਰ, ਬਲਵੀਰ ਬਿਲਗਾ, ਕੁਲਦੀਪ ਵਾਲੀਆ, ਮੇਜਰ ਫਿਲੌਰ, ਅੰਮ੍ਰਿਤ ਨੰਗਲ, ਕਮਲਜੀਤ ਰਾਮਗੜ੍ਹ, ਬਲਜੀਤ ਫਿਲੌਰ, ਆਦਿ ਹਾਜ਼ਰ ਸਨ।




**Capital Small Finance Bank Ltd.**
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ ਅਚੱਲ ਜਾਇਦਾਦ ਲਈ**

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਿਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ (ਐਕਟ, 2002 {54 ਆਫ 2002}) ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਸੈਕਸ਼ਨ 13 (12) ਨਾਲ ਪੜ੍ਹੇ ਜਾਂਦੇ ਨਿਯਮ 9 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ 1. ਮੈਸ. ਸ਼ੰਕਰ ਟ੍ਰੇਡਿੰਗ ਕਾਰਪੋਰੇਸ਼ਨ, ਵਾਸੀ 711/9, ਗਲੀ ਫੱਟਿਆਂ ਵਾਲੀ, ਅੰਦਰੂਨ ਗੇਟ ਖਜ਼ਾਨਾ, ਅੰਮ੍ਰਿਤਸਰ ਰਾਹੀਂ ਇਸਦੇ ਮਾਲਕ ਸਪਨਾ ਸ਼ਰਮਾ ਅਤੇ ਨਾਲ ਹੀ : ਪਿੰਡ ਫਤਾਹਪੁਰ ਮੂਲੇ ਚੱਕ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ (2) ਸ਼੍ਰੀਮਤੀ ਸਪਨਾ ਸ਼ਰਮਾ ਪਤਨੀ ਸੁਰਿੰਦਰ ਸ਼ਰਮਾ, ਵਾਸੀ ਟੀ-17/548, ਗਲੀ ਫੱਟਿਆਂ ਵਾਲੀ, ਅੰਦਰੂਨ ਗੇਟ ਖਜ਼ਾਨਾ ਅੰਮ੍ਰਿਤਸਰ 143001 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ (3) ਸ੍ਰੀ ਸੁਰਿੰਦਰ ਸ਼ਰਮਾ ਪੁੱਤਰ ਜੁਗਲ ਕਿਸ਼ੋਰ, ਵਾਸੀ 399, ਗਲੀ ਫੱਟਿਆਂ ਵਾਲੀ, ਗੇਟ ਖਜ਼ਾਨਾ ਅੰਮ੍ਰਿਤਸਰ 143001 (4) ਸੋਨੀਆ ਸ਼ਰਮਾ ਪਤਨੀ ਵਰਿੰਦਰ ਸ਼ਰਮਾ, ਵਾਸੀ ਟੀ-17/548, ਗਲੀ ਕੜਿਆਂ ਵਾਲੀ, ਅੰਦਰੂਨ ਗੇਟ ਖਜ਼ਾਨਾ, ਅੰਮ੍ਰਿਤਸਰ-143001 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ ਨੂੰ ਓ ਡੀ/031400000014 'ਚ ਰੁ. 24, 42, 051.00, ਡਬਲਯੂ ਸੀ ਟੀ ਐੱਲ/031612000023 'ਚ ਰੁਪਏ 4,85,067.73 ਅਤੇ ਡਬਲਯੂ ਸੀ ਟੀ ਐੱਲ/031612000023 'ਚ ਰੁਪਏ 4,85,067.73 ਅਤੇ ਡਬਲਯੂ ਸੀ ਟੀ ਐੱਲ/031612000039 'ਚ ਰੁਪਏ 2,26,012.40 ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਮਿਤੀ 21-10-2023 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰ, ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਸੈਕਸ਼ਨ 13 (4) ਨਾਲ ਪੜ੍ਹੇ ਜਾਂਦੇ ਨਿਯਮ 9 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ। ਖਾਸ ਤੌਰ 'ਤੇ ਕਰਜ਼ਦਾਰ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਓ ਡੀ/ 031400000014 'ਚ ਰੁਪਏ 24,42,051.00, ਡਬਲਯੂ ਸੀ ਟੀ ਐੱਲ /031612000023 'ਚ ਬਕਾਇਆ ਰਕਮ ਰੁ. 4,85,067.73 ਅਤੇ ਡਬਲਯੂ ਜੀ ਟੀ ਐੱਲ/031612000039 'ਚ ਰੁ. 2,26,012.40 ਸਮੇਤ 01.10.2023 ਤੋਂ ਭਵਿੱਖੀ ਵਿਆਜ ਵਸੂਲ ਕੀਤੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਪ੍ਰਾਇਮਰੀ ਸਕਿਉਰਿਟੀ : ਉਚਿਤ ਗਿਰਵੀਨਾਮਾ ਰਜਿਸਟਰਡ ਬੈਨਾਮਾ ਨੰ. 10286 ਮਿਤੀ 13-11-2015 ਅਨੁਸਾਰ ਸਪਨਾ ਸ਼ਰਮਾ ਪਤਨੀ ਸੁਰਿੰਦਰ ਸ਼ਰਮਾ ਅਤੇ ਸੋਨੀਆ ਸ਼ਰਮਾ ਪਤਨੀ ਵਰਿੰਦਰ ਸ਼ਰਮਾ ਦੋਵੇਂ ਵਾਸੀ 711/9, ਗਲੀ ਫੱਟਿਆਂ ਵਾਲੀ, ਅੰਦਰੂਨ ਗੇਟ ਖਜ਼ਾਨਾ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਦੀ ਮਲਕੀਅਤ ਜਾਇਦਾਦ 440 ਵਰਗ ਗਜ਼ (90×44), ਪਿੰਡ ਫਤਾਹਪੁਰ, ਤਹਿਸੀਲ ਅੰਮ੍ਰਿਤਸਰ-2, ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ।

ਮਿਤੀ 08.02.2024 ਸਥਾਨ : ਜਲੰਧਰ ਅਧਿਕਾਰਤ ਅਫਸਰ


# 'ਆਪ ਦੀ ਸਰਕਾਰ ਆਪ ਦੇ ਦੁਆਰ' ਕੈਂਪਾਂ 'ਚ ਬਰੂਹਾਂ 'ਤੇ ਉਪਲੱਬਧ ਕਰਵਾਈਆਂ ਜਾ ਰਹੀਆਂ ਸਰਕਾਰੀ ਸੇਵਾਵਾਂ : ਹਰਜੋਤ ਬੈਂਸ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਪੰਜਾਬ ਸਰਕਾਰ ਵਲੋਂ ਲੋਕਾਂ ਨੂੰ ਘਰਾਂ ਦੇ ਨਜ਼ਦੀਕ ਸਰਕਾਰੀ ਸੇਵਾਵਾਂ ਪ੍ਰਦਾਨ ਕਰਨ ਦੇ ਮਕਸਦ ਨਾਲ 'ਆਪ ਦੀ ਸਰਕਾਰ, ਆਪ ਦੇ ਦੁਆਰ' ਮੁਹਿੰਮ ਤਹਿਤ ਲਗਾਏ ਗਏ ਕੈਂਪਾਂ ਵਿਚ ਲੋੜਵੰਦਾਂ ਨੂੰ ਬਰੂਹਾਂ ਤੇ ਸਰਕਾਰੀ ਲੋਕਪੱਖੀ ਯੋਜਨਾਵਾਂ ਉਨ੍ਹਾਂ ਦੇ ਘਰਾਂ ਦੇ ਨਜ਼ਦੀਕ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਭਾਸ਼ਾ ਵਿਭਾਗ ਪੰਜਾਬ ਨੇ ਬੀਤੀ ਸ਼ਾਮ ਸ੍ਰੀ ਅਨੰਦਪੁਰ ਸਾਹਿਬ ਵਾਰਡ ਨੰ: 4 ਵਿਖੇ ਲੱਗੇ ਕੈਂਪਾਂ 'ਚ ਸ਼ਿਰਕਤ ਕਰਨ ਉਪਰੰਤ ਇਲਾਕਾ ਵਾਸੀਆਂ ਦੇ ਭਰਵੇਂ ਤੇ ਪ੍ਰਭਾਵਸ਼ਾਲੀ ਇਕੱਠ ਨੂੰ ਸੰਬੋਧਨ ਕਰਦੇ ਹੋਏ ਕੀਤਾ। ਉਨ੍ਹਾਂ ਕੈਂਪਾਂ ਵਿਚ ਆਏ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਦਾ ਜਾਇਜ਼ਾ ਲਿਆ। ਕੈਬਨਿਟ ਮੰਤਰੀ ਨੇ ਕੈਂਪ ਦੇ ਪ੍ਰਬੰਧਾਂ ਦਾ ਜਾਇਜ਼ਾ ਲੈ ਕੇ ਜਿੱਥੇ ਲੋਕਾਂ ਨੂੰ ਪ੍ਰਦਾਨ ਕੀਤੀਆਂ ਜਾ ਰਹੀਆਂ ਸਰਕਾਰੀ ਸੇਵਾਵਾਂ ਬਾਰੇ ਜਾਣਕਾਰੀ ਲਈ, ਉੱਥੇ ਹੀ ਹਾਜ਼ਰੀਨ ਲੋਕਾਂ ਨਾਲ ਵਿਚਾਰ ਵਟਾਂਦਰਾ ਵੀ ਕੀਤਾ। ਉਨ੍ਹਾਂ ਕਿਹਾ ਕਿ ਕੈਂਪਾਂ ਦੌਰਾਨ ਬਿਨੈਕਾਰਾਂ ਦੀ ਸਹੂਲਤ ਲਈ ਹੈਲਪ ਡੈਸਕ ਬਣਾਏ ਗਏ ਹਨ ਤਾਂ ਜੋ ਉਨ੍ਹਾਂ ਨੂੰ ਫਾਰਮ ਭਰਨ ਆਦਿ ਵਿਚ ਸਹਾਇਤਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਇਹ ਕੈਂਪ ਪੰਜਾਬ ਸਰਕਾਰ ਵੱਲੋਂ ਹਰ ਵਰਗ ਦੇ ਲੋਕਾਂ ਦੀ ਸਹੂਲਤ ਲਈ ਕੀਤਾ ਗਿਆ ਨਿਵੇਕਲਾ ਉਪਰਾਲਾ ਹੈ। ਉਨ੍ਹਾਂ ਵਾਰਡ ਨੰ: 4 ਵਾਸੀਆਂ ਨੂੰ ਸੌਗਾਤ ਦਿੰਦੇ ਹੋਏ ਦੱਸਿਆ ਕਿ ਇਸ ਖੇਤਰ ਵਿੱਚ ਨਗਰ ਕੌਂਸਲ ਵੱਲੋਂ ਲੋਕਾਂ ਦੀ ਸਹੂਲਤ ਲਈ ਪਾਰਕ ਉਸਾਰਿਆ ਜਾਵੇਗਾ ਜੋ ਆਮ ਲੋਕਾਂ ਲਈ ਇੱਕ ਤੋਹਫਾ ਹੋਵੇਗੀ। ਇਸ ਮੌਕੇ ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ, ਦੀਪਕ ਆਗਰਾਂ ਪ੍ਰਧਾਨ ਵਪਾਰ ਮੰਡਲ, ਹਰਤੇਗਵੀਰ ਸਿੰਘ ਤੇਗੀ, ਜਗਜੀਤ ਸਿੰਘ ਜੱਗੀ ਬਲਾਕ ਪ੍ਰਧਾਨ, ਜਸਪ੍ਰੀਤ ਸਿੰਘ ਜੇ.ਪੀ, ਬੀਟੀ ਸਿੱਧੂ ਮਾਸਟਰ ਦਰਸ਼ਨ ਸਿੰਘ, ਤਜਿੰਦਰ ਸਿੰਘ, ਮਾਸਟਰ ਵੀਰ ਸਿੰਘ, ਪ੍ਰਿੰਸ ਉੱਪਲ, ਸਰਬਜੀਤ ਕੌਰ, ਬੰਟੀ ਸਹੋਤਾ, ਗੁਲਜ਼ਾਰ ਸਿੰਘ, ਕੌਂਸਲਰ, ਆਮ ਆਦਮੀ ਪਾਰਟੀ ਦੇ ਆਗੂ ਅਤੇ ਸਮੂਹ ਵਾਰਡ ਵਾਸੀ ਹਾਜ਼ਰ ਸਨ।

# ਸੀਟੂ ਨੇ 16 ਨੂੰ ਭਾਰਤ ਬੰਦ ਲਈ ਮੋਟਰਸਾਈਕਲ ਰੈਲੀ ਕੱਢੀ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਸੀਟੂ ਵਲੋਂ ਮਜ਼ਦੂਰਾਂ ਮੁਲਾਜ਼ਮਾਂ ਕਿਸਾਨਾਂ ਦੀਆਂ ਭਖਦੀਆਂ ਮੰਗਾਂ, ਮੋਦੀ ਸਰਕਾਰ ਦੀਆਂ ਮਜ਼ਦੂਰਾਂ ਕਿਸਾਨਾਂ ਵਿਰੋਧੀ ਨੀਤੀਆਂ ਦੇ ਵਿਰੋਧ ਵਿੱਚ 16 ਫਰਵਰੀ ਨੂੰ ਭਾਰਤ ਬੰਦ ਦੌਰਾਨ ਮੋਟਰਸਾਈਕਲ ਰੈਲੀ ਕੱਢੀ ਗਈ। ਉਨ੍ਹਾਂ ਦੱਸਿਆ ਕਿ ਚੱਗਰਾਂ, ਜਿਆਣ, ਮਹਿਨਾ, ਭੀਲੋਵਾਲ, ਲਹਿਲੀ, ਨੌਰੰਗਾਬਾਦ, ਕਾਲੀਆਂ, ਮੁੱਗੋਵਾਲ, ਬਿਹਾਲਾ, ਹੰਦੋਵਾਲ ਤੱਕ ਮੋਟਰਸਾਈਕਲ ਰੈਲੀ ਕੀਤੀ ਗਈ। ਇਸ ਮੌਕੇ ਸੀਟੂ ਆਗੂ ਮਹਿੰਦਰ ਕੁਮਾਰ ਬੱਡੋਆਣ, ਧਨਪੱਤ, ਬਲਦੇਵ ਰਾਜ ਸਤਨੌਰ, ਰਾਮ ਨਿਵਾਸ, ਸੋਨੂੰ ਮੇਹਟੀਆਣਾ, ਆਂਗਣਵਾੜੀ ਆਗੂ ਅਵਨਿੰਦਰ ਕੌਰ, ਸਪਨਾ ਅਰੋੜਾ, ਕਿਸਾਨ ਆਗੂ ਸੰਤੋਖ ਸਿੰਘ ਨੇ ਅਗਵਾਈ ਕੀਤੀ। ਇਸ ਮੌਕੇ ਆਗੂਆਂ ਨੇ ਕਿਹਾ ਕਿ 16 ਫਰਬਰੀ ਨੂੰ ਦੇਸ਼ ਦੀਆਂ ਪ੍ਰਮੁੱਖ ਟਰੇਡ ਯੂਨੀਅਨਾਂ, ਮੁਲਾਜ਼ਮਾਂ ਦੀਆਂ ਫੈਡਰੇਸ਼ਨਾਂ ਵਲੋਂ ਮਜ਼ਦੂਰਾਂ ਕਿਸਾਨਾਂ ਵਿਰੋਧੀ ਕੇਂਦਰ ਸਰਕਾਰ ਦੀਆਂ ਨੀਤੀਆਂ ਵਿਰੁੱਧ ਦੇਸ਼ ਬੰਦ ਕੀਤਾ ਜਾ ਰਿਹਾ ਹੈ। ਸੀਟੂ ਇਸ ਬੰਦ ਵਿੱਚ ਵੱਧ ਚੜ੍ਹ ਕੇ ਹਿੱਸਾ ਲਵੇਗੀ। ਆਗੂਆ ਅੱਗੇ ਕਿਹਾ ਕਿ ਮੋਦੀ ਸਰਕਾਰ ਨੇ ਸਾਰਾ ਦੇਸ਼ ਠੇਕੇ 'ਤੇ ਦੇ ਦਿੱਤਾ ਹੈ, ਸਰਕਾਰੀ ਮਹਿਕਮੇ ਵੱਡੇ ਪੂੰਜੀਪਤੀਆਂ ਕੋਲ ਕੌਡੀਆਂ ਦੇ ਭਾਅ ਵੇਚ ਦਿੱਤੇ ਹਨ, ਮਨਰੇਗਾ ਮਜ਼ਦੂਰਾਂ ਦੇ ਕੰਮ ਦੇ ਦਿਨਾਂ ਤੇ ਬਜਟ ਘਟਾ ਕੇ ਕੱਟ ਲਾ ਦਿੱਤਾ ਹੈ, ਸਕੀਮ ਵਰਕਰਾਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ। ਠੇਕੇਦਾਰੀ ਸਿਸਟਮ ਲਗਾਤਾਰ ਵਧਾਇਆ ਜਾ ਰਿਹਾ, ਡਰਾਈਵਰਾਂ ਵਿਰੋਧੀ ਕਾਨੂੰਨ ਬਣਾ ਕੇ ਜੁਰਮਾਨੇ ਅਤੇ ਸਜ਼ਾਵਾ ਵਧਾ ਦਿੱਤੀਆਂ ਗਈਆਂ, ਮਹਿੰਗਾਈ ਗੈਸ ਦਾ ਸਿਲੰਡਰ 1000 ਰੁਪਏ ਤੱਕ ਅਤੇ ਦਵਾਈਆਂ ਖਾਣ ਵਾਲੀਆ ਚੀਜ਼ਾਂ ਦੇ ਰੇਟ ਅਸਮਾਨੀ ਛੂਹ ਗਏ ਹਨ, ਕਿਸਾਨਾਂ ਲਈ ਐਮ ਐਸ ਪੀ ਦਾ ਕਾਨੂੰਨ ਨਹੀਂ ਬਣਾਇਆ ਜਾ ਰਿਹਾ। ਆਗੂਆਂ ਨੇ ਕਿਹਾ ਕਿ ਇਸ ਦੇ ਵਿਰੋਧ ਵਿੱਚ 16 ਫਰਵਰੀ ਨੂੰ ਭਾਰਤ ਬੰਦ ਤੋਂ ਬਾਅਦ ਵੀ ਜੇਕਰ ਸਰਕਾਰ ਮਜ਼ਦੂਰਾਂ ਕਿਸਾਨਾਂ ਦੇ ਹੱਕ ਵਿੱਚ ਨੀਤੀਆਂ ਨਹੀਂ ਬਣਾਉਦੀ ਤਾਂ ਤਿੱਖਾ ਸੰਘਰਸ਼ ਕੀਤਾ ਜਾਵੇਗਾ।

ਇਸ ਮੌਕੇ ਤਾਰਾ ਚੰਦ, ਪ੍ਰਮੋਦ, ਰਾਧੇ ਸ਼ਾਮ, ਮਲੂਕ ਚੰਦ, ਮਹਿੰਦਰ ਸਿੰਘ ਭੀਲੋਵਾਲ, ਰਾਮ ਕੁਮਾਰ, ਰੌਸ਼ਨ, ਜੀਤ, ਤੀਰਸ ਰਾਮ, ਚੂੰਨੀ ਲਾਲ, ਕਿਸ਼ਨ, ਦਿਆਲ ਹਾਜ਼ਰ ਸਨ।




**Capital Small Finance Bank Ltd.**
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ ਅਚੱਲ ਜਾਇਦਾਦ ਲਈ**

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਿਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ (ਐਕਟ, 2002 54 ਆਫ 2002) ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਸੈਕਸ਼ਨ 13 (12) ਨਾਲ ਪੜ੍ਹੇ ਜਾਂਦੇ ਨਿਯਮ 9 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ (1) ਮੈਸ. ਵਰੁਣ ਇੰਡਸਟ੍ਰੀਜ਼ 1740/3, ਭੂਸ਼ਣਪੁਰਾ ਅੰਦਰੂਨ ਸੁਲਤਾਨਵਿੰਡ ਗੇਟ, ਅੰਮ੍ਰਿਤਸਰ ਰਾਹੀਂ ਇਸਦੇ ਮਾਲਕ ਸ੍ਰੀ ਸੰਜੇ ਸ਼ਰਮਾ (2) ਸ੍ਰੀ ਸੰਜੇ ਸ਼ਰਮਾ ਪੁੱਤਰ ਸ੍ਰੀ ਕਿਸ਼ਨ ਚੰਦ ਸ਼ਰਮਾ, ਵਾਸੀ ਬੀ-156, ਰਣਜੀਤ ਐਵੇਨਿਊ, ਅੰਮ੍ਰਿਤਸਰ-143001 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ (3) ਸ੍ਰੀ ਰਜੀਤ ਸ਼ਰਮਾ ਪੁੱਤਰ ਸੰਜੇ ਸ਼ਰਮਾ ਵਾਸੀ ਬੀ-156, ਰਣਜੀਤ ਐਵੇਨਿਊ, ਬੀ-ਬਲਾਕ, ਅੰਮ੍ਰਿਤਸਰ-143001 (4) ਸ੍ਰੀਮਤੀ ਬਬੀਤਾ ਸ਼ਰਮਾ ਪਤਨੀ ਸ੍ਰੀ ਸੰਜੇ ਸ਼ਰਮਾ ਵਾਸੀ ਬੀ-156, ਰਣਜੀਤ ਐਵੇਨਿਊ, ਅੰਮ੍ਰਿਤਸਰ-143001 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਓ ਡੀ ਟੀ ਲਿਮਟ/031400000045, 'ਚ ਰੁ. 13,76,928.18, ਡਬਲਯੂ ਸੀ ਟੀ ਐੱਲ/031612000015 'ਚ ਰੁ. 9,49,086.16 ਅਤੇ ਡਬਲਯੂ ਸੀ ਟੀ ਐੱਲ-ਈ ਸੀ ਐੱਲ ਜੀ ਐੱਸ/031612000041 'ਚ ਰੁ. 1,19,807.00 ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਮਿਤੀ 30-11-2023 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰ, ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਸੈਕਸ਼ਨ 13 (4) ਨਾਲ ਪੜ੍ਹੇ ਜਾਂਦੇ ਨਿਯਮ 9 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ। ਖਾਸ ਤੌਰ 'ਤੇ ਕਰਜ਼ਦਾਰ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਓ ਡੀ ਟੀ ਲਿਮਟ/031400000045, 'ਚ ਰੁ. 13,76,928.18, ਡਬਲਯੂ ਸੀ ਟੀ ਐੱਲ/031612000015 'ਚ ਰੁ. 9,49,086.16 ਅਤੇ ਡਬਲਯੂ ਸੀ ਟੀ ਐੱਲ-ਈ ਸੀ ਐੱਲ ਜੀ ਐੱਸ/031612000041 'ਚ ਰੁ. 1, 19,807.00 ਸਮੇਤ 01.11.2023 ਤੋਂ ਭਵਿੱਖੀ ਵਿਆਜ ਵਸੂਲ ਕੀਤੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਰਜਿਸਟਰਡ ਬੈਨਾਮਾ ਨੰ. 12129 ਮਿਤੀ 24.01.2005 ਅਨੁਸਾਰ ਬਬੀਤਾ ਸ਼ਰਮਾ ਪਤਨੀ ਸੰਜੇ ਸ਼ਰਮਾ ਦੀ ਮਲਕੀਅਤ ਜਾਇਦਾਦ ਰਕਬਾ 10 ਮਰਲੇ, ਪਿੰਡ ਝੀਤਾ ਕਲਾਂ, ਤਹਿਸੀਲ ਅੰਮ੍ਰਿਤਸਰ-2, ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ।

ਮਿਤੀ 08.02.2024 ਸਥਾਨ : ਜਲੰਧਰ ਅਧਿਕਾਰਤ ਅਫਸਰ

## 16 ਦੇ ਭਾਰਤ ਬੰਦ 'ਚ ਵੱਡੀ ਗਿਣਤੀ 'ਚ ਸ਼ਾਮਲ ਹੋਵਾਂਗੇ : ਨੂਰਪੁਰੀ



**ਜਲੰਧਰ ( ਰਾਜੇਸ਼ ਥਾਪਾ )**-ਅੱਜ ਏਥੇ ਮਜ਼ਦੂਰਾਂ, ਔਰਤਾਂ, ਦੁਕਾਨਦਾਰਾਂ ਅਤੇ ਨੌਜਵਾਨਾਂ ਦੀ ਭਰਵੀਂ ਮੀਟਿੰਗ ਸਾਥੀ ਹਰੀਮੁਨੀ ਸਿੰਘ ਦੀ ਪ੍ਰਧਾਨਗੀ ਹੇਠ ਸ਼ਹੀਦ ਸਰਵਣ ਸਿੰਘ ਚੀਮਾ ਭਵਨ ਗੜ੍ਹਾ ਵਿਚ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਆਰ ਐਮ ਪੀ ਆਈ ਦੇ ਤਹਿਸੀਲ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ 44 ਕਿਰਤ ਕਾਨੂੰਨਾਂ ਨੂੰ ਖਤਮ ਕਰਕੇ 4 ਕੋਡ ਬਣਾਉਣ ਵਿਰੁੱਧ, 8 ਘੰਟੇ ਦੀ ਦਿਹਾੜੀ 12 ਘੰਟੇ ਦੀ ਕਰਨ ਦੇ ਖਿਲਾਫ, ਪਬਲਿਕ ਸੈਕਟਰ ਕਾਰਪੋਰੇਟ ਘਰਾਣਿਆਂ ਨੂੰ ਵੇਚਣ ਵਿਰੁੱਧ, ਮਜ਼ਦੂਰਾਂ ਦੀ ਦਿਹਾੜੀ 700 ਰੁਪਏ ਕਰਨ, ਮਨਰੇਗਾ ਤਹਿਤ ਸਾਰਾ ਸਾਲ ਕੰਮ ਦੇਣ, ਵਧਦੀ ਮਹਿੰਗਾਈ ਨੂੰ ਰੋਕਣ, ਨਿੱਜੀਕਰਨ ਤੇ ਠੇਕੇਦਾਰੀ ਸਿਸਟਮ ਬੰਦ ਕਰਨ, ਪਬਲਿਕ ਵੰਡ ਪ੍ਰਣਾਲੀ ਰਾਹੀਂ ਨਿੱਤ ਵਰਤੋਂ ਦੀਆਂ ਚੀਜ਼ਾਂ ਸਸਤੇ ਭਾਅ ਦੇਣ, ਬੇਰੁਜ਼ਗਾਰੀ ਨੂੰ ਨੱਥ ਪਾਉਣ ਆਦਿ ਮਸਲਿਆਂ ਬਾਰੇ ਬੰਦ ਨੂੰ ਸਫਲ ਕਰਨ ਲਈ ਪੂਰੇ ਜ਼ੋਰਾਂ ਨਾਲ ਤਿਆਰੀ ਕੀਤੀ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀ ਟੀ ਯੂ ਦੇ ਜ਼ਿਲ੍ਹਾ ਪ੍ਰਧਾਨ ਰਾਮ ਕਿਸਨ, ਡਾਕਟਰ ਬਲਵਿੰਦਰ ਸਿੰਘ ਛੇਹਰਟਾ, ਸੁਨੀਤਾ ਨੂਰਪੁਰੀ , ਜਗਜੀਤ ਖਾਂਬਰਾ, ਬਲਰਾਮ ਬਿੱਟੂ ਖਾਂਬਰਾ, ਅਸ਼ੋਕ ਕੁਮਾਰ ਭਾਰਗੋ ਕੈਂਪ, ਜਵਾਹਰ ਚਰੱਸੀਆ ਹਾਜ਼ਰ ਸਨ।

## ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੀ ਇਕਾਈ ਭੰਗ, ਬਲਜਿੰਦਰ ਸਿੰਘ ਨੂੰ ਥਾਪਿਆ ਬਲਾਕ ਪ੍ਰਧਾਨ



**ਫਿਲੌਰ (ਨਿਰਮਲ)**- ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੀ ਮੀਟਿੰਗ ਫਿਲੌਰ ਵਿਖੇ ਜ਼ਿਲ੍ਹਾ ਪ੍ਰਧਾਨ ਕੁਲਵਿੰਦਰ ਸਿੰਘ ਦੀ ਅਗਵਾਈ ਹੇਠ ਹੋਈ। ਇਸ ਮੌਕੇ ਕੁਲਵਿੰਦਰ ਸਿੰਘ ਵੱਲੋਂ ਪਹਿਲਾਂ ਬਣਾਈ ਗਈ ਇਕਾਈ ਭੰਗ ਕਰਨ ਦਾ ਐਲਾਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਬਲਜਿੰਦਰ ਸਿੰਘ ਗੰਨਾ ਪਿੰਡ ਨੂੰ ਬਲਾਕ ਪ੍ਰਧਾਨ ਅਤੇ ਹੋਰ ਮੈਂਬਰਾਂ ਦੇ ਨਾਵਾਂ ਦਾ ਐਲਾਨ ਕੀਤਾ। ਇਸ ਮੌਕੇ ਬਲਜਿੰਦਰ ਸਿੰਘ ਗੰਨਾ ਪਿੰਡ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਜੋ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਜ਼ਿੰਮੇਵਾਰੀ ਮਿਲੀ ਹੈ ਉਸ ਨੂੰ ਉਹ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਹਾਜ਼ਰ ਪਰਮਜੀਤ ਸਿੰਘ, ਹਰਜਿੰਦਰ ਸਿੰਘ, ਗੁਰਵਿੰਦਰ ਸਿੰਘ ਭੱਟੀ ਅਤੇ ਹੋਰ ਮੈਂਬਰ ਸਨ।

## ਬਾਦਲਾਂ ਵੱਲੋਂ ਨਿੱਜੀ ਗਰਜਾਂ ਲਈ ਭਾਜਪਾ ਨੂੰ ਬਿਨਾਂ ਸ਼ਰਤ ਹਮਾਇਤ ਦੇ ਗੰਭੀਰ ਸਿੱਟੇ ਸਾਹਮਣੇ ਆਉਣ ਲੱਗੇ : ਸਿੰਗੜੀਵਾਲਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- "ਸੱਚਖੰਡ ਸ੍ਰੀ ਅਬਚਲ ਨਗਰ ਸ੍ਰੀ ਹਜ਼ੂਰ ਸਾਹਿਬ ਦੇ ਬੋਰਡ ਸੰਬੰਧੀ 1956 ਦੇ ਬਣੇ ਕਾਨੂੰਨ ਨੂੰ ਰੱਦ ਕਰਕੇ ਮਹਾਰਾਸ਼ਟਰ ਦੀ ਸ਼ਿੰਦੇ ਸਰਕਾਰ ਨੇ 5 ਫਰਵਰੀ ਨੂੰ ਨਵੇਂ ਕਾਨੂੰਨ ਲਿਆਉਣ ਦਾ ਮੰਦਭਾਵਨਾ ਭਰਿਆ ਮਕਸਦ ਕੇਵਲ ਤੇ ਕੇਵਲ ਤਖਤ ਸ੍ਰੀ ਹਜ਼ੂਰ ਸਾਹਿਬ ਦੇ ਅਧੀਨ ਆਉਂਦੇ ਸਮੁੱਚੇ ਗੁਰੂ ਘਰਾਂ ਦੇ ਪ੍ਰਬੰਧ ਵਿਚੋਂ ਸਿਰਕੱਢ ਵਿਦਵਾਨ ਸਿੱਖਾਂ ਦੀ ਭੂਮਿਕਾ ਨੂੰ ਖਤਮ ਕਰਕੇ ਮਹਾਰਾਸ਼ਟਰ ਸਰਕਾਰ ਦੀ ਇਨ੍ਹਾਂ ਗੁਰੂ ਘਰਾਂ ਦੇ ਪ੍ਰਬੰਧ ਉੱਤੇ ਕਬਜ਼ਾ ਕਰਨਾ ਹੈ ਜੋ ਸਰਕਾਰ ਦੀ ਸਿੱਖਾਂ ਦੇ ਗੁਰੂਘਰਾਂ ਵਿਚ ਸਿੱਧੀ ਦਖਲਅੰਦਾਜ਼ੀ ਕਰਨ ਦੀ ਬੱਜਰ ਗੁਸਤਾਖੀ ਕੀਤੀ ਜਾ ਰਹੀ ਹੈ ਤੇ ਇਹ ਸਭ ਕੁਝ ਬਾਦਲਾਂ ਵੱਲੋਂ ਪਿਛਲੇ ਸਮਿਆਂ ਦੌਰਾਨ ਭਾਜਪਾ ਦੀਆਂ ਸਰਕਾਰਾਂ ਨੂੰ ਬਿਨਾਂ ਸ਼ਰਤ ਹਮਾਇਤ ਕਾਰਨ ਗੰਭੀਰ ਸਿੱਟੇ ਸਾਹਮਣੇ ਆ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪ੍ਰੈਸ ਨੋਟ ਰਾਹੀਂ ਕੀਤਾ। ਇਸ ਸਮੇਂ ਉਨ੍ਹਾਂ ਨੇ ਕੇਂਦਰ ਦੀ ਮੋਦੀ ਸਰਕਾਰ ਦੀ ਸ਼ਹਿ 'ਤੇ ਮਹਾਰਾਸ਼ਟਰ ਸਰਕਾਰ ਦੀ ਇਸ ਸਿੱਖ ਵਿਰੋਧੀ ਕਾਰਵਾਈ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਖਬਰਦਾਰ ਕੀਤਾ ਕਿ 1956 ਦੇ ਐਕਟ ਰਾਹੀਂ ਚੱਲਦੇ ਆ ਰਹੇ ਪ੍ਰਬੰਧ ਨੂੰ ਮਨਫੀ ਕਰਨ ਦੀ ਮਨਸਾ ਨਾਲ ਜੋ 5 ਫਰਵਰੀ ਨੂੰ ਨਵਾਂ ਕਾਨੂੰਨ ਲਿਆਂਦਾ ਗਿਆ ਹੈ, ਉਸ ਨੂੰ ਤੁਰੰਤ ਵਾਪਸ ਲੈ ਕੇ ਸਿੱਖ ਕੌਮ ਦੇ ਮਨਾਂ ਵਿਚ ਉੱਠੇ ਵੱਡੇ ਰੋਹ ਨੂੰ ਸ਼ਾਂਤ ਕਰੇ। ਵਰਨਾ ਇਸ ਦੀ ਬਦੌਲਤ ਉਤਪੰਨ ਹੋਈ ਨਵੀਂ ਸਥਿਤੀ ਇਥੋਂ ਦੇ ਮਾਹੌਲ ਨੂੰ ਵਿਸਫੋਟਕ ਬਣਾ ਦੇਵੇਗੀ। ਜਿਸ ਲਈ ਮਹਾਰਾਸ਼ਟਰ ਦੀ ਸ਼ਿੰਦੇ ਸਰਕਾਰ ਤੇ ਸੈਂਟਰ ਦੀ ਮੁਤੱਸਵੀ ਬੀ ਜੇ ਪੀ-ਆਰ.ਐਸ.ਐਸ ਸਰਕਾਰ ਜ਼ਿੰਮੇਵਾਰ ਹੋਵੇਗੀ ।

## ਅਗਨਵੀਰ ਤਕਨੀਕੀ ਅਸਾਮੀਆਂ ਲਈ ਭਰਤੀ ਜਲਦ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** - ਭਾਰਤੀ ਸੈਨਾ ਅਗਨੀਵੀਰ ਯੋਜਨਾ ਦੇ ਤਹਿਤ ਸਾਲ 2024-25 ਲਈ ਸੈਨਾ ਵਿਚ ਭਰਤੀ ਪ੍ਰਕ੍ਰਿਆ ਸ਼ੁਰੂ ਹੋਣ ਵਾਲੀ ਹੈ। ਹਰਿਆਣਾ ਦੇ 6 ਜ਼ਿਲ੍ਹਿਆਂ ਅੰਬਾਲਾ, ਕੈਥਲ, ਕੁਰੂਕਸ਼ੇਤਰ, ਕਰਨਾਲ, ਯਮੁਨਾਨਗਰ, ਪੰਚਕੂਲਾ ਅਤੇ ਕੇਂਦਰ ਸ਼ਾਸਿਤ ਸੂਬਾ ਚੰਡੀਗੜ੍ਹ ਦੇ ਪੁਰਖ ਬਿਨੈਕਾਰ ਅਤੇ ਦਿੱਲੀ, ਹਰਿਆਣਾ, ਹਿਮਾਚਲ ਤੇ ਚੰਡੀਗੜ੍ਹ ਦੀ ਮਹਿਲਾ ਬਿਨੈਕਾਰਾਂ ਲਈ ਰਜਿਸਟਰੇਸ਼ਨ 13 ਫਰਵਰੀ ਤੋਂ 22 ਮਾਰਚ ਤੱਕ ਹੋਵੇਗਾ। ਇਕ ਸਰਕਾਰੀ ਬੁਲਾਰੇ ਨੇ ਇਸ ਸਬੰਧ ਵਿਚ ਦੱਸਿਆ ਕਿ ਸਾਰੇ ਯੋਗ ਲਾਭਕਾਰੀ ਜੁਆਇਨਇੰਡੀਅਨ.ਐਨਆਈਸੀ.ਇਨ ਵੈਬਸਾਈਟ 'ਤੇ ਰਜਿਸਟਰਡ ਕਰਵਾ ਸਕਦੇ ਹੋ। ਇਸ ਵਿਚ ਪੁਰਖ ਵਰਗ ਵਿਚ ਅਗਨੀਵੀਰ (ਆਮ ਡਿਊਟੀ), ਅਗਨੀਵਰ (ਤਕਨੀਕੀ), ਅਗਨੀਵੀਰ (ਕਲਰਕ/ਸਟੋਰ ਕਪੀਲਰ ਤਕਨੀਕੀ) ਅਤੇ ਅਗਨਵੀਰ (ਟ੍ਰੇਡਮੈਨ) ਅਤੇ ਮਹਿਲਾ ਵਰਗ ਵਿਚ (ਮਹਿਲਾ ਮਿਲਟਰੀ ਪੁਲਸ) ਲਈ ਆਯੋਜਿਤ ਕੀਤੀ ਜਾਵੇਗੀ। ਅਗਨਵੀਰ ਤਕਨੀਕੀ ਅਸਾਮੀਆਂ ਲਈ ਚੁਣੇ ਵਿਸ਼ਿਆਂ ਵਿਚ ਆਈ ਟੀ ਆਈ ਦੇ ਯੋਗ ਉਮੀਦਵਾਰਾਂ ਨੂੰ ਤਰਜੀਹ ਦਿੱਤੀ ਜਾਵੇਗੀ।

## ਹਰਿਆਣਾ ਵਿਜੀਲੈਂਸ ਵੱਲੋਂ ਦੋ ਵਿਅਕਤੀ ਰਿਸ਼ਵਤ ਲੈਣ ਦੇ ਦੋਸ਼ 'ਚ ਗ੍ਰਿਫਤਾਰ

**ਚੰਡੀਗੜ੍ਹ (ਕ੍ਰਿਸ਼ਨ ਗਰਗ)** - ਹਰਿਆਣਾ ਵਿਜੀਲੈਂਸ ਬਿਊਰੋ ਦੀ ਟੀਮ ਵੱਲੋਂ ਦੇਰ ਸ਼ਾਮ ਜ਼ਿਲ੍ਹਾ ਪਾਣੀਪਤ ਤੋਂ ਦੋ ਦੋਸ਼ੀਆਂ ਨੂੰ ਰਿਸ਼ਵਤ ਲੈਣ ਦੇ ਦੋਸ਼ ਵਿਚ ਗ੍ਰਿਫਤਾਰ ਕੀਤਾ ਗਿਆ। ਇਨ੍ਹਾਂ ਵਿਚੋਂ ਇਕ ਦੋਸ਼ੀ ਪੰਕਜ ਖੁਰਾਨਾ, ਚਾਰਟਡ ਅਕਾਊਂਟੈਂਟ ਨੂੰ 7 ਲੱਖ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਫੜਿਆ, ਜਦੋਂ ਕਿ ਜੀ ਐਸ ਟੀ ਦਫਤਰ ਪਾਣੀਪਤ ਵਿਚ ਕੰਮ ਕਰਦੇ ਪ੍ਰੇਮ ਰਾਜ ਰਾਣਾ, ਸੁਪਰਡੈਂਟ ਦੀ ਗੱਡੀ ਨਾਲ ਸਾਢੇ ਤਿੰਨ ਲੱਖ ਰੁਪਏ ਬਰਾਬਦ ਕੀਤੇ ਹਨ। ਵਿਜੀਲੈਂਸ ਬਿਊਰੋ ਵੱਲੋਂ ਦੋਵੇਂ ਦੋਸ਼ੀਆਂ ਦੀ ਗ੍ਰਿਫਤਾਰੀ ਕਰਦੇ ਹੋਏ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਬਿਊਰੋ ਦੀ ਟੀਮ ਨੂੰ ਸੂਚਨਾ ਪ੍ਰਾਪਤ ਹੋਈ ਸੀ ਕਿ ਜੀ ਐਸ ਟੀ ਦਫਤਰ ਵਿਚ ਕੰਮ ਕਰਦੇ ਸੁਪਰਡੈਂਟ ਅਤੇ ਚਾਟਰਡ ਅਕਾਊਂਟੈਂਟ ਵੱਲੋਂ ਜੀ ਐਸ ਟੀ ਜੁਰਮਾਨੇ ਨੂੰ ਘੱਟ ਕਰਨ ਦੇ ਬਦਲੇ ਵਿਚ 12 ਲੱਖ ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ ਜਾ ਰਹੀ ਹੈ। ਇਸ ਮਾਮਲੇ ਵਿਚ ਸਾਰੇ ਲੋੜੀਂਦੇ ਸਬੂਤ ਜੁਟਾਉਂਦੇ ਹੋਏ ਜਾਂਚ ਪੜਤਾਲ ਕੀਤੀ ਜਾ ਰਹੀ ਹੈ। ਇਸ ਮਾਮਲੇ ਵਿਚ ਦੋਸ਼ੀ ਖਿਲਾਫ ਕਰਨਾਲ ਦੇ ਐਂਟੀ ਕੁਰੱਪਸ਼ਨ ਬਿਊਰੋ ਪੁਲਸ ਸਟੇਸ਼ਨ ਵਿਚ ਮਾਮਲਾ ਦਰਜ ਕਰਦੇ ਹੋਏ ਉਸ ਦੀ ਗ੍ਰਿਫਤਾਰੀ ਕੀਤੀ ਗਈ। ਬਿਊਰੋ ਦੇ ਬੁਲਾਰੇ ਨੇ ਆਮ ਜਨਤਾ ਤੋਂ ਅਪੀਲ ਕੀਤੀ ਕਿ ਕੋਈ ਵੀ ਅਧਿਕਾਰੀ ਜਾਂ ਕਰਚਮਾਰੀ ਸਰਕਾਰੀ ਕੰਮ ਕਰਨ ਦੇ ਬਦਲੇ ਵਿਚ ਰਿਸ਼ਵਤ ਦੀ ਮੰਗ ਕਰਦਾ ਹੈ ਤਾਂ ਤੁਰੰਤ ਇਸ ਦੀ ਜਾਣਕਾਰੀ ਹਰਿਆਣਾ ਵਿਜੀਲੈਂਸ ਬਿਊਰੋ ਦੇ ਟੋਲ ਫਰੀ ਨੰਬਰ 1800-180-2022 ਅਤੇ 1064 'ਤੇ ਦੇਣਾ ਯਕੀਨੀ ਕੀਤਾ।

## ਕੈਬਨਿਟ ਮੰਤਰੀ ਨੇ ਵਾਰਡ ਨੰਬਰ 1 'ਚ ਸੜਕ ਨਿਰਮਾਣ ਸ਼ੁਰੂ ਕਰਵਾਇਆ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ )**-ਕੈਬਨਿਟ ਮੰਤਰੀ ਪੰਜਾਬ ਬ੍ਰਮਸ਼ੰਕਰ ਜਿੰਪਾ ਨੇ ਕਿਹਾ ਕਿ ਸੂਬੇ ਵਿਚ ਲੋਕਾਂ ਨੂੰ ਹਰ ਬੁਨਿਆਦੀ ਸੁਵਿਧਾ ਉਨ੍ਹਾਂ ਦੇ ਘਰਾਂ ਨੇੜੇ ਮੁਹੱਈਆ ਕਰਵਾਈ ਜਾ ਰਹੀ ਹੈ। ਉਹ ਅੱਜ ਵਾਰਡ ਨੰਬਰ 1 ਵਿਚ 25 ਲੱਖ ਰੁਪਏ ਦੀ ਲਾਗਤ ਨਾਲ ਸੜਕ ਨਿਰਮਾਣ ਸ਼ੁਰੂ ਕਰਵਾਉਣ ਦੌਰਾਨ ਪੱਤਰਕਾਰਾਂ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨਾਲ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ ਅਤੇ ਡਿਪਟੀ ਮੇਅਰ ਰਣਜੀਤ ਚੌਧਰੀ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਸ਼ਹਿਰ ਦੇ ਹਰ ਵਾਰਡ ਵਿਚ ਬੁਨਿਆਦੀ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਨਗਰ ਨਿਗਮ ਹੁਸ਼ਿਆਰਪੁਰ ਵਲੋਂ 20 ਕਰੋੜ ਰੁਪਏ ਦੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਹੁਣ ਤੱਕ ਸੂਬੇ ਵਿਚ ਨੌਜਵਾਨਾਂ ਨੂੰ 42 ਹਜ਼ਾਰ ਨੌਕਰੀਆਂ ਪ੍ਰਦਾਨ ਕੀਤੀਆਂ ਜਾ ਚੁੱਕੀਆਂ ਹਨ। 700 ਤੋਂ ਵੱਧ ਮੁਹੱਲਾ ਕਲੀਨਿਕ ਖੋਲ੍ਹੇ ਜਾ ਚੁੱਕੇ ਹਨ, ਜਿਥੇ ਸਾਰੀਆਂ ਤਰ੍ਹਾਂ ਦੀਆਂ ਦਵਾਈਆਂ ਅਤੇ ਟੈਸਟ ਮੁਫ਼ਤ ਕੀਤੇ ਜਾ ਰਹੇ ਹਨ। ਇਸ ਤੋਂ ਇਲਾਵਾ ਸੂਬੇ ਦੇ ਸਾਰੇ ਸਿਵਲ ਹਸਪਤਾਲਾਂ ਵਿਚ ਮੁਫ਼ਤ ਦਵਾਈਆਂ ਉਪਲਬੱਧ ਕਰਵਾਈਆਂ ਜਾ ਰਹੀਆਂ ਹਨ ਅਤੇ ਡਾਕਟਰਾਂ ਵਲੋਂ ਬਾਹਰ ਕੋਈ ਦਵਾਈ ਦੀ ਪਰਚੀ ਨਹੀਂ ਭੇਜੀ ਜਾ ਰਹੀ ਹੈ। ਸੂਬੇ ਦੇ ਲੋਕਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਮਿਲੀ ਹੈ। ਹੁਸ਼ਿਆਰਪੁਰ ਵਿਚ ਨਵੀਂ ਤਹਿਸੀਲ ਬਣ ਰਹੀ ਹੈ, ਇਸ ਤੋਂ ਇਲਾਵਾ ਹੋਰ ਕਈ ਵਿਕਾਸ ਪ੍ਰੋਜੈਕਟ ਚੱਲ ਰਹੇ ਹਨ। ਇਸ ਮੌਕੇ ਕੌਂਸਲਰ ਰਜਨੀ ਡਡਵਾਲ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

## 12 ਕਿਲੋ ਗਾਂਜੇ ਸਮੇਤ ਅੰਤਰਰਾਜੀ ਡਰੱਗ ਰੈਕੇਟ ਦਾ ਪਰਦਾ ਫਾਸ਼

**ਜਲੰਧਰ ( ਸ਼ੈਲੀ ਐਲਬਰਟ)** :-ਪੁਲਸ ਕਮਿਸ਼ਨਰ ਸਵਪਨ ਸਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਸ ਨੇ ਇੱਕ ਵੱਡੀ ਸਫਲਤਾ ਹਾਸਲ ਕਰਦਿਆਂ ਦੋ ਵਿਅਕਤੀਆਂ ਨੂੰ 12 ਕਿਲੋ ਗਾਂਜੇ ਸਮੇਤ ਕਾਬੂ ਕਰਕੇ ਅੰਤਰਰਾਜੀ ਡਰੱਗ ਰੈਕੇਟ ਦਾ ਪਰਦਾਫਾਸ਼ ਕੀਤਾ ਹੈ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਪੁਲਸ ਨੂੰ ਸੂਹ ਮਿਲੀ ਸੀ ਕਿ ਸ਼ਹਿਰ ਵਿੱਚ ਗਾਂਜੇ ਦੀ ਤਸਕਰੀ ਕਰਨ ਵਾਲਾ ਇੱਕ ਅੰਤਰਰਾਜੀ ਗਰੋਹ ਸਰਗਰਮ ਹੈ। ਉਨ੍ਹਾਂ ਦੱਸਿਆ ਕਿ ਸੂਚਨਾ ਦੇ ਆਧਾਰ 'ਤੇ ਪੁਲਸ ਨੇ ਸੰਤ ਨਗਰ ਰੇਲਵੇ ਕਰਾਸਿੰਗ, ਰੇਲਵੇ ਕਲੋਨੀ ਨੇੜੇ ਜਾਲ ਵਿਛਾਇਆ। ਸਵਪਨ ਸਰਮਾ ਨੇ ਦੱਸਿਆ ਕਿ ਟੀਮ ਨੇ ਸ਼ੱਕ ਦੇ ਆਧਾਰ 'ਤੇ ਦੋ ਨੌਜਵਾਨਾਂ ਨੂੰ ਰੋਕਿਆ ਜਿਨ੍ਹਾਂ ਦੀ ਪਛਾਣ ਮੁਹੰਮਦ ਅਸਲਮ ਵਾਸੀ ਪਿੰਡ ਹੰਵਾੜਾ, ਗੋਂਡਾ, ਉੱਤਰ ਪ੍ਰਦੇਸ਼ ਅਤੇ ਮੁਹੰਮਦ ਦਾਨਿਸ ਪੁੱਤਰ ਇਮਰਾਨ ਵਾਸੀ ਪਿੰਡ ਹੰਵਾੜਾ, ਗੋਂਡਾ, ਉੱਤਰ ਪ੍ਰਦੇਸ਼ ਵਜੋਂ ਹੋਈ। ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਟੀਮ ਨੇ ਚੈਕਿੰਗ ਦੌਰਾਨ ਉਨ੍ਹਾਂ ਦੇ ਕਬਜ਼ੇ 'ਚੋਂ 12 ਕਿਲੋ ਗਾਂਜਾ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਥਾਣਾ ਨਿਊ ਬਾਰਾਦਰੀ ਜਲੰਧਰ ਵਿਖੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਸਵਪਨ ਸ਼ਰਮਾ ਨੇ ਦੱਸਿਆ ਕਿ ਇਹ ਗਰੋਹ ਉੜੀਸਾ ਤੋਂ ਗਾਂਜਾ ਲਿਆਉਂਦਾ ਸੀ ਅਤੇ ਰੇਲ ਅਤੇ ਬੱਸ ਆਵਾਜਾਈ ਦੀ ਵਰਤੋਂ ਕਰਕੇ ਸੂਬੇ ਵਿੱਚ ਲਿਜਾਇਆ ਜਾਂਦਾ ਸੀ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਗੈਂਗ ਵੱਲੋਂ ਇਹ ਖੇਪ ਜਲੰਧਰ ਵਿੱਚ ਪਹੁੰਚਾਈ ਜਾਣੀ ਸੀ ਪਰ ਪੁਲਸ ਨੇ ਗਰੋਹ ਦੇ ਨਾਪਾਕ ਮਨਸੂਬਿਆਂ ਨੂੰ ਨਾਕਾਮ ਕਰ ਦਿੱਤਾ।

## ਪ੍ਰਿੰਸੀਪਲ ਵੱਲੋਂ ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਦਾ ਫਿਲੌਰ ਪੁੱਜਣ 'ਤੇ ਸਵਾਗਤ



**ਫਿਲੌਰ (ਨਿਰਮਲ)**- ਆਮ ਆਦਮੀ ਪਾਰਟੀ ਦਫਤਰ ਫਿਲੌਰ ਵਿਖੇ ਨਵੇਂ ਬਣੇ ਮਹਿਲਾ ਵਿੰਗ ਦੀ ਪ੍ਰਧਾਨ ਗੁਰਪ੍ਰੀਤ ਕੌਰ ਦਾ ਪਾਰਟੀ ਦਫਤਰ ਫਿਲੌਰ ਵਿਖੇ ਪੁੱਜਣ 'ਤੇ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਜੁਆਇੰਟ ਸਕੱਤਰ ਪੰਜਾਬ ਅਤੇ ਹਲਕਾ ਇੰਚਾਰਜ ਫਿਲੌਰ ਪ੍ਰਿੰਸੀਪਲ ਪ੍ਰੇਮ ਕੁਮਾਰ ਵੱਲੋਂ ਉਨ੍ਹਾਂ ਦਾ ਹਲਕਾ ਫਿਲੌਰ ਵਿਖੇ ਪਹੁੰਚਣ 'ਤੇ ਧੰਨਵਾਦ ਕੀਤਾ ਗਿਆ ਅਤੇ ਮਹਿਲ ਵਿੰਗ ਦੇ ਪ੍ਰਧਾਨ ਬਣਨ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਮਹਿਲਾ, ਬਲਜਿੰਦਰ ਕੌਰ, ਹਰਜਿੰਦਰ ਕੌਰ, ਨਿਰਦੋਸ਼, ਕਮਲਾ ਮਸੀਹ, ਰਣਜੀਤ ਕੌਰ, ਰਜਨੀ, ਬਲਵੀਰ ਕੌਰ, ਮਨਜੀਤ ਕੌਰ, ਸੁਰਿੰਦਰ ਕੌਰ, ਪੂਨਮ ਦੇਵੀ, ਰੇਨੂ ਰਾਣੀ, ਆਰਤੀ, ਮੀਨਾ, ਦਰਸ਼ਨਾਂ ਰਾਣੀ ਅਤੇ ਹੋਰ ਪਾਰਟੀ ਮੈਂਬਰ ਹਾਜ਼ਰ ਸਨ।

# ਜਲ ਸਪਲਾਈ ਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ



**ਕਾਲਾ ਸੰਘਿਆਂ (ਮਨਜੀਤ ਮਾਨ)**-ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ (ਰਜਿ:ਨੰ.26) ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਸੂਬਾ ਪ੍ਰਧਾਨ ਜਸਵੀਰ ਸਿੰਘ ਸੀਰਾ, ਸੂਬਾ ਜਨਰਲ ਸਕੱਤਰ ਬਲਵੀਰ ਸਿੰਘ ਹਿਰਦਾਪੁਰ ਦੀ ਅਗਵਾਈ ਹੇਠ ਕੀਤੀ ਗਈ। ਪ੍ਰੈੱਸ ਬਿਆਨ ਜਾਰੀ ਕਰਦਿਆਂ ਆਗੂਆਂ ਨੇ ਕਿਹਾ ਕਿ ਜਲ ਸਪਲਾਈ ਵਿਭਾਗ ਵਿੱਚ ਕੰਮ ਕਰਦੇ ਇੰਨਲਿਸਟਮੈਂਟ ਤੇ ਆਊਟਸੋਰਸਿੰਗ ਕਾਮਿਆਂ ਦੀਆਂ ਮੰਗਾਂ ਨੂੰ ਲੈ ਕੇ ਵਿਭਾਗੀ ਅਧਿਕਾਰੀਆਂ ਤੇ ਪੰਜਾਬ ਸਰਕਾਰ ਨਾਲ ਅਨੇਕਾਂ ਮੀਟਿੰਗਾਂ ਹੋਣ ਤੋਂ ਬਾਅਦ ਵੀ ਕੋਈ ਸੁਣਵਾਈ ਨਹੀਂ ਹੋ ਸਕੀ। ਪ੍ਰਪੋਜ਼ਲਾਂ ਦਾ ਬਹਾਨਾ ਬਣਾ ਕੇ ਜਥੇਬੰਦੀ ਨੂੰ ਖੱਜਲ ਖੁਆਰ ਕੀਤਾ ਜਾ ਰਿਹਾ ਹੈ। ਮੰਗਾਂ ਮੰਨਣ ਦੀ ਬਜਾਏ ਉਲਟਾ ਜਲ ਸਪਲਾਈ ਸਕੀਮਾਂ ਨੂੰ ਨਿੱਜੀਕਰਨ ਦੀ ਆੜ ਹੇਠ ਪੰਚਾਇਤੀਕਰਨ ਦੀ ਤਲਵਾਰ ਤਿੱਖੀ ਕੀਤੀ ਜਾ ਰਹੀ ਹੈ, ਜਿਸ ਕਰਕੇ ਪੰਜਾਬ ਦੇ ਲੋਕਾਂ ਵਿੱਚ ਭਾਰੀ ਨਿਰਾਸ਼ਾ ਪਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਵੱਖ-ਵੱਖ ਜਥੇਬੰਦੀਆਂ ਦੇ ਅਧਾਰਤ ਬਣੇ ਕੱਚਾ ਮੁਲਾਜਮ ਸਾਂਝਾ ਮੋਰਚਾ ਪੰਜਾਬ ਦੇ ਬੈਨਰ ਹੇਠ 18 ਫਰਵਰੀ ਨੂੰ ਸੂਬਾ ਪੱਧਰੀ ਰੋਸ ਰੈਲੀ ਕੀਤੀ ਜਾ ਰਹੀ ਹੈ। ਜਿਸ ਵਿਚ ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ (ਰਜਿ:ਨੰ.26) ਵੱਲੋਂ ਵੱਡੀ ਸ਼ਮੂਲੀਅਤ ਕੀਤੀ ਜਾਵੇਗੀ ਤੇ ਪੰਜਾਬ ਸਰਕਾਰ ਦਾ ਮੁਲਾਜ਼ਮ ਵਿਰੋਧੀ ਚਿਹਰਾ ਲੋਕਾਂ ਸਾਹਮਣੇ ਨੰਗਾ ਕੀਤਾ ਜਾਵੇਗਾ । ਉਨ੍ਹਾਂ ਕਿਹਾ ਕਿ ਜਲ ਸਪਲਾਈ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਨੂੰ ਜਥੇਬੰਦੀ ਵੱਲੋਂ ਮੰਗ ਪੱਤਰ ਦੇਣ ਦਾ ਫੈਸਲਾ ਕੀਤਾ ਗਿਆ ਸੀ ਪਰ ਮੰਤਰੀ ਕਿਤੇ ਬਾਹਰ ਹੋਣ ਕਰਕੇ ਉਨ੍ਹਾਂ ਦੇ ਦਫਤਰ ਵਿਖੇ ਮੰਗ ਪੱਤਰ ਸੌਂਪਿਆ ਗਿਆ । ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਤੇ ਟ੍ਰੇਡ ਜਥੇਬੰਦੀਆਂ ਦੇ ਭਾਰਤ ਬੰਦ ਦੇ ਸੱਦੇ 'ਤੇ 16 ਫਰਵਰੀ ਨੂੰ ਜਲ ਸਪਲਾਈ ਕਾਮੇ ਉਲੀਕੇ ਪ੍ਰੋਗਰਾਮਾਂ ਵਿੱਚ ਹਿੱਸਾ ਲੈਣਗੇ ਅਤੇ ਬੰਦ ਦੀ ਡਟਵੀ ਹਮਾਇਤ ਕਰਨ ਦਾ ਫੈਸਲਾ ਕੀਤਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੂਬਾ ਸੀਨੀਅਰ ਮੀਤ ਪ੍ਰਧਾਨ ਹੰਸਾ ਸਿੰਘ ਮੌੜ ਨਾਭਾ, ਸੂਬਾ ਵਿੱਤ ਸਕੱਤਰ ਹਰਜਿੰਦਰ ਸਿੰਘ ਮਾਨ, ਸੂਬਾ ਪ੍ਰਚਾਰਕ ਸਕੱਤਰ ਇੰਦਰਜੀਤ ਸਿੰਘ ਕਪੂਰਥਲਾ, ਸੂਬਾ ਸਹਾਇਕ ਸਕੱਤਰ ਸੁਪਿੰਦਰ ਸਿੰਘ ਹੁਸ਼ਿਆਰਪੁਰ, ਜ਼ਿਲਾ ਜਨਰਲ ਸਕੱਤਰ ਗੁਰਮੇਲ ਸਿੰਘ ਹੁਸ਼ਿਆਰਪੁਰ, ਦਵਿੰਦਰ ਸਿੰਘ ਨਾਭਾ, ਬਲਜਿੰਦਰ ਸਿੰਘ ਸਮਾਣਾ, ਦਲਜੀਤ ਸਿੰਘ ਬਿੱਲਾ, ਮਨਿੰਦਰ ਸਿੰਘ ਗੜ੍ਹਦੀਵਾਲ ਆਦਿ ਸਾਥੀ ਸ਼ਾਮਲ ਹੋਏ।

# 16 ਨੂੰ ਭਾਰਤ ਬੰਦ ਦੇ ਸੱਦੇ ਨੂੰ ਸਫਲ ਬਣਾਉਣ ਲਈ ਕੀਤੀ ਮੀਟਿੰਗ



**ਮਾਹਿਲਪੁਰ (ਸਫਰੀ)**- ਸੰਯੁਕਤ ਕਿਸਾਨ ਮੋਰਚਾ, ਕੇਂਦਰੀ ਟਰੇਡ ਯੂਨੀਅਨਜ਼ ਤੇ ਭਰਾਤਰੀ ਜਥੇਬੰਦੀਆਂ ਵੱਲੋਂ ਜਨਤਕ ਮੰਗਾਂ ਨੂੰ ਲੈ ਕੇ 16 ਫਰਵਰੀ ਨੂੰ ਭਾਰਤ ਬੰਦ ਦੇ ਸੱਦੇ ਨੂੰ ਸਫਲ ਬਣਾਉਣ ਲਈ ਅੱਜ ਕੁਲ ਹਿੰਦ ਕਿਸਾਨ ਸਭਾ ਦੇ ਸੂਬਾਈ ਸਕੱਤਰ ਦਰਸ਼ਨ ਸਿੰਘ ਮੱਟੂ ਦੀ ਅਗਵਾਈ ਹੇਠ ਟਰੱਕ ਅਪਰੇਟਰ ਯੂਨੀਅਨ ਗੜ੍ਹਸ਼ੰਕਰ ਵਿਖੇ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ ਦਰਸ਼ਨ ਸਿੰਘ ਮੱਟੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਦਿੱਲੀ ਮੋਰਚੇ ਦੌਰਾਨ ਕੇਂਦਰ ਸਰਕਾਰ ਵਲੋਂ ਕਿਸਾਨਾਂ ਦੀਆਂ ਮੰਨੀਆਂ ਮੰਗਾਂ ਨੂੰ ਅਜੇ ਤੱਕ ਲਾਗੂ ਨਹੀਂ ਕੀਤਾ ਗਿਆ। ਇਸ ਤੋਂ ਇਲਾਵਾ ਕੇਂਦਰ ਸਰਕਾਰ ਵੱਲੋਂ ਕਿਸਾਨਾਂ, ਮਜ਼ਦੂਰਾਂ, ਦੁਕਾਨਦਾਰਾਂ, ਕੱਚੇ ਮੁਲਾਜ਼ਮਾਂ, ਡਰਾਈਵਰਾਂ ਤੇ ਵਿਦਿਆਰਥੀਆਂ ਦੇ ਹਿੱਤਾਂ ਨੂੰ ਲਗਾਤਾਰ ਦਰਕਿਨਾਰ ਕਰਕੇ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਣ ਲਈ ਫੈਸਲੇ ਲਏ ਜਾ ਰਹੇ ਹਨ।

ਜਿਸ ਦੇ ਖਿਲਾਫ਼ 16 ਫਰਵਰੀ ਨੂੰ ਭਾਰਤ ਬੰਦ ਦੀ ਕਾਲ ਦਿੱਤੀ ਗਈ ਹੈ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਮੀਤ ਪ੍ਰਧਾਨ ਹਰਮੇਸ਼ ਸਿੰਘ ਢੇਸੀ ਨੇ ਹਿੱਟ ਐਂਡ ਰਨ ਕਾਨੂੰਨ ਬਾਰੇ ਬੋਲਦਿਆਂ ਕਿਹਾ ਕਿ ਦੇਸ਼ ਵਿੱਚ ਇਕ ਕਰੋੜ ਦੇ ਕਰੀਬ ਵਪਾਰਕ ਵਹੀਕਲ ਹਨ। ਜਿਸ ਨਾਲ ਕਈ ਕਰੋੜ ਪਰਵਾਰਾਂ ਦੀ ਰੋਟੀ ਚੱਲ ਰਹੀ ਹੈ। ਇਸ ਤੋਂ ਇਲਾਵਾ ਹਰ ਕੋਈ ਮੋਟਰ ਵਹੀਕਲ ਚਲਾਉਂਦਾ ਹੈ। ਪਰ ਕੇਂਦਰ ਸਰਕਾਰ ਦਾ ਹਿੱਟ ਐਂਡ ਰਨ ਕਾਨੂੰਨ ਜਿਥੇ ਕਰੋੜਾਂ ਲੋਕਾਂ ਨੂੰ ਡਰਾਈਵਰੀ ਛੱਡਣ ਲਈ ਮਜਬੂਰ ਕਰ ਰਿਹਾ ਹੈ।

ਇਸ ਮੌਕੇ ਉਨ੍ਹਾਂ ਸਮੂਹ ਲੋਕਾਂ ਨੂੰ ਭਾਰਤ ਬੰਦ ਨੂੰ ਸਫਲ ਬਣਾਉਣ ਦੀ ਅਪੀਲ ਕੀਤੀ। ਇਸ ਮੌਕੇ ਨਰਿੰਦਰ ਸਿੰਘ ਪ੍ਰਧਾਨ, ਬਾਲ ਕ੍ਰਿਸ਼ਨ, ਅਮਰਜੀਤ ਸਿੰਘ, ਗੁਰਦਿਆਲ ਸਿੰਘ, ਸਤਵੰਤ ਸਿੰਘ, ਸੁਰਜੀਤ ਸਿੰਘ, ਮਲਕੀਤ ਸਿੰਘ, ਜਗਤਾਰ ਸਿੰਘ, ਕਰਤਾਰ ਚੰਦ ਆਦਿ ਹਾਜ਼ਰ ਸਨ।

# ਸਿਲਵਰ ਓਕ ਸਕੂਲ 'ਚ 12ਵੀਂ ਕਲਾਸ ਦਾ ਵਿਦਾਇਗੀ ਸਮਾਰੋਹ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ )**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸਾਹਬਾਜਪੁਰ ਵਿਖੇ ਬਾਰ੍ਹਵੀਂ ਦੀ ਵਿਦਾਇਗੀ ਪਾਰਟੀ ਬੜੇ ਧੂਮਧਾਮ ਨਾਲ ਨੇਪਰੇ ਚੜ੍ਹੀ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਬਾਰ੍ਹਵੀਂ ਕਲਾਸ ਦੇ ਬੱਚਿਆਂ ਦੀ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ।

ਗਿਆਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਨੇ ਅਲੱਗ ਅਲੱਗ ਗਤੀਵਿਧੀਆਂ ਅਤੇ ਪੰਜਾਬੀ ਲੋਕ ਨਾਚ ਭੰਗੜਾ ਤੇ ਗਿੱਧੇ ਦੀ ਪੇਸ਼ਕਾਰੀ ਬਹੁਤ ਵਧੀਆ ਢੰਗ ਨਾਲ ਕੀਤੀ। 11ਵੀਂ ਕਲਾਸ ਦੇ ਬੱਚਿਆਂ ਨੇ ਬਾਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਚੇਅਰਮੈਨ ਤਰਲੋਚਨ ਸਿੰਘ ਨੇ ਬੱਚਿਆਂ ਨੂੰ ਭਵਿੱਖ ਦੇ ਲਈ ਆਸ਼ੀਰਵਾਦ ਦਿੰਦੇ ਹੋਏ ਕਿਹਾ ਕਿ ਅਸੀਂ ਉਮੀਦ ਕਰਦੇ ਹਾਂ ਕਿ ਬੱਚੇ ਪੂਰੀ ਮਿਹਨਤ ਤੇ ਲਗਨ ਦੇ ਨਾਲ ਆਪਣੇ ਬਾਰ੍ਹਵੀਂ ਕਲਾਸ ਦੀ ਪ੍ਰੀਖਿਆ ਦੇਣਗੇ ਅਤੇ ਵਧੀਆ ਅੰਕ ਹਾਸਲ ਕਰਨਗੇ। ਪ੍ਰਿੰਸੀਪਲ ਮਨੀਸਾ ਸੰਗਰ ਨੇ ਵੀ ਬੱਚਿਆਂ ਨੂੰ ਦੱਸਿਆ ਕਿ ਪ੍ਰੀਖਿਆ ਤੋਂ ਪਹਿਲੇ ਇਹ ਦਿਨ ਕਰੜੀ ਮਿਹਨਤ ਦੇ ਹੁੰਦੇ ਹਨ। ਸਕੂਲ ਦੇ ਬਾਰ੍ਹਵੀਂ ਕਲਾਸ ਦੇ ਗਰਿਮਾ ਅਤੇ ਗੁਰਬੀਰ ਮਿਸ ਅਤੇ ਮਿਸਟਰ ਫੇਅਰਵੈਲ ਚੁਣੇ ਗਏ।

ਇਸ ਮੌਕੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਜਗਬੰਧਨ ਸਿੰਘ, ਰਾਜਵਿੰਦਰ ਕੌਰ, ਪਰਮਜੀਤ ਕੌਰ, ਰਾਜਵੀਰ ਕੌਰ, ਪ੍ਰਿਯਾ, ਗੁਰਪ੍ਰੀਤ, ਵਿਸ਼ਾਲੀ, ਬਲਜੀਤ, ਕੰਚਨ, ਪੂਜਾ, ਸ਼ਵੇਤਾ, ਰੁਪਿੰਦਰ, ਪਰਵੀਨ, ਗੁਰਦੇਵ ਸਿੰਘ, ਹਰਜੀਤ ਸਿੰਘ ਅਤੇ ਬਾਕੀ ਸਟਾਫ਼ ਵੀ ਮੌਜੂਦ ਸੀ।

## ਬਜਵਾੜਾ ਕਲਾਂ 'ਚ ਗੁਰਮਤਿ ਸਮਾਗਮ ਅੱਜ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਬਜਵਾੜਾ ਕਲਾਂ ਵਿਖੇ ਗੁਰਦੁਆਰਾ ਸ੍ਰੀ ਸਿੰਘ ਸਾਹਿਬ ਸਭਾ ਜੀ ਊਨਾ ਰੋਡ ਹੁਸ਼ਿਆਰਪੁਰ ਸਮੂਹ ਨਿਵਾਸੀਆਂ, ਪ੍ਰਵਾਸੀ ਭਾਰਤੀਆਂ ਅਤੇ ਜਥੇਬੰਦੀ ਵੱਲੋਂ ਅਨੋਖੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ 13 ਫਰਵਰੀ ਨੂੰ ਜਥੇਬੰਦੀ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ ਮੁਖੀ ਸਾਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ ਛਾਉਣੀ ਨਿਹੰਗ ਸਿੰਘਾਂ ਤਰਨਾ ਦਲ ਬਜਵਾੜਾ ਕਲਾਂ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਹਨ। ਇਸ ਮੌਕੇ ਬਾਬਾ ਰਾਜਵੀਰ ਸਿੰਘ ਹੁਸ਼ਿਆਰਪੁਰ ਨੇ ਦੱਸਿਆ ਕਿ ਸਮਾਗਮ ਦੌਰਾਨ ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ, ਭਾਈ ਜਸਵਿੰਦਰ ਸਿੰਘ ਹੈਡ ਗ੍ਰੰਥੀ, ਭਾਈ ਸਿਮਰਨਪ੍ਰੀਤ ਸਿੰਘ ਹੁਸ਼ਿਆਰਪੁਰ, ਭਾਈ ਬਲਜੋਤ ਸਿੰਘ ਕਵੀਸ਼ਰੀ ਜਥਾ ਚੱਬੇਵਾਲ ਆਦਿ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਲੰਗਰ ਅਤੁੱਟ ਵਰਤਾਏ ਜਾਣਗੇ।

# ਡਿਪਟੀ ਸਪੀਕਰ ਦੀ ਰਿਹਾਇਸ਼ ਦਾ ਘਿਰਾਓ ਕਰਨ ਲਈ ਕੋਟ ਫਤੂਹੀ ਤੋਂ ਜਥਾ ਰਵਾਨਾ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਮੁਲਾਜ਼ਮ-ਪੈਨਸ਼ਨਰ ਸਾਂਝੇ ਫਰੰਟ ਵੱਲੋਂ ਉਲੀਕੇ ਪ੍ਰੋਗਰਾਮ ਤਹਿਤ ਬਲਾਕ ਕੋਟ ਫਤੂਹੀ ਤੋਂ ਮੁਲਾਜ਼ਮ ਅਤੇ ਪੈਨਸ਼ਨਰਾਂ ਦਾ ਇਕ ਜਥਾ ਡਿਪਟੀ ਸਪੀਕਰ ਜੈ ਕਿਸ਼ਨ ਸਿੰਘ ਰੌੜੀ ਦੀ ਗੜ੍ਹਸ਼ੰਕਰ ਵਿਖੇ ਰਿਹਾਇਸ਼ ਦਾ ਘਿਰਾਓ ਕਰਨ ਲਈ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਜਨਰਲ ਸਕੱਤਰ ਉਂਕਾਰ ਸਿੰਘ ਅਤੇ ਸੂਬਾ ਪੈਨਸ਼ਨਰ ਆਗੂ ਹਰਭਜਨ ਸਿੰਘ ਦੀ ਸਰਪ੍ਰਸਤੀ ਹੇਠ ਰਵਾਨਾ ਹੋਇਆ। ਸਾਂਝੇ ਫਰੰਟ ਵੱਲੋਂ ਮੰਗਾਂ ਪ੍ਰਤੀ ਸਰਕਾਰ ਵੱਲੋਂ ਅਪਣਾਈ ਟਾਲਮਟੋਲ ਦੀ ਨੀਤੀ ਤੋਂ ਤੰਗ ਆ ਕੇ 'ਆਪ' ਸਰਕਾਰ ਦੇ ਐਮ ਐਲ ਏ ਅਤੇ ਮੰਤਰੀਆਂ ਦਾ ਘਿਰਾਓ ਕੀਤਾ ਜਾ ਰਿਹਾ ਹੈ। ਇਸ ਲੜੀ ਤਹਿਤ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਦਾ ਘਿਰਾਓ ਫਰੰਟ ਵੱਲੋਂ ਕੀਤਾ ਗਿਆ। ਇਸ ਮੌਕੇ ਰੈਲੀ ਲਈ ਰਵਾਨਾ ਹੋਣ ਸਮੇਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਪੰਜਾਬ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਰੈਲੀ ਲਈ ਰਵਾਨਾ ਹੋਣ ਸਮੇਂ ਸਗਲੀ ਰਾਮ, ਅਜੀਤ ਸਿੰਘ, ਸ਼ਿੰਗਾਰਾ ਸਿੰਘ, ਟੇਕ ਚੰਦ, ਕੁਲਵੰਤ ਸਿੰਘ, ਅਮਰਜੀਤ ਸਿੰਘ, ਜਸਵਿੰਦਰ ਸਿੰਘ, ਮਹਿੰਦਰ ਪਾਲ, ਆਬਾਦ ਅਲੀ, ਬਲਬੀਰ ਸਿੰਘ, ਸਤਪਾਲ ਸਿੰਘ ਅਤੇ ਹੋਰ ਮੌਜੂਦ ਸਨ।

# 1240 ਮਿੰਨੀ ਆਂਗਣਵਾੜੀ ਕੇਂਦਰਾਂ ਨੂੰ ਮੁੱਖ ਆਂਗਣਵਾੜੀ ਕੇਂਦਰਾਂ 'ਚ ਕੀਤਾ ਅੱਪਗ੍ਰੇਡ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਵੱਲੋਂ ਸੂਬੇ ਦੇ 1240 ਆਂਗਣਵਾੜੀ ਕੇਂਦਰਾਂ ਨੂੰ ਮਿੰਨੀ ਆਂਗਣਵਾੜੀ ਕੇਂਦਰਾਂ ਤੋਂ ਮੁੱਖ ਆਂਗਣਵਾੜੀ ਕੇਂਦਰਾਂ ਵਿੱਚ ਅੱਪਗ੍ਰੇਡ ਕੀਤਾ ਗਿਆ ਹੈ। ਸਮਾਜਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸੂਬੇ ਵਿੱਚ ਕੁੱਲ 27314 ਆਂਗਣਵਾੜੀ ਸੈਂਟਰਾਂ ਵਿਚੋਂ 1240 ਆਂਗਣਵਾੜੀ ਸੈਂਟਰ ਬਤੌਰ ਮਿੰਨੀ ਆਂਗਣਵਾੜੀ ਸੈਂਟਰ ਚਲ ਰਹੇ ਸਨ। ਉਨ੍ਹਾਂ ਦੱਸਿਆ ਕਿ ਇਨ੍ਹਾਂ 1240 ਆਂਗਣਵਾੜੀ ਸੈਂਟਰਾਂ ਵਿੱਚ ਇੱਕ ਵਰਕਰ ਕੰਮ ਕਰ ਰਹੀ ਸੀ, ਜਿਸ ਨੂੰ ਪ੍ਰਤੀ ਮਹੀਨਾ ਮਾਣਭੱਤਾ 3500 ਰੁਪਏ ਦਿੱਤਾ ਜਾਂਦਾ ਹੈ। ਡਾਕਟਰ ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਆਂਗਣਵਾੜੀ ਵਰਕਰ ਯੂਨੀਅਨ ਦੀ ਮੰਗ 'ਤੇ ਵਿਚਾਰ ਕਰਦੇ ਹੋਏ ਇਨ੍ਹਾਂ 1240 ਮਿੰਨੀ ਆਂਗਣਵਾੜੀ ਸੈਂਟਰਾਂ ਨੂੰ ਮੇਨ ਆਂਗਣਵਾੜੀ ਸੈਂਟਰਾਂ ਵਿੱਚ ਤਬਦੀਲ ਕਰਨ ਦੀ ਪ੍ਰਵਾਨਗੀ ਜਾਰੀ ਕਰ ਦਿੱਤੀ ਸੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਸੂਬਾ ਸਰਕਾਰ ਦੀ ਦਿੱਤੀ ਗਈ ਪ੍ਰਵਾਨਗੀ ਦੇ ਸਨਮੁੱਖ ਕੇਂਦਰ ਸਰਕਾਰ ਵੱਲੋਂ ਵੀ ਇਨ੍ਹਾਂ 1240 ਮਿੰਨੀ ਆਂਗਣਵਾੜੀ ਸੈਂਟਰਾਂ ਨੂੰ ਮੇਨ ਆਂਗਣਵਾੜੀ ਸੈਂਟਰਾਂ ਵਿੱਚ ਤਬਦੀਲ ਕਰਨ ਦੀ ਪ੍ਰਵਾਨਗੀ ਜਾਰੀ ਕਰ ਦਿੱਤੀ ਹੈ। ਹੁਣ ਪੰਜਾਬ ਵਿੱਚ ਕੁੱਲ ਪ੍ਰਵਾਨਤ 27314 ਆਂਗਣਵਾੜੀ ਸੈਂਟਰ ਮੇਨ ਆਂਗਣਵਾੜੀ ਸੈਂਟਰਾਂ ਦੀ ਸ਼੍ਰੇਣੀ ਵਿੱਚ ਆ ਗਏ ਹਨ। ਉਨ੍ਹਾਂ ਕਿਹਾ ਕਿ ਹੁਣ ਮਿੰਨੀ ਆਂਗਣਵਾੜੀ ਵਰਕਰ ਦਾ ਪ੍ਰਤੀ ਮਹੀਨਾ ਮਾਣਭੱਤਾ 3500 ਰੁਪਏ ਤੋਂ ਵਧ ਕੇ ਕੁੱਲ 4500 ਰੁਪਏ ਹੋ ਜਾਵੇਗਾ। ਉਨ੍ਹਾਂ ਦੱਸਿਆ ਕਿ ਆਂਗਣਵਾੜੀ ਕੇਂਦਰਾਂ ਵਿੱਚ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਮਾਣਭੱਤਾ ਕੇਂਦਰ ਸਰਕਾਰ ਦੇ ਨਿਯਮਾਂ ਅਨੁਸਾਰ ਦਿੱਤਾ ਜਾ ਰਿਹਾ ਹੈ ਅਤੇ ਪੰਜਾਬ ਸਰਕਾਰ ਵੱਲੋਂ ਵੱਖਰਾ ਮਣਭੱਤਾ ਦਿੱਤਾ ਜਾਂਦਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਹੁਣ 1240 ਆਂਗਣਵਾੜੀ ਹੈਲਪਰਾਂ ਦੀਆਂ ਮਾਣਭੱਤੇ ਦੀਆਂ ਅਸਾਮੀਆਂ ਵੀ ਸਿਰਜਤ ਹੋਈਆਂ ਹਨ, ਜਿਸ ਕਰਕੇ 1240 ਆਂਗਣਵਾੜੀ ਹੈਲਪਰਾਂ ਦੀ ਭਰਤੀ ਜਲਦ ਕੀਤੀ ਜਾਵੇਗੀ। ਆਂਗਣਵਾੜੀ ਹੈਲਪਰ ਦਾ ਮਾਣਭੱਤਾ 2250 ਰੁਪਏ ਪ੍ਰਤੀ ਮਹੀਨਾ ਹੋਵੇਗਾ। ਉਨ੍ਹਾਂ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਦਿੱਤੇ ਜਾਂਦੇ ਫਿਕਸ ਮਾਣਭੱਤੇ ਤੋਂ ਇਲਾਵਾ ਸੂਬਾ ਸਰਕਾਰ ਵੱਲੋਂ ਆਂਗਣਵਾੜੀ ਵਰਕਰ ਨੂੰ 5000 ਰੁਪਏ ਅਤੇ ਹੈਲਪਰ ਨੂੰ 3100 ਰੁਪਏ ਪ੍ਰਤੀ ਮਹੀਨਾ ਦਿੱਤਾ ਜਾਂਦਾ ਹੈ ਅਤੇ ਇਸ ਦੇ ਨਾਲ ਹੀ ਆਂਗਣਵਾੜੀ ਵਰਕਰ ਨੂੰ 500 ਰੁਪਏ ਅਤੇ ਹੈਲਪਰ ਨੂੰ 250 ਰੁਪਏ ਜਨਵਰੀ ਵਿੱਚ ਸਲਾਨਾ ਵਾਧਾ ਦਿੱਤਾ ਜਾਂਦਾ ਹੈ।

## ਲੋਕਾਂ ਨੂੰ ਬਲੈਕਮੇਲ ਕਰਨ ਵਾਲੇ ਗਰੋਹ ਦਾ ਪਰਦਾਫਾਸ਼

**ਜਲੰਧਰ, ( ਸ਼ੈਲੀ ਐਲਬਰਟ)**-ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਸ ਨੇ ਹਨੀ ਟਰੈਪ ਰਾਹੀਂ ਲੋਕਾਂ ਤੋਂ ਪੈਸੇ ਵਸੂਲਣ ਵਾਲੇ ਇੱਕ ਗਰੋਹ ਦਾ ਪਰਦਾਫਾਸ਼ ਕੀਤਾ ਹੈ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਪੁਲਸ ਨੂੰ ਸੁਰਾਗ ਮਿਲੀ ਸੀ ਕਿ ਇੱਕ ਗਰੋਹ ਹਨੀ ਟਰੈਪ ਰਾਹੀਂ ਲੋਕਾਂ ਤੋਂ ਪੈਸੇ ਵਸੂਲਣ ਦਾ ਧੰਦਾ ਕਰਦਾ ਹੈ। ਉਨ੍ਹਾਂ ਦੱਸਿਆ ਕਿ ਇਹ ਗਰੋਹ ਲੋਕਾਂ ਨੂੰ ਹੋਟਲਾਂ ਦੇ ਕਮਰਿਆਂ ਵਿੱਚ ਬੁਲਾ ਕੇ ਰਿਕਾਰਡ ਕੀਤੀਆਂ ਵੀਡੀਓ ਬਣਾ ਕੇ ਬਲੈਕਮੇਲ ਕਰਦਾ ਸੀ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਪੁਲਸ ਪਾਰਟੀ ਨੇ ਜਲੰਧਰ ਦੇ ਨੰਗਲ ਸ਼ਾਮਾ ਚੌਕ ਨੇੜੇ ਗਰੋਹ ਦੇ ਤਿੰਨ ਮੈਂਬਰਾਂ ਨੂੰ ਕਾਬੂ ਕੀਤਾ।

ਪੁਲਸ ਕਮਿਸ਼ਨਰ ਨੇ ਦੱਸਿਆ ਕਿ ਫੜੇ ਗਏ ਦੋਸ਼ੀਆਂ ਦੀ ਪਹਿਚਾਣ ਪ੍ਰੀਤ ਕੌਰ ਪੁੱਤਰੀ ਕਮਲਜੀਤ ਸਿੰਘ ਵਾਸੀ ਐਚ.ਐਨ.ਓ.ਐਲ 51 ਅਮਰੀਕ ਨਗਰ ਜਲੰਧਰ, ਅਮਨ ਪਤਨੀ ਰਿਸਵ ਵਾਸੀ ਅਮਰੀਕ ਨਗਰ ਸਾਹਮਣੇ ਰਾਜੂ ਕਰਿਆਨਾ ਸਟੋਰ ਜਲੰਧਰ ਅਤੇ ਮੋਹਿਨੀ ਪਤਨੀ ਰਾਕੇਸ਼ ਕੁਮਾਰ ਵਾਸੀ ਅਮਰੀਕ ਨਗਰ, ਸਾਹਮਣੇ ਰਾਜੂ ਕਰਿਆਨਾ ਸਟੋਰ ਜਲੰਧਰ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਖਿਲਾਫ ਥਾਣਾ ਰਾਮਾ ਮੰਡੀ ਜਲੰਧਰ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ । ਸਵਪਨ ਸ਼ਰਮਾ ਨੇ ਦੱਸਿਆ ਕਿ ਫੜੇ ਗਏ ਮੁਲਜ਼ਮਾਂ ਦਾ ਅਜੇ ਤੱਕ ਕੋਈ ਵੀ ਅਪਰਾਧਕ ਪਿਛੋਕੜ ਨਹੀਂ ਲੱਭਿਆ ।

ਪੁਲਸ ਕਮਿਸ਼ਨਰ ਨੇ ਦੱਸਿਆ ਕਿ ਜਾਂਚ ਦੇ ਆਧਾਰ 'ਤੇ ਇਹ ਵੀ ਸਾਹਮਣੇ ਆਇਆ ਹੈ ਕਿ ਇਕ ਹੋਰ ਅਪਰਾਧੀ ਧਰਮਿੰਦਰ ਗਿੱਲ ਵਾਸੀ ਬਸਤੀ ਬਾਵਾ ਖੇਲ ਜਲੰਧਰ ਵੀ ਇਸ ਅਪਰਾਧ ਦਾ ਹਿੱਸਾ ਸੀ। ਉਨ੍ਹਾਂ ਕਿਹਾ ਕਿ ਫਰਾਰ ਮੁਲਜ਼ਮਾਂ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਸਵਪਨ ਸ਼ਰਮਾ ਨੇ ਦੱਸਿਆ ਕਿ ਮਾਮਲੇ ਦੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ ਅਤੇ ਵੇਰਵੇ ਬਾਅਦ ਵਿੱਚ ਸਾਂਝੇ ਕੀਤੇ ਜਾਣਗੇ।

## ਸੁਰਿੰਦਰ ਸਿੰਘ ਵਿਰਦੀ ਨੂੰ ਭਰਪੂਰ ਸ਼ਰਧਾਂਜਲੀਆਂ



ਪ੍ਰਿੰਸੀਪਲ ਗੁਰਮੀਤ ਕੌਰ ਅਟਵਾਲ ਸੁਰਿੰਦਰ ਸਿੰਘ ਵਿਰਦੀ ਨੂੰ ਸ਼ਰਧਾਂਜਲੀ ਭੇਂਟ ਕਰਦੇ ਹੋਏ

**ਸ਼ਾਹਕੋਟ (ਗਿਆਨ ਸੈਦਪੁਰੀ)**- ਐਕਸ ਸਰਵਿਸਮੈਨ ਵੈਲਫੇਅਰ ਸੁਸਾਇਟੀ ਸ਼ਾਹਕੋਟ ਦੇ ਪ੍ਰਧਾਨ ਸਵਰਗੀ ਸੁਰਿੰਦਰ ਸਿੰਘ ਵਿਰਦੀ ਦੇ ਵਰ੍ਹੀਣੇ ਮੌਕੇ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਇਸ ਉਪਰੰਤ ਕੀਰਤਨੀ ਜਥੇ ਨੇ ਕੀਰਤਨ ਰਾਹੀਂ ਸੰਗਤ ਨੂੰ ਗੁਰ-ਸ਼ਬਦ ਨਾਲ ਜੋੜਿਆ। ਇਸ ਮੌਕੇ ਉੱਘੇ ਚਿੰਤਕ ਪ੍ਰਿੰਸੀਪਲ ਗੁਰਮੀਤ ਕੌਰ ਅਟਵਾਲ ਨੇ ਭਾਵਪੂਰਤ ਸ਼ਬਦਾਂ ਰਾਹੀ ਜਿੱਥੇ ਸੁਰਿੰਦਰ ਸਿੰਘ ਵਿਰਦੀ ਨੂੰ ਸ਼ਰਧਾਂਜਲੀ ਭੇਟ ਕੀਤੀ ਉੱਥੇ ਗੁਰਬਾਣੀ ਦੇ ਹਵਾਲੇ ਨਾਲ ਜੀਵਨ ਫਲਸਫੇ ਨੂੰ ਖ਼ੂਬਸੂਰਤ ਢੰਗ ਨਾਲ ਬਿਆਨ ਕੀਤਾ। ਸੁਰਿੰਦਰ ਸਿੰਘ ਵਿਰਦੀ ਹੁਰਾਂ ਦੇ ਵਿਚਰਨ ਵਰਤਾਰੇ ਨੂੰ ਚੇਤੇ ਕਰਦਿਆਂ ਮੈਡਮ ਅਟਵਾਲ ਨੇ ਕਿਹਾ ਕਿ ਉਹ ਸਾਰੀ ਜ਼ਿੰਦਗੀ ਸਿਰਜਣਾਤਮਿਕ ਰਹੇ। ਉਹ ਹਮੇਸ਼ਾ ਸਮਾਜ ਨੂੰ ਹੋਰ ਬਿਹਤਰ ਬਣਾਉਣ ਲਈ ਸੋਚਦੇ, ਲੋਚਦੇ ਤੇ ਕਾਰਜਸ਼ੀਲ ਰਹੇ। ਉਨ੍ਹਾਂ ਕਿਹਾ ਕਿ ਵਿਰਦੀ ਵਰਗੇ ਸਮਰੱਥ ਵਿਅਕਤੀ ਬਹੁਤ ਘੱਟ ਪੈਦਾ ਹੁੰਦੇ ਹਨ। ਉਨ੍ਹਾਂ ਗੁਰਮਤਿ ਆਸੇ ਨਾਲ ਸੁਚੱਜੀ ਜ਼ਿੰਦਗੀ ਜਿਊਣ ਦੀ ਪ੍ਰੇਰਨਾ ਦਿੰਦਿਆਂ ਕਿਹਾ ਕਿ ਗੁਰਬਾਣੀ ਪੜ੍ਹਨ ਦੇ ਨਾਲ ਸਾਨੂੰ ਖ਼ੁਦ ਵੀ ਬਾਣੀ ਬਣਨਾ ਹੋਵੇਗਾ। ਵਰ੍ਹੀਣਾ ਸਮਾਗਮ ਵਿੱਚ ਸਵਰਗੀ ਸੁਰਿੰਦਰ ਸਿੰਘ ਵਿਰਦੀ ਦੀ ਧਰਮ ਪਤਨੀ ਬੀਬੀ ਬਲਜੀਤ ਕੌਰ, ਗੁਰਪ੍ਰੀਤ ਸਿੰਘ (ਪੁੱਤਰ), ਰਵਿੰਦਰ ਕੌਰ (ਨੂੰਹ), ਬਾਲ ਸਾਹਿਤ ਲੇਖਕ ਡਾ. ਨਰਿੰਦਰ ਸਿੰਘ ਬਾਂਸਲ, ਇੰਦਰਜੀਤ ਸਿੰਘ ਮਲਸੀਆ, ਬਲਬੀਰ ਸਿੰਘ (ਉੜੀਸਾ), ਹੋਰ ਰਿਸ਼ਤੇਦਾਰ ਅਤੇ ਦੋਸਤ ਮਿੱਤਰ ਸ਼ਾਮਲ ਸਨ।

# ਜਲਦ ਸ਼ੁਰੂ ਹੋਵੇਗਾ ਸ੍ਰੀ ਅਨੰਦਪੁਰ ਸਾਹਿਬ ਰਾਸ਼ਟਰੀ ਮਾਰਗ ਦੀ ਮੁਰੰਮਤ ਦਾ ਕੰਮ : ਹਰਜੋਤ ਬੈਂਸ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਦੇਸ਼ਾਂ ਵਿਦੇਸ਼ਾਂ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਲਈ ਆਉਂਦੀਆਂ ਹਨ, ਜਿਸ ਦੇ ਚਲਦਿਆਂ ਪੰਜਾਬ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਸ੍ਰੀ ਅਨੰਦਪੁਰ ਸਾਹਿਬ ਦਾ ਸਰਵਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ। ਗੁਰੂ ਨਗਰੀ ਦੀ ਦਿੱਖ ਨੂੰ ਹੋਰ ਸੁੰਦਰ ਬਣਾਉਣ ਲਈ ਨਗਰ ਦੇ ਦਾਖਲਾ ਗੇਟਾਂ ਦੇ ਸੁੰਦਰੀਕਰਨ, ਪੰਜ ਪਿਆਰਾ ਪਾਰਕ ਦੇ ਨਵੀਨੀਕਰਨ, ਸ਼ਾਨਦਾਰ ਲਾਈਟਾਂ ਦੇ ਕੰਮ ਮੁਕੰਮਲ ਹੋ ਚੁੱਕੇ ਹਨ।

ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਜਲਦ 3 ਕਰੋੜ ਰੁਪਏ ਦੀ ਲਾਗਤ ਨਾਲ ਸ੍ਰੀ ਅਨੰਦਪੁਰ ਸਾਹਿਬ ਆਉਣ ਵਾਲੇ ਰਾਸ਼ਟਰੀ ਮਾਰਗ ਦੀ ਮੁਰੰਮਤ ਦਾ ਕੰਮ ਸ਼ੁਰੂ ਹੋਣ ਜਾ ਰਿਹਾ ਹੈ। ਇਹ ਜਾਣਕਾਰੀ ਉਨਾਂ ਅੱਜ "ਆਪ ਦੀ ਸਰਕਾਰ ਆਪ ਦੇ ਦੁਆਰ" ਪ੍ਰੋਗਰਾਮ ਤਹਿਤ ਸ੍ਰੀ ਅਨੰਦਪੁਰ ਸਾਹਿਬ ਦੇ ਵਾਰਡ ਨੰਬਰ 5 ਵਿੱਚ ਲੱਗੇ ਕੈਂਪ ਵਿੱਚ ਪਹੁੰਚੇ ਇਲਾਕਾ ਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਦਿੱਤੀ। ਉਨਾਂ ਦੱਸਿਆ ਕਿ ਟੋਲ ਪਲਾਜ਼ਾ ਬੰਦ ਹੋਣ ਤੋਂ ਬਾਅਦ ਸ੍ਰੀ ਅਨੰਦਪੁਰ ਸਾਹਿਬ ਪਹੁੰਚ ਮਾਰਗ ਤੇ ਕਈ ਥਾਵਾਂ ਉੱਤੇ ਟੋਏ ਪੈਣੇ ਸ਼ੁਰੂ ਹੋਏ ਸਨ, ਜਿਸ ਤੋਂ ਬਾਅਦ ਵਿਸ਼ੇਸ਼ ਤੌਰ 'ਤੇ ਉਹ ਸੜਕਾਂ ਜਿੱਥੋਂ ਟੋਲ ਪਲਾਜ਼ਾ ਬੰਦ ਕਰਵਾਏ ਗਏ ਸਨ, ਦੀ ਜਲਦ ਮੁਰੰਮਤ ਕਰਵਾਉਣ ਲਈ ਸੰਬੰਧਤ ਵਿਭਾਗ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ, ਜਿਸ ਤੋਂ ਬਾਅਦ ਹੁਣ ਜੰਗੀ ਪੱਧਰ 'ਤੇ ਇਨਾਂ ਸੜਕਾਂ ਦੀ ਮੁਰੰਮਤ ਦਾ ਕੰਮ ਸ਼ੁਰੂ ਹੋਵੇਗਾ। ਉਨਾਂ ਕਿਹਾ ਕਿ ਹੁਣ ਬਾਹਰੋਂ ਆਉਣ ਵਾਲੀਆਂ ਸੰਗਤਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ ਤੇ ਸੁਚਾਰੂ ਆਵਾਜਾਈ ਦੀ ਸਹੂਲਤ ਮਿਲੇਗੀ। ਇਸ ਮੌਕੇ ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ, ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਜਗਜੀਤ ਸਿੰਘ ਜੱਗੀ ਬਲਾਕ ਪ੍ਰਧਾਨ, ਜਸਵੀਰ ਸਿੰਘ ਅਰੋੜਾ ਜ਼ਿਲ੍ਹਾ ਪ੍ਰਧਾਨ ਵਪਾਰ ਮੰਡਲ, ਇੰਦਰਜੀਤ ਸਿੰਘ ਅਰੋੜਾ ਪ੍ਰਧਾਨ ਵਪਾਰ ਮੰਡਲ, ਦੀਪਕ ਆਂਗਰਾ ਪ੍ਰਧਾਨ ਵਪਾਰ ਮੰਡਲ, ਹਰਤੇਗਵੀਰ ਤੇਗੀ ਸੀਨੀਅਰ ਲੀਡਰ, ਸੰਮੀ ਬਰਾਰੀ ਯੂਥ ਪ੍ਰਧਾਨ, ਪ੍ਰਵੀਨ ਕੌਸ਼ਲ ਕੌਸਲਰ, ਗੁਰਪ੍ਰੀਤ ਕੌਰ, ਦਲਜੀਤ ਸਿੰਘ ਕੈਂਥ, ਪਰਮਵੀਰ ਸਿੰਘ ਕੌਂਸਲਰ, ਹਰਬਖਸ਼ ਸਿੰਘ ਕਾਰਜ ਸਾਧਕ ਅਫਸਰ, ਪੰਮੀ, ਮਾਸਟਰ ਮੋਹਨ ਲਾਲ, ਅਭਿਜੀਤ ਅਲੈਕਸ,ਦਵਿੰਦਰ ਸਿੰਘ ਸਿੰਦੂ ਬਲਾਕ ਪ੍ਰਧਾਨ, ਇੰਦਰਜੀਤ ਕੌਸ਼ਲ, ਵਿਕਰਮ, ਪਰਮਵੀਰ ਸਿੰਘ, ਪ੍ਰਵੀਨ ਕੌਸ਼ਲ, ਊਸ਼ਾ ਰਾਣੀ, ਰਣਜੀਤ ਕੌਰ, ਹਰਪਾਲ ਕੌਰ ਤੇ ਵੱਡੀ ਗਿਣਤੀ ਵਿਚ ਪਤਵੰਤੇ ਹਾਜ਼ਰ ਸਨ।

# ਸ਼ੇਰਗਿੱਲ ਨੇ ਬੈਲ ਗੱਡੀਆਂ ਦੀਆਂ ਦੌੜਾਂ ਮੁੜ ਸ਼ੁਰੂ ਕਰਵਾਉਣ ਲਈ ਕੇਂਦਰੀ ਮੰਤਰੀ ਹਰਦੀਪ ਪੁਰੀ ਨਾਲ ਕੀਤੀ ਮੁਲਾਕਾਤ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ )**-ਭਾਜਪਾ ਦੇ ਕੌਮੀ ਬੁਲਾਰੇ ਜੈਵੀਰ ਸ਼ੇਰਗਿੱਲ ਨੇ ਭਾਰਤ ਦੀਆਂ ਰੂਰਲ ਓਲੰਪਿਕਸ ਵਜੋਂ ਜਾਣੀਆਂ ਜਾਂਦੀਆਂ ਕਿਲਾ ਰਾਏਪੁਰ ਖੇਡਾਂ ਵਿਖੇ ਬੈਲ ਗੱਡੀਆਂ ਦੀਆਂ ਦੌੜਾਂ ਨੂੰ ਮੁੜ ਸ਼ੁਰੂ ਕਰਵਾਉਣ ਲਈ ਦਖਲ ਦੀ ਮੰਗ ਕਰਦਿਆਂ ਨਵੀਂ ਦਿੱਲੀ ਵਿਖੇ ਕੇਂਦਰੀ ਹਾਊਸਿੰਗ ਤੇ ਅਰਬਨ ਮਾਮਲਿਆਂ ਤੇ ਪੈਟਰੋਲੀਅਮ ਤੇ ਨੈਚੁਰਲ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨਾਲ ਮੁਲਾਕਾਤ ਕੀਤੀ। ਇੱਥੇ ਜਾਰੀ ਇੱਕ ਬਿਆਨ ਵਿੱਚ ਸ਼ੇਰਗਿੱਲ ਨੇ ਕਿਹਾ ਕਿ ਮੰਤਰੀ ਨਾਲ ਮੁਲਾਕਾਤ ਦੌਰਾਨ ਉਨ੍ਹਾਂ ਨੇ ਪੁਰੀ ਨੂੰ 'ਦ ਪਰਵੈਂਸਨ ਆਫ ਕਰੂਐਲਿਟੀ ਟੂ ਐਨੀਮਲ (ਪੰਜਾਬ ਅਮੈਂਡਮੈਂਟ) ਬਿੱਲ 2019' ਨੂੰ ਰਾਸ਼ਟਰਪਤੀ ਦੀ ਮਨਜ਼ੂਰੀ ਦਿਵਾਉਣ ਲਈ ਬੇਨਤੀ ਕੀਤੀ, ਜਿਸ ਨਾਲ ਸਲਾਨਾ ਕਿਲਾ ਰਾਏਪੁਰ ਰੂਰਲ ਓਲੰਪਿਕਸ 'ਚ ਬੈਲ ਗੱਡੀਆਂ ਦੀਆਂ ਦੌੜਾਂ ਮੁੜ ਸ਼ੁਰੂ ਕਰਵਾਉਣ ਦਾ ਰਸਤਾ ਖੁੱਲ੍ਹ ਜਾਵੇਗਾ। ਸ਼ੇਰਗਿੱਲ ਨੇ ਦੱਸਿਆ ਕਿ ਬੈਲ ਗੱਡੀਆਂ ਦੀਆਂ ਦੌੜਾਂ ਪਿਛਲੇ ਕਈ ਦਹਾਕਿਆਂ ਤੋਂ ਪੰਜਾਬ ਅਤੇ ਇਸ ਦੇ ਸੱਭਿਆਚਾਰ ਅਤੇ ਵਿਰਸੇ ਨਾਲ ਸਬੰਧਤ ਪੰਜਾਬ ਦਾ ਅਹਿਮ ਮੁੱਦਾ ਰਿਹਾ ਹੈ। ਇਸ ਦਿਸ਼ਾ ਵਿੱਚ ਜ਼ਿਲ੍ਹਾ ਲੁਧਿਆਣਾ ਦੇ ਪਿੰਡ ਕਿਲਾ ਰਾਏਪੁਰ ਵਿੱਚ 1933 ਤੋਂ ਲਗਾਤਾਰ ਕਿਲਾ ਰਾਏਪੁਰ ਪੇਂਡੂ ਖੇਡਾਂ ਕਰਵਾਈਆਂ ਜਾ ਰਹੀਆਂ ਹਨ। ਵਰਤਮਾਨ ਵਿੱਚ ਇਹ ਖੇਡਾਂ ਦੁਨੀਆ ਭਰ ਵਿੱਚ ਮਿੰਨੀ ਓਲੰਪਿਕਸ ਵਜੋਂ ਜਾਣੀਆਂ ਜਾਂਦੀਆਂ ਹਨ। ਸ਼ੇਰਗਿੱਲ ਨੇ ਪੁਰੀ ਨੂੰ ਦੱਸਿਆ ਕਿ ਪੰਜਾਬ ਵਿੱਚ ਬੈਲ ਗੱਡੀਆਂ ਦੀਆਂ ਦੌੜਾਂ ਦੀ ਪ੍ਰਸਿੱਧੀ ਅਤੇ ਇਨ੍ਹਾਂ ਦੀ ਇਤਿਹਾਸਕ ਅਤੇ ਸੱਭਿਆਚਾਰਕ ਮਹੱਤਤਾ ਨੂੰ ਦੇਖਦਿਆਂ ਪੰਜਾਬ ਵਿਧਾਨ ਸਭਾ ਵੱਲੋਂ 'ਦ ਪਰਵੈਂਸ਼ਨ ਆਫ ਕਰੂਐਲਿਟੀ ਟੂ ਐਨੀਮਲ (ਪੰਜਾਬ ਅਮੈਂਡਮੈਂਟ) ਬਿੱਲ 2019' ਪਾਸ ਕਰਕੇ ਰਾਸਟਰਪਤੀ ਨੂੰ ਪ੍ਰਵਾਨਗੀ ਲਈ ਭੇਜਿਆ ਗਿਆ ਸੀ, ਪਰ ਅਜੇ ਤੱਕ ਬੈਲ ਗੱਡੀਆਂ ਦੀਆਂ ਦੌੜਾਂ ਮੁੜ ਸ਼ੁਰੂ ਕਰਨ ਲਈ ਭਾਰਤ ਸਰਕਾਰ ਤੋਂ ਕੋਈ ਪ੍ਰਵਾਨਗੀ ਨਹੀਂ ਮਿਲੀ। ਸ਼ੇਰਗਿੱਲ ਨੇ ਇਹ ਵੀ ਦੱਸਿਆ ਕਿ ਇਸ ਖੇਡ ਨੂੰ ਮੁੜ ਇਜਾਜ਼ਤ ਦੇਣ ਨਾਲ ਨਾ ਸਿਰਫ ਕਿਲਾ ਰਾਏਪੁਰ ਪਿੰਡ ਸਗੋਂ ਪੰਜਾਬ ਦੇ ਹਰ ਪਿੰਡ 'ਤੇ ਸਕਾਰਾਤਮਕ ਪ੍ਰਭਾਵ ਪਵੇਗਾ। ਮੀਟਿੰਗ ਦੌਰਾਨ ਸ਼ੇਰਗਿੱਲ ਨੇ ਇਸ ਸਬੰਧੀ ਮੰਤਰੀ ਨੂੰ ਮੰਗ ਪੱਤਰ ਵੀ ਦਿੱਤਾ। ਮੀਟਿੰਗ ਤੋਂ ਬਾਅਦ ਸ਼ੇਰਗਿੱਲ ਨੇ ਕਿਹਾ ਕਿ ਪੁਰੀ ਨੇ ਇਸ ਮਾਮਲੇ 'ਤੇ ਬਹੁਤ ਹਾਂ-ਪੱਖੀ ਹੁੰਗਾਰਾ ਦਿੱਤਾ ਹੈ ਅਤੇ ਭਰੋਸਾ ਦਿੱਤਾ ਹੈ ਕਿ ਉਹ ਇਸ ਅਹਿਮ ਮੁੱਦੇ ਨੂੰ ਉਠਾਉਣਗੇ

# ਸੜਕ ਸੁਰੱਖਿਆ ਫੋਰਸ ਨਾਲ ਬਚਾਈਆਂ ਜਾ ਸਕਣਗੀਆਂ ਹਜ਼ਾਰਾਂ ਅਨਮੋਲ ਜ਼ਿੰਦਗੀਆਂ : ਅਸ਼ੋਕ ਭਾਟੀਆ





**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਸੜਕ ਹਾਦਸਿਆਂ ਕਾਰਨ ਜਾਇਆ ਹੋ ਰਹੀਆਂ ਕੀਮਤੀ ਜਾਨਾਂ ਬਚਾਉਣ ਦੇ ਉਦੇਸ਼ ਨਾਲ ਰਾਜ 'ਚ ਸੜਕ ਸੁਰੱਖਿਆ ਫੋਰਸ ਦਾ ਗਠਨ ਕਰਕੇ ਇੱਕ ਹੋਰ ਇਤਿਹਾਸਕ ਫੈਸਲਾ ਲਿਆ ਹੈ। ਇਹ ਗੱਲ ਆਮ ਆਦਮੀ ਪਾਰਟੀ ਜ਼ਿਲ੍ਹਾ ਕਪੂਰਥਲਾ ਦੇ ਸਕੱਤਰ ਅਸ਼ੋਕ ਭਾਟੀਆ ਨੇ ਵਿਧਾਨ ਸਭਾ ਹਲਕਾ ਫਗਵਾੜਾ ਦੇ ਪਿੰਡ ਮੇਹਟਾਂ ਅਤੇ ਗੰਢਵਾਂ ਵਿਖੇ ਲਗਾਏ ਗਏ ਸਰਕਾਰ ਆਪਦੇ ਦੁਆਰ ਕੈਂਪਾਂ ਦਾ ਜਾਇਜ਼ਾ ਲੈਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਹੀ। ਉਨ੍ਹਾਂ ਜ਼ਿਲ੍ਹਾ ਕਪੂਰਥਲਾ ਯੋਜਨਾ ਬੋਰਡ ਦੇ ਚੇਅਰਪਰਸਨ ਲਲਿਤ ਸਕਲਾਨੀ ਦੀ ਹਾਜ਼ਰੀ ਵਿੱਚ ਦੱਸਿਆ ਕਿ ਪੰਜਾਬ ਲੋਕਾਂ ਨੂੰ ਸੁਰੱਖਿਅਤ ਰੱਖਣ ਲਈ ਸਮਰਪਤ ਫੋਰਸ ਸ਼ੁਰੂ ਕਰਨ ਵਾਲਾ ਪਹਿਲਾ ਸੂਬਾ ਬਣ ਗਿਆ ਹੈ, ਕਿਉਂਕਿ ਇਸ ਯੋਜਨਾ ਨਾਲ ਹਰ ਸਾਲ ਕਰੀਬ ਤਿੰਨ ਹਜ਼ਾਰ ਲੋਕਾਂ ਦੀ ਜਾਨ ਬਚਾਈ ਜਾ ਸਕੇਗੀ। ਭਾਟੀਆ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੀ ਕਾਰਜਸ਼ੈਲੀ ਨੇ ਪੰਜਾਬ ਦੇ ਲੋਕਾਂ ਦਾ ਦਿਲ ਜਿੱਤ ਲਿਆ ਹੈ। ਇਕ ਪਾਸੇ ਸਰਕਾਰ ਲੋਕਾਂ ਦੇ ਘਰਾਂ 'ਚ ਜਾ ਕੇ ਸਰਕਾਰੀ ਦਫ਼ਤਰਾਂ ਵਿੱਚ ਪੇਸ਼ ਆ ਰਹੀਆਂ ਮੁਸ਼ਕਲਾਂ ਤੋਂ ਵੱਡੀ ਰਾਹਤ ਦੇ ਰਹੀ ਹੈ, ਉਥੇ ਦੂਜੇ ਪਾਸੇ ਮੁਫਤ ਬਿਜਲੀ, ਜਾਇਦਾਦ ਖਰੀਦਣ ਅਤੇ ਵੇਚਣ ਲਈ ਐਨ.ਓ.ਸੀ. ਦੇ ਖਾਤਮੇ ਤੋਂ ਇਲਾਵਾ ਸੜਕ ਸੁਰੱਖਿਆ ਫੋਰਸ ਦੇ ਗਠਨ ਵਰਗੀਆਂ ਇੱਕ ਤੋਂ ਬਾਅਦ ਇੱਕ ਲੋਕ ਭਲਾਈ ਸਕੀਮਾਂ ਲਾਗੂ ਕੀਤੀਆਂ ਜਾ ਰਹੀਆਂ ਹਨ। ਇਸ ਦੌਰਾਨ ਪਿੰਡ ਮੇਹਟਾਂ ਦੇ ਸਮੂਹ ਨਿਵਾਸੀਆਂ ਨੇ ਅਸ਼ੋਕ ਭਾਟੀਆ ਰਾਹੀਂ ਕੈਂਪ ਦੇ ਆਯੋਜਨ ਲਈ ਪੰਜਾਬ ਦੀ ਭਗਵੰਤ ਮਾਨ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਹਰੀਓਮ ਗੁਪਤਾ, ਜੋਗਿੰਦਰ ਪਾਲ ਗੋਪੀ ਬੇਦੀ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।

# 'ਆਪ ਦੀ ਸਰਕਾਰ ਆਪ ਦੇ ਦੁਆਰ' ਯੋਜਨਾ ਤਹਿਤ ਸਰਕਾਰ ਕਰ ਰਹੀ ਹੈ ਸਮੱਸਿਆਵਾਂ ਦਾ ਹੱਲ : ਹਰਜੋਤ ਬੈਂਸ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਪੰਜਾਬ ਸਰਕਾਰ ਵਲੋਂ ਲੋਕਾਂ ਨੂੰ ਘਰਾਂ ਦੇ ਨਜ਼ਦੀਕ ਸਰਕਾਰੀ ਸੇਵਾਵਾਂ ਪ੍ਰਦਾਨ ਕਰਨ ਦੇ ਮਕਸਦ ਨਾਲ 'ਆਪ ਦੀ ਸਰਕਾਰ, ਆਪ ਦੇ ਦੁਆਰ' ਮੁਹਿੰਮ ਤਹਿਤ ਲਗਾਏ ਗਏ ਕੈਂਪਾਂ ਵਿਚ ਲੋਕਾਂ ਨੂੰ ਸਰਕਾਰੀ ਸੇਵਾਵਾਂ ਉਨ੍ਹਾਂ ਦੇ ਘਰਾਂ ਦੇ ਨਜ਼ਦੀਕ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਹੁਣ ਤੱਕ ਵੱਖ ਵੱਖ ਸ਼ਹਿਰੀ ਤੇ ਪੇਂਡੂ ਖੇਤਰਾਂ ਵਿਚ ਲਗਾਏ ਲਗਭਗ 53 ਕੈਂਪਾਂ ਵਿੱਚ 10 ਹਜ਼ਾਰ ਤੋ ਵੱਧ ਲੋਕਾਂ ਨੇ ਲਾਭ ਪ੍ਰਾਪਤ ਕਰਨ ਲਈ ਅਰਜ਼ੀਆਂ ਤੇ ਫਾਰਮ ਭਰੇ ਹਨ, ਇਸ ਦੌਰਾਨ ਬਹੁਤ ਸਾਰੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਗਿਆ ਹੈ, ਬਕਾਇਆ ਸ਼ਿਕਾਇਤਾਂ ਦੇ ਨਿਪਟਾਰੇ ਲਈ ਅਧਿਕਾਰੀਆਂ ਨੂੰ ਸਮਾਬੱਧ ਹੱਲ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਰਜੋਤ ਸਿੰਘ ਬੈਂਸ ਕੈਬਨਿਟ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਉਚੇਰੀ ਸਿੱਖਿਆ ਪੰਜਾਬ ਨੇ ਅੱਜ ਸ੍ਰੀ ਅਨੰਦਪੁਰ ਸਾਹਿਬ ਦੇ ਵਾਰਡ ਨੰ: 5,6,7 ਤੇ 8 ਵਿੱਚ ਲੋਕਾਂ ਦੀਆਂ ਸਮੱਸਿਆਵਾਂ ਹੱਲ ਕਰਨ ਮੌਕੇ ਕੀਤਾ। ਉਨ੍ਹਾਂ ਨੇ ਕਿਹਾ ਕਿ ਸਰਕਾਰੀ ਹਸਪਤਾਲਾਂ ਵਿੱਚ ਹਰ ਸਹੂਲਤ ਉਪਲੱਬਧ ਕਰਵਾਈ ਗਈ ਹੈ, ਅਲਟ੍ਰਾਸਾਊਂਡ, ਐਕਸ-ਰੇ, ਦਵਾਈਆਂ ਆਦਿ ਦੀ ਸਹੂਲਤ ਆਮ ਨਾਗਰਿਕ ਨੂੰ ਮਿਲ ਰਹੀ ਹੈ, ਬਹੁਤ ਸਾਰੇ ਸਕੈਨ ਸੈਂਟਰ, ਲੈਬ, ਇੰਮਪੈਨਲਡ ਕੀਤੇ ਗਏ ਹਨ, ਸਰਕਾਰੀ ਹਸਪਤਾਲ ਵਿੱਚ ਹਰ ਤਰਾਂ ਦੀ ਦਵਾਈ ਮਿਲੇਗੀ ਜੇਕਰ ਦਵਾਈ ਉਪਲੱਬਧ ਨਹੀ ਹੋਵੇਗੀ ਤਾਂ ਮੌਜੂਦ ਡਾਕਟਰ ਆਪਣੇ ਪੱਧਰ 'ਤੇ ਦਵਾਈ ਦਾ ਪ੍ਰਬੰਧ ਕਰਨਗੇ, ਅਲਟ੍ਰਾਸਾਊਂਡ ਲਈ ਪ੍ਰਾਈਵੇਟ ਸਕੈਨ ਸੈਂਟਰ ਸਰਕਾਰੀ ਹਸਪਤਾਲ ਵੱਲੋਂ ਮਿਲੀ ਪਰਚੀ ਉਤੇ ਮਰੀਜ਼ ਦਾ ਅਲਟ੍ਰਾਸਾਊਂਡ ਕਰਨਗੇ, ਜਿਸ ਦੀ ਅਦਾਇਗੀ ਸੈਂਟਰ ਨੂੰ ਪੰਜਾਬ ਸਰਕਾਰ ਵੱਲੋਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਦੋਨੋ ਰੇਲਵੇ ਸਟੇਸ਼ਨਾਂ ਦੇ ਨਵੀਨੀਕਰਨ ਦਾ ਕੰਮ ਚੱਲ ਰਿਹਾ ਹੈ। ਬੈਂਸ ਨੇ ਕਿਹਾ ਕਿ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੀ ਚਰਨ ਗੰਗਾ ਖੱਡ ਨੂੰ ਸੈਰਗਾਹ ਵੱਜੋਂ ਵਿਕਸਤ ਕਰਨਾ ਹੈ ਅਤੇ ਇਸ ਦੀਆਂ ਦੋਨੋਂ ਸਾਈਡਾਂ ਨੂੰ ਸਾਫ ਸੁਥਰਾ ਕਰਕੇ ਇੱਥੇ ਪੌਦੇ ਲਗਾਏ ਜਾਣਗੇ ਤੇ ਇਸ ਦਾ ਸੁੰਦਰੀਕਰਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਮਾਤਾ ਸ੍ਰੀ ਨੈਣਾ ਦੇਵੀ ਜੀ ਤੋਂ ਜੱਜਰ ਤੱਕ ਰੋਪਵੇਅ ਪ੍ਰੋਜੈਕਟ 'ਤੇ ਵੀ ਕੰਮ ਕੀਤਾ ਜਾ ਰਿਹਾ ਹੈ । ਪੰਜ ਪਿਆਰਾ ਪਾਰਕ ਲੋਕਾਂ ਇੱਕ ਮਿਸਾਲ ਬਣ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਆਪ ਦੀ ਸਰਕਾਰ ਆਪ ਦੇ ਦੁਆਰ ਕੈਂਪਾਂ ਰਾਹੀ ਸਾਰੇ ਸਰਕਾਰੀ ਅਧਿਕਾਰੀ ਲੋਕਾਂ ਦੇ ਘਰਾਂ ਨੇੜੇ ਕੈਂਪਾਂ ਵਿਚ ਪਹੁੰਚ ਕਰ ਰਹੇ ਹਨ ਅਤੇ ਸਰਕਾਰੀ ਸੇਵਾਵਾਂ ਲੋਕਾਂ ਦੇ ਘਰਾਂ ਨੇੜੇ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਕੈਬਨਿਟ ਮੰਤਰੀ ਹਰਜੋਤ ਬੈਂਸ ਹਰ ਕੈਂਪ 'ਚ ਸ਼ਿਰਕਤ ਕਰਕੇ ਖੁਦ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਹੱਲ ਕਰ ਰਹੇ ਹਨ। ਇਸ ਮੌਕੇ ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ, ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਜਗਜੀਤ ਸਿੰਘ ਜੱਗੀ ਬਲਾਕ ਪ੍ਰਧਾਨ, ਜਸਵੀਰ ਸਿੰਘ ਅਰੋੜਾ ਜ਼ਿਲ੍ਹਾ ਪ੍ਰਧਾਨ ਵਪਾਰ ਮੰਡਲ, ਇੰਦਰਜੀਤ ਸਿੰਘ ਅਰੋੜਾ ਪ੍ਰਧਾਨ ਵਪਾਰ ਮੰਡਲ, ਦੀਪਕ ਆਂਗਰਾ ਪ੍ਰਧਾਨ ਵਪਾਰ ਮੰਡਲ, ਹਰਤੇਗਵੀਰ ਤੇਗੀ ਸੀਨੀਅਰ ਲੀਡਰ, ਸੰਮੀ ਬਰਾਰੀ ਯੂਥ ਪ੍ਰਧਾਨ, ਪ੍ਰਵੀਨ ਕੌਸ਼ਲ ਕੌਂਸਲਰ, ਗੁਰਪ੍ਰੀਤ ਕੌਰ, ਦਲਜੀਤ ਸਿੰਘ ਕੈਂਥ, ਪਰਮਵੀਰ ਸਿੰਘ ਕੌਂਸਲਰ, ਹਰਬਖਸ਼ ਸਿੰਘ ਕਾਰਜ ਸਾਧਕ ਅਫਸਰ, ਪੰਮੀ, ਮਾਸਟਰ ਮੋਹਨ ਲਾਲ, ਅਭਿਜੀਤ ਐਲਕਸ,ਦਵਿੰਦਰ ਸਿੰਘ ਸਿੱਧੂ ਬਲਾਕ ਪ੍ਰਧਾਨ, ਇੰਦਰਜੀਤ ਕੌਸ਼ਲ, ਵਿਕਰਮ, ਪਰਮਵੀਰ ਸਿੰਘ, ਪ੍ਰਵੀਨ ਕੌਸ਼ਲ, ਊਸ਼ਾ ਰਾਣੀ, ਰਣਜੀਤ ਕੌਰ, ਹਰਪਾਲ ਕੌਰ ਤੇ ਵੱਡੀ ਗਿਣਤੀ ਵਿਚ ਪਤਵੰਤੇ ਹਾਜ਼ਰ ਸਨ।

# ਸਾਂਝੇ ਮੋਰਚੇ ਦੇ ਬੇਰੁਜ਼ਗਾਰਾਂ ਨਾਲ ਮੁੱਖ ਮੰਤਰੀ ਦੀ ਕੋਠੀ ਅੱਗੇ ਧੱਕਾਮੁੱਕੀ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਮੁੱਖ ਮੰਤਰੀ ਦੀ ਕੋਠੀ ਅੱਗੇ ਆਪਣੀਆਂ ਮੰਗਾਂ ਲਈ ਆਉਣ ਵਾਲੀਆਂ ਜਥੇਬੰਦੀਆਂ ਉੱਤੇ ਅਕਸਰ ਹੀ ਲਾਠੀਚਾਰਜ ਜਾਂ ਧੱਕਾਮੁੱਕੀ ਹੁੰਦਾ ਰਹਿੰਦਾ ਹੈ। ਇਸੇ ਤਰ੍ਹਾਂ ਅੱਜ ਬੇਰੁਜ਼ਗਾਰ ਸਾਂਝੇ ਮੋਰਚੇ ਦੀ ਅਗਵਾਈ ਵਿੱਚ ਇਕੱਠੇ ਹੋਏ ਬੇਰੁਜ਼ਗਾਰਾਂ ਨੇ ਵੇਰਕਾ ਮਿਲਕ ਪਲਾਂਟਾਂ ਤੋਂ ਰੋਸ ਮਾਰਚ ਕਰਦੇ ਜਿਉਂ ਹੀ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਦੀ ਕੋਸ਼ਿਸ਼ ਕੀਤੀ ਤਾਂ ਪੁਲਸ ਪ੍ਰਸ਼ਾਸਨ ਨੇ ਸਖਤ ਰੋਕਾਂ ਲਗਾ ਕੇ ਰੋਕ ਲਿਆ, ਪ੍ਰੰਤੂ ਜੱਦੋਜਹਿਦ ਕਰਦੇ ਬੇਰੁਜ਼ਗਾਰਾਂ ਨੇ ਜਦੋਂ ਪੁਲਸ ਰੋਕਾਂ ਪਾਰ ਕਰਨ ਦੀ ਕੋਸ਼ਿਸ਼ ਕੀਤੀ ਤਾਂ ਪੁਲਸ ਨਾਲ ਹੱਥੋਪਾਈ ਹੋ ਗਈ, ਜਿਸ ਵਿੱਚ ਕੁਝ ਬੇਰੁਜ਼ਗਾਰ ਜ਼ਮੀਨ ਉੱਪਰ ਡਿੱਗ ਪਏ। ਬੇਰੁਜ਼ਗਾਰ ਮੋਰਚੇ ਦੇ ਆਗੂਆਂ ਸੁਖਵਿੰਦਰ ਸਿੰਘ ਢਿੱਲਵਾਂ, ਜਸਵੰਤ ਘੁਬਾਇਆ, ਰਮਨ ਕੁਮਾਰ ਮਲੋਟ, ਹਰਜਿੰਦਰ ਝੁਨੀਰ ਤੇ ਹਰਜਿੰਦਰ ਮਾਨਸਾ ਨੇ ਕਿਹਾ ਕਿ ਸਰਕਾਰ ਚੋਣਾਂ ਵੇਲੇ ਕੀਤੇ ਵਾਅਦੇ ਮੁੱਕਰ ਚੁੱਕੀ ਹੈ। ਲੋਕਾਂ ਦੇ ਦੁਆਰ ਪਹੁੰਚਣ ਦੇ ਡਰਾਮੇ ਕਰਨ ਵਾਲੀ ਸਰਕਾਰ ਖੁਦ ਦੇ ਦੁਆਰ ਆਏ ਬੇਰੁਜ਼ਗਾਰਾਂ ਦੀਆਂ ਮੰਗਾਂ ਨਹੀਂ ਸੁਣ ਰਹੀ, ਸਗੋਂ ਜਬਰ ਕਰ ਰਹੀ ਹੈ। ਲੰਮੀ ਕਸ਼ਮਕਸ਼ ਮਗਰੋਂ ਸਥਾਨਕ ਪ੍ਰਸ਼ਾਸਨ ਨੇ ਬੇਰੁਜ਼ਗਾਰ ਮੋਰਚੇ ਨੂੰ 21 ਫਰਵਰੀ ਲਈ ਪੰਜਾਬ ਸਰਕਾਰ ਨਾਲ ਮੁੱਖ ਮੰਤਰੀ ਦਫਤਰ ਚੰਡੀਗੜ੍ਹ ਵਿਖੇ ਮੀਟਿੰਗ ਨਿਸ਼ਚਿਤ ਕਰਵਾਈ। ਇਸ ਮੌਕੇ ਅਮਨ ਸੇਖਾ, ਸੁਖਪਾਲ ਖਾਨ, ਕੁਲਦੀਪ ਸਿੰਘ ਭੁਟਾਲ, ਮੁਨੀਸ਼ ਕੁਮਾਰ, ਵਰਿੰਦਰ ਸਿੰਘ, ਸੁਖਦੇਵ ਬਰਨਾਲਾ, ਲਲਿਤਾ ਪਟਿਆਲਾ, ਮਨਪ੍ਰੀਤ ਕੌਰ ਭੁੱਚੋ, ਗੁਰਜੀਤ ਕੌਰ, ਸਿਮਰਨਜੀਤ ਕੌਰ, ਪ੍ਰਭਸਿਮਰਨ ਕੌਰ, ਗੁਰਸਿਮਰਨ ਕੌਰ, ਅਨੀਤਾ ਦੇਵੀ ਭੀਖੀ, ਗਗਨਦੀਪ ਕੌਰ ਭੁੱਚੋ, ਨਵਦੀਪ ਕੌਰ ਬਰਨਾਲਾ, ਰਜਨੀ ਬਾਲਾ ਰਾਮਪੁਰਾ, ਮਨਜੀਤ ਕੌਰ ਦਿੜ੍ਹਬਾ, ਮਨਦੀਪ ਕੌਰ ਦਿੜ੍ਹਬਾ, ਰਾਧਿਕਾ ਪਟਿਆਲਾ, ਰਮਨਦੀਪ ਕੌਰ ਸਮਾਣਾ, ਹਰਪ੍ਰੀਤ ਕੌਰ ਸਮਾਣਾ, ਸਵਰਨਜੀਤ ਕੌਰ ਸੰਗਰੂਰ, ਮਮਤਾ ਨਵਾਂਸ਼ਹਿਰ, ਜਸਵੀਰ ਕੌਰ ਹਰਦਿੱਤਪੁਰਾ, ਰਾਜਵੀਰ ਕੌਰ ਸੰਗਰੂਰ, ਰਮਨਦੀਪ ਕੌਰ ਮਲੇਰਕੋਟਲਾ, ਹੀਰਾ ਲਾਲ ਅੰਮ੍ਰਿਤਸਰ, ਸੰਦੀਪ ਮੋਫਰ, ਜਸਵਿੰਦਰ ਕੁਮਾਰ ਭੀਖੀ ਆਦਿ ਹਾਜ਼ਰ ਸਨ।

## ਵਕੀਲ ਦੀ ਕੁੱਟਮਾਰ ਕਰਨ ਦੇ ਦੋਸ਼ 'ਚ ਡਾਕਟਰ ਸਣੇ ਦੋ ਵਿਰੁੱਧ ਕੇਸ ਦਰਜ

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹੰਦ ਦੇ ਇੱਕ ਪ੍ਰਾਈਵੇਟ ਡਾਕਟਰ ਤੇ ਇੱਕ ਔਰਤ ਵਿਰੁੱਧ ਥਾਣਾ ਫਤਿਹਗੜ੍ਹ ਸਾਹਿਬ ਦੀ ਪੁਲਸ ਵੱਲੋਂ ਵਕੀਲ ਦੀ ਕੁੱਟਮਾਰ ਕਾਰਨ ਦੇ ਦੋਸ਼ਾਂ ਤਹਿਤ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਐਡਵੋਕੇਟ ਲਲਿਤ ਕੁਮਾਰ ਨੇ ਦੱਸਿਆ ਕਿ ਉਹ ਆਪਣੇ ਬੇਟੇ ਨੂੰ ਪਿੰਡ ਦਫੇੜਾ ਵਿਖੇ ਸਕੂਲ ਵਿੱਚ ਛੱਡਣ ਗਿਆ ਤਾਂ ਸਾਹਮਣੇ ਤੋਂ ਕਾਰ 'ਚ ਆ ਰਿਹਾ ਇੱਕ ਵਿਅਕਤੀ ਤੇ ਉਸ ਨਾਲ ਬੈਠੀ ਔਰਤ ਉਸ ਨੂੰ ਧਮਕੀਆਂ ਦੇਣ ਲੱਗ ਪਏ ਕਿ ਤੂੰ ਨਹੀਂ ਜਾਣਦਾ ਅਸੀਂ ਕੌਣ ਹਾਂ, ਆਪਣੀ ਗੱਡੀ ਸੜਕ ਤੋਂ ਥੱਲੇ ਉਤਾਰ ਲੈ ਨਹੀਂ ਤਾਂ ਆਪਣੀ ਜਾਨ ਤੋਂ ਹੱਥ ਧੋ ਬੈਠੇਂਗਾ। ਕਾਰ ਚਾਲਕ ਨੇ ਉਸ ਨੂੰ ਧਮਕੀ ਦਿੰਦੇ ਹੋਏ ਕਿਹਾ ਕਿ ਮੈਂ ਦਸਮੇਸ਼ ਹਸਪਤਾਲ ਸਰਹੰਦ ਦਾ ਮਾਲਕ ਡਾਕਟਰ ਅਜੀਤ ਪਾਲ ਸਿੰਘ ਗਿੱਲ ਹਾਂ, ਜਿਸ 'ਤੇ ਮੌਕੇ ਦੀ ਨਜ਼ਾਕਤ ਨੂੰ ਸਮਝਦਾ ਹੋਇਆ ਉਹ ਫਤਿਹਗੜ੍ਹ ਸਾਹਿਬ ਵਿਖੇ ਆਪਣੇ ਕੰਮ 'ਤੇ ਚਲਾ ਗਿਆ, ਪਰ ਜਿਵੇਂ ਹੀ ਉਸ ਨੇ ਕਚਹਿਰੀਆਂ ਵਿਖੇ ਪਹੁੰਚ ਕੇ ਆਪਣੀ ਕਾਰ ਪਾਰਕ ਕੀਤੀ ਤਾਂ ਉਹ ਉਸ ਦੇ ਪਿੱਛੇ ਉਥੇ ਵੀ ਪਹੁੰਚ ਗਏ। ਡਾਕਟਰ ਅਜੀਤ ਪਾਲ ਸਿੰਘ ਗਿੱਲ, ਜਿਸ ਦੇ ਹੱਥ ਵਿੱਚ ਪਿਸਤੌਲ ਫੜਿਆ ਹੋਇਆ ਸੀ, ਨੇ ਉਸ ਨੂੰ ਘੇਰਦੇ ਹੋਏ ਪਿਸਤੌਲ ਆਪਣੀ ਸਾਥੀ ਔਰਤ ਨੂੰ ਫੜਾ ਕੇ ਉਸ ਦੀ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ, ਜਿਸ ਤੋਂ ਕੁਝ ਚਿਰ ਬਾਅਦ ਲੋਕਾਂ ਦਾ ਇਕੱਠ ਹੁੰਦਾ ਦੇਖ ਕੇ ਡਾਕਟਰ ਤੇ ਉਸ ਦੀ ਸਾਥੀ ਔਰਤ ਇਨੋਵਾ ਗੱਡੀ ਨੰਬਰ 7851 'ਚ ਬੈਠ ਕੇ ਪਿਸਟਲ ਸਮੇਤ ਫਰਾਰ ਹੋ ਗਏ। ਸ਼ਿਕਾਇਤ ਕਰਤਾ ਦੇ ਬਿਆਨਾਂ 'ਤੇ ਥਾਣਾ ਫਤਿਹਗੜ੍ਹ ਸਾਹਿਬ ਦੀ ਪੁਲਸ ਨੇ ਨਾ-ਮਾਲੂਮ ਔਰਤ ਤੇ ਡਾਕਟਰ ਅੰਮ੍ਰਿਤ ਪਾਲ ਸਿੰਘ ਗਿੱਲ ਵਿਰੁੱਧ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

## 25 ਦੀ ਰੈਲੀ ਸੰਬੰਧੀ ਸਾਂਝਾ ਮੋਰਚਾ ਫਰੰਟ ਵੱਲੋਂ ਜ਼ਿਲ੍ਹਾ ਪੱਧਰੀ ਮੀਟਿੰਗ



**ਸੰਗਰੂਰ (ਪ੍ਰਵੀਨ ਸਿੰਘ)**-ਪੁਰਾਣੀ ਪੈਨਸ਼ਨ ਬਹਾਲੀ ਸਾਂਝਾ ਮੋਰਚਾ ਪੰਜਾਬ ਦੀ ਅਗਵਾਈ ਵਿੱਚ 25 ਫਰਵਰੀ ਨੂੰ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਹੋਣ ਜਾ ਰਹੀ ਸੂਬਾ ਪੱਧਰੀ ਰੈਲੀ ਦੀਆਂ ਤਿਆਰੀਆਂ ਦਾ ਮੁੱਢ ਬੰਨ੍ਹਦਿਆਂ ਮੋਰਚੇ ਵਿੱਚ ਸ਼ਾਮਲ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਤੇ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਵੱਲੋਂ ਜ਼ਿਲ੍ਹਾ ਪੱਧਰੀ ਮੀਟਿੰਗ ਸਥਾਨਕ ਵਾਟਰ ਟੈਂਕੀ ਪਾਰਕ ਨੇੜੇ ਬੱਸ ਸਟੈਂਡ ਸੰਗਰੂਰ ਵਿਖੇ ਕੀਤੀ ਗਈ, ਜਿਸ ਵਿੱਚ ਜ਼ਿਲ੍ਹਾ ਤੇ ਬਲਾਕ ਆਗੂ ਟੀਮਾਂ ਨੂੰ ਰੈਲੀ ਦੀ ਕਾਮਯਾਬੀ ਲਈ ਜੰਗੀ ਪੱਧਰ 'ਤੇ ਯਤਨ ਜਟਾਉਣ ਦਾ ਕਾਰਜ ਸੌਂਪਿਆ ਗਿਆ ਹੈ। ਜ਼ਿਲ੍ਹਾ ਕਮੇਟੀ ਮੀਟਿੰਗ ਦੀ ਜਾਣਕਾਰੀ ਸਾਂਝੀ ਕਰਦਿਆਂ ਸਾਂਝੇ ਮੋਰਚੇ ਦੇ ਜ਼ਿਲ੍ਹਾ ਕਨਵੀਨਰ ਦਲਜੀਤ ਸਫੀਪੁਰ, ਸਰਬਜੀਤ ਪੁੰਨਾਵਾਲ ਤੇ ਕੁਲਵਿੰਦਰ ਜਖੇਪਲ ਨੇ ਦੱਸਿਆ ਕਿ ਪੁਰਾਣੀ ਪੈਨਸ਼ਨ ਬਹਾਲੀ ਸਾਂਝੇ ਮੋਰਚੇ ਦਾ ਗਠਨ ਪੈਨਸ਼ਨ ਪ੍ਰਾਪਤੀ ਦੇ ਸੰਘਰਸ਼ ਨੂੰ ਵੱਡੀ ਮੁਲਾਜ਼ਮ ਲਹਿਰ ਵਿੱਚ ਤਬਦੀਲ ਕਰਨ ਦੀਆਂ ਸੰਭਾਵਨਾਵਾਂ ਰੱਖਦਾ ਹੈ। ਜ਼ਿਲ੍ਹਾ ਆਗੂਆਂ ਨੇ ਜਸਵਿੰਦਰ ਜੱਸਾ ਪਿਸ਼ੌਰੀਆ, ਮਨਪ੍ਰੀਤ ਸਿੰਘ ਟਿੱਬਾ, ਕਮਲਜੀਤ ਬਨਭੌਰਾ, ਕੁਲਵੰਤ ਖਨੌਰੀ ਨੇ ਦੱਸਿਆ ਕਿ ਫਰੰਟ ਵੱਲੋਂ ਸੂਬਾ ਕਮੇਟੀ ਮੀਟਿੰਗ ਵਿੱਚ ਸੰਗਰੂਰ ਰੈਲੀ ਨੂੰ ਸਫਲ ਬਣਾਉਣ ਲਈ ਵੱਡੇ ਪੱਧਰ 'ਤੇ ਜ਼ਿੰਮੇਵਾਰੀਆਂ ਤੈਅ ਕੀਤੀਆਂ ਗਈਆਂ ਹਨ, ਜਿਸ ਤਹਿਤ ਜ਼ਿਲ੍ਹਾ ਪੱਧਰੀ ਸਾਂਝੀ ਮੀਟਿੰਗ ਕੀਤੀ ਗਈ, ਜਿਸ ਦੌਰਾਨ ਸੰਗਰੂਰ ਰੈਲੀ ਦੀ ਤਿਆਰੀ ਲਈ ਅਗਲੇ 15 ਦਿਨ ਜ਼ਿਲ੍ਹੇ ਭਰ ਵਿੱਚ ਵੱਡੀ ਲਾਮਬੰਦੀ ਮੁਹਿੰਮ ਚਲਾਉਣ ਦਾ ਫੈਸਲਾ ਕੀਤਾ ਗਿਆ ਹੈ।

## ਡੀ ਸੀ ਐੱਮ ਇੰਟਰਨੈਸ਼ਨਲ ਵੱਲੋਂ ਗਣੇਸ਼ ਐਨਕਲੇਵ 'ਚ ਬਲੂਮਿੰਗ ਬਡਜ਼



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਦਿਆਰਥੀਆਂ ਦੀ ਛੁਪੀ ਪ੍ਰਤਿਭਾ ਨੂੰ ਸਾਹਮਣੇ ਲਿਆਉਣ ਦੇ ਉਦੇਸ਼ ਨਾਲ ਡੀਸੀਐੱਮ ਇੰਟਰਨੈਸ਼ਨਲ ਸਕੂਲ ਵੱਲੋਂ ਗਣੇਸ਼ ਐਨਕਲੇਵ ਵਿਖੇ 'ਬਲੂਮਿੰਗ ਬਡਜ਼' ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸੈਂਕੜੇ ਬੱਚਿਆਂ ਨੇ ਭਾਗ ਲਿਆ। ਪ੍ਰਿੰਸੀਪਲ ਸੋਮੇਸ਼ ਚੰਦਰ ਮਿਸ਼ਰਾ ਨੇ ਦੱਸਿਆ ਕਿ ਨਰਸਰੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਵਿਚਕਾਰ ਰਾਈਮਸ ਮੁਕਾਬਲੇ, ਮਾਸਟਰ ਸਟਰੋਕ ਤੇ ਹੋਰ ਮੁਕਾਬਲੇ ਕਰਵਾਏ ਗਏ ਅਤੇ ਇਨ੍ਹਾਂ ਵਿੱਚ 150 ਬੱਚਿਆਂ ਨੇ ਭਾਗ ਲਿਆ। ਉਨ੍ਹਾਂ ਦੱਸਿਆ ਕਿ ਕਵਿਤਾ ਉਚਾਰਨ ਮੁਕਾਬਲੇ ਵਿੱਚ ਆਸਰੀਤ ਕੌਰ ਪਹਿਲੇ, ਅਯਾਨ ਚਾਵਲਾ ਦੂਜੇ ਤੇ ਰਵਨੀਤ ਕੌਰ ਤੀਜੇ ਸਥਾਨ 'ਤੇ ਰਹੀ। ਮਾਸਟਰ ਸਟ੍ਰੋਕ ਵਿੱਚ ਖੈਰੀਅਤ ਪਹਿਲੇ, ਸੀਰਤ ਦੂਜੇ ਤੇ ਇਸ਼ਮੀਨ ਤੀਜੇ ਸਥਾਨ 'ਤੇ ਰਹੀ।ਡਿਪਟੀ ਜਰਨਲ ਮੈਨੇਜਰ ਗਗਨਦੀਪ ਕੌਰ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਸਕੂਲ ਵਿੱਚ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਸਕੂਲ ਵਿੱਚ ਬੱਚਿਆਂ ਨੂੰ ਉਨ੍ਹਾਂ ਦੀ ਰੁਚੀ ਅਨੁਸਾਰ ਅਜਿਹੀ ਸਿੱਖਿਆ ਦਿੱਤੀ ਜਾਂਦੀ ਹੈ, ਜੋ ਉਨ੍ਹਾਂ ਦੇ ਭਵਿੱਖ ਵਿੱਚ ਲਾਭਦਾਇਕ ਹੋ ਸਕਦੀ ਹੈ।ਇਸ ਮੌਕੇ ਕੋਆਰਡੀਨੇਟਰ ਲਵੀਨਾ ਸੀਕਰੀ, ਜੀਵਨ ਜੋਤੀ, ਕਵਿਤਾ ਸ਼ਰਮਾ, ਅਧਿਆਪਕਾ ਜੋਤੀ ਰਾਣੀ, ਵੈਸ਼ਾਲੀ, ਲੁਈਸ, ਸਿਮਰਨ, ਰਿਵੀਆ ਤੇ ਹੋਰ ਹਾਜ਼ਰ ਸਨ।

## ਪਿੰਡ ਚੱਲੋ ਅਭਿਆਨ ਤਹਿਤ ਵਿਜੇ ਰੂਪਾਨੀ ਖਾਨਪੁਰ ਪਹੁੰਚੇ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਭਾਰਤੀ ਜਨਤਾ ਪਾਰਟੀ ਦੀ ਕੇਂਦਰੀ ਟੀਮ ਵੱਲੋਂ ਉਲੀਕੇ ਗਏ ਪ੍ਰੋਗਰਾਮ ਪਿੰਡ ਚੱਲੋ ਅਭਿਆਨ ਤਹਿਤ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਤੇ ਪੰਜਾਬ ਪ੍ਰਦੇਸ ਦੇ ਪ੍ਰਭਾਰੀ ਸ੍ਰੀ ਵਿਜੇ ਰੂਪਾਨੀ ਪਿੰਡ ਖਾਨਪੁਰ ਵਿਧਾਨ ਸਭਾ ਹਲਕਾ ਫਤਿਹਗੜ੍ਹ ਸਾਹਿਬ ਵਿਖੇ ਪਹੁੰਚੇ। ਉਨ੍ਹਾ ਨਾਲ ਸ੍ਰ. ਪਰਮਿੰਦਰ ਸਿੰਘ ਬਰਾੜ ਜਨਰਲ ਸਕੱਤਰ ਭਾਰਤੀ ਜਨਤਾ ਪਾਰਟੀ ਪੰਜਾਬ ਵੀ ਸਨ। ਜ਼ਿਲ੍ਹਾ ਪ੍ਰਧਾਨ ਦੀਦਾਰ ਸਿੰਘ ਭੱਟੀ ਦੀ ਅਗਵਾਈ ਵਿੱਚ ਇਹ ਪ੍ਰੋਗਰਾਮ ਪਿੰਡ ਖਾਨਪੁਰ ਵਿਖੇ ਗੁਰਬਖਸ਼ ਸਿੰਘ ਬਖਸ਼ੀ ਮੰਡਲ ਪ੍ਰਧਾਨ ਦੇ ਪਿੰਡ ਹੋਇਆ। ਇਸ ਮੌਕੇ ਵੀਜੇ ਰੁਪਾਨੀ ਨੇ ਕੇਂਦਰ ਸਰਕਾਰ ਵੱਲੋਂ ਚੱਲ ਰਹੀਆਂ ਸਕੀਮਾਂ ਬਾਰੇ ਵਿਸਤਾਰ ਨਾਲ ਜਾਣਕਾਰੀ ਦਿੱਤੀ ਤੇ ਪੰਜਾਬ ਸਰਕਾਰ ਬਾਰੇ ਜੋ ਘਟਾਲੇ ਹੋ ਰਹੇ ਹਨ, ਉਨ੍ਹਾਂ ਬਾਰੇ ਚਰਚਾ ਕੀਤੀ। ਇਸ ਦੌਰਾਨ ਸਾਬਕਾ ਫੌਜੀ ਤੇ ਹੋਰ ਮਹਿਕਮਿਆਂ ਤੋਂ ਰਿਟਾਇਰਡ ਲੋਕਾਂ ਨਾਲ ਵੀ ਮੁਲਾਕਾਤ ਕੀਤੀ ਅਤੇ ਇੱਕ ਰਿਟਾਇਰਡ ਮੁਲਾਜ਼ਮ ਦੇ ਘਰ ਵੀ ਗਏ ਖਾਨਪੁਰ ਪਹੁੰਚਣ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਨਤਮਸਤਕ ਹੋਣ ਲਈ ਪਹੁੰਚੇ। ਇਸ ਮੌਕੇ ਹਰੀਸ਼ ਅਗਰਵਾਲ, ਕੁਲਦੀਪ ਸਿੰਘ ਸਹੋਤਾ, ਅਜਾਇਬ ਸਿੰਘ ਜਖਵਾਲੀ, ਰਾਜਵੀਰ ਸਿੰਘ ਗਰੇਵਾਲ, ਕੁਲਦੀਪ ਸਿੰਘ ਭੰਗੂ, ਗੁਰਨਾਮ ਸਿੰਘ ਫੌਜੀ, ਬਲਜਿੰਦਰ ਸਿੰਘ, ਕਰਨੈਲ ਸਿੰਘ ਢਿੱਲੋਂ, ਗੁਰਜੀਤ ਸਿੰਘ ਕਾਲਾ, ਅੰਮ੍ਰਿਤ ਪਾਲ ਸਿੰਘ ਬੋਨੀ, ਹਰਭਜਨ ਸਿੰਘ, ਲੱਖਾ ਸਿੰਘ, ਜਸਪਾਲ ਸਿੰਘ ਆਦਿ ਹਾਜ਼ਰ ਸਨ।

## ਪੀ.ਡਬਲਯੂ.ਡੀ. ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਦੀ ਮੀਟਿੰਗ



**ਜਲਾਲਾਬਾਦ (ਜੀਤ ਕੁਮਾਰ)**-ਪੀ.ਡਬਲਯੂ.ਡੀ. ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਦੀ ਬ੍ਰਾਂਚ ਜਲਾਲਾਬਾਦ ਦੀ ਮਾਸਿਕ ਮੀਟਿੰਗ ਬ੍ਰਾਂਚ ਪ੍ਰਧਾਨ ਪਰਮਜੀਤ ਸਿੰਘ ਸੋਹਨਾ ਸਾਂਦੜ ਦੀ ਅਗਵਾਈ ਹੇਠ ਸਥਾਨਕ ਸ਼ਹੀਦ ਉਧਮ ਸਿੰਘ ਪਾਰਕ ਵਿਖੇ ਹੋਈ। ਇਸ ਸਬੰਧੀ ਜਨਰਲ ਸਕੱਤਰ ਡੁੰਮਣ ਸਿੰਘ ਕਾਠਗੜ੍ਹ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਮੁਲਾਜ਼ਮ, ਮਜ਼ਦੂਰ ਤੇ ਪੈਨਸ਼ਨਰਜ਼ ਫਰੰਟ ਵੱਲੋਂ ਪੰਜਾਬ ਪੱਧਰ 'ਤੇ 16 ਫਰਵਰੀ ਨੂੰ ਹੜਤਾਲ ਕੀਤੀ ਜਾ ਰਹੀ ਹੈ, ਜਿਸ ਦਾ ਸਾਰੇ ਮੁਲਾਜ਼ਮਾਂ, ਪੈਨਸ਼ਨਰਾਂ ਤੇ ਕਿਸਾਨ ਜਥੇਬੰਦੀਆਂ ਵੱਲੋਂ ਸਮਰਥਨ ਕੀਤਾ ਜਾ ਰਿਹਾ ਹੈ, ਕਿਉਂਕਿ ਮੁਲਾਜ਼ਮ ਵਰਗ ਦੀਆਂ ਹੱਕੀ ਤੇ ਜਾਇਜ਼ ਮੰਗਾਂ ਜਿਵੇਂ ਕਿ ਇਨਲਿਸਟਮੈਂਟ/ਆਊਟਸੋਰਸ ਵਰਕਰਾਂ ਨੂੰ ਰੈਗੂਲਾਰ ਕਰਵਾਉਣਾ, ਸਰਕਾਰੀ ਵਿਭਾਗਾਂ ਦਾ ਨਿੱਜੀਕਰਨ/ਪੰਚਾਇਤੀਕਰਨ ਕਰਨਾ ਬੰਦ ਕਰਨਾ, ਮੁਲਾਜ਼ਮਾਂ ਦੇ ਕੱਟੇ ਗਏ 37 ਭੱਤੇ ਬਹਾਲ ਕਰਨਾ, ਡੀ. ਏ. ਦੀਆਂ ਰੁਕੀਆਂ ਕਿਸ਼ਤਾਂ ਬਹਾਲ ਕਰਨਾ, ਰਹਿੰਦਾ ਡੀ. ਏ. ਦਾ ਬਕਾਇਆ ਜਾਰੀ ਕਰਨਾ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ, ਦਰਜਾ 4 ਦੀ ਪ੍ਰਮੋਸ਼ਨ ਕਰਕੇ ਦਰਜਾ-3 ਵਿੱਚ ਲੈਣਾ, ਟੈਸਟ ਪਾਸ ਫਿਟਰ ਤੇ ਪੰਪ ਓਪਰੇਟਰਾਂ ਨੂੰ ਜੇ. ਈ. ਪ੍ਰਮੋਟ ਕਰਨਾ ਆਦਿ ਮੰਗਾਂ ਮਨਵਾਉਣ ਲਈ ਮੁਲਾਜ਼ਮ ਵਰਗ ਦੀ ਹਮਾਇਤ 'ਤੇ ਆਉਣ ਦਾ ਐਲਾਨ ਕੀਤਾ ਗਿਆ ਹੈ, ਜਿਸ ਤਹਿਤ ਜਲਾਲਾਬਾਦ ਤੋਂ ਜਥੇਬੰਦੀ ਵੱਲੋਂ ਭਰਵੀ ਸ਼ਮੂਲੀਅਤ ਕੀਤੀ ਜਾਵੇਗੀ।

## ਕਾਤਰਾਂ

### ਅਸ਼ੋਕ ਕੁਮਾਰ ਬਣੇ ਉਦਯੋਗ ਸੈੱਲ ਦੇ ਕੋ-ਕਨਵੀਨਰ



**ਬਰੇਟਾ (ਰੀਤਵਾਲ)**-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਸ਼ੋਕ ਕੁਮਾਰ ਗੋਰਾ ਨੂੰ ਪਾਰਟੀ ਦੇ ਜ਼ਿਲ੍ਹਾ ਉਦਯੋਗ ਸੈੱਲ ਦਾ ਕੋ-ਕਨਵੀਨਰ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਉਨ੍ਹਾਂ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸ ਜ਼ੁੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਇਸ ਨਿਯਕੁਤੀ 'ਤੇ ਜ਼ਿਲ੍ਹਾ ਮੀਤ ਪ੍ਰਧਾਨ ਸੂਰਜ ਪ੍ਰਕਾਸ਼, ਮੰਡਲ ਪ੍ਰਧਾਨ ਗਗਨਦੀਪ ਸ਼ਰਮਾ, ਨਰਿੰਦਰ ਕੁਮਾਰ, ਰੀਸ਼ੂ ਜਿੰਦਲ, ਪੁਨੀਤ ਮਿੱਤਲ, ਅਰੁਨ ਕੁਮਾਰ, ਦੇਵਕਰਨ, ਮੋਹਿਤ ਜਾਂਗੜਾ ਨੇ ਵੀ ਪਾਰਟੀ ਦਾ ਧੰਨਵਾਦ ਕੀਤਾ ਹੈ।

### ਕੰਨਿਆ ਸਕੂਲ 'ਚ ਸੁਖਮਨੀ ਸਾਹਿਬ ਦਾ ਪਾਠ ਕਰਾਇਆ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸੈਂਕੀ ਸ਼ਰਮਾ)**-ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਾਛੀਵਾੜਾ ਸਾਹਿਬ ਵਿਖੇ ਸਕੂਲ ਦੇ ਇੰਚਾਰਜ ਹਰਦੀਪ ਕੌਰ ਦੀ ਯੋਗ ਅਗਵਾਈ ਹੇਠ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ। ਬੱਚਿਆਂ ਨੂੰ ਬਾਣੀ ਦੇ ਨਾਲ ਜੋੜਿਆ ਗਿਆ ਤੇ ਜੀਵਨ ਵਿੱਚ ਬਾਣੀ ਨਾਲ ਜੁੜੇ ਰਹਿ ਕੇ ਅੱਗੇ ਵਿਕਾਸ ਕਰਨ ਲਈ ਕਿਹਾ ਗਿਆ। ਇਸ ਦੇ ਨਾਲ ਹੀ ਬੱਚਿਆਂ ਨੂੰ ਲੰਗਰ ਵੀ ਛਕਾਇਆ ਗਿਆ ਤੇ ਬਾਬਾ ਜੀ ਵੱਲੋਂ ਬੱਚਿਆਂ ਨੂੰ ਕਥਾ ਵੀ ਸੁਣਾਈ ਗਈ। ਸਕੂਲ ਦੇ ਇੰਚਾਰਜ ਹਰਦੀਪ ਕੌਰ ਨੇ ਬੱਚਿਆਂ ਨੂੰ ਉਨ੍ਹਾਂ ਦੀ ਬੋਰਡ ਦੀ ਪ੍ਰੀਖਿਆ ਲਈ ਸਖਤ ਮਿਹਨਤ ਕਰਨ ਲਈ ਕਿਹਾ ਗਿਆ। ਵਧੀਆ ਰਿਜ਼ਲਟ ਲਈ ਵਾਹਿਗੁਰੂ ਅੱਗੇ ਅਰਦਾਸ ਕੀਤੀ ਗਈ। ਇਸ ਮੌਕੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।

### ਸਬਜ਼ੀ ਮੰਡੀ 'ਚੋਂ ਅਣਪਛਾਤੀ ਲਾਸ਼ ਮਿਲੀ



**ਸੁਨਾਮ ਊਧਮ ਸਿੰਘ ਵਾਲਾ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)**-ਸਥਾਨਕ ਸਬਜ਼ੀ ਮੰਡੀ ਵਿਖੇ ਇੱਕ ਅਣਪਛਾਤੀ ਲਾਸ਼ ਮਿਲੀ, ਜਿਸ ਨੂੰ ਸੁਨਾਮ ਪੁਲਸ ਵੱਲੋਂ ਕਬਜ਼ੇ ਵਿੱਚ ਲੈ ਕੇ ਸਿਵਲ ਹਸਪਤਾਲ ਦੀ ਮੋਰਚਰੀ ਵਿੱਚ 72 ਘੰਟੇ ਲਈ ਸ਼ਨਾਖਤ ਵਾਸਤੇ ਰੱਖੀ ਗਈ ਹੈ। ਇਸ ਮੌਕੇ ਪੁਲਸ ਨੇ ਦੱਸਿਆ ਕਿ ਮ੍ਰਿਤਕ ਦੀ ਉਮਰ ਕਰੀਬ 65/70 ਸਾਲ, ਜਿਸ ਦੇ ਦਾੜ੍ਹੀ ਕੇਸ ਰੱਖੇ ਹੋਏ ਹਨ ਤੇ ਕੁੜਤਾ ਪਜਾਮਾ ਪਹਿਨਿਆ ਹੋਇਆ ਹੈ। ਜੇਕਰ ਇਸ ਵਿਅਕਤੀ ਨੂੰ ਕੋਈ ਜਾਣਦਾ ਪਹਿਚਾਣਦਾ ਹੈ ਤਾਂ ਇਸ ਦੀ ਜਾਣਕਾਰੀ ਪੁਲਸ ਨੂੰ ਦਿੱਤੀ ਜਾਵੇ।

### 108 ਸਾਲਾ ਬਜ਼ੁਰਗ ਅਕਾਲੀ ਆਗੂ ਕਰਨੈਲ ਸਿੰਘ ਬੋਪਾਰਾਏ ਦਾ ਦਿਹਾਂਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੁਰਾਣੇ ਸਮਿਆਂ ਦੇ ਮਸ਼ਹੂਰ ਪਹਿਲਵਾਨ ਬਾਪੂ ਕਰਨੈਲ ਸਿੰਘ ਬੋਪਾਰਾਏ ਉਰਫ਼ ਕਾਕਾ ਮੱਲ ਦਾ ਅੱਜ 108 ਸਾਲ ਦੀ ਉਮਰ 'ਚ ਦਿਹਾਤ ਹੋ ਗਿਆ। ਉਨ੍ਹਾਂ ਦੇ ਸਪੁੱਤਰਾਂ ਮੱਖਣ ਸਿੰਘ ਬੋਪਾਰਾਏ, ਹਰਮੇਲ ਸਿੰਘ ਬੋਪਾਰਾਏ ਦੱਸਣ ਅਨੁਸਾਰ ਚੜ੍ਹਦੀ ਉਮਰੇ ਬਾਪੂ ਕਰਨੈਲ ਸਿੰਘ ਦਾ ਭਲਵਾਨੀ 'ਚ ਪੂਰਾ ਦਬਦਬਾ ਸੀ। ਉਨ੍ਹਾਂ ਨੂੰ ਇਲਾਕੇ ਦੇ ਲੋਕ ਕਾਕਾ ਮੱਲ ਦੇ ਨਾਂਅ ਵਜੋਂ ਜਾਣਦੇ ਸਨ।ਉਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਗੁਰੂਘਰਾਂ ਨੂੰ ਬਚਾਉਣ ਲਈ ਚਲਾਈ ਲਹਿਰ 'ਚ ਮਰਜੀਵੜੇ ਜਥੇਦਾਰ ਵਜੋਂ ਭਾਗ ਲੈਣ ਤੋਂ ਇਲਾਵਾ ਵੱਖ-ਵੱਖ ਮੋਰਚਿਆਂ 'ਚ ਵੀ ਸ਼ਮੂਲੀਅਤ ਕੀਤੀ ਸੀ।

### ਹੈਪੀ ਠੀਕਰੀਵਾਲਾ ਭਾਜਪਾ ਦੇ ਮੁੜ ਜ਼ਿਲ੍ਹਾ ਜਨਰਲ ਸਕੱਤਰ ਬਣੇ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਭਾਜਪਾ ਦੇ ਉੱਘੇ ਆਗੂ ਜਸਪ੍ਰੀਤ ਹੈਪੀ ਠੀਕਰੀਵਾਲਾ ਨੂੰ ਦੀਆਂ ਪਾਰਟੀ ਪ੍ਰਤੀ ਨਿਭਾਈਆਂ ਜਾ ਰਹੀਆਂ ਅਣਥੱਕ ਸੇਵਾਵਾਂ ਬਦਲੇ ਜ਼ਿਲ੍ਹਾ ਪ੍ਰਧਾਨ ਯਾਦਵਿੰਦਰ ਸ਼ੰਟੀ ਨੇ ਮੁੜ ਜ਼ਿਲ੍ਹਾ ਜਨਰਲ ਸਕੱਤਰ ਨਿਯੁਕਤ ਕੀਤਾ ਹੈ।ਇਸ ਮੌਕੇ ਹੈਪੀ ਠੀਕਰੀਵਾਲਾ ਨੇ ਭਾਜਪਾ ਹਾਈਕਮਾਂਡ, ਸੂਬਾ ਪ੍ਰਧਾਨ ਸੁਨੀਲ ਜਾਖੜ, ਸੀਨੀ: ਆਗੂ ਕੇਵਲ ਸਿੰਘ ਢਿੱਲੋਂ, ਪ੍ਰਧਾਨ ਦਰਸ਼ਨ ਸਿੰਘ ਨੈਣੇਵਾਲ, ਅਰਵਿੰਦ ਖੰਨਾ, ਜ਼ਿਲ੍ਹਾ ਪ੍ਰਧਾਨ ਯਾਦਵਿੰਦਰ ਸ਼ੰਟੀ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦੁਆਇਆ ਕਿ ਉਹ ਪਾਰਟੀ ਆਗੂਆਂ ਦੀਆਂ ਆਸਾਂ ਉਮੀਦਾਂ ਉਪਰ ਖਰਾ ਉਤਰਨਗੇ ਅਤੇ ਸੌਂਪੀ ਗਈ ਜ਼ਿੰਮੇਵਾਰੀ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।ਹੈਪੀ ਠੀਕਰੀਵਾਲਾ ਨੇ ਆਉਂਦੀਆਂ ਪਾਰਲੀਮੈਂਟ, ਜ਼ਿਲ੍ਹਾ ਪ੍ਰੀਸ਼ਦ, ਸੰਮਤੀ, ਪੰਚਾਇਤੀ ਚੋਣਾਂ 'ਚ ਭਾਜਪਾ ਦੀ ਸਫਲਤਾ ਤੇ ਹੇਠਲੇ ਪੱਧਰ ਤੱਕ ਪਾਰਟੀ ਦੇ ਆਧਾਰ ਨੂੰ ਹੋਰ ਮਜ਼ਬੂਤ ਬਣਾਉਣ ਲਈ ਜ਼ਿਲ੍ਹਾ ਪ੍ਰਧਾਨ ਯਾਦਵਿੰਦਰ ਸ਼ੰਟੀ ਦੀ ਯੋਗ ਅਗਵਾਈ ਹੇਠ ਕੋਈ ਕਸਰ ਬਾਕੀ ਨਹੀਂ ਛੱਡਾਂਗਾ।

# 16 ਦੀ ਹੜਤਾਲ ਨੂੰ ਕਾਮਯਾਬ ਕਰਨ ਲਈ ਜਥੇਬੰਦੀਆਂ ਦੀ ਸਾਂਝੀ ਮੀਟਿੰਗ



**ਦੋਰਾਹਾ (ਹਰਮਿੰਦਰ ਸੇਠ)**

ਦੋਰਾਹਾ ਇਲਾਕੇ 'ਚ ਕੰਮ ਕਰਦੀਆਂ ਸਮੂਹ ਜਥੇਬੰਦੀਆਂ ਟੈਕਨੀਕਲ ਸਰਵਿਸਜ਼ ਯੂਨੀਅਨ, ਗੌਰਮਿੰਟ ਪੈਨਸ਼ਨਰ ਯੂਨੀਅਨ, ਪੈਨਸ਼ਨਰ ਐਸੋਸੀਏਸ਼ਨ ਪਾਵਰਕਾਮ ਐਂਡ ਟ੍ਰਾਂਸਕੋ, ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ, ਆਲ ਇੰਡੀਆ ਕਿਸਾਨ ਸਭਾ, ਭਾਰਤੀ ਕਿਸਾਨ ਯੂਨੀਅਨ ਏਕਤਾ ਪੰਜਾਬ, ਆਸ਼ਾ ਵਰਕਰ ਯੂਨੀਅਨ, ਬੀ ਐਂਡ ਅਧਿਆਪਕ ਯੂਨੀਅਨ ਵੱਲੋਂ ਦੋਰਾਹਾ ਵਿਖੇ ਸਾਂਝੀ ਮੀਟਿੰਗ ਕੀਤੀ ਗਈ। 16 ਫਰਵਰੀ ਨੂੰ ਕੇਂਦਰੀ ਟਰੇਡ ਯੂਨੀਅਨਾਂ, ਆਜ਼ਾਦ ਫੈਡਰੇਸ਼ਨਾਂ ਤੇ ਹੋਰ ਯੂਨੀਅਨਾਂ ਵੱਲੋਂ ਸਾਰੇ ਦੇਸ਼ ਅੰਦਰ ਹੜਤਾਲ ਕਰਨ ਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਮਜ਼ਦੂਰ ਜਥੇਬੰਦੀਆਂ ਦੀ ਹਮਾਇਤ ਵਿੱਚ ਭਾਰਤ ਬੰਦ ਦੇ ਸੱਦੇ ਨੂੰ ਸਫਲ ਕਰਨ ਲਈ ਅਹਿਮ ਵਿਚਾਰਾਂ ਕੀਤੀਆਂ ਗਈਆਂ।

ਪ੍ਰੈੱਸ ਦੇ ਨਾਂਅ ਬਿਆਨ ਜਾਰੀ ਕਰਦੇ ਹੋਏ ਜਥੇਬੰਦੀਆਂ ਦੇ ਆਗੂਆਂ ਜਸਵਿੰਦਰ ਸਿੰਘ, ਪਵਨ ਕੁਮਾਰ, ਤਰਸੇਮ ਲਾਲ, ਜਸਵੀਰ ਸਿੰਘ ਝੱਜ, ਰਣਜੀਤ ਸਿੰਘ ਟਿਵਾਣਾ, ਦੇਵੀ ਦਿਆਲ, ਜਸਵੀਰ ਸਿੰਘ, ਕਰਮ ਸਿੰਘ, ਬਲਵਿੰਦਰ ਸਿੰਘ, ਹਰਬੰਸ ਸਿੰਘ ਦੋਬੁਰਜੀ ਤੇ ਹਰਪ੍ਰੀਤ ਕੌਰ ਨੇ ਦੱਸਿਆ ਕਿ ਕੇਂਦਰ ਤੇ ਸੂਬਾ ਸਰਕਾਰਾਂ ਵੱਲੋਂ ਲੋਕਮਾਰੂ ਤੇ ਕਾਰਪੋਰੇਟ ਪੱਖੀ ਨੀਤੀਆਂ ਨੂੰ ਲਾਗੂ ਕਰਨ ਲਈ ਬਣਾਏ ਜਾਣ ਵਾਲੇ ਕਨੂੰਨਾਂ ਖਿਲਾਫ ਮਜ਼ਦੂਰ, ਕਿਸਾਨ, ਸਰਕਾਰੀ ਮੁਲਾਜ਼ਮ, ਵਿਦਿਆਰਥੀ, ਪ੍ਰਾਈਵੇਟ ਮਜ਼ਦੂਰ-ਮੁਲਾਜ਼ਮ ਜਥੇਬੰਦੀਆਂ ਭਾਰਤ ਅੰਦਰ ਇਸ ਐਕਸ਼ਨ ਵਿੱਚ ਸ਼ਾਮਲ ਹੋਣਗੀਆਂ। ਆਗੂਆਂ ਨੇ ਦੱਸਿਆ ਕਿ ਅੱਜ ਜਦੋਂ ਕੇਂਦਰ ਦੀ ਫਾਸ਼ੀਵਾਦੀ ਮੋਦੀ ਸਰਕਾਰ ਤੇ ਸੂਬਾ ਸਰਕਾਰਾਂ ਵਿਕਾਸ ਦੇ ਨਾਂਅ ਹੇਠ ਸਾਮਰਾਜੀ ਦਿਸ਼ਾ ਨਿਰਦੇਸ਼ਤ ਨੀਤੀਆਂ ਜ਼ੋਰ ਜਬਰ ਨਾਲ ਲਾਗੂ ਕਰ ਰਹੀਆਂ ਹਨ ਤਾਂ ਮਜ਼ਦੂਰ, ਕਿਸਾਨ, ਮੁਲਾਜ਼ਮ ਜਥੇਬੰਦੀਆਂ ਦਾ ਇਹ ਸਾਂਝਾ ਐਕਸ਼ਨ ਕਰਨਾ ਸਮੇਂ ਦੀ ਅਣਸਰਦੀ ਲੋੜ ਹੈ। ਉਨ੍ਹਾਂ ਕਿਹਾ ਕਿ ਨਿੱਜੀਕਰਨ ਤੇ ਕਾਰਪਰੇਟ ਪੱਖੀ ਨੀਤੀਆਂ ਨੂੰ ਰੱਦ ਕਰਵਾਉਣ, ਸਰਕਾਰੀ ਤੇ ਪ੍ਰਾਈਵੇਟ ਅਦਾਰਿਆਂ ਅੰਦਰ ਠੇਕੇਦਾਰੀ ਸਿਸਟਮ ਬੰਦ ਕਰਵਾਉਣ, ਚਾਰੇ ਲੇਬਰ ਕੋਡ ਰੱਦ ਕਰਵਾ ਕੇ ਕਿਰਤ ਕਾਨੂੰਨ ਬਹਾਲ ਕਰਵਾਉਣ, ਸਾਰੇ ਸਰਕਾਰੀ ਤੇ ਪ੍ਰਾਈਵੇਟ ਅਦਾਰਿਆਂ ਅੰਦਰ ਮਜ਼ਦੂਰਾਂ ਮੁਲਾਜ਼ਮਾਂ ਨੂੰ ਗੁਜ਼ਾਰੇਯੋਗ ਤਨਖਾਹਾਂ, ਸਾਰੇ ਅਦਾਰਿਆਂ ਅੰਦਰ ਮਜ਼ਦੂਰਾਂ, ਮੁਲਾਜ਼ਮਾਂ ਦੀ ਪੱਕੀ ਭਰਤੀ, ਜਬਰੀ ਛਾਂਟੀਆਂ ਬੰਦ ਕਰਵਾਉਣ, ਜਥੇਬੰਦੀ ਬਣਾਉਣ ਦਾ ਅਧਿਕਾਰ ਹਾਸਲ ਕਰਨ, ਮਜ਼ਦੂਰਾਂ ਦੀ ਸਮਾਜਕ ਸੁਰੱਖਿਆ ਦੀ ਗਰੰਟੀ, ਅੱਠ ਘੰਟੇ ਕੰਮ ਦਿਹਾੜੀ ਤੇ ਪੈਨਸ਼ਨਾਂ ਲਾਗੂ ਕਰਵਾਉਣ ਲਈ ਲਗਾਤਾਰ ਤੇ ਤਿੱਖੇ ਸੰਘਰਸ਼ ਕਰਨ ਦੀ ਲੋੜ ਹੈ।

ਸੋ ਮਜ਼ਦੂਰ ਕਿਸਾਨ ਜਥੇਬੰਦੀਆਂ ਦਾ ਸਾਂਝਾ ਐਕਸ਼ਨ ਲੋਕ ਵਿਰੋਧੀ ਸਰਕਾਰਾਂ ਦੇ ਜਾਬਰ ਹੱਲਿਆਂ ਨੂੰ ਚੁਣੌਤੀ ਦੇਵੇਗਾ। ਮਜ਼ਦੂਰ, ਕਿਸਾਨ, ਮੁਲਾਜ਼ਮ ਲਹਿਰ ਨੂੰ ਹੁਲਾਰਾ ਦੇਵੇਗਾ। ਆਗੂਆਂ ਨੇ ਦੱਸਿਆ ਕਿ 16 ਫਰਵਰੀ ਦੀ ਹੜਤਾਲ ਨੂੰ ਕਾਮਯਾਬ ਕਰਨ ਲਈ ਬੇਅੰਤ ਸਿੰਘ ਚੌਕ ਦੇ ਕੋਲ ਦੋਰਾਹਾ ਵਿਖੇ ਸਵੇਰੇ 11 ਵਜੇ ਮੁਲਾਜ਼ਮਾਂ, ਮਜ਼ਦੂਰਾਂ, ਕਿਸਾਨਾਂ ਦਾ ਇਕੱਠ ਕਰਕੇ ਧਰਨਾ ਦੇ ਕੇ ਦੋਰਾਹਾ ਸ਼ਹਿਰ 'ਚ ਮਾਰਚ ਕੀਤਾ ਜਾਵੇਗਾ। ਇਸ ਇਕੱਠ ਵਿੱਚ ਕਿਸਾਨ-ਮਜ਼ਦੂਰ, ਮੁਲਾਜ਼ਮ ਜਥੇਬੰਦੀਆਂ ਦੇ ਵਰਕਰ ਸ਼ਾਮਲ ਹੋਣਗੇ। ਆਗੂਆਂ ਨੇ ਦੋਰਾਹਾ ਇਲਾਕੇ ਦੀਆਂ ਸਮੂਹ ਮਜ਼ਦੂਰ ਕਿਸਾਨ, ਮੁਲਾਜ਼ਮ, ਵਿਦਿਆਰਥੀ, ਟਰਾਂਸਪੋਰਟ, ਦੁਕਾਨਦਾਰ, ਵਪਾਰੀ ਜਥੇਬੰਦੀਆਂ ਤੇ ਆਮ ਲੋਕਾਂ ਨੂੰ 16 ਫਰਵਰੀ ਵਾਲੇ ਪ੍ਰੋਗਰਾਮਾਂ ਵਿੱਚ ਵਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ।

## ਬੀ ਕੇ ਯੂ ਲੱਖੋਵਾਲ ਪੰਜਾਬ ਵੱਲੋਂ ਦਿੱਲੀ ਕੂਚ ਦੀਆਂ ਤਿਆਰੀਆਂ ਮੁਕੰਮਲ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਪੰਜਾਬ ਵੱਲੋਂ 13 ਫਰਵਰੀ ਨੂੰ ਦਿੱਲੀ ਕੂਚ ਕਰਨ ਦੀਆਂ ਸਾਰੀਆਂ ਤਿਆਰੀਆਂ ਮਕੁੰਮਲ ਕਰ ਲਈਆਂ ਗਈਆਂ ਹਨ। ਪਿੰਡ ਪਿੰਡ ਲੰਗਰ ਦਾ ਰਾਸ਼ਨ ਇਕੱਠਾ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਿਸਾਨ ਆਗੂ ਪਿਸ਼ੌਰ ਸਿੰਘ ਪਵਾਰ ਨੇ ਦੱਸਿਆ ਕਿ ਘੱਟੋ-ਘੱਟ ਛੇ ਮਹੀਨਿਆਂ ਦਾ ਰਾਸ਼ਨ ਹਰ ਇੱਕ ਟਰਾਲੀ ਦੇ ਨਾਲ ਹੋਵੇਗਾ। ਪਿਸ਼ੌਰ ਸਿੰਘ ਨੇ ਅਪੀਲ ਕੀਤੀ ਕਿ ਹਰ ਘਰ ਦਾ ਮੈਂਬਰ ਇਸ 13 ਫਰਵਰੀ ਮੋਰਚੇ 'ਚ ਜ਼ਰੂਰ ਸ਼ਾਮਲ ਹੋਵੇ। ਇਸ ਮੌਕੇ ਪਿੰਡ ਵਾਸੀਆਂ ਨੂੰ ਰਹਿੰਦੀਆਂ ਮੰਗਾਂ ਬਾਰੇ ਵੀ ਜਾਣੂ ਕਰਵਾਇਆ। ਇਸ ਮੌਕੇ ਕਿਸਾਨ ਆਗੂ ਪਿਸ਼ੌਰ ਸਿੰਘ ਨੇ ਦੱਸਿਆ ਕਿ ਇਸ ਤੋਂ ਇਲਾਵਾ ਪਰਾਲੀ ਸਬੰਧੀ ਮੁਕੱਦਮੇ, ਜੁਰਮਾਨੇ, ਰੈੱਡ ਐਂਟਰੀਆਂ ਰੱਦ ਕਰਵਾਉਣਾ ਤੇ ਖੇਤੀ ਰਹਿੰਦ-ਖੂੰਹਦ ਨੂੰ ਪ੍ਰਦੂਸ਼ਣ ਐਕਟ 'ਚੋਂ ਬਾਹਰ ਕਰਨਾ ਆਦਿ ਮੰਗਾਂ ਨੂੰ ਲਾਗੂ ਕਰਵਾਉਣ ਲਈ 13 ਫਰਵਰੀ ਨੂੰ ਲੱਖਾਂ ਦੀ ਤਾਦਾਦ ਵਿੱਚ ਕਿਸਾਨ ਟਰੈਕਟਰ-ਟਰਾਲੀਆਂ ਨਾਲ ਦਿੱਲੀ ਵੱਲ ਕੂਚ ਕਰਨਗੇ ਤੇ ਇਨ੍ਹਾਂ ਮੰਨੀਆਂ ਹੋਈਆਂ ਮੰਗਾਂ ਨੂੰ ਹਰ ਹਾਲਤ 'ਚ ਲਾਗੂ ਕਰਾ ਕੇ ਵਾਪਸ ਮੁੜਨਗੇ। ਸਰਕਾਰ ਕਿਸਾਨਾਂ ਨੂੰ ਰੋਕਣ ਲਈ ਮਨਸੂਬੇ ਘੜ ਰਹੀ ਹੈ, ਪਰ ਕਿਸਾਨਾਂ ਵੱਲੋਂ ਵੀ ਵੱਡੇ ਪ੍ਰਬੰਧ ਕੀਤੇ ਗਏ ਹਨ। ਪਿਛਲੀ ਵਾਰ ਦੀ ਤਰ੍ਹਾਂ ਇਸ ਵਾਰ ਵੀ ਸਰਕਾਰ ਨੂੰ ਕਿਸਾਨਾਂ ਦੇ ਬੁਲੰਦ ਹੌਸਲੇ ਅੱਗੇ ਆਪਣੇ ਗੋਡੇ ਟੇਕਣੇ ਹੀ ਪੈਣਗੇ।

## ਦਇਆ ਨੰਦ ਸਕੂਲ ਦਾ ਸਾਲਾਨਾ ਸਮਾਗਮ ਸ਼ਾਨੋ-ਸ਼ੌਕਤ ਨਾਲ ਸੰਪੰਨ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਦਯਾਨੰਦ ਮਾਡਲ ਹਾਈ ਸਕੂਲ ਸਮਾਣਾ ਦੇ ਪ੍ਰਧਾਨ ਯਸ਼ਪਾਲ ਸਿੰਗਲਾ ਤੇ ਪ੍ਰਿੰਸੀਪਲ ਰੇਖਾ ਸਿੰਗਲਾ ਦੀ ਅਗਵਾਈ ਹੇਠ ਮਾਤਾ ਨੈਨਾ ਆਰੀਆ ਧਰਮਸ਼ਾਲਾ ਵਿਖੇ ਮਹਰਿਸ਼ੀ ਦਯਾਨੰਦ ਜੀ ਦੀ 200ਵੀਂ ਜਯੰਤੀ ਨੂੰ ਸਮਰਪਤ ਸਾਲਾਨਾ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਤੇ ਵਿਸ਼ੇਸ਼ ਮਹਿਮਾਨ ਵਜੋਂ ਅਗਰਵਾਲ ਧਰਮਸ਼ਾਲਾ ਤੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾਕਟਰ ਮਦਨ ਮਿੱਤਲ ਤੇ ਸਾਬਕਾ ਪ੍ਰਧਾਨ ਜੀਵਨ ਗਰਗ ਨੇ ਸ਼ਮੂਲੀਅਤ ਕੀਤੀ, ਜਿਨ੍ਹਾਂ ਨੇ ਸ਼ਮਾਂ ਰੋਸ਼ਨ ਕਰਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਇਸ ਮੌਕੇ ਗਾਇਤਰੀ ਮੰਤਰ ਦੇ ਪਾਠ ਦੇ ਜਾਪ ਉਪਰੰਤ ਸਕੂਲੀ ਬੱਚਿਆਂ ਨੇ ਵੱਖ ਵੱਖ ਸਕਿੱਟਾਂ, ਕੋਰੀਓਗਰਾਫੀ, ਗਿੱਧੇ ਤੇ ਭੰਗੜੇ ਰਾਹੀਂ ਸਮਾਗਮ ਵਿੱਚ ਬੈਠੇ ਦਰਸ਼ਕਾਂ ਦਾ ਮਨ ਮੋਹ ਲਿਆ। ਸਕੂਲ ਦੇ ਪ੍ਰਧਾਨ ਯਸ਼ਪਾਲ ਸਿੰਗਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਾਣਾ ਦਾ ਇੱਕ ਅਜਿਹਾ ਸਕੂਲ ਹੈ, ਜਿੱਥੇ ਗਰੀਬ ਬੱਚਿਆਂ ਨੂੰ ਬਹੁਤ ਘੱਟ ਫੀਸਾਂ 'ਤੇ ਪੜ੍ਹਾਇਆ ਜਾਂਦਾ ਹੈ। ਇਸ ਸਕੂਲ ਵਿੱਚ ਜ਼ਿਆਦਾਤਰ ਗਰੀਬ ਪਰਿਵਾਰਾਂ ਦੇ ਬੱਚੇ ਹੀ ਪੜ੍ਹਦੇ ਹਨ ਤੇ ਇਸ ਸਕੂਲ ਦਾ ਨਤੀਜਾ ਹਰ ਸਾਲ ਸਕੂਲੀ ਅਧਿਆਪਕਾਂ ਦੀ ਮਿਹਨਤ ਸਦਕਾ ਬਹੁਤ ਸ਼ਾਨਦਾਰ ਆਉਂਦਾ ਹੈ ਅਤੇ ਇਸ ਸਕੂਲ ਦੇ ਬੱਚੇ ਬੋਰਡ ਦੀਆਂ ਕਲਾਸਾਂ ਵਿੱਚ ਮੈਰਿਟ 'ਚ ਆਉਂਦੇ ਹਨ। ਇਸ ਮੌਕੇ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਸਕੂਲੀ ਬੱਚਿਆਂ ਨੇ ਬਹੁਤ ਵਧੀਆ ਪ੍ਰੋਗਰਾਮ ਪੇਸ਼ ਕੀਤਾ ਹੈ, ਇਸ ਲਈ ਸਕੂਲ ਦੇ ਪ੍ਰਧਾਨ ਸ੍ਰੀ ਯਸ਼ਪਾਲ ਸਿੰਗਲਾ, ਪ੍ਰਿੰਸੀਪਲ ਰੇਖਾ ਸਿੰਗਲਾ ਤੇ ਸਕੂਲ ਦਾ ਸਾਰਾ ਸਟਾਫ ਵਧਾਈ ਦੇ ਪਾਤਰ ਹਨ। ਚੇਤਨ ਸਿੰਘ ਜੌੜਾਮਾਜਰਾ ਨੇ ਇਕੱਤਰ ਹੋਏ ਲੋਕਾਂ ਨੂੰ ਕਿਹਾ ਕਿ ਸਾਨੂੰ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਉਣਾ ਚਾਹੀਦਾ ਹੈ ਤੇ ਖੇਡਾਂ ਵੱਲ ਪ੍ਰੇਰਿਤ ਕਰਨਾ ਚਾਹੀਦਾ ਹੈ ਤਾਂ ਜੋ ਇਹ ਬੱਚੇ ਨਸ਼ਿਆਂ ਵੱਲੋਂ ਬਚੇ ਰਹਿਣ ਤੇ ਪੜ੍ਹ ਲਿਖ ਕੇ ਵਧੀਆ ਨਾਗਰਿਕ ਬਣਨ ਅਤੇ ਚੰਗੇ ਅਹੁਦਿਆਂ 'ਤੇ ਲੱਗ ਕੇ ਸਮਾਜ ਦੀ ਸੇਵਾ ਕਰਨ। ਇਸ ਮੌਕੇ ਉਨ੍ਹਾ ਆਪਣੇ ਹੱਥੀਂ ਬੱਚਿਆਂ ਨੂੰ ਇਨਾਮ ਵੀ ਤਕਸੀਮ ਕੀਤੇ। ਸਟੇਜ ਸੈਕਟਰੀ ਦੀ ਸੇਵਾ ਮੈਡਮ ਕੰਚਨ ਵੋਹਰਾ ਨੇ ਬਾਖੂਬੀ ਨਿਭਾਈ। ਇਸ ਮੌਕੇ ਸਕੂਲੀ ਬੱਚੇ, ਉਨ੍ਹਾਂ ਦੇ ਮਾਤਾ-ਪਿਤਾ ਤੋਂ ਇਲਾਵਾ ਸ਼ਹਿਰ ਦੇ ਪਤਵੰਤੇ ਸੱਜਣ ਹਾਜ਼ਰ ਸਨ।

## ਖੇਤੀ ਤਕਨੀਕ 'ਤੇ ਅਧਾਰਤ ਸ਼ਾਰਟ ਟਰਮ ਟ੍ਰੇਨਿੰਗ ਕੋਰਸ ਸੰਪੰਨ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜ. ਤੇ ਤਕਨਾਲੋਜੀ (ਡੀਮਡ ਯੂਨੀਵਰਸਿਟੀ) ਦੇ ਇਲੈਕਟ੍ਰਾਨਿਕਸ ਵਿਭਾਗ ਵਿੱਚ ਇੱਕ ਹਫਤੇ ਦਾ ਸ਼ਾਰਟ ਟਰਮ ਕੋਰਸ ਸਫਲਤਾਪੂਰਵਕ ਸਮਾਪਤ ਹੋ ਗਿਆ। ਡਾ. ਦਲੀਪ ਕੁਮਾਰ ਦੀ ਅਗਵਾਈ ਵਿੱਚ 'ਖੇਤੀ ਦੀ ਤਕਨੀਕ' ਵਿਸ਼ੇ 'ਤੇ ਸ਼ੁਰੂ ਹੋਏ ਇਸ ਪ੍ਰੋਗਰਾਮ ਦੇ ਸਮਾਪਤੀ ਸਮਾਰੋਹ ਵਿੱਚ ਸੰਸਥਾ ਦੇ ਡਾਇਰੈਕਟਰ ਡਾ. ਮਣੀ ਕਾਂਤ ਪਾਸਵਾਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਡਾ. ਦਲੀਪ ਕੁਮਾਰ ਨੇ ਟ੍ਰੇਨਿੰਗ ਪ੍ਰੋਗਰਾਮ ਵਿੱਚ ਮਿਲੀ ਖੋਜ ਸਮੱਗਰੀ ਨੂੰ ਵਿਸ਼ੇਸ਼ ਤੌਰ 'ਤੇ ਖੇਤੀ ਤਕਨੀਕਾਂ ਦੇ ਖੋਜਾਰਥੀਆਂ ਲਈ ਬੇਹੱਦ ਲਾਹੇਵੰਦ ਦੱਸਿਆ।

ਪ੍ਰਧਾਨਗੀ ਮੰਡਲ ਵਿੱਚ ਵਿਭਾਗੀ ਮੁਖੀ ਡਾ. ਅਜੈ ਪਾਲ ਸਿੰਘ, ਡਾ. ਕਮਲੇਸ਼ ਪ੍ਰਸਾਦਿ ਡੀਨ (ਭਲਾਈ), ਡਾ. ਸੁਰਿੰਦਰ ਸਿੰਘ ਡੀਨ (ਖੋਜ) ਸ਼ਾਮਲ ਹੋਏ। ਸੰਸਥਾ ਡਾਇਰੈਕਟਰ ਡਾ. ਮਣੀ ਕਾਂਤ ਪਾਸਵਾਨ ਨੇ ਜਿੱਥੇ ਅਜਿਹੇ ਟ੍ਰੇਨਿੰਗ ਪ੍ਰੋਗਰਾਮਾਂ ਦੇ ਆਯੋਜਨ ਦੀ ਅਹਿਮੀਅਤ ਤੇ ਤਕਨਾਲੋਜੀ ਦੇ ਵਿਕਾਸ ਦੀ ਗੱਲ ਕੀਤੀ, ਉਥੇ ਉਨ੍ਹਾਂ ਰੌਚਕਤਾ ਨਾਲ ਇਸ ਵਿਸ਼ੇ 'ਤੇ ਭਰਪੂਰ ਚਰਚਾ ਕਰਦਿਆਂ ਖੇਤੀ ਤਕਨੀਕਾਂ 'ਤੇ ਅਹਿਮ ਜਾਣਕਾਰੀਆਂ ਸਾਂਝੀਆਂ ਕੀਤੀਆਂ। ਟ੍ਰੇਨਿੰਗ ਕੋਰਸ ਦੇ ਸਹਿ-ਕਨਵੀਨਰ ਡਾ. ਸਰਬਜੀਤ ਸਿੰਘ ਵੱਲੋਂ ਮੰਚ ਸੰਚਾਲਨ ਬਾਖੂਬੀ ਕੀਤਾ ਗਿਆ ਤੇ ਸਾਰੇ ਵਿਭਾਗ ਦੇ ਕਰਮਚਾਰੀਆਂ ਦਾ ਪ੍ਰੋਗਰਾਮ ਦੀ ਸਫਲਤਾ ਲਈ ਪਾਏ ਯੋਗਦਾਨ ਲਈ ਧੰਨਵਾਦ ਕੀਤਾ। ਵੱਖ-ਵੱਖ ਖੇਤਰਾਂ ਤੇ ਕਮੇਟੀਆਂ ਵਿੱਚ ਡਾ. ਏ ਪੀ ਸਿੰਘ, ਡਾ. ਜੇ ਐਸ ਉੱਭੀ, ਡਾ. ਪੰਕਜ ਕੁਮਾਰ ਦਾਸ, ਇੰਜੀ. ਕੁਲਦੀਪ ਸਿੰਘ, ਇੰਜੀ. ਅਲਕਾ ਸਿੰਗਲਾ, ਇੰਜੀ. ਵਿਵੇਕ ਹਰਸੇ, ਇੰਜੀ. ਵਿਪਲ ਸਿੰਗਲ, ਡਾ. ਅਮਨਦੀਪ ਕੌਰ, ਗੁਰਮੀਤ ਸਿੰਘ, ਪ੍ਰਤਾਪ ਸਿੰਘ, ਰਵਿੰਦਰ ਸਿੰਘ, ਜੁਝਾਰ ਲੌਂਗੋਵਾਲ, ਅਮਰਜੀਤ ਸਿੰਘ ਧਾਲੀਵਾਲ, ਦਵਿੰਦਰ ਦੁੱਲਾ, ਵਿਨੋਦ ਕੁਮਾਰ ਆਦਿ ਨੇ ਆਪਣਾ ਭਰਵਾਂ ਯੋਗਦਾਨ ਪਾਇਆ। ਮੁੱਖ ਮਹਿਮਾਨ ਡਾ. ਮਣੀ ਕਾਂਤ ਪਾਸਵਾਨ ਤੇ ਆਯੋਜਨੀ ਟੀਮ ਵੱਲੋਂ ਭਾਗ ਲੈਣ ਵਾਲੇ ਖੋਜਾਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ ਤੇ ਪ੍ਰੋਗਰਾਮ ਦੀ ਫੀਡ ਬੈਕ ਵੀ ਲਈ ਗਈ।

## 6 ਸਾਲ ਤੋਂ ਘੱਟ ਉਮਰ ਦੇ ਬੱਚੇ ਪਹਿਲੀ ਜਮਾਤ 'ਚ ਦਾਖਲ ਨਹੀਂ ਹੋ ਸਕਣਗੇ : ਡਾ. ਧੂਰੀ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸਕੂਲ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ ਨੇ ਦੇਸ਼ ਭਰ ਵਿੱਚ ਲਾਗੂ ਹੋ ਰਹੀ ਨਵੀਂ ਸਿੱਖਿਆ ਨੀਤੀ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵੱਖ ਵੱਖ ਸੂਬਿਆਂ ਵੱਲੋਂ ਇਸ ਨੂੰ ਵੱਖਰੇ ਵੱਖਰੇ ਢੰਗਾਂ ਨਾਲ ਲਾਗੂ ਕੀਤਾ ਜਾ ਰਿਹਾ ਹੈ, ਜਿਸ ਤਹਿਤ ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਸਿੱਖਿਆ ਮੰਤਰਾਲੇ ਦੇ ਦਿਸ਼ਾ ਨਿਰਦੇਸ਼ਾਂ ਹੇਠ ਸੈਸ਼ਨ 2024-25 ਤੋਂ ਨਵੇਂ ਦਾਖਲ ਹੋਣ ਵਾਲੇ ਬੱਚਿਆਂ ਦੀ ਉਮਰ ਨਿਰਧਾਰਤ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਫਾਊਂਡੇਸ਼ਨ ਸਟੇਜ ਦੀ ਇਕਸਾਰਤਾ ਨਹੀਂ ਸੀ। ਬਹੁਤ ਸਾਰੀਆਂ ਸੰਸਥਾਵਾਂ ਨਰਸਰੀ ਤੋਂ ਉਪਰੰਤ ਕੇ. ਜੀ. ਤੇ ਇਸ ਤੋਂ ਬਾਅਦ ਪਹਿਲੀ ਜਮਾਤ ਵਿੱਚ ਵਿਦਿਆਰਥੀਆਂ ਨੂੰ ਦਾਖਲ ਕਰਦੀਆਂ ਸਨ, ਪ੍ਰੰਤੂ ਹੁਣ ਨਵੀਂ ਸਿੱਖਿਆ ਨੀਤੀ ਮੁਤਾਬਕ ਪਹਿਲੀ ਜਮਾਤ ਤੋਂ ਪਹਿਲਾਂ ਫਾਊਂਡੇਸ਼ਨ ਸਟੇਜ ਦੇ ਤਿੰਨ ਜਮਾਤਾਂ ਹੋਣੀਆਂ ਲਾਜ਼ਮੀ ਹਨ। ਇਸ ਸਬੰਧੀ ਫੈਡਰੇਸ਼ਨ ਵੱਲੋਂ ਗਿਆਨ ਖੜਗ ਕਨਵੈਨਸ਼ਨ ਦੌਰਾਨ ਸਕੂਲਾਂ ਨੂੰ ਪਹਿਲਾਂ ਤੋਂ ਹੀ ਸੁਚੇਤ ਕਰ ਦਿੱਤਾ ਸੀ। ਹੁਣ ਪੰਜਾਬ ਸਰਕਾਰ ਨੇ ਸਪੱਸ਼ਟ ਨਿਰਦੇਸ਼ ਜਾਰੀ ਕਰ ਦਿੱਤੇ ਹਨ, ਜਿਸ ਮੁਤਾਬਕ ਸੈਸ਼ਨ 2024-25 ਤੋਂ ਨਰਸਰੀ ਜਮਾਤ ਲਈ ਉਮਰ ਗਰੁੱਪ ਤਿੰਨ ਤੋਂ ਚਾਰ ਸਾਲ, ਐੱਲ.ਕੇ.ਜੀ. ਜਮਾਤ ਲਈ ਉਮਰ ਗਰੁੱਪ ਚਾਰ ਤੋਂ ਪੰਜ ਸਾਲ, ਯੂ.ਕੇ.ਜੀ. ਗਰੁੱਪ ਲਈ ਪੰਜ ਤੋਂ ਛੇ ਸਾਲ ਅਤੇ ਵਿਦਿਆਰਥੀ ਛੇ ਸਾਲ ਦੀ ਉਮਰ ਪੂਰਾ ਹੋਣ ਉੱਪਰ ਹੀ ਪਹਿਲੀ ਜਮਾਤ ਵਿੱਚ ਦਾਖਲਾ ਲੈ ਸਕਣਗੇ। ਇਹ ਉਮਰ 1 ਅਪ੍ਰੈਲ 2024 ਤੱਕ ਗਿਣੀ ਜਾਵੇਗੀ। ਉਨ੍ਹਾ ਕਿਹਾ ਕਿ ਇਸ ਨੀਤੀ ਨੂੰ ਲਾਗੂ ਕਰਨ ਨਾਲ ਬੱਚੇ ਦੀ ਬੁਨਿਆਦੀ ਸਿੱਖਿਆ ਨੂੰ ਮਜ਼ਬੂਤੀ ਮਿਲੇਗੀ। ਜ਼ਿਕਰਯੋਗ ਹੈ ਕਿ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ ਤੇ ਇਸ ਦੇ ਸਮੂਹ ਮੈਂਬਰ ਸਕੂਲ ਪਹਿਲਾਂ ਤੋਂ ਹੀ ਇਹ ਉਮਰ ਹੱਦ ਦੇ ਦਿਸ਼ਾ ਨਿਰਦੇਸ਼ ਲਾਗੂ ਕਰ ਚੁੱਕੇ ਹਨ।

## ਮਜ਼ਦੂਰ ਯੂਨੀਅਨਾਂ ਵੱਲੋਂ ਭਾਰਤ ਬੰਦ ਦੇ ਸਮਰਥਨ ਲਈ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)**

ਪਿੰਡ ਫੱਤਣਵਾਲਾ ਵਿਖੇ ਮਨਰੇਗਾ ਵਰਕਰ ਯੂਨੀਅਨ (ਸੀਟੂ) ਤੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ 16 ਫਰਵਰੀ ਨੂੰ ਸੰਯੁਕਤ ਕਿਸਾਨ ਮੋਰਚੇ ਤੇ ਦੇਸ਼ ਭਰ ਦੀਆਂ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਭਾਰਤ ਬੰਦ ਦੇ ਸਮਰਥਨ ਲਈ ਇੱਕ ਮੀਟਿੰਗ ਕੀਤੀ ਗਈ। ਇਸ ਮੌਕੇ ਸੀ ਆਈ ਟੀ ਯੂ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਤਰਸੇਮ ਲਾਲ ਨੇ ਦੱਸਿਆ ਕਿ ਕੇਂਦਰ ਦੀ ਬੀਜੇਪੀ ਸਰਕਾਰ ਵੱਲੋਂ ਲੋਕ ਮਾਰੂ ਨੀਤੀਆਂ ਸੰਯੁਕਤ ਕਿਸਾਨ ਮੋਰਚੇ ਨਾਲ ਕੀਤੀ ਵਾਅਦਾ ਖਿਲਾਫੀ ਲੇਬਰ ਐਕਟ ਨੂੰ ਤੋੜਨ, ਕੰਮ ਦੀ ਦਿਹਾੜੀ ਦਾ ਸਮਾਂ 8 ਘੰਟੇ ਤੋਂ 12 ਘੰਟੇ ਕਰਨ, ਦੇਸ਼ ਨੂੰ ਫਿਰਕਾਪ੍ਰਸਤੀ ਵਿੱਚ ਵੰਡਣ, ਦੇਸ਼ ਦੇ ਪਬਲਿਕ ਸੈਕਟਰ ਨੂੰ ਕੌਡੀਆਂ ਦੇ ਭਾਅ ਕਾਰਪੋਰੇਟ ਘਰਾਣਿਆਂ ਨੂੰ ਵੇਚਣ ਖਿਲਾਫ ਸੰਯੁਕਤ ਕਿਸਾਨ ਮੋਰਚੇ ਤੇ ਟਰੇਡ ਯੂਨੀਅਨਾਂ ਦੇ ਸੱਦੇ 'ਤੇ 16 ਫਰਵਰੀ ਨੂੰ ਭਾਰਤ ਬੰਦ ਦੀ ਅਪੀਲ ਕੀਤੀ ਗਈ ਹੈ। ਇਸ ਮੌਕੇ ਕਾਮਰੇਡ ਮਲਕੀਤ ਸਿੰਘ ਤੇ ਇੰਦਰਜੀਤ ਸਿੰਘ ਨੇ ਕਿਹਾ ਕਿ ਮੋਦੀ ਸਰਕਾਰ ਤੋਂ ਦੇਸ਼ ਦਾ ਹਰ ਵਰਗ ਦੁਖੀ ਹੈ। ਦੇਸ਼ ਵਿੱਚ ਮਹਿੰਗਾਈ, ਬੇਰੁਜ਼ਗਾਰੀ ਨੇ ਪਿਛਲੇ 75 ਸਾਲ ਦਾ ਰਿਕਾਰਡ ਤੋੜ ਦਿੱਤਾ ਹੈ ਤੇ ਦੇਸ਼ ਦੇ ਸਾਰੇ ਟੀ ਵੀ ਚੈਨਲ ਤੇ ਜੁਡੀਸ਼ਰੀ, ਸੀ ਬੀ ਆਈ, ਈ ਡੀ ਵਰਗੀਆਂ ਏਜੰਸੀਆਂ ਉੱਤੇ ਕਬਜ਼ਾ ਕਰ ਲਿਆ ਹੈ। ਦੇਸ਼ ਦੇ ਲੋਕਾਂ ਨਾਲ ਚੋਣਾਂ ਤੋਂ ਪਹਿਲਾਂ ਕੀਤੇ ਵਾਅਦੇ ਜੁਮਲਾ ਸਾਬਿਤ ਹੋਏ ਹਨ। ਉਨ੍ਹਾ ਕਿਹਾ ਕਿ ਦੇਸ਼ ਦੇ ਸਾਰੇ ਵਰਗਾਂ ਨੂੰ ਇਕਜੁੱਟ ਹੋ ਕੇ ਆਪਣੇ ਹੱਕਾਂ ਤੇ ਲੋਕ ਵਿਰੋਧੀ ਨੀਤੀਆਂ ਖਿਲਾਫ ਵੱਡੀ ਗਿਣਤੀ ਵਿੱਚ 16 ਫਰਵਰੀ ਦੇ ਬੰਦ ਵਿੱਚ ਸ਼ਾਮਲ ਹੋਣਾ ਚਾਹੀਦਾ ਹੈ ਤੇ ਉਦੇਕਰਨ ਬਾਈਪਾਸ 'ਤੇ ਧਰਨੇ ਵਿੱਚ ਵੱਧ ਤੋਂ ਵੱਧ ਲੋਕਾਂ ਨੂੰ ਸ਼ਾਮਲ ਹੋਣਾ ਚਾਹੀਦਾ ਹੈ। ਇਸ ਮੌਕੇ ਸਾਰੇ ਵਰਕਰਾਂ ਨੇ ਬੰਦ ਨੂੰ ਕਾਮਯਾਬ ਕਰਨ ਲਈ ਵੱਧ ਚੜ੍ਹ ਕੇ ਹਿੱਸਾ ਲੈਣ ਦਾ ਅਹਿਦ ਕੀਤਾ। ਇਸ ਮੌਕੇ ਮਿੱਠੂ ਸਿੰਘ, ਟਹਿਲ ਸਿੰਘ, ਸੰਤੋਖ ਸਿੰਘ, ਜੰਗੀਰ ਸਿੰਘ, ਨੰਦ ਸਿੰਘ, ਬਲਵੀਰ ਸਿੰਘ, ਭੋਲਾ ਸਿੰਘ, ਭਾਗ ਸਿੰਘ, ਕੁਲਵਿੰਦਰ ਕੌਰ, ਰਾਣੀ ਕੌਰ, ਹਰਦੀਪ ਕੌਰ, ਸੁਖਦੀਪ ਕੌਰ, ਹਰਮੀਤ ਕੌਰ ਤੇ ਪਾਲ ਕੌਰ ਹਾਜ਼ਰ ਸਨ।

## ਮੋਦੀ ਸਰਕਾਰ ਜਿੰਨੇ ਮਰਜ਼ੀ ਅੜਿੱਕੇ ਲਾ ਲਵੇ, ਕਿਸਾਨ ਦਿੱਲੀ ਦੀਆਂ ਬਰੂਹਾਂ ਟੱਪ ਕੇ ਹੀ ਰਹਿਣਗੇ : ਢੈਠਲ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਕੇਂਦਰ ਦੀ ਮੋਦੀ ਸਰਕਾਰ ਕਿਸਾਨਾਂ ਨੂੰ ਰੋਕਣ ਲਈ ਚਾਹੇ ਜਿੰਨੇ ਮਰਜ਼ੀ ਅੜਿੱਕੇ ਕਿਉਂ ਨਾ ਲਾ ਲਵੇ, ਪ੍ਰੰਤੂ ਕਿਸਾਨ ਦਿੱਲੀ ਦੀਆਂ ਬਰੂਹਾਂ ਨੱਪ ਕੇ ਹੀ ਰਹਿਣਗੇ ਤੇ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਕਿਸਾਨੀ ਮੰਗਾਂ ਨੂੰ ਪੂਰਾ ਕਰਵਾ ਕੇ ਹੀ ਵਾਪਸ ਪਰਤਣਗੇ। ਇਹ ਚੇਤਾਵਨੀ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਬਲਾਕ ਸਮਾਣਾ ਦੇ ਪ੍ਰਧਾਨ ਗੁਰਨਾਮ ਸਿੰਘ ਢੈਠਲ ਨੇ ਦਿੱਤੀ। ਉਨ੍ਹਾ ਕਿਹਾ ਕਿ ਕੇਂਦਰੀ ਦੀ ਮੋਦੀ ਸਰਕਾਰ ਸ਼ੁਰੂ ਤੋਂ ਹੀ ਕਿਸਾਨਾਂ ਨਾਲ ਧ੍ਰੋਹ ਕਮਾ ਰਹੀ ਹੈ ਤੇ ਵਾਰ ਵਾਰ ਵਾਅਦੇ ਕਰਕੇ ਐੱਮ ਐੱਸ ਪੀ ਤੇ ਹੋਰ ਮੰਗਾਂ ਨੂੰ ਜਾਣਬੁੱਝ ਕੇ ਮਲਕਾਇਆ ਜਾ ਰਿਹੈ, ਜਿਸ ਕਾਰਨ ਕਿਸਾਨਾਂ ਨੂੰ ਆਏ ਦਿਨ ਵੱਡੀਆਂ ਔਕੜਾਂ ਦਾ ਸਾਹਮਣਾ ਕਰਨਾ ਪੈ ਰਿਹੈ ਤੇ ਕਰਜ਼ੇ ਥੱਲੇ ਦੱਬਣਾ ਪੈ ਰਿਹੈ, ਜਿਸ ਨੂੰ ਹੁਣ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਇਸ ਵਾਰ ਤਾਂ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ ਕਿਸਾਨ ਆਪਣੀਆਂ ਸਾਰੀਆਂ ਮੰਗਾਂ ਨੂੰ ਪੂਰਾ ਕਰਵਾ ਕੇ ਵਾਪਸ ਪਰਤਣਗੇ। ਉਨ੍ਹਾ ਮੋਦੀ ਸਰਕਾਰ ਤੇ ਹਰਿਆਣਾ ਦੀ ਖੱਟੜ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਉਹ ਕਿਸਾਨਾਂ ਨੂੰ ਦਿੱਲੀ ਕੂਚ ਕਰਨ ਤੋਂ ਰੋਕਣ ਲਈ ਰਸਤੇ ਵਿੱਚ ਜਿੰਨੇ ਵੀ ਮਰਜ਼ੀ ਅੜਿੱਕੇ ਕਿਉਂ ਨਾ ਢਾਹ ਲਵੇ, ਪ੍ਰੰਤੂ ਕਿਸਾਨ ਦਿੱਲੀ ਦੀਆਂ ਬਰੂਹਾਂ ਟੱਪ ਕੇ ਹੀ ਰਹਿਣਗੇ, ਫਿਰ ਚਾਹੇ ਇਸ ਲਈ ਉਨ੍ਹਾਂ ਨੂੰ ਕੋਈ ਵੀ ਕੁਰਬਾਨੀ ਕਿਉਂ ਨਾ ਕਰਨੀ ਪਵੇ? ਇਸ ਮੌਕੇ ਉਨ੍ਹਾਂ ਨਾਲ ਪ੍ਰੈੱਸ ਸਕੱਤਰ ਸੁਖਜਿੰਦਰ ਸਿੰਘ ਕੁਲਾਰਾਂ, ਸੁਖਵਿੰਦਰ ਸਿੰਘ ਢੈਠਲ, ਸੁਖਵੰਤ ਸਿੰਘ ਸਰਪੰਚ ਅਸਮਾਨਪੁਰ, ਲਖਮੀਰ ਸਿੰਘ ਸਾਬਕਾ ਸਰਪੰਚ ਢੈਠਲ, ਅਮਰਜੀਤ ਸਿੰਘ ਬਿਜਲਪੁਰ, ਜਸਪਾਲ ਸਿੰਘ ਅਸਮਾਨਪੁਰ ਆਦਿ ਕਿਸਾਨ ਆਗੂ ਹਾਜ਼ਰ ਸਨ।

## ਮੰਦੀ ਤੇ ਮਾਰੂ ਨੀਤੀਆਂ ਲੋਕਾਂ ਨੂੰ ਸੜਕਾਂ 'ਤੇ ਆਉਣ ਲਈ ਮਜਬੂਰ ਕਰਦੀਆਂ : ਐੱਸ ਕੇ ਐੱਮ, ਸੀ ਟੀ ਯੂ

**ਲੁਧਿਆਣਾ (ਐੱਮ ਐੱਸ ਭਾਟੀਆ)**

ਸੰਯੁਕਤ ਕਿਸਾਨ ਮੋਰਚਾ (ਐੱਸਕੇਐੱਮ), ਕੇਂਦਰੀ ਟਰੇਡ ਯੂਨੀਅਨਾਂ (ਸੀਟੀਯੂਜ਼), ਸੁਤੰਤਰ/ਸੈਕਟੋਰਲ ਫੈਡਰੇਸ਼ਨਾਂ, ਐਸੋਸੀਏਸ਼ਨਾਂ ਦੇ ਸਾਂਝੇ ਪਲੇਟਫਾਰਮ ਵੱਲੋਂ ਨਵੀਂ ਦਿੱਲੀ ਵਿਖੇ ਜਾਰੀ ਸੰਯੁਕਤ ਪ੍ਰੈੱਸ ਨੋਟ ਵਿੱਚ ਕਿਹਾ ਗਿਆ ਹੈ ਕਿ ਅਸੀਂ ਫਰਾਂਸ, ਜਰਮਨੀ, ਪੋਲੈਂਡ, ਰੋਮਾਨੀਆ, ਗ੍ਰੀਸ, ਇਟਲੀ, ਯੂਨਾਈਟਿਡ ਕਿੰਗਡਮ, ਬੈਲਜੀਅਮ, ਬਰਸਲਜ਼ ਤੇ ਨੀਦਰਲੈਂਡਸ ਸਮੇਤ ਯੂਰਪ ਦੇ ਕਈ ਦੇਸ਼ਾਂ ਵਿੱਚ ਚੱਲ ਰਹੇ ਕਿਸਾਨਾਂ ਤੇ ਮਜ਼ਦੂਰਾਂ ਦੇ ਸੰਘਰਸ਼ ਲਈ ਏਕਤਾ ਪ੍ਰਗਟ ਕਰਦੇ ਹਾਂ। ਅਸੀਂ ਯੂਰਪੀਅਨ ਕਿਸਾਨਾਂ ਤੇ ਮਜ਼ਦੂਰਾਂ ਦੇ ਸੰਘਰਸ਼ ਨਾਲ ਏਕਤਾ ਪ੍ਰਗਟ ਕਰਦੇ ਹਾਂ। ਇਹ ਸਾਂਝਾ ਪਲੇਟਫਾਰਮ ਕਿਸਾਨਾਂ ਨੂੰ ਹੁਣ ਤੱਕ ਦਿੱਤੀਆਂ ਗਈਆਂ ਸਬਸਿਡੀਆਂ ਤੇ ਟੈਕਸ ਛੋਟਾਂ ਵਿੱਚ ਕਟੌਤੀ ਨੂੰ ਰੱਦ ਕਰਨ, ਮਹਿੰਗਾਈ ਤੋਂ ਉੱਪਰ ਤਨਖਾਹ ਵਿੱਚ ਵਾਧੇ ਅਤੇ ਵਧ ਰਹੀ ਮੰਦੀ ਤੇ ਲੰਮੀ ਰੂਸ-ਯੂਕਰੇਨ ਜੰਗ ਦੇ ਸੰਦਰਭ ਵਿੱਚ ਮਜ਼ਦੂਰਾਂ ਦੀ ਪੈਨਸ਼ਨ ਵਿੱਚ ਕੋਈ ਕਟੌਤੀ ਨਾ ਕਰਨ ਦੀਆਂ ਮੰਗਾਂ ਦਾ ਸਮਰਥਨ ਕਰਦਾ ਹੈ।

ਪਿਛਲੇ ਕਈ ਮਹੀਨਿਆਂ ਤੋਂ ਯੂਰਪ ਦੇ ਕਿਸਾਨ ਤੇ ਮਜ਼ਦੂਰ ਸੁਤੰਤਰ ਤੌਰ 'ਤੇ ਅਤੇ ਤਾਲਮੇਲ ਨਾਲ ਖੇਤੀਬਾੜੀ 'ਤੇ ਵਧ ਰਹੇ ਆਰਥਿਕ ਬੋਝ, ਮਜ਼ਦੂਰਾਂ ਦੀ ਘਟਦੀ ਆਮਦਨ ਤੇ ਉਜਰਤ ਦਰ ਤੇ ਸਰਕਾਰਾਂ ਦੁਆਰਾ ਕਿਸਾਨ ਵਿਰੋਧੀ, ਮਜ਼ਦੂਰ ਵਿਰੋਧੀ ਨੀਤੀਆਂ ਨੂੰ ਲਾਗੂ ਕਰਨ ਲਈ ਸੰਘਰਸ਼ ਦੇ ਰਾਹ 'ਤੇ ਚੱਲ ਰਹੇ ਹਨ। ਵਿਸ਼ਵ ਪੂੰਜੀਵਾਦੀ ਅਰਥਚਾਰੇ ਵਿੱਚ ਤਿੱਖੀ ਮੰਦੀ ਦੇ ਸੰਦਰਭ 'ਚ ਸਬੰਧਤ ਰਾਸ਼ਟਰੀ ਸਰਕਾਰਾਂ। ਰੂਸ-ਯੂਕਰੇਨ ਯੁੱਧ ਦਾ ਅਸਰ ਇਨ੍ਹਾਂ ਅਰਥਚਾਰਿਆਂ 'ਤੇ ਬੁਰੀ ਤਰ੍ਹਾਂ ਪੈਂਦਾ ਹੈ। ਸੰਕਟ ਨੂੰ ਦੂਰ ਕਰਨ ਲਈ ਸਬੰਧਤ ਸਰਕਾਰਾਂ ਮਜ਼ਦੂਰਾਂ ਤੇ ਕਿਸਾਨਾਂ ਦੇ ਮੋਢਿਆਂ 'ਤੇ ਆਰਥਿਕ ਬੋਝ ਪਾਉਣ ਦੀ ਨੀਤੀ ਅਪਣਾ ਰਹੀਆਂ ਹਨ। ਕਿਸਾਨਾਂ ਨੂੰ ਅਸਥਿਰ ਮੌਸਮੀ ਹਾਲਤਾਂ ਦਾ ਵੀ ਸਾਹਮਣਾ ਕਰਨਾ ਪੈ ਰਿਹਾ ਹੈ, ਜੋ ਫਸਲਾਂ ਦੇ ਉਤਪਾਦਨ 'ਤੇ ਮਾੜਾ ਅਸਰ ਪਾਉਂਦਾ ਹੈ। ਜਰਮਨ ਸਰਕਾਰ ਨੇ ਤਿੰਨ ਸਾਲਾਂ ਅੰਦਰ ਕਿਸਾਨਾਂ ਨੂੰ ਡੀਜ਼ਲ ਸਬਸਿਡੀਆਂ ਨੂੰ ਹੌਲੀ-ਹੌਲੀ ਖਤਮ ਕਰਨ ਦਾ ਐਲਾਨ ਕੀਤਾ ਸੀ। ਸੁਧਾਰਾਂ ਵਿੱਚ ਖੇਤੀਬਾੜੀ ਉਪਕਰਣਾਂ ਤੇ ਵਾਹਨਾਂ 'ਤੇ ਟੈਕਸ ਛੋਟ ਨੂੰ ਖਤਮ ਕਰਨ ਦਾ ਵੀ ਸੁਝਾਅ ਦਿੱਤਾ ਗਿਆ ਹੈ। ਇਸ ਨਾਲ ਕਿਸਾਨ ਨਾਰਾਜ਼ ਹੋ ਗਏ ਤੇ ਉਹ ਆਪਣੇ ਟਰੈਕਟਰਾਂ ਦੇ ਹਾਰਨ ਵਜਾ ਕੇ ਰਾਜਧਾਨੀ ਬਰਲਿਨ ਵਿੱਚ ਦਾਖਲ ਹੋ ਗਏ। ਫਰਾਂਸ ਦੇ ਕਿਸਾਨਾਂ ਨੇ ਵੀ ਆਪਣੇ ਟਰੈਕਟਰਾਂ ਨਾਲ ਕਈ ਥਾਵਾਂ 'ਤੇ ਹਾਈਵੇਅ ਨੂੰ ਜਾਮ ਕਰ ਦਿੱਤਾ ਤੇ ਦੋਸ਼ ਲਾਇਆ ਕਿ ਸਰਕਾਰ ਆਪਣੇ ਵਿੱਤੀ ਸੰਕਟ ਨੂੰ ਦੂਰ ਕਰਨ ਲਈ ਖੇਤੀਬਾੜੀ 'ਤੇ ਟੈਕਸਾਂ ਵਿੱਚ ਭਾਰੀ ਵਾਧਾ ਕਰ ਰਹੀ ਹੈ। ਮਹਿੰਗਾਈ ਦੇ ਨਾਲ-ਨਾਲ ਮੰਦੀ ਸਾਰੇ ਖੇਤਰਾਂ ਵਿੱਚ ਮਜ਼ਦੂਰਾਂ ਦੇ ਜੀਵਨ ਦੀ ਲਾਗਤ ਨੂੰ ਪ੍ਰਭਾਵਤ ਕਰਦੀ ਹੈ, ਕਿਉਂਕਿ ਵਧਦੀ ਮਹਿੰਗਾਈ ਤੇ ਨਤੀਜੇ ਵਜੋਂ ਵਿਗੜ ਰਹੀਆਂ ਕੰਮ ਦੀਆਂ ਸਥਿਤੀਆਂ ਵਿਰੁੱਧ ਉਨ੍ਹਾਂ ਦੀ ਤਨਖਾਹ ਵਿੱਚ ਕੋਈ ਵਾਧਾ ਨਹੀਂ ਹੁੰਦਾ ਹੈ। ਬੇਅੰਤ ਮੁਕਤ ਵਪਾਰ ਸਮਝੌਤਿਆਂ ਰਾਹੀਂ ਸਸਤੀ ਦਰਾਮਦ ਨੂੰ ਉਤਸ਼ਾਹਤ ਕੀਤਾ ਜਾ ਰਿਹਾ ਹੈ। ਨਤੀਜੇ ਵਜੋਂ ਆਰਥਿਕ ਤੰਗੀ ਕਿਸਾਨਾਂ ਤੇ ਮਜ਼ਦੂਰਾਂ ਨੂੰ ਸੜਕਾਂ 'ਤੇ ਆਉਣ ਲਈ ਮਜਬੂਰ ਕਰਦੀ ਹੈ। ਐੱਸਕੇਐੱਮ ਤੇ ਸੀਟੀਯੂ ਦਾ ਸਾਂਝਾ ਮੰਚ ਮੋਦੀ ਸਰਕਾਰ ਨੂੰ ਯੂਰਪੀਅਨ ਦੇਸ਼ਾਂ ਦੇ ਕਿਸਾਨ ਭਾਈਚਾਰੇ ਤੇ ਮਜ਼ਦੂਰਾਂ ਵਿੱਚ ਵਧ ਰਹੀ ਅਸੰਤੁਸ਼ਟੀ ਤੋਂ ਸਬਕ ਸਿੱਖਣ ਅਤੇ ਭਾਰਤ ਵਿੱਚ ਤੇਜ਼ ਕੀਤੀਆਂ ਜਾ ਰਹੀਆਂ ਆਪਣੀਆਂ ਕਾਰਪੋਰੇਟ ਪੱਖੀ ਨੀਤੀਆਂ 'ਤੇ ਮੁੜ ਵਿਚਾਰ ਕਰਨ ਦੀ ਜ਼ੋਰਦਾਰ ਅਪੀਲ ਕਰਦਾ ਹੈ। ਐੱਸਕੇਐੱਮ ਨੇ ਵਿੱਤ ਮੰਤਰੀ ਨਿਰਮਲਾ ਸੀਤਾਰਾਮਨ ਦੁਆਰਾ ਟਰਾਂਸ-ਨੈਸ਼ਨਲ ਕਾਰਪੋਰੇਸ਼ਨਾਂ ਸਮੇਤ ਕਾਰਪੋਰੇਟਾਂ ਨੂੰ ਖੇਤੀਬਾੜੀ ਵਿੱਚ ਵਾਢੀ ਤੋਂ ਬਾਅਦ ਦੇ ਸੰਚਾਲਨ ਨੂੰ ਸੰਭਾਲਣ, ਭੋਜਨ ਉਤਪਾਦਨ ਤੇ ਵੈਲਯੂ ਐਡਿਡ ਖਪਤਕਾਰ ਉਤਪਾਦ ਬਾਜ਼ਾਰ ਨੂੰ ਕੰਟਰੋਲ ਕਰਨ ਤੇ ਹਾਵੀ ਕਰਨ ਦੀ ਇਜਾਜ਼ਤ ਦੇਣ ਲਈ ਪ੍ਰਸਤਾਵਿਤ ਨੀਤੀ 'ਤੇ ਸਖਤ ਇਤਰਾਜ਼ ਕੀਤਾ ਹੈ। ਕਾਰਪੋਰੇਟ ਖੇਤੀ, ਖੇਤੀ ਸੰਕਟ ਦਾ ਹੱਲ ਨਹੀਂ ਹੈ, ਸਗੋਂ ਇਹ ਭਾਰਤ ਵਿੱਚ ਕਿਸਾਨਾਂ ਤੇ ਮਜ਼ਦੂਰਾਂ ਦੀ ਦੁਰਦਸ਼ਾ ਨੂੰ ਹੋਰ ਵਿਗਾੜ ਦੇਵੇਗੀ। ਐੱਸਕੇਐੱਮ ਤੇ ਸੀਟੀਯੂ, ਸੁਤੰਤਰ ਫੈਡਰੇਸ਼ਨਾਂ ਤੇ ਐਸੋਸੀਏਸ਼ਨਾਂ ਦਾ ਸਾਂਝਾ ਪਲੇਟਫਾਰਮ ਵਿਸ਼ਵ ਪੂੰਜੀਵਾਦੀ ਸੰਕਟ ਤੇ ਉਨ੍ਹਾਂ ਦੀਆਂ ਕਾਰਪੋਰੇਟ ਨੀਤੀਆਂ ਤੇ ਯੂਕਰੇਨ ਦੀਆਂ ਯੁੱਧ ਯੋਜਨਾਵਾਂ ਦੁਆਰਾ ਪੈਦਾ ਹੋਈ ਮੰਦੀ ਦਾ ਬੋਝ ਕਿਸਾਨਾਂ ਤੇ ਮਜ਼ਦੂਰਾਂ 'ਤੇ ਪਾਉਣ ਲਈ ਯੂਰਪ ਦੀਆਂ ਵੱਖ-ਵੱਖ ਰਾਸ਼ਟਰੀ ਸਰਕਾਰਾਂ ਦੇ ਕਦਮ ਦੀ ਸਖਤ ਨਿੰਦਾ ਕਰਦਾ ਹੈ।

### ਮੋਦੀ ਸਰਕਾਰ ਨੂੰ ਯੂਰਪ ਦੇ ਸੰਘਰਸ਼ਾਂ ਤੋਂ ਸਬਕ ਸਿੱਖਣ ਦੀ ਅਪੀਲ

**Capital Small Finance Bank Ltd.**
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ ਅਚੱਲ ਜਾਇਦਾਦ ਲਈ**

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ (ਐਕਟ, 2002 {54 ਆਫ 2002}) ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਸੈਕਸ਼ਨ 13 (12) ਨਾਲ ਪੜ੍ਹੇ ਜਾਂਦੇ ਨਿਯਮ 9 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ (1) ਸ੍ਰੀ ਨਗੇਂਦਰ ਕੁਮਾਰ ਪੁੱਤਰ ਸ੍ਰੀ ਰਾਮ ਦਿਆਲ ਪ੍ਰਸਾਦ, ਵਾਸੀ ਕਾਰਖਾਨਾ ਰੋਡ, ਪਿੰਡ ਬਹਾਦਰਪੁਰ, ਜ਼ਿਲ੍ਹਾ ਹੁਸ਼ਿਆਰਪੁਰ ਅਤੇ ਨਾਲ ਹੀ : ਵਾਸੀ ਸੁਤਹਿਰੀ ਮੁਹੱਲਾ, ਨਿਊ ਫਤਿਹਗੜ੍ਹ, ਪੁਰਾਣੀ ਅਬਾਦੀ, ਤਹਿਸੀਲ ਤੇ ਜ਼ਿਲ੍ਹਾ ਹੁਸ਼ਿਆਰਪੁਰ (ਇਸ ਤੋਂ ਬਾਅਦ ਕਰਜ਼ਦਾਰ ਵਜੋਂ ਹਵਾਲਾ) ਅਤੇ ਗਰੰਟਰ (2) ਸ੍ਰੀ ਇੰਦਰਪਾਲ ਸਿੰਘ ਪੁੱਤਰ ਸ੍ਰੀ ਕਰਤਾਰ ਸਿੰਘ ਵਾਸੀ ਬੀ-22/174, ਟੈਗੋਰ ਨਗਰ, ਜ਼ਿਲ੍ਹਾ ਹੁਸ਼ਿਆਰਪੁਰ (3) ਸ੍ਰੀ ਹਿਰਦੇ ਪਾਲ ਸਿੰਘ ਲਿੱਧੜ ਪੁੱਤਰ ਸ੍ਰੀ ਕੁਲਦੀਪ ਸਿੰਘ, ਵਾਸੀ ਪਿੰਡ ਤੇ ਡਾਕਖਾਨਾ ਲਿੱਧੜਾਂ, ਜ਼ਿਲ੍ਹਾ ਹੁਸ਼ਿਆਰਪੁਰ-146001 (ਇਸ ਤੋਂ ਬਾਅਦ ਗਰੰਟਰਾਂ ਵਜੋਂ ਹਵਾਲਾ) ਨੂੰ ਐੱਚ ਐੱਲ/004611000076 'ਚ ਰੁਪਏ 5,49,738 ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਮਿਤੀ 26-07-2023 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰ, ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਸੈਕਸ਼ਨ 13 (4) ਨਾਲ ਪੜ੍ਹੇ ਜਾਂਦੇ ਨਿਯਮ 9 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖ਼ਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਐੱਚ ਐੱਲ/004611000076 ਵਿਰੁੱਧ ਬਕਾਇਆ ਰਕਮ ਰੁਪਏ ਰੁ. 5,49,738 ਸਮੇਤ 01.07.2023 ਤੋਂ ਭਵਿੱਖੀ ਵਿਆਜ ਵਸੂਲ ਕੀਤੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਪ੍ਰਾਇਮਰੀ ਸਕਿਓਰਿਟੀ : ਬੈਨਾਮਾ ਨੰ. 3752 ਮਿਤੀ 02-09-2014 ਅਨੁਸਾਰ ਸ੍ਰੀ ਨਗੇਂਦਰ ਕੁਮਾਰ ਪੁੱਤਰ ਸ੍ਰੀ ਰਾਮ ਦਿਆਲ ਪ੍ਰਸਾਦ ਦੇ ਨਾਂਅ 'ਤੇ ਰਿਹਾਇਸ਼ੀ ਜਾਇਦਾਦ ਰਕਬਾ 5 ਮਰਲੇ, 126 ਵਰਗ ਫੁੱਟ, ਸੁਤਹਿਰੀ ਮੁਹੱਲਾ, ਨਿਊ ਫਤਿਹਗੜ੍ਹ, ਪੁਰਾਣੀ ਅਬਾਦੀ, ਤਹਿਸੀਲ ਤੇ ਜ਼ਿਲ੍ਹਾ ਹੁਸ਼ਿਆਰਪੁਰ ਦਾ ਉਚਿਤ ਗਿਰਵੀਨਾਮਾ।

ਸਥਾਨ : ਜਲੰਧਰ ਮਿਤੀ : 08.02.2024 ਅਧਿਕਾਰਤ ਅਫਸਰ

**Capital Small Finance Bank Ltd.**
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ ਅਚੱਲ ਜਾਇਦਾਦ ਲਈ**

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ (ਐਕਟ, 2002 {54 ਆਫ 2002}) ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਸੈਕਸ਼ਨ 13 (12) ਨਾਲ ਪੜ੍ਹੇ ਜਾਂਦੇ ਨਿਯਮ 9 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ (1) ਸ੍ਰੀਮਤੀ ਸਪਨਾ ਸ਼ਰਮਾ ਪਤਨੀ ਸੁਰਿੰਦਰ ਸ਼ਰਮਾ ਵਾਸੀ ਟੀ-17/548, ਗਲੀ ਫੱਟਿਆਂ ਵਾਲੀ, ਗੇਟ ਖਜ਼ਾਨਾ, ਅੰਮ੍ਰਿਤਸਰ-143001 (2) ਸੋਨੀਆ ਸ਼ਰਮਾ ਪਤਨੀ ਵਰਿੰਦਰ ਸ਼ਰਮਾ, ਵਾਸੀ ਟੀ-17/548, ਗਲੀ ਕੜਿਆਂ ਵਾਲੀ, ਗੇਟ ਖਜ਼ਾਨਾ, ਅੰਮ੍ਰਿਤਸਰ-143001 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ (3) ਸ੍ਰੀ ਸੁਰਿੰਦਰ ਸ਼ਰਮਾ ਪੁੱਤਰ ਜੁਗਲ ਕਿਸ਼ੋਰ, ਵਾਸੀ 399, ਗਲੀ ਫੱਟਿਆਂ ਵਾਲੀ, ਗੇਟ ਖਜ਼ਾਨਾ, ਅੰਮ੍ਰਿਤਸਰ-143001 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਐੱਲ ਏ ਪੀ/31602000036 'ਚ ਡਿਮਾਂਡ ਨੋਟਿਸ ਦੀ ਮਿਤੀ 'ਤੇ ਬਕਾਇਆ ਰਕਮ ਰੁ. 3,72,079. 60 ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਮਿਤੀ 05-12-2023 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰ, ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਸੈਕਸ਼ਨ 13 (4) ਨਾਲ ਪੜ੍ਹੇ ਜਾਂਦੇ ਨਿਯਮ 9 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖ਼ਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਐੱਲ ਏ ਪੀ/31602000036 ਵਿਰੁੱਧ ਬਕਾਇਆ ਰਕਮ ਰੁਪਏ ਰੁ. 3,72, 079.60 ਸਮੇਤ 01.12.2023 ਤੋਂ ਭਵਿੱਖੀ ਵਿਆਜ ਵਸੂਲ ਕੀਤੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਪ੍ਰਾਇਮਰੀ ਸਕਿਓਰਿਟੀ : ਉਚਿਤ ਗਿਰਵੀਨਾਮਾ-ਬੈਨਾਮਾ ਨੰ. 11133 ਮਿਤੀ 01-12-2017 ਅਨੁਸਾਰ ਸਪਨਾ ਸ਼ਰਮਾ ਪਤਨੀ ਸੁਰਿੰਦਰ ਸ਼ਰਮਾ ਦੇ ਨਾਂਅ 'ਤੇ ਸਬ-ਰਜਿਸਟਰਾਰ, ਅੰਮ੍ਰਿਤਸਰ-II, ਅੰਮ੍ਰਿਤਸਰ ਦੇ ਦਫਤਰ 'ਚ ਰਜਿਸਟਰਡ ਜਾਇਦਾਦ ਰਕਬਾ 288 ਵਰਗ ਗਜ਼, ਪਿੰਡ ਫਤਾਹਪੁਰ, ਤਹਿਸੀਲ ਅੰਮ੍ਰਿਤਸਰ, ਜ਼ਿਲ੍ਹਾ ਅੰਮ੍ਰਿਤਸਰ, ਹਦਬਸਤ ਨੰ. 377 ਨਾਲ ਸੰਬੰਧਤ ਸਭ ਕੁਝ।

ਸਥਾਨ : ਜਲੰਧਰ ਮਿਤੀ : 08.02.2024 ਅਧਿਕਾਰਤ ਅਫਸਰ

13-FEB-PAGE-11-Majha-24.qxd 2/12/2024 10:39 PM Page 1



# ਨਸ਼ਾ ਵੇਚਣ ਤੋਂ ਰੋਕਣ 'ਤੇ ਸਾਬਕਾ ਸਰਪੰਚ 'ਤੇ ਜਾਨਲੇਵਾ ਹਮਲਾ



ਮਜੀਠਾ (ਸੋਇਮ ਆਨੰਦ)-ਸਾਬਕਾ ਚੇਅਰਮੈਨ ਹਰਵਿੰਦਰ ਸਿੰਘ ਭੁੱਲਰ ਕੋਟਲਾ ਗੁੱਜਰਾਂ ਤੇ ਰੱਖ ਭੰਗਵਾਂ ਦੇ ਸਾਬਕਾ ਸਰਪੰਚ ਡਾ. ਕੁਲਬੀਰ ਸਿੰਘ ਰੱਖ ਭੰਗਵਾਂ ਵੱਲੋਂ ਨਸ਼ਾ ਵੇਚਣ ਵਾਲੇ ਨੌਜਵਾਨਾਂ ਨੂੰ ਰੋਕਣ 'ਤੇ ਉਕਤ ਨੌਜਵਾਨਾਂ ਵਲੋਂ ਡਾ. ਕੁਲਬੀਰ ਸਿੰਘ ਨੂੰ ਜ਼ਖ਼ਮੀ ਕਰ ਦਿੱਤਾ ਗਿਆ, ਜਿਸ ਦੀ ਜਾਣਕਾਰੀ ਮੋਹਤਬਰ ਵਿਅਕਤੀਆਂ ਦੀ ਹਾਜ਼ਰੀ ਵਿਚ ਉਨ੍ਹਾਂ ਆਪਣੇ ਗ੍ਰਹਿ ਪਿੰਡ ਰੱਖ ਭੰਗਵਾਂ ਵਿਖੇ ਦਿਤੀ। ਸਾਬਕਾ ਚੇਅਰਮੈਨ ਹਰਵਿੰਦਰ ਸਿੰਘ ਭੁੱਲਰ ਤੇ ਸਾਬਕਾ ਸਰਪੰਚ ਡਾ. ਕੁਲਬੀਰ ਸਿੰਘ ਨੇ ਦੱਸਿਆ ਕਿ ਨਵਰੂਪ ਸਿੰਘ ਨਾਂਅ ਦਾ ਨੌਜਆਨ ਜੋ ਸਾਡੇ ਪਿੰਡਾਂ ਵਿਚ ਨਸ਼ਾ ਸਪਲਾਈ ਕਰਦਾ ਹੈ, 9 ਫਰਵਰੀ ਨੂੰ ਉਹ ਸਵਿਫਟ ਕਾਰ ਰੰਗ ਚਿੱਟਾ ਵਿਚ ਸਵਾਰ ਸੀ ਕਿ ਪਿੰਡ ਕੋਟਲਾ ਗੁੱਜਰਾਂ, ਰੱਖ ਭੰਗਵਾਂ ਤੇ ਭੰਗਵਾਂ ਦੀ ਹਦੂਦ ਵਿਚ ਖੇਤਾਂ 'ਚ ਲਿੰਕ ਸੜਕ ਤੇ ਵੱਖ-ਵੱਖ ਥਾਂਵਾਂ 'ਤੇ ਆਪਣੀ ਗੱਡੀ ਖੜ੍ਹਾ ਕਰਦਾ ਸੀ। ਪੁੱਛਣ 'ਤੇ ਉਸ ਵਲੋਂ ਸਾਬਕਾ ਸਰਪੰਚ ਡਾ. ਕੁਲਬੀਰ ਸਿੰਘ 'ਤੇ ਜਾਨਲੇਵਾ ਹਮਲਾ ਕਰ ਕੇ ਉਸ ਨੂੰ ਜ਼ਖਮੀ ਕਰ ਕੇ ਮੌਕੇ ਤੋਂ ਆਪਣੀ ਗੱਡੀ ਸਮੇਤ ਰਫੂ ਚੱਕਰ ਹੋ ਗਿਆ। ਡਾ. ਕੁਲਬੀਰ ਸਿੰਘ ਨੂੰ ਜ਼ਖਮੀ ਹਾਲਤ 'ਚ ਪੁਲਸ ਥਾਣਾ ਮਜੀਠਾ ਜਾ ਕੇ ਲਿਖਤੀ ਸ਼ਿਕਾਇਤ ਦੇ ਕੇ ਸਰਕਾਰੀ ਹਸਪਤਾਲ ਲਿਜਾਇਆ ਗਿਆ। ਉਨ੍ਹਾਂ ਕਿਹਾ ਕਿ ਉਕਤ ਵਾਰਦਾਤ ਨੂੰ ਅੱਜ ਤਿੰਨ ਦਿਨ ਬੀਤ ਜਾਣ 'ਤੇ ਵੀ ਪੁਲਸ ਵਲੋਂ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਹਮਲਾ ਕਰਨ ਵਾਲੇ ਨੌਜਵਾਨਾਂ ਨੂੰ ਹਿਰਾਸਤ ਵਿਚ ਲੈ ਕੇ ਉਨ੍ਹਾਂ ਖਿਲਾਫ ਕਾਰਵਾਈ ਨਾ ਕੀਤੀ ਤਾਂ ਉਹ ਨਜ਼ਦੀਕੀ ਪਿੰਡਾਂ ਦੀਆਂ ਪੰਚਾਇਤਾਂ, ਮੋਹਤਬਰਾਂ ਸਮੇਤ ਵਸਨੀਕਾਂ ਨੂੰ ਨਾਲ ਲੈ ਕੇ ਮਜੀਠਾ 'ਚ ਸੜਕ 'ਤੇ ਰੋਸ ਧਰਨਾ ਦੇਣਗੇ। ਇਸ ਸਬੰਧ ਵਿਚ ਜਦੋਂ ਪੁਲਸ ਥਾਣਾ ਮਜੀਠਾ ਦੇ ਐੱਸ. ਐੱਚ. ਓ. ਲਖਵਿੰਦਰ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਚੇਅਰਮੈਨ ਭੁੱਲਰ ਵਲੋਂ ਆਈ ਸ਼ਿਕਾਇਤ ਸਬੰਧੀ ਲੱਗੀ ਸੱਟ ਦੀ ਡਾਕਟਰੀ ਰਿਪੋਰਟ ਆਉਣ 'ਤੇ ਜਾਂਚ ਦੌਰਾਨ ਜੋ ਸਾਹਮਣੇ ਆਵੇਗਾ ਉਸ ਮੁਤਾਬਕ ਮੁਲਜ਼ਮ ਨਵਰੂਪ ਸਿੰਘ ਤੇ ਉਸ ਦੇ ਸਾਥੀ ਦੇ ਖਿਲਾਫ ਬਣਦੀ ਸਖਤ ਕਾਰਵਾਈ ਕਰ ਦਿੱਤੀ ਜਾਵੇਗੀ। ਇਸ ਮੌਕੇ ਉਕਤ ਤੋਂ ਇਲਾਵਾ ਮਨਿੰਦਰ ਸਿੰਘ ਕੋਟਲਾ ਗੁਜਰਾਂ, ਨੰਬਰਦਾਰ ਸੁਰਜੀਤ ਸਿੰਘ ਭੰਗਵਾਂ, ਸੁਖਬੀਰ ਸਿੰਘ ਰੱਖ ਭੰਗਵਾਂ, ਰਣਜੀਤ ਸਿੰਘ, ਪੰਚ ਜੋਤ ਸਿੰਘ, ਬੀਬੀ ਗੁਰਮੀਤ ਕੌਰ, ਪੰਚ ਦੀਦਾਰ ਸਿੰਘ ਸਾਬਕਾ ਫੌਜੀ, ਬਲਜਿੰਦਰ ਸਿੰਘ ਆਦਿ ਹਾਜ਼ਰ ਸਨ।

# ਭਾਰਤ ਬੰਦ ਸੰਬੰਧੀ ਵੱਖ-ਵੱਖ ਪਿੰਡਾਂ 'ਚ ਮਾਰਚ ਕਰਕੇ ਲੋਕਾਂ ਨੂੰ ਕੀਤਾ ਜਾਗਰੂਕ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਸੰਯੁਕਤ ਕਿਸਾਨ ਮੋਰਚਾ ਭਾਰਤ ਵਿਚ ਸ਼ਾਮਿਲ ਕਿਸਾਨ ਜਥੇਬੰਦੀਆਂ, ਮਜ਼ਦੂਰ ਮੁਲਾਜ਼ਮ ਜਥੇਬੰਦੀਆਂ ਵੱਲੋਂ ਸ਼ਹੀਦ ਸਵਰਨ ਸਿੰਘ ਸੋਹਲ ਭਵਨ ਅਟਾਰੀ ਰੋਡ ਝਬਾਲ ਵਿਖੇ ਇਕੱਠ ਕੀਤਾ ਗਿਆ। ਉਸ ਤੋਂ ਬਾਅਦ ਝਬਾਲ ਚੌਂਕ, ਠੱਠਾ, ਮੰਨਣ, ਢੰਡ, ਕਸੇਲ, ਮਾਣਕਪੁਰੀ, ਸਰਾਏ ਅਮਾਨਤ ਖਾਂ, ਗੰਡੀਵਿੰਡ, ਸੋਹਲ ਆਦਿ ਪਿੰਡਾਂ ਵਿੱਚ 16 ਫਰਵਰੀ ਨੂੰ ਭਾਰਤ ਬੰਦ ਦੇ ਸੰਬੰਧ ਵਿੱਚ ਮਾਰਚ ਕਰਕੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ।

ਇਸ ਵਿੱਚ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਦਵਿੰਦਰ ਸੋਹਲ, ਆਜ਼ਾਦ ਸੰਘਰਸ਼ ਕਮੇਟੀ ਵੱਲੋਂ ਰਤਨ ਸਿੰਘ ਢੰਡ, ਕੌਮੀ ਕਿਸਾਨ ਸਭਾ ਵਲੋਂ ਕੈਪਟਨ ਸਿੰਘ ਬਘਿਆੜੀ, ਆਸ਼ਾ ਵਰਕਰ ਵਲੋਂ ਸੀਮਾ ਸੋਹਲ, ਜਨਵਾਦੀ ਇਸਤਰੀ ਸਭਾ ਵਲੋਂ ਹਰਪ੍ਰੀਤ ਕੌਰ ਰਾਣੀ, ਕੁਲ ਹਿੰਦ ਕਿਸਾਨ ਸਭਾ ਵਲੋਂ ਡਾਕਟਰ ਨਰਿੰਦਰ ਸਿੰਘ ਬਘਿਆੜੀ ਨੇ ਅਗਵਾਈ ਕੀਤੀ। ਇਸ ਮੌਕੇ ਵੱਖ-ਵੱਖ ਜਥੇਬੰਦੀਆਂ ਦੇ ਆਗੂ ਅਮਰੀਕ ਸਿੰਘ ਬਘਿਆੜੀ, ਸਵਿੰਦਰ ਸਿੰਘ ਬਿੱਲਾ, ਜਗਤਾਰ ਸਿੰਘ ਜੱਗਾ, ਕੁਲਵੰਤ ਸਿੰਘ ਬਘਿਆੜੀ, ਸਾਹਿਬ ਸਿੰਘ ਮੀਆਂਪੁਰ, ਸੁਖਬੀਰ ਸਿੰਘ ਠੱਠਗੜ੍ਹ, ਖਜਾਨਚੀ ਲਾਲ, ਸੂਰਤਾ ਸਿੰਘ, ਰਣਜੀਤ ਸਿੰਘ, ਅਜੀਤ ਸਿੰਘ, ਅਰਵਿੰਦ ਗੁਪਤਾ, ਗੁਰਬਿੰਦਰ ਸਿੰਘ ਸੋਹਲ, ਨਿਸ਼ਾਨ ਸਿੰਘ ਪੰਜਵੜ, ਕੁਲਦੀਪ ਸਿੰਘ ਝਬਾਲ, ਮਲੂਕ ਸਿੰਘ ਝਬਾਲ, ਬਲਵਿੰਦਰ ਕੌਰ ਝਬਾਲ ਆਦਿ ਹਾਜ਼ਰ ਸਨ।

# ਬਾਬਾ ਹਰੀ ਸਿੰਘ ਤੇ ਸੰਤ ਬਾਬਾ ਹਰਬੰਸ ਸਿੰਘ ਰਿਖੀ ਦੀ ਬਰਸੀ ਮੌਕੇ ਧਾਰਮਿਕ ਸਮਾਗਮ ਕਰਵਾਇਆ

**ਮਜੀਠਾ (ਸੋਇਮ ਆਨੰਦ)**-ਮਜੀਠਾ ਬਾਬਾ ਜਵਾਲਾ ਸਿੰਘ ਜੀ ਹਰਖੋਵਾਲ ਵਾਲਿਆਂ ਤੋਂ ਵਰੋਸਾਏ ਸੰਤ ਬਾਬਾ ਹਰੀ ਸਿੰਘ ਜੀ ਤੇ ਸੰਤ ਬਾਬਾ ਹਰਬੰਸ ਸਿੰਘ ਜੀ ਰਿਖੀ ਦੀ ਬਰਸੀ ਨੂੰ ਸਮਰਪਿਤ ਸਲਾਨਾ ਤਿੰਨ ਰੋਜ਼ਾ ਧਾਰਮਿਕ ਸਮਾਗਮ ਮੁੱਖ ਸੇਵਾਦਾਰ ਸੰਤ ਬਾਬਾ ਕਰਲੈਲ ਸਿੰਘ ਦੀ ਰਹਿਨੁਮਾਈ ਹੇਠ ਗੁਰਦੁਆਰਾ ਸੰਤਸਰ ਸਾਹਿਬ ਪਿੰਡ ਬੇਗੇਵਾਲ ਕੋਟਲਾ ਪੀਤੂ ਵਿਖੇ ਸਮੂਹ ਸੰਗਤਾਂ ਅਤੇ ਐੱਨਆਰਆਈ ਵੀਰਾਂ ਦੇ ਸਹਿਯੋਗ ਨਾਲ ਬੜੀ ਧੂਮਧਾਮ ਨਾਲ ਕਰਵਾਇਆ ਗਿਆ ਜਿਸ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਖੁੱਲ੍ਹੇ ਪੰਡਾਲ ਵਿੱਚ ਪਹਿਲੇ ਰਾਤ ਪੰਥ ਪਰਸਿੱਧ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਭਾਈ ਦਵਿੰਦਰ ਸਿੰਘ ਦੇ ਰਾਗੀ ਜਥੇ, ਭਾਈ ਜਗਤਾਰ ਸਿੰਘ ਮਜੀਠਾ ਢਾਡੀ ਜਥੇ, ਦੂਜੇ ਰਾਤ ਭਾਈ ਹਰਮਨਦੀਪ ਸਿੰਘ ਮਜੀਠਾ ਦੇ ਕੀਰਤਨੀ ਜਥੇ, ਕਥਾਵਾਚਕ ਭਾਈ ਪਰਮਜੀਤ ਸਿੰਘ ਖਾਲਸਾ ਅਨੰਦਪੁਰ ਸਾਹਿਬ ਵਾਲੇ ਅਤੇ ਤੀਜੇ ਦਿਨ ਦੇ ਦਿਵਾਨ ਵਿੱਚ ਰਾਗੀ ਭਾਈ ਜੋਧਬੀਰ ਸਿੰਘ ਤੇ ਭਾਈ ਹਰਮਨਦੀਪ ਸਿੰਘ ਦੇ ਕੀਰਤਨੀ ਜਥੇ, ਭਾਈ ਸਰਬਜੀਤ ਸਿੰਘ ਲੁਧਿਆਣਾ ਕਥਾਵਾਚਕ, ਗਿਆਨੀ ਗੁਰਪਰਤਾਪ ਸਿੰਘ ਪਦਮ ਢਾਡੀ ਜਥਾ, ਭਾਈ ਹਰਜਿੰਦਰ ਸਿੰਘ ਚੰਡੇ ਢਾਡੀ ਜਥਾ ਅਤੇ ਭਾਈ ਜੋਗਾ ਸਿੰਘ ਮਹਿਲ ਜੰਡਿਆਲਾ ਦੇ ਕੀਰਤਨੀ ਜਥਿਆਂ ਵੱਲੋ ਸੰਗਤਾਂ ਨੂੰ ਗੁਰਬਾਣੀ ਗੁਰਇਤਿਹਾਸ ਤੇ ਬੀਰਰਸ ਵਾਰਾਂ ਸੁਣਾ ਕੇ ਗੁਰੂ ਚਰਨਾਂ ਨਾਲ ਜੋੜਿਆ। ਇਸ ਮੌਕੇ ਸਟੇਜ ਸੈਕਟਰੀ ਦੀ ਸੇਵਾ ਗਿਆਨੀ ਗੁਰਚਰਨ ਸਿੰਘ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਗੁਰੂ ਕੇ ਅਤੁੱਟ ਲੰਗਰ ਵੀ ਵਰਤਾਏ। ਇਸ ਮੌਕੇ ਬਾਬਾ ਕਰਨੈਲ ਵੱਲੋਂ ਆਏ ਹੋਏ ਜਥਿਆਂ ਅਤੇ ਪਤਵੰਤਿਆਂ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਬਾਬਾ ਕਰਲੈਲ ਸਿੰਘ, ਬਾਬਾ ਮਨਮੋਹਨ ਸਿੰਘ ਭੰਗਾਲੀ ਵਾਲੇ, ਲਖਵਿੰਦਰ ਸਿੰਘ, ਅਨੂਪ ਸਿੰਘ ਸੰਧੂ, ਡੀਐੱਸਪੀ ਗੁਲਵੰਤ ਸਿੰਘ ਸੰਧੂ, ਹਰਦੀਪ ਸਿੰਘ, ਸਾਬਕਾ ਸਰਪੰਚ ਹਰਿੰਦਰ ਸਿੰਘ, ਨੰਬਰਦਾਰ ਬੂਟਾ ਸਿੰਘ, ਬੱਬੂ ਸੀਮੈਂਟ ਵਾਲਾ, ਸੁਖਵਿੰਦਰ ਸਿੰਘ, ਰੇਸ਼ਮ ਸਿੰਘ, ਬਿਕਰਮਜੀਤ ਸਿੰਘ, ਗੁਰਜੀਤ ਸਿੰਘ ਸੰਧੂ, ਸਰਪੰਚ ਸਤਨਾਮ ਸਿੰਘ, ਸਰਪੰਚ ਸੁਰਜੀਤ ਸਿੰਘ ਤਰਗੜ੍ਹ, ਸੁਖਵਿੰਦਰ ਸਿੰਘ ਬਾਊ, ਤਰਸੇਮ ਸਿੰਘ, ਗਰਮੇਜ ਸਿੰਘ ਪੰਚ, ਧਿਆਨ ਸਿੰਘ, ਸਤਵੰਤ ਸਿੰਘ ਸੰਧੂ, ਮਨਜੀਤ ਸਿੰਘ, ਦਿਲਬਾਗ ਸਿੰਘ, ਸੁਰਿੰਦਰ ਸਿੰਘ, ਬਲਜੀਤ ਸਿੰਘ, ਅਮਨਦੀਪ ਸਿੰਘ ਹੈਪੀ, ਮਾ. ਬਲਜੀਤ ਸਿੰਘ ਜਲਾਲਪੁਰਾ, ਸਤਨਾਮ ਸਿੰਘ, ਬਲਕਾਰ ਸਿੰਘ ਸ਼ਾਮਨਗਰ, ਭੁਪਿੰਦਰ ਸਿੰਘ ਪੱਪੂ, ਹਰਜੀਤ ਸਿੰਘ, ਕੇਵਲ ਸਿੰਘ, ਮੇਜਰ ਸਿੰਘ ਤੋ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾ ਹਾਜ਼ਰ ਸਨ।

# ਮੈਡੀਕਲ ਪ੍ਰੈਕਟੀਸ਼ਨਰ ਯੂਨੀਅਨ ਵੱਲੋਂ ਕਿਸਾਨ ਮਜ਼ਦੂਰ ਮੋਰਚੇ ਨੂੰ ਪੂਰਨ ਸਮਰਥਨ



ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਨਿਊ ਮੈਡੀਕਲ ਪ੍ਰੈਕਟੀਸ਼ਨਰ ਐਸ਼ੋਸੀਏਸ਼ਨ ਪੰਜਾਬ (ਰਜਿ) ਦੇ ਝੰਡੇ ਥੱਲੇ ਹਰੀਕੇ ਪੱਤਣ ਤੇ ਆਸ ਪਾਸ ਦੇ ਇਲਾਕੇ 'ਚ ਸੇਵਾਵਾਂ ਦੇ ਰਹੇ ਡਾਕਟਰਾਂ ਨੇ ਕਿਸਾਨ ਮਜ਼ਦੂਰ ਮੋਰਚਾ ਦਿੱਲੀ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ। ਗੁਰਦੁਆਰਾ ਚਰਨ ਕੰਵਲ ਸਾਹਿਬ ਤੋ ਪਹਿਲੇ ਕਾਫਲੇ ਦੇ ਚੱਲਣ ਮੌਕੇ ਐਸ਼ੋਸੀਏਸ਼ਨ ਦੇ ਸਮੂਹ ਅਹੁਦੇਦਾਰ ਹਾਜ਼ਰ ਰਹੇ।

ਯੂਨੀਅਨ ਦੇ ਪ੍ਰਧਾਨ ਡਾਕਟਰ ਜੋਗਾ ਸਿੰਘ ਵਿਰਕ ਨੇ ਦੱਸਿਆ ਕਿ ਦੇਸ਼ ਦੇ ਕਿਸਾਨਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚਾ ਤੇ ਉੱਤਰੀ ਭਾਰਤ ਦੀਆਂ 18 ਜਥੇਬੰਦੀਆਂ ਦੇ ਸਾਂਝੇ ਫੋਰਮ ਕਿਸਾਨ ਮਜ਼ਦੂਰ ਮੋਰਚਾ ਵੱਲੋਂ 13 ਫਰਵਰੀ ਤੋਂ ਰਾਜਧਾਨੀ ਦਿੱਲੀ ਵਿਖੇ ਆਰੰਭ ਕੀਤੇ ਜਾ ਰਹੇ ਅੰਦੋਲਨ ਨੂੰ ਪੂਰਨ ਸਮਰਥਨ ਦਿੱਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਅੰਦੋਲਨ ਦੌਰਾਨ ਬਦਲਵੇਂ ਰੂਪ ਵਿਚ ਸਿਹਤ ਸੇਵਾਵਾਂ ਦੇਣਾ ਵੀ ਵਿਚਾਰ ਅਧੀਨ ਹੈ। ਉਨ੍ਹਾਂ ਕਿਹਾ ਕਿ ਪਹਿਲੇ ਦਿੱਲੀ ਅੰਦੋਲਨ ਦੌਰਾਨ ਮੰਗੀਆਂ ਮੰਗਾਂ ਤੋਂ ਕੇਂਦਰ ਸਰਕਾਰ ਪੂਰੀ ਤਰ੍ਹਾਂ ਭੱਜ ਚੁੱਕੀ ਹੈ।

ਆਰਥਿਕਤਾ ਦੇ ਝੰਬੇ ਕਿਸਾਨ ਮੁੜ ਸੰਘਰਸ਼ ਦੇ ਰਾਹ ਪੈਣ ਲਈ ਮਜਬੂਰ ਹਨ। ਸਾਡੀ ਯੂਨੀਅਨ ਬਿਖੜੇ ਪੈਂਡੇ ਦੇ ਪਾਂਧੀ ਬਣੇ ਇਨ੍ਹਾਂ ਕਿਸਾਨਾਂ ਅਤੇ ਮਜ਼ਦੂਰਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਸਾਥ ਦੇਵੇਗੀ। ਇਸ ਮੌਕੇ ਰਵਿੰਦਰ ਸਿੰਘ, ਕੰਵਲਦੀਪ ਸਿੰਘ ਗੁਰਵਿੰਦਰ ਸਿੰਘ ਗੁਰਚਰਨ ਸਿੰਘ ਸੇਵਕ ਸਿੰਘ, ਸੰਦੀਪ ਸਿੰਘ, ਸੁਖਜੀਤ ਸਿੰਘ, ਲਖਬੀਰ ਸਿੰਘ, ਜਸਵਿੰਦਰ ਸਿੰਘ ਸੋਨਾ ਬੂਹ, ਰਣਜੀਤ ਸਿੰਘ, ਬਿਕਰਮਜੀਤ ਸਿੰਘ, ਸੁਖਵੰਤ ਸਿੰਘ, ਹਰਪ੍ਰੀਤ ਸਿੰਘ, ਨਿਰਵੈਲ ਸਿੰਘ, ਬਲਜਿੰਦਰ ਸਿੰਘ, ਗੁਰਜੰਟ ਸਿੰਘ ਅਤੇ ਸੁਖਦੇਵ ਸਿੰਘ ਆਦਿ ਹਾਜ਼ਰ ਸਨ।

# ਮਜ਼ਦੂਰ ਮੁਕਤੀ ਮੋਰਚਾ ਨੌਜਵਾਨ ਸਭਾ ਦੀ ਹੰਗਾਮੀ ਮੀਟਿੰਗ

* ਨਸ਼ਿਆਂ 'ਤੇ ਨੱਥ ਪਾਉਣ ਲਈ ਸਰਕਾਰਾਂ ਨੂੰ ਕੀਤੀ ਜ਼ੋਰਦਾਰ ਅਪੀਲ



ਬਟਾਲਾ (ਤਰਲੋਕ ਬੱਗਾ)-ਮਜ਼ਦੂਰ ਮੁਕਤੀ ਮੋਰਚਾ ਨੌਜਵਾਨ ਸਭਾ ਦੀ ਹੰਗਾਮੀ ਮੀਟਿੰਗ ਡੀਲੈਕਸ ਪੁਲੀ ਦੇ ਨੇੜੇ ਪ੍ਰਧਾਨ ਸਰੂਪ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮਾਝਾ ਜ਼ੋਨ ਦੇ ਇੰਚਾਰਜ ਮਨਜੀਤ ਰਾਜ ਬਟਾਲਾ ਨੇ ਕਿਹਾ ਕਿ ਨੌਜਵਾਨਾਂ ਪੀੜ੍ਹੀ ਨੂੰ ਬਚਾਉਣ ਲਈ ਨਸ਼ੇ ਨੂੰ ਨੱਥ ਪਾਈ ਜਾਵੇ, ਨੌਜਵਾਨਾਂ ਨੂੰ ਰੋਜ਼ਗਾਰ ਭਲਾਈ ਦਫਤਰ ਵਿੱਚ ਰਜਿਸਟਰਡ ਕੀਤਾ ਜਾਵੇ ਜਿਨ੍ਹਾਂ ਨੂੰ ਸਰਕਾਰ ਕੋਲੋਂ ਨੌਕਰੀ ਨਹੀਂ ਮਿਲਦੀ ਉਨ੍ਹਾਂ ਨੂੰ ਮੁਫਤ ਸਿੱਖਿਆ ਦਿੱਤੀ ਜਾਵੇ, ਸਕੂਲ ਵਿੱਚ ਪੜ੍ਹਾਈ ਮੁਫਤ ਦਿੱਤੀ ਜਾਵੇ, ਐੱਸਸੀ/ਬੀਸੀ ਦੇ ਨੌਜਵਾਨਾਂ ਨੂੰ ਬਿਨਾਂ ਕਿਸੇ ਸ਼ਰਤ ਸਰਕਾਰੀ ਸਬਸਿਡੀਆਂ 'ਤੇ ਕੰਮ ਕਰਨ ਲਈ ਦਿੱਤਾ ਜਾਵੇ ਅਤੇ ਮਹਿੰਗਾਈ ਨੂੰ ਨੱਥ ਪਾਈ ਜਾਵੇ। ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦਲਿਤਾਂ, ਗਰੀਬਾਂ, ਮਜ਼ਦੂਰਾਂ, ਨੌਜਵਾਨਾਂ ਵਿਰੋਧੀ ਸਾਬਤ ਹੋਈਆਂ ਹਨ ਤੇ ਦੋਵੇਂ ਸਰਕਾਰਾਂ ਹਰ ਫਰੰਟ 'ਤੇ ਫੇਲ ਸਾਬਤ ਹੋਈਆਂ ਹਨ। ਉਨ੍ਹਾਂ ਇਹ ਵੀ ਕਿਹਾ ਕਿ ਗਰੀਬਾਂ ਮਜ਼ਦੂਰਾਂ ਦਾ ਮਾਈਕਰੋ ਫਾਈਨਾਂਸ ਕੰਪਨੀਆਂ ਅਤੇ ਬੈਂਕਾਂ ਦਾ ਕਰਜ਼ਾ ਮਾਫ ਕੀਤਾ ਜਾਵੇ ਨਹੀਂ ਤਾਂ ਨੌਜਵਾਨ ਪੀੜ੍ਹੀ ਅਤੇ ਗਰੀਬ ਮਜ਼ਦੂਰ ਦਲਿਤ 2024 ਦੀਆਂ ਆਉਣ ਵਾਲੀਆ ਵੋਟਾਂ ਵਿੱਚ ਸਬਕ ਸਿਖਾਉਣਗੇ ਤੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੀ ਅਗਵਾਈ ਹੇਠ ਆਪਣੇ ਉਮੀਦਵਾਰ ਚੋਣਾਂ ਵਿੱਚ ਉਤਾਰਨਗੇ ਅਤੇ ਰਵਾਇਤੀ ਪਾਰਟੀਆਂ ਨੂੰ ਮੂੰਹ ਨਹੀਂ ਲਾਉਣਗੇ। ਇਸ ਮੌਕੇ ਵਿਜੇ ਕੁਮਾਰ, ਸੰਨੀ ਗਾਂਧੀ, ਕਸ਼ਮੀਰ ਮਸੀਹ, ਲਵ ਮਸੀਹ, ਅਕਾਸ਼ ਸਿੱਧੂ, ਜੌਹਨ ਮਸੀਹ, ਦਲਬੀਰ ਭੱਟੀ, ਸੁਖਦੇਵ ਝਿੱਤ, ਅਮਨਦੀਪ, ਕਰਨ ਮਸੀਹ, ਨਵਜੋਤ ਸਿੰਘ ਆਦਿ ਮੈਂਬਰ ਹਾਜ਼ਰ ਸਨ।

# ਲਾਲ ਝੰਡਾ ਪੇਂਡੂ ਚੌਕੀਦਾਰਾ ਯੂਨੀਅਨ ਤੇ ਆਜ਼ਾਦ ਪੇਂਡੂ ਚੌਕੀਦਾਰਾ ਵੈੱਲਫੇਅਰ ਐਸੋਸੀਏਸ਼ਨ ਪੰਜਾਬ ਦੀ ਮੀਟਿੰਗ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਲਾਲ ਝੰਡਾ ਪੇਂਡੂ ਚੌਕੀਦਾਰਾ ਯੂਨੀਅਨ ਅਤੇ ਆਜ਼ਾਦ ਪੇਂਡੂ ਚੌਕੀਦਾਰਾ ਵੈੱਲਫੇਅਰ ਐਸੋਸੀਏਸ਼ਨ ਪੰਜਾਬ ਦੀ ਮੀਟਿੰਗ ਸੂਬਾ ਪ੍ਰਧਾਨ ਪਰਮਜੀਤ ਸਿੰਘ ਨੀਲੋਂ ਅਤੇ ਆਜ਼ਾਦ ਪੇਂਡੂ ਚੌਕੀਦਾਰਾ ਵੈੱਲਫੇਅਰ ਐਸੋਸੀਏਸ਼ਨ ਪੰਜਾਬ ਸੂਬਾ ਪ੍ਰਧਾਨ ਸਤਿਗੁਰੂ ਸਿੰਘ ਮਾਝੀ ਦੀ ਪ੍ਰਧਾਨਗੀ ਹੇਠ ਹੋਈ। ਦੋਵਾਂ ਯੂਨੀਅਨਾਂ ਦੇ ਆਗੂਆਂ ਸਰਬਸੰਮਤੀ ਨਾਲ ਫੈਸਲਾ ਲਿਆ ਕਿ ਸਿਹਤ ਵਿਭਾਗ ਡਾਇਰੈਕਟਰ ਵਲੋਂ ਪੇਂਡੂ ਚੌਕੀਦਾਰਾਂ ਨੂੰ ਜਨਮ ਅਤੇ ਮੌਤ ਰਜਿਸਟਰੇਸ਼ਨ ਦੇ ਕੰਮ ਦਾ ਨੋਟੀਫਿਕੇਸ਼ਨ ਜਾਰੀ ਕਰਨ ਲਈ ਇੰਤਜ਼ਾਰ ਕਰਵਾਇਆ ਗਿਆ ਅਤੇ ਪੇਂਡੂ ਚੌਕੀਦਾਰਾਂ ਦੀ ਅਸਾਮੀ ਨੂੰ ਅਰਜ਼ੀ ਮੁਲਾਜ਼ਮ ਕਿਹਾ ਜਾ ਰਿਹਾ ਹੈ ਪਰੰਤੂ ਪੇਂਡੂ ਚੌਕੀਦਾਰਾਂ ਦੀ ਨਿਯੁਕਤੀ ਉਪ ਮੰਡਲ ਮੈਜਿਸਟਰੇਟ ਵੱਲੋਂ ਕੀਤੀ ਜਾਂਦੀ ਹੈ ਅਤੇ ਪੇਂਡੂ ਚੌਕੀਦਾਰਾਂ ਨੂੰ ਹੁਕਮ ਦੀ ਨਿਯੁਕਤੀ ਦੀ ਕਾਪੀ ਦਿੱਤੀ ਜਾਂਦੀ ਹੈ। ਆਗੂਆਂ ਵੱਲੋਂ ਫੈਸਲਾ ਕੀਤਾ ਗਿਆ ਹੈ ਕਿ ਡਾਇਰੈਕਟਰ ਸਿਹਤ ਵਿਭਾਗ ਨੂੰ ਉਨ੍ਹਾਂ ਵੱਲੋਂ ਭੇਜੀ ਗਈ ਚਿੱਠੀ ਦਾ ਜਵਾਬ ਦਿੱਤਾ ਜਾਵੇਗਾ। ਜੇਕਰ ਫਿਰ ਵੀ ਫੈਸਲਾ ਨਾ ਕੀਤਾ ਗਿਆ ਤਾਂ ਦੋਵੇਂ ਯੂਨੀਅਨਾਂ ਸੰਘਰਸ਼ ਨੂੰ ਤੇਜ਼ ਕਰਨਗੀਆਂ। ਇਸ ਸਮੇਂ ਚਰਨ ਸਿੰਘ ਸੰਗੋਵਾਲ ਸੀਨੀਅਰ ਮੀਤ ਪ੍ਰਧਾਨ ਪੰਜਾਬ, ਦੇਵੀ ਦਾਸ ਮਿਆਣੀ ਜਨਰਲ ਸੈਕਟਰੀ ਪੰਜਾਬ, ਸੁਰਿੰਦਰ ਸਿੰਘ ਨੰਗਲ ਕਲਾਲਾ ਪ੍ਰੈੱਸ ਸਕੱਤਰ ਪੰਜਾਬ, ਚੇਅਰਮੈਨ ਅਮਰਜੀਤ ਸਿੰਘ ਜਾਗਦੇ ਰਹੋ, ਜ਼ਿਲ੍ਹਾ ਤਰਨ ਤਾਰਨ ਬਲਵੀਰ ਸਿੰਘ ਜੌੜਾ ਮੀਤ ਪ੍ਰਧਾਨ, ਬਲਬੀਰ ਸਿੰਘ ਕੀੜੀ ਸ਼ਾਹੀ ਸਨੀਅਰ ਮੀਤ ਪ੍ਰਧਾਨ ਜ਼ਿਲ੍ਹਾ ਤਰਨ ਤਾਰਨ, ਅਮਰਜੀਤ ਸਿੰਘ ਜਾਮਾਰਾਏ ਪ੍ਰੈੱਸ ਸਕੱਤਰ ਜ਼ਿਲ੍ਹਾ ਤਰਨਤਾਰਨ, ਨਿਰਮਲ ਸਿੰਘ ਤਹਿਸੀਲ ਝਬਾਲ ਖੁਰਦ, ਬਲਵਿੰਦਰ ਸਿੰਘ ਲਾਲੂ ਘੁੰਮਣ, ਹਰਕੀਰਤ ਸਿੰਘ ਅਜਨੋਹਾ, ਗਰੀਬ ਸਿੰਘ ਪੈਨਚਾਂ, ਤਰਸੇਮ ਸਿੰਘ ਗਗੜਭਾਣਾ, ਸ਼ਾਹ, ਭੀਮ ਸੈਨ, ਪਰਮਜੀਤ ਸਿੰਘ ਇਯਾਲੀ, ਕੁਲਵੰਤ ਸਿੰਘ ਮਾਂਗਟ, ਆਜ਼ਾਦ ਪੇਂਡੂ ਚੌਕੀਦਾਰਾ ਵੈੱਲਫੇਅਰ ਐਸੋਸੀਏਸਨ ਪੰਜਾਬ ਵਲੋਂ ਪਾਲ ਸਿੰਘ ਅਰਨੋ, ਮੀਤ ਪ੍ਰਧਾਨ ਪੰਜਾਬ, ਚਰਨਾ ਸਿੰਘ ਬੱਲਰੇ, ਸੇਵਕ ਸਿੰਘ ਰੋਮਾਣਾ ਮੀਤ ਪ੍ਰਧਾਨ, ਸਾਧੂ ਸਿੰਘ ਮੀਤ ਪ੍ਰਧਾਨ ਅਤੇ ਕਾਲਾ ਸਿੰਘ ਆਦਿ ਹਾਜ਼ਰ ਸਨ।

# ਮਜੀਠਾ ਪੁਲਸ ਵੱਲੋਂ ਦੋ ਅਦਾਲਤੀ ਭਗੌੜੇ ਕਾਬੂ

ਮਜੀਠਾ (ਸੋਇਮ ਆਨੰਦ)-ਪਿਛਲੇ ਪਏ ਵੱਖ-ਵੱਖ ਮੁਕੱਦਮਿਆਂ ਵਿੱਚ ਅਦਾਲਤ ਵੱਲੋਂ ਭਗੌੜੇ ਕਰਾਰ ਦਿੱਤੇ ਗਏ ਦੋ ਮੁਲਜ਼ਮਾਂ ਨੂੰ ਕਾਬੂ ਕੀਤਾ ਹੈ। ਐੱਸਆਈ ਜੰਗ ਬਹਾਦਰ ਸਿੰਘ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਪੁਲਸ ਥਾਣਾ ਮਜੀਠਾ 'ਚ ਦਰਜ ਦੋ ਵੱਖ-ਵੱਖ ਪੁਰਾਣੇ ਮੁਕੱਦਮਿਆਂ ਵਿਚ ਅਦਾਲਤੀ ਭਗੌੜੇ ਦੋ ਵਿਅਕਤੀਆਂ ਹਰਦੇਵ ਸਿੰਘ ਪੁੱਤਰ ਤਰਸੇਮ ਸਿੰਘ ਵਾਸੀ ਗਾਲੋਵਾਲੀ ਤੇ ਸੁਖਮਨਦੀਪ ਸਿੰਘ ਪੁੱਤਰ ਦਲਜਿੰਦਰ ਸਿੰਘ ਵਾਸੀ ਪਿੰਡ ਮਾਂਗਾਚੱਕ ਜ਼ਿਲਾ ਗੁਰਦਾਸਪੁਰ ਨੂੰ ਮਜੀਠਾ ਪੁਲਸ ਪਾਰਟੀ ਵੱਲੋਂ ਛਾਪੇਮਾਰੀ ਦੌਰਾਨ ਹਿਰਾਸਤ 'ਚ ਲਿਆ ਗਿਆ। ਐੱਸਆਈ ਜੰਗਬਹਾਦਰ ਸਿੰਘ ਨੇ ਦੱਸਿਆ ਕਿ ਮੁਲਜ਼ਮ ਸੁਖਮਨਦੀਪ ਸਿੰਘ ਪੁੱਤਰ ਦਲਜਿੰਦਰ ਸਿੰਘ ਵਾਸੀ ਪਿੰਡ ਮਾਂਗਾਚੱਕ ਥਾਣਾ ਘਣੀਏਕੇ ਬਾਂਗਰ ਜ਼ਿਲਾ ਗੁਰਦਾਸਪੁਰ ਤੇ ਐੱਫਆਈਆਰ ਨੰਬਰ 22-2-2023 ਆਈਪੀਸੀ ਦੀ ਧਾਰਾ 379-ਬੀ, 506, 25/27 ਅਸਲਾ ਐਕਟ ਤਹਿਤ ਮਜੀਠਾ ਥਾਣਾ 'ਚ ਮੁਕੱਦਮਾ ਦਰਜ ਹੈ ਤੇ ਦੂਜੇ ਮੁਲਜ਼ਮ ਹਰਦੇਵ ਸਿੰਘ ਪੁੱਤਰ ਤਰਸੇਮ ਸਿੰਘ ਵਾਸੀ ਗਾਲੋਵਾਲੀ ਤੇ ਐਕਸਾਈਜ਼ ਐਕਟ ਤਹਿਤ ਐੱਫਆਈਆਰ ਨੰਬਰ 157 ਤਾਰੀਖ 14-8-2020 ਮਜੀਠਾ ਥਾਣਾਂ 'ਚ ਮੁਕੱਦਮਾ ਦਰਜ ਹੈ, ਜੋ ਦੋਵੇਂ ਮੁਲਜ਼ਮ ਜ਼ਮਾਨਤੀ ਰਿਹਾਅ ਹੋਣ ਉਪਰੰਤ ਗੈਰਹਾਜ਼ਰ ਰਹਿਣ ਤੇ ਅਦਾਲਤ ਵੱਲੋਂ ਪੀਓ ਕਰਾਰ ਦਿੱਤੇ ਗਏ ਸੀ। ਉਕਤ ਦੋਵਾਂ ਨੂੰ ਮਜੀਠਾ ਪੁਲਸ ਵੱਲੋ ਹਿਰਾਸਤ 'ਚ ਲੈ ਕੇ ਮਾਣਯੋਗ ਅਦਾਲਤ ਵਿਚ ਪੇਸ਼ ਕਰਕੇ ਜੇਲ੍ਹ ਭੇਜ ਦਿੱਤਾ ਗਿਆ ਹੈ।

# ਕੰਪਿਊਟਰ ਕੋਰਸ ਤੇ ਬਿਊਟੀਸ਼ੀਅਨ ਡਿਪਲੋਮੇ ਦੀ ਸਾਲਾਨਾ ਪ੍ਰੀਖਿਆ ਕਰਵਾਈ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾਕਟਰ ਹਿਮਾਂਸ਼ੂ ਅਗਰਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬਾਲ ਭਲਾਈ ਕੌਂਸਲ ਵੱਲੋਂ ਕੰਪਿਊਟਰ ਕੋਰਸਾਂ ਅਤੇ ਬਿਊਟੀਸ਼ੀਅਨ ਡਿਪਲੋਮੇ ਦੀ ਸਾਲਾਨਾ ਪ੍ਰੀਖਿਆ ਕਰਵਾਈ ਗਈ। ਇਸ ਪ੍ਰੀਖਿਆ ਵਿੱਚ ਜ਼ਿਲ੍ਹਾ ਭਰ ਤੋਂ 85 ਵਿਦਿਆਰਥੀਆਂ ਨੇ ਡੀਸੀਏ, ਸੀਸੀਏ, ਸੀਸੀਓ, ਟੈਲੀ ਅਤੇ ਬਿਊਟੀਸ਼ੀਅਨ ਸਬੰਧੀ ਪ੍ਰੀਖਿਆਵਾਂ ਵਿੱਚ ਭਾਗ ਲਿਆ। ਡਿਪਲੋਮਾ ਇਨ ਕੋਸਮੈਟੋਲੋਜੀ ਦੀ ਪ੍ਰੀਖਿਆ ਮੈਡਮ ਭੁਪਿੰਦਰ ਕੌਰ ਮਾਸਟਰ ਆਫ ਕਾਸਮੋਟੋਲੋਜੀ ਆਰ. ਆਰ. ਬਾਬਾ ਕਾਲਜ ਬਟਾਲਾ ਦੀ ਦੇਖਰੇਖ ਵਿੱਚ ਕਰਵਾਈ ਗਈ। ਪ੍ਰੀਖਿਆ ਦਾ ਨਿਰੀਖਣ ਕਰਨ ਲਈ ਪਹੁੰਚੇ ਜ਼ਿਲ੍ਹਾ ਬਾਲ ਭਲਾਈ ਕੌਂਸਲ ਦੇ ਅਵੈਤਨਿਕ ਸਕੱਤਰ ਰਮੇਸ਼ ਮਹਾਜਨ ਨੇ ਬੱਚਿਆਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਅਜੋਕੇ ਸਮੇਂ ਵਿੱਚ ਇਨ੍ਹਾਂ ਕਿੱਤਾ ਮੁਖੀ ਕੋਰਸਾਂ ਨਾਲ ਸੰਬੰਧਿਤ ਵਿਦਿਆਰਥੀਆਂ ਦੀ ਮੰਗ ਦੇਸ਼ ਹੀ ਨਹੀਂ ਬਲਕਿ ਵਿਦੇਸ਼ਾਂ ਵਿੱਚ ਵੀ ਵਧੀ ਹੈ ਅਤੇ ਨਾਲ ਹੀ ਉਨ੍ਹਾਂ ਕਿਹਾ ਕਿ ਬਿਊਟੀਸ਼ੀਅਨ ਕੋਰਸ ਦੇ ਪਹਿਲੇ ਹੀ ਬੈਚ ਦੀਆਂ ਤਿੰਨ ਲੜਕੀਆਂ ਕੈਨੇਡਾ ਵਿੱਚ ਉੱਚ ਪੱਧਰੀ ਸਿੱਖਿਆ ਲਈ ਜਾ ਚੁੱਕੀਆਂ ਹਨ। ਆਖਿਰ ਵਿੱਚ ਉਨ੍ਹਾਂ ਪ੍ਰੀਖਿਆ ਦੇ ਰਹੇ ਵਿਦਿਆਰਥੀਆਂ ਨੂੰ ਕਿਹਾ ਕਿ ਉਹ ਆਪਣੇ ਆਪਣੇ ਇਲਾਕੇ ਵਿੱਚ ਬਾਲ ਭਲਾਈ ਕੌਂਸਲ ਵੱਲੋਂ ਚਲਾਏ ਜਾ ਰਹੇ ਕੋਰਸਾਂ ਦੀ ਜਾਣਕਾਰੀ ਦੇਣ ਤਾਂ ਜੋ ਤੁਹਾਡੀ ਤਰ੍ਹਾਂ ਹੋਰਨਾਂ ਨੂੰ ਵੀ ਫਾਇਦਾ ਹੋ ਸਕੇ। ਇਸ ਮੌਕੇ ਬਖਸ਼ੀ ਰਾਜ ਪ੍ਰੋਜੈਕਟ ਕੋਆਰਡੀਨੇਟਰ, ਬਲਜੀਤ ਸਿੰਘ ਇੰਚਾਰਜ ਕੰਪਿਊਟਰ ਸੈਕਸ਼ਨ, ਪਰਮਿੰਦਰ ਕੌਰ, ਹਰਲੀਨ ਕੌਰ, ਪ੍ਰਭਜੀਤ ਕੌਰ ਅਤੇ ਕਿਰਨ ਵੀ ਹਾਜ਼ਰ ਸਨ।

# ਬੰਧਨ ਬੈਂਕ ਦਾ ਕੁੱਲ ਕਾਰੋਬਾਰ 17 ਫ਼ੀਸਦੀ ਵਧਿਆ

**ਚੰਡੀਗੜ੍ਹ** : ਬੰਧਨ ਬੈਂਕ ਨੇ ਵਿੱਤੀ ਸਾਲ 2023-24 ਦੀ ਤੀਜੀ ਤਿਮਾਹੀ ਲਈ ਆਪਣੇ ਵਿੱਤੀ ਨਤੀਜਿਆਂ ਦੀ ਘੋਸ਼ਣਾ ਕੀਤੀ। ਬੈਂਕ ਦਾ ਕੁੱਲ ਕਾਰੋਬਾਰ 17 ਫ਼ੀਸਦੀ ਵਧ ਕੇ 2.33 ਲੱਖ ਕਰੋੜ ਰੁਪਏ ਹੋ ਗਿਆ। ਕੁੱਲ ਜਮ੍ਹਾਂ ਰਕਮਾਂ ਵਿੱਚ ਬੈਂਕ ਦੀ ਰਿਟੇਲ ਹਿੱਸੇਦਾਰੀ ਹੁਣ 71 ਫ਼ੀਸਦੀ ਹੈ। ਬੈਂਕ ਹੁਣ ਭਾਰਤ ਵਿੱਚ 6,250 ਤੋਂ ਵੱਧ ਬੈਂਕਿੰਗ ਆਊਟਲੈੱਟਾਂ ਰਾਹੀਂ 3.26 ਕਰੋੜ ਤੋਂ ਵੱਧ ਗਾਹਕਾਂ ਨੂੰ ਸੇਵਾ ਪ੍ਰਦਾਨ ਕਰਦਾ ਹੈ। ਕੁੱਲ ਡਿਪਾਜ਼ਿਟ ਬੁੱਕ ਹੁਣ 1.17 ਲੱਖ ਕਰੋੜ ਰੁਪਏ ਹੈ ਜਦਕਿ ਕੁੱਲ ਪੇਸ਼ਗੀ 1.16 ਲੱਖ ਕਰੋੜ ਰੁਪਏ ਹੈ। ਨਤੀਜਿਆਂ ਦੇ ਬਾਰੇ ਬੋਲਦੇ ਹੋਏ ਐਮਡੀ ਅਤੇ ਸੀਈਓ, ਚੰਦਰ ਸ਼ੇਖਰ ਘੋਸ਼ ਨੇ ਕਿਹਾ ਕਿ ਤਿਮਾਹੀ ਦੀ ਸ਼ੁਰੂਆਤ ਵਿੱਚ ਬੈਂਕ ਨੇ ਕੋਰ ਬੈਂਕਿੰਗ ਸਿਸਟਮ (ਸੀਬੀਐਸ) ਵਿਚ ਮਾਈਗ੍ਰੇਸ਼ਨ ਕੀਤਾ। ਬੈਂਕ ਆਪਣੇ ਸਾਰੇ ਗਾਹਕਾਂ ਨੂੰ ਉਨ੍ਹਾਂ ਦੀਆਂ ਜ਼ਰੂਰਤਾਂ ਦੇ ਅਨੁਕੂਲ ਉਤਪਾਦਾਂ ਅਤੇ ਸੇਵਾਵਾਂ ਰਾਹੀਂ ਸੇਵਾ ਕਰਨ ਲਈ ਵਚਨਬੱਧ ਹੈ।

# 3 ਤੋਂ 5 ਸਾਲ ਤੱਕ ਦੇ ਬੱਚੇ ਆਂਗਣਵਾੜੀ ਸੈਂਟਰਾਂ 'ਚ ਹੀ ਰੱਖੇ ਜਾਣ ਦੀ ਮੰਗ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਨੇ ਪੰਜਾਬ ਸਰਕਾਰ ਦੇ ਉਸ ਬਿਆਨ ਦਾ ਗੰਭੀਰ ਨੋਟਿਸ ਲੈਂਦਿਆਂ ਸਖਤ ਵਿਰੋਧਤਾ ਕੀਤੀ ਹੈ ਜਿਸ ਵਿਚ ਸਰਕਾਰ ਨੇ ਕਿਹਾ ਹੈ ਕਿ 3 ਸਾਲ ਤੋਂ 5 ਸਾਲ ਤੱਕ ਦੇ ਬੱਚੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਦਾਖਲ ਕੀਤੇ ਜਾਣਗੇ। ਯੂਨੀਅਨ ਦੀ ਜ਼ਿਲਾ ਅੰਮ੍ਰਿਤਸਰ ਦੇ ਬਲਾਕ ਅਜਨਾਲਾ ਦੀ ਪ੍ਰਧਾਨ ਹਰਜਿੰਦਰ ਕੌਰ ਹਰਦੋ ਪੁਤਲੀ ਨੇ ਕਿਹਾ ਹੈ ਕਿ ਪੰਜਾਬ ਸਰਕਾਰ ਕੇਂਦਰ ਸਰਕਾਰ ਦੀ ਸਿੱਖਿਆ ਨੀਤੀ ਦੀ ਉਦਾਹਰਣ ਦੇ ਕੇ ਬੱਚਿਆਂ ਨੂੰ ਸਕੂਲਾਂ ਵਿੱਚ ਦਾਖਲ ਕਰਨਾ ਚਾਹੁੰਦੀ ਹੈ ਜਦੋਂਕਿ ਕੇਂਦਰ ਸਰਕਾਰ ਦੀ ਨਵੀਂ ਸਿੱਖਿਆ ਨੀਤੀ ਤਾਂ ਇਹ ਕਹਿੰਦੀ ਹੈ ਕਿ ਆਂਗਣਵਾੜੀ ਵਰਕਰਾਂ ਨੂੰ ਪ੍ਰੀ-ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ ਅਤੇ ਬੱਚਿਆਂ ਨੂੰ ਆਂਗਣਵਾੜੀ ਵਰਕਰਾਂ ਰਾਹੀਂ ਪ੍ਰੀ ਸਕੂਲ ਸਿੱਖਿਆ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਸਕੂਲਾਂ ਵਿੱਚ ਮਿਡ ਡੇ ਮੀਲ ਅਧੀਨ ਕੇਵਲ ਪੰਜ ਸਾਲ ਤੋਂ ਉੱਪਰ ਦੇ ਬੱਚਿਆਂ ਦਾ ਖਾਣਾ ਹੀ ਆਉਂਦਾ ਹੈ ਤੇ ਪੰਜ ਸਾਲ ਤੋਂ ਛੋਟੇ ਬੱਚਿਆਂ ਦਾ ਖਾਣਾ ਆਂਗਣਵਾੜੀ ਸੈਂਟਰਾਂ ਵਿੱਚ ਆਉਂਦਾ ਹੈ। ਇਸ ਤੋਂ ਇਲਾਵਾ 0 ਤੋਂ ਲੈ ਕੇ 5 ਸਾਲ ਤੱਕ ਦੇ ਬੱਚਿਆਂ ਦਾ ਸਮੁੱਚੀ ਸਿਹਤ ਸੰਭਾਲ ਆਂਗਣਵਾੜੀ ਸੈਂਟਰਾਂ ਰਾਹੀਂ ਹੀ ਕੀਤੀ ਜਾਂਦੀ ਹੈ। ਜੇਕਰ ਇਹ ਬੱਚੇ ਸਰਕਾਰੀ ਸਕੂਲਾਂ ਵਿੱਚ ਚਲੇ ਗਏ ਤਾਂ ਉਹ ਇਨ੍ਹਾਂ ਸਹੂਲਤਾਂ ਤੋਂ ਵਾਂਝੇ ਹੋ ਜਾਣਗੇ ਅਤੇ ਸਕੂਲ ਅਤੇ ਆਂਗਣਵਾੜੀ ਸੈਂਟਰਾਂ ਵਿੱਚ ਮਾਹੌਲ ਦਾ ਫਰਕ ਹੋਣ ਕਰਕੇ ਉਨ੍ਹਾਂ ਦੇ ਮਾਨਸਿਕ, ਬੌਧਿਕ ਅਤੇ ਸਰੀਰਕ ਵਿਕਾਸ ਤੇ ਮਾੜਾ ਅਸਰ ਪਵੇਗਾ ਜਿਸ ਦੇ ਆਉਣ ਵਾਲੇ ਸਮੇਂ ਵਿੱਚ ਮਾਰੂ ਸਿੱਟੇ ਸਾਹਮਣੇ ਆਉਣਗੇ। ਯੂਨੀਅਨ ਨੇ ਮੰਗ ਕੀਤੀ ਹੈ ਕਿ ਪੰਜਾਬ ਸਰਕਾਰ ਆਪਣੇ ਇਸ ਫੈਸਲੇ ਤੇ ਮੁੜ ਵਿਚਾਰ ਕਰੇ ਅਤੇ ਛੋਟੇ ਬੱਚਿਆਂ ਨੂੰ ਆਂਗਣਵਾੜੀ ਸੈਂਟਰਾਂ ਵਿੱਚ ਹੀ ਰਹਿਣ ਦਿੱਤਾ ਜਾਵੇ।

# ਸ੍ਰੀ ਗੁਰੂ ਰਵਿਦਾਸ ਸਭਾ ਆਰੀਆ ਨਗਰ ਵੱਲੋਂ ਮੀਟਿੰਗ ਆਯੋਜਿਤ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਸ੍ਰੀ ਗੁਰੂ ਰਵਿਦਾਸ ਸਭਾ ਆਰੀਆ ਨਗਰ ਜੇਲ੍ਹ ਰੋਡ ਦੇ ਸਮੂਹ ਮੈਂਬਰਾਂ ਦੀ ਮੀਟਿੰਗ ਆਰਿਆ ਨਗਰ ਵਿਖੇ ਸਥਿਤ ਸ੍ਰੀ ਗੁਰੂ ਰਵਿਦਾਸ ਮੰਦਿਰ ਵਿਖੇ ਸੰਪੰਨ ਹੋਈ। ਮੀਟਿੰਗ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 647ਵਾਂ ਪ੍ਰਕਾਸ਼ ਉਤਸਵ 24 ਫਰਵਰੀ ਨੂੰ ਮਨਾਉਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਤੇ ਨਗਰ ਕੀਰਤਨ ਦੀ ਸਫਲਤਾ ਲਈ ਅਹੁਦੇਦਾਰਾਂ ਦੀਆਂ ਡਿਊਟੀਆਂ ਵੀ ਲਗਾਈਆਂ ਗਈਆਂ।

ਮੀਟਿੰਗ ਦੇ ਬਾਅਦ ਸਭਾ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਨਗਰ ਕੀਰਤਨ ਸਾਰੀਆਂ ਸਭਾਵਾਂ ਦੇ ਸਹਿਯੋਗ ਨਾਲ ਸਜਾਇਆ ਜਾਵੇਗਾ ਅਤੇ ਨਗਰ ਕੀਰਤਨ ਗੁਰੂ ਘਰ ਤੋਂ ਸ਼ੁਰੂ ਹੋ ਕੇ ਸਾਰੇ ਸ਼ਹਿਰ ਦੀ ਪਰਿਕਰਮਾ ਕਰਦਿਆਂ ਆਰਿਆ ਨਗਰ ਵਿਖੇ ਸਮਾਪਤ ਹੋਵੇਗਾ ਜਿਸ ਉਪਰੰਤ ਗੁਰੂ ਜੀ ਦਾ ਅਟੁੱਟ ਲੰਗਰ ਵਰਤਾਇਆ ਜਾਵੇਗਾ। ਸਭਾ ਤੇ ਪ੍ਰਧਾਨ ਮਨਦੀਪ ਸਾਬੀ ਅਤੇ ਸੈਕਟਰੀ ਪਰਮਜੀਤ ਪੰਮਾ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਉਤਸਵ ਸੰਬੰਧੀ 24 ਫਰਵਰੀ ਨੂੰ ਆਰੀਆ ਨਗਰ ਵਿਖੇ ਸਥਿਤ ਗੁਰੂ ਘਰ ਵਿੱਚ ਭਾਰੀ ਦੀਵਾਨ ਸਜਾਏ ਜਾਣਗੇ ਜਿਸ ਉਪਰੰਤ ਗੁਰੂ ਜੀ ਦਾ ਅਟੁੱਟ ਲੰਗਰ ਵਰਤਿਆ ਜਾਵੇਗਾ। ਇਸ ਮੌਕੇ ਕੈਸ਼ੀਅਰ ਤਿਲਕ ਰਾਜ, ਬੋਨੀ ਕਾਲਾ, ਮੋਨੂ, ਬੱਬੀ ਸਮੇਤ ਸਮੂਹ ਮੈਂਬਰ ਵੀ ਹਾਜ਼ਰ ਸਨ।

# ਵਿਸ਼ੇਸ਼ ਕੈਂਪਾਂ 'ਚ ਲੋਕਾਂ ਦੀ ਹੋ ਰਹੀ ਭਰਵੀਂ ਸ਼ਮੂਲੀਅਤ : ਡਿਪਟੀ ਕਮਿਸ਼ਨਰ

## ਪ੍ਰਚਾਰ ਵੈਨਾਂ ਰਾਹੀਂ ਲੋਕਾਂ ਨੂੰ ਕੈਂਪਾਂ ਤੇ ਲੋਕ ਭਲਾਈ ਸਕੀਮਾਂ ਬਾਰੇ ਕੀਤਾ ਜਾ ਰਿਹੈ ਜਾਗਰੂਕ



ਅੰਮ੍ਰਿਤਸਰ (ਨਰਿੰਦਰਜੀਤ ਸਿੰਘ)—ਪੰਜਾਬ ਸਰਕਾਰ ਵੱਲੋਂ ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਪਿੰਡਾਂ ਤੇ ਸ਼ਹਿਰਾਂ ਦੇ ਲੋਕਾਂ ਨੂੰ ਇੱਕੋਂ ਛੱਤ ਹੇਠ ਵੱਖ-ਵੱਖ ਸੇਵਾਵਾਂ ਮੁਹੱਈਆ ਕਰਵਾਉਣ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਲਗਾਏ ਜਾ ਰਹੇ ਕੈਂਪਾਂ ਨੂੰ ਜ਼ਿਲ੍ਹੇ ਦੇ ਲੋਕਾਂ ਦਾ ਭਰਵਾਂ ਸਹਿਯੋਗ ਮਿਲ ਰਿਹਾ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਨੇ ਦੱਸਿਆ ਕਿ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਜ਼ਿਲ੍ਹੇ ਦੀਆਂ ਸਾਰੀਆਂ ਸਬ ਡਵੀਜ਼ਨਾਂ ਵਿੱਚ ਕੈਂਪ ਲਗਾ ਕੇ ਲੋਕਾਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਦਿੱਤਾ ਜਾ ਰਿਹਾ ਹੈ। ਅੱਜ ਜਿਲ੍ਹੇ ਦੀਆਂ ਵੱਖ-ਵੱਖ ਸਬ ਡਵੀਜ਼ਨਾਂ ਤੇ ਲੱਗਣ ਵਾਲੇ ਕੈਂਪਾਂ ਦਾ ਵੇਰਵਾ ਇਸ ਤਰ੍ਹਾਂ ਹੈ। ਸਬ ਡਵੀਜ਼ਨ ਅਜਨਾਲਾ 'ਚ ਸਰਕਾਰੀ ਹਾਈ ਸਕੂਲ ਡੰਡੇਰ, ਸਰਕਾਰੀ ਐਲੀਮੈਂਟਰੀ ਸਕੂਲ ਸਲੇਮਪੁਰਾ, ਸਰਕਾਰੀ ਐਲੀਮੈਂਟਰੀ ਸਕੂਲ ਦਾਲਿਮ, ਸਰਕਾਰੀ ਐਲੀਮੈਂਟਰੀ ਸਕੂਲ ਭੱਲਾ ਪਿੰਡ; ਸਬ ਡਵੀਜਨ ਅੰਮ੍ਰਿਤਸਰ-1 : ਪਿੰਡ ਰਾਣਾਕਲਾ ਅਤੇ ਬਾਲੀਆਂ ਮੰਝਪੁਰ ਲਈ ਗੁਰਦੁਆਰਾ ਸਾਹਿਬ ਬਾਲੀਆਂ ਮੰਝਪੁਰ, ਸੁਲਤਾਨਵਿੰਡ ਅਰਬਨ ਲਈ ਮੋਹਨਾ ਕਲੀਨਿਕ, ਪੱਤੀ ਮਨਸੂਰ ਸੁਲਤਾਨਵਿੰਡ ਅਰਬਨ; ਸਬ ਡਵੀਜਨ ਅੰਮ੍ਰਿਤਸਰ-2 : ਸਰਕਾਰੀ ਸਕੂਲ ਕਾਲਾ ਘਨੂਪੁਰ ਸਬ ਅਰਬਨ, ਸਰਕਾਰੀ ਮਿਡਲ ਸਕੂਲ ਕੋਟ ਖਾਲਸਾ ਸਬ ਅਰਬਨ, ਗੁਰਦੁਆਰਾ ਸਾਹਿਬ ਸੰਤ ਸ਼ੰਕਰ ਸਿੰਘ ਕਬੀਰ ਪਾਰਕ ਕੋਟ ਖਾਲਸਾ ਅਰਬਨ, ਗੁਰਦੁਆਰਾ ਸਾਹਿਬ ਭਾਈ ਸੋਭਾ ਸਿੰਘ ਫਤਾਹਪੁਰ; ਸਬ ਡਵੀਜ਼ਨ ਬਾਬਾ ਬਕਾਲਾ: ਘੋਹਾਟਵਿੰਡ ਹਿੰਦੂਆਂ ਅਤੇ ਘੋਹਾਟਵਿੰਡ ਮੁਸਲਮਾਨਾਂ ਲਈ ਸਰਕਾਰੀ ਐਲੀਮੈਂਟਰੀ ਸਕੂਲ ਘੋਹਾਟਵਿੰਡ, ਸਰਕਾਰੀ ਐਲੀਮੈਂਟਰੀ ਸਕੂਲ ਫੇਰੂਮਾਨ ਖੁਰਦ, ਸਰਕਾਰੀ ਐਲੀਮੈਂਟਰੀ ਸਕੂਲ ਭੋਏ, ਪਿੰਡ ਬੋਪਾਰਾਏ ਅਤੇ ਤਾਹਰਪੁਰ ਲਈ ਸਰਕਾਰੀ ਐਲੀਮੈਂਟਰੀ ਸਕੂਲ ਬੋਪਾਰਾਏ, ਪਿੰਡ ਸਰਾਂ ਅਤੇ ਬੁਲਾਰਾ ਲਈ ਸਰਕਾਰੀ ਐਲੀਮੈਂਟਰੀ ਸਕੂਲ ਬੁਲਾਰਾ; ਸਬ ਡਵੀਜ਼ਨ ਲੋਪੋਕੇ : ਰਾਜਾਸਾਂਸੀ ਵਾਰਡ ਨੰਬਰ 7 ਅਤੇ 8 ਲਈ ਸਰਕਾਰੀ ਐਲੀਮੈਂਟਰੀ ਸਕੂਲ ਸਾਹਮਣੇ ਗੁਰਦੁਆਰਾ ਸਾਹਿਬ ਰਾਜਾਸਾਂਸੀ, ਸਰਕਾਰੀ ਐਲੀਮੈਂਟਰੀ ਸਕੂਲ ਕਲੇਰ, ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਭਿੱਟੇਵਡ, ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਅਦਲੀਵਾਲ ਅਤੇ ਸਬ ਡਵੀਜ਼ਨ ਮਜੀਠਾ :ਨਗਰ ਨਿਗਮ ਮਜੀਠਾ ਵਾਰਡ ਨੰ: 1-13, ਮਜੀਠਾ ਦਿਹਾਤੀ ਲਈ ਦਾਣਾ ਮੰਡੀ ਮਜੀਠਾ ਵਿਖੇ ਕੈਂਪ ਲਗਾਏ ਜਾ ਰਹੇ ਹਨ।

# ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਮੀਟਿੰਗ



ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਮੀਟਿੰਗ ਮੇਲਾ ਸਿੰਘ ਅਲੀਪੁਰ ਦੀ ਪ੍ਰਧਾਨਗੀ ਹੇਠ ਹਰੀਕੇ ਵਿਖੇ ਜਗਜੀਤ ਸਿੰਘ ਜੋਨੀ ਦੇ ਗ੍ਰਹਿ ਵਿਖੇ ਹੋਈ। ਮੀਟਿੰਗ 'ਚ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲਾ ਆਗੂ ਪੂਰਨ ਸਿੰਘ ਜੌਣੇਕੇ ਦੇ ਸਵਰਗਵਾਸ ਹੋਣ 'ਤੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾ ਦੇ ਫੁੱਲ ਭੇਟ ਕੀਤੇ। ਆਗੂਆਂ ਨੇ ਦੱਸਿਆ ਕਿ ਪੰਜਾਬ ਵਿਚ ਸੰਯੁਕਤ ਕਿਸਾਨ ਮੋਰਚੇ ਦੀ ਕਾਲ ਤੇ ਸਾਰੀਆਂ ਕਿਸਾਨ ਮਜ਼ਦੂਰ ਜਥੇਬੰਦੀਆਂ ਵਲੋਂ ਭਾਰਤ ਬੰਦ ਕਰਵਾਇਆ ਜਾਵੇਗਾ। ਜ਼ਿਲਾ ਤਰਨਤਾਰਨ ਦੇ ਕਿਸਾਨ ਤੇ ਮਜ਼ਦੂਰ ਵੱਡੀ ਗਿਣਤੀ ਵਿਚ ਸੜਕਾਂ 'ਤੇ ਆ ਕੇ ਚੱਕਾ ਜਾਮ ਕਰਨਗੇ। ਉਨ੍ਹਾਂ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਜਿਸ ਤਰ੍ਹਾਂ ਪਹਿਲਾਂ ਕਿਸਾਨੀ ਅੰਦੋਲਨ ਸਮੇਂ ਆਪਣੀਆਂ ਦੁਕਾਨਾਂ ਬੰਦ ਰੱਖ ਕੇ ਕਿਸਾਨਾਂ ਮਜ਼ਦੂਰਾਂ ਦਾ ਸਾਥ ਦਿੱਤਾ ਗਿਆ ਸੀ ਉਸੇ ਤਰਜ਼ ਤੇ 16 ਫਰਵਰੀ ਨੂੰ ਵੀ ਸਾਥ ਦੇਣ ਲਈ ਕਿਹਾ। ਇਸ ਮੌਕੇ ਜਗਜੀਤ ਸਿੰਘ ਹਰੀਕੇ, ਬਾਬਾ ਦਿਲਬਾਗ ਸਿੰਘ ਕਿੜੀਆਂ, ਜਰਨੈਲ ਸਿੰਘ, ਰਛਪਾਲ ਸਿੰਘ ਕਿੜੀਆਂ, ਬਲਕਾਰ ਸਿੰਘ, ਬਾਜ ਸਿੰਘ, ਰਛਪਾਲ ਸਿੰਘ ਗੰਡੀਵਿੰਡ, ਕਰਮ ਸਿੰਘ ਖਾਰਾ, ਸੁਖਵੰਤ ਸਿੰਘ ਪੱਤਲ, ਬਲਜਿੰਦਰ ਸਿੰਘ ਨੰਬਰਦਾਰ, ਹਰਦੇਵ ਸਿੰਘ ਰੱਤਾ ਗੁੱਦਾ, ਅੰਗਰੇਜ਼ ਅਲੀ ਖਾਨ ਗਾਂਧੀ ਹਰੀਕੇ, ਅਮਰਜੀਤ ਸਿੰਘ ਹਰੀਕੇ ਆਦਿ ਹਾਜ਼ਰ ਸਨ।

# ਨਰੇਸ਼ ਪਾਠਕ ਨੇ ਪੰਜਾਬ ਸਟੇਟ ਸਰਵਿਸ ਸਿਲੈਕਸ਼ਨ ਬੋਰਡ ਦੇ ਮੈਂਬਰ ਵਜੋਂ ਅਹੁਦਾ ਸੰਭਾਲਿਆ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਅੱਜ ਨਰੇਸ਼ ਪਾਠਕ ਸਾਬਕਾ ਜ਼ਿਲਾ ਪ੍ਰਧਾਨ ਦਿਹਾਤੀ ਨੇ ਪੰਜਾਬ ਸਰਕਾਰ ਵੱਲੋਂ ਅਧੀਨ ਸੇਵਾਵਾਂ ਚੋਣ ਬੋਰਡ ਦੇ ਮੈਂਬਰ ਵਜੋਂ ਅਹੁਦਾ ਸੰਭਾਲਿਆ। ਜੰਡਿਆਲਾ ਗੁਰੂ ਦੇ ਇੱਕ ਸਧਾਰਣ ਅਤੇ ਸੰਸਕਾਰੀ ਪਰਿਵਾਰ ਵਿੱਚ ਪੈਦਾ ਹੋਏ ਨਰੇਸ ਪਾਠਕ ਦੀ ਇਸ ਨਿਯੁਕਤੀ ਉੱਤੇ ਸਥਾਨਕ ਇਲਾਕੇ ਦੇ ਲੋਕਾਂ ਵਿੱਚ ਖੁਸ਼ੀ ਦੇ ਲਹਿਰ ਦੇਖਣ ਨੂੰ ਮਿਲ ਰਹੀ ਹੈ। ਪੰਜਾਬ ਸਰਕਾਰ ਦੇ ਇਸ ਮਹਤੱਵਪੂਰਨ ਫੈਸਲੇ ਦੀ ਜਿੱਥੇ ਸਾਰੇ ਪਾਸੇ ਸ਼ਲਾਘਾ ਹੋ ਰਹੀ ਹੈ ਉੱਥੇ ਇਸ ਮੌਕੇ ਪੰਜਾਬ ਸਰਕਾਰ ਦਾ ਸ਼ੁਕਰਾਨਾ ਅਦਾ ਕਰਦਿਆਂ ਨਰੇਸ਼ ਪਾਠਕ ਨੇ ਦੱਸਿਆ ਕਿ ਉਹ ਪੰਜਾਬ ਸਰਕਾਰ ਦੀਆਂ ਦਿੱਤੀਆਂ ਸੇਵਾਵਾਂ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ।

ਪੰਜਾਬ ਵਣ ਭਵਨ ਮੋਹਾਲੀ ਪਹੁੰਚਣ ਤੇ ਉਨ੍ਹਾਂ ਦਾ ਨਿੱਘਾ ਸੁਆਗਤ ਕੀਤਾ ਗਿਆ ਅਤੇ ਅਹੁਦਾ ਸੰਭਾਲਣ ਦੀ ਰਸਮ ਅਦਾ ਕੀਤੀ ਗਈ।

ਇਸ ਮੌਕੇ ਪਾਰਿਵਾਰਿਕ ਮੈਂਬਰ, ਸੱਜਣਾ ਮਿੱਤਰਾਂ ਤੋਂ ਇਲਾਵਾ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ, ਕੈਬਨਿਟ ਮੰਤਰੀ ਕੇਤਨ ਸਿੰਘ ਜੌੜਾਮਾਜਰਾ, ਜਸਬੀਰ ਸਿੰਘ ਸੁਰਸਿੰਘ ਡਾਇਰੈਕਟਰ ਪੀਐੱਸਪੀਸੀਐੱਲ, ਮੰਗਲ ਸਿੰਘ ਕਿਸ਼ਨਪੁਰੀ, ਸਰਬਜੀਤ ਸਿੰਘ ਡਿੰਪੀ ਸ਼ਹਿਰੀ ਪ੍ਰਧਾਨ ਜੰਡਿਆਲਾ ਗੁਰੂ, ਰਾਜੇਸ਼ ਪਾਠਕ, ਮੁਕੇਸ਼ ਪਾਠਕ, ਵਿਸ਼ਾਲ ਪਾਠਕ, ਮੁਨੀਸ਼ ਪਾਠਕ, ਸਰਬਜੀਤ ਸ਼ਰਮਾ, ਮੇਜਰ ਸਿੰਘ, ਅਜੇ ਸ਼ਰਮਾ, ਗੁਲਸ਼ਨ ਸ਼ਰਮਾ, ਆਮਿਰ ਖਾਨ ਦੀਨੇਵਾਲ, ਹਰਪ੍ਰੀਤ ਸਿੰਘ, ਜਤਿਨ ਪਾਠਕ, ਗੁਰਪ੍ਰੀਤ ਕਟਾਰੀਆ, ਰਵਿੰਦਰਪਾਲ ਸਿੰਘ ਚੀਮਾ, ਰਾਜੀਵ ਖੇੜਾ ਅੰਮ੍ਰਿਤਸਰ, ਕਸ਼ਮੀਰ ਸਿੰਘ, ਰਾਜੇਸ਼ ਚਾਵਲਾ, ਅਜੇ ਗਾਂਧੀ, ਸੰਜੀਵ ਕੁਮਾਰ ਮਲਹੋਤਰਾ, ਹਰਭਜਨ ਸਿੰਘ ਉਚੇਚੇ ਤੌਰ ਤੇ ਮੁਬਾਰਕਬਾਦ ਦੇਣ ਪਹੁੰਚੇ।

# ਸੜਕ ਸੁਰੱਖਿਆ ਫੋਰਸ ਦੀ ਸ਼ੁਰੂਆਤ ਸੂਬਾ ਸਰਕਾਰ ਦਾ ਨਿਵੇਕਲਾ ਉਪਰਾਲਾ: ਲਾਲਜੀਤ ਭੁੱਲਰ



ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-15 ਜਨਵਰੀ ਤੋਂ 14 ਫਰਵਰੀ ਤੱਕ ਮਨਾਏ ਜਾ ਰਹੇ ਨੈਸ਼ਨਲ ਰੋਡ ਸੇਫ਼ਟੀ ਮਹੀਨੇ ਦੇ ਤਹਿਤ ਪੰਜਾਬ ਰਾਜ ਰੋਡ ਸੇਫ਼ਟੀ ਕੌਂਸਲ ਦੇ ਚੇਅਰਮੈਨ ਅਤੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਅਗਵਾਈ ਹੇਠ ਸਕੂਲੀ ਵਿਦਿਆਰਥੀਆਂ ਦੀ ਸਾਈਕਲ ਰੈਲੀ ਅਤੇ ਸਰਕਾਰੀ ਡਰਾਈਵਰਾਂ, ਸਕੂਲਾਂ ਕਾਲਜਾਂ ਅਤੇ ਵੱਖ-ਵੱਖ ਯੂਨੀਅਨਾਂ ਦੇ ਡਰਾਈਵਰਾਂ ਨੂੰ ਜਾਗਰੂਕ ਕਰਨ ਲਈ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਸੇਵਾ ਦੇਵੀ ਕਾਲਜ ਤਰਨ ਤਾਰਨ ਤੋਂ ਸਾਈਕਲ ਰੈਲੀ ਕੱਢੀ ਗਈ, ਜਿਸ ਨੂੰ ਦਿਲਰਾਜ ਸਿੰਘ ਪ੍ਰਬੰਧਕੀ ਸਕੱਤਰ ਟਰਾਂਸਪੋਰਟ ਵਿਭਾਗ ਪੰਜਾਬ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਹ ਰੈਲੀ ਮਾਈ ਭਾਗੋ ਕਾਲਜ ਤਰਨ ਤਾਰਨ ਵਿਖੇ ਜਾ ਕੇ ਸਮਾਪਤ ਹੋਈ, ਜਿਸ ਵਿੱਚ ਲੱਗਭੱਗ 350 ਬੱਚਿਆਂ ਨੇ ਭਾਗ ਲਿਆ। ਇਸ ਉਪਰੰਤ ਮਾਈ ਭਾਗੋ ਕਾਲਜ ਤਰਨ ਤਾਰਨ ਦੇ ਆਡੀਟੋਰੀਅਮ ਵਿਖੇ ਸਕੂਲੀ ਵਿਦਿਆਰਥੀਆਂ ਤੇ ਡਰਾਈਵਰਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਗਿਆ, ਜਿਸ ਦੀ ਸ਼ੁਰੂਆਤ ਕੈਬਨਿਟ ਮੰਤਰੀ ਲਾਲਜੀਤ ਭੁੱਲਰ ਵੱਲੋਂ ਕੀਤੀ ਗਈ। ਆਰ. ਵੈਂਕਟਰਤਨਮ ਆਈ. ਏ. ਐੱਸ. ਡਾਇਰੈਕਟਰ ਜਰਨਲ ਲੀਡ ਏਜੰਸੀ ਪੰਜਾਬ ਸਟੇਟ ਰੋਡ ਸੇਫ਼ਟੀ ਕੌਂਸਲ ਵੱਲੋਂ ਮੁੱਖ ਮਹਿਮਾਨ ਅਤੇ ਆਏ ਹੋਏ ਵਿਦਿਆਰਥੀਆਂ, ਡਰਾਈਵਰਾਂ ਅਤੇ ਆਮ ਹਾਜ਼ਰੀਨ ਦਾ ਸਵਾਗਤ ਕੀਤਾ ਗਿਆ। ਪ੍ਰੋਗਰਾਮ ਦੌਰਾਨ ਏ. ਐੱਸ. ਆਈ. ਹਾਕਮ ਸਿੰਘ, ਦੀਪਕ ਸ਼ਰਮਾ, ਮਯੰਕ ਫਾਊਂਡੇਸ਼ਨ ਫਿਰੋਜ਼ਪੁਰ ਅਤੇ ਜਸਪ੍ਰੀਤ ਛਾਬੜਾ ਮੁਕਤੀਸਰ ਐੱਨ. ਜੀ. ਓ. ਵੱਲੋਂ ਸੜਕ ਸੁਰੱਖਿਆ ਸਬੰਧੀ ਆਪਣੇ ਵਿਚਾਰ ਤੇ ਅਨੁਭਵ ਸਾਂਝੇ ਕੀਤੇ ਗਏ। ਲੀਡ ਏਜੰਸੀ ਵੱਲੋਂ ਆਏ ਹੋਏ ਡਰਾਈਵਰਾਂ ਨੂੰ ਫਸਟ ਏਡ ਕਿੱਟਾਂ ਮੁਫ਼ਤ ਵੰਡੀਆਂ ਗਈਆਂ ਅਤੇ ਮਯੰਕ ਫਾਊਂਡੇਸ਼ਨ ਫਿਰੋਜ਼ਪੁਰ ਵੱਲੋਂ ਸਾਈਕਲ ਚਲਾਉਣ ਵਾਲੇ ਬੱਚਿਆਂ ਨੂੰ ਹੈਲਮਟ ਵੰਡੇ ਗਏ ਅਤੇ ਮੁਕਤੀਸਰ ਐੱਨ. ਜੀ. ਓ. ਵੱਲੋਂ ਆਮ ਲੇਬਰ ਕਰਨ ਵਾਲਿਆਂ ਲਈ ਰੋਡ ਸੇਫ਼ਟੀ ਰਿਫਲੈਕਟਿਵ ਜੈਕਟਾਂ ਵੰਡੀਆਂ ਗਈਆਂ।

ਇਸ ਪ੍ਰੋਗਰਾਮ ਦੌਰਾਨ ਅਮਰਦੀਪ ਸਿੰਘ ਰਾਏ ਆਈਪੀਐੱਸ. ਏਡੀਜੀਪੀ ਟਰੈਫਿਕ, ਡੀਸੀ ਸੰਦੀਪ ਕੁਮਾਰ ਨੇ ਵੀ ਸੰਬੋਧਨ ਕੀਤਾ। ਪ੍ਰੋਗਰਾਮ ਵਿੱਚ ਦੇਸ ਰਾਜ ਜੁਆਇੰਟ ਡਾਇਰੈਕਟ ਟਰੈਫਿਕ, ਐੱਸਪੀ ਹੈੱਡ ਕੁਆਰਟਰ ਪਰਵਿੰਦਰ ਕੌਰ, ਆਰ. ਟੀ. ਏ. ਦਵਿੰਦਰ ਕੁਮਾਰ ਅਤੇ ਐੱਮ. ਡੀ. ਮਾਈ ਭਾਗੋ ਕਾਲਜ ਜਸਮੀਤ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਧਾਰਾ 295 ਤਹਿਤ ਬਣਾਏ ਕੇਸ ਰੱਦ ਕਰਨ ਦੀ ਮੰਗ



ਚੋਹਲਾ ਸਾਹਿਬ (ਰਮਨ ਚੱਢਾ)-ਤਰਕਸ਼ੀਲ ਸੁਸਾਇਟੀ (ਰਜਿ.) ਪੰਜਾਬ ਦੀ ਇਕਾਈ ਚੋਹਲਾ ਸਾਹਿਬ ਦੀ ਮੀਟਿੰਗ ਮਾਸਟਰ ਅਵਤਾਰ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਸਰਗਰਮ ਮੈਂਬਰਾਂ ਵੱਲੋਂ ਭਾਗ ਲਿਆ ਗਿਆ। ਇਸ ਮੀਟਿੰਗ ਵਿੱਚ ਮਤਾ ਪਾਸ ਕਰਕੇ ਕਿਹਾ ਗਿਆ ਕਿ ਪੰਜਾਬ ਸਰਕਾਰ, ਜਿਹੜੀ ਕਿ ਖੁਦ ਧਰਨਿਆਂ ਤੇ ਮੁਜ਼ਾਹਰਿਆਂ ਦੀ ਪੈਦਾਇਸ਼ ਹੈ, ਲੋਕਾਂ ਨਾਲ ਕੀਤੇ ਵਾਅਦਿਆਂ ਤੋਂ ਪਿਛਾਂਹ ਹਟਦੀ ਦਿਖਾਈ ਦੇ ਰਹੀ ਹੈ। ਇਹ ਸਰਕਾਰ ਆਪਣੀਆਂ ਨਾਕਾਮੀਆ ਛੁਪਾਉਣ ਲਈ ਤੇ ਲੋਕਾਂ ਵਿੱਚ ਭੈਅ ਪੈਦਾ ਕਰਨ ਲਈ ਲੋਕਾਂ ਦੇ ਹੱਕ ਵਿਚ ਨਿੱਤਰਨ ਵਾਲੇ ਕਾਰਕੁਨਾਂ ਖਿਲਾਫ ਬਿਨਾਂ ਵਜਾਹ ਹੀ ਧਾਰਾ 295 ਦੀ ਦੁਰਵਰਤੋਂ ਕਰਕੇ ਕੇਸ ਦਰਜ ਕਰ ਰਹੀ ਹੈ। ਸੁਸਾਇਟੀ ਦੇ ਸਰਗਰਮ ਆਗੂ ਸੁਰਜੀਤ ਦੌਧਰ ਖ਼ਿਲਾਫ਼ ਵੀ ਉਸਦੀ ਆਵਾਜ਼ ਦਬਾਉਣ ਖ਼ਾਤਰ ਮੁਕੱਦਮੇ ਦਾ ਸਹਾਰਾ ਲਿਆ ਗਿਆ ਹੈ, ਜੋ ਕਿ ਲੋਕਤੰਤਰ ਵਿਚ ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਦੇ ਬਿਲਕੁਲ ਉਲਟ ਹੈ। ਅੱਜ ਦੀ ਮੀਟਿੰਗ ਵਿੱਚ ਅਜਿਹੇ ਸਾਰੇ ਕੇਸ ਜੋ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਵੱਲੋਂ ਦਰਜ ਕੀਤੇ ਗਏ ਹਨ ਉਹ ਰੱਦ ਕਰਨ ਦੀ ਮੰਗ ਕੀਤੀ ਗਈ। ਸੁਸਾਇਟੀ ਦੇ ਸਰਗਰਮ ਮੈਂਬਰ ਤੇ ਚੋਹਲਾ ਸਾਹਿਬ ਦੇ ਅਗਾਂਹਵਧੂ ਨੇਤਾ ਸਤਨਾਮ ਸਿੰਘ ਸੱਤਾ ਦੀ ਮਾਤਾ ਦੇ ਪਿਛਲੇ ਦਿਨੀ ਹੋਏ ਦਿਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਤੇ ਸ਼ੋਕ ਮਤੇ ਰਾਹੀਂ ਮਾਤਾ ਸਵਿੰਦਰ ਕੌਰ ਦੇ ਅਚਾਨਕ ਵਿਛੋੜੇ 'ਤੇ ਪਰਿਵਾਰ ਨਾਲ ਅਫਸੋਸ ਦਾ ਇਜ਼ਹਾਰ ਕੀਤਾ ਗਿਆ। ਇੱਕ ਹੋਰ ਮਤੇ ਰਾਹੀਂ ਸੁਸਾਇਟੀ ਦੇ ਮੁੱਢਲੇ ਮੈਂਬਰ ਕ੍ਰਿਸ਼ਨ ਬਰਗਾੜੀ ਦੀ ਸਾਲਾਨਾ ਬਰਸੀ ਦੇ ਸੰਬੰਧ ਵਿੱਚ ਬਰਨਾਲਾ ਵਿਖੇ ਕੀਤੇ ਜਾ ਰਹੇ ਸੂਬਾਈ ਸਮਾਗਮ ਵਿਚ ਇਕਾਈ ਵੱਲੋਂ ਭਾਗ ਲੈਣ ਦਾ ਫੈਸਲਾ ਲਿਆ ਗਿਆ। ਕ੍ਰਿਸ਼ਨ ਬਰਗਾੜੀ ਨੇ ਪੰਜਾਬ ਵਿੱਚ ਸਭ ਤੋਂ ਪਹਿਲਾਂ ਆਪਣੀ ਮੌਤ ਉਪਰੰਤ ਮੈਡੀਕਲ ਖੋਜਾਂ ਲਈ ਸਰੀਰ ਦਾਨ ਕਰਨ ਦਾ ਫੈਸਲਾ ਲੈ ਕੇ ਇੱਕ ਨਿਵੇਕਲੀ ਪਹਿਲਕਦਮੀ ਕੀਤੀ ਗਈ ਸੀ ਜਿਸ ਉਪਰੰਤ ਹੁਣ ਤੱਕ ਅਨੇਕਾਂ ਲੋਕਾਂ ਵੱਲੋਂ ਅਜਿਹਾ ਫੈਸਲਾ ਕਰਕੇ ਮੈਡੀਕਲ ਦੇ ਵਿਦਿਆਰਥੀਆਂ ਲਈ ਆਪਣੇ ਸਰੀਰ ਦਿੱਤੇ ਜਾ ਚੁੱਕੇ ਹਨ। ਅੱਜ ਦੀ ਇਸ ਮੀਟਿੰਗ ਵਿੱਚ ਸੁਖਵਿੰਦਰ ਸਿੰਘ ਖਾਰਾ, ਮਾਸਟਰ ਦਲਬੀਰ ਸਿੰਘ, ਗੁਰਨਾਮ ਸਿੰਘ, ਹਰਭਜਨ ਸਿੰਘ, ਬਲਬੀਰ ਸਿੰਘ, ਪ੍ਰਿੰਸੀਪਲ ਕਸ਼ਮੀਰ ਸਿੰਘ ਤੇ ਮਦਨ ਪਠਾਣੀਆ ਸਮੇਤ ਹੋਰ ਵਰਕਰ ਤੇ ਆਗੂ ਸ਼ਾਮਿਲ ਹੋਏ।

# ਸੇਮ ਨਾਲੇ ਦੀ ਸਫ਼ਾਈ ਤੇ ਡੂੰਘਾਈ ਨਾ ਹੋਣ ਕਾਰਨ ਗੰਦਗੀ ਦੀ ਭਰਮਾਰ



ਗੁਰਦਾਸਪੁਰ, (ਜਨਕ ਮਹਾਜਨ)-ਗੁਰਦਾਸਪੁਰ ਸ਼ਹਿਰ ਦੇ ਨਵੇਂ ਬੱਸ ਅੱਡੇ ਅਤੇ ਬਾਬਾ ਟਹਿਲ ਸਿੰਘ ਗੁਰਦੁਆਰਾ ਸਾਹਿਬ ਨੇੜਿਓਂ ਲੰਘਦੇ ਸੇਮ ਨਾਲੇ ਦੀ ਸਫ਼ਾਈ ਤੇ ਡੂੰਘਾਈ ਨਾ ਹੋਣ ਕਾਰਨ ਇਸ ਵਿਚ ਜੰਗਲੀ ਘਾਹ ਬੂਟੀ ਦੀ ਭਰਮਾਰ ਪਈ ਹੋਈ ਹੈ ਜਿਸ ਕਾਰਨ ਇਸ ਵਿਚ ਮੱਖੀ, ਮੱਛਰਾਂ ਦੇ ਪੈਦਾ ਹੋਣ ਨਾਲ ਇਸ ਨਾਲੇ ਕੰਢੇ ਰਹਿੰਦੇ ਲੋਕ ਕਾਫ਼ੀ ਪ੍ਰੇਸ਼ਾਨ ਹਨ। ਇਸ ਨਾਲੇ ਕੰਢੇ ਬਾਬਾ ਟਹਿਲ ਸਿੰਘ ਗੁਰਦੁਆਰੇ ਨੇੜੇ ਅਤੇ ਨਗਰ ਸੁਧਾਰ ਟਰੱਸਟ ਦੀ ਸਕੀਮ ਨੰਬਰ 7 ਵਿਚ ਰਹਿਣ ਵਾਲੇ ਲੋਕਾਂ ਨੇ ਦੱਸਿਆ ਕਿ ਇਸ ਨਾਲੇ ਦੀ ਪਿਛਲੇ ਕਾਫ਼ੀ ਸਮੇਂ ਤੋਂ ਸਫ਼ਾਈ ਤੇ ਡੂੰਘਾਈ ਨਹੀਂ ਹੋਈ। ਉਨ੍ਹਾਂ ਕਿਹਾ ਕਿ ਇਹ ਨਾਲਾ ਪਿੰਡ ਪਾਹੜਾ ਵਾਲੀ ਸਾਈਡ ਤੋਂ ਆਉਂਦਾ ਹੋਇਆ ਸਕੀਮ ਨੰਬਰ 7 ਦੇ ਨੇੜਿਓਂ ਲੰਘ ਕੇ ਪਿੰਡ ਨਬੀਪੁਰ ਵਾਲੇ ਪਾਸੇ ਨੂੰ ਚਲਾ ਜਾਂਦਾ ਹੈ।

ਇਥੇ ਹਰ ਵੇਲੇ ਗੰਦਾ ਪਾਣੀ ਖੜ੍ਹਾ ਰਹਿਣ ਕਾਰਨ ਭੈੜੀ ਬਦਬੂ ਆਉਂਦੀ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲੇ ਵਿਚ ਫ਼ੈਲੀ ਗੰਦਗੀ ਕਾਰਨ ਕਿਸੇ ਵੇਲੇ ਵੀ ਕੋਈ ਭਿਆਨਕ ਬਿਮਾਰੀ ਫੈਲ ਸਕਦੀ ਹੈ। ਲੋਕਾਂ ਦੱਸਿਆ ਕਿ ਬਰਸਾਤਾਂ ਦੇ ਦਿਨਾਂ ਵਿਚ ਇਸ ਜੜੀ ਬੂਟੀ ਕਾਰਨ ਪਾਣੀ ਦਾ ਨਿਕਾਸ ਸਹੀ ਢੰਗ ਨਾਲ ਨਹੀਂ ਹੁੰਦਾ ਜਿਸ ਕਾਰਨ ਇਲਾਕਾ ਵਾਸੀ ਕਾਫ਼ੀ ਚਿੰਤਤ ਰਹਿੰਦੇ ਹਨ। ਇਲਾਕਾ ਵਾਸੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਡਰੇਨੇਜ਼ ਵਿਭਾਗ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਨਾਲੇ ਕੰਢੇ ਵੱਸਦੇ ਵਸਨੀਕਾਂ ਦੀ ਸਿਹਤ ਨੂੰ ਧਿਆਨ ਵਿਚ ਰੱਖਦਿਆਂ ਇਸ ਨਾਲੇ ਵਿਚ ਜੜੀ ਬੂਟੀ, ਜੰਗਲੀ ਘਾਹ ਤੋਂ ਇਲਾਵਾ ਹੋਰ ਗੰਦਗੀ ਦੀ ਸਫ਼ਾਈ ਕਰਵਾਉਣ ਤੋਂ ਇਲਾਵਾ ਡੂੰਘਾਈ ਕਰਵਾਈ ਜਾਵੇ।

# ਕੁੱਲ ਹਿੰਦ ਬਿਜਲੀ ਫੈਡਰੇਸ਼ਨ ਵੱਲੋਂ 16 ਦੀ ਦੇਸ਼ ਵਿਆਪੀ ਹੜਤਾਲ ਨੂੰ ਕਾਮਯਾਬ ਕਰਨ ਦਾ ਸੱਦਾ





**ਹੈਦਰਾਬਾਦ** : ਕੁੱਲ ਹਿੰਦ ਬਿਜਲੀ ਫੈਡਰੇਸ਼ਨ ( 19655 ) ਦੀ 16 ਵੀਂ ਦੋ ਰੋਜ਼ਾ ਨੈਸ਼ਨਲ ਕਾਨਫਰੰਸ ਜੋ ਸਥਾਨਿਕ ਸ਼ਕਤੀ ਭਵਨ ਆਡੀਟੋਰੀਅਮ ਵਿੱਚ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਕਾਮਰੇਡ ਸਦਰੂਦੀਨ ਰਾਣਾ ਵੱਲੋ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨ ਤੋਂ ਬਾਅਦ ਸ਼ੁਰੂ ਹੋਈ । ਸਮਾਗਮ ਦੇ ਸ਼ੁਰੂ ਵਿੱਚ ਇਲੈਕਟ੍ਰਿਸਿਟੀ ਫੈਡਰੇਸ਼ਨ ਦੇ ਸਾਬਕਾ ਕੌਮੀ ਜਨਰਲ ਸਕੱਤਰ ਕਾਮਰੇਡ ਚੱਕਰਧਰ ਪ੍ਰਸ਼ਾਦ ਸਿੰਘ ਸਮੇਤ ਵਿਛੋੜਾ ਦੇ ਗਏ ਟਰੇਡ ਯੂਨੀਅਨ ਆਗੂਆਂ ਤੇ ਵਰਕਰਾਂ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕਰਨ ਉਪਰੰਤ ਐਫ ਈ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਮੋਹਣ ਸ਼ਰਮਾ ਨੇ ਜਥੇਬੰਦਕ ਰਿਪੋਰਟ ਅਤੇ ਖਜ਼ਾਨਚੀ ਕਾਮਰੇਡ ਸੀ ਐਨ ਦੇਸ਼ਮੁੱਖ ਨੇ ਖਰਚਾ ਰਿਪੋਰਟ ਪੇਸ਼ ਕੀਤੀ । ਬਾਅਦ ਦੁਪਿਹਰ ਦੇਸ਼ ਭਰ ਤੋਂ ਕਾਨਫਰੰਸ ਵਿੱਚ ਪਹੁੰਚੇ 220 ਡੈਲੀਗੇਟਾਂ ਅਤੇ ਤੇਲੰਗਾਨਾਂ ਦੇ ਬਿਜਲੀ ਕਰਮਚਾਰੀਆਂ ਨੇ ਸ਼ਕਤੀ ਪ੍ਰਦਰਸ਼ਨ ਕਰਨ ਲਈ ਸ਼ਹਿਰ ਵਿੱਚ ਝੰਡਾ ਮਾਰਚ ਕਰਕੇ ਦੇਸ਼ ਦੇ ਪਾਵਰ ਸੈਕਟਰ ਨੂੰ ਅੰਨ੍ਹੇਵਾਹ ਪੂੰਜੀਪਤੀਆਂ ਦੇ ਹਵਾਲੇ ਕਰਨ ਖਿਲਾਫ ਅਵਾਜ਼ ਬੁਲੰਦ ਕੀਤੀ । ਇਸ ਕਾਨਫਰੰਸ ਵਿੱਚ ਉਚੇਚੇ ਤੌਰ 'ਤੇ ਭਾਗ ਲੈਣ ਪਹੁੰਚੀ ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ ( ਏਟਕ ) ਦੀ ਕੌਮੀ ਜਨਰਲ ਸਕੱਤਰ ਕਾਮਰੇਡ ਅਮਰਜੀਤ ਕੌਰ ਨੇ ਦੇਰ ਸ਼ਾਮ ਤੱਕ ਚੱਲੇ ਆਮ ਇਜਲਾਸ ਨੂੰ ਸੰਬੋਧਨ ਕਰਦਿਆਂ ਕੇਂਦਰ ਦੀ ਮੋਦੀ ਸਰਕਾਰ ਦੀਆਂ ਪੂੰਜੀਪਤੀਆਂ ਦੇ ਹਿੱਤ ਪਾਲਣ ਵਾਲੀਆਂ ਸਰਮਾਏਦਾਰ ਪੱਖੀ ਅਤੇ ਮੁਲਾਜ਼ਮ-ਮਜ਼ਦੂਰ-ਕਿਸਾਨ ਵਿਰੋਧੀ ਨੀਤੀਆਂ ਖਿਲਾਫ ਦੇਸ਼ ਦੀਆਂ 10 ਕੇਂਦਰੀ ਟਰੇਡ ਯੂਨੀਅਨਾਂ / ਕਨਫੈਡਰੇਸ਼ਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਸਾਂਝੇ ਸੱਦੇ 'ਤੇ 16 ਫਰਵਰੀ ਨੂੰ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਨੂੰ ਕਾਮਯਾਬ ਕਰਨ ਦਾ ਹਾਜ਼ਰੀਨ ਨੂੰ ਸੱਦਾ ਦਿੱਤਾ । ਇਸ ਕਾਨਫਰੰਸ ਦੇ ਦੂਜੇ ਦਿਨ ਦੇਸ਼ ਭਰ ਤੋਂ ਕਾਨਫਰੰਸ ਵਿੱਚ ਹਿੱਸਾ ਲੈਣ ਲਈ ਪਹੁੰਚੇ ਵੱਖ-ਵੱਖ 22 ਸੂਬਿਆਂ ਦੇ 22 ਡੈਲੀਗੇਟਾਂ ਨੇ ਜਥੇਬੰਦਕ ਅਤੇ ਖਰਚਾ ਰਿਪੋਰਟ ਤੇ ਭੱਖਵੀਂ ਬਹਿਸ ਕਰਦੇ ਹੋਏ ਕੇਂਦਰ ਦੀ ਮੋਦੀ ਸਰਕਾਰ ਵੱਲੋ ਪੂਰੇ ਦੇਸ਼ ਦੇ ਪਾਵਰ ਸੈਕਟਰ ਨੂੰ ਤਬਾਹ ਕਰਨ ਲਈ ਪਾਰਲੀਮੈਂਟ ਵਿੱਚ ਪੇਸ਼ ਕੀਤੇ ਬਿਜਲੀ ਬਿੱਲ 2022 ਨੂੰ ਵਾਪਸ ਲੈਣ , ਪੁਰਾਣੀ ਪੈਨਸ਼ਨ ਸ਼ਕੀਮ ਬਹਾਲ ਕਰਨ , ਮਜਦੂਰ ਪੱਖੀ 44 ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਬਣਾਏ 4 ਲੇਬਰ ਕੋਡ ਰੱਦ ਕਰਨ , ਦੇਸ਼ ਦੇ ਪਾਵਰ ਸੈਕਟਰ ਵਿੱਚ ਖਪਤਕਾਰਾਂ ਨੂੰ ਵਧੀਆ ਸੇਵਾਵਾਂ ਮੁਹੱਈਆ ਕਰਵਾਉਣ ਲਈ ਆਊਟਸੋਰਸਿੰਗ ਦੀ ਨੀਤੀ ਬੰਦ ਕਰਕੇ ਲੱਖਾਂ ਖਾਲੀ ਅਸਾਮੀਆਂ 'ਤੇ ਰੈਗੂਲਰ ਭਰਤੀ ਕਰਨ , ਸਮਾਰਟ ਪ੍ਰੀਪੇਡ ਮੀਟਰ ਬੰਦ ਕਰਨ ਦੀ ਜੋਰਦਾਰ ਮੰਗ ਕੀਤੀ । ਜਥੇਬੰਦਕ ਰਿਪੋਰਟ 'ਤੇ ਬਹਿਸ ਵਿੱਚ ਹਿੱਸਾ ਲੈਂਦੇ ਹੋਏ ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀ ਐਸ ਈ ਬੀ ਇੰਪਲਾਈਜ ਫੈਡਰੇਸ਼ਨ ਏਟਕ ਪੰਜਾਬ ਰਜਿਸਟਰਡ ਨੰਬਰ 41 ਦੇ ਸੂਬਾ ਪ੍ਰਧਾਨ ਕਾਮਰੇਡ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਕਿਹਾ ਕਿ ਪੰਜਾਬ ਦੇ ਬਿਜਲੀ ਕਾਮੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਅਤੇ ਪੀਐਸਈਬੀ ਇੰਪਲਾਈਜ ਜੁਆਇੰਟ ਫੋਰਮ ਸਾਂਝੇ ਤੌਰ ਦੇਸ਼ ਵਿਆਪੀ ਸੱਦੇਤੇ 16 ਫਰਵਰੀ ਨੂੰ ਮੁਕੰਮਲ ਹੜਤਾਲ ਕਰਕੇ ਕੇਂਦਰ ਅਤੇ ਸੂਬਾ ਸਰਕਾਰ ਸਮੇਤ ਪਾਵਰ ਮੈਨੇਜਮੈਂਟ ਦੀਆਂ ਮੁਲਾਜ਼ਮ-ਮਜ਼ਦੂਰ -ਕਿਸਾਨ ਵਿਰੋਧੀ ਨੀਤੀਆਂ ਦਾ ਡਟਵਾਂ ਵਿਰੋਧ ਕਰਨਗੇ । ਇਸ ਕਾਨਫਰੰਸ ਵਿੱਚ ਪੇਸ਼ ਕੀਤੇ ਮੁਲਾਜ਼ਮ ਪੱਖੀ ਮਤਿਆਂ ਸਮੇਤ ਜਨਰਲ ਸਕੱਤਰ ਅਤੇ ਖਜ਼ਾਨਚੀ ਦੀ ਰਿਪੋਰਟ ਨੂੰ ਡੈਲੀਗੇਟਾਂ ਨੇ ਹੱਥ ਖੜੇ ਕਰਕੇ ਸਰਬਸੰਮਤੀ ਨਾਲ ਪਾਸ ਕੀਤਾ । ਇਸ ਕਾਨਫਰੰਸ ਦੇ ਅਖੀਰ ਤੇ ਅਗਲੇ ਤਿੰਨ ਸਾਲ ਲਈ ਨਵੇਂ ਅਹੁੱਦੇਦਾਰਾਂ ਦੀ ਸਰਬਸੰਮਤੀ ਨਾਲ ਚੋਣ ਕੀਤੀ ਗਈ । ਜਿਸ ਵਿੱਚ ਪ੍ਰਧਾਨ ਕਾਮਰੇਡ ਐਸ. ਮੂਰਥੀ , ਵਰਕਿੰਗ ਪ੍ਰਧਾਨ ਕਾਮਰੇਡ ਸਮੀਮਉਲਾ , ਜਨਰਲ ਸਕੱਤਰ ਕਾਮਰੇਡ ਮੋਹਨ ਸ਼ਰਮਾ , ਡਿਪਟੀ ਜਨਰਲ ਸਕੱਤਰ ਕ੍ਰਿਸ਼ਨਾ ਬੋਇਰ ਸਮੇਤ 22 ਮੈਂਬਰੀ ਅਹੁੱਦੇਦਾਰਾਂ ਦੀ ਟੀਮ ਅਤੇ 25 ਮੈਂਬਰੀ ਕਾਰਜਕਾਰੀ ਕਮੇਟੀ ਤੋਂ ਇਲਾਵਾ 52 ਮੈਂਬਰੀ ਜਨਰਲ ਕੌਂਸਲ ਚੁਣੀ ਗਈ। ਇਸ ਕਾਨਫਰੰਸ ਵਿੱਚ ਪੰਜਾਬ ਤੋਂ ਜਥੇਬੰਦੀ ਦੇ ਸੂਬਾ ਪ੍ਰਧਾਨ ਕਾਮਰੇਡ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਅਗਵਾਈ ਹੇਠ 10 ਡੈਲੀਗੇਟਾਂ ਨੇ ਹਿੱਸਾ ਲਿਆ ਜਿਨ੍ਹਾਂ ਵਿੱਚੋਂ ਗੁਰਪ੍ਰੀਤ ਸਿੰਘ ਗੰਡੀਵਿੰਡ -ਮੀਤ ਪ੍ਰਧਾਨ , ਸਰਿੰਦਰਪਾਲ ਲਹੌਰੀਆਂ- ਸਕੱਤਰ , ਗੁਰਵਿੰਦਰ ਸਿੰਘ ਰੋਪੜ , ਦਰਸ਼ਨ ਲਾਲ ਮੋਗਾ ਜਨਰਲ ਕੌਂਸਲ ਮੈਂਬਰ ਅਤੇ ਰਛਪਾਲ ਸਿੰਘ ਲੁਧਿਆਣਾ ਨੂੰ ਸਪੈਸ਼ਲ ਇਨਵਾਈਟੀ ਚੁਣਿਆ ਗਿਆ ।

ਇਸ ਕਾਨਫਰੰਸ ਵਿੱਚ ਪੰਜਾਬ ਤੋਂ ਸਾਥੀ ਜਗਦੀਸ਼ ਸ਼ਰਮਾ (ਸਾਬਕਾ ਡਿਪਟੀ ਜਨਰਲ ਸਕੱਤਰ ਐਫ ਈ) ਜਸਬੀਰ ਸਿੰਘ ਭਾਮ , ਨਰਿੰਦਰ ਬੱਲ (ਸਾਬਕਾ ਐਫ ਈ ਆਗੂ) ਜਥੇਬੰਦੀ ਦੇ ਤਿੰਨ ਮੀਤ ਪ੍ਰਧਾਨ ਸਾਥੀ ਪ੍ਰਦਿਉਮਨ ਗੌਤਮ, ਮਨਜੀਤ ਸਿੰਘ ਬਾਸਰਕੇ , ਬਲਵਿੰਦਰ ਸਿੰਘ ਉਦੀਪੁਰ ਨੇ ਵੀ ਹਿੱਸਾ ਲਿਆ 16 ਵੀਂ ਨੈਸ਼ਨਲ ਕਾਨਫਰੰਸ ਅਗਲੀ ਕਾਨਫਰੰਸ ਤਿੰਨ ਸਾਲ ਬਾਅਦ ਕਰਨਾਟਕਾ ਦੀ ਰਾਜਧਾਨੀ ਬੈਂਗਲੂਰੂ ਵੱਚ ਕਰਵਾਉਣ ਦੇ ਵਾਅਦੇ ਨਾਲ ਨਾਅਰਿਆਂ ਦੀ ਗੂੰਜ ਨਾਲ ਸਮਾਪਤ ਹੋ ਗਈ ।

# ਐਡਵੋਕੇਟਸ ਫਾਰ ਫਾਰਮਰਸ ਐਂਡ ਲੇਬਰੇਰਸ ਵੱਲੋਂ 16 ਦੇ ਭਾਰਤ ਬੰਦ ਦਾ ਸਮਰਥਨ



**ਜਲੰਧਰ ( ਰਾਜੇਸ਼ ਥਾਪਾ )** ਐਡਵੋਕੇਟਸ ਫਾਰ ਫਾਰਮਰਸ ਐਂਡ ਲੇਬਰੇਰਸ ਦੀ ਇਕ ਅਹਿਮ ਚਰਚਾ ਵਿੱਚ ਪ੍ਰਧਾਨ ਐਡਵੋਕੇਟ ਗੁਰਜੀਤ ਸਿੰਘ ਕਾਹਲੋਂ ਨੇ ਕਿਹਾ ਕਿ ਮੋਦੀ ਸਰਕਾਰ ਕਿਸਾਨਾਂ 'ਤੇ ਮਜ਼ਦੂਰਾਂ ਨਾਲ ਧੱਕਾ ਕਰ ਰਹੀ ਹੈ। ਕਿਉਂਕਿ ਕਿਸਾਨ ਸਿਰਫ ਉਨ੍ਹਾਂ ਮੰਗਾਂ ਲਈ ਹੀ ਦੁਬਾਰਾ ਦਿੱਲੀ ਕੂਚ ਕਰ ਰਹੇ ਹਨ, ਜਿਹੜੀਆਂ ਮੰਗਾਂ ਮੋਦੀ ਸਰਕਾਰ ਨੇ ਪਹਿਲਾਂ ਹੀ ਮੰਨੀਆਂ ਹੋਈਆਂ ਹਨ ਪਰ ਅਜੇ ਤੱਕ ਲਾਗੂ ਨਹੀਂ ਕੀਤੀਆਂ। ਫਾਉਂਡਰ ਮੈਂਬਰ ਐਡਵੋਕੇਟ ਰਾਜਿੰਦਰ ਸਿੰਘ ਮੰਡ ਨੇ ਕਿਹਾ ਕਿ ਅਸੀਂ ਕਿਸਾਨਾਂ ਮਜਦੂਰਾਂ ਦੇ ਨਾਲ ਹਾਂ ਅਤੇ ਉਨ੍ਹਾਂ ਦੇ ਸੰਘਰਸ਼ ਵਿੱਚ ਹਮੇਸ਼ਾ ਨਾਲ ਖੜ੍ਹੇ ਹਾਂ। ਉਨ੍ਹਾਂ ਨੇ ਮੋਦੀ ਸਰਕਾਰ ਨੂੰ ਵੰਗਾਰਦੇ ਕਿਹਾ ਕਿ ਮਗਰਮੱਛ ਦੇ ਹੰਝੂ ਵਹਾ ਕੇ ਤੁਸੀਂ ਦੁਬਾਰਾ ਸਰਕਾਰ ਨਹੀਂ ਬਣਾ ਸਕਦੇ। ਤੁਹਾਨੂੰ ਝੂਠੇ ਲਾਰਿਆਂ ਦੀ ਬਜਾਏ ਕਿਸਾਨਾਂ ਮਜਦੂਰਾਂ ਦੀਆਂ ਮੰਗਾਂ ਮੰਨ ਕੇ ਉਨ੍ਹਾਂ ਨੂੰ ਲਾਗੂ ਕਰਨਾ ਚਾਹੀਦਾ ਹੈ। ਜਨਰਲ ਸਕੱਤਰ ਐਡਵੋਕੇਟ ਰਾਜੂ ਅੰਬੇਡਕਰ ਨੇ ਕਿਹਾ ਕਿ ਜੇਕਰ ਲੋੜ ਪਈ ਤਾਂ ਕਿਸਾਨਾਂ ਦੀ ਇਸ ਲੜਾਈ ਵਿੱਚ ਸਾਡੀ ਜੱਥੇਬੰਦੀ ਐਡਵੋਕੇਟਸ ਫਾਰ ਫਾਰਮਰਸ ਐਂਡ ਲੇਬਰੇਰਸ ਵੱਲੋਂ ਸਿੱਧੇ ਤੌਰ 'ਤੇ ਕਿਸਾਨਾਂ ਨਾਲ ਖੜੀ ਹੋਵੇਗੀ ਅਤੇ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਕਾਨੂੰਨੀ ਸਹਾਇਤਾ ਪੰਜਾਬ ਤੋਂ ਦਿੱਲੀ ਤੱਕ ਮੁਫਤ ਮੁਹੱਈਆ ਕਰਾਏਗੀ। ਇਸ ਚਰਚਾ ਵਿੱਚ ਐਡਵੋਕੇਟ ਰੂਬਲ, ਸੌਦਾਗਰ ਅਤੇ ਹੋਰ ਮੈਂਬਰ ਵੀ ਸ਼ਾਮਿਲ ਸਨ।

# ਸੜਕ ਕਿਨਾਰੇ ਖੜ੍ਹੇ ਟੈਂਕਰ ਪਿੱਛੇ ਕੈਂਟਰ ਵੱਜਣ ਨਾਲ ਚਾਲਕ ਦੀ ਮੌਤ



**ਅਲਾਵਲਪੁਰ (ਮਦਨ ਬੰਗੜ )**-ਬੀਤੀ ਰਾਤ ਕਰੀਬ 10 ਤੋਂ 10.30 ਵਿਚਕਾਰ ਜਲੰਧਰ-ਪਠਾਨਕੋਟ ਰਾਸ਼ਟਰੀ ਰਾਜ ਮਾਰਗ ਸਥਿਤ ਅੱਡਾ ਕਿਸ਼ਨਗੜ੍ਹ ਚੌਂਕ ਤੋਂ ਜਲੰਧਰ ਵਾਲੇ ਪਾਸੇ ਡੀਏਵੀ ਯੂਨੀਵਰਸਿਟੀ ਨੇੜੇ ਇਕ ਕੈਂਟਰ ਤੇ ਇੱਕ ਸੀਰੇ ਵਾਲੇ ਟੈਂਕਰ ਦੀ ਟੱਕਰ ਹੋ ਜਾਣ ਕਰਕੇ ਕੈਂਟਰ ਚਾਲਕ ਦੀ ਮੌਤ ਹੋ ਗਈ। ਅਲਾਵਲਪੁਰ ਪੁਲਸ ਚੌਂਕੀ ਦੇ ਇੰਚਾਰਜ ਏਐਸਆਈ ਰਜਿੰਦਰ ਕੁਮਾਰ ਸ਼ਰਮਾ ਨੇ ਦੱਸਿਆ ਕਿ ਸਤਵੀਰ ਪੁੱਤਰ ਮਾਂਗੇ ਰਾਮ ਨਿਵਾਸੀ ਕੈਥਲ ਹਰਿਆਣਾ ਜੋ ਕਿ ਆਪਣੇ ਕੈਂਟਰ 'ਚ ਕੋਈ ਸਮਾਨ ਜੰਮੂ ਛੱਡ ਕੇ ਵਾਪਸ ਕੈਥਲ ਜਾ ਰਿਹਾ ਸੀ, ਜਦੋਂ ਉਹ ਡੀਏਵੀ ਯੂਨੀਵਰਸਿਟੀ ਨੇੜੇ ਪਹੁੰਚਿਆ ਤਾਂ ਉਥੇ ਪਹਿਲਾਂ ਤੋਂ ਹੀ ਇਕ ਸੀਰੇ ਨਾਲ ਭਰਿਆ ਹੋਇਆ ਟੈਂਕਰ ਟਰੱਕ ਖਰਾਬ ਹੋਣ ਕਰਕੇ ਸੜਕ ਕਿਨਾਰੇ ਖੜਾ ਸੀ! ਖਰਾਬ ਟੈਂਕਰ ਦੀ ਚਾਲਕ ਪਿਆਰੇ ਲਾਲ ਪੁੱਤਰ ਸੇਵਾ ਰਾਮ ਨਿਵਾਸੀ ਕੋਟਲਾ ਨਜਦੀਕ ਸ਼ੇਖੇ ਜਲੰਧਰ ਵਲੋਂ ਆਪਣੇ ਖਰਾਬ ਟੈਂਕਰ ਦੇ ਆਲੇ ਦੁਆਲੇ ਨਾ 'ਤੇ ਰੋਕਾਂ ਲਗਾਈਆਂ ਹੋਈਆਂ ਸਨ ਅਤੇ ਟੈਂਕਰ ਦੇ ਇਸ਼ਾਰੇ ਜਗਾਏ ਹੋਏ ਸਨ! ਹਨੇਰਾ ਹੋਣ ਕਰਕੇ ਟਰੱਕ ਚਾਲਕ ਸਤਵੀਰ ਕਿਸੇ ਕਾਰਨ ਵਸ ਆਪਣੇ ਕੈਂਟਰ ਤੋਂ ਸੰਤੁਲਨ ਖੋਹ ਬੈਠਾ ਜਿਸ ਕਰਕੇ ਉਸ ਦਾ ਕੈਂਟਰ ਪਹਿਲਾਂ ਤੋਂ ਸੜਕ ਕਿਨਾਰੇ ਖੜੇ ਸੀਰੇ ਨਾਲ ਭਰੇ ਖਰਾਬ ਟੈਂਕਰ ਨਾਲ ਜਾ ਟਕਰਾਇਆ। ਉਕਤ ਜਬਰਦਸਤ ਟੱਕਰ 'ਚ ਸਤਬੀਰ ਦਾ ਕੈਂਟਰ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਅਤੇ ਸਤਬੀਰ ਦੀ ਮੌਤ ਹੋ ਗਈ ਅਤੇ ਸੜਕ ਕਿਨਾਰੇ ਸੀਰੇ ਦਾ ਛੱਪੜ ਲੱਗ ਗਿਆ। ਸੂਚਨਾ ਮਿਲਣ 'ਤੇ ਅਲਾਵਲਪੁਰ ਪੁਲਸ ਪਾਰਟੀ ਵੱਲੋਂ ਟੈਂਕਰ ਡਰਾਈਵਰ 'ਤੇ ਲੋੜੀਂਦੀ ਕਾਰਵਾਈ ਕਰਦਿਆਂ ਅਤੇ ਕੈਂਟਰ ਚਾਲਕ ਸਤਵੀਰ ਦੀ ਲਾਸ਼ ਦਾ ਪੋਸਟਮਾਰਟਮ ਕਰਾਉਣ ਉਪਰੰਤ ਉਸ ਦੇ ਪਰਵਾਰਕ ਮੈਂਬਰਾਂ ਨੂੰ ਸੌਂਪ ਦਿੱਤੀ ਗਈ ਹੈ!

# ਸੀਟੀ ਇੰਸਟੀਚਿਊਟ ਵੱਲੋਂ 5ਵੀਂ ਅੰਤਰਰਾਸ਼ਟਰੀ ਮਲਟੀ-ਟਰੈਕ ਕਾਨਫਰੰਸ ਦੀ ਸਫਲ ਮੇਜ਼ਬਾਨੀ



**ਜਲੰਧਰ ( ਸ਼ੈਲੀ ਐਲਬਰਟ)**-ਸੀਟੀ ਇੰਸਟੀਚਿਊਟ ਆਫ ਇੰਜੀਨੀਅਰਿੰਗ, ਮੈਨੇਜਮੈਂਟ ਐਂਡ ਟੈਕਨੋਲੋਜੀ ਨੇ ਇੰਜੀਨੀਅਰਿੰਗ ਅਤੇ ਤਕਨੀਕੀ ਨਵੀਨਤਾਵਾਂ 'ਤੇ 5ਵੀਂ ਅੰਤਰਰਾਸ਼ਟਰੀ ਮਲਟੀ-ਟਰੈਕ ਕਾਨਫਰੰਸ ਦਾ ਆਯੋਜਨ ਕੀਤਾ । ਹਾਈਬ੍ਰਿਡ ਮੋਡ ਵਿੱਚ ਆਯੋਜਿਤ ਕਾਨਫਰੰਸ ਵਿੱਚ ਦੁਨੀਆ ਭਰ ਦੇ ਖੋਜਕਰਤਾਵਾਂ ਅਤੇ ਲੇਖਕਾਂ ਦਾ ਉਨ੍ਹਾਂ ਦੀ ਕੀਮਤੀ ਸੂਝ ਅਤੇ ਖੋਜ ਲੇਖਾਂ ਵਿੱਚ ਯੋਗਦਾਨ ਪਾਉਣ ਲਈ ਸਵਾਗਤ ਕੀਤਾ ਗਿਆ । ।ਕੰਪਿਊਟਰ ਸਾਇੰਸ ਇੰਜੀਨੀਅਰਿੰਗ, ਸੂਚਨਾ ਤਕਨਾਲੋਜੀ, ਮਕੈਨੀਕਲ-ਸਿਵਲ-ਇਲੈਕਟ੍ਰਾਨਿਕਸ ਇੰਜੀਨੀਅਰਿੰਗ, ਅਪਲਾਈਡ ਸਾਇੰਸਜ਼, ਸਾਹਿਤ, ਸਿੱਖਿਆ, ਪ੍ਰਬੰਧਨ, ਕਾਨੂੰਨ ਅਤੇ ਹੋਟਲ ਪ੍ਰਬੰਧਨ ਸਮੇਤ ਵੱਖ-ਵੱਖ ਖੇਤਰਾਂ ਵਿੱਚ ਫੈਲੇ 100 ਤੋਂ ਵੱਧ ਖੋਜ ਪੱਤਰਾਂ ਦੀ ਮਜ਼ਬੂਤ ਭਾਗੀਦਾਰੀ ਨਾਲ, ਕਾਨਫਰੰਸ ਨੇ ਗਿਆਨ ਦੇ ਅਦਾਨ-ਪ੍ਰਦਾਨ ਅਤੇ ਸਹਿਯੋਗ ਲਈ ਇੱਕ ਗਤੀਸ਼ੀਲ ਪਲੇਟਫਾਰਮ ਪ੍ਰਦਾਨ ਕੀਤਾ। ਇਸ ਸਮਾਰੋਹ ਵਿੱਚ ਅਮਰੀਕਾ ਦੀ ਸਾਊਥ ਫਲੋਰੀਡਾ ਯੂਨੀਵਰਸਿਟੀ ਦੇ ਡਾ. ਭੁਵਨ ਉਨਹੇਲਕਰ ਸਮੇਤ ਦੁਨੀਆ ਭਰ ਦੀਆਂ ਪ੍ਰਮੁੱਖ ਯੂਨੀਵਰਸਿਟੀਆਂ ਦੇ ਉੱਘੇ ਮੁੱਖ ਬੁਲਾਰਿਆਂ ਨੇ ਸ਼ਿਰਕਤ ਕੀਤੀ। ਐਸਟੋਨੀਆ ਤੋਂ ਡਾ. ਰਾਜੇਸ਼ ਸ਼ਰਮਾ; ਸੁਮੇਸ਼ ਸੂਦ ਐਚਪੀਯੂ ਤੋਂ ਵਰਮਾ, ਸੀਐਸਆਈਆਰ ਦੇ ਕਿਸਾਨ ਨਿਰਦੇਸ਼ਕ-ਵਿਗਿਆਨੀ ਸੀਟੀ ਗਰੁੱਪ ਆਫ ਇੰਸਟੀਚਿਊਟਸ, ਨੇਬਰਹੁੱਡ ਕਾਲਜਾਂ ਅਤੇ ਯੂਨੀਵਰਸਿਟੀਆਂ ਦੀ ਨੁਮਾਇੰਦਗੀ ਕਰਨ ਵਾਲੇ ਫੈਕਲਟੀ ਮੈਂਬਰਾਂ ਅਤੇ ਖੋਜ ਵਿਦਵਾਨਾਂ ਦੀ ਸਰਗਰਮ ਭਾਗੀਦਾਰੀ ਦੇਖੋ।ਸੀਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ, ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ, ਡਾਇਰੈਕਟਰ ਕੈਂਪਸ ਡਾ. ਗੁਰਪ੍ਰੀਤ ਸਿੰਘ ਅਤੇ ਡੀਨ ਅਕਾਦਮਿਕ ਡਾ ਜਸਦੀਪ ਕੌਰ ਧਾਮੀ ਨੇ ਸਾਰੇ ਭਾਗੀਦਾਰਾਂ ਦਾ ਨਿੱਘਾ ਸਵਾਗਤ ਕੀਤਾ ਤੇ ਸਮਾਜਿਕ ਤਰੱਕੀ ਵਿੱਚ ਖੋਜ ਅਤੇ ਨਵੀਨਤਾ ਤੇ ਜ਼ੋਰ ਦੇਣ ਦੀ ਮਹੱਤਤਾ ਅਤੇ ਭਾਗੀਦਾਰਾਂ ਨੂੰ ਸਮਾਜ ਦੇ ਵਿਕਾਸ ਲਈ ਉੱਤਮਤਾ ਦੀ ਨਿਰੰਤਰ ਭਾਲ ਕਰਨ ਲਈ ਪ੍ਰੇਰਿਤ ਕੀਤਾ।

# ਪੁਰਾਣੀ ਪੈਨਸ਼ਨ ਬਹਾਲੀ ਸਾਂਝੇ ਮੋਰਚੇ ਦੀ ਜ਼ਿਲ੍ਹਾ ਇਕਾਈ ਦਾ ਗਠਨ



**ਜਲੰਧਰ (ਰਾਜੇਸ਼ ਥਾਪਾ)** ਪੁਰਾਣੀ ਪੈਨਸ਼ਨ ਬਹਾਲੀ ਸਾਂਝੇ ਮੋਰਚੇ ਦੀ ਜ਼ਿਲ੍ਹਾ ਜਲੰਧਰ ਦੀ ਇਕਾਈ ਦੇ ਗਠਨ ਕਰਨ ਲਈ ਵੱਖ ਵੱਖ ਜਥੇਬੰਦੀਆਂ ਦੀ ਜਨਰਲ ਬਾਡੀ ਮੀਟਿੰਗ ਕੁਲਦੀਪ ਵਾਲੀਆ ਬਿਲਗਾ ਦੀ ਪ੍ਰਧਾਨਗੀ ਹੇਠ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਗਈ।ਮੋਰਚੇ ਦੀ 25 ਫਰਵਰੀ ਨੂੰ ਸੰਗਰੂਰ ਵਿਖੇ ਹੋ ਰਹੀ ਸੂਬਾ ਪੱਧਰੀ ਰੈਲੀ ਸਬੰਧੀ ਵੱਧ ਤੋਂ ਵੱਧ ਜਾਣ ਲਈ ਵਿਚਾਰ ਵਟਾਂਦਰਾ ਕੀਤਾ ਗਿਆ ਤੇ ਪੁਰਾਣੀ ਪੈਨਸ਼ਨ ਬਹਾਲੀ ਸਾਂਝੇ ਮੋਰਚੇ ਜ਼ਿਲ੍ਹਾ ਜਲੰਧਰ ਦਾ ਗਠਨ ਕੀਤਾ ਗਿਆ ਜਿਸ ਵਿੱਚ ਜ਼ਿਲ੍ਹਾ ਕਨਵੀਨਰ ਕੁਲਦੀਪ ਵਾਲੀਆ ਬਿਲਗਾ ਅਤੇ ਸੁਖਦੇਵ ਬਸਰਾ ਨੂੰ ਬਣਾਇਆ ਗਿਆ।ਇਸ ਦੇ ਨਾਲ ਹੀ ਦਿਲਬਾਗ ਸਿੰਘ, ਮੁਕੇਸ਼ ਕੁਮਾਰ, ਸੰਦੀਪ ਰਾਜੋਵਾਲ, ਅਮਰਜੀਤ ਭਗਤ, ਵੇਦ ਰਾਜ,ਪਰੇਮ ਖਲਵਾੜਾ ਆਦਿ ਜ਼ਿਲ੍ਹਾ ਕਮੇਟੀ ਮੈਂਬਰ ਚੁਣੇ ਗਏ।ਇਸ ਮੌਕੇ 16 ਫਰਵਰੀ ਨੂੰ ਹੋ ਰਹੇ ਭਾਰਤ ਬੰਦ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ।ਇਸ ਸਮੇਂ ਹੋਰਨਾਂ ਤੋਂ ਇਲਾਵਾ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਜਸਵੀਰ ਸਿੰਘ, ਪ੍ਰਕਾਸ਼ ਚੰਦ,ਰਤਨ ਚੰਦ, ਮੁਕੇਸ਼ ਕੁਮਾਰ, ਮਨਜੀਤ ਸਿੰਘ, ਹਰਪ੍ਰੀਤ, ਮਨੀਸ਼ਾ, ਜਸਪ੍ਰੀਤ ਆਦਿ ਹਾਜ਼ਰ ਸਨ।

# ਆਈ ਈ ਆਰ ਟੀ ਅਧਿਆਪਕਾਂ ਨੂੰ ਰੈਗੂਲਰ ਕਰਨ ਦਾ ਦਿੱਤਾ ਭਰੋਸਾ



**ਜਲੰਧਰ ( ਰਾਜੇਸ਼ ਥਾਪਾ )** ਪੰਜਾਬ ਸਰਕਾਰ ਅਤੇ ਮੁੱਖ ਦਫਤਰ ਮੁਹਾਲੀ ਦੇ ਅਫਸਰਾਂ ਵਲੋਂ ਕਪੂਰਥਲਾ ਗੁਰੂ ਨਾਨਕ ਸਟੇਡੀਅਮ ਵਿਖੇ ਆਈ.ਈ.ਆਰ.ਟੀ ਅਧਿਆਪਕਾਂ ਨਾਲ ਮੀਟਿੰਗ ਕੀਤੀ ਗਈ, ਜਿਸ ਵਿੱਚ ਏ.ਐਸ.ਪੀ.ਡੀ ਮੈਡਮ ਸ੍ਰੀਮਤੀ ਗਿੰਨੀ ਦੁੱਗਲ ਅਤੇ ਹੋਰ ਨੁਮਾਇਦੇ ਸ਼ਾਮਿਲ ਸਨ। ਉਹਨਾ ਵੱਲੋਂ ਕਿਹਾ ਗਿਆ ਕਿ ਸਿੱਖਿਆ ਮੰਤਰੀ ਦੇ ਆਏ ਮੈਸਜ ਅਨੁਸਾਰ ਦੱਸਿਆ ਜਾਂਦਾ ਹੈ ਕਿ ਆਈ.ਈ.ਆਰ.ਟੀਜ ਨੂੰ ਅਗਲੇ 20 ਦਿਨਾਂ ਵਿੱਚ ਰੈਗੂਲਰ ਦੇ ਆਰਡਰ ਜਾਰੀ ਹੋ ਜਾਣਗੇ।. ਮੀਟਿੰਗ 'ਚ ਰਾਮੇਸ਼ ਸਹਾਰਨ ਵਰਿੰਦਰ ਵੋਹਰਾ ਨੀਰਜ ਕਟੋਚ.ਹਰਮੀਤ ਕੌਰ ਸ਼ਾਮਿਲ ਸਨ।.

# 10ਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਦਿੱਤੀ ਫੇਅਰਵੈੱਲ ਪਾਰਟੀ

**ਕਰਤਾਰਪੁਰ (ਹਰਮੇਸ਼ ਦੱਤ)** ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ ਕਰਤਾਰਪੁਰ ਵਿਖੇ 9ਵੀਂ ਕਲਾਸ ਦੇ ਵਿਦਿਆਰਥੀਆਂ ਨੇ 10ਵੀਂ ਕਲਾਸ ਦੇ ਵਿਦਿਆਰਥੀਆਂ ਲਈ ਫੇਅਰਵੈੱਲ ਪਾਰਟੀ ਦਾ ਅਯੋਜਨ ਕੀਤਾ । ਪਾਰਟੀ ਦਾ ਅਗਾਜ ਸਵਾਗਤੀ ਗੀਤ ਅਤੇ ਸਪੀਚ ਦੁਆਰਾ ਕੀਤਾ ਗਿਆ। 9ਵੀਂ ਕਲਾਸ ਦੇ ਵਿਦਿਆਰਥੀਆਂ ਦੁਆਰਾ ਸੰਸਕ੍ਰਿਤ ਪ੍ਰੋਗਰਾਮ ਪੇਸ਼ ਕੀਤਾ ਗਿਆ। 10ਵੀਂ ਕਲਾਸ ਦੇ ਰਾਕੇਸ਼ ਸਿੰਘ ਨੇ ਸਕੂਲ ਅਧਿਆਪਕਾਂ ਪ੍ਰਤੀ ਆਪਣੇ ਪ੍ਰੇਮ ਤੇ ਭਾਵਨਾਵਾਂ ਨੂੰ ਸ਼ਾਇਰੀ ਅਤੇ ਕਵਿਤਾ ਦੇ ਮਾਧਿਅਮ ਦੁਆਰਾ ਪ੍ਰਗਟ ਕੀਤਾ। ਇਸ ਤੋਂ ਇਲਾਵਾ ਵੱਖ ਵੱਖ ਪ੍ਰਕਾਰ ਦੀਆਂ ਫਨ ਗੇਮ ਕਰਵਾਈਆਂ ਗਈਆਂ। ਮਿਸਟਰ ਯੂਨੀਵਰਸਲ ਰਾਕੇਸ਼ ਸਿੰਘ ਤੇ ਮਿਸ ਯੂਨੀਵਰਸਲ ਪ੍ਰਭਜੋਤ ਨੂੰ ਅਤੇ ਸਟੂਡੈਂਟ ਆਫ ਦ ਯਿਆਰ ਦਾ ਖਿਤਾਬ ਅੰਮ੍ਰਿਤਪ੍ਰੀਤ ਸਿੰਘ ਨੂੰ ਦੇ ਕੇ ਸਨਮਾਨਿਤ ਕੀਤਾ ਗਿਆ। ਚੇਅਪਰਸਨ ਮੈਡਮ ਸੁਰਿੰਦਰ ਕੌਰ,ਡਾ. ਚਰਨ ਸਿੰਘ,ਡਾ. ਪਿਆਰਾ ਸਿੰਘ ਨੇ ਸਕੂਲ ਵਿਦਿਆਰਥੀਆਂ ਨੂੰ ਫੇਅਰਵੈੱਲ ਪਾਰਟੀ ਦੀ ਵਧਾਈ ਦਿੱਤੀ। ਪ੍ਰਿੰਸੀਪਲ ਮੈਡਮ ਕੰਵਲਜੀਤ ਕੌਰ ਨੇ ਵਿਦਿਆਰਥੀਆ ਨੂੰ ਹੋਰ ਅੱਗੇ ਵਧਣ ਲਈ ਪ੍ਰੇਰਿਤ ਕੀਤਾ।




# ਫ੍ਰੀ ਮੈਡੀਕਲ ਕੈਂਪ ਲਗਾਇਆ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** -ਹਮਸਫ਼ਰ ਯੂਥ ਕਲੱਬ ਅਤੇ ਬਾਬਾ ਭਟੋਆ ਸਾਹਿਬ ਦਰਵਾਰ ਪ੍ਰਬੰਧਕ ਕਮੇਟੀ ਵੱਲੋਂ ਪਿੰਡ ਕਾਲਰਾ ਜ਼ਿਲ੍ਹਾ ਜਲੰਧਰ ਸ਼ਹਿਰ ਵਿਖੇ ਮੁਫਤ ਸੰਪੂਰਨ ਬਾਡੀ ਚੈੱਕਅਪ ਮੈਡੀਕਲ ਕੈਂਪ ਅਤੇ ਚਾਹ ਪਕੌੜਿਆਂ ਦਾ ਲੰਗਰ ਲਗਾਇਆ ਗਿਆ। ਬਾਬਾ ਭਟੋਆ ਦਰਵਾਰ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੂਟਾ ਸਿੰਘ ਨੇ ਦੱਸਿਆ ਕਿ ਸਮੂਹ ਸੰਗਤਾਂ ਅਤੇ ਨਗਰ ਵਾਸੀਆਂ ਦੇ ਲਈ ਚਾਹ ਪਕੌੜਿਆਂ ਦਾ ਲੰਗਰ ਲਗਾਇਆ ਗਿਆ। ਡਾਕਟਰ ਮਨਜਿੰਦਰ ਕੌਰ ਐਮ ਬੀ ਬੀ ਐਸ ਵੱਲੋਂ ਸਮੂਹ ਸੰਗਤਾਂ ਅਤੇ ਨਗਰ ਵਾਸੀਆਂ ਦੇ ਲਈ ਮੁਫਤ ਮੈਡੀਕਲ ਚੈੱਕ ਅਪ ਕੈਂਪ ਵੀ ਲਗਾਇਆ ਗਿਆ। ਇਸ ਫੁੱਲ ਬਾਡੀ ਮੈਡੀਕਲ ਚੈੱਕਅਪ ਕੈਂਪ 'ਚ 300 ਦੇ ਕਰੀਬ ਮਰੀਜ਼ਾਂ ਦੇ ਚੈੱਕਅੱਪ ਕੀਤੇ ਗਏ ਅਤੇ ਰਿਪੋਰਟਾਂ ਮੌਕੇ 'ਤੇ ਦਿੱਤੀਆਂ ਗਈਆਂ। ਇਸ ਮੌਕੇ ਹਮਸਫਰ ਯੂਥ ਕਲੱਬ ਦੇ ਮੁੱਖ ਅਧਿਕਾਰੀ ਪੂਨਮ ਭਾਟੀਆ ਪ੍ਰਧਾਨ ਰੋਹਿਤ ਭਾਟੀਆ ਦਰਬਾਰ ਮੁੱਖ ਸੇਵਾਦਾਰ ਬਾਬਾ ਬਲਵੰਤ ਸਿੰਘ ਹਰਜੀਤ ਸਿੰਘ ਗੁਰਪ੍ਰੀਤ ਬਸਰਾ ਸੋਹੁੰਗਣੀ ਭਾਟੀਆ ਤੇ ਹੋਰ ਸ਼ਖਸੀਅਤਾਂ ਨੇ ਹਾਜਰੀ ਭਰੀ।

# ਮੰਢਾਲੀ ਵਿਖੇ ਹਾਕੀ ਟੂਰਨਾਮੈਂਟ ਸ਼ਾਨੋ-ਸ਼ੌਕਤ ਨਾਲ ਸਮਾਪਤ



**ਬਹਿਰਾਮ (ਅਵਤਾਰ ਕਲੇਰ)** ਸਪੋਰਟਸ ਕਲੱਬ ਮੰਢਾਲੀ , ਗ੍ਰਾਮ ਪੰਚਾਇਤ , ਨਗਰ ਨਿਵਾਸੀਆਂ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਸਾਲਾਨਾ ਹਾਕੀ ਟੂਰਨਾਮੈਂਟ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੰਢਾਲੀ ਵਿਖੇ ਕਰਵਾਇਆ ਗਿਆ ।ਇਸ ਤਿੰਨ ਦਿਨਾ ਟੂਰਨਾਮੈਂਟ ਵਿੱਚ 26 ਟੀਮਾਂ ਨੇ ਹਿੱਸਾ ਲਿਆ । ਫਾਈਨਲ ਮੁਕਾਬਲੇ ਪਿੰਡ ਪੱਧਰ ਹਾਕੀ ਓਪਨ ਕੁੱਕੜ ਪਿੰਡ ਅਤੇ ਛੱਜੇਵਾਲ ਵਿਚਕਾਰ ਖੇਡਿਆ ਗਿਆ ਜਿਸ ਵਿੱਚ ਕੁੱਕੜ ਪਿੰਡ ਦੀ ਟੀਮ ਜੇਤੂ ਰਹੀ । 17 ਸਾਲ ਦੀ ਉਮਰ ਦੇ ਖਿਡਾਰੀਆਂ ਦੌਰਾਨ ਕੁੱਕੜ ਪਿੰਡ ਅਤੇ ਮੰਢਾਲੀ ਦੀਆਂ ਟੀਮਾਂ ਵਿਚਕਾਰ ਮੁਕਾਬਲਾ ਹੋਇਆ ਜਿਸ ਵਿੱਚ ਕੁੱਕੜ ਪਿੰਡ ਦੀ ਟੀਮ ਜੇਤੂ ਰਹੀ । ਆਲ ਓਪਨ ਮੰਢਾਲੀ ਅਤੇ ਸਰੀਂਹ ਦੀਆਂ ਟੀਮਾਂ ਵਿਚਕਾਰ ਮੁਕਾਬਲਾ ਹੋਇਆ ਜਿਸ ਵਿੱਚ ਦੋਵੇਂ ਟੀਮਾਂ ਬਰਾਬਰ ਰਹੀਆਂ । ਇਨਾਮਾਂ ਦੀ ਵੰਡ ਸਾਈਂ ਉਮਰੇ ਸ਼ਾਹ ਕਾਦਰੀ ਗੱਦੀ ਨਸ਼ੀਨ ਰੌਜ਼ਾ ਸ਼ਰੀਫ਼ ਮੰਢਾਲੀ , ਬਾਬਾ ਜੋਗਾ ਸਿੰਘ ਨਿਹੰਗ ਮੁੱਖ ਸੇਵਾਦਾਰ ਗੁਰਦੁਆਰਾ ਸਾਹਿਬ ਬਾਬਾ ਦੀਪ ਸਿੰਘ ਜੀ ਸ਼ਹੀਦ ਅਤੇ ਪ੍ਰਬੰਧਕਾਂ ਵਲੋਂ ਸਾਂਝੇ ਤੌਰ 'ਤੇ ਕੀਤੀ । ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਨਗਦ ਰਾਸ਼ੀ ਅਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ । ਸਪੋਰਟਸ ਕਲੱਬ ਦੇ ਪ੍ਰਧਾਨ ਨੰਬਰਦਾਰ ਧਰਮਿੰਦਰ ਸਿੰਘ ਨੇ ਪਹੁੰਚੇ ਹੋਏ ਮਹਾਂਪੁਰਸ਼ਾਂ , ਸਹਿਯੋਗੀਆਂ ਅਤੇ ਖਿਡਾਰੀਆਂ ਦਾ ਧੰਨਵਾਦ ਕੀਤਾ ਅਤੇ ਟੂਰਨਾਮੈਂਟ ਸ਼ਾਨੋ ਸ਼ੌਕਤ ਨਾਲ ਸਮਾਪਤ ਹੋਇਆ । ਇਸ ਮੌਕੇ ਪ੍ਰਧਾਨ ਧਰਮਿੰਦਰ ਸਿੰਘ ਮੰਢਾਲੀ , ਸੈਕਟਰੀ ਸੁਸ਼ੀਲ ਕੁਮਾਰ ਲਾਡੀ , ਬਲਵੀਰ ਸਿੰਘ ਮੰਢਾਲੀ (ਆਰਮੀ) ਰਿਸ਼ੀ ਕੁਮਾਰ , ਪ੍ਰੇਮ ਸਿੰਘ ਬਦੇਸ਼ਾ , ਨਾਜ਼ਰ ਸਿੰਘ ਬਦੇਸ਼ਾ , ਨੀਲਮ ਸ਼ਰਮਾ , ਚਰਨਜੀਤ ਸਿੰਘ ਸੋਨੀ , ਰੁਪਿੰਦਰ ਸਿੰਘ ਪੈਂਟਾ , ਸੰਜੀਵ ਕੁਮਾਰ , ਕਰਨਜੀਤ ਸਿੰਘ ਯੂ ਐਸ ਏ , ਜਸਵਿੰਦਰ ਜੱਸੀ ਕੈਨੇਡਾ , ਕੁਲਵਿੰਦਰ ਸਿੰਘ ਕੈਨੇਡਾ , ਭਿੰਦਾ ਅਸਟ੍ਰੇਲੀਆ ਤੋਂ ਇਲਾਵਾ ਵੱਡੀ ਗਿਣਤੀ 'ਚ ਦਰਸ਼ਕ ਹਾਜ਼ਰ ਸਨ ।

# ਵਾਲਮੀਕਿ ਸੰਘਰਸ਼ ਮੋਰਚਾ ਨੇ ਖੂਨ ਦਾਨ ਕੈਂਪ ਲਗਾਇਆ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**-ਸਵਰਗਵਾਸੀ ਮਾਤਾ ਬਲਵਿੰਦਰ ਕੌਰ ਕਲਿਆਣ (ਸਾਬਕਾ ਮੈਂਬਰ ਬਲਾਕ ਸੰਮਤੀ ਭੋਗਪੁਰ) ਦੀ ਯਾਦ ਨੂੰ ਸਮਰਪਿਤ ਵਾਲਮੀਕਿ ਸੰਘਰਸ਼ ਮੋਰਚਾ ਭਾਰਤ ਵੱਲੋਂ ਬਲੱਡ ਡੋਨੇਟ ਕੈਂਪ ਨਜ਼ਦੀਕ ਕਲਿਆਣ ਸਟੀਲ ਐਂਡ ਐਲਮੀਨੀਅਮ ਵਰਕਸ ਮੋਗਾ ਰੋਡ ਫਾਟਕ ਭੋਗਪੁਰ ਵਿਖੇ ਯੂਥ ਬਲੱਡ ਡੋਨਰਸ ਪੰਜਾਬ ਦੀ ਸਹਾਇਤਾ ਨਾਲ ਲਗਾਇਆ ਗਿਆ। ਜਿਸ ਦਾ ਸ਼ੁੱਭ ਆਰੰਭ ਰੌਸ਼ਨ ਲਾਲ ਸੱਭਰਵਾਲ ਰਾਸ਼ਟਰੀ ਪ੍ਰਧਾਨ ਵਾਲਮੀਕੀ ਸੰਘਰਸ਼ ਮੋਰਚਾ ਅਤੇ ਸੰਜੇ ਲੂਥਰਾ ਚੇਅਰਮੈਨ ਪੰਜਾਬ, ਮੋਨੂੰ ਤੇਜੀ ਪ੍ਰਧਾਨ ਪੰਜਾਬ, ਅਤੇ ਭੋਗਪੁਰ ਪ੍ਰੈਸ ਕਲੱਬ ਦੇ ਪ੍ਰਧਾਨ ਅਤੇ ਸਮੂਹ ਪੱਤਰਕਾਰ ਭਾਈਚਾਰਾ ਅਤੇ ਭੋਗਪੁਰ ਪੁਲਸ ਪ੍ਰਸ਼ਾਸਨ ਨੇ ਕੀਤਾ। ਜਿਸ ਵਿਚ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਅਤੇ ਨੌਜਵਾਨਾਂ ਅਤੇ ਮਹਿਲਾਵਾਂ ਨੇ ਤਕਰੀਬਨ 100 ਯੂਨਿਟ ਬਲੱਡ ਡੋਨੇਟ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਚੇਅਰਮੈਨ ਜੱਸ ਕਲਿਆਣ ਰਾਵਣ ਵਾਲਮੀਕੀ ਸੰਘਰਸ਼ ਮੋਰਚਾ ਅਤੇ, ਪੰਜਾਬ ਪ੍ਰਧਾਨ ਮੋਨੂੰ ਤੇਜੀ, ਸਵਰਨਜੀਤ ਨਾਰ ਪ੍ਰਧਾਨ ਜ਼ਿਲ੍ਹਾ ਜਲੰਧਰ, ਕੁਲਵਿੰਦਰ ਸਿੰਘ ਵਾਈਸ ਪ੍ਰਧਾਨ ਜਲੰਧਰ , ਦੀਦਾਰ ਮੱਟੂ ਹਲਕਾ ਪ੍ਰਧਾਨ ਆਦਮਪੁਰ, ਸੰਨੀ ਗਿੱਲ ਚੇਅਰਮੈਨ ਹਲਕਾ ਆਦਮਪੁਰ , ਗੁਰਨਾਮ ਸਿੰਘ ਗਾਮਾ ਚੋਲਾਂਗ, ਸੁਖਵਿੰਦਰ ਸਿੰਘ ਸੁੱਖਾ ਕਲਿਆਣ ਨੇ ਬਲੱਡ ਡੋਨੇਟ ਕੀਤਾ ਤੇ ਉਨਾਂ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਮੋਰਚੇ ਵੱਲੋਂ ਸਨਮਾਨਿਤ ਕੀਤਾ ਗਿਆ। ਜੱਸ ਕਲਿਆਣ ਰਾਵਣ ਨੇ ਕਿਹਾਕਿ ਬਲੱਡ ਡੋਨੇਟ ਕਰਨ ਨਾਲ ਕਿਸੇ ਲੋੜਵੰਦ ਮਰੀਜ ਦੀ ਜਾਨ ਬਚ ਸਕਦੀ ਹੈ।

# ਮਿਉਂਸੀਪਲ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਰੋਸ ਪ੍ਰਦਰਸ਼ਨ



**ਟਾਂਡਾ ਉੜਮੁੜ (ਉਂਕਾਰ ਸਿੰਘ ਜਸਵਿੰਦਰ ਸੰਧੂ)**- ਕਾਫੀ ਸਮੇਂ ਤੋਂ ਲੜਕਦੀਆਂ ਆ ਰਹੀਆਂ ਮੰਗਾਂ ਪ੍ਰਵਾਨ ਨਾ ਹੋਣ ਦੇ ਰੋਸ ਵਜੋਂ ਮਿਉਂਸੀਪਲ ਪੈਂਸ਼ਨਰਜ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਸ਼ਿੰਗਾਰਾ ਸਿੰਘ ਸੈਣੀ ਦੀ ਅਗਵਾਈ ਵਿੱਚ ਐਸੋਸੀਏਸ਼ਨ ਦੇ ਦਫਤਰ ਟਾਂਡਾ ਵਿਖੇ ਇੱਕ ਹੰਗਾਮੀ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸਮੂਹ ਪੈਂਸ਼ਨਰਜਾਂ ਨੇ ਮਾਨ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕਰਦੇ ਹੋਏ ਨਾਅਰੇਬਾਜੀ ਕੀਤੀ।

ਮੀਟਿੰਗ ਦੀ ਸ਼ੁਰੂਆਤ ਤੋਂ ਪਹਿਲਾਂ ਪੈਂਸ਼ਨਰਜ ਰਿਟਾ. ਇੰਸਪੈਕਟਰ ਨਿਰੰਜਨ ਸਿੰਘ ਦੀ ਅਚਾਨਕ ਮੌਤ ਹੋ ਜਾਣ 'ਤੇ ਸਮੂਹ ਪੈਂਸ਼ਨਰਜਾਂ ਵੱਲੋਂ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ 2 ਮਿੰਟ ਦਾ ਮੌਨ ਧਾਰਨ ਕਰਕੇ ਨਿਰੰਜਨ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ। ਇਸ ਉਪਰੰਤ ਹਾਜਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਸ਼ਿੰਗਾਰਾ ਸਿੰਘ ਸੈਣੀ ਨੇ ਕਿਹਾ ਕਿ ਐਸੋਸੀਏਸ਼ਨ ਵੱਲੋਂ ਬੀਤੇ ਕਾਫੀ ਸਮੇਂ ਤੋਂ ਪੇ ਕਮਿਸ਼ਨ ਵੱਲੋਂ ਦਿੱਤੀ ਗਈ ਰਿਪੋਰਟ ਅਨੁਸਾਰ 1 ਜਨਵਰੀ 2016 ਤੋਂ 30 ਜੂਨ 2021 ਤੱਕ ਬਣਦਾ ਬਕਾਇਆ ਦਿੱਤਾ ਜਾਵੇ ਪਰ ਸਰਕਾਰ ਵੱਲੋਂ ਅੱਜ ਤੱਕ ਸਾਡੀ ਇਸ ਮੰਗ ਨੂੰ ਪੂਰਾ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਅਸੀਂ ਸਰਕਾਰ ਤੋਂ ਇਹ ਵੀ ਮੰਗ ਕਰਦੇ ਹਾਂ ਕਿ 4% ਦੇ ਹਿਸਾਬ ਨਾਲ ਡੀ.ਏ ਦੀਆਂ ਕਿਸਤਾਂ ਦਾ ਬਕਾਇਆ ਦਿੱਤਾ ਜਾਵੇ ਅਤੇ 2.59% ਦੇ ਹਿਸਾਬ ਨਾਲ ਪੈਨਸਨਰਜਾਂ ਦੀ ਪੈਨਸ਼ਨ ਵਿੱਚ ਵਾਧਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਡੀ.ਏ ਦਾ ਕੁਝ ਬਕਾਇਆ 38% ਦੇ ਹਿਸਾਬ ਨਾਲ ਜਿਹੜੀ ਰਕਮ ਦਿੱਤੀ ਗਈ ਸੀ ਉਹ ਰਕਮ 46% ਦੇ ਹਿਸਾਬ ਨਾਲ ਦਿੱਤੀ ਜਾਣੀ ਚਾਹੀਦੀ ਸੀ ਇਸ ਲਈ ਉਹ ਬਣਦਾ ਬਕਾਇਆ ਵੀ ਪੈਨਸਨਰਜਾਂ ਨੂੰ ਦਿੱਤਾ ਜਾਵੇ, ਪਰ ਇਸ ਤਾਨਾਸ਼ਾਹੀ ਸਰਕਾਰ ਨੇ ਪੈਨਸ਼ਨਰਜਾਂ ਦੀਆਂ ਜਾਇਜ ਮੰਗਾਂ ਨੂੰ ਦਰਕਿਨਾਰ ਕਰਦੇ ਹੋਏ ਅੜੀਅਲ ਰਵੱਈਆ ਅਪਣਾਇਆ ਹੋਇਆ ਹੈ। ਉਨ੍ਹਾਂ ਮਾਨ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਐਸੋਸੀਏਸ਼ਨ ਦੀਆਂ ਜਾਇਜ ਮੰਗਾਂ ਜਲਦ ਪ੍ਰਵਾਨ ਨਾ ਕੀਤੀਆਂ ਤਾਂ ਸੰਘਰਸ਼ ਨੂੰ ਹੋਰ ਤੇਜ ਕੀਤਾ ਜਾਵੇਗਾ ਜਿਸਦਾ ਖਾਮਿਆਜ਼ਾ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਭੁਗਤਣਾ ਪੈ ਸਕਦਾ ਹੈ। ਇਸ ਮੌਕੇ ਤੇ ਸਮੂਹ ਪੈਨਸਨਰਜਾਂ ਨੇ ਸਰਕਾਰ ਖਿਲਾਫ ਜਮਕਰ ਨਾਅਰੇਬਾਜੀ ਕੀਤੀ। ਇਸ ਮੌਕੇ 'ਤੇ ਰਤਨ ਸਿੰਘ ਸੈਨੀ, ਐਨ.ਪੀ ਸਿੰਘ, ਪ੍ਰਧਾਨ ਮਾਇਆ ਦੇਵੀ, ਬੋਧ ਰਾਜ, ਰਾਮ ਲੁਭਾਈ, ਦੀਪੋ, ਬੂਆ ਸਿੰਘ, ਕੇਵਲ ਕਿਸ਼ਨ, ਦੇਵਰਾਜ, ਸੋਮਨਾਥ, ਅਸ਼ੋਕ ਕੁਮਾਰ, ਸੁਨੀਤਾ ਰਾਣੀ, ਅਮਰੀਕ ਸਿੰਘ, ਗੁਰਦਿਆਲ ਸਿੰਘ, ਧਰਮ ਪਾਲ, ਬਲਦੇਵ ਰਾਜ ਸ਼ਰਮਾ, ਤਰਸੇਮ ਲਾਲ, ਧਰਮ ਚੰਦ, ਸਦਾ ਨੰਦ ਅਤੇ ਹੋਰ ਹਾਜਰ ਸਨ।

# ਫਦਮਾ ਵਿਖੇ ਨਸ਼ਾ ਮੁਕਤ ਪੰਜਾਬ ਮੁਹਿੰਮ ਤਹਿਤ ਫੁੱਟਬਾਲ ਦਾ ਸੈਮੀ ਫਾਈਨਲ ਮੈਚ ਕਰਵਾਇਆ



**ਮੇਹਟੀਆਣਾ( ਜਗਤਾਰ ਸਿੰਘ ਭੁੰਗਰਨੀ )**-ਪਿੰਡ ਫਦਮਾ ਵਿਖੇ ਨਸ਼ਾ ਮੁਕਤ ਪੰਜਾਬ ਮੁਹਿੰਮ ਤਹਿਤ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ ਹੇਠ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਐਸਐਸਪੀ ਸੁਰਿੰਦਰ ਲਾਂਬਾ ਦੇ ਹੁਕਮਾਂ ਅਨੁਸਾਰ ਨਸਾ ਮੁਕਤ ਪੰਜਾਬ ਮੁਹਿੰਮ ਤਹਿਤ ਥਾਣਾ ਮੇਹਟਿਆਣਾ ਅਤੇ ਥਾਣਾ ਚੱਬੇਵਾਲ ਵਿਚਕਾਰ ਸੈਮੀ ਫਾਈਨਲ ਫੁੱਟਬਾਲ ਦਾ ਮੈਚ ਕਰਵਾਇਆ ਗਿਆ। ਮੈਚ ਦੌਰਾਨ ਮੁੱਖ ਮਹਿਮਾਨ ਸਰਬਜੀਤ ਸਿੰਘ ਬਾਹੀਆ ਐਸਪੀ ਡੀ ਹੁਸ਼ਿਆਰਪੁਰ, ਪਰਮਿੰਦਰ ਸਿੰਘ ਮੰਡ ਡੀਐਸਪੀਡੀ ਹੁਸ਼ਿਆਰਪੁਰ ਨੇ ਸ਼ਿਰਕਤ ਕੀਤੀ। ਥਾਣਾ ਮੇਹਟਿਆਣਾ ਦੇ ਐਸ ਐਚ ਓ ਜਗਜੀਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਵੱਖ ਵੱਖ ਤਰ੍ਹਾਂ ਦੇ ਪਿੰਡਾਂ ਦੇ ਵਿੱਚ ਖੇਡ ਮੇਲੇ ਕਰਵਾਏ ਜਾ ਰਹੇ ਹਨ। ਟੂਰਨਾਮੈਂਟ ਦੌਰਾਨ ਚੇਅਰਮੈਨ ਤਰਸੇਮ ਦੀਵਾਨਾ ਹੁਸ਼ਿਆਰਪੁਰ, ਥਾਣਾ ਮੇਹਟੀਆਣਾ ਪੁਲਸ ਮੁੱਖੀ ਜਗਜੀਤ ਸਿੰਘ, ਥਾਣਾ ਚੱਬੇਵਾਲ ਊਸ਼ਾ ਰਾਣੀ, ਸਰਪੰਚ ਮਲਕੀਅਤ ਸਿੰਘ ਫਾਦਮਾ, ਹਰਪ੍ਰੀਤ ਸਿੰਘ ਹੈਪੀ, ਮੁਨਸ਼ੀ ਤਰਲੋਚਨ ਸਿੰਘ,ਮਨਦੀਪ ਕੁਮਾਰ ਮੋਨੂ ਕਲੱਬ ਪ੍ਰਧਾਨ ਫਦਮਾ,ਜਗਤਾਰ ਸਿੰਘ ਭੁੰਗਰਨੀ, ਜਥੇਦਾਰ ਬਲਵੀਰ ਸਿੰਘ ਫਗਲਾਣਾ, ਕਮਲਜੀਤ ਬਾਵਾ, ਮੋਹਣ ਸਿੰਘ, ਜੋਗਿੰਦਰ ਸਿੰਘ ਸਾਬਕਾ ਸਰਪੰਚ, ਯੋਗਰਾਜ ਫਦਮਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਖੇਡ ਪ੍ਰੇਮੀ ਹਾਜਰ ਸਨ।

# ਗੁਰੂ ਰਵਿਦਾਸ ਦਾ ਪ੍ਰਕਾਸ਼ ਦਿਹਾੜਾ 24 ਨੂੰ ਮਨਾਇਆ ਜਾਵੇਗਾ

**ਅੱਡਾ ਸਰਾਂ (ਜਸਵੀਰ ਕਾਜਲ)**-ਨਜਦੀਕੀ ਪਿੰਡ ਦੌਲੋਵਾਲ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 647ਵਾਂ ਪ੍ਰਕਾਸ਼ ਦਿਹਾੜਾ 24 ਫਰਵਰੀ ਨੂੰ ਜੁਗੋ ਜੁਗ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਮਨਾਇਆ ਜਾਵੇਗਾ। ਮਾਸਟਰ ਬੁੱਧ ਸਿੰਘ ਨੇ ਦੱਸਿਆ ਕਿ 19 ਫਰਵਰੀ ਤੋਂ ਪ੍ਰਭਾਤ ਫੇਰੀਆਂ ਆਰੰਭ ਹੋ ਕੇ 23 ਫਰਵਰੀ ਤੱਕ ਪੰਜ ਪ੍ਰਭਾਤ ਫੇਰੀਆਂ ਕੱਢੀਆਂ ਜਾਣੀਆਂ ਹਨ। 23 ਫਰਵਰੀ ਨੂੰ ਸਾਮ 7:30 ਵਜੇ ਤੋਂ ਰਾਤ 12 ਵਜੇ ਤੱਕ ਕੀਰਤਨ ਦੀਵਾਨ ਸਜਾਏ ਜਾਣਗੇ । ਜਿਸ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਸੰਦੀਪ ਸਿੰਘ ਕੂੰਟਾਂ ਵਾਲੇ, ਭਾਈ ਹਰਿੰਦਰ ਸਿੰਘ ਰਾਮਪੁਰ ਖੇੜਾ ਸਾਹਿਬ ਵਾਲੇ, ਭਾਈ ਅੰਮ੍ਰਿਤਪਾਲ ਸਿੰਘ ਭੁਲਾਣੇ ਵਾਲੇ, ਭਾਈ ਵਿਜੇਪਾਲ ਸਿੰਘ ਕੋਠੇ ਮੁੱਕਦਮਾ ਵਾਲੇ ਸੰਗਤਾਂ ਨੂੰ ਗੁਰ ਇਤਿਹਾਸ ਅਤੇ ਗੁਰਬਾਣੀ ਨਾਲ ਜੋੜਣਗੇ। ਉਹਨਾਂ ਦੱਸਿਆ ਕਿ 24 ਫਰਵਰੀ ਸਵੇਰੇ 11 ਵਜੇ ਤੋਂ 1 ਵਜੇ ਤੱਕ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੇ ਭੋਗ ਪਾਏ ਜਾਣਗੇ ਉਪਰੰਤ ਕੀਰਤਨ ਦੀਵਾਨ ਸੱਜਣਗੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਦਿਲਪ੍ਰੀਤ ਸਿੰਘ,ਸੂਬੇਦਾਰ ਬਹਾਦਰ ਸਿੰਘ,ਅਮਰੀਕ ਸਿੰਘ ਪੰਚ, ਪਰਮਜੀਤ ਸਿੰਘ ਫੌਜੀ, ਲਵਲੀਨ ਸਿੰਘ, ਅਰਮਾਨਪ੍ਰੀਤ ਸਿੰਘ, ਹਰਜੋਤ ਸਿੰਘ ,ਹਰਜਿੰਦਰ ਸਿੰਘ, ਦਿਲਪ੍ਰੀਤ ਸਿੰਘ , ਅੰਸ਼ਪ੍ਰੀਤ ਸਿੰਘ ਅਤੇ ਨਗਰ ਦੀਆਂ ਸਮੂਹ ਸੰਗਤਾਂ ਹਾਜਰ ਸਨ।






ਕੈਮਬ੍ਰਿਜ ਇੰਟਰਨੈਸ਼ਨਲ ਫਾਊਂਡੇਸ਼ਨ ਸਕੂਲ ਜਲੰਧਰ ਵਿੱਚ ਕਰਵਾਏ ਗਏ ਸਾਲਾਨਾ ਸਮਾਗਮ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ 'ਆਪ' ਆਗੂ ਰਾਜਿੰਦਰ ਸਿੰਘ ਰੀਹਲ ਦਾ ਸਕੂਲ ਐਡਸਨ ਦੀਪਾ ਡੋਗਰਾ ਸੰਨੀ, ਸਪਰਾ ਕੋਹਲੀ ਅਤੇ ਚੋਪੜਾ ਸਨਮਾਨ ਕਰਦੇ ਹੋਏ। (ਵੇਰਵਾ : ਇਕਬਾਲ ਸਿੰਘ ਉੱਭੀ, ਫੋਟੋ : ਰਾਜੇਸ਼ ਥਾਪਾ)

# ਸ਼ਿਵ ਸੈਨਾ ਆਗੂ ਪਰਮਜੀਤ ਬਾਘਾ ਜੌਹਲ ਭਾਜਪਾ 'ਚ ਸ਼ਾਮਲ

**ਜਲੰਧਰ (ਸ਼ੈਲੀ ਐਲਬਰਟ)** :- ਭਾਰਤੀ ਜਨਤਾ ਪਾਰਟੀ ਜਲੰਧਰ ਦਿਹਾਤੀ ਨੂੰ ਉਸ ਸਮੇਂ ਬਲ ਮਿਲਿਆ ਜਦੋਂ ਪਰਮਜੀਤ ਬਾਘਾ ਸ਼ਿਵ ਸੈਨਾ ਨੂੰ ਅਲਵਿਦਾ ਕਹਿ ਕੇ ਭਾਜਪਾ ਵਿੱਚ ਸ਼ਾਮਲ ਹੋ ਗਏ । ਉਨਾਂ ਕਿਹਾ ਕਿ ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਆਮ ਲੋਕਾਂ ਲਈ ਨੀਤੀਆਂ ਤੋਂ ਪ੍ਰਭਾਵਿਤ ਹਨ ਅਤੇ ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਹੀ ਭਾਰਤ ਨੂੰ ਵਿਸ਼ਵ ਗੁਰੂ ਬਣਾ ਸਕਦੀ ਹੈ।। ਉਹਨਾਂ ਕਿਹਾ ਉਹ ਭਾਜਪਾ ਲਈ ਦਿਨ ਰਾਤ ਕੰਮ ਕਰਨਗੇ ।ਇਸ ਮੌਕੇ ਰਾਜੇਸ਼ ਬਾਘਾ ਨੇ ਕਿਹਾ ਕਿ ਪਰਮਜੀਤ ਬਾਘਾ ਦੇ ਭਾਜਪਾ ਵਿੱਚ ਸ਼ਾਮਲ ਹੋਣ ਨਾਲ ਭਾਜਪਾ ਨੂੰ ਦਿਹਾਤੀ ਇਲਾਕੇ ਵਿੱਚ ਬਹੁਤ ਮਜ਼ਬੂਤੀ ਮਿਲੀ ਹੈ। ਬਾਘਾ ਨੇ ਕਿਹਾ ਕਿ ਪਰਮਜੀਤ ਬਾਘਾ ਨੂੰ ਪਾਰਟੀ ਵਿੱਚ ਬਣਦਾ ਮਾਨ ਸਨਮਾਨ ਦਿੱਤਾ ਜਾਵੇਗਾ। ਇਸ ਮੌਕੇ ਰਾਜ ਕੁਮਾਰ ਜੋਗੀ ਪ੍ਰਧਾਨ ਭਾਜਪਾ ਮੰਡਲ ਪਤਾਰਾ, ਸੰਦੀਪ ਵਰਮਾ ਜ਼ਿਲ੍ਹਾ ਜਨਰਲ ਸਕੱਤਰ, ਰਕੇਸ਼ ਕਪੂਰ ਮੰਡਲ ਪ੍ਰਧਾਨ ਰਾਮਾਂਮੰਡੀ, ਰਕੇਸ਼ ਕੌਲ, ਵਿਨੋਦ ਕੁਮਾਰ, ਗੁਰਮੀਤ ਸਿੰਘ, ਆਦਿ ਹਾਜ਼ਰ ਸਨ ।

# ਲਾਇਲਪੁਰ ਖ਼ਾਲਸਾ ਕਾਲਜ ਵਿਖੇ ਵਿਦਿਆਰਥੀਆਂ ਨੂੰ ਦਿੱਤੀ ਵਿਸ਼ੇਸ਼ ਸਕਾਲਰਸ਼ਿਪ



**ਜਲੰਧਰ ( ਸ਼ੈਲੀ ਐਲਬਰਟ)**- ਉੱਤਰੀ ਭਾਰਤ ਦੀ ਨਾਮਵਰ ਵਿਦਿਅਕ ਸੰਸਥਾ ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਵਲੋਂ ਪੜ੍ਹਾਈ, ਖੇਡਾਂ ਅਤੇ ਸਭਿਆਚਾਰਕ ਗਤੀਵਿਧੀਆਂ ਵਿੱਚ ਵਿਸ਼ੇਸ਼ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਜਿੱਥੇ ਵਿਸ਼ੇਸ਼ ਪ੍ਰਕਾਰ ਦੀਆਂ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ, ਉੱਥੇ ਵੱਡੀ ਪੱਧਰ 'ਤੇ ਸਕਾਲਰਸ਼ਿਪ ਵੀ ਦਿੱਤੀ ਜਾਂਦੀ ਹੈ ।ਇਸੇ ਲੜੀ ਵਿਚ ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਵਿਖੇ ਜਸਵੰਤ ਸਿੰਘ ਰਾਏ ਮੈਮੋਰੀਅਲ ਪਬਲਿਕ ਚੈਰੀਟੇਬਲ ਟਰੱਸਟ ਵੱਲੋਂ ਇਕ ਲੱਖ ਰੁਪਏ ਦੀ ਸਕਾਲਰਸ਼ਿਪ ਲੋੜਵੰਦ ਤੇ ਹੋਣਹਾਰ ਵਿਦਿਆਰਥੀਆਂ ਨੂੰ ਦਿੱਤੀ ਗਈ। ਸਕਾਲਰਸ਼ਿਪ ਦੀ ਇਹ ਰਾਸ਼ੀ ਹਰ ਸਾਲ ਜਸਵੰਤ ਸਿੰਘ ਰਾਏ ਦੇ ਸਪੁੱਤਰ ਕੇ.ਐਸ. ਰਾਏ ਖੁਦ ਆ ਕੇ ਕਾਲਜ ਨੂੰ ਭੇਂਟ ਕਰਦੇ ਹਨ, ਪਰ ਇਸ ਸਾਲ ਉਨ੍ਹਾਂ ਦੇ ਸਪੁੱਤਰ ਅਮਰਜੀਤ ਸਿੰਘ ਰਾਏ ਵਿਸ਼ੇਸ਼ ਤੌਰ 'ਤੇ ਅਮਰੀਕਾ ਤੋਂ ਕਾਲਜ ਵਿਖੇ ਪਹੁੰਚੇ।। ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਨੇ ਆਪਣੇ ਸੰਦੇਸ਼ ਵਿਚ ਕਿਹਾ ਕਿ ਜਸਵੰਤ ਸਿੰਘ ਰਾਏ ਮੈਮੋਰੀਅਲ ਪਬਲਿਕ ਚੈਰੀਟੇਬਲ ਟਰੱਸਟ ਦਾ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ ਕਿਉਂਕਿ ਇਸ ਨਾਲ ਜਿੱਥੇ ਵਿਦਿਆਰਥੀਆਂ ਨੂੰ ਆਰਥਿਕ ਮਦਦ ਮਿਲਦੀ ਹੈ ਉੱਥੇ ਅਗਾਂਹ ਪੜ੍ਹਨ ਤੇ ਅੱਗੇ ਵੱਧਣ ਲਈ ਉਤਸ਼ਾਹ ਮਿਲਦਾ ਹੈ। ਸਯੁੰਕਤ ਸਕੱਤਰ ਜਸਪਾਲ ਸਿੰਘ ਵੜੈਚ, ਪ੍ਰਿੰਸੀਪਲ ਡਾ. ਜਸਪਾਲ ਸਿੰਘ, ਅਮਰਜੀਤ ਸਿੰਘ ਰਾਏ ਅਤੇ ਸੰਬੰਧਿਤ ਵਿਭਾਗਾਂ ਦੇ ਮੁਖੀਆਂ ਵਲੋਂ ਇਕ ਲੱਖ ਰੁਪਏ ਦੇ ਚੈੱਕ ਕਾਲਜ ਦੇ ਵਿਦਿਆਰਥੀਆਂ ਸ਼ਵੇਤਾ ਅਰੋੜਾ, ਸੁਚੇਤਾ, ਜਸਨੀਤ ਕੌਰ, ਨੀਸ਼ਾ, ਭਾਵਨਾ, ਰਾਧਿਕਾ ਡਾਹਰੀ, ਰਵਿੰਦਰ ਕੌਰ, ਆਸਥਾ, ਅਨੁਰਾਗ ਅਤੇ ਵਿਸ਼ਾਲ ਭਾਰਾਲ ਨੂੰ ਦਿੱਤੇ ਗਏ । ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਕਿਹਾ ਕਿ ਅੱਜ ਦੇ ਸਮੇਂ ਅਜਿਹਾ ਕਾਰਜ, ਸਭ ਤੋਂ ਵੱਡੀ ਸੇਵਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਹ ਸੰਸਥਾ ਪਿਛਲੇ ਕਾਫੀ ਸਾਲਾਂ ਤੋਂ ਕਾਲਜ ਦੇ ਜ਼ਰੂਰਤਮੰਤ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਚਾਹੀਦਾ ਹੈ ਕਿ ਆਪਣੇ ਉਜਲੇ ਭਵਿੱਖ ਲਈ ਵੱਧ ਤੋਂ ਵੱਧ ਮਿਹਨਤ ਕਰਨ ਅਤੇ ਦੂਸਰੇ ਵਿਦਿਆਰਥੀਆਂ ਲਈ ਇਕ ਮਿਸਾਲ ਬਣਨ ।ਪ੍ਰੋਗਰਾਮ ਦੌਰਾਨ ਡਾ. ਹਰਜੀਤ ਸਿੰਘ, ਮੁਖੀ ਗਣਿਤ ਵਿਭਾਗ, ਡਾ. ਰਾਜੂ ਸ਼ਰਮਾ ਮੁਖੀ ਫਿਜ਼ਿਓਥਰੈਪੀ ਵਿਭਾਗ, ਪ੍ਰੋ. ਸੰਜੀਵ ਕੁਮਾਰ ਆਨੰਦ ਮੁਖੀ ਕੰਪਿਊਟਰ ਸਾਇੰਸ ਵਿਭਾਗ, ਡਾ. ਅਰੁਣ ਦੇਵ ਸ਼ਰਮਾ ਮੁਖੀ ਬਾਇਓਟੈਕਨੋਲੋਜੀ ਵਿਭਾਗ, ਡਾ. ਰਜਨੀਸ਼ ਮੋਦਗਿਲ ਮੁਖੀ ਕੈਮਿਸਟਰੀ ਵਿਭਾਗ, ਡਾ. ਨਰਵੀਰ ਸਿੰਘ ਮੁਖੀ ਫਿਜ਼ਿਕਸ ਵਿਭਾਗ ਅਤੇ ਡਾ. ਜਸਵਿੰਦਰ ਕੌਰ ਮੁਖੀ ਇਨਵਾਇਰਨਮੈਂਟਲ ਸਟਡੀਜ਼ ਵਿਭਾਗ ਵੀ ਹਾਜ਼ਰ ਸਨ ।